ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 206
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Monday, 27 July, 2026) ਸੋਮਵਾਰ, 27 ਜੁਲਾਈ, 2026, 12 ਸਾਵਣ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ


## ਪੰਜਾਬ 'ਚ ਅਗਲੇ 5 ਦਿਨ ਭਾਰੀ ਮੀਂਹ ਦੀ ਸੰਭਾਵਨਾ

ਚੰਡੀਗੜ੍ਹ, 26 ਜੁਲਾਈ (ਚੜ੍ਹੀਦਕਲਾ ਬਿਊਰੋ) : ਭਾਰਤ ਮੌਸਮ ਵਿਭਾਗ ਨੇ 27 ਜੁਲਾਈ ਤੋਂ 31 ਜੁਲਾਈ ਤੱਕ ਪੰਜਾਬ ਲਈ ਜ਼ਿਲ੍ਹਾਵਾਰ ਮੌਸਮ ਚੇਤਾਵਨੀ ਜਾਰੀ ਕੀਤੀ ਹੈ। ਅੱਜ ਪੰਜਾਬ ਦੇ ਅੱਧਾ ਦਰਜਨ ਤੋਂ ਵੱਧ ਸ਼ਹਿਰਾਂ ਵਿੱਚ ਮੀਂਹ ਪਿਆ। ਮੀਂਹ ਨੇ ਲੋਕਾਂ ਨੂੰ ਅਤਿ ਦੀ ਗਰਮੀ ਤੋਂ ਰਾਹਤ ਦਿਵਾ ਦਿੱਤੀ ਹੈ। ਮੀਂਹ ਕਰਕੇ ਸੂਬੇ ਦੇ ਤਾਪਮਾਨ ਵਿੱਚ 2 ਤੋਂ 3 ਡਿਗਰੀ ਸੈਲਸੀਅਸ ਤੱਕ ਦੀ ਗਿਰਾਵਟ ਦਰਜ ਕੀਤੀ ਗਈ ਹੈ। ਮੌਸਮ ਵਿਭਾਗ ਮੁਤਾਬਕ ਪਹਾੜਾਂ 'ਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਦੇ ਪੰਜਾਬ ਦੇ ਕਈ ਜ਼ਿਲ੍ਹਿਆਂ 'ਚ ਭਾਰੀ ਤੋਂ ਬਹੁਤ ਭਾਰੀ ਮੀਂਹ

(ਬਾਕੀ ਸਫਾ 2 'ਤੇ)

*ਮੁੱਖ ਮੰਤਰੀ ਵੱਲੋਂ ਨੀਟ-2026 ਪਾਸ ਕਰਨ ਵਾਲੇ 882 ਵਿਦਿਆਰਥੀ ਸਨਮਾਨਿਤ*

## ਪੰਜਾਬ 'ਚ ਬਿਨਾਂ ਪੈਸੇ ਤੇ ਸਿਫਾਰਿਸ਼ ਤੋਂ ਸਿਰ.ਫ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ: ਮਾਨ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ; 26 ਜੁਲਾਈ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਅਜਿਹੀ ਵਿਵਸਥਾ ਕਾਇਮ ਕੀਤੀ ਗਈ ਹੈ ਜਿੱਥੇ ਪੈਸੇ ਅਤੇ ਸਿਫ਼ਾਰਸ਼ਾਂ ਦੀ ਥਾਂ ਸਿਰਫ਼ ਯੋਗਤਾ ਦੇ ਆਧਾਰ 'ਤੇ ਨੌਕਰੀਆਂ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਰਿਕਾਰਡ 882 ਵਿਦਿਆਰਥੀਆਂ ਨੇ ਸਾਲ 2026 ਦੀ ਨੀਟ (ਨੈਸ਼ਨਲ ਐਲੀਜਿਬਿਲੀਟੀ-ਕਮ-ਐਂਟਰੈਂਸ ਟੈਸਟ) ਪ੍ਰੀਖਿਆ ਪਾਸ ਕੀਤੀ ਹੈ ਅਤੇ ਪਾਰਦਰਸ਼ੀ ਭਰਤੀ ਪ੍ਰਕਿਰਿਆ ਰਾਹੀਂ ਸਿਰਫ਼ ਯੋਗਤਾ ਦੇ ਆਧਾਰ 'ਤੇ 68,000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ, ਜੋ ਕਿ ਸੂਬਾ ਸਰਕਾਰ ਦੀ ਇਮਾਨਦਾਰੀ, ਪਾਰਦਰਸ਼ਤਾ ਅਤੇ ਬਰਾਬਰ ਮੌਕੇ ਪ੍ਰਦਾਨ ਕਰਨ ਪ੍ਰਤੀ ਦ੍ਰਿੜ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹਨ।



ਜ਼ੀਰਕਪੁਰ ਵਿਖੇ ਕਰਵਾਏ ਗਏ ਸਮਾਰੋਹ ਦੌਰਾਨ ਨੀਟ ਪਾਸ ਕਰਨ ਵਾਲੇ ਉਮੀਦਵਾਰਾਂ ਨੂੰ ਸਨਮਾਨਿਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਇਤਿਹਾਸਕ ਪ੍ਰਾਪਤੀ ਸੂਬਾ ਸਰਕਾਰ ਵੱਲੋਂ ਮਿਆਰੀ ਸਿੱਖਿਆ, ਮੁਫ਼ਤ ਕੋਚਿੰਗ, ਮੈਂਟੋਰਸ਼ਿਪ ਅਤੇ ਕਰੀਅਰ ਕੌਂਸਲਿੰਗ ਨੂੰ ਦਿੱਤੀ ਜਾ ਰਹੀ ਤਰਜੀਹ ਸਦਕਾ ਹੀ ਸੰਭਵ ਹੋਈ ਹੈ, ਜਿਸ ਨਾਲ ਸੂਬੇ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਦੇਸ਼ ਦੇ ਬਿਹਤਰ ਵਿਦਿਆਰਥੀਆਂ ਨਾਲ ਮੁਕਾਬਲਾ ਕਰਨ ਦੇ ਯੋਗ ਬਣਾਇਆ ਗਿਆ ਹੈ ਅਤੇ ਰੰਗਲਾ ਪੰਜਾਬ ਦੀ ਮਜ਼ਬੂਤ ਨੀਂਹ ਰੱਖੀ ਗਈ ਹੈ।

ਸਨਮਾਨ ਸਮਾਰੋਹ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨੀਟ-2026 ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਅਤੇ ਉਨ੍ਹਾਂ ਨਾਲ ਗੱਲਬਾਤ ਕੀਤੀ। ਯਾਦਗਾਰ ਪਲ ਵਜੋਂ ਕਈ ਵਿਦਿਆਰਥੀਆਂ ਨੇ ਮੁੱਖ ਮੰਤਰੀ ਦਾ ਆਟੋਗ੍ਰਾਫ ਮੰਗਿਆ ਅਤੇ ਮੁੱਖ ਮੰਤਰੀ ਨੇ ਬੜੇ ਪਿਆਰ ਨਾਲ ਵਿਦਿਆਰਥੀਆਂ ਨੂੰ ਆਪਣਾ ਆਟੋਗ੍ਰਾਫ ਦਿੱਤਾ। ਵਿਦਿਆਰਥੀਆਂ ਨੇ ਬੜੇ ਪਿਆਰ ਨਾਲ ਧੰਨਵਾਦ ਕਰਦਿਆਂ ਹੱਥ ਨਾਲ ਬਣਾਏ ਮੁੱਖ ਮੰਤਰੀ ਦੇ ਚਿੱਤਰ ਵੀ ਉਨ੍ਹਾਂ ਨੂੰ ਭੇਟ ਕੀਤੇ, ਜਿਸ ਨਾਲ ਇਹ ਪਲ ਹੋਰ ਵੀ ਖਾਸ ਬਣ ਗਿਆ।

(ਬਾਕੀ ਸਫਾ 2 'ਤੇ)

# ਪ੍ਰੀਖਿਆ ਪ੍ਰਣਾਲੀ 'ਚ ਸੁਧਾਰ ਲਈ ਬਣੇਗੀ ਹਾਈ ਪਾਵਰ ਟਾਸਕ ਫੋਰਸ: ਮੋਦੀ

### ਇੰਫੋਸਿਸ ਦੇ ਸਹਿ-ਸੰਸਥਾਪਕ ਨੰਦਨ ਨੀਲੇਕਣੀ ਨੂੰ ਸੌਂਪੀ ਅਗਵਾਈ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 26 ਜੁਲਾਈ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇੱਕ ਵੀਡੀਓ ਸੰਦੇਸ਼ ਜਾਰੀ ਕਰਦਿਆਂ ਕਿਹਾ ਕਿ ਉਹ ਕੱਲ੍ਹ ਪੇਪਰ ਲੀਕ ਵਿਰੁੱਧ ਸਖ਼ਤ ਕਾਨੂੰਨ ਪੇਸ਼ ਕਰਨਗੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਦੀ ਪ੍ਰੀਖਿਆ ਪ੍ਰਣਾਲੀ ਵਿੱਚ ਵੱਡੇ ਸੁਧਾਰਾਂ ਦੀ ਸਿਫ਼ਾਰਸ਼ ਕਰਨ ਲਈ ਇੱਕ ਉੱਚ-ਸ਼ਕਤੀ ਪ੍ਰਾਪਤ ਟਾਸਕ ਫੋਰਸ ਬਣਾਉਣ ਦਾ ਐਲਾਨ ਕੀਤਾ ਹੈ। ਇਸ ਮਹੱਤਵਪੂਰਨ ਟਾਸਕ ਫੋਰਸ ਦੀ ਅਗਵਾਈ ਇੰਫੋਸਿਸ ਦੇ ਸਹਿ-ਸੰਸਥਾਪਕ ਨੰਦਨ ਨੀਲੇਕਣੀ ਕਰਨਗੇ। ਪ੍ਰਧਾਨ ਮੰਤਰੀ ਨੇ ਇਹ ਵੀਡੀਓ ਆਪਣੇ ਮੋਬਾਈਲ ਸੈਲਫੀ ਕੈਮਰੇ ਦੀ ਵਰਤੋਂ ਕਰਕੇ ਵੀ ਰਿਕਾਰਡ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ, ਦੋਸਤੋ, ਭਾਰਤ ਸਰਕਾਰ ਵਿਦਿਆਰਥੀਆਂ ਦੇ ਭਵਿੱਖ ਲਈ ਲਗਾਤਾਰ ਕਈ ਕਦਮ ਚੁੱਕ ਰਹੀ ਹੈ। ਜਿਨ੍ਹਾਂ ਨੇ ਵਿਦਿਆਰਥੀਆਂ ਦੇ ਭਵਿੱਖ ਨਾਲ ਖੇਡਿਆ ਹੈ, ਉਹ ਜੇਲ੍ਹਾਂ ਵਿੱਚ ਸੜ ਰਹੇ ਹਨ। ਪ੍ਰਧਾਨ ਮੰਤਰੀ ਨੇ ਕਿਹਾ,ਅਸੀਂ ਫਾਸਟ-ਟਰੈਕ ਅਦਾਲਤਾਂ ਸਥਾਪਤ ਕੀਤੀਆਂ ਹਨ। ਅਸੀਂ ਕੱਲ੍ਹ ਸੰਸਦ ਵਿੱਚ ਸਖ਼ਤ ਕਾਨੂੰਨਾਂ ਦੇ ਪ੍ਰਬੰਧਾਂ ਵਾਲਾ ਇੱਕ ਨਵਾਂ ਕਾਨੂੰਨ ਬਣਾਉਣ ਦੀ ਦਿਸ਼ਾ ਵਿੱਚ ਵੀ ਅੱਗੇ ਵਧ ਰਹੇ ਹਾਂ। ਪਰ ਸਾਨੂੰ ਭਵਿੱਖ ਲਈ ਸੋਚਣਾ ਪਵੇਗਾ। ਸਾਡੀ ਪ੍ਰੀਖਿਆ ਪ੍ਰਣਾਲੀ ਭਰੋਸੇਯੋਗ ਹੋਣੀ ਚਾਹੀਦੀ ਹੈ। ਸਾਡੀ ਪ੍ਰੀਖਿਆ ਪ੍ਰਣਾਲੀ ਪਾਰਦਰਸ਼ੀ ਹੋਣੀ ਚਾਹੀਦੀ ਹੈ। ਸਾਡੀ ਪ੍ਰੀਖਿਆ ਪ੍ਰਣਾਲੀ ਨੂੰ ਵੱਧ ਤੋਂ ਵੱਧ ਤਕਨਾਲੋਜੀ ਦੀ ਵਰਤੋਂ ਕਰਨੀ ਚਾਹੀਦੀ ਹੈ। ਇਨ੍ਹਾਂ ਸਾਰੀਆਂ ਗੱਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਅਸੀਂ ਵਿਸ਼ਵ-ਪ੍ਰਸਿੱਧ ਤਕਨਾਲੋਜੀ ਮਾਹਰ ਨੰਦਨ ਨੀਲੇਕਣੀ ਦੀ ਅਗਵਾਈ ਹੇਠ ਇੱਕ ਉੱਚ-ਸ਼ਕਤੀਸ਼ਾਲੀ ਟਾਸਕ ਫੋਰਸ ਬਣਾਉਣ ਦਾ ਫੈਸਲਾ ਕੀਤਾ ਹੈ।



ਜ਼ਿਕਰਯੋਗ ਹੈ ਕਿ ਇਸ ਫੈਸਲੇ ਦਾ ਮੁੱਖ ਉਦੇਸ਼ ਮੌਜੂਦਾ ਪ੍ਰੀਖਿਆ ਪ੍ਰਣਾਲੀ ਵਿੱਚ ਸੁਧਾਰ ਲਿਆਉਣ ਲਈ

(ਬਾਕੀ ਸਫਾ 2 'ਤੇ)

## ਪ੍ਰਧਾਨ ਮੰਤਰੀ ਨੇ ਵੀਡੀਓ ਕਾਨਫ਼ਰੰਸਿੰਗ ਰਾਹੀਂ ਜੈੱਨ-ਜ਼ੀ ਨੂੰ ਸੰਬੋਧਨ ਕਰਦਿਆਂ ਦੇਸ਼ ਦੇ ਵਿਕਾਸ ਲਈ ਮੰਗੇ ਸੁਝਾਅ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 26 ਜੁਲਾਈ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਵਿਕਸਿਤ ਪਿੰਡ ਪ੍ਰੋਗਰਾਮ 2026 ਦੇ ਭਾਗੀਦਾਰਾਂ ਨਾਲ ਵਿਸ਼ੇਸ਼ ਗੱਲਬਾਤ ਕੀਤੀ। ਇਸ ਸੰਵਾਦ ਦੌਰਾਨ ਪ੍ਰਧਾਨ ਮੰਤਰੀ ਨੇ ਜੈੱਨ-ਜ਼ੀ ਦੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਡੇ ਦੇਸ਼ ਵਿੱਚ ਸਾਮੂਹਿਕਤਾ ਦੀ ਪਰੰਪਰਾ ਬਹੁਤ ਪੁਰਾਣੀ ਅਤੇ ਮਜ਼ਬੂਤ ਰਹੀ ਹੈ। ਉਨ੍ਹਾਂ ਨੇ ਨੌਜਵਾਨਾਂ ਤੋਂ ਦੇਸ਼ ਦੇ ਵਿਕਾਸ ਲਈ ਨਵੇਂ ਸੁਝਾਅ ਵੀ ਮੰਗੇ। ਇਸ ਪ੍ਰੋਗਰਾਮ ਵਿੱਚ ਸ਼ਾਮਲ ਨੌਜਵਾਨ ਦਿਵਯਾਂਸ਼ੂ ਜੋਸ਼ੀ ਨੇ ਜੈੱਨ-ਜ਼ੀ ਦੀ ਨਵੀਂ ਪਰਿਭਾਸ਼ਾ ਪੇਸ਼ ਕਰਦਿਆਂ ਪ੍ਰਧਾਨ ਮੰਤਰੀ ਨੂੰ ਭਰੋਸਾ ਦਿਵਾਇਆ ਕਿ ਇਹ ਪੀੜ੍ਹੀ ਵਿਕਸਿਤ ਭਾਰਤ ਦੇ ਵਿਜ਼ਨ ਨੂੰ ਪੂਰਾ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਨੌਜਵਾਨਾਂ ਅਨੁਸਾਰ ਜੈੱਨ-ਜ਼ੀ ਦਾ ਮਤਲਬ ਰਾਸ਼ਟਰ-ਨਿਰਮਾਣ, ਚਰਿੱਤਰ-ਨਿਰਮਾਣ, ਸੇਵਾ ਅਤੇ ਇਨੋਵੇਸ਼ਨ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਉਨ੍ਹਾਂ ਲਈ ਜੈੱਨ-ਜ਼ੀ ਦਾ ਅਸਲ ਮਤਲਬ ਨੇਸ਼ਨ ਫਰਸਟ ਹੈ।

ਪ੍ਰਧਾਨ ਮੰਤਰੀ ਦਫ਼ਤਰ ਦੇ ਬਿਆਨ ਅਨੁਸਾਰ MY Bharat ਰਾਹੀਂ ਚਲਾਏ ਜਾ ਰਹੇ ਇਸ ਪ੍ਰੋਗਰਾਮ ਦਾ ਉਦੇਸ਼ ਭਾਰਤ ਦੇ ਸਰਹੱਦੀ ਪਿੰਡਾਂ ਨੂੰ ਦੇਸ਼ ਦੇ ਪਹਿਲੇ ਪਿੰਡਾਂ ਵਜੋਂ ਵਿਕਸਿਤ ਕਰਨਾ ਅਤੇ ਉਨ੍ਹਾਂ ਨੂੰ ਰਾਸ਼ਟਰੀ ਵਿਕਾਸ ਦੀ ਯਾਤਰਾ ਵਿੱਚ ਸਰਗਰਮ ਭਾਗੀਦਾਰ ਬਣਾਉਣਾ ਹੈ। ਇਹ ਪ੍ਰੋਗਰਾਮ 4 ਜੂਨ ਤੋਂ 30 ਜੂਨ ਤੱਕ ਦੋ ਪੜਾਵਾਂ ਵਿੱਚ ਚਲਾਇਆ ਗਿਆ ਸੀ, ਜਿਸ ਵਿੱਚ ਲਦਾਖ, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ 74 ਜੀਵੰਤ ਪਿੰਡਾਂ ਨੂੰ ਸ਼ਾਮਲ ਕੀਤਾ ਗਿਆ। ਇਸ ਮੁਹਿੰਮ ਲਈ ਦੇਸ਼ ਭਰ ਵਿੱਚੋਂ 3 ਲੱਖ ਤੋਂ ਵੱਧ ਨੌਜਵਾਨਾਂ ਨੇ ਆਨਲਾਈਨ ਕੁਇਜ਼ ਵਿੱਚ ਹਿੱਸਾ

(ਬਾਕੀ ਸਫਾ 2 'ਤੇ)

## ਅਰੁਣਾਚਲ ਦੇ ਤਾਕਸਿੰਗ ਸੈਕਟਰ ਵਿੱਚ ਚੀਨ ਨੇ ਕੀਤੀ ਘੁਸਪੈਠ !

*ਸੂਬੇ ਦੇ ਗ੍ਰਹਿ ਮੰਤਰੀ ਨੇ ਮਾਮਲੇ ਨੂੰ ਦੱਸਿਆ 'ਝੂਠ'*



ਚੜ੍ਹਦੀਕਲਾ ਬਿਊਰੋ

ਈਟਾਨਗਰ; 26 ਜੁਲਾਈ : ਅਰੁਣਾਚਲ ਪ੍ਰਦੇਸ਼ ਦੇ ਗ੍ਰਹਿ ਮੰਤਰੀ ਮਾਮਾ ਨਾਤੁੰਗ ਨੇ ਐਤਵਾਰ ਨੂੰ ਰਾਜ ਦੇ ਉੱਪਰੀ ਸੁਬਨਸਿਰੀ ਜ਼ਿਲ੍ਹੇ ਦੇ ਤਾਕਸਿੰਗ ਸੈਕਟਰ 'ਚ ਚੀਨ ਵਲੋਂ ਭਾਰਤੀ ਖੇਤਰ 'ਚ ਘੁਸਪੈਠ ਦੇ ਦੋਸ਼ਾਂ ਨੂੰ ਸਪੱਸ਼ਟ ਤੌਰ 'ਤੇ ਰੱਦ ਕਰਦੇ ਹੋਏ ਇਨ੍ਹਾਂ ਨੂੰ ਝੂਠ ਅਤੇ ਸੋਸ਼ਲ ਮੀਡੀਆ ਤੇ ਫੈਲਾਈਆਂ ਜਾ ਰਹੀਆਂ ਅਫਵਾਹਾਂ ਦੱਸਿਆ। ਕਾਰਗਿਲ ਵਿਜਯ ਦਿਵਸ ਸਮਾਰੋਹ ਦੇ ਮੌਕੇ 'ਤੇ ਪੱਤਰਕਾਰਾਂ ਨਾਲ ਗੱਲਬਾਤ

(ਬਾਕੀ ਸਫਾ 2 'ਤੇ)

## ਮੀਰੀ-ਪੀਰੀ ਖ਼ਾਲਸਾ ਮਾਰਚ ਤੀਜੇ ਦਿਨ ਤਰਨਤਾਰਨ ਸਾਹਿਬ ਤੋਂ ਸ੍ਰੀ ਗੋਇੰਦਵਾਲ ਸਾਹਿਬ ਲਈ ਰਵਾਨਾ

*ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਾਬਿਆ ਕੌਮੀ ਏਕਤਾ ਹੀ ਸਾਡੀ ਸਭ ਤੋਂ ਵੱਡੀ ਤਾਕਤ: ਜਥੇ. ਗੜਗੱਜ*

ਗੁਰਦਿਆਲ ਸਿੰਘ

ਤਰਨ ਤਾਰਨ ਸਾਹਿਬ/ ਅੰਮ੍ਰਿਤਸਰ, 26 ਜੁਲਾਈ: ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦੀ ਆਜ਼ਾਦ ਹੋਂਦ, ਸਵੈਮਾਨ ਅਤੇ ਹੱਕ-ਸੱਚ ਦਾ ਕੇਂਦਰ ਹੈ, ਜਿਸ ਦੀ ਤਾਬਿਆ ਕੌਮੀ ਏਕਤਾ ਹੀ ਸਾਡੀ ਸਭ ਤੋਂ ਵੱਡੀ ਤਾਕਤ ਹੈ। ਇਹ ਪ੍ਰਗਟਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮੀਰੀ-ਪੀਰੀ ਖਾਲਸਾ ਮਾਰਚ ਦੀ ਤੀਸਰੇ ਦਿਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨਤਾਰਨ ਸਾਹਿਬ ਤੋਂ ਅਗਲੇ ਪੜਾਅ ਦੀ ਰਵਾਨਗੀ ਤੋਂ ਪਹਿਲਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੀਤਾ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਸਮੇਂ-ਸਮੇਂ ਹਕੂਮਤਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੇ ਯਤਨ ਕੀਤੇ, ਪਰ ਗੁਰੂ



(ਬਾਕੀ ਸਫਾ 2 'ਤੇ)

## 'ਮਨ ਕੀ ਬਾਤ' ਵਿੱਚ ਪੀ.ਐਮ. ਵੱਲੋਂ ਭਾਰਤੀ ਨੌਜਵਾਨਾਂ ਦੀ ਤਾਰੀ.ਫ

ਨਵੀਂ ਦਿੱਲੀ, 26 ਜੁਲਾਈ (ਚੜ੍ਹੀਦਕਲਾ ਬਿਊਰੋ) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਆਪਣੇ ਮਹੀਨਾਵਾਰ ਰੇਡੀਓ ਪ੍ਰੋਗਰਾਮ ਮਨ ਕੀ ਬਾਤ ਦੇ 136ਵੇਂ ਐਪੀਸੋਡ ਵਿੱਚ ਸਪੇਸ ਅਤੇ ਵਿਗਿਆਨ ਦੇ ਖੇਤਰ ਵਿੱਚ ਭਾਰਤੀ ਨੌਜਵਾਨਾਂ ਵੱਲੋਂ ਮਾਰੀਆਂ ਗਈਆਂ ਮੱਲਾਂ ਦੀ ਤਾਰੀਫ਼ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਦੇਸ਼ ਦੀ ਯੂਥ ਪਾਵਰ 'ਤੇ ਬਹੁਤ ਮਾਣ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ ਐਤਵਾਰ ਨੂੰ ਵਿਕਰਮ-1 ਰਾਕਟ ਦੀ ਸਫ਼ਲ ਲਾਂਚਿੰਗ ਨੇ ਹਰ ਭਾਰਤੀ ਦਾ ਸਿਰ ਮਾਣ ਨਾਲ ਉੱਚਾ ਕਰ ਦਿੱਤਾ ਹੈ। ਵਿਕਸਿਤ ਭਾਰਤ ਦੇ ਤਹਿਤ ਪ੍ਰਾਈਵੇਟ ਸੈਕਟਰ ਦੁਆਰਾ ਤਿਆਰ ਕੀਤਾ ਗਿਆ ਇਹ ਪਹਿਲਾ ਰਾਕਟ ਹੈ। ਉਨ੍ਹਾਂ ਕਿਹਾ ਕਿ ਸਪੇਸ ਸੈਕਟਰ ਨੂੰ ਪ੍ਰਾਈਵੇਟ ਖੇਤਰ ਲਈ ਖੋਲ੍ਹਣ ਦੇ ਨਤੀਜੇ ਹੁਣ ਪੂਰੀ ਦੁਨੀਆਂ ਦੇਖ ਰਹੀ

(ਬਾਕੀ ਸਫਾ 2 'ਤੇ)

## ਪ੍ਰਹਿਲਾਦ ਜੋਸ਼ੀ ਨੇ ਸੰਭਾਲਿਆ ਕੇਂਦਰੀ ਸਿੱਖਿਆ ਮੰਤਰੀ ਦਾ ਅਹੁਦਾ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 26 ਜੁਲਾਈ: ਕੇਂਦਰੀ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਐਤਵਾਰ ਨੂੰ ਸਿੱਖਿਆ ਮੰਤਰਾਲੇ ਦੀ ਜ਼ਿੰਮੇਵਾਰੀ ਸੰਭਾਲ ਲਈ ਹੈ। ਅਧਿਕਾਰੀਆਂ ਅਨੁਸਾਰ, ਉਨ੍ਹਾਂ ਨੂੰ ਇਸ ਮੰਤਰਾਲੇ ਦਾ ਵਾਧੂ ਚਾਰਜ ਸੌਂਪਿਆ ਗਿਆ ਹੈ। ਉਹ ਪਹਿਲਾਂ ਹੀ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਦਾ ਕਾਰਜਭਾਰ ਸੰਭਾਲ ਰਹੇ ਹਨ। ਸਿੱਖਿਆ ਮੰਤਰਾਲੇ ਦਾ ਕਾਰਜਭਾਰ ਸੰਭਾਲਣ 'ਤੇ ਪ੍ਰਹਿਲਾਦ ਜੋਸ਼ੀ ਨੂੰ ਕਈ ਅਹਿਮ ਚੁਣੌਤੀਆਂ ਦਾ ਸਾਹਮਣਾ ਕਰਨਾ ਪਵੇਗਾ। ਇਨ੍ਹਾਂ ਵਿੱਚ ਸਿੱਖਿਆ ਪ੍ਰਣਾਲੀ ਵਿੱਚ ਸੁਧਾਰ ਕਰਨਾ, ਪ੍ਰੀਖਿਆ ਪ੍ਰਕਿਰਿਆ ਨੂੰ ਵਧੇਰੇ ਪਾਰਦਰਸ਼ੀ ਬਣਾਉਣਾ ਅਤੇ ਵਿਦਿਆਰਥੀਆਂ ਦੇ ਭਰੋਸੇ ਨੂੰ ਮਜ਼ਬੂਤ ਕਰਨਾ ਮੁੱਖ ਹਨ।



ਜੋਸ਼ੀ ਨੇ ਇਹ ਜ਼ਿੰਮੇਵਾਰੀ ਅਜਿਹੇ ਸਮੇਂ ਸੰਭਾਲੀ ਹੈ ਜਦੋਂ ਸਿੱਖਿਆ ਖੇਤਰ ਵਿੱਚ ਪ੍ਰੀਖਿਆ ਪ੍ਰਣਾਲੀ ਅਤੇ ਨੀਤੀਆਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਚਰਚਾ ਹੋ ਰਹੀ ਹੈ। ਹੁਣ ਸਾਰਿਆਂ ਦੀਆਂ ਨਜ਼ਰਾਂ ਇਸ ਗੱਲ 'ਤੇ ਹੋਣਗੀਆਂ ਕਿ ਨਵੇਂ ਸਿੱਖਿਆ ਮੰਤਰੀ ਇਨ੍ਹਾਂ ਚੁਣੌਤੀਆਂ ਦਾ ਸਾਹਮਣਾ ਕਿਵੇਂ ਕਰਦੇ ਹਨ। ਪ੍ਰਹਿਲਾਦ ਜੋਸ਼ੀ ਪਹਿਲਾਂ ਵੀ ਕੇਂਦਰੀ ਸਰਕਾਰ ਵਿੱਚ ਕਈ ਅਹਿਮ ਜ਼ਿੰਮੇਵਾਰੀਆਂ ਨਿਭਾ ਚੁੱਕੇ ਹਨ। ਸਿੱਖਿਆ ਮੰਤਰਾਲੇ ਵਿੱਚ ਇਸ ਨਵੀਂ ਭੂਮਿਕਾ ਨਾਲ, ਉਹ ਹੁਣ ਦੇਸ਼ ਦੀ ਸਿੱਖਿਆ ਪ੍ਰਣਾਲੀ ਬਾਰੇ ਅਹਿਮ ਫੈਸਲਿਆਂ ਵਿੱਚ ਮੁੱਖ ਭੂਮਿਕਾ ਨਿਭਾਉਣਗੇ।ਉਨ੍ਹਾਂ ਨੇ ਅੱਜ ਹੀ

(ਬਾਕੀ ਸਫਾ 2 'ਤੇ)

## ਨਾਜਾਇਜ਼ ਪਟਾਕਾ .ਫੈਕਟਰੀ 'ਚ ਧਮਾਕੇ ਕਾਰਨ ਦੋ ਮੌਤਾਂ

ਚੇਨਈ, 26 ਜੁਲਾਈ (ਚੜ੍ਹੀਦਕਲਾ ਬਿਊਰੋ) :ਤਾਮਿਲਨਾਡੂ ਦੇ ਵਿਰੁਧੁਨਗਰ ਜ਼ਿਲ੍ਹੇ ਦੇ ਸੇਂਗਮਲਪੱਟੀ ਨੇੜੇ ਐਤਵਾਰ ਸਵੇਰੇ ਇੱਕ ਖੇਤੀਬਾੜੀ ਸ਼ੈੱਡ 'ਚ ਚੱਲ ਰਹੀ ਇੱਕ ਗੈਰ-ਕਾਨੂੰਨੀ ਪਟਾਕਿਆਂ ਦੀ ਫੈਕਟਰੀ 'ਚ ਹੋਏ ਵੱਡੇ ਧਮਾਕੇ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ ਅਤੇ ਇੱਕ ਗੰਭੀਰ ਜ਼ਖ਼ਮੀ ਹੋ ਗਿਆ। ਪੁਲਿਸ ਦੇ ਅਨੁਸਾਰ ਮ੍ਰਿਤਕਾਂ ਵਿੱਚੋਂ ਇੱਕ ਦੀ ਪਛਾਣ 38 ਸਾਲਾ ਰਾਮਪ੍ਰਕਾਸ਼ ਵਜੋਂ ਹੋਈ ਹੈ, ਜਦੋਂ ਕਿ ਦੂਜੇ ਦੀ ਪਛਾਣ ਨਹੀਂ ਹੋ ਸਕੀ ਹੈ। ਰਾਮਪ੍ਰਕਾਸ਼ ਦਾ ਭਰਾ, 40 ਸਾਲਾ ਰਾਮਚੰਦਰਨ, ਲਗਭਗ 60 ਫੀਸਦੀ ਸੜ ਗਿਆ ਸੀ ਅਤੇ ਉਸ ਨੂੰ ਇਲਾਜ ਲਈ ਨੇੜਲੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਇੱਕ ਸੀਨੀਅਰ ਪੁਲਿਸ ਅਧਿਕਾਰੀ ਨੇ ਕਿਹਾ ਕਿ ਦੋਵੇਂ ਭਰਾ ਅਧਿਕਾਰੀਆਂ ਦੇ ਧਿਆਨ ਤੋਂ ਬਚਣ ਲਈ ਗੈਰ-ਕਾਨੂੰਨੀ ਤੌਰ 'ਤੇ ਪਟਾਕੇ ਬਣਾ ਰਹੇ ਸਨ। ਉਹ ਖੇਤੀਬਾੜੀ ਵਾਲੀ

(ਬਾਕੀ ਸਫਾ 2 'ਤੇ)

*ਕਾਰਗਿਲ ਵਿਜਯ ਦਿਵਸ ਦੀ 27ਵੀਂ ਵਰ੍ਹੇਗੰਢ 'ਤੇ ਕਾਰਗਿਲ ਯੁੱਧ ਸਮਾਰਕ ਵਿਖੇ ਸਮਾਗਮ*

## ਪਾਕਿਸਤਾਨ ਨਾਲ ਹੁਣ ਗੱਲਬਾਤ ਸਿਰ.ਫ ਪੀ.ਓ.ਕੇ. 'ਤੇ ਹੋਵੇਗੀ: ਰਾਜਨਾਥ

ਚੜ੍ਹਦੀਕਲਾ ਬਿਊਰੋ

ਦਰਾਸ, 26 ਜੁਲਾਈ: ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਐਤਵਾਰ ਨੂੰ ਕਿਹਾ ਕਿ ਆਪਰੇਸ਼ਨ ਸਿੰਦੂਰ ਨੇ ਇਹ ਦਿਖਾਇਆ ਹੈ ਕਿ ਅੱਤਵਾਦ ਰਾਹੀਂ ਭਾਰਤ ਨੂੰ ਧਮਕਾਉਣ ਦੀ ਕੋਸ਼ਿਸ਼ ਕਰਨ ਵਾਲਿਆਂ ਦਾ ਕੀ ਹਾਲ ਹੋਵੇਗਾ। ਸਿੰਘ ਨੇ ਇਹ ਵੀ ਕਿਹਾ ਕਿ ਭਾਰਤ ਪਾਕਿਸਤਾਨ ਦੇ ਹਰ ਕਾਇਰਾਨਾ ਹਰਕਤ ਦਾ ਜਵਾਬ ਇਸ ਤਰੀਕੇ ਨਾਲ ਦੇਣ ਦੇ ਸਮਰੱਥ ਹੈ ਜੋ ਉਸ ਦੀ ਕਲਪਨਾ ਤੋਂ ਵੀ ਪਰੇ ਹੈ। ਸਿੰਘ ਨੇ ਕਾਰਗਿਲ ਵਿਜਯ ਦਿਵਸ ਦੀ 27ਵੀਂ ਵਰ੍ਹੇਗੰਢ ਤੇ ਕਾਰਗਿਲ ਯੁੱਧ ਸਮਾਰਕ ਵਿਖੇ ਇਕ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਪਾਕਿਸਤਾਨ ਦੀ ਆਲੋਚਨਾ ਕੀਤੀ ਅਤੇ ਕਿਹਾ ਕਿ ਉਸ ਨੇ ਅੱਤਵਾਦ ਨੂੰ ਆਪਣੀ ਸਰਕਾਰੀ ਨੀਤੀ ਦਾ ਹਿੱਸਾ ਬਣਾ ਲਿਆ ਹੈ।



(ਬਾਕੀ ਸਫਾ 2 'ਤੇ)

### ਕਾਰਗਿਲ ਵਿਜਯ ਦਿਵਸ ਮੌਕੇ ਮੋਦੀ ਵੱਲੋਂ ਵੀਰ ਜਵਾਨਾਂ ਨੂੰ ਸ਼ਰਧਾਂਜਲੀ

ਨਵੀਂ ਦਿੱਲੀ, 26 ਜੁਲਾਈ (ਚੜ੍ਹੀਦਕਲਾ ਬਿਊਰੋ) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਕਾਰਗਿਲ ਵਿਜਯ ਦਿਵਸ ਤੇ ਕਿਹਾ ਕਿ ਬੇਹੱਦ ਮੁਸ਼ਕਲ ਸਥਿਤੀਆਂ 'ਚ ਭਾਰਤ ਦੇ ਵੀਰ ਫ਼ੌਜੀਆਂ ਵਲੋਂ ਪ੍ਰਦਰਸ਼ਿਤ ਹਿੰਮਤ ਹਮੇਸ਼ਾ ਰਾਸ਼ਟਰੀ ਮਾਣ ਦਾ ਸਰੋਤ ਬਣੀ ਰਹੇਗੀ। ਪੀ.ਐੱਮ. ਮੋਦੀ ਨੇ ਕਿਹਾ ਕਿ ਭਾਰਤ ਦੀ ਸੁਰੱਖਿਆ ਨੂੰ ਯਕੀਨੀ ਕਰਨ ਲਈ ਅਸਾਧਾਰਨ ਬਹਾਦਰੀ ਅਤੇ ਸਮਰਪਣ ਦਾ ਪ੍ਰਦਰਸ਼ ਕੀਤਾ। ਉਨ੍ਹਾਂ ਨੇ ਸੋਸ਼ਲ ਮੀਡੀਆ ਮੰਚ ਐਕਸ 'ਤੇ ਇਕ ਪੋਸਟ 'ਚ ਕਿਹਾ,ਬੇਹੱਦ ਮੁਸ਼ਕਲ

(ਬਾਕੀ ਸਫਾ 2 'ਤੇ)

## ਮੈਂ 2028 ਦੀਆਂ ਵਿਧਾਨ ਸਭਾ ਚੋਣਾਂ ਨਹੀਂ ਲੜਾਂਗਾ: ਸਿੱਧਰਮਈਆ

ਬੈਂਗਲੂਰੂ, 26 ਜੁਲਾਈ (ਚੜ੍ਹੀਦਕਲਾ ਬਿਊਰੋ) : ਕਰਨਾਟਕ ਦੇ ਸਾਬਕਾ ਮੁੱਖ ਮੰਤਰੀ ਸਿੱਧਰਮਈਆ ਨੇ ਐਤਵਾਰ ਨੂੰ ਐਲਾਨ ਕੀਤਾ ਕਿ ਉਹ ਆਪਣੀ ਵਧਦੀ ਉਮਰ ਅਤੇ ਰਾਜਨੀਤੀ ਦੇ ਬਹੁਤ ਹੀ ਭ੍ਰਿਸ਼ਟ ਸੁਭਾਅ ਦਾ ਹਵਾਲਾ ਦਿੰਦੇ ਹੋਏ 2028 ਦੀਆਂ ਰਾਜ ਵਿਧਾਨ ਸਭਾ ਚੋਣਾਂ ਨਹੀਂ ਲੜਨਗੇ। ਹਾਲਾਂਕਿ, ਕਾਂਗਰਸ ਵਰਕਿੰਗ ਕਮੇਟੀ ਮੈਂਬਰ ਨੇ ਸਪੱਸ਼ਟ ਕੀਤਾ ਕਿ ਉਹ ਰਾਜਨੀਤੀ ਵਿੱਚ ਸਰਗਰਮ ਰਹਿਣਗੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਭਲਾਈ ਲਈ ਆਪਣੀ ਆਵਾਜ਼ ਬੁਲੰਦ ਕਰਦੇ ਰਹਿਣਗੇ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਇੱਕ ਪੋਸਟ ਵਿੱਚ, ਸਿੱਧਰਮਈਆ ਨੇ ਕਿਹਾ,ਅੱਜ



(ਬਾਕੀ ਸਫਾ 2 'ਤੇ)

## ਸਕੂਲ-ਕਾਲਜ ਦੀ .ਫੀਸ 'ਚ ਪਿਛਲੇ ਇੱਕ ਦਹਾਕੇ ਦੌਰਾਨ ਲਗਾਤਾਰ ਵਾਧਾ ਹੋਇਆ: ਜੈਰਾਮ ਰਮੇਸ਼

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 26 ਜੁਲਾਈ: ਕਾਂਗਰਸ ਨੇ ਐਤਵਾਰ ਨੂੰ ਕਿਹਾ ਕਿ ਹਾਲ ਹੀ ਦੇ ਹਫ਼ਤਿਆਂ 'ਚ ਜੰਤਰ-ਮੰਤਰ ਅਤੇ ਹੋਰ ਥਾਵਾਂ ਤੇ ਹੋਏ ਵਿਰੋਧ ਪ੍ਰਦਰਸ਼ਨਾਂ ਦਾ ਕਾਰਨ ਪ੍ਰੀਖਿਆ ਪ੍ਰਣਾਲੀ 'ਚ ਕਥਿਤ ਹੇਰਾਫੇਰੀ ਸੀ, ਪਰ ਨੌਜਵਾਨਾਂ ਅਤੇ ਉਨ੍ਹਾਂ ਦੇ ਮਾਪਿਆਂ ਦੀ ਪਰੇਸ਼ਾਨੀ ਅਤੇ ਗੁੱਸੇ ਦੇ ਹੋਰ ਬੁਨਿਆਦੀ ਕਾਰਨ ਸਿੱਖਿਆ ਤੱਕ ਪਹੁੰਚ ਅਤੇ ਖਰਚ ਚੁੱਕਣ ਦੀ ਸਮਰੱਥਾ ਨਾਲ ਜੁੜੇ ਹਨ, ਜਿਵੇਂ ਕਿ ਘਰੇਲੂ ਖਰਚ ਦੇ ਅੰਕੜਿਆਂ ਤੋਂ ਪਤਾ ਚੱਲਦਾ ਹੈ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਕਿ ਨੌਜਵਾਨ ਅਤੇ ਉਨ੍ਹਾਂ ਦੇ ਮਾਪੇ ਸਿੱਖਿਆ ਤੱਕ ਪਹੁੰਚ ਅਤੇ ਖਰਚ ਚੁੱਕਣ ਦੇ ਸਮਰੱਥਾ ਦੇ ਮੁੱਦਿਆਂ 'ਤੇ ਤੁਰੰਤ ਸੁਧਾਰਾਤਮਕ ਕਦਮ ਚੁੱਕਣ ਦੀ ਮੰਗ ਕਰ ਰਹੇ ਹਨ। ਉਨ੍ਹਾਂ ਕਿਹਾ,ਸੈਂਟਰ ਫਾਰ ਮਾਨੀਟਰਿੰਗ ਇੰਡੀਅਨ ਇਕਾਨਮੀ (ਸੀ.ਐੱਮ.ਈ.ਆਈ.) ਨੇ 2014-15 ਅਤੇ 2025-26 ਦੇ ਵਿਚਕਾਰ ਘਰੇਲੂ ਖਰਚ ਦੇ ਅੰਕੜਿਆਂ ਦਾ ਵਿਸਤ੍ਰਿਤ ਵਿਸ਼ਲੇਸ਼ਣ ਕੀਤਾ ਹੈ ਅਤੇ ਇਸ ਦੇ ਨਤੀਜੇ ਬਹੁਤ ਗੰਭੀਰ ਹਨ। ਸਿੱਖਿਆ 'ਤੇ ਹੋਣ ਵਾਲਾ ਖਰਚ ਘਰੇਲੂ ਆਮਦਨ ਨਾਲੋਂ ਕਿਤੇ ਵੱਧ ਤੇਜ਼ੀ ਨਾਲ ਵਧ ਰਿਹਾ ਹੈ। ਪਰਿਵਾਰ ਆਪਣੀ



(ਬਾਕੀ ਸਫਾ 2 'ਤੇ)

## ਬਿਜਲੀ ਮੁਲਾਜ਼ਮਾਂ ਦੀ ਹੜਤਾਲ ਕਾਰਨ ਥਰਮਲ ਪਲਾਂਟ ਰੂਪਨਗਰ ਦੇ ਚਾਰ 'ਚੋਂ ਤਿੰਨ ਯੂਨਿਟ ਬੰਦ

ਰੂਪਨਗਰ, 26 ਜੁਲਾਈ (ਚੜ੍ਹੀਦਕਲਾ ਬਿਊਰੋ) : ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਨਾਲ ਸਬੰਧਤ ਵੱਖ-ਵੱਖ ਜਥੇਬੰਦੀਆਂ ਦੀ ਹੜਤਾਲ ਦਾ ਸਥਾਨਕ ਗੁਰੂ ਗੋਬਿੰਦ ਸਿੰਘ ਸੁਪਰ ਥਰਮਲ ਪਲਾਂਟ ਰੂਪਨਗਰ ਦੇ ਯੂਨਿਟਾਂ ਦੀ ਪੈਦਾਵਾਰ 'ਤੇ ਅਸਰ ਪੈਣਾ ਸ਼ੁਰੂ ਹੋ ਗਿਆ ਹੈ। ਮੁਲਾਜ਼ਮਾਂ ਦੀ ਹੜਤਾਲ ਕਾਰਨ ਰੂਪਨਗਰ ਥਰਮਲ ਪਲਾਂਟ ਦੇ ਚਾਰ ਵਿੱਚੋਂ ਤਿੰਨ ਯੂਨਿਟਾਂ ਦਾ ਬਿਜਲੀ ਉਤਪਾਦਨ ਠੱਪ ਹੋ ਗਿਆ ਹੈ।ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਪਿਛਲੇ ਕਈ ਦਿਨਾਂ ਤੋਂ ਜੁਆਇੰਟ ਫੋਰਮ ਦੇ ਸੱਦੇ 'ਤੇ ਬਿਜਲੀ ਏਕਤਾ ਮੰਚ, ਜੂਨੀਅਰ ਇੰਜਨੀਅਰ ਐਸੋਸੀਏਸ਼ਨ ਤੇ ਹੋਰ ਜਥੇਬੰਦੀਆਂ ਵੱਲੋਂ ਵੱਖ-ਵੱਖ ਮੰਗਾਂ ਨੂੰ ਲੈ ਕੇ ਹੜਤਾਲ ਕੀਤੀ ਜਾ ਰਹੀ ਹੈ ਅਤੇ ਬੀਤੇ ਦਿਨ ਸਾਂਝਾ ਮੰਚ ਨਾਲ ਸਬੰਧਤ ਕੰਟਰੈਕਟ

(ਬਾਕੀ ਸਫਾ 2 'ਤੇ)

*ਮਾਨ ਨੇ ਕਾਰਗਿਲ ਜੰਗ ਦੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ*

## ਸ਼ਹੀਦਾਂ ਦੀ ਅਦੁੱਤੀ ਸ਼ਹਾਦਤ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ: ਮੁੱਖ ਮੰਤਰੀ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 26 ਜੁਲਾਈ : ਕਾਰਗਿਲ ਵਿਜਯ ਦਿਵਸ ਦੇ ਮੌਕੇ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਦੇਸ਼ ਦੀ ਪ੍ਰਭੂਸੱਤਾ ਦੀ ਰਾਖੀ ਕਰਦਿਆਂ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਜਵਾਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾਂ ਕਿਹਾ ਕਿ ਜਵਾਨਾਂ ਦੀ ਬੇਮਿਸਾਲ ਬਹਾਦਰੀ, ਦਲੇਰੀ ਅਤੇ ਲਾਮਿਸਾਲ ਸੇਵਾ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ। ਮੁੱਖ ਮੰਤਰੀ ਨੇ ਵਾਰ ਮੈਮੋਰੀਅਲ 'ਤੇ ਫੁੱਲਮਾਲਾ ਭੇਟ ਕਰ ਕੇ ਕਾਰਗਿਲ ਯੁੱਧ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ, ਸ਼ਹੀਦ ਜਵਾਨਾਂ ਦੇ ਪਰਿਵਾਰਾਂ ਅਤੇ ਸਾਬਕਾ ਸੈਨਿਕਾਂ ਨਾਲ ਮੁਲਾਕਾਤ ਕੀਤੀ, ਦਿਵਿਆਂਗ ਸਾਬਕਾ ਸੈਨਿਕਾਂ ਨੂੰ ਪੰਜ ਦੋ-ਪਹੀਆ ਵਾਹਨ ਵੰਡੇ ਅਤੇ ਐਨ.ਸੀ.ਸੀ. ਕੈਡਿਟਾਂ ਦੇ ਨਾਲ-ਨਾਲ ਮਹਾਰਾਜਾ ਰਣਜੀਤ ਸਿੰਘ



(ਬਾਕੀ ਸਫਾ 2 'ਤੇ)

*ਵਿਸ਼ੇਸ਼ ਤੱਤਕਾਲੀ ਟਿੱਪਣੀ*

## ਜੰਤਰ-ਮੰਤਰ 'ਤੇ ਜੈਨ ਜ਼ੀ ਮੀਡੀਆ ਕਵਰੇਜ ਨੇ ਛੇੜੀ ਨਵੀਂ ਬਹਿਸ

*ਹੁਣ ਐਂਕਰ ਬਨਾਮ ਪੱਤਰਕਾਰ : ਭਾਰਤੀ ਮੀਡੀਆ ਦੇ ਬਦਲਦੇ ਚਿਹਰੇ ਦੀ ਇੱਕ ਨਵੀਂ ਬਹਿਸ*

**ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ**
**ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ**

ਨਵੀਂ ਦਿੱਲੀ ਦੇ ਜੰਤਰ-ਮੰਤਰ ਤੋਂ ਉੱਠੀ ਇੱਕ ਨਵੀਂ ਬਹਿਸ ਨੇ ਭਾਰਤੀ ਟੈਲੀਵਿਜ਼ਨ ਪੱਤਰਕਾਰਤਾ ਦੇ ਇੱਕ ਬੁਨਿਆਦੀ ਸਵਾਲ ਨੂੰ ਮੁੜ ਕੇਂਦਰ ਵਿੱਚ ਲਿਆ ਖੜ੍ਹਾ ਕੀਤਾ ਹੈ—ਕੀ ਹਰ ਐਂਕਰ ਪੱਤਰਕਾਰ ਹੁੰਦਾ ਹੈ?

ਅੱਜ ਸੋਸ਼ਲ ਮੀਡੀਆ ਤੇ ਵਾਇਰਲ ਹੋ ਰਹੀਆਂ ਟਿੱਪਣੀਆਂ, ਵਿਰੋਧੀ ਦਲੀਲਾਂ ਅਤੇ ਜਨਤਕ ਚਰਚਾ ਨੇ ਇਸ ਸਵਾਲ ਨੂੰ ਕੇਵਲ ਵਿਅਕਤੀਆਂ ਦੀ ਲੜਾਈ ਨਹੀਂ ਰਹਿਣ ਦਿੱਤਾ, ਸਗੋਂ ਇਸ ਨੂੰ ਪੱਤਰਕਾਰਤਾ ਦੇ ਅਸਲ ਸਰੂਪ ਨਾਲ ਜੋੜ ਦਿੱਤਾ ਹੈ।

ਅੱਜ ਪੱਤਰਕਾਰਤਾ ਕਿਸੇ ਸਟੂਡੀਓ, ਕੈਮਰੇ ਜਾਂ ਚਮਕਦਾਰ ਚਿਹਰੇ ਦਾ ਨਾਮ ਨਹੀਂ। ਇਹ ਲੋਕਤੰਤਰ ਦੀ ਨੈਤਿਕ ਜ਼ਿੰਮੇਵਾਰੀ ਹੈ। ਐਂਕਰ ਉਸ ਦੀ ਆਵਾਜ਼ ਹੋ ਸਕਦਾ ਹੈ, ਉਸ ਦਾ ਚਿਹਰਾ ਹੋ ਸਕਦਾ ਹੈ, ਪਰ ਪੱਤਰਕਾਰਤਾ ਦੀ ਅਸਲ ਰੂਹ ਅੱਜ ਵੀ ਉਹੀ ਹੈ ਜੋ ਮੈਦਾਨ ਵਿੱਚ ਜਾ ਕੇ ਸੱਚ ਦੀ ਖੋਜ ਕਰਦੀ ਹੈ, ਸੱਤਾ ਨੂੰ ਸਵਾਲ ਪੁੱਛਦੀ ਹੈ, ਲੋਕਾਂ ਦੀ ਆਵਾਜ਼ ਬਣਦੀ ਹੈ ਅਤੇ ਜਨਤਾ ਦੇ ਭਰੋਸੇ ਦੀ ਰੱਖਿਆ ਕਰਦੀ ਹੈ। ਭਾਰਤੀ ਮੀਡੀਆ ਨੂੰ ਇਸ ਫ਼ਰਕ ਨੂੰ ਸਮਝਣ ਅਤੇ ਸਮਝਾਉਣ ਦੀ ਪਹਿਲਾਂ ਨਾਲੋਂ ਕਿਤੇ ਵੱਧ ਲੋੜ ਹੈ।

ਅੱਜ ਟੈਲੀਵਿਜ਼ਨ ਪੱਤਰਕਾਰਤਾ ਦੇ ਸ਼ੁਰੂਆਤੀ ਦੌਰ ਵਿੱਚ ਐਂਕਰ ਅਤੇ ਪੱਤਰਕਾਰ ਦੀ ਭੂਮਿਕਾ ਵਿੱਚ ਵੱਡਾ ਅੰਤਰ ਨਹੀਂ ਸੀ। ਬਹੁਤ ਸਾਰੇ ਨਾਮਵਰ ਐਂਕਰ ਪਹਿਲਾਂ ਰਿਪੋਰਟਰ ਰਹੇ। ਉਨ੍ਹਾਂ ਨੇ ਮੈਦਾਨ ਵਿੱਚ ਜਾ ਕੇ ਤੱਥ ਇਕੱਠੇ ਕੀਤੇ, ਸੱਤਾ ਤੋਂ ਸਵਾਲ ਪੁੱਛੇ, ਲੋਕਾਂ ਦੀ ਆਵਾਜ਼ ਨੂੰ ਸਾਹਮਣੇ ਲਿਆਇਆ ਅਤੇ ਫਿਰ ਸਟੂਡੀਓ ਤੱਕ ਪਹੁੰਚੇ। ਪਰ ਜਿਵੇਂ-ਜਿਵੇਂ ਨਿੱਜੀ ਨਿਊਜ਼ ਚੈਨਲਾਂ ਦੀ ਗਿਣਤੀ ਵਧੀ ਅਤੇ ਟੀਆਰਪੀ ਦੀ ਦੌੜ ਤੇਜ਼ ਹੋਈ, ਖ਼ਬਰਾਂ ਨਾਲੋਂ ਚਿਹਰੇ ਵੱਧ ਮਹੱਤਵਪੂਰਨ ਬਣਦੇ ਗਏ। ਹੌਲੀ-ਹੌਲੀ ਐਂਕਰ ਹੀ ਚੈਨਲ ਦਾ ਬ੍ਰਾਂਡ ਬਣ ਗਿਆ।

ਅੱਜ ਇੱਥੇ ਹੀ ਉਹ ਭਰਮ ਪੈਦਾ ਹੋਇਆ ਜਿਸ ਵਿੱਚ ਦਰਸ਼ਕਾਂ ਨੇ ਐਂਕਰ ਨੂੰ ਹੀ ਪੱਤਰਕਾਰ ਮੰਨਣਾ ਸ਼ੁਰੂ ਕਰ ਦਿੱਤਾ। ਹਕੀਕਤ ਇਹ ਹੈ ਕਿ ਇੱਕ ਖ਼ਬਰ ਦੇ ਪਿੱਛੇ ਰਿਪੋਰਟਰ, ਕੈਮਰਾਪਰਸਨ, ਵੀਡੀਓ ਜਰਨਲਿਸਟ, ਰਿਸਰਚਰ, ਕਾਪੀ ਐਡੀਟਰ, ਪ੍ਰੋਡਿਊਸਰ, ਗ੍ਰਾਫਿਕਸ ਟੀਮ ਅਤੇ ਸੰਪਾਦਕੀ ਮੰਡਲ ਦੀ ਸਾਂਝੀ ਮਿਹਨਤ ਹੁੰਦੀ ਹੈ। ਐਂਕਰ ਉਸ ਮਿਹਨਤ ਦਾ ਦਿਖਾਈ ਦੇਣ ਵਾਲਾ ਚਿਹਰਾ ਹੁੰਦਾ ਹੈ, ਪਰ ਪੂਰੀ ਪੱਤਰਕਾਰਤਾ ਨਹੀਂ।

ਅੱਜ ਇਸ ਦਾ ਇਹ ਅਰਥ ਵੀ ਨਹੀਂ ਕਿ ਐਂਕਰ ਪੱਤਰਕਾਰ ਨਹੀਂ ਹੋ ਸਕਦਾ। ਜੇਕਰ ਕੋਈ ਐਂਕਰ ਖੁਦ ਰਿਪੋਰਟਿੰਗ ਕਰਦਾ ਹੈ, ਤੱਥ ਇਕੱਠੇ ਕਰਦਾ ਹੈ, ਖੋਜੀ ਪੱਤਰਕਾਰਤਾ ਨਾਲ ਜੁੜਿਆ ਹੈ ਅਤੇ ਸੰਪਾਦਕੀ ਫ਼ੈਸਲਿਆਂ ਵਿੱਚ ਸਰਗਰਮ ਭੂਮਿਕਾ ਨਿਭਾਉਂਦਾ ਹੈ, ਤਾਂ ਉਹ ਨਿਸ਼ਚਿਤ ਤੌਰ 'ਤੇ ਪੱਤਰਕਾਰ ਵੀ ਹੈ ਪਰ ਜੇ ਕਿਸੇ ਦੀ ਭੂਮਿਕਾ ਸਿਰਫ਼ ਦੂਜਿਆਂ ਵੱਲੋਂ ਤਿਆਰ ਕੀਤੀ ਸਮੱਗਰੀ ਨੂੰ ਕੈਮਰੇ ਸਾਹਮਣੇ ਪੜ੍ਹਨ ਜਾਂ ਪੇਸ਼ ਕਰਨ ਤੱਕ ਹੀ ਸੀਮਤ ਹੈ, ਤਾਂ ਉਸ ਨੂੰ ਪੇਸ਼ਕਾਰ ਜਾਂ ਨਿਊਜ਼ ਪ੍ਰੈਜ਼ੈਂਟਰ ਕਹਿਣਾ ਜ਼ਿਆਦਾ ਉਚਿਤ ਹੋਵੇਗਾ।

ਅੱਜ ਡਿਜ਼ੀਟਲ ਮੀਡੀਆ ਅਤੇ ਸੋਸ਼ਲ ਮੀਡੀਆ ਦੇ ਯੁੱਗ ਨੇ ਇਸ

(ਬਾਕੀ ਸਫਾ 2 'ਤੇ)

## ਸੰਸਦ 'ਚ ਸਰਕਾਰ ਨੂੰ ਘੇਰਨ ਦੀ ਤਿਆਰੀ ਵਿੱਚ ਵਿਰੋਧੀ ਧਿਰ

### ਪ੍ਰਦਰਸ਼ਨਕਾਰੀ ਵਿਦਿਆਰਥੀਆਂ 'ਤੇ ਪੁਲਿਸ ਦੀ ਧੱਕੇਸ਼ਾਹੀ, ਲਾਠੀਚਾਰਜ ਅਤੇ ਪੈਲੇਟਗੰਨਦੀ ਵਰਤੋਂ ਨੂੰ ਲੈ ਕੇ ਪੁੱਛੇਗੀ ਸਵਾਲ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 26 ਜੁਲਾਈ: ਕਾਂਗਰਸ ਦੀ ਅਗਵਾਈ ਵਾਲਾ ਵਿਰੋਧੀ ਧਿਰ (ਇੰਡੀਆ ਗਠਜੋੜ) ਪ੍ਰਦਰਸ਼ਨਕਾਰੀ ਵਿਦਿਆਰਥੀਆਂ ਤੇ ਪੁਲਿਸ ਦੀ ਕਥਿਤ ਧੱਕੇਸ਼ਾਹੀ, ਲਾਠੀਚਾਰਜ ਅਤੇ ਪੈਲੇਟ ਗਨ ਦੀ ਵਰਤੋਂ ਨੂੰ ਲੈ ਕੇ ਸੰਸਦ 'ਚ ਸਰਕਾਰ ਨੂੰ ਘੇਰਨ ਦੀ ਪੂਰੀ ਤਿਆਰੀ ਵਿੱਚ ਹੈ। ਵਿਰੋਧੀ ਧਿਰ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਮੁਆਫ਼ੀ ਮੰਗਣ ਦੀ ਮੰਗ ਕਰ ਰਿਹਾ ਹੈ।



ਲੋਕ ਸਭਾ 'ਚ ਨੇਤਾ ਵਿਰੋਧੀ ਧਿਰ ਰਾਹੁਲ ਗਾਂਧੀ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਚਿੱਠੀ ਲਿਖ ਕੇ ਦੋ ਅਹਿਮ ਸਵਾਲ ਪੁੱਛੇ ਹਨ। ਪਹਿਲਾ ਇਹ ਕਿ ਕੀ ਗ੍ਰਹਿ ਮੰਤਰੀ ਵਜੋਂ ਤੁਸੀਂ ਸ਼ਾਂਤੀਪੂਰਨ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਪੈਲੇਟ ਗਨ ਸਮੇਤ ਘਾਤਕ ਬਲ ਦੀ ਵਰਤੋਂ ਦੀ ਮਨਜ਼ੂਰੀ ਦਿੱਤੀ ਸੀ ਜੇਕਰ ਨਹੀਂ, ਤਾਂ ਇਹ ਮਨਜ਼ੂਰੀ ਕਿਸ ਨੇ ਦਿੱਤੀ? ਦੂਜਾ ਸਵਾਲ ਇਹ ਕਿ ਸਾਦੇ ਕੱਪੜਿਆਂ 'ਚ ਵਿਦਿਆਰਥੀਆਂ 'ਤੇ ਲਾਠੀਚਾਰਜ ਕਰਨ ਵਾਲੇ ਲੋਕ ਕੌਣ ਸਨ-ਪੁਲਿਸ ਕਰਮੀ ਜਾਂ ਸਵੈ-ਸੇਵਕ ਉਨ੍ਹਾਂ ਦੀ

(ਬਾਕੀ ਸਫਾ 2 'ਤੇ)

# ਸ਼ਫ਼ਾ ਇੱਕ ਦੀ ਬਾਕੀ

## ਸੰਸਦ 'ਚ ਸਰਕਾਰ ਨੂੰ ਘੇਰਨ ਦੀ ...

ਤੈਨਾਤੀ ਦਾ ਅਧਿਕਾਰ ਕਿਸ ਨੇ ਦਿੱਤਾ? ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਅਤੇ ਰਾਹੁਲ ਗਾਂਧੀ ਨੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਨੂੰ ਵਿਦਿਆਰਥੀਆਂ ਦੀ ਜਿੱਤ ਦੱਸਦਿਆਂ ਕਿਹਾ ਕਿ ਹੁਣ ਪ੍ਰਧਾਨ ਮੰਤਰੀ ਮੋਦੀ ਨੂੰ ਵੀ ਦੇਸ਼ ਦੇ ਨੌਜਵਾਨਾਂ ਤੋਂ ਮਾਫ਼ੀ ਮੰਗਣੀ ਚਾਹੀਦੀ ਹੈ।

ਜ਼ਿਕਰਯੋਗ ਹੈ ਕਿ ਸਰਕਾਰ ਸੋਮਵਾਰ ਨੂੰ ਲੋਕ ਸਭਾ ਵਿੱਚ ਲੋਕ ਪ੍ਰੀਖਿਆ ਸੋਧ ਬਿਲ, 2026 ਪੇਸ਼ ਕਰਨ ਜਾ ਰਹੀ ਹੈ। ਇਸ ਬਿੱਲ ਅਨੁਸਾਰ ਪੇਪਰ ਲੀਕ ਕਰਨ ਚ ਸ਼ਾਮਲ ਵਿਅਕਤੀ ਨੂੰ 5 ਤੋਂ 10 ਸਾਲ ਦੀ ਕੈਦ ਅਤੇ 50 ਲੱਖ ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਹੈ। ਇਸ ਤੋਂ ਇਲਾਵਾ ਸੰਗਠਿਤ ਅਪਰਾਧਾਂ ਦੇ ਮਾਮਲੇ ਵਿੱਚ ਘੱਟੋ-ਘੱਟ 7 ਸਾਲ ਦੀ ਕੈਦ ਅਤੇ 10 ਕਰੋੜ ਰੁਪਏ ਤੱਕ ਦੇ ਜੁਰਮਾਨੇ ਦਾ ਪ੍ਰਸਤਾਵ ਹੈ। ਇਸ ਬਿੱਲ ਤੇ ਸਮਰਥਨ ਦੇਣ ਦਾ ਫੈਸਲਾ ਸੋਮਵਾਰ ਸਵੇਰੇ ਮੱਲਿਕਾਰਜੁਨ ਖੜਗੇ ਦੇ ਦਫ਼ਤਰ ਵਿੱਚ ਹੋਣ ਵਾਲੀ 'INDIA' ਗਠਜੋੜ ਦੀ ਬੈਠਕ 'ਚ ਤੈਅ ਕੀਤਾ ਜਾਵੇਗਾ।

## ਪੰਜਾਬ 'ਚ ਅਗਲੇ 5 ਦਿਨ ਭਾਰੀ ਮੀਂਹ ਦੀ ਸੰਭਾਵਨਾ

ਪੈਣ ਦੀ ਸੰਭਾਵਨਾ ਹੈ। ਵਿਭਾਗ ਨੇ 27 ਜੁਲਾਈ ਤੋਂ ਮੌਸਮ ਦਾ ਮਿਜਾਜ਼ ਬਦਲਣ ਦੇ ਸੰਕੇਤ ਦਿੱਤੇ ਹਨ। ਇਸ ਦੌਰਾਨਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ ਅਤੇ ਐਸ.ਏ.ਐਸ ਨਗਰ ਚ ਭਾਰੀ ਮੀਂਹ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਸਭ ਤੋਂ ਜ਼ਿਆਦਾ ਬਾਰਿਸ਼ 28 ਅਤੇ 29 ਜੁਲਾਈ ਨੂੰ ਹੋਣ ਦੀ ਸੰਭਾਵਨਾ ਹੈ। ਇਨ੍ਹਾਂ ਦੋ ਦਿਨਾਂ ਲਈ ਮੌਸਮ ਵਿਭਾਗ ਨੇ ਪਠਾਨਕੋਟ ਅਤੇ ਗੁਰਦਾਸਪੁਰ ਚ ਭਾਰੀ ਤੋਂ ਬਹੁਤ ਭਾਰੀ ਮੀਂਹ ਦਾ ਓਰੇਂਜ ਅਲਰਟ ਜਾਰੀ ਕੀਤਾ ਹੈ ਅਤੇ ਲੋਕਾਂ ਨੂੰ ਤਿਆਰ ਰਹਿਣ ਦੀ ਅਪੀਲ ਕੀਤੀ ਹੈ। ਇਸ ਤੋਂ ਇਲਾਵਾ 28 ਜੁਲਾਈ ਨੂੰ ਅੰਮ੍ਰਿਤਸਰ, ਤਰਨ ਤਾਰਨ, ਕਪੂਰਥਲਾ, ਜਲੰਧਰ, ਲੁਧਿਆਣਾ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ, ਐਸ.ਏ.ਐਸ ਨਗਰ, ਫਤਿਹਗੜ੍ਹ ਸਾਹਿਬ ਅਤੇ ਪਟਿਆਲਾ ਚ ਭਾਰੀ ਮੀਂਹ ਦਾ ਯੈਲੋ ਅਲਰਟ ਹੈ। 29 ਜੁਲਾਈ ਨੂੰ ਅੰਮ੍ਰਿਤਸਰ ਚ ਵੀ ਓਰੇਂਜ ਅਲਰਟ ਹੋਵੇਗਾ ਜਦਕਿ ਬਾਕੀ ਉਪਰੋਕਤ ਜ਼ਿਲ੍ਹਿਆਂ ਚ ਮੀਂਹ ਦਾ ਯੈਲੋ ਅਲਰਟ ਰਹੇਗਾ। 30 ਜੁਲਾਈ ਨੂੰ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਨਵਾਂਸ਼ਹਿਰ ਅਤੇ ਰੂਪਨਗਰ ਚ ਫਿਰ ਭਾਰੀ ਮੀਂਹ ਦਾ ਅਲਰਟ ਹੈ।ਪ੍ਰਸ਼ਾਸਨ ਨੇ ਕਿਹਾ ਹੈ ਕਿ ਨੀਵੇਂ ਇਲਾਕਿਆਂ ਚ ਪਾਣੀ ਭਰਨ ਅਤੇ ਦਰਿਆਵਾਂ ਦੇ ਪੱਧਰ ਵਧਣ ਦਾ ਖ਼ਤਰਾ ਹੈ। ਇਸ ਲਈ ਲੋਕਾਂ ਨੂੰ ਸਾਵਧਾਨ ਰਹਿਣ ਅਤੇ ਬੇਲੋੜਾ ਘਰੋਂ ਨਾ ਨਿਕਲਣ ਦੀ ਸਲਾਹ ਦਿੱਤੀ ਗਈ ਹੈ।

## ਪੰਜਾਬ 'ਚ ਬਿਨਾਂ ਪੈਸੇ ਤੇ ਸਿਫਾਰਿਸ਼ ਤੋਂ ਸਿਰਫ਼ ਯੋਗਤਾ...

ਸਨਮਾਨ ਸਮਾਰੋਹ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਐਕਸ' ਅਕਾਊਂਟ 'ਤੇ ਕਿਹਾ: ਪੰਜਾਬ ਦੇ ਸਰਕਾਰੀ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਜਦੋਂ ਬੱਚਿਆਂ ਨੂੰ ਬਿਹਤਰ ਮੌਕੇ 'ਤੇ ਮਿਆਰੀ ਸਿੱਖਿਆ ਪ੍ਰਦਾਨ ਕੀਤੀ ਦਿੱਤੀ ਜਾਂਦੀ ਹੈ ਤਾਂ ਕੋਈ ਵੀ ਸੁਪਨਾ ਉਨ੍ਹਾਂ ਦੀ ਪਹੁੰਚ ਤੋਂ ਦੂਰ ਨਹੀਂ ਰਹਿੰਦਾ। ਇਸ ਸਾਲ ਪਹਿਲੀ ਵਾਰ ਸਾਡੇ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਪਾਸ ਕਰਕੇ ਇਤਿਹਾਸ ਰਚਿਆ ਹੈ। ਨੀਟ ਪ੍ਰੀਖਿਆ ਵਿੱਚ ਆਲ ਇੰਡੀਆ ਰੈਂਕ-1 ਪ੍ਰਾਪਤ ਕਰਨ ਵਾਲਾ ਆਰੀਅਨ ਗੁਪਤਾ ਵੀ ਪੰਜਾਬ ਦਾ ਪੁੱਤਰ ਹੈ ਜਿਸ ਨਾਲ ਸੂਬਾ ਦਾ ਮਾਣ ਹੋ ਵੱਧ ਗਿਆ ਹੈ।

ਉਨ੍ਹਾਂ ਅਖੀਰ ਵਿੱਚ ਕਿਹਾ, ਇਹ ਸ਼ਾਨਦਾਰ ਪ੍ਰਾਪਤੀ ਸਾਡੇ ਵਿਦਿਆਰਥੀਆਂ ਦੀ ਤਨਦੇਹੀ, ਉਨ੍ਹਾਂ ਦੇ ਮਾਪਿਆਂ ਦੇ ਅਟੁੱਟ ਸਹਿਯੋਗ ਅਤੇ ਸਾਡੇ ਅਧਿਆਪਕਾਂ ਦੇ ਅਣਥੱਕ ਯਤਨਾਂ ਦਾ ਨਤੀਜਾ ਹੈ। ਸਾਡੀ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਹਰ ਬੱਚੇ ਨੂੰ ਵੱਡੇ ਸੁਪਨੇ ਦੇਖਣ ਅਤੇ ਉਨ੍ਹਾਂ ਸੁਪਨਿਆਂ ਨੂੰ ਹਕੀਕਤ ਵਿੱਚ ਬਦਲਣ ਲਈ ਲੋੜੀਂਦੇ ਮੌਕੇ, ਸਰੋਤ ਅਤੇ ਸਹਾਇਤਾ ਮਿਲੇ। ਸਿੱਖਿਆ ਵਿੱਚ ਇਹ ਤਬਦੀਲੀ ਰੰਗਲਾ ਪੰਜਾਬ ਦੀ ਅਸਲ ਨੀਂਹ ਹੈ।

ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਸਾਡੇ ਸਾਰਿਆਂ ਲਈ ਬੇਹੱਦ ਮਾਣ ਵਾਲੇ ਪਲ ਹਨ। ਮੈਂ ਇਸ ਸ਼ਾਨਦਾਰ ਪ੍ਰਾਪਤੀ ਲਈ ਨੀਟ ਪ੍ਰੀਖਿਆ ਪਾਸ ਕਰਨ ਵਾਲੇ ਹਰੇਕ ਵਿਦਿਆਰਥੀ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਾ ਹਾਂ। ਮੈਨੂੰ ਉਮੀਦ ਹੈ ਕਿ ਇਹ ਨੌਜਵਾਨ ਸਮਰਪਿਤ ਡਾਕਟਰ ਬਣਨਗੇ ਅਤੇ ਪੂਰੀ ਤਨਦੇਹੀ ਨਾਲ ਸਮਾਜ ਦੀ ਸੇਵਾ ਕਰਨਗੇ।

ਮੁੱਖ ਮੰਤਰੀ ਨੇ ਕਿਹਾ, "ਸਾਲ 2022 ਵਿੱਚ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਸਿਰਫ਼ 82 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਪਾਸ ਕੀਤੀ ਸੀ। ਇਸ ਸਾਲ ਇਹ ਗਿਣਤੀ 882 ਹੋ ਗਈ ਹੈ। ਇਹ ਪੰਜਾਬ ਲਈ ਇਤਿਹਾਸਕ ਪ੍ਰਾਪਤੀ ਹੈ ਜੋ ਸਾਡੀ ਸਿੱਖਿਆ ਪ੍ਰਣਾਲੀ ਵਿੱਚ ਕੀਤੇ ਗਏ ਕ੍ਰਾਂਤੀਕਾਰੀ ਬਦਲਾਅ ਨੂੰ ਦਰਸਾਉਂਦੀ ਹੈ।

ਮੁੱਖ ਮੰਤਰੀ ਨੇ ਕਿਹਾ, "ਇਸ ਸਾਲ ਦੇਸ਼ ਭਰ ਤੋਂ ਲਗਭਗ 20 ਲੱਖ ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਦਿੱਤੀ ਸੀ। ਸਾਡੇ ਵਿਦਿਆਰਥੀਆਂ ਨੇ ਦੇਸ਼ ਦੀਆਂ ਸਭ ਤੋਂ ਔਖੀਆਂ ਪ੍ਰੀਖਿਆਵਾਂ ਵਿੱਚੋਂ ਇੱਕ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਪੰਜਾਬ ਦਾ ਮਾਣ ਵਧਾਇਆ ਹੈ। ਸਫਲ ਵਿਦਿਆਰਥੀਆਂ ਦੀ ਗਿਣਤੀ ਹੋਰ ਵੀ ਵੱਧ ਹੋ ਸਕਦੀ ਸੀ, ਪਰ ਪ੍ਰੀਖਿਆ ਪੇਪਰ ਲੀਕ ਹੋਣ ਕਾਰਨ ਬਹੁਤ ਸਾਰੇ ਯੋਗ ਵਿਦਿਆਰਥੀਆਂ ਨੂੰ ਹਰਜਾਨਾ ਭੁਗਤਣਾ ਪਿਆ।

ਉਨ੍ਹਾਂ ਕਿਹਾ, "ਇਹ ਦੁੱਖ ਦੀ ਗੱਲ ਹੈ ਕਿ ਪੇਪਰ ਲੀਕ ਹੋਣ ਕਾਰਨ ਬਹੁਤ ਸਾਰੇ ਵਿਦਿਆਰਥੀ ਹਤਾਸ਼ ਹੋ ਗਏ ਅਤੇ ਕੁਝ ਨੇ ਤਾਂ ਪ੍ਰੀਖਿਆ ਨਾ ਦੇਣ ਦਾ ਵੀ ਫੈਸਲਾ ਕੀਤਾ। ਬਦਕਿਸਮਤੀ ਨਾਲ ਇਹ ਪਹਿਲੀ ਅਜਿਹੀ ਘਟਨਾ ਨਹੀਂ ਹੈ। ਦੇਸ਼ ਵਿੱਚ 2017, 2024 ਅਤੇ ਹੁਣ ਫਿਰ 2026 ਵਿੱਚ ਪੇਪਰ ਲੀਕ ਦੀਆਂ ਘਟਨਾਵਾਂ ਦੇਖਣ ਨੂੰ ਮਿਲੀਆਂ। ਇਹ ਕੇਂਦਰ ਸਰਕਾਰ ਦੀ ਅਸਫਲਤਾ ਹੈ ਅਤੇ ਇਹ ਬੇਹੱਦ ਨਿੰਦਣਯੋਗ ਹੈ ਅਤੇ ਇਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

ਕੌਮੀ ਪੱਧਰ ਦੀ ਤੁਲਨਾ ਪੰਜਾਬ ਦੇ ਰਿਕਾਰਡ ਨਾਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਸਾਡੀ ਸਰਕਾਰ ਨੂੰ ਸੱਤਾ ਸੰਭਾਲੇ ਚਾਰ ਸਾਲ ਤੋਂ ਵੱਧ ਸਮਾਂ ਹੋ ਗਿਆ ਹੈ ਅਤੇ ਪੰਜਾਬ ਵਿੱਚ ਇੱਕ ਵੀ ਪ੍ਰੀਖਿਆ ਪੇਪਰ ਲੀਕ ਨਹੀਂ ਹੋਇਆ ਹੈ। ਹਾਲ ਹੀ ਵਿੱਚ, ਜਦੋਂ ਫਾਰਮੇਸੀ ਅਫਸਰ ਦੀ ਭਰਤੀ ਪ੍ਰੀਖਿਆ ਵਿੱਚ ਨਕਲ ਦੀ ਕੋਸ਼ਿਸ਼ ਸਾਡੇ ਧਿਆਨ ਵਿੱਚ ਆਈ, ਤਾਂ ਅਸੀਂ ਤੁਰੰਤ ਕਾਰਵਾਈ ਕੀਤੀ।

ਮੁੱਖ ਮੰਤਰੀ ਨੇ ਕਿਹਾ, "ਨਕਲ ਕਰਵਾਉਣ ਵਾਲੇ ਰੈਕੇਟ ਵਿੱਚ ਸ਼ਾਮਲ ਸਾਰੇ ਲੋਕਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਇਸ ਮਾਮਲੇ ਵਿੱਚ 21 ਵਿਅਕਤੀਆਂ ਨੂੰ ਜੇਲ੍ਹ ਭੇਜ ਦਿੱਤਾ ਗਿਆ ਹੈ। ਮੈਂ ਪੰਜਾਬ ਦੇ ਹਰ ਨੌਜਵਾਨ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਇਹ ਸਰਕਾਰ ਕਦੇ ਵੀ ਪੇਪਰ ਲੀਕ ਜਾਂ ਨਕਲ ਦੀ ਇਕ ਵੀ ਘਟਨਾ ਨਾਲ ਉਨ੍ਹਾਂ ਦੇ ਭਵਿੱਖ ਨੂੰ ਕਦੇ ਵੀ ਦਾਅ 'ਤੇ ਨਹੀਂ ਲਾਉਣ ਦੇਵੇਗੀ।

ਸੂਬੇ ਦੀ ਪਾਰਦਰਸ਼ੀ ਭਰਤੀ ਨੀਤੀ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਵਿੱਚ ਸਿਰਫ਼ ਯੋਗਤਾ ਦੇ ਅਧਾਰ 'ਤੇ ਹੀ ਸਰਕਾਰੀ ਨੌਕਰੀਆਂ ਦਿੱਤੀਆਂ ਜਾਂਦੀਆਂ ਹਨ। ਪੂਰੀ ਤਰ੍ਹਾਂ ਪਾਰਦਰਸ਼ੀ ਭਰਤੀ ਪ੍ਰਕਿਰਿਆ ਰਾਹੀਂ ਨੌਜਵਾਨਾਂ ਨੂੰ ਪਹਿਲਾਂ ਹੀ 68,000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਜਾ ਚੁੱਕੀਆਂ ਹਨ ਅਤੇ ਇਸ ਵਿੱਚ ਕਿਸੇ ਸਿਫਾਰਸ਼, ਕਿਸੇ ਰਿਸ਼ਵਤ ਅਤੇ ਕਿਸੇ ਵੀ ਪੱਖਪਾਤ ਲਈ ਕੋਈ ਥਾਂ ਨਹੀਂ ਹੈ। ਸਰਕਾਰੀ ਨੌਕਰੀਆਂ ਸਿਰਫ਼ ਯੋਗਤਾ ਦੇ ਆਧਾਰ 'ਤੇ ਦਿੱਤੀਆਂ ਜਾਂਦੀਆਂ ਹਨ। ਕੁਝ ਉਮੀਦਵਾਰਾਂ ਨੇ ਆਪਣੀ ਯੋਗਤਾ ਨਾਲ ਕਈ ਵਾਰ ਸਰਕਾਰੀ ਨੌਕਰੀਆਂ ਪ੍ਰਾਪਤ ਕੀਤੀਆਂ ਹਨ ਅਤੇ ਬਹੁਤ ਸਾਰੇ ਪੰਜਾਬੀ ਨੌਜਵਾਨ ਹੁਣ ਵਿਦੇਸ਼ਾਂ ਤੋਂ ਪੰਜਾਬ ਵਿੱਚ ਕੰਮ ਕਰਨ ਲਈ ਵਾਪਸ ਆ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ, "ਸਾਡੀ ਸਰਕਾਰ ਵਿਦਿਆਰਥੀਆਂ ਨੂੰ ਸਖ਼ਤ ਮੁਕਾਬਲੇ ਲਈ ਤਿਆਰ ਕਰ ਰਹੀ ਹੈ। ਅੱਜ, ਵਿਦਿਆਰਥੀ ਵਧੇਰੇ ਚੁਣੌਤੀਪੂਰਨ ਪ੍ਰੀਖਿਆਵਾਂ ਦੀ ਮੰਗ ਕਰ ਰਹੇ ਹਨ, ਕਿਉਂਕਿ ਉਨ੍ਹਾਂ ਨੂੰ ਆਪਣੀ ਯੋਗਤਾ 'ਤੇ ਭਰੋਸਾ ਹੈ। ਵਿਦਿਆਰਥੀ ਪਹਿਲਾਂ ਆਸਾਨ ਪੇਪਰ ਚਾਹੁੰਦੇ ਸਨ ਪਰ ਹੁਣ ਸਥਿਤੀ ਪੂਰੀ ਤਰ੍ਹਾਂ ਬਦਲ ਚੁੱਕੀ ਹੈ।

ਮੁੱਖ ਮੰਤਰੀ ਨੇ ਕਿਹਾ, "ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ, ਅਸੀਂ ਅਧਿਆਪਕਾਂ ਨੂੰ ਆਧੁਨਿਕ ਸਿਖਲਾਈ ਲਈ ਫਿਨਲੈਂਡ ਅਤੇ ਆਈ.ਆਈ.ਐਮ. (ਇੰਡੀਅਨ ਇੰਸਟੀਚਿਊਟ ਆਫ ਮੈਨੇਜਮੈਂਟ) ਵਰਗੀਆਂ ਪ੍ਰਮੁੱਖ ਸੰਸਥਾਵਾਂ ਵਿੱਚ ਭੇਜ ਰਹੇ ਹਾਂ ਤਾਂ ਜੋ ਉਹ ਆਪਣੇ ਹੁਨਰ ਨੂੰ ਹੋਰ ਨਿਖਾਰ ਸਕਣ ਅਤੇ ਸਾਡੇ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿੱਖਿਆ ਪ੍ਰਦਾਨ ਕਰ ਸਕਣ।"

ਉਨ੍ਹਾਂ ਅੱਗੇ ਕਿਹਾ,"ਇਨ੍ਹਾਂ ਯਤਨਾਂ ਦੇ ਸਪੱਸ਼ਟ ਨਤੀਜੇ ਸਾਹਮਣੇ ਆ ਰਹੇ ਹਨ ਕਿਉਂਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਨੀਟ ਵਰਗੀਆਂ ਵੱਕਾਰੀ ਪ੍ਰੀਖਿਆਵਾਂ ਪਾਸ ਕਰ ਰਹੇ ਹਨ। ਸਫ਼ਲਤਾ ਹਾਸਲ ਕਰਕੇ ਕਿਸੇ ਵਿੱਚ ਹੰਕਾਰ ਨਹੀਂ ਆਉਣਾ ਚਾਹੀਦਾ। ਆਤਮ-ਵਿਸ਼ਵਾਸ ਅਤੇ ਸਕਾਰਾਤਮਕ ਨਜ਼ਰੀਆ ਬਹੁਤ ਜ਼ਰੂਰੀ ਹਨ, ਪਰ ਨਿਮਰਤਾ ਅਤੇ ਸਖ਼ਤ ਮਿਹਨਤ ਹੀ ਵੱਡੀ ਸਫ਼ਲਤਾ ਹਾਸਲ ਕਰਨ ਦੀਆਂ ਅਸਲ ਕੁੰਜੀਆਂ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜਦੋਂ ਸਾਲ 2022 ਵਿੱਚ ਸਾਡੀ ਸਰਕਾਰ ਨੇ ਸੱਤਾ ਸੰਭਾਲੀ ਸੀ ਤਾਂ ਸਕੂਲੀ ਸਿੱਖਿਆ ਵਿੱਚ ਪੰਜਾਬ 27ਵੇਂ ਸਥਾਨ 'ਤੇ ਸੀ। ਅੱਜ ਪੰਜਾਬ ਸਕੂਲੀ ਸਿੱਖਿਆ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣ ਕੇ ਉੱਭਰਿਆ ਹੈ। ਇਹ ਤਬਦੀਲੀ ਸਿੱਖਿਆ ਖੇਤਰ ਵਿੱਚ ਕੀਤੇ ਲਗਾਤਾਰ ਸੁਧਾਰਾਂ ਅਤੇ ਸਰਕਾਰੀ ਸਕੂਲਾਂ ਨੂੰ ਮਜ਼ਬੂਤ ਕਰਨ ਲਈ ਸਾਡੀ ਅਟੁੱਟ ਵਚਨਬੱਧਤਾ ਦਾ ਨਤੀਜਾ ਹੈ।"

ਉਨ੍ਹਾਂ ਕਿਹਾ, "ਇੱਕ ਸਮਾਂ ਅਜਿਹਾ ਵੀ ਸੀ ਜਦੋਂ ਸਰਕਾਰੀ ਸਕੂਲਾਂ ਨੂੰ ਸਿਰਫ਼ ਗਰੀਬ ਬੱਚਿਆਂ ਦੀ ਸੰਸਥਾ ਵਜੋਂ ਦੇਖਿਆ ਜਾਂਦਾ ਸੀ ਅਤੇ ਲੋਕ ਇਨ੍ਹਾਂ ਦਾ ਮਜ਼ਾਕ ਉਡਾਉਂਦੇ ਸਨ। ਅੱਜ 'ਸਕੂਲਜ਼ ਆਫ਼ ਐਮੀਨੈਂਸ' ਦੀ ਸਥਾਪਨਾ ਅਤੇ ਵੱਡੇ ਪੱਧਰ 'ਤੇ ਸੁਧਾਰ ਕਰਨ ਤੋਂ ਬਾਅਦ, ਪੰਜਾਬ ਕੇਰਲ ਨੂੰ ਪਛਾੜ ਕੇ ਸਕੂਲੀ ਸਿੱਖਿਆ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣ ਗਿਆ ਹੈ। ਇਹ ਹੀ ਅਸਲ ਲੋਕ ਸੇਵਾ ਹੈ ਅਤੇ ਅਸੀਂ ਇਸ ਨੇਕ ਕਾਰਜ ਲਈ ਅਣਥੱਕ ਮਿਹਨਤ ਕਰਦੇ ਰਹਾਂਗੇ।"

ਇੱਕ ਉਦਾਹਰਣ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, "ਜਿਸ ਤਰ੍ਹਾਂ ਹਵਾਈ ਅੱਡੇ ਦਾ ਰਨਵੇਅ ਹਵਾਈ ਜਹਾਜ਼ ਨੂੰ ਸੁਚਾਰੂ ਢੰਗ ਨਾਲ ਉਡਾਣ ਭਰਨ ਦੇ ਯੋਗ ਬਣਾਉਂਦਾ ਹੈ, ਉਸੇ ਤਰ੍ਹਾਂ ਪੰਜਾਬ ਸਰਕਾਰ ਉਹ ਨੀਂਹ ਤਿਆਰ ਕਰ ਰਹੀ ਹੈ ਜੋ ਨੌਜਵਾਨਾਂ ਨੂੰ ਉਨ੍ਹਾਂ ਦੇ ਸੁਪਨਿਆਂ ਅਤੇ ਇੱਛਾਵਾਂ ਨੂੰ ਸਾਕਾਰ ਕਰਨ ਦੇ ਯੋਗ ਬਣਾਉਂਦੀ ਹੈ। ਮੈਂ ਹਰ ਵਿਦਿਆਰਥੀ ਨੂੰ ਅਪੀਲ ਕਰਦਾ ਹਾਂ ਕਿ ਉਹ ਸਮਾਜ ਵਿੱਚ ਆਪਣੀ ਵੱਖਰੀ ਪਛਾਣ ਬਣਾਉਣ ਅਤੇ ਅਮਿੱਟ ਛਾਪ ਛੱਡਣ।"

ਮੁੱਖ ਮੰਤਰੀ ਨੇ ਕਿਹਾ, "ਸਫ਼ਲਤਾ ਹਾਸਲ ਕਰਨ ਤੋਂ ਬਾਅਦ ਵੀ ਹਮੇਸ਼ਾ ਜ਼ਮੀਨ ਨਾਲ ਜੁੜੇ ਰਹੋ। ਸਖ਼ਤ ਮਿਹਨਤ ਕਰਨ 'ਤੇ ਭਰੋਸਾ ਰੱਖੋ ਕਿਉਂਕਿ ਮਿਹਨਤ ਹੀ ਸਫ਼ਲਤਾ ਦਾ ਇੱਕੋ-ਇੱਕ ਰਸਤਾ ਹੈ। ਮੈਂ ਖਾਸ ਤੌਰ 'ਤੇ ਸਾਡੀਆਂ ਧੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਸਿੱਖਿਆ ਨੂੰ ਸਮਾਜ ਵਿੱਚ ਸਾਰਥਕ ਬਦਲਾਅ ਲਿਆਉਣ ਲਈ ਇੱਕ ਸ਼ਕਤੀਸ਼ਾਲੀ ਹਥਿਆਰ ਵਜੋਂ ਵਰਤਣ। ਅੱਜ ਲੜਕੀਆਂ ਲਗਭਗ ਹਰ ਖੇਤਰ ਵਿੱਚ ਲੜਕਿਆਂ ਨਾਲੋਂ ਬਿਹਤਰ ਪ੍ਰਦਰਸ਼ਨ ਕਰ ਰਹੀਆਂ ਹਨ ਅਤੇ ਉਨ੍ਹਾਂ ਖੇਤਰਾਂ ਵਿੱਚ ਵੀ ਬੇਮਿਸਾਲ ਕਾਰਗੁਜ਼ਾਰੀ ਦਿਖਾ ਰਹੀਆਂ ਹਨ, ਜਿਨ੍ਹਾਂ ਨੂੰ ਕਦੇ ਲੜਕਿਆਂ ਦਾ ਖੇਤਰ ਹੀ ਮੰਨਿਆ ਜਾਂਦਾ ਸੀ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਮਹਿਲਾ ਸਸ਼ਕਤੀਕਰਨ ਬਹੁਤ ਜ਼ਰੂਰੀ ਹੈ। ਇਹ ਵੱਡੀ ਮਾਣ ਵਾਲੀ ਗੱਲ ਹੈ ਕਿ ਲੜਕੀਆਂ ਹਰ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ ਅਤੇ ਮੈਨੂੰ ਪੂਰਾ ਭਰੋਸਾ ਹੈ ਕਿ ਉਹ ਸਿੱਖਿਆ ਰਾਹੀਂ ਨਵੇਂ ਮੀਲ ਪੱਥਰ ਸਥਾਪਿਤ ਕਰਨਾ ਜਾਰੀ ਰੱਖਣਗੀਆਂ।"

ਵਿਦਿਆਰਥੀਆਂ ਨਾਲ ਭਾਵਨਾਤਮਕ ਸਾਂਝ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ, "ਦੇਸ਼ ਦੇ ਨੌਜਵਾਨਾਂ ਦੁਆਰਾ ਦਿਖਾਏ ਦ੍ਰਿੜ ਇਰਾਦੇ ਨੇ ਕੇਂਦਰ ਸਰਕਾਰ ਨੂੰ ਜੰਤਰ-ਮੰਤਰ ਵਿਖੇ ਉਨ੍ਹਾਂ ਅੱਗੇ ਝੁਕਣ ਲਈ ਮਜਬੂਰ ਕਰ ਦਿੱਤਾ। ਸਾਡੇ ਨੌਜਵਾਨਾਂ ਵਿੱਚ ਜ਼ਿੰਦਗੀ ਵਿੱਚ ਕੁਝ ਵੀ ਹਾਸਲ ਕਰਨ ਦੀ ਬੁੱਧੀ, ਊਰਜਾ ਅਤੇ ਦ੍ਰਿੜਤਾ ਹੈ। ਮੈਨੂੰ ਭਰੋਸਾ ਹੈ ਕਿ ਤੁਸੀਂ ਸਾਰੇ ਸ਼ਾਨਦਾਰ ਡਾਕਟਰ ਬਣੋਗੇ ਅਤੇ ਮਨੁੱਖਤਾ ਦੀ ਨਿਸ਼ਕਾਮ ਸੇਵਾ ਕਰੋਗੇ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦ੍ਰਿੜਤਾ ਨਾਲ ਕਿਹਾ, "ਭਾਰਤ, ਵਿਸ਼ਵ ਦਾ ਮੋਹਰੀ ਦੇਸ਼ ਉਦੋਂ ਹੀ ਬਣ ਸਕਦਾ ਹੈ ਜੇਕਰ ਪੰਜਾਬ ਕੌਮੀ ਤਰੱਕੀ ਵਿੱਚ ਸਭ ਤੋਂ ਅੱਗੇ ਰਹੇ। ਪੰਜਾਬ ਨੇ ਦੇਸ਼ ਦੀ ਅੰਨ ਸੁਰੱਖਿਆ ਨੂੰ ਯਕੀਨੀ ਬਣਾਉਣ, ਆਜ਼ਾਦੀ ਸੰਗਰਾਮ ਵਿੱਚ ਯੋਗਦਾਨ ਪਾਉਣ, ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ ਅਤੇ ਖੇਡਾਂ ਵਿੱਚ ਨਾਮ ਰੌਸ਼ਨ ਕਰਨ ਵਿੱਚ ਹਮੇਸ਼ਾ ਮੋਹਰੀ ਭੂਮਿਕਾ ਨਿਭਾਈ ਹੈ। ਅਸੀਂ ਸਾਰੇ ਮਿਲ ਕੇ 'ਰੰਗਲਾ ਪੰਜਾਬ' ਬਣਾਉਣ ਲਈ ਕੰਮ ਕਰਦੇ ਰਹਾਂਗੇ।"

ਵਿਦਿਆਰਥੀਆਂ ਨੂੰ ਇਕ ਵਾਰ ਫਿਰ ਵਧਾਈ ਦਿੰਦਿਆਂ ਮੁੱਖ ਮੰਤਰੀ ਨੇ ਉਨ੍ਹਾਂ ਦੇ ਰੌਸ਼ਨ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਇਹ ਪ੍ਰਾਪਤੀ ਆਉਣ ਵਾਲੇ ਸ਼ਾਨਦਾਰ ਸਫ਼ਰ ਦੀ ਮਹਿਜ਼ ਇੱਕ ਸ਼ੁਰੂਆਤ ਹੈ।

ਇਸ ਮੌਕੇ 'ਆਪ' ਦੇ ਸੀਨੀਅਰ ਆਗੂ ਮਨੀਸ਼ ਸਿਸੋਦੀਆ, ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਹੋਰ ਪਤਵੰਤਿਆਂ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਨੇ ਪੰਜਾਬ ਦੇ ਸਿੱਖਿਆ ਖੇਤਰ ਵਿੱਚ ਬੇਮਿਸਾਲ ਤਬਦੀਲੀ ਲਿਆਉਣ ਅਤੇ 'ਰੰਗਲੇ ਪੰਜਾਬ' ਦੀ ਮਜ਼ਬੂਤ ਨੀਂਹ ਰੱਖਣ ਲਈ ਮੁੱਖ ਮੰਤਰੀ ਦੇ ਲਗਾਤਾਰ ਯਤਨਾਂ ਦੀ ਸ਼ਲਾਘਾ ਕੀਤੀ।

*ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਨੀਟ ਵਿੱਚ ਸਫ਼ਲਤਾ ਕਰਕੇ ਨਵੀਂ ਕਹਾਣੀ ਲਿਖੀ*

ਪੰਜਾਬ ਦੇ ਸਿੱਖਿਆ ਸੁਧਾਰਾਂ ਦੇ ਬੇਮਿਸਾਲ ਨਤੀਜੇ ਸਾਹਮਣੇ ਆਏ ਹਨ, ਜਿਸ ਤਹਿਤ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਨੀਟ-2026 ਦੀ ਪ੍ਰੀਖਿਆ ਪਾਸ ਕੀਤੀ ਹੈ, ਜੋ ਕਿ 2024 ਵਿੱਚ ਸਫ਼ਲ ਹੋਏ 437 ਵਿਦਿਆਰਥੀਆਂ ਦੀ ਗਿਣਤੀ ਨਾਲੋਂ ਦੁੱਗਣੀ ਤੋਂ ਵੀ ਵੱਧ ਹੈ। ਪਿਛਲੇ ਤਿੰਨ ਸਾਲਾਂ ਵਿੱਚ, ਸਰਕਾਰੀ ਸਕੂਲਾਂ ਦੇ 2,166 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਪਾਸ ਕੀਤੀ ਹੈ, ਜਦੋਂ ਕਿ 786 ਵਿਦਿਆਰਥੀਆਂ ਨੇ ਜੇ.ਈ.ਈ. ਪ੍ਰੀਖਿਆ ਪਾਸ ਕੀਤੀ ਹੈ, ਜੋ ਕਿ ਸਰਕਾਰੀ ਸਕੂਲਾਂ ਵਿੱਚ ਵਧ ਰਹੀ ਅਕਾਦਮਿਕ ਉੱਤਮਤਾ ਨੂੰ ਦਰਸਾਉਂਦੀ ਹੈ। ਇਸ ਸਾਲ ਨੀਟ ਪਾਸ ਕਰਨ ਵਾਲੇ 882 ਵਿਦਿਆਰਥੀਆਂ ਵਿੱਚੋਂ 686 ਲੜਕੀਆਂ ਹਨ ਅਤੇ 340 ਵਿਦਿਆਰਥੀ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਹਨ, ਜੋ ਮਿਆਰੀ ਸਿੱਖਿਆ ਤੱਕ ਸਮੂਹਿਕ ਅਤੇ ਬਰਾਬਰ ਪਹੁੰਚ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੇ ਹਨ।

ਇਸ ਤਬਦੀਲੀ ਨੂੰ 'ਪੇਸ' (ਪੰਜਾਬ ਅਕਾਦਮਿਕ ਕੋਚਿੰਗ ਫਾਰ ਐਕਸੀਲੈਂਸ) ਪ੍ਰੋਗਰਾਮ ਦੁਆਰਾ ਹੁਲਾਰਾ ਦਿੱਤਾ ਗਿਆ ਹੈ, ਜੋ 'ਅਵੰਤੀ' ਅਤੇ 'ਮੰਤਰਾ ਫਾਰ ਚੇਂਜ' ਵਰਗੇ ਪ੍ਰਮੁੱਖ ਸੰਸਥਾਵਾਂ ਦੇ ਸਹਿਯੋਗ ਨਾਲ ਮੁਫ਼ਤ ਕੋਚਿੰਗ, ਮੈਂਨਟੋਰਸ਼ਿਪ, ਮੌਕ ਟੈਸਟ ਅਤੇ ਕਰੀਅਰ ਗਾਈਡੈਂਸ ਪ੍ਰਦਾਨ ਕਰਦਾ ਹੈ। ਸੂਬੇ ਨੇ 28,000 ਤੋਂ ਵੱਧ ਪੱਕੇ ਅਧਿਆਪਕਾਂ ਦੀ ਭਰਤੀ ਕਰਕੇ, 5,012 ਸਰਕਾਰੀ ਸਕੂਲਾਂ ਵਿੱਚ ਕੰਪਿਊਟਰ ਲੈਬਾਂ ਸਥਾਪਿਤ ਕਰਕੇ, 8,268 ਇੰਟਰਐਕਟਿਵ ਪੈਨਲ ਲਗਾ ਕੇ ਅਤੇ ਆਧੁਨਿਕ ਬੁਨਿਆਦੀ ਢਾਂਚੇ ਦੇ ਨਾਲ-ਨਾਲ ਕੌਮਾਂਤਰੀ ਅਧਿਆਪਕ ਸਿਖਲਾਈ ਯਕੀਨੀ ਬਣਾ ਕੇ ਸਿੱਖਿਆ ਖੇਤਰ ਨੂੰ ਹੋਰ ਮਜ਼ਬੂਤ ਕੀਤਾ ਹੈ।

## ਪ੍ਰੀਖਿਆ ਪ੍ਰਣਾਲੀ 'ਚ ਸੁਧਾਰ ਲਈ ਬਣੇਗੀ

ਜ਼ਰੂਰੀ ਕਦਮਾਂ ਦੀ ਸਿਫ਼ਾਰਸ਼ ਕਰਨਾ ਹੈ। ਇਹ ਐਲਾਨ ਇੱਕ ਅਜਿਹੇ ਸਮੇਂ ਵਿੱਚ ਹੋਇਆ ਹੈ ਜਦੋਂ ਸਿੱਖਿਆ ਖੇਤਰ ਵਿੱਚ ਵੱਡੀਆਂ ਤਬਦੀਲੀਆਂ ਦੇਖਣ ਨੂੰ ਮਿਲ ਰਹੀਆਂ ਹਨ। ਹਾਲ ਹੀ ਵਿੱਚ ਧਰਮਿੰਦਰ ਪ੍ਰਧਾਨ ਵੱਲੋਂ ਦਿੱਤੇ ਗਏ ਅਸਤੀਫ਼ੇ ਤੋਂ ਬਾਅਦ ਜੰਤਰ-ਮੰਤਰ 'ਤੇ ਪ੍ਰਦਰਸ਼ਨਕਾਰੀਆਂ ਵੱਲੋਂ ਜਸ਼ਨ ਵੀ ਮਨਾਏ ਗਏ ਸਨ।

## ਪ੍ਰਧਾਨ ਮੰਤਰੀ ਨੇ ਵੀਡੀਓ ਕਾਨਫ਼ਰੰਸਿੰਗ ...

ਲਿਆ ਸੀ, ਜਿਨ੍ਹਾਂ ਵਿੱਚੋਂ 400 ਤੋਂ ਵੱਧ ਪ੍ਰਤੀਭਾਗੀਆਂ ਦੀ ਚੋਣ ਕੀਤੀ ਗਈ। ਇਨ੍ਹਾਂ ਨੌਜਵਾਨਾਂ ਨੇ ਸਰਹੱਦੀ ਖੇਤਰਾਂ ਵਿੱਚ ਰਹਿ ਕੇ ਸਵੱਛਤਾ ਅਭਿਆਨ, ਸਰਕਾਰੀ ਯੋਜਨਾਵਾਂ ਬਾਰੇ ਜਾਗਰੂਕਤਾ, ਸੱਭਿਆਚਾਰਕ ਅਦਾਨ-ਪ੍ਰਦਾਨ ਅਤੇ ਸਥਾਨਕ ਕਾਰੀਗਰਾਂ ਨਾਲ ਗੱਲਬਾਤ ਵਰਗੀਆਂ ਗਤੀਵਿਧੀਆਂ ਵਿੱਚ ਹਿੱਸਾ ਲਿਆ। ਇਸ ਅਨੁਭਵ ਨੇ ਨੌਜਵਾਨਾਂ ਨੂੰ ਸਰਹੱਦੀ ਪਿੰਡਾਂ ਦੀ ਰਣਨੀਤਕ ਮਹੱਤਤਾ ਅਤੇ ਦੇਸ਼ ਦੀ ਸੱਭਿਆਚਾਰਕ ਵਿਰਾਸਤ ਨੂੰ ਨੇੜਿਓਂ ਸਮਝਣ ਦਾ ਮੌਕਾ ਦਿੱਤਾ ਹੈ। ਨੌਜਵਾਨਾਂ ਨੇ ਆਪਣੇ ਇਨ੍ਹਾਂ ਤਜ਼ਰਬਿਆਂ ਨੂੰ ਇੱਕ ਵਿਸਤ੍ਰਿਤ ਸਾਰ ਦੇ ਰੂਪ ਵਿੱਚ ਜਲਦੀ ਹੀ ਪ੍ਰਧਾਨ ਮੰਤਰੀ ਨਾਲ ਸਾਂਝਾ ਕਰਨ ਦਾ ਵਾਅਦਾ ਵੀ ਕੀਤਾ ਹੈ

## ਅਰੁਣਾਚਲ ਦੇ ਤਾਕਸਿੰਗ ਸੈਕਟਰ ਵਿੱਚ ਚੀਨ ...

ਕਰਦਿਆਂ ਨਾਤੁੰਗ ਨੇ ਕਿਹਾ ਕਿ ਚੀਨ ਦੀ ਪੀਪਲਜ਼ ਲਿਬਰੇਸ਼ਨ ਆਰਮੀ (ਪੀ.ਐੱਲ.ਏ.) ਨੇ ਰਾਜ ਦੇ ਕਿਸੇ ਵੀ ਹਿੱਸੇ ਚ ਘੁਸਪੈਠ ਨਹੀਂ ਕੀਤੀ ਹੈ।

ਉਨ੍ਹਾਂ ਕਿਹਾ,ਅਰੁਣਾਚਲ ਪ੍ਰਦੇਸ਼ ਚ ਚੀਨ ਵੱਲੋਂ ਕੋਈ ਘੁਸਪੈਠ ਨਹੀਂ ਹੋਈ ਹੈ। ਇਹ ਸਭ ਝੂਠ ਅਤੇ ਸੋਸ਼ਲ ਮੀਡੀਆ ਤੇ ਫੈਲਾਈਆਂ ਜਾ ਰਹੀਆਂ ਅਫਵਾਹਾਂ ਹਨ। ਸਾਡੇ ਸੈਨਿਕ 24 ਘੰਟੇ ਸਰਹੱਦ ਦੀ ਰਾਖੀ ਕਰ ਰਹੇ ਹਨ। ਕੋਈ ਵੀ ਚੀਨੀ ਭਾਰਤੀ ਖੇਤਰ ਚ ਘੁਸਪੈਠ ਕਰਨ ਦੀ ਹਿੰਮਤ ਨਹੀਂ ਕਰ ਸਕਦਾ। ਮੈਂ ਤੁਹਾਨੂੰ ਭਰੋਸਾ ਦਿਵਾਉਂਦਾ ਹਾਂ ਕਿ ਇਹ ਸਿਰਫ਼ ਅਫਵਾਹਾਂ ਹਨ ਅਤੇ ਹੋਰ ਕੁਝ ਨਹੀਂ। ਸਰਹੱਦੀ ਖੇਤਰਾਂ ਚ ਰਹਿਣ ਵਾਲੇ ਲੋਕਾਂ ਅਤੇ ਸੁਰੱਖਿਆ ਬਲਾਂ ਵਿਚਕਾਰ ਨੇੜਲੇ ਸਬੰਧਾਂ ਦਾ ਹਵਾਲਾ ਦਿੰਦੇ ਹੋਏ, ਨਾਤੁੰਗ ਨੇ ਕਿਹਾ ਕਿ ਅਰੁਣਾਚਲ ਪ੍ਰਦੇਸ਼ ਦੇ ਲੋਕ ਹਮੇਸ਼ਾ ਦੇਸ਼ ਦੀ ਰੱਖਿਆ ਲਈ ਵਚਨਬੱਧ ਰਹੇ ਹਨ।

ਉਨ੍ਹਾਂ ਕਿਹਾ,ਅਰੁਣਾਚਲ ਪ੍ਰਦੇਸ਼ ਦੇ ਲੋਕ ਹਮੇਸ਼ਾ ਭਾਰਤੀ ਫੌਜ ਦੇ ਨਾਲ ਖੜ੍ਹੇ ਰਹੇ ਹਨ ਅਤੇ ਦੇਸ਼ ਦੀ ਰੱਖਿਆ ਲਈ ਆਪਣਾ ਖ਼ੂਨ ਵਹਾਉਣ ਲਈ ਵੀ ਤਿਆਰ ਹਨ। ਗ੍ਰਹਿ ਮੰਤਰੀ ਦਾ ਇਹ ਸਪੱਸ਼ਟੀਕਰਨ ਨਾਹਾ ਵੈਲਫੇਅਰ ਸੋਸਾਇਟੀ ਦੇ ਦਾਅਵੇ ਤੋਂ ਬਾਅਦ ਆਇਆ ਹੈ ਕਿ ਪਿਛਲੇ ਡੇਢ ਦਹਾਕੇ ਦੌਰਾਨ ਟਾਕਸਿੰਗ ਸੈਕਟਰ ਦੇ ਨੇੜੇ ਪੀ.ਐੱਲ.ਏ. ਦੀਆਂ ਗਤੀਵਿਧੀਆਂ ਵਧੀਆਂ ਹਨ। ਭਾਈਚਾਰਕ ਸੰਗਠਨ ਨੇ ਦਾਅਵਾ ਕੀਤਾ ਕਿ ਚੀਨੀ ਫੌਜ ਦੀਆਂ ਚੌਕੀਆਂ ਅਤੇ ਬੁਨਿਆਦੀ ਢਾਂਚਾ ਹੌਲੀ-ਹੌਲੀ ਸਰਹੱਦ ਦੇ ਨੇੜੇ ਆ ਗਏ ਹਨ।

ਸੰਗਠਨ ਨੇ ਇਹ ਵੀ ਕਿਹਾ ਕਿ ਉਸ ਨੇ ਪਹਿਲਾਂ ਇਸ ਸਬੰਧ 'ਚ ਸੀਨੀਅਰ ਸੰਵਿਧਾਨਕ ਅਧਿਕਾਰੀਆਂ ਅਤੇ ਚੁਣੇ ਹੋਏ ਪ੍ਰਤੀਨਿਧੀਆਂ ਨੂੰ ਮੰਗ ਪੱਤਰ ਸੌਂਪੇ ਸਨ। ਸੋਸ਼ਲ ਮੀਡੀਆ ਤੇ ਵਿਆਪਕ ਤੌਰ ਤੇ ਪ੍ਰਸਾਰਿਤ ਇਨ੍ਹਾਂ ਦਾਅਵਿਆਂ ਨੇ ਸਥਾਨਕ ਨਿਵਾਸੀਆਂ ਚ ਚਿੰਤਾ ਦਾ ਮਾਹੌਲ ਪੈਦਾ ਕੀਤਾ ਸੀ। ਭਾਰਤ ਅਤੇ ਚੀਨ ਅਰੁਣਾਚਲ ਪ੍ਰਦੇਸ਼ ਚ 1,129 ਕਿਲੋਮੀਟਰ ਦੀ ਸਰਹੱਦ ਸਾਂਝੀ ਕਰਦੇ ਹਨ। ਬੀਜਿੰਗ ਅਰੁਣਾਚਲ ਪ੍ਰਦੇਸ਼ ਨੂੰ ਦੱਖਣੀ ਤਿੱਬਤ ਦਾ ਹਿੱਸਾ ਮੰਨਦਾ ਹੈ। ਭਾਰਤ ਨੇ ਵਾਰ-ਵਾਰ ਚੀਨ ਦੇ ਦਾਅਵੇ ਨੂੰ ਰੱਦ ਕਰਦੇ ਹੋਏ ਦੋਹਰਾਇਆ ਹੈ ਕਿ ਅਰੁਣਾਚਲ ਪ੍ਰਦੇਸ਼ ਦੇਸ਼ ਦਾ ਇਕ ਅਨਿੱਖੜਵਾਂ ਅਤੇ ਅਟੁੱਟ ਹਿੱਸਾ ਹੈ।

## ਮੀਰੀ-ਪੀਰੀ ਖ਼ਾਲਸਾ ਮਾਰਚ ਤੀਜੇ ਦਿਨ ਤਰਨਤਾਰਨ ...

ਦੀ ਬਖ਼ਸ਼ੀ ਕਲਾ ਸਦਕਾ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਿਧਾਂਤ ਹਰ ਸਮੇਂ ਅਡੋਲ ਰਿਹਾ ਅਤੇ ਕੌਮ ਨੂੰ ਸਹੀ ਦਿਸ਼ਾ ਦਿੰਦਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਜਦੋਂ ਸਿੱਖ ਕੌਮ ਪੂਰੀ ਦੁਨੀਆ ਵਿੱਚ ਵੱਸਦੀ ਹੈ, ਤਾਂ ਵੀ ਹਰ ਸਿੱਖ ਦਾ ਆਤਮਿਕ ਅਤੇ ਪੰਥਕ ਕੇਂਦਰ ਸ੍ਰੀ ਅਕਾਲ ਤਖ਼ਤ ਸਾਹਿਬ ਹੀ ਹੈ। ਸਾਡੀ ਸਾਂਝੀ ਜ਼ਿੰਮੇਵਾਰੀ ਹੈ ਕਿ ਅਸੀਂ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਰਹਿੰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਜੁੜੇ ਰਹੀਏ ਅਤੇ ਕੌਮੀ ਏਕਤਾ ਨੂੰ ਹੋਰ ਮਜ਼ਬੂਤ ਕਰੀਏ। ਉਨ੍ਹਾਂ ਕਿਹਾ ਕਿ ਕੌਮੀ ਏਕਤਾ ਹੀ ਸਾਡੀ ਸਭ ਤੋਂ ਵੱਡੀ ਤਾਕਤ ਅਤੇ ਹਰ ਚੁਣੌਤੀ ਦਾ ਹੱਲ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਮੀਰੀ-ਪੀਰੀ ਖਾਲਸਾ ਮਾਰਚ ਦਾ ਉਦੇਸ਼ ਗੁਰੂ ਗ੍ਰੰਥ ਸਾਹਿਬ ਅਤੇ ਗੁਰੂ ਪੰਥ ਨਾਲ ਸੰਗਤਾਂ ਨੂੰ ਜੋੜਨਾ, ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ ਅਤੇ ਮੀਰੀ-ਪੀਰੀ ਦੇ ਮਹਾਨ ਸਿਧਾਂਤਾਂ ਤੋਂ ਜਾਣੂ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਕੁਝ ਲੋਕ ਸੰਗਤਾਂ ਨੂੰ ਇਸ ਖਾਲਸਾ ਮਾਰਚ ਵਿੱਚ ਸ਼ਾਮਲ ਹੋਣ ਤੋਂ ਰੋਕ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸਬੰਧੀ ਕਈ ਮਤਾਵਾਂ ਨੇ ਉਨ੍ਹਾਂ ਤੱਕ ਪਹੁੰਚ ਕੀਤੀ ਹੈ। ਉਨ੍ਹਾਂ ਅਜਿਹੇ ਲੋਕਾਂ ਨੂੰ ਤਾੜਨਾ ਕੀਤੀ ਕਿ ਉਹ ਆਪਣੀਆਂ ਕੋਝੀਆਂ ਹਰਕਤਾਂ ਤੋਂ ਬਾਜ਼ ਆਉਣ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਨੂੰ ਗੁਰਦੁਆਰਾ ਸਾਹਿਬ ਆਉਣ, ਨਗਰ ਕੀਰਤਨ ਜਾਂ ਧਾਰਮਿਕ ਸਮਾਗਮ ਵਿੱਚ ਸ਼ਾਮਲ ਹੋਣ ਤੋਂ ਰੋਕਣਾ ਨਾ ਸਿਰਫ਼ ਗੁਰੂ ਘਰ ਦੀ ਪਰੰਪਰਾ ਦੇ ਵਿਰੁੱਧ ਹੈ, ਸਗੋਂ ਮਨੁੱਖੀ ਅਧਿਕਾਰਾਂ ਦੀ ਭਾਵਨਾ ਦੇ ਵੀ ਉਲਟ ਹੈ। ਅਜਿਹੀ ਮਾੜੀ ਮਾਨਸਿਕਤਾ ਨੂੰ ਪੰਥ ਕਦੇ ਪ੍ਰਵਾਨ ਨਹੀਂ ਕਰ ਸਕਦਾ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਪੰਥਕ ਸੰਸਥਾਵਾਂ ਨੂੰ ਮਜ਼ਬੂਤ ਕਰਨ ਲਈ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਆਪਸੀ ਭਾਈਚਾਰਕ ਏਕਤਾ ਨਾਲ ਕੌਮ ਦੀ ਚੜ੍ਹਦੀ ਕਲਾ ਲਈ ਆਪਣਾ ਯੋਗਦਾਨ ਪਾਉਣ। ਇਹੀ ਮੀਰੀ-ਪੀਰੀ ਦੀ ਅਸਲ ਭਾਵਨਾ ਹੈ ਅਤੇ ਇਹੀ ਖਾਲਸਾ ਮਾਰਚ ਦਾ ਮੁੱਖ ਸੰਦੇਸ਼ ਹੈ।

ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਮੁੱਖ ਮਕਸਦ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਉਸ ਮਹਾਨ ਸੰਦੇਸ਼ ਨੂੰ ਘਰ-ਘਰ ਪਹੁੰਚਾਉਣਾ ਹੈ, ਜੋ ਮਨੁੱਖ ਨੂੰ ਬਰਾਬਰੀ, ਨਿਆਂ, ਸੇਵਾ, ਨਸ਼ਾ-ਮੁਕਤੀ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਵੇਲੇ ਬਾਬਾ ਬੁੱਢਾ ਜੀ ਅਤੇ ਭਾਈ ਗੁਰਦਾਸ ਜੀ ਵਰਗੇ ਮਹਾਨ ਗੁਰਸਿੱਖਾਂ ਨੇ ਗੁਰੂ ਸਾਹਿਬ ਦੀ ਆਗਿਆ ਨਾਲ ਆਪਣੇ ਕਰ-ਕਮਲਾਂ ਨਾਲ ਸੇਵਾ ਨਿਭਾਈ। ਭਾਈ ਗੁਰਦਾਸ ਜੀ ਨੇ ਆਪਣੀ ਵਿਦਵਤਾ ਅਤੇ ਲਿਖਤ ਰਾਹੀਂ ਗੁਰਬਾਣੀ ਦੀ ਸਮਝ, ਗੁਰਮਤਿ ਦੀ ਰਹਿਣੀ-ਬਹਿਣੀ ਅਤੇ ਸਿੱਖ ਜੀਵਨ ਦਾ ਅਸਲ ਰਾਹ ਸੰਗਤਾਂ ਨੂੰ ਦੱਸਿਆ। ਇਸੇ ਤਰ੍ਹਾਂ ਭਾਈ ਮਨੀ ਸਿੰਘ ਜੀ ਨੇ ਆਪਣੀ ਕਲਮ, ਸੇਵਾ ਅਤੇ ਮਹਾਨ ਸ਼ਹਾਦਤ ਰਾਹੀਂ ਗੁਰੂ ਘਰ ਦੀ ਵਿਰਾਸਤ ਨੂੰ ਸੰਭਾਲਿਆ। ਇਨ੍ਹਾਂ ਮਹਾਨ ਗੁਰਸਿੱਖਾਂ ਦਾ ਯੋਗਦਾਨ ਸਿੱਖ ਇਤਿਹਾਸ ਦਾ ਅਨਮੋਲ ਖ਼ਜ਼ਾਨਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਭਾਈ ਗੁਰਦਾਸ ਜੀ ਅਤੇ ਸ਼ਹੀਦ ਭਾਈ ਮਨੀ ਸਿੰਘ ਜੀ ਯਾਦ ਵਿੱਚ ਵਿਸ਼ੇਸ਼ ਸਥਾਨ ਸਥਾਪਿਤ ਕਰਨ ਦੀ ਵਚਨਬੱਧਤਾ ਪ੍ਰਗਟਾਈ ਜੋ ਸਿੱਖ ਕੌਮ ਲਈ ਪ੍ਰੇਰਨਾ ਦਾ ਸਰੋਤ ਹੋਵੇਗਾ। ਐਡਵੋਕੇਟ ਧਾਮੀ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਨਸ਼ਿਆਂ, ਸਮਾਜਿਕ ਬੁਰਾਈਆਂ ਅਤੇ ਨੈਤਿਕ ਪਤਨ ਵਰਗੀਆਂ ਚੁਣੌਤੀਆਂ ਤੋਂ ਬਚਣ ਲਈ ਗੁਰੂ ਸਾਹਿਬ ਦੇ ਦਰਸਾਏ ਰਾਹ 'ਤੇ ਚੱਲਣਾ ਹੀ ਇੱਕੋ-ਇੱਕ ਹੱਲ ਹੈ। ਉਨ੍ਹਾਂ ਖਾਲਸਾ ਮਾਰਚ ਨੂੰ ਸੰਗਤਾਂ ਵੱਲੋਂ ਦਿਤੇ ਜਾ ਰਹੇ ਭਰਵੇਂ ਸਹਿਯੋਗ ਲਈ ਧੰਨਵਾਦ ਵੀ ਕੀਤਾ।

ਮੀਰੀ ਪੀਰੀ ਖਾਲਸਾ ਮਾਰਚ ਦੀ ਤੀਸਰੇ ਦਿਨ ਆਰੰਭਤਾ ਤੋਂ ਪਹਿਲਾਂ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਹੋਏ ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸੰਗਤਾਂ ਨੂੰ ਇਤਿਹਾਸ ਨਾਲ ਜੋੜਿਆ। ਅਰਦਾਸ ਮਗਰੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿੱਚ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸ਼ਸ਼ੋਭਿਤ ਕੀਤਾ ਅਤੇ ਚੌਰ ਸਾਹਿਬ ਦੀ ਸੇਵਾ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨਿਭਾਈ। ਇਸ ਖਾਲਸਾ ਮਾਰਚ ਵਿੱਚ ਸੰਗਤਾਂ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।

ਮੀਰੀ ਪੀਰੀ ਖਾਲਸਾ ਮਾਰਚ ਦਾ ਅੱਜ ਪਿੰਡ ਸੰਘੇ, ਨੌਰੰਗਾਬਾਦ, ਵੇਂਈਪੂਈਂ, ਖਡੂਰ ਸਾਹਿਬ, ਗੁਰਦੁਆਰਾ ਦਮਦਮਾ ਸਾਹਿਬ, ਹੋਠੀਆਂ ਸਮੇਤ ਵੱਖ-ਵੱਖ ਪੜਾਵਾਂ 'ਤੇ ਸੰਗਤ ਨੇ ਭਰਵਾਂ ਸਵਾਗਤ ਕਰਦਿਆਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਭੇਟ ਕੀਤੇ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕਰਕੇ ਸਤਿਕਾਰ ਦਿੱਤਾ। ਖ਼ਾਲਸਾ ਮਾਰਚ ਦੀ ਆਰੰਭਤਾ ਮੌਕੇ ਪੰਜਾਬ ਪੁਲਿਸ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਸਾਹਿਬ ਨੂੰ ਸਲਾਮੀ ਦੇ ਸਤਿਕਾਰ ਭੇਟ ਕੀਤਾ ਗਿਆ। ਖ਼ਾਲਸਾ ਮਾਰਚ ਨਾਲ ਚੱਲ ਰਹੀ ਗੁਰੂ ਸਾਹਿਬਾਨ ਅਤੇ ਸ਼ਹੀਦ ਸਿੰਘਾਂ ਦੇ ਸ਼ਸ਼ਤਰਾਂ ਵਾਲੀ ਬੱਸ ਅਤੇ ਵੱਖ-ਵੱਖ ਗੱਡੀਆਂ 'ਤੇ ਲਗਾਏ ਗਏ ਸ਼ਹੀਦ ਸਿੰਘਾਂ ਦੇ ਸਚਿੱਤਰ ਸੰਗਤਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਮੈਂਬਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਅਮਰਜੀਤ ਸਿੰਘ ਬੰਡਾਲਾ, ਸ. ਬਲਵਿੰਦਰ ਸਿੰਘ ਵੇਈਂ ਪੂਈਂ, ਸ. ਸੁਖਵਰਸ ਸਿੰਘ ਪੰਨੂ, ਸੀਨੀਅਰ ਅਕਾਲੀ ਆਗੂ ਸ. ਅਵਤਾਰ ਸਿੰਘ ਬਿੱਲਾ, ਹਲਕਾ ਇੰਚਾਰਜ ਬੀਬੀ ਕੰਚਨ ਪ੍ਰੀਤ ਕੌਰ, ਬੀਬੀ ਰਮਨਦੀਪ ਕੌਰ ਸੇਰੋਂ, ਓਐਸਡੀ ਸ. ਸਤਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ.ਗੁਰਨਾਮ ਸਿੰਘ, ਇੰਚਾਰਜ ਸ. ਜਗਦੀਸ਼ ਸਿੰਘ ਬੁੱਟਰ, ਮੈਨੇਜਰ ਸ. ਨਰਿੰਦਰ ਸਿੰਘ, ਸ. ਹਰਜਿੰਦਰ ਸਿੰਘ ਪੱਟੀ, ਸ. ਧਰਮਿੰਦਰ ਸਿੰਘ, ਸ. ਸਰਬਦਿਆਲ ਸਿੰਘ, ਬਾਬਾ ਜਗਤਾਰ ਸਿੰਘ ਕਾਰ ਸੇਵਾ ਵਾਲਿਆਂ ਵੱਲੋਂ ਸਿੰਘ, ਬਾਬਾ ਹੀਰਾ ਸਿੰਘ ਗੁਰਦੁਆਰਾ ਝੂਲਨੇ ਮਹਿਲ, ਸ. ਕੁਲਦੀਪ ਸਿੰਘ ਸ਼ਹਿਰੀ ਪ੍ਰਧਾਨ, ਸ. ਜਸਵੰਤ ਸਿੰਘ ਪ੍ਰਧਾਨ, ਸ. ਗੁਰਸੇਵਕ ਸਿੰਘ ਸੇਖ, ਸ. ਸਕੱਤਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## 'ਮਨ ਕੀ ਬਾਤ' ਵਿੱਚ ਪੀ.ਐਮ. ਵੱਲੋਂ ...

ਹੈ। ਉਨ੍ਹਾਂ ਇਸੇ ਮਹੀਨੇ ਹੋਏ ਅੰਤਰਰਾਸ਼ਟਰੀ ਓਲੰਪੀਆਡਜ਼ 'ਚ ਭਾਰਤੀ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਤਾਰੀਫ਼ ਕੀਤੀ। ਫਿਜ਼ਿਕਸ ਓਲੰਪੀਆਡ ਚ ਭਾਰਤ ਦੇ ਸਾਰੇ 5 ਵਿਦਿਆਰਥੀਆਂ ਨੇ ਗੋਲਡ ਮੈਡਲ ਜਿੱਤੇ ਅਤੇ ਭਾਰਤ ਨੇ ਦੁਨੀਆ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਕੈਮਿਸਟਰੀ ਓਲੰਪੀਆਡ ਚ ਹਿੱਸਾ ਲੈਣ ਵਾਲੇ ਸਾਰੇ ਭਾਰਤੀ ਵਿਦਿਆਰਥੀਆਂ ਨੇ ਗੋਲਡ ਮੈਡਲ ਜਿੱਤੇ, ਜੋ ਕਿ ਹੁਣ ਤੱਕ ਦਾ ਸਭ ਤੋਂ ਬਿਹਤਰੀਨ ਪ੍ਰਦਰਸ਼ਨ ਹੈ। ਇਸ ਤੋਂ ਇਲਾਵਾ ਬਾਇਓਲੋਜੀ ਚ ਵੀ ਭਾਰਤੀ ਵਿਦਿਆਰਥੀਆਂ ਨੇ ਗੋਲਡ ਸਣੇ ਮੈਡਲ ਜਿੱਤੇ, ਜਦਕਿ ਮੈਥਸ ਓਲੰਪੀਆਡ ਵਿੱਚ ਭਾਰਤ ਨੇ 2 ਗੋਲਡ ਅਤੇ 4 ਸਿਲਵਰ ਮੈਡਲ ਆਪਣੇ ਨਾਂ ਕੀਤੇ। ਪ੍ਰਧਾਨ ਮੰਤਰੀ ਨੇ ਉਮੀਦ ਜਤਾਈ ਕਿ ਦੇਸ਼ ਦੇ ਹੋਰ ਵੀ ਵੱਧ ਤੋਂ ਵੱਧ ਨੌਜਵਾਨ ਓਲੰਪੀਆਡਸ ਅਤੇ ਹੈਕਾਥੌਨਸ ਚ ਹਿੱਸਾ ਲੈ ਕੇ ਭਾਰਤ ਦਾ ਨਾਂ ਰੌਸ਼ਨ ਕਰਨਗੇ ਤੇ ਦੁਨੀਆ ਭਰ ਚ ਭਾਰਤ ਦੀ ਪਛਾਣ ਹੋਰ ਮਜ਼ਬੂਤ ਕਰਨਗੇ।

ਡਿਫੈਂਸ ਸੈਕਟਰ ਚ ਭਾਰਤ ਦੀ ਵਧ ਰਹੀ ਆਤਮਨਿਰਭਰਤਾ ਦੀ ਤਾਰੀਫ਼: ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੇ ਡਿਫੈਂਸ ਸੈਕਟਰ ਅਤੇ ਟੈਕਨਾਲੋਜੀ ਤੇ ਪੂਰੀ ਦੁਨੀਆ ਦਾ ਵਿਸ਼ਵਾਸ ਲਗਾਤਾਰ ਵਧ ਰਿਹਾ ਹੈ। ਪ੍ਰਧਾਨ ਮੰਤਰੀ ਨੇ ਆਪਣੇ ਹਾਲੀਆ ਇੰਡੋਨੇਸ਼ੀਆ ਦੌਰੇ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਦੋਵਾਂ ਦੇਸ਼ਾਂ ਵਿਚਾਲੇ ਬ੍ਰਹਮੋਸ ਸੁਪਰਸੋਨਿਕ ਕਰੂਜ਼ ਮਿਜ਼ਾਈਲ ਅਤੇ ਅਸਤਰ ਏਅਰ-ਟੂ-ਏਅਰ ਮਿਜ਼ਾਈਲਾਂ ਦੀ ਸਪਲਾਈ ਲਈ ਸਮਝੌਤੇ ਤੇ ਦਸਤਖਤ ਹੋਏ ਹਨ। ਇਸ ਤੋਂ ਇਲਾਵਾ ਦੋਵਾਂ ਦੇਸ਼ਾਂ ਵਿਚਾਲੇ ਸਮੁੰਦਰੀ ਸੁਰੱਖਿਆ ਸਹਿਯੋਗ ਤੇ ਵੀ ਸਹਿਮਤੀ ਬਣੀ ਹੈ। 26 ਜੁਲਾਈ ਯਾਨੀ ਕਾਰਗਿਲ ਵਿਜੇ ਦਿਵਸ ਮੌਕੇ ਪ੍ਰਧਾਨ ਮੰਤਰੀ ਨੇ 1999 ਦੇ ਕਾਰਗਿਲ ਯੁੱਧ ਦੇ ਸ਼ਹੀਦਾਂ ਨੂੰ ਨਮਨ ਕੀਤਾ। ਉਨ੍ਹਾਂ ਦੱਸਿਆ ਕਿ ਸ਼ਹੀਦਾਂ ਦੀ ਬਹਾਦਰੀ ਦੇ ਕਿੱਸੇ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਲਈ 14 ਜੁਲਾਈ ਤੋਂ ਦਿੱਲੀ ਦੇ ਨੈਸ਼ਨਲ ਵਾਰ ਮੈਮੋਰੀਅਲ ਤੋਂ ਸ਼ੌਰਿਆ ਵਿਜੇ ਯਾਤਰਾ ਸ਼ੁਰੂ ਕੀਤੀ ਗਈ ਹੈ, ਜੋ ਦ੍ਰਾਸ ਸਥਿਤ ਕਾਰਗਿਲ ਵਾਰ ਮੈਮੋਰੀਅਲ ਤੱਕ ਪਹੁੰਚੇਗੀ। ਉਨ੍ਹਾਂ ਡਿਫੈਂਸ ਸੈਕਟਰ ਚ ਭਾਰਤ ਦੀ ਆਤਮਨਿਰਭਰਤਾ ਦੀ ਉਦਾਹਰਨ ਦਿੰਦਿਆਂ ਦੱਸਿਆ ਕਿ ਆਈ.ਐਨ.ਐਸ. ਮਹੇਂਦਰਗਿਰੀ ਭਾਰਤੀ ਨੌਸੈਨਾ ਵਿੱਚ ਸ਼ਾਮਲ ਕੀਤਾ ਗਿਆ ਐਡਵਾਂਸਡ ਜੰਗੀ ਜਹਾਜ਼ ਭਾਰਤ ਚ ਹੀ ਡਿਜ਼ਾਈਨ ਅਤੇ ਤਿਆਰ ਕੀਤਾ ਗਿਆ ਹੈ, ਜਿਸ ਵਿੱਚ 75 ਫ਼ੀਸਦੀ ਤੋਂ ਵੱਧ ਭਾਰਤੀ ਮਟੀਰੀਅਲ ਦੀ ਵਰਤੋਂ ਕੀਤੀ ਗਈ ਹੈ। ਇਸ ਤੋਂ ਇਲਾਵਾ ਪਿਨਾਕਾ ਐੱਲ.ਆਰ.ਜੀ.ਆਰ.-120 ਡੀ.ਆਰ.ਡੀ.ਓ. ਦੁਆਰਾ ਤਿਆਰ ਕੀਤੀ ਗਈ ਗਾਈਡਿਡ ਰਾਕੇਟ ਸਿਸਟਮ 60 ਤੋਂ 120 ਕਿਲੋਮੀਟਰ ਤੱਕ ਸਟੀਕ ਨਿਸ਼ਾਨਾ ਲਗਾਉਣ ਚ ਸਮਰੱਥ ਹੈ। ਇਸ ਤੋਂ ਇਲਾਵਾ ਪ੍ਰਧਾਨ ਮੰਤਰੀ ਨੇ ਕੁਸ਼ਾ ਮਿਜ਼ਾਈਲ ਸਫਲ ਫਲਾਈਟ ਟੈਸਟ ਦਾ ਵੀ ਜ਼ਿਕਰ ਕੀਤਾ।

## ਪ੍ਰਹਿਲਾਦ ਜੋਸ਼ੀ ਨੇ ਸੰਭਾਲਿਆ ਕੇਂਦਰੀ ਸਿੱਖਿਆ ਮੰਤਰੀ ...

ਸਿੱਖਿਆ ਮੰਤਰੀ ਵਜੋਂ ਅਹੁਦਾ ਸੰਭਾਲਿਆ। ਇਸ ਮੌਕੇ ਉਨ੍ਹਾਂ ਨੇ ਅਧਿਕਾਰੀਆਂ ਨਾਲ ਮੀਟਿੰਗ ਵੀ ਕੀਤੀ। ਇਹ ਗੌਰਤਲਬ ਹੈ ਕਿ ਉਹ ਉਨ੍ਹਾਂ ਮੰਤਰਾਲਿਆਂ ਦੀ ਜ਼ਿੰਮੇਵਾਰੀ ਵੀ ਨਿਭਾਉਂਦੇ ਰਹਿਣਗੇ ਜਿਨ੍ਹਾਂ ਦੀ ਦੇਖ-ਰੇਖ ਉਹ ਪਹਿਲਾਂ ਹੀ ਕਰ ਰਹੇ ਹਨ।

## ਨਾਜਾਇਜ਼ ਪਟਾਕਾ ਫੈਕਟਰੀ 'ਚ ਧਮਾਕੇ ਕਾਰਨ ਦੋ ਮੌਤਾਂ

ਜ਼ਮੀਨ ਤੇ ਇੱਕ ਸ਼ੈੱਡ ਵਿੱਚ ਗੁਪਤ ਢੰਗ ਨਾਲ ਕੰਮ ਕਰਦੇ ਸਨ ਤੇ ਰਾਤ ਨੂੰ ਪਟਾਕੇ ਬਣਾਉਂਦੇ ਸਨ। ਇਸ ਸ਼ੈੱਡ ਦੀ ਵਰਤੋਂ ਆਮ ਤੌਰ 'ਤੇ ਖੇਤੀਬਾੜੀ ਉਪਕਰਣਾਂ ਅਤੇ ਕਈ ਵਾਰ ਫਸਲਾਂ ਨੂੰ ਸਟੋਰ ਕਰਨ ਲਈ ਕੀਤੀ ਜਾਂਦੀ ਸੀ। ਅਧਿਕਾਰੀ ਨੇ ਕਿਹਾ ਕਿ ਕਾਰਵਾਈ ਨੂੰ ਪੂਰੀ ਤਰ੍ਹਾਂ ਗੁਪਤ ਰੱਖਿਆ ਗਿਆ ਸੀ ਅਤੇ ਇੱਥੋਂ ਤੱਕ ਕਿ ਪਿੰਡ ਵਾਸੀ ਵੀ ਇਮਾਰਤ ਵਿੱਚ ਵਿਸਫੋਟਕ ਸਮੱਗਰੀ ਦੇ ਨਿਰਮਾਣ ਜਾਂ ਸਟੋਰੇਜ ਤੋਂ ਅਣਜਾਣ ਸਨ। ਐਤਵਾਰ ਸਵੇਰੇ ਹੋਏ ਇਸ ਧਮਾਕੇ ਨੇ ਇੱਕ ਅਸਥਾਈ ਟੀਨ ਸ਼ੈੱਡ ਨੂੰ ਪੂਰੀ ਤਰ੍ਹਾਂ ਤਬਾਹ ਕਰ ਦਿੱਤਾ ਅਤੇ ਧੂੰਆਂ ਫੈਲ ਗਿਆ। ਅੱਗ ਬੁਝਾਊ ਅਤੇ ਬਚਾਅ ਟੀਮਾਂ ਅਤੇ ਸਥਾਨਕ ਪੁਲਸ ਮੌਕੇ ਤੇ ਪਹੁੰਚੀਆਂ, ਅੱਗ ਬੁਝਾਈ ਅਤੇ ਪੀੜਤਾਂ ਨੂੰ ਮਲਬੇ ਤੋਂ ਬਾਹਰ ਕੱਢਿਆ। ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ ਤੇ ਦੂਜੇ ਮ੍ਰਿਤਕ ਦੀ ਪਛਾਣ ਕਰਨ ਅਤੇ ਧਮਾਕੇ ਦੇ ਸਹੀ ਕਾਰਨ ਦਾ ਪਤਾ ਲਗਾਉਣ ਲਈ ਜਾਂਚ ਕਰ ਰਹੀ ਹੈ।

## ਪਾਕਿਸਤਾਨ ਨਾਲ ਹੁਣ ਗੱਲਬਾਤ ਸਿਰਫ਼ ਪੀ.ਓ.ਕੇ. ...

ਉਨ੍ਹਾਂ ਕਿਹਾ ਕਿ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ (ਪੀ.ਓ.ਕੇ.) ਤੋਂ ਇਲਾਵਾ ਕਿਸੇ ਹੋਰ ਮੁੱਦੇ 'ਤੇ ਪਾਕਿਸਤਾਨ ਨਾਲ ਕੋਈ ਗੱਲਬਾਤ ਨਹੀਂ ਹੋਵੇਗੀ, ਜੋ ਕਿ ਭਾਰਤ ਦਾ ਇਕ ਅਨਿੱਖੜਵਾਂ ਅੰਗ ਹੈ, ਜਿਸ ਤੇ ਪਾਕਿਸਤਾਨ ਨੇ ਗੈਰ-ਕਾਨੂੰਨੀ ਤੌਰ 'ਤੇ ਕਬਜ਼ਾ ਕਰ ਰੱਖਿਆ ਹੈ।

ਰੱਖਿਆ ਮੰਤਰੀ ਨੇ 1999 ਦੇ ਕਾਰਗਿਲ ਯੁੱਧ ਚ ਭਾਰਤ ਦੀ ਜਿੱਤ ਨੂੰ ਭਾਰਤ ਮਾਤਾ ਦੇ ਮੁਕਟ 'ਚ ਜੜਿਆ ਹੀਰਾ ਦੱਸਿਆ। ਉਨ੍ਹਾਂ ਨੇ 22 ਅਪ੍ਰੈਲ, 2025 ਨੂੰ ਪਹਿਲਗਾਮ ਅੱਤਵਾਦੀ ਹਮਲੇ ਦੇ ਜਵਾਬ ਚ ਮਈ, 2025 ਚ ਸ਼ੁਰੂ ਕੀਤੇ ਗਏ ਆਪਰੇਸ਼ਨ ਸਿੰਦੂਰ ਦਾ ਜ਼ਿਕਰ ਦਿੱਤਾ। ਉਨ੍ਹਾਂ ਕਿਹਾ ਕਿ ਆਪਰੇਸ਼ਨ ਸਿੰਦੂਰ ਦੇ ਤਹਿਤ, ਭਾਰਤੀ ਹਥਿਆਰਬੰਦ ਬਲਾਂ ਨੇ ਅੱਤਵਾਦ ਦੇ ਮਾਸਟਰਮਾਈਂਡਾਂ ਅਤੇ ਉਨ੍ਹਾਂ ਦੇ ਸਮਰਥਕਾਂ ਨੂੰ ਸਖ਼ਤ ਝਟਕਾ ਦਿੱਤਾ। ਸਿੰਘ ਨੇ ਕਿਹਾ,ਆਪਰੇਸ਼ਨ ਸਿੰਦੂਰ ਨੇ ਦਿਖਾਇਆ ਹੈ ਕਿ ਅੱਤਵਾਦ ਰਾਹੀਂ ਭਾਰਤ ਨੂੰ ਧਮਕਾਉਣ ਦੀ ਕੋਸ਼ਿਸ਼ ਕਰਨ ਵਾਲਿਆਂ ਨਾਲ ਕੀ ਹੋਵੇਗਾ।

ਉਨ੍ਹਾਂ ਕਿਹਾ ਕਿ ਭਾਰਤ ਅਤੇ ਉਸ ਦੀਆਂ ਹਥਿਆਰਬੰਦ ਸੈਨਾਵਾਂ ਪਾਕਿਸਤਾਨ ਦੀ ਹਰ ਕਾਇਰਾਨਾ ਹਰਕਤ ਦਾ ਅਜਿਹੇ ਤਰੀਕੇ ਨਾਲ ਦੇਣ ਚ ਸਮਰੱਥ ਹੈ, ਜੋ ਉਸ ਦੀ ਕਲਪਨਾ ਤੋਂ ਵੀ ਪਰੇ ਹੈ। ਉਨ੍ਹਾਂ ਕਿਹਾ,ਭਾਰਤ ਦੀ ਪ੍ਰਭੂਸੱਤਾ ਅਤੇ ਅਖੰਡਤਾ ਵਿਰੁੱਧ ਕੀਤੀ ਗਈ ਕੋਈ ਵੀ ਮੰਦਭਾਗੀ ਕਾਰਵਾਈ ਦਾ ਵੀ ਇਹੀ ਹਾਲ ਹੋਵੇਗਾ। ਰੱਖਿਆ ਮੰਤਰੀ ਨੇ ਕਿਹਾ ਕਿ ਜਦੋਂ ਭਾਰਤ ਜਹਾਜ਼ਾਂ ਨੂੰ ਡਿਜ਼ਾਈਨ ਕਰਨ ਚ ਰੁੱਝਿਆ ਹੋਇਆ ਹੈ, ਤਾਂ ਪਾਕਿਸਤਾਨ ਅੱਤਵਾਦ ਨੂੰ ਤਿਆਰ ਕਰਨ ਚ ਰੁੱਝਿਆ ਹੋਇਆ ਹੈ। ਉਨ੍ਹਾਂ ਕਿਹਾ,ਜਦੋਂ ਅਸੀਂ ਨਵੀਨਤਾ ਦੇ ਨਵੇਂ ਰਸਤੇ ਲੱਭ ਰਹੇ ਹਾਂ, ਤਾਂ ਪਾਕਿਸਤਾਨ ਘੁਸਪੈਠ ਦੇ ਨਵੇਂ ਤਰੀਕੇ ਲੱਭਣ ਚ ਰੁੱਝਿਆ ਹੋਇਆ ਹੈ। ਕਾਰਗਿਲ ਵਿਜੇ ਦਿਵਸ ਭਾਰਤ ਦੇ ਆਪਰੇਸ਼ਨ ਵਿਜੇ ਦੀ ਸਫਲਤਾ ਦੀ ਯਾਦ ਚ ਮਨਾਇਆ ਜਾਂਦਾ ਹੈ। ਇਹ ਪਾਕਿਸਤਾਨੀ ਘੁਸਪੈਠ ਤੋਂ ਬਾਅਦ ਕਾਰਗਿਲ ਦੀਆਂ ਰਣਨੀਤਕ ਉਚਾਈਆਂ ਤੇ ਮੁੜ ਕਬਜ਼ਾ ਕਰਨ ਲਈ ਸ਼ੁਰੂ ਕੀਤਾ ਗਿਆ ਫੌਜੀ ਆਪਰੇਸ਼ਨ ਸੀ ਅਤੇ ਜਿਸ ਦਾ ਸਫ਼ਲ ਸਮਾਪਨ 1999 ਚ ਅੱਜ ਦੇ ਦਿਨ ਹੋਇਆ ਸੀ।

## ਕਾਰਗਿਲ ਵਿਜਯ ਦਿਵਸ ਮੌਕੇ ਮੋਦੀ ..

ਸਥਿਤੀਆਂ ਚ ਉਨ੍ਹਾਂ ਦੀ ਹਿੰਮਤ ਦਾ ਪ੍ਰਦਰਸ਼ਨ ਹਮੇਸ਼ਾ ਰਾਸ਼ਟਰੀ ਮਾਣ ਦਾ ਸਰੋਤ ਬਣਿਆ ਰਹੇਗਾ। ਦੇਸ਼ ਭਗਤੀ ਦੀ ਉਨ੍ਹਾਂ ਦੀ ਅਟੁੱਟ ਭਾਵਨਾ ਅਤੇ ਕਰੱਤਵ ਦੇ ਪ੍ਰਤੀ ਉਨ੍ਹਾਂ ਦਾ ਸਮਰਪਣ ਆਉਣ ਵਾਲੀਆਂ ਪੀੜ੍ਹੀਆਂ ਨੂੰ ਲਗਾਤਾਰ ਪ੍ਰੇਰਿਤ ਕਰਦਾ ਰਹੇਗਾ। ਕਾਰਗਿਲ ਵਿਜੇ ਦਿਵਸ ਆਪਰੇਸ਼ਨ ਵਿਜੇ ਦੇ ਵੀਰ ਫੌਜੀਆਂ ਦੇ ਸਾਹਸ, ਬਲੀਦਾਨ ਅਤੇ ਅਟੁੱਟ ਸੰਕਲਪ ਨੂੰ ਸਨਮਾਨ ਦੇਣ ਦਾ ਮੌਕਾ ਹੈ। ਇਹ ਦਿਵਸ ਕਾਰਗਿਲ ਯੁੱਧ ਚ ਭਾਰਤ ਦੀ ਇਤਿਹਾਸਕ ਵਿਜੇ ਦੀ ਯਾਦ ਚ ਮਨਾਇਆ ਜਾਂਦਾ ਹੈ ਅਤੇ ਦੇਸ਼ ਦੀ ਪ੍ਰਭੂਸੱਤਾ ਦੀ ਰੱਖਿਆ ਕਰਨ ਵਾਲੀ ਰਾਸ਼ਟਰੀ ਭਾਵਨਾ ਦਾ ਉਤਸਵ ਹੈ।

## ਮੈਂ 2028 ਦੀਆਂ ਵਿਧਾਨ ਸਭਾ ...

ਰਾਜਨੀਤੀ ਬਹੁਤ ਭ੍ਰਿਸ਼ਟ ਹੋ ਗਈ ਹੈ ਅਤੇ ਇਸ ਲਈ ਮੈਂ 2028 ਦੀਆਂ ਵਿਧਾਨ ਸਭਾ ਚੋਣਾਂ ਨਹੀਂ ਲੜਾਂਗਾ। ਹਾਲਾਂਕਿ, ਮੈਂ ਰਾਜਨੀਤੀ ਵਿੱਚ ਸਰਗਰਮ ਰਹਾਂਗਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਭਲਾਈ ਲਈ ਆਪਣੀ ਆਵਾਜ਼ ਬੁਲੰਦ ਕਰਦਾ ਰਹਾਂਗਾ।

ਸਾਬਕਾ ਮੁੱਖ ਮੰਤਰੀ ਨੇ ਮਾਂਡਿਆ ਜ਼ਿਲ੍ਹੇ ਦੇ ਕੇ.ਆਰ. ਪੇਟ ਵਿੱਚ ਆਯੋਜਿਤ ਇੱਕ ਨਿੱਜੀ ਸਮਾਗਮ ਵਿੱਚ ਇਹ ਐਲਾਨ ਕੀਤਾ। ਮੈਸੂਰ ਦੇ ਵਰੁਣਾ ਹਲਕੇ ਦੇ ਲੋਕਾਂ ਵੱਲੋਂ ਉਨ੍ਹਾਂ ਨੂੰ ਦੁਬਾਰਾ ਚੋਣ ਲੜਨ ਦੀ ਬੇਨਤੀ ਕਰਨ ਦਾ ਹਵਾਲਾ ਦਿੰਦੇ ਹੋਏ ਸਿੱਧਰਮਈਆ ਨੇ ਕਿਹਾ, ਮੈਂ ਫੈਸਲਾ ਕੀਤਾ ਹੈ ਕਿ ਮੈਨੂੰ ਹੁਣ ਚੋਣਾਂ ਨਹੀਂ ਲੜਨੀਆਂ ਚਾਹੀਦੀਆਂ। ਪਹਿਲਾਂ, ਜਦੋਂ ਮੈਂ ਚੋਣਾਂ ਲੜੀਆਂ ਸਨ, ਤਾਂ ਹਲਕੇ ਦੇ ਲੋਕਾਂ ਨੇ ਸਾਡਾ ਵਿੱਤੀ ਸਮਰਥਨ ਕੀਤਾ ਅਤੇ ਸਾਡੀ ਜਿੱਤ ਯਕੀਨੀ ਬਣਾਈ। ਅੱਜ, ਹੁਣ ਉਹ ਸਥਿਤੀ ਨਹੀਂ ਹੈ। ਉਨ੍ਹਾਂ ਕਿਹਾ, ਮੈਂ ਹੁਣ 79 ਸਾਲਾਂ ਦਾ ਹਾਂ। ਸਾਡੀ (ਕਾਂਗਰਸ) ਸਰਕਾਰ ਨੂੰ ਅਜੇ ਡੇਢ ਸਾਲ ਦਾ ਕਾਰਜਕਾਲ ਬਾਕੀ ਹੈ। ਉਦੋਂ ਤੱਕ, ਮੈਂ 80 ਸਾਲ ਤੋਂ ਵੱਧ ਹੋ ਜਾਵਾਂਗਾ। ਮੇਰੀ ਸਿਹਤ ਸ਼ਾਇਦ ਹੁਣ ਜਿੰਨੀ ਚੰਗੀ ਨਾ ਹੋਵੇ, ਅਤੇ ਹੋ ਸਕਦਾ ਹੈ ਕਿ ਮੈਂ ਪਹਿਲਾਂ ਵਾਂਗ ਊਰਜਾ ਅਤੇ ਉਤਸ਼ਾਹ ਨਾਲ ਕੰਮ ਨਾ ਕਰ ਸਕਾਂ। ਕਾਂਗਰਸ ਹਾਈਕਮਾਨ ਦੇ ਨਿਰਦੇਸ਼ਾਂ ਤੇ ਸਿੱਧਰਮਈਆ ਨੇ 28 ਮਈ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ। ਉਨ੍ਹਾਂ ਦੇ ਫੈਸਲੇ ਨੇ ਡੀ.ਕੇ. ਸ਼ਿਵਕੁਮਾਰ ਦੇ ਮੁੱਖ ਮੰਤਰੀ ਬਣਨ ਦਾ ਰਾਹ ਪੱਧਰਾ ਕਰ ਦਿੱਤਾ।

## ਸਕੂਲ-ਕਾਲਜ ਦੀ ਫ਼ੀਸ 'ਚ ਪਿਛਲੇ ਇੱਕ ਦਹਾਕੇ ...

ਆਮਦਨ ਦਾ ਵੱਡਾ ਹਿੱਸਾ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਸਿੱਖਿਆ ਤੇ ਖਰਚ ਕਰ ਰਹੇ ਹਨ।

ਜੈਰਾਮ ਨੇ ਸੀ.ਐੱਮ.ਈ.ਆਈ. ਦੇ ਵਿਸ਼ਲੇਸ਼ਣ ਦਾ ਹਵਾਲਾ ਦਿੰਦੇ ਹੋਏ ਕਿਹਾ,ਨਿੱਜੀ ਟਿਊਸ਼ਨ ਸਿੱਖਿਆ ਤੇ ਹੋਣ ਵਾਲੇ ਘਰੇਲੂ ਖਰਚ ਦਾ ਸਭ ਤੋਂ ਤੇਜ਼ੀ ਨਾਲ ਵਧਣ ਵਾਲਾ ਹਿੱਸਾ ਬਣ ਗਿਆ ਹੈ। ਸਕੂਲ ਅਤੇ ਕਾਲਜ ਦੀ ਫੀਸ ਚ ਪਿਛਲੇ ਇਕ ਦਹਾਕੇ ਦੌਰਾਨ ਲਗਾਤਾਰ ਵਾਧਾ ਹੋਇਆ ਹੈ, ਜੋ ਘਰੇਲੂ ਆਮਦਨ ਚ ਹੋਏ ਵਾਧੇ ਤੋਂ ਵੀ ਵੱਧ ਹੈ। ਉਨ੍ਹਾਂ ਕਿਹਾ ਕਿ ਕਿਤਾਬਾਂ ਤੇ ਖਰਚ ਇਸ ਤੋਂ ਵੀ ਵੱਧ ਤੇਜ਼ੀ ਨਾਲ ਵੱਧ ਰਿਹਾ ਹੈ ਅਤੇ ਇਸ ਦੇ ਪਿੱਛੇ ਪਾਠ ਪੁਸਤਕਾਂ ਅਤੇ ਸੰਦਰਭ ਪੁਸਤਕਾਂ ਦੀਆਂ ਵਧਦੀਆਂ ਕੀਮਤਾਂ, ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਤੇ ਵਧਦਾ ਖਰਚ ਅਤੇ ਵਾਧੂ ਅਧਿਐਨ ਸਮੱਗਰੀ ਤੇ ਵਧਦਾ ਖਰਚ ਵਰਗੇ ਕਾਰਨ ਹੋ ਸਕਦੇ ਹਨ।

## ਬਿਜਲੀ ਮੁਲਾਜ਼ਮਾਂ ਦੀ ਹੜਤਾਲ ਕਾਰਨ ਥਰਮਲ ਪਲਾਂਟ ...

ਵਰਕਰਾਂ ਨੇ ਵੀ ਆਫਰ ਲੈਟਰ ਨਾ ਮਿਲਣ ਕਾਰਨ ਹੜਤਾਲ ਸ਼ੁਰੂ ਕਰ ਦਿੱਤੀ। ਇਸ ਹੜਤਾਲ ਕਾਰਨ ਥਰਮਲ ਪਲਾਂਟ ਦੇ ਕੋਲ ਹੈਂਡਲਿੰਗ ਪਲਾਂਟ ਦਾ ਸਮੁੱਚਾ ਕੰਮ ਕਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਚੁੱਕਾ ਹੈ। ਇਸ ਕਾਰਨ ਯੂਨਿਟਾਂ ਨੂੰ ਕੋਇਲੇ ਦੀ ਸਪਲਾਈ ਅਤੇ ਯੂਨਿਟਾਂ ਦੀਆਂ ਬੈਲਟਾਂ ਦੀ ਮੁਰੰਮਤ ਦਾ ਕੰਮ ਨਹੀਂ ਹੋ ਰਿਹਾ। ਇਸ ਕਾਰਨ ਸ਼ਾਮ ਤੱਕ 840 ਮੈਗਾਵਾਟ ਪੈਦਾਵਾਰ ਸਮਰੱਥਾ ਵਾਲੇ ਰੂਪਨਗਰ ਥਰਮਲ ਪਲਾਂਟ ਦੇ 4 ਯੂਨਿਟਾਂ ਵਿੱਚੋਂ ਸਿਰਫ 6 ਨੰਬਰ ਯੂਨਿਟ ਹੀ ਚੱਲ ਰਿਹਾ ਸੀ, ਜੋ ਕਿ 152 ਮੈਗਾਵਾਟ ਬਿਜਲੀ ਦਾ ਉਤਪਾਦਨ ਕਰ ਰਿਹਾ ਸੀ। ਝੋਨੇ ਦਾ ਸੀਜ਼ਨ ਹੋਣ ਕਾਰਨ ਸੂਬੇ ਅੰਦਰ ਬਿਜਲੀ ਦੀ ਮੰਗ ਕਾਫੀ ਵਧੀ ਹੋਈ ਹੈ, ਜਿਸ ਕਾਰਨ ਪਾਵਰਕੌਮ ਪ੍ਰਬੰਧਕਾਂ ਨੂੰ ਬਿਜਲੀ ਦੀ ਮੰਗ ਦੀ ਪੂਰਤੀ ਕਰਨ ਲਈ ਬਾਹਰੋਂ ਬਿਜਲੀ ਦਾ ਪ੍ਰਬੰਧ ਕਰਨਾ ਪੈ ਰਿਹਾ ਹੈ। ਜਦੋਂ ਇਸ ਸਬੰਧੀ ਥਰਮਲ ਪਲਾਂਟ ਰੂਪਨਗਰ ਦੇ ਮੁੱਖ ਇੰਜਨੀਅਰ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਨੇ ਫੋਨ ਨਹੀਂ ਸੁਣਿਆ।

## ਸ਼ਹੀਦਾਂ ਦੀ ਅਦੁੱਤੀ ਸ਼ਹਾਦਤ ਪੀੜ੍ਹੀਆਂ ...

ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਅਤੇ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਮੋਹਾਲੀ ਦੇ ਕੈਡੇਟਾਂ ਨੂੰ ਹਥਿਆਰਬੰਦ ਬਲਾਂ ਵਿੱਚ ਸ਼ਾਮਲ ਹੋਣ ਲਈ ਉਤਸ਼ਾਹਿਤ ਕੀਤਾ।

ਮੁੱਖ ਮੰਤਰੀ ਨੇ ਦੇਸ਼ ਦੀ ਰਾਖੀ ਕਰਦਿਆਂ ਸ਼ਹੀਦ ਹੋਏ ਜਵਾਨਾਂ ਦੇ ਪਰਿਵਾਰਾਂ ਅਤੇ ਸਾਬਕਾ ਸੈਨਿਕਾਂ ਦੀ ਭਲਾਈ ਲਈ ਪੰਜਾਬ ਸਰਕਾਰ ਦੀ ਅਟੁੱਟ ਵਚਨਬੱਧਤਾ ਦੁਹਰਾਈ।

ਇਸ ਖਾਸ ਮੌਕੇ ਦੀ ਇੱਕ ਝਲਕ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਲਿਖਿਆ, "ਅੱਜ 27ਵੇਂ ਕਾਰਗਿਲ ਵਿਜੈ ਦਿਵਸ ਦੇ ਮੌਕੇ 'ਤੇ ਮੈਂ ਸਾਡੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸ਼ਾਨ ਦੀ ਰਾਖੀ ਲਈ ਆਪਣੀ ਜਾਨ ਕੁਰਬਾਨ ਕਰਨ ਵਾਲੇ 527 ਬਹਾਦਰ ਜਵਾਨਾਂ ਨੂੰ ਸੱਚੇ ਦਿਲੋਂ ਸ਼ਰਧਾਂਜਲੀ ਭੇਟ ਕਰਦਾ ਹਾਂ। ਉਨ੍ਹਾਂ ਵਿੱਚ ਪੰਜਾਬ ਦੇ 65 ਬਹਾਦਰ ਸਪੂਤ ਵੀ ਸ਼ਾਮਲ ਸਨ, ਜਿਨ੍ਹਾਂ ਦੀ ਕੁਰਬਾਨੀ ਹਰ ਪੰਜਾਬੀ ਨੂੰ ਮਾਣ ਨਾਲ ਭਰ ਦਿੰਦੀ ਹੈ।

ਉਨ੍ਹਾਂ ਕਿਹਾ, "ਸ਼ਹਾਦਤ ਦੇਣ ਵਾਲੇ ਜਵਾਨ ਸਿਰਫ਼ ਇੱਕ ਪਰਿਵਾਰ ਦੇ ਨਹੀਂ ਹੁੰਦੇ, ਉਹ ਪੂਰੇ ਦੇਸ਼ ਦੀ ਸਭ ਤੋਂ ਵੱਡੀ ਦੌਲਤ ਹਨ। ਅੱਜ ਅਸੀਂ ਜਿਸ ਆਜ਼ਾਦੀ ਅਤੇ ਸੁਰੱਖਿਆ ਦਾ ਨਿੱਘ ਮਾਣ ਰਹੇ ਹਾਂ, ਉਹ ਸਾਡੇ ਬਹਾਦਰ ਜਵਾਨਾਂ ਦੁਆਰਾ ਦਿੱਤੀਆਂ ਕੁਰਬਾਨੀਆਂ ਦਾ ਹੀ ਨਤੀਜਾ ਹੈ। ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਕਰਨਾ ਤੇ ਉਨ੍ਹਾਂ ਦੀ ਮਹਾਨ ਵਿਰਾਸਤ ਦਾ ਸਤਿਕਾਰ ਕਰਨਾ ਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੈ। ਜੈ ਹਿੰਦ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡੇ ਬਹਾਦਰ ਜਵਾਨਾਂ ਦੀ ਅਦੁੱਤੀ ਕੁਰਬਾਨੀ ਨੌਜਵਾਨ ਪੀੜ੍ਹੀਆਂ ਨੂੰ ਦੇਸ਼ ਭਗਤੀ, ਸਮਰਪਣ ਅਤੇ ਨਿਸ਼ਕਾਮ ਭਾਵਨਾ ਨਾਲ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦੀ ਰਹੇਗੀ। ਕਾਰਗਿਲ ਯੁੱਧ ਦੌਰਾਨ 527 ਜਵਾਨਾਂ ਨੇ ਦੇਸ਼ ਦੀ ਸੇਵਾ ਕਰਦਿਆਂ ਆਪਣੀਆਂ ਜਾਨਾਂ ਵਾਰ ਦਿੱਤੀਆਂ, ਜਿਨ੍ਹਾਂ ਵਿੱਚ ਪੰਜਾਬ ਦੇ 65 ਤੋਂ ਵੱਧ ਬਹਾਦਰ ਸਪੂਤ ਸ਼ਾਮਲ ਸਨ। ਉਨ੍ਹਾਂ ਦੀ ਬਹਾਦਰੀ ਅਤੇ ਕੁਰਬਾਨੀ ਹਮੇਸ਼ਾ ਹਰ ਭਾਰਤੀ ਲਈ ਮਾਣ ਅਤੇ ਪ੍ਰੇਰਨਾ ਦਾ ਸਰੋਤ ਬਣੀ ਰਹੇਗੀ।

ਮੁੱਖ ਮੰਤਰੀ ਨੇ ਦੱਸਿਆ, "ਪੰਜਾਬ ਦਾ ਇਤਿਹਾਸ ਅਣਗਿਣਤ ਕੁਰਬਾਨੀਆਂ ਨਾਲ ਲਿਖਿਆ ਗਿਆ ਹੈ ਅਤੇ ਜੋ ਕੌਮਾਂ ਆਪਣੇ ਇਤਿਹਾਸ ਦਾ ਸਤਿਕਾਰ ਕਰਦੀਆਂ ਹਨ, ਉਹ ਹਮੇਸ਼ਾ ਤਰੱਕੀ ਕਰਦੀਆਂ ਹਨ। ਸਾਡੇ ਸ਼ਹੀਦ ਸਿਰਫ਼ ਆਪਣੇ ਪਰਿਵਾਰਾਂ ਦੇ ਨਹੀਂ, ਸਗੋਂ ਪੂਰੇ ਦੇਸ਼ ਦੇ ਹਨ। ਉਨ੍ਹਾਂ ਦੀ ਕੁਰਬਾਨੀ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਅਤੇ ਉਨ੍ਹਾਂ ਦੀ ਮਹਾਨ ਵਿਰਾਸਤ ਨੂੰ ਸੰਭਾਲਣਾ ਅਤੇ ਸਤਿਕਾਰ ਦੇਣਾ ਸਾਡੀ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ।

ਬਹਾਦਰ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਚਾਹੇ ਕਾਰਗਿਲ ਦੀਆਂ ਬਰਫ਼ੀਲੀਆਂ ਚੋਟੀਆਂ ਹੋਣ ਜਾਂ ਜੈਸਲਮੇਰ ਦੇ ਭਖਦੇ ਰੇਗਿਸਤਾਨ, ਸਾਡੇ ਬਹਾਦਰ ਜਵਾਨ ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਦੀ ਰਾਖੀ ਲਈ ਹਮੇਸ਼ਾ ਡਟੇ ਰਹਿੰਦੇ ਹਨ। 1999 ਦੇ ਕਾਰਗਿਲ ਯੁੱਧ ਨੂੰ ਯਾਦ ਕਰਨਾ ਹਰ ਭਾਰਤੀ ਨੂੰ ਮਾਣ ਨਾਲ ਭਰ ਦਿੰਦਾ ਹੈ ਕਿਉਂਕਿ ਉਸ ਨਾਜ਼ੁਕ ਮੋੜ 'ਤੇ ਪੂਰਾ ਦੇਸ਼, ਦੇਸ਼ ਭਗਤੀ ਦੀ ਅਦੁੱਤੀ ਭਾਵਨਾ ਨਾਲ ਇੱਕਜੁੱਟ ਹੋ ਕੇ ਖੜ੍ਹਾ ਸੀ।

ਮੁੱਖ ਮੰਤਰੀ ਨੇ ਕਿਹਾ, "ਕਾਰਗਿਲ ਵਿਜੈ ਦਿਵਸ ਸਭ ਤੋਂ ਚੁਣੌਤੀਪੂਰਨ ਹਾਲਾਤ ਵਿੱਚ ਭਾਰਤ ਦੀਆਂ ਹਥਿਆਰਬੰਦ ਸੈਨਾਵਾਂ ਦੁਆਰਾ ਦਿਖਾਈ ਗਈ ਲਾਮਿਸਾਲ ਬਹਾਦਰੀ, ਸਾਹਸ ਅਤੇ ਕੁਰਬਾਨੀ ਦਾ ਪ੍ਰਤੀਕ ਹੈ। ਇਸ ਯੁੱਧ ਦੌਰਾਨ ਸਾਡੇ ਜਵਾਨਾਂ ਦੁਆਰਾ ਦਿਖਾਈ ਗਈ ਬੇਮਿਸਾਲ ਬਹਾਦਰੀ 'ਤੇ ਹਰ ਭਾਰਤੀ ਨੂੰ ਮਾਣ ਹੈ। ਦੇਸ਼ ਲਈ ਉਨ੍ਹਾਂ ਦੇ ਸਮਰਪਣ ਦਾ ਕਰਜ਼ਾ ਕਦੇ ਮੋੜਿਆ ਨਹੀਂ ਜਾ ਸਕਦਾ।

ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਦਰਸਾਉਂਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡੇ ਜਵਾਨਾਂ ਦੀ ਅਦੁੱਤੀ ਕੁਰਬਾਨੀ ਦੇ ਸਤਿਕਾਰ ਵਜੋਂ ਪੰਜਾਬ ਸਰਕਾਰ ਡਿਊਟੀ ਦੌਰਾਨ ਸ਼ਹੀਦ ਹੋਣ ਵਾਲੇ ਹਰੇਕ ਜਵਾਨ ਦੇ ਪਰਿਵਾਰ ਨੂੰ ਇੱਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਦੀ ਹੈ। ਇਹ ਸਾਡੀਆਂ ਹਥਿਆਰਬੰਦ ਸੈਨਾਵਾਂ ਦੇ ਬਹਾਦਰ ਜਵਾਨਾਂ ਅਤੇ ਬੀਬੀਆਂ ਦੁਆਰਾ ਨਿਭਾਈ ਗਈ ਅਮੁੱਲ ਸੇਵਾ ਨੂੰ ਮਾਨਤਾ ਦੇਣ ਦਾ ਸਾਡਾ ਇੱਕ ਨਿਮਾਣਾ ਜਿਹਾ ਯਤਨ ਹੈ।

ਐਨ.ਸੀ.ਸੀ. ਕੈਡੇਟਾਂ ਅਤੇ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਅਤੇ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਮੋਹਾਲੀ ਦੇ ਕੈਡੇਟਾਂ ਨਾਲ ਹੋਈ ਗੱਲਬਾਤ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਹਥਿਆਰਬੰਦ ਬਲਾਂ ਰਾਹੀਂ ਦੇਸ਼ ਦੀ ਸੇਵਾ ਕਰਨਾ ਸਭ ਤੋਂ ਉੱਤਮ ਕਾਰਜਾਂ ਵਿੱਚੋਂ ਇੱਕ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਾਰਗਿਲ ਦੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ ਦੇਸ਼ ਦੀ ਰਾਖੀ ਕਰਦਿਆਂ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਾਰ ਮੈਮੋਰੀਅਲ 'ਤੇ ਫੁੱਲ ਮਾਲਾ ਭੇਟ ਕੀਤੀ। ਇਸ ਦੌਰਾਨ ਜਵਾਨਾਂ ਦੇ ਸਤਿਕਾਰ ਵਿੱਚ 'ਲਾਸਟ ਪੋਸਟ' ਦੀ ਧੁਨ ਵਜਾਈ ਗਈ ਅਤੇ ਦੋ ਮਿੰਟ ਦਾ ਮੌਨ ਰੱਖਿਆ ਗਿਆ। ਮੁੱਖ ਮੰਤਰੀ ਨੇ ਸਾਬਕਾ ਸੈਨਿਕਾਂ ਅਤੇ ਸ਼ਹੀਦ ਜਵਾਨਾਂ ਦੇ ਪਰਿਵਾਰਾਂ ਨਾਲ ਵੀ ਮੁਲਾਕਾਤ ਕੀਤੀ ਅਤੇ ਦੇਸ਼ ਲਈ ਉਨ੍ਹਾਂ ਦੀ ਅਮੁੱਲ ਸੇਵਾ ਅਤੇ ਅਟੁੱਟ ਸਮਰਪਣ ਦੀ ਸ਼ਲਾਘਾ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਪੀ.ਏ.ਪੀ. ਗਰੁੱਪ ਕਮਾਂਡਰ ਡੀ.ਐਸ.ਪੀ. ਦਵਿੰਦਰ ਸਿੰਘ ਸੈਣੀ ਦੀ ਅਗਵਾਈ ਹੇਠ ਪੀ.ਏ.ਪੀ. ਬੈਂਡ ਦੁਆਰਾ ਪੇਸ਼ ਕੀਤੇ ਗਏ ਸ਼ਾਨਦਾਰ 'ਗਾਰਡ ਆਫ਼ ਆਨਰ' ਤੋਂ ਸਲਾਮੀ ਲਈ।

## ਜੰਤਰ-ਮੰਤਰ 'ਤੇ ਜੈਨ ਜ਼ੀ ਮੀਡੀਆ ਕਵਰੇਜ਼ ...

ਬਹਿਸ ਨੂੰ ਹੋਰ ਵੀ ਪੇਚੀਦਾ ਬਣਾ ਦਿੱਤਾ ਹੈ। ਯੂਟਿਊਬ, ਫੇਸਬੁੱਕ ਅਤੇ ਹੋਰ ਡਿਜ਼ੀਟਲ ਮੰਚਾਂ 'ਤੇ ਅਨੇਕ ਲੋਕ ਆਪਣੇ ਆਪ ਨੂੰ ਪੱਤਰਕਾਰ ਐਲਾਨ ਕਰ ਰਹੇ ਹਨ। ਕੁਝ ਬੇਹੱਦ ਵਧੀਆ ਕੰਮ ਕਰ ਰਹੇ ਹਨ, ਪਰ ਬਹੁਤ ਸਾਰੇ ਲੋਕ ਸਿਰਫ਼ ਆਪਣੀ ਰਾਏ, ਸਨਸਨੀ ਜਾਂ ਮਨੋਰੰਜਨ ਨੂੰ ਹੀ ਪੱਤਰਕਾਰਤਾ ਦਾ ਨਾਮ ਦੇ ਰਹੇ ਹਨ। ਇਸ ਨਾਲ ਪੱਤਰਕਾਰਤਾ ਦੀ ਭਰੋਸੇਯੋਗਤਾ 'ਤੇ ਸਵਾਲ ਉੱਠਣੇ ਲਾਜ਼ਮੀ ਹਨ।

ਅੱਜ ਪੱਤਰਕਾਰਤਾ ਦਾ ਅਸਲ ਆਧਾਰ ਨਾ ਤਾਂ ਪ੍ਰਸਿੱਧੀ ਹੈ ਅਤੇ ਨਾ ਹੀ ਚਿਹਰੇ ਦੀ ਪਛਾਣ। ਇਸ ਦਾ ਆਧਾਰ ਹੈ—ਤੱਥਾਂ ਦੀ ਜਾਂਚ, ਸੱਚ ਪ੍ਰਤੀ ਵਚਨਬੱਧਤਾ, ਜਨਹਿੱਤ ਅਤੇ ਜਵਾਬਦੇਹੀ। ਕੈਮਰੇ ਸਾਹਮਣੇ ਪ੍ਰਭਾਵਸ਼ਾਲੀ ਬੋਲਣਾ ਜਾਂ ਲੱਖਾਂ ਫਾਲੋਅਰ ਹੋਣਾ ਕੋਈ ਪੱਤਰਕਾਰਤਾ ਦੀ ਕਸੌਟੀ ਨਹੀਂ ਹੋ ਸਕਦੀ। ਇਸੇ ਤਰ੍ਹਾਂ ਕੈਮਰੇ ਦੇ ਪਿੱਛੇ ਬੈਠ ਕੇ ਤੱਥਾਂ ਦੀ ਪੁਸ਼ਟੀ ਕਰਨਾ, ਦਸਤਾਵੇਜ਼ਾਂ ਦੀ ਜਾਂਚ ਕਰਨੀ ਅਤੇ ਖ਼ਤਰਨਾਕ ਹਾਲਾਤਾਂ ਵਿੱਚ ਮੈਦਾਨੀ ਰਿਪੋਰਟਿੰਗ ਕਰਨਾ ਵੀ ਪੱਤਰਕਾਰਤਾ ਦਾ ਬਰਾਬਰ ਮਹੱਤਵਪੂਰਨ ਹਿੱਸਾ ਹੈ।

ਹੁਣ ਜੰਤਰ-ਮੰਤਰ ਤੋਂ ਸ਼ੁਰੂ ਹੋਈ ਇਹ ਚਰਚਾ ਭਾਰਤੀ ਮੀਡੀਆ ਲਈ ਆਤਮ-ਚਿੰਤਨ ਦਾ ਮੌਕਾ ਹੈ। ਮੀਡੀਆ ਸੰਸਥਾਵਾਂ ਨੂੰ ਇੱਕ ਵਾਰ ਫਿਰ ਪੱਤਰਕਾਰਤਾ ਦੇ ਮੂਲ ਸਿਧਾਂਤਾਂ ਵੱਲ ਮੁੜਨਾ ਪਵੇਗਾ। ਐਂਕਰ, ਰਿਪੋਰਟਰ, ਸੰਪਾਦਕ ਅਤੇ ਪ੍ਰੋਡਿਊਸਰ—ਸਭ ਦੀ ਆਪਣੀ-ਆਪਣੀ ਵੱਖਰੀ ਭੂਮਿਕਾ ਹੈ ਅਤੇ ਇੱਕ ਸਿਹਤਮੰਦ ਨਿਊਜ਼ਰੂਮ ਇਨ੍ਹਾਂ ਸਾਰਿਆਂ ਦੀ ਸਾਂਝੀ ਮਿਹਨਤ ਨਾਲ ਹੀ ਬਣਦਾ ਹੈ।

ਇਸ ਬਹਿਸ ਵਿੱਚ ਸੰਤੁਲਨ ਬਣਾਈ ਰੱਖਣਾ ਵੀ ਬਹੁਤ ਜ਼ਰੂਰੀ ਹੈ। ਜਿਵੇਂ ਹਰ ਐਂਕਰ ਨੂੰ ਮਹਾਨ ਪੱਤਰਕਾਰ ਨਹੀਂ ਕਿਹਾ ਜਾ ਸਕਦਾ, ਉਸੇ ਤਰ੍ਹਾਂ ਹਰ ਐਂਕਰ ਨੂੰ ਪੱਤਰਕਾਰ ਮੰਨਣ ਤੋਂ ਵੀ ਇਨਕਾਰ ਨਹੀਂ ਕੀਤਾ ਜਾ ਸਕਦਾ। ਅਸਲ ਮਾਪਦੰਡ ਵਿਅਕਤੀ ਦੀ ਭੂਮਿਕਾ, ਉਸ ਦੀ ਪੇਸ਼ੇਵਰ ਯੋਗਤਾ, ਉਸ ਦੀ ਨੈਤਿਕਤਾ ਅਤੇ ਉਸ ਦਾ ਜਨਹਿੱਤ ਪ੍ਰਤੀ ਯੋਗਦਾਨ ਹੋਣਾ ਚਾਹੀਦਾ ਹੈ।

ਅੱਜ ਜਦੋਂ ਭਾਰਤੀ ਪੱਤਰਕਾਰਤਾ ਕ੍ਰਿਤ੍ਰਿਮ ਬੁੱਧੀ, ਡਿਜ਼ੀਟਲ ਮਾਧਿਅਮਾਂ ਅਤੇ ਤੇਜ਼ੀ ਨਾਲ ਬਦਲ ਰਹੀਆਂ ਦਰਸ਼ਕ ਆਦਤਾਂ ਦੇ ਦੌਰ ਵਿੱਚੋਂ ਲੰਘ ਰਹੀ ਹੈ, ਤਦੋਂ ਇਹ ਬਹਿਸ ਹੋਰ ਵੀ ਮਹੱਤਵਪੂਰਨ ਹੋ ਜਾਂਦੀ ਹੈ। ਲੋੜ ਇਸ ਗੱਲ ਦੀ ਹੈ ਕਿ ਪੱਤਰਕਾਰਤਾ ਦੀ ਪਛਾਣ ਚਿਹਰਿਆਂ ਨਾਲ ਨਹੀਂ, ਸਗੋਂ ਉਸ ਦੇ ਮੂਲ ਮੁੱਲਾਂ—ਸੱਚ, ਨਿਰਪੱਖਤਾ, ਜਨਹਿੱਤ, ਜਵਾਬਦੇਹੀ ਅਤੇ ਸਮਾਜ ਪ੍ਰਤੀ ਵਚਨਬੱਧਤਾ—ਨਾਲ ਹੋਵੇ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972
Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972

# ਪਾਵਰ ਕਾਰਪੋਰੇਸ਼ਨ ਦੇ ਕਰਮਚਾਰੀ ਕਿਸਾਨਾਂ ਤੇ ਆਮ ਜਨਤਾ ਲਈ ਪ੍ਰੇਸ਼ਾਨੀ ਦਾ ਕਾਰਨ ਨਾ ਬਣਨ; ਹੜਤਾਲ ਵਾਪਸ ਲੈਣ, ਸਰਕਾਰ ਗੱਲਬਾਤ ਲਈ ਤਿਆਰ : ਅਮਨ ਅਰੋੜਾ

## ਯੂਨੀਅਨਾਂ ਦੀ ਮੰਗ 'ਤੇ ਸਰਕਾਰ ਨੇ 25 ਦਿਨ ਪਹਿਲਾਂ ਵਿਸ਼ੇਸ਼ ਕਮੇਟੀ ਗਠਿਤ ਕੀਤੀ ਸੀ ਤੇ ਉਨ੍ਹਾਂ ਦੀਆਂ ਮੰਗਾਂ 'ਤੇ ਗੰਭੀਰਤਾ ਨਾਲ ਵਿਚਾਰ ਕੀਤਾ ਜਾ ਰਿਹੈ



ਸੁਨਾਮ ਊਧਮ ਸਿੰਘ ਵਾਲਾ 26 ਜੁਲਾਈ (ਮੋਹਣ ਸ਼ਰਮਾ/ ਰਾਓਵਰਿੰਦਰ ਮਠਾੜੂ): ਪੰਜਾਬ ਆਮ ਆਦਮੀ ਪਾਰਟੀ (ਆਪ) ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਹੜਤਾਲ 'ਤੇ ਬੈਠੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਕਰਮਚਾਰੀਆਂ ਨੂੰ ਤੁਰੰਤ ਹੜਤਾਲ ਵਾਪਸ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਨਾਲ ਝੋਨੇ ਦੀ ਲਵਾਈ ਦੇ ਅਹਿਮ ਸੀਜ਼ਨ ਦੌਰਾਨ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਸੂਬੇ ਭਰ ਦੇ ਲਗਭਗ ਤਿੰਨ ਕਰੋੜ ਨਾਗਰਿਕਾਂ ਲਈ ਜ਼ਰੂਰੀ ਸੇਵਾਵਾਂ ਪ੍ਰਭਾਵਿਤ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਗੱਲਬਾਤ ਲਈ ਹਮੇਸ਼ਾ ਤਿਆਰ ਹੈ ਅਤੇ ਕਰਮਚਾਰੀ ਯੂਨੀਅਨਾਂ ਦੀ ਮੰਗ 'ਤੇ 25 ਦਿਨ ਪਹਿਲਾਂ ਗਠਿਤ ਕੀਤੀ ਗਈ ਇੱਕ ਉੱਚ ਪੱਧਰੀ ਕਮੇਟੀ ਪਹਿਲਾਂ ਹੀ ਉਨ੍ਹਾਂ ਦੀਆਂ ਲੰਬਿਤ ਮੰਗਾਂ 'ਤੇ ਵਿਚਾਰ ਕਰ ਰਹੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਕਮੇਟੀ ਦੀ ਹਰ ਜਾਇਜ਼ ਸਿਫਾਰਸ਼ ਨੂੰ ਸਰਕਾਰ ਵੱਲੋਂ ਪ੍ਰਵਾਨ ਕੀਤਾ ਜਾਵੇਗਾ। ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅੱਜ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ, "ਪਾਵਰ ਕਾਰਪੋਰੇਸ਼ਨ ਦੇ ਕਰਮਚਾਰੀ 21 ਜੁਲਾਈ ਤੋਂ ਹੜਤਾਲ 'ਤੇ ਹਨ, ਜਿਸ ਕਾਰਨ ਪੰਜਾਬ ਦੇ ਲੋਕਾਂ, ਖਾਸ ਕਰਕੇ ਸਾਡੇ ਕਿਸਾਨਾਂ ਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਝੋਨੇ ਦੀ ਲਵਾਈ ਦਾ ਸੀਜ਼ਨ ਇਸ ਸਮੇਂ ਅਹਿਮ ਮੋੜ 'ਤੇ ਹੈ ਅਤੇ ਬਿਜਲੀ ਸੇਵਾਵਾਂ ਠੱਪ ਹੋਣ ਨਾਲ ਕਿਸਾਨਾਂ ਦੀਆਂ ਮੁਸ਼ਕਲਾਂ ਵਧ ਗਈਆਂ ਹਨ। ਕਿਸਾਨਾਂ ਤੋਂ ਇਲਾਵਾ ਘਰੇਲੂ ਖਪਤਕਾਰ, ਵਪਾਰੀ, ਸਾਡੀਆਂ ਮਾਵਾਂ-ਭੈਣਾਂ ਅਤੇ ਆਮ ਨਾਗਰਿਕ ਵੀ ਬਿਜਲੀ ਸੇਵਾਵਾਂ ਵਿੱਚ ਵਿਘਨ ਪੈਣ ਕਾਰਨ ਗੰਭੀਰ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ।"

ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਨੇ ਕਿਹਾ, "ਭਗਵੰਤ ਮਾਨ ਸਰਕਾਰ ਸਮਾਜ ਦੇ ਹਰ ਵਰਗ ਦੀ ਸਰਕਾਰ ਹੈ। ਸੱਤਾ ਸੰਭਾਲਣ ਤੋਂ ਬਾਅਦ, ਇਸ ਨੇ ਕਰਮਚਾਰੀਆਂ ਦੀ ਭਲਾਈ ਲਈ ਕਈ ਇਤਿਹਾਸਕ ਫੈਸਲੇ ਲਏ ਹਨ। ਸਰਕਾਰ ਨੇ ਵੱਖ-ਵੱਖ ਵਿਭਾਗਾਂ ਵਿੱਚ ਹਜ਼ਾਰਾਂ ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਹਨ, ਹਜ਼ਾਰਾਂ ਕੱਚੇ ਕਰਮਚਾਰੀਆਂ ਨੂੰ ਪੱਕਾ ਕੀਤਾ ਹੈ, ਉਨ੍ਹਾਂ ਨੂੰ ਸੇਵਾ ਲਾਭ ਦਿੱਤੇ ਹਨ ਅਤੇ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਦੀਆਂ ਚਿਰਕੋਣੀ ਮੰਗਾਂ ਦਾ ਨਿਪਟਾਰਾ ਕੀਤਾ ਹੈ। ਪਾਵਰ ਬੋਰਡ ਦੇ ਕਰਮਚਾਰੀਆਂ ਦੀਆਂ ਬਹੁਤ ਸਾਰੀਆਂ ਮੰਗਾਂ ਸਰਕਾਰ ਵੱਲੋਂ ਪਹਿਲਾਂ ਹੀ ਮੰਨੀਆਂ ਜਾ ਚੁੱਕੀਆਂ ਹਨ।" ਕੈਬਨਿਟ ਮੰਤਰੀ ਨੇ ਕਿਹਾ, "ਬਾਕੀ ਮੰਗਾਂ ਸਬੰਧੀ, ਖੁਦ ਕਰਮਚਾਰੀ ਯੂਨੀਅਨਾਂ ਨੇ ਸਰਕਾਰ ਨੂੰ ਬੇਨਤੀ ਕੀਤੀ ਸੀ ਕਿ ਸਰਕਾਰ ਅਤੇ ਯੂਨੀਅਨਾਂ ਦੋਵਾਂ ਦੀ ਨੁਮਾਇੰਦਗੀ ਵਾਲੀ ਇੱਕ ਵਿਸ਼ੇਸ਼ ਕਮੇਟੀ ਬਣਾਈ ਜਾਵੇ ਤਾਂ ਜੋ ਇਨ੍ਹਾਂ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾ ਸਕੇ। ਉਨ੍ਹਾਂ ਦੀ ਬੇਨਤੀ 'ਤੇ ਕਾਰਵਾਈ ਕਰਦਿਆਂ ਸਰਕਾਰ ਨੇ ਲਗਭਗ 20 ਤੋਂ 25 ਦਿਨ ਪਹਿਲਾਂ ਇੱਕ ਉੱਚ ਪੱਧਰੀ ਕਮੇਟੀ ਦਾ ਗਠਨ ਕੀਤਾ ਸੀ। ਇਸ ਕਮੇਟੀ ਵਿੱਚ ਵਿੱਤ, ਬਿਜਲੀ ਅਤੇ ਪ੍ਰਸੋਨਲ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਦੇ ਨਾਲ-ਨਾਲ ਕਰਮਚਾਰੀ ਯੂਨੀਅਨਾਂ ਦੇ ਚਾਰ ਨੁਮਾਇੰਦੇ ਸ਼ਾਮਲ ਹਨ। ਕਮੇਟੀ ਇਨ੍ਹਾਂ ਮੁੱਦਿਆਂ 'ਤੇ ਲਗਾਤਾਰ ਵਿਚਾਰ-ਵਟਾਂਦਰਾ ਕਰ ਰਹੀ ਹੈ ਅਤੇ ਸਰਕਾਰ ਹਰ ਜਾਇਜ਼ ਮੰਗ 'ਤੇ ਹਮਦਰਦੀ ਅਤੇ ਸਕਾਰਾਤਮਕ ਪਹੁੰਚ ਨਾਲ ਵਿਚਾਰ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ।"

ਉਨ੍ਹਾਂ ਅੱਗੇ ਕਿਹਾ, "ਮੈਂ ਕਰਮਚਾਰੀ ਯੂਨੀਅਨਾਂ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਕਮੇਟੀ ਵੱਲੋਂ ਸਿਫਾਰਸ਼ ਕੀਤੀ ਗਈ ਹਰ ਜਾਇਜ਼ ਮੰਗ ਨੂੰ ਸਰਕਾਰ ਵੱਲੋਂ ਪ੍ਰਵਾਨ ਕੀਤਾ ਜਾਵੇਗਾ। ਜਦੋਂ ਸਰਕਾਰ ਅਤੇ ਕਰਮਚਾਰੀ ਯੂਨੀਅਨਾਂ ਵਿਚਕਾਰ ਗੱਲਬਾਤ ਪਹਿਲਾਂ ਹੀ ਚੱਲ ਰਹੀ ਹੈ, ਤਾਂ ਇਹ ਪ੍ਰਕਿਰਿਆ ਪੂਰੀ ਹੋਣ ਤੋਂ ਪਹਿਲਾਂ ਹੜਤਾਲ ਦਾ ਰਾਹ ਚੁਣਨਾ ਵਿਆਪਕ ਜਨਤਕ ਹਿੱਤ ਵਿੱਚ ਨਹੀਂ ਹੈ।" ਅਮਨ ਅਰੋੜਾ ਨੇ ਕਿਹਾ, "ਜਨਤਾ ਦੀ ਖੱਜਲ-ਖੁਆਰੀ ਅਤੇ ਕਿਸਾਨਾਂ ਨੂੰ ਪਰੇਸ਼ਾਨ ਕਰਕੇ ਸਰਕਾਰ 'ਤੇ ਦਬਾਅ ਪਾਉਣ ਦੀ ਸੋਚ ਨਾਲ ਹੜਤਾਲ 'ਤੇ ਜਾਣਾ ਕਿਸੇ ਵੀ ਸਥਿਤੀ ਵਿੱਚ ਵਾਜਬ ਨਹੀਂ ਠਹਿਰਾਇਆ ਜਾ ਸਕਦਾ। ਸਰਕਾਰ ਤੁਹਾਡੀ ਹੈ ਅਤੇ ਤੁਸੀਂ ਵੀ ਸਾਡੇ ਵਾਂਗ ਜਨਤਾ ਦੇ ਸੇਵਕ ਹੋ। ਇਸ ਲਈ ਮੈਂ ਸਾਰੀਆਂ ਕਰਮਚਾਰੀ ਯੂਨੀਅਨਾਂ ਨੂੰ ਨਿਮਰਤਾ ਸਹਿਤ ਅਪੀਲ ਕਰਦਾ ਹਾਂ ਕਿ ਉਹ ਪੰਜਾਬ ਦੇ ਲੋਕਾਂ, ਖਾਸ ਕਰਕੇ ਸਾਡੇ ਕਿਸਾਨ ਭਰਾਵਾਂ ਨੂੰ ਝੋਨੇ ਦੇ ਲਵਾਈ ਦੇ ਸੀਜ਼ਨ ਦੌਰਾਨ ਪਰੇਸ਼ਾਨ ਨਾ ਕਰਨ।"

ਪਿੰਡਾਂ ਦੇ ਆਪਣੇ ਦੌਰੇ ਦੀ ਇੱਕ ਘਟਨਾ ਸਾਂਝਾ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ, "ਅੱਜ ਮੈਂ ਕਈ ਕਿਸਾਨਾਂ ਨੂੰ ਮਿਲਿਆ, ਜਿਨ੍ਹਾਂ ਵਿੱਚੋਂ ਇੱਕ ਕਿਸਾਨ ਤਿੰਨ ਏਕੜ ਠੇਕੇ ਦੀ ਜ਼ਮੀਨ 'ਤੇ ਖੇਤੀ ਕਰਦਾ ਹੈ। ਉਸਨੇ ਬਹੁਤ ਦੁੱਖ ਨਾਲ ਮੈਨੂੰ ਦੱਸਿਆ ਕਿ ਹੜਤਾਲ ਕਾਰਨ ਬਿਜਲੀ ਦੀ ਸਪਲਾਈ ਠੱਪ ਹੋਣ ਕਰਕੇ ਉਸਦੀ ਰੋਜ਼ੀ-ਰੋਟੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ। ਅਜਿਹੇ ਕਿਸਾਨਾਂ ਦਾ ਕੀ ਕਸੂਰ ਹੈ? ਜੇਕਰ ਕਰਮਚਾਰੀਆਂ ਦੀਆਂ ਕੁਝ ਸਮੱਸਿਆਵਾਂ ਹਨ, ਤਾਂ ਉਹ ਸਰਕਾਰ ਨਾਲ ਹਨ ਅਤੇ ਸਰਕਾਰ ਪਹਿਲਾਂ ਹੀ ਉਨ੍ਹਾਂ 'ਤੇ ਸਕਾਰਾਤਮਕ ਵਿਚਾਰ ਕਰ ਰਹੀ ਹੈ। ਬੇਕਸੂਰ ਨਾਗਰਿਕਾਂ ਨੂੰ ਕਿਸੇ ਵੀ ਤਰ੍ਹਾਂ ਦਾ ਨੁਕਸਾਨ ਨਹੀਂ ਪਹੁੰਚਣਾ ਚਾਹੀਦਾ।"

ਅਮਨ ਅਰੋੜਾ ਨੇ ਦੱਸਿਆ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖੁਦ ਇਸ ਸਮੁੱਚੇ ਮਾਮਲੇ ਦੀ ਨਿਗਰਾਨੀ ਕਰ ਰਹੇ ਹਨ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਕਰਮਚਾਰੀ ਯੂਨੀਅਨਾਂ ਦੇ ਲਗਾਤਾਰ ਸੰਪਰਕ ਵਿੱਚ ਹਨ ਅਤੇ ਗੱਲਬਾਤ ਰਾਹੀਂ ਮਸਲੇ ਨੂੰ ਹੱਲ ਕਰਨ ਦੀ ਹਰ ਸੰਭਵ ਕੋਸ਼ਿਸ਼ ਕਰ ਰਹੇ ਹਨ।" ਉਨ੍ਹਾਂ ਕਿਹਾ, "ਪੰਜਾਬ ਸਰਕਾਰ ਦਾ ਸਟੈਂਡ ਬਿਲਕੁਲ ਸਾਫ਼ ਹੈ। ਅਸੀਂ ਕਿਸੇ ਵੀ ਕਰਮਚਾਰੀ ਯੂਨੀਅਨ ਜਾਂ ਕਰਮਚਾਰੀ ਦੀ ਹਰ ਜਾਇਜ਼ ਮੰਗ ਨੂੰ ਸੁਣਨ ਲਈ ਹਮੇਸ਼ਾ ਤਿਆਰ ਹਾਂ ਅਤੇ ਇਸ ਦਾ ਯੋਗ ਹੱਲ ਲੱਭਣ ਲਈ ਵਚਨਬੱਧ ਹਾਂ। ਮੁੱਖ ਮੰਤਰੀ, ਬਿਜਲੀ ਵਿਭਾਗ ਅਤੇ ਸਮੁੱਚੀ ਸਰਕਾਰ ਤੁਹਾਡੇ ਨਾਲ ਹੈ। ਤੁਸੀਂ ਕਿਸੇ ਵੀ ਸਮੇਂ ਮੁੱਖ ਮੰਤਰੀ ਜਾਂ ਕਿਸੇ ਵੀ ਮੰਤਰੀ ਨੂੰ ਮਿਲ ਸਕਦੇ ਹੋ ਅਤੇ ਆਪਣਾ ਪੱਖ ਰੱਖ ਸਕਦੇ ਹੋ। ਹਰ ਉਹ ਮੰਗ ਜੋ ਕਰਮਚਾਰੀਆਂ, ਪੰਜਾਬ ਅਤੇ ਸੂਬੇ ਦੇ ਲੋਕਾਂ ਦੇ ਹਿੱਤ ਵਿੱਚ ਹੋਵੇਗੀ, ਉਸ 'ਤੇ ਵਿਚਾਰ ਕੀਤਾ ਜਾਵੇਗਾ।"

ਕੈਬਨਿਟ ਮੰਤਰੀ ਨੇ ਕਿਹਾ, "ਪਿਛਲੇ ਸਾਢੇ ਚਾਰ ਸਾਲਾਂ ਦੌਰਾਨ, ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਬੇਮਿਸਾਲ ਯਤਨ ਕੀਤੇ ਹਨ। ਜੇਕਰ ਕੁਝ ਲੋਕ ਹੜਤਾਲ ਰਾਹੀਂ ਜਨਤਾ ਨੂੰ ਪਰੇਸ਼ਾਨ ਕਰਕੇ ਸਰਕਾਰ ਦੇ ਅਕਸ ਨੂੰ ਢਾਹ ਲਾਉਣ ਦੀ ਕੋਸ਼ਿਸ਼ ਕਰਦੇ ਹਨ, ਤਾਂ ਪੰਜਾਬ ਦੇ ਲੋਕ ਤੱਥਾਂ ਤੋਂ ਚੰਗੀ ਤਰ੍ਹਾਂ ਜਾਣੂ ਹਨ।" ਕਿਸਾਨ ਜਥੇਬੰਦੀਆਂ ਨੂੰ ਅਪੀਲ ਕਰਦਿਆਂ ਅਮਨ ਅਰੋੜਾ ਨੇ ਕਿਹਾ, "ਮੈਂ ਕਿਸਾਨ ਜਥੇਬੰਦੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਵਿਆਪਕ ਜਨਤਕ ਹਿੱਤ ਨੂੰ ਧਿਆਨ ਵਿੱਚ ਰੱਖਦਿਆਂ ਕਰਮਚਾਰੀ ਯੂਨੀਅਨਾਂ ਨਾਲ ਗੱਲਬਾਤ ਕਰਕੇ ਹੜਤਾਲ ਖਤਮ ਕਰਵਾਉਣ ਵਿੱਚ ਸਕਾਰਾਤਮਕ ਭੂਮਿਕਾ ਨਿਭਾਉਣ।"

ਆਪਣੀ ਅੰਤਿਮ ਅਪੀਲ ਵਿੱਚ ਅਮਨ ਅਰੋੜਾ ਨੇ ਕਿਹਾ, "ਮੈਂ ਇੱਕ ਵਾਰ ਫਿਰ ਹੱਥ ਜੋੜ ਕੇ ਆਪਣੇ ਪਾਵਰ ਕਾਰਪੋਰੇਸ਼ਨ ਦੇ ਕਰਮਚਾਰੀ ਭਰਾਵਾਂ ਅਤੇ ਭੈਣਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਤੁਰੰਤ ਹੜਤਾਲ ਵਾਪਸ ਲੈਣ ਅਤੇ ਬਿਜਲੀ ਸੇਵਾਵਾਂ ਨੂੰ ਸੁਚਾਰੂ ਬਣਾਉਣ। ਲਗਭਗ 90 ਫੀਸਦੀ ਕਰਮਚਾਰੀ, ਯਾਨੀ ਲਗਭਗ 18,500 ਮੁਲਾਜ਼ਮ ਹੜਤਾਲ 'ਤੇ ਹਨ, ਜਿਸ ਕਾਰਨ ਪੰਜਾਬ ਦੇ ਲਗਭਗ ਤਿੰਨ ਕਰੋੜ ਲੋਕ ਪ੍ਰਭਾਵਿਤ ਹੋ ਰਹੇ ਹਨ। ਜ਼ਰੂਰੀ ਜਨਤਕ ਸੇਵਾਵਾਂ ਨੂੰ ਠੱਪ ਕਰਕੇ ਜਾਂ ਨਾਗਰਿਕਾਂ ਨੂੰ ਪਰੇਸ਼ਾਨ ਕਰਕੇ ਦਬਾਅ ਬਣਾਉਣ ਦੀਆਂ ਕੋਸ਼ਿਸ਼ਾਂ ਨੂੰ ਨਾ ਤਾਂ ਸਰਕਾਰ ਅਤੇ ਨਾ ਹੀ ਜਨਤਾ ਪ੍ਰਵਾਨ ਕਰੇਗੀ। ਇਸ ਕਰਕੇ ਆਪਣੀਆਂ ਮੰਗਾਂ ਬਿਨਾਂ ਕਿਸੇ ਝਿਜਕ ਦੇ ਸਰਕਾਰ ਅੱਗੇ ਰੱਖੋ।" ਅਮਨ ਅਰੋੜਾ ਨੇ ਕਿਹਾ,"ਹਰ ਜਾਇਜ਼ ਮੰਗ ਗੱਲਬਾਤ ਰਾਹੀਂ ਹੱਲ ਕੀਤੀ ਜਾਵੇਗੀ, ਪਰ ਜਨਤਾ ਨੂੰ ਪਰੇਸ਼ਾਨ ਕਰਕੇ ਸਰਕਾਰ 'ਤੇ ਦਬਾਅ ਪਾਉਣ ਦੀ ਇਸ ਪਹੁੰਚ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਆਓ ਅਸੀਂ ਪੰਜਾਬ ਤੇ ਇਸ ਦੇ ਲੋਕਾਂ ਦੇ ਵਿਆਪਕ ਹਿੱਤਾਂ ਦੀ ਰਾਖੀ ਕਰੀਏ ਅਤੇ ਗੱਲਬਾਤ ਜ਼ਰੀਏ ਸਾਰੇ ਮਸਲੇ ਹੱਲ ਕਰੀਏ।"

# ਤਰਲੋਚਨ ਸਿੰਘ ਦਾ ਡਾ. ਰਤਨ ਸਿੰਘ ਜੱਗੀ ਯਾਦਗਾਰੀ ਪੁਰਸਕਾਰ ਨਾਲ ਸਨਮਾਨ ਅੱਜ



ਚੰਡੀਗੜ੍ਹ, 26 ਜੁਲਾਈ (ਅੰਮ੍ਰਿਤਪਾਲ ਸਿੰਘ): ਪੰਜਾਬ ਕਲਾ ਪਰਿਸ਼ਦ ਚੰਡੀਗੜ੍ਹ ਵੱਲੋਂ ਪਦਮਸ਼੍ਰੀ ਡਾ. ਰਤਨ ਸਿੰਘ ਜੱਗੀ ਮੈਮੋਰੀਅਲ ਫਾਊਂਡੇਸ਼ਨ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਸਮਾਗਮ ਵਿੱਚ ਪਹਿਲੇ ਡਾ ਰਤਨ ਸਿੰਘ ਜੱਗੀ ਯਾਦਗਾਰੀ ਸਨਮਾਨ ਨਾਲ ਸਾਬਕਾ ਸੰਸਦ ਮੈਂਬਰ ਤੇ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਤਰਲੋਚਨ ਸਿੰਘ ਨੂੰ ਸਨਮਾਨਿਆ ਜਾਵੇਗਾ ਜਿਸ ਵਿਚ 51 ਹਜ਼ਾਰ ਰੁਪਏ ਦੀ ਨਗਦ ਰਾਸ਼ੀ, ਦੁਸ਼ਾਲਾ ਤੇ ਸਨਮਾਨ ਚਿੰਨ੍ਹ ਭੇਟਾ ਕੀਤਾ ਜਾਵੇਗਾ। ਸੈਕਟਰ 16 ਸਥਿਤ ਪੰਜਾਬ ਕਲਾ ਭਵਨ ਵਿਖੇ 27 ਜੁਲਾਈ ਨੂੰ ਸ਼ਾਮ ਸਾਢੇ ਪੰਜ ਵਜੇ ਪਦਮਸ਼੍ਰੀ ਡਾ. ਰਤਨ ਸਿੰਘ ਜੱਗੀ ਯਾਦਗਾਰੀ ਪੁਰਸਕਾਰ ਅਤੇ ਡਾ. ਰਤਨ ਸਿੰਘ ਜੱਗੀ ਚਿੰਤਨ ਏਅਰ ਬਿਲੈਂਡ ਦਾ ਉਦਘਾਟਨੀ ਸਮਾਰੋਹ ਭਲਕੇ ਹੋਵੇਗਾ। ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਸਮਾਗਮ ਦੇ ਮੁੱਖ ਮਹਿਮਾਨ ਹੋਣਗੇ। ਤਰਲੋਚਨ ਸਿੰਘ, ਘੱਟ ਗਿਣਤੀਆਂ, ਧਰਮ, ਸਮਾਜ ਤੇ ਸਭਿਆਚਾਰ ਨੂੰ ਸਮਰਪਿਤ ਉਹ ਸ਼ਖਸੀਅਤ ਹਨ ਜਿਨ੍ਹਾਂ ਆਪਣੀ ਮਿਹਨਤ, ਦੂਰਦਰਸ਼ੀ ਤੇ ਦ੍ਰਿੜਸੰਕਲਪਸ਼ੀਲ ਸੋਚ, ਨਿਰਪੱਖ ਪ੍ਰਸ਼ਾਸਨ ਅਤੇ ਮਨੁੱਖਤਾ ਦੀ ਸੇਵਾ ਰਾਹੀਂ ਭਾਰਤ ਦੇ ਜਨ-ਜੀਵਨ ਵਿੱਚ ਵਿਲੱਖਣ ਸਥਾਨ ਬਣਾਇਆ ਹੈ। ਦੇਸ਼ ਦੀ ਵੰਡ ਦੇ ਦੁੱਖਾਂ ਨੂੰ ਆਪਣੇ ਬਚਪਨ ਵਿਚ ਸਹਿਣ ਤੋਂ ਬਾਅਦ ਵੀ ਉਨ੍ਹਾਂ ਨੇ ਹੌਸਲਾ ਨਹੀਂ ਹਾਰਿਆ, ਸਗੋਂ ਸਿੱਖਿਆ, ਸੇਵਾ ਤੇ ਸਮਾਜਿਕ ਸਮਰਪਣ ਨੂੰ ਆਪਣੇ ਜੀਵਨ ਦਾ ਮੂਲ ਮੰਤਰ ਬਣਾਇਆ। ਉਹ ਅਰਥ ਸ਼ਾਸਤਰ ਵਿੱਚ ਉੱਚ ਸਿੱਖਿਆ ਪ੍ਰਾਪਤ ਕਰਨ ਉਪਰੰਤ ਲੋਕ ਸੇਵਾ ਵਿੱਚ ਆਏ ਤੇ ਆਪਣੇ ਲੰਬੇ ਪ੍ਰਸ਼ਾਸਨਿਕ ਤੇ ਜਨਤਕ ਜੀਵਨ ਦੌਰਾਨ ਹਰ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਨਿਸ਼ਠਾ ਨਾਲ ਨਿਭਾਇਆ।

ਤਰਲੋਚਨ ਸਿੰਘ ਨੇ ਪੰਜਾਬ ਸਰਕਾਰ ਦੇ ਸੂਚਨਾ ਤੇ ਲੋਕ ਸੰਪਰਕ ਵਿਭਾਗ, ਸੈਰ-ਸਪਾਟਾ ਤੇ ਸਭਿਆਚਾਰ ਵਿਭਾਗ ਸਮੇਤ ਕਈ ਮਹੱਤਵਪੂਰਨ ਅਹੁਦਿਆਂ 'ਤੇ ਸੇਵਾ ਨਿਭਾਈ। ਉਨ੍ਹਾਂ ਨੇ ਪੰਜਾਬ ਦੇ ਦਫ਼ਤਰ ਤੋਂ ਲੈ ਕੇ ਦੇਸ਼ ਦੇ ਰਾਸ਼ਟਰਪਤੀ ਦਫ਼ਤਰ ਤੱਕ ਆਪਣੀਆਂ ਸੇਵਾਵਾਂ ਨਿਭਾਈਆਂ। ਉਨ੍ਹਾਂ ਨੇ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਉਪ-ਚੇਅਰਮੈਨ ਤੇ ਫੇਰ ਚੇਅਰਮੈਨ ਵਜੋਂ ਸੇਵਾਵਾਂ ਨਿਭਾਉਂਦਿਆਂ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰੱਖਿਆ, ਧਾਰਮਿਕ ਸਦਭਾਵਨਾ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਲਈ ਮਹੱਤਵਪੂਰਨ ਯੋਗਦਾਨ ਦਿੱਤਾ। ਤਰਲੋਚਨ ਸਿੰਘ ਰਾਜ ਸਭਾ ਦੇ ਮੈਂਬਰ ਵਜੋਂ ਵੀ ਸੇਵਾਵਾਂ ਨਿਭਾਈਆਂ ਤੇ ਸੰਸਦ ਦੇ ਉਪਰਲੇ ਸਦਨ ਵਿੱਚ ਲੋਕ-ਹਿੱਤ ਦੇ ਅਨੇਕਾਂ ਮੁੱਦੇ ਪ੍ਰਭਾਵਸ਼ਾਲੀ ਢੰਗ ਨਾਲ ਉਠਾਏ। ਹਾਲਾਂਕਿ ਉਹ ਰਾਜ ਸਭਾ ਵਿੱਚ ਹਰਿਆਣਾ ਤੋਂ ਚੁਣੇ ਗਏ ਸਨ ਪਰ ਉਨ੍ਹਾਂ ਆਪਣੇ ਛੇ ਸਾਲ ਦੇ ਕਾਰਜਕਾਲ ਦੌਰਾਨ ਸਮੁੱਚੀ ਦੁਨੀਆਂ ਵਿੱਚ ਵਸਦੇ ਸਿੱਖਾਂ ਤੇ ਪੰਜਾਬੀਆਂ ਦੇ ਹੱਕ ਵਿੱਚ ਅਵਾਜ਼ ਬੁਲੰਦ ਕੀਤੀ। ਉਨ੍ਹਾਂ ਨੇ ਘੱਟ ਗਿਣਤੀਆਂ ਦੇ ਹੱਕਾਂ, ਪੰਜਾਬੀ ਭਾਸ਼ਾ, ਸਿੱਖ ਵਿਰਾਸਤ, ਰਾਸ਼ਟਰੀ ਏਕਤਾ ਤੇ ਸਮਾਜਿਕ ਨਿਆਂ ਨਾਲ ਜੁੜੇ ਵਿਸ਼ਿਆਂ ਨੂੰ ਨਿਰੰਤਰ ਪ੍ਰਾਥਮਿਕਤਾ ਦਿੱਤੀ। ਤਰਲੋਚਨ ਸਿੰਘ ਭਾਰਤੀ ਓਲੰਪਿਕ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਵੀ ਰਹੇ ਅਤੇ ਖੇਡਾਂ ਦੀ ਪ੍ਰਫੁੱਲਤਾ ਲਈ ਵਡਮੁੱਲਾ ਯੋਗਦਾਨ ਪਾਇਆ। ਓਲੰਪਿਕ, ਏਸ਼ੀਆ ਤੇ ਰਾਸ਼ਟਰਮੰਡਲ ਖੇਡਾਂ ਵਿੱਚ ਭਾਰਤੀ ਖੇਡ ਦਲ ਦੇ ਮੈਂਬਰ ਵਜੋਂ ਵੀ ਸੇਵਾਵਾਂ ਨਿਭਾਈਆਂ ਅਤੇ ਦਿੱਲੀ ਵਿਖੇ ਹੋਈਆਂ ਏਸ਼ਿਆਈ ਤੇ ਰਾਸ਼ਟਰਮੰਡਲ ਖੇਡਾਂ ਦੀ ਸਫਲ ਮੇਜ਼ਬਾਨੀ ਵਿੱਚ ਵੱਡਾ ਰੋਲ ਨਿਭਾਇਆ। ਤਰਲੋਚਨ ਸਿੰਘ ਵੱਲ ਨਿਭਾਈਆਂ ਸੇਵਾਵਾਂ ਨੂੰ ਮਾਨਤਾ ਦਿੰਦੇ ਹੋਏ ਭਾਰਤ ਸਰਕਾਰ ਵੱਲੋਂ ਸਾਲ 2021 ਵਿੱਚ ਉਨ੍ਹਾਂ ਨੂੰ ਪਦਮ ਭੂਸ਼ਣ ਨਾਲ ਸਨਮਾਨਿਤ ਕੀਤਾ ਗਿਆ।

### ਵੱਡੀ ਅੱਤਵਾਦੀ ਸਾਜ਼ਿਸ਼ ਨਾਕਾਮ

# ਜਲੰਧਰ ਤੋਂ ਬੱਬਰ ਖ਼ਾਲਸਾ ਇੰਟਰਨੈਸ਼ਨਲ ਦਾ ਸੰਚਾਲਕ ਵਿਸਫੋਟਕ ਸਮੱਗਰੀ ਵਾਲੇ ਆਈ.ਈ.ਡੀ. ਸਮੇਤ ਕਾਬੂ

ਚੰਡੀਗੜ੍ਹ/ਜਲੰਧਰ, 26 ਜੁਲਾਈ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਇੱਕ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਸਰਹੱਦ ਪਾਰੋਂ ਅੱਤਵਾਦੀ ਨੈੱਟਵਰਕਾਂ ਵਿਰੁੱਧ ਵੱਡੀ ਸਫਲਤਾ ਹਾਸਲ ਕਰਦਿਆਂ, ਕਾਊਂਟਰ ਇੰਟੈਲੀਜੈਂਸ (ਸੀਆਈ) ਜਲੰਧਰ ਨੇ ਜਲੰਧਰ ਦਿਹਾਤੀ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ, ਵਿਦੇਸ਼ੀ ਹੈਂਡਲਰਾਂ ਵੱਲੋਂ ਚਲਾਏ ਜਾ ਰਹੇ ਆਈ.ਈ.ਡੀ. ਅਤੇ ਖ਼ਤਰਨਾਕ ਵਾਲੇ ਬੱਬਰ ਖ਼ਾਲਸਾ ਇੰਟਰਨੈਸ਼ਨਲ (ਬੀਕੇਆਈ) ਅੱਤਵਾਦੀ ਮਾਡਿਊਲ ਦੇ ਸੰਚਾਲਕ ਨੂੰ ਜਲੰਧਰ ਤੋਂ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸਤਬੀਰ ਸਿੰਘ ਵਾਸੀ ਪਿੰਡ ਪਤਿਆਲਾ, ਆਦਮਪੁਰ, ਜਲੰਧਰ ਵਜੋਂ ਹੋਈ ਹੈ। ਵਿਸਫੋਟਕ ਸਮੱਗਰੀ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਸ ਦਾ ਕਾਲੇ ਰੰਗ ਦਾ ਪਲਾਟੀਨਾ ਮੋਟਰਸਾਈਕਲ (ਪੀਬੀ-08-ਈਟੀ-6736) , ਜਿਸ ਨੂੰ ਉਹ ਚਲਾ ਰਿਹਾ ਸੀ, ਵੀ ਬਰਾਮਦ ਕੀਤਾ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਇਸ ਕਾਰਵਾਈ ਦੇ ਨਤੀਜੇ ਵਜੋਂ 1.3 ਕਿਲੋਗ੍ਰਾਮ ਉੱਚ ਵਿਸਫੋਟਕ ਨਾਲ ਭਰਿਆ




ਇੱਕ ਇੰਪਰੂਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ) ਜਿਸ ਵਿੱਚ ਸ਼ਰਾਪਨਲ ਤੇ ਬਾਲ ਬੇਅਰਿੰਗ ਸ਼ਾਮਲ ਹਨ, ਬਰਾਮਦ ਹੋਇਆ ਹੈ, ਜਿਸ ਤੋਂ ਪਤਾ ਲੱਗਦਾ ਹੈ ਕਿ ਅੱਤਵਾਦੀ ਮਾਡਿਊਲ ਦਾ ਉਦੇਸ਼ ਸੂਬੇ ਵਿੱਚ ਅੱਤਵਾਦੀ ਗਤੀਵਿਧੀ ਕਰਨਾ ਸੀ। ਉਨ੍ਹਾਂ ਕਿਹਾ, "ਇਸ ਤੁਰੰਤ ਅਤੇ ਸਮੇਂ ਸਿਰ ਕੀਤੀ ਗਈ ਕਾਰਵਾਈ ਨਾਲ ਵੱਡਾ ਅੱਤਵਾਦੀ ਖ਼ਤਰਾ ਟਲ ਗਿਆ ਹੈ ਅਤੇ ਕਈ ਮਾਸੂਮ ਜਾਨਾਂ ਬਚ ਗਈਆਂ ਹਨ।" ਆਪ੍ਰੇਸ਼ਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕਰਦਿਆਂ ਉਨ੍ਹਾਂ ਦੱਸਿਆ ਕਿ ਸੀ.ਆਈ. ਜਲੰਧਰ ਦੀਆਂ ਟੀਮਾਂ ਨੂੰ ਪੁਖ਼ਤਾ ਜਾਣਕਾਰੀ ਮਿਲੀ ਸੀ ਕਿ ਬੀ.ਕੇ.ਆਈ. ਮਾਡਿਊਲ ਦੇ ਕਾਰਕੁੰਨ ਨੇ ਆਪਣੇ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਵਿਸਫੋਟਕ ਦੀ ਖੇਪ ਪ੍ਰਾਪਤ ਕੀਤੀ ਹੈ। ਉਨ੍ਹਾਂ ਦੱਸਿਆ ਕਿ ਤੁਰੰਤ ਕਾਰਵਾਈ ਕਰਦਿਆਂ ਸੀ.ਆਈ. ਜਲੰਧਰ ਅਤੇ ਜਲੰਧਰ ਦਿਹਾਤੀ ਪੁਲਿਸ ਦੀਆਂ ਟੀਮਾਂ ਨੇ ਪਿੰਡ ਢੱਡੋਰ ਵਿਖੇ ਸਾਂਝਾ ਨਾਕਾ ਲਗਾ ਕੇ ਸ਼ੱਕੀ ਸਤਬੀਰ ਸਿੰਘ ਦੇ ਮੋਟਰਸਾਈਕਲ ਨੂੰ ਰੋਕਿਆ ਤੇ ਤਲਾਸ਼ੀ ਦੌਰਾਨ ਉਸ ਦੇ ਬੈਗ ਵਿੱਚੋਂ ਆਈ.ਈ.ਡੀ. ਬਰਾਮਦ ਕੀਤੀ। ਡੀ.ਜੀ.ਪੀ. ਨੇ ਕਿਹਾ ਕਿ ਇਸ ਸਾਜ਼ਿਸ਼ ਵਿੱਚ ਸ਼ਾਮਲ ਵਿਦੇਸ਼ੀ ਹੈਂਡਲਰਾਂ ਤੇ ਸਥਾਨਕ ਨੈੱਟਵਰਕ ਸਮੇਤ ਸਮੁੱਚੇ ਅੱਤਵਾਦੀ ਨੈੱਟਵਰਕ ਦਾ ਪਰਦਾਫਾਸ਼ ਕਰਨ ਅਤੇ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ। ਇਸ ਸਬੰਧ ਵਿੱਚ ਥਾਣਾ ਪਤਾਰਾ, ਜਲੰਧਰ ਦਿਹਾਤੀ ਵਿਖੇ ਭਾਰਤੀ ਨਿਆਏ ਸੰਹਿਤਾ (ਬੀਐਨਐਸ) ਦੀਆਂ ਧਾਰਾਵਾਂ 113(1) ਤੇ 113(3), ਵਿਸਫੋਟਕ ਪਦਾਰਥ ਐਕਟ ਦੀਆਂ ਧਾਰਾਵਾਂ 4 ਅਤੇ 5 ਅਤੇ ਅਸਲਾ ਐਕਟ ਦੀ ਧਾਰਾ 25(1ਬੀ)(ਏ) ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

# "ਏਕ ਪੇੜ ਮਾਂ ਦੇ ਨਾਮ" ਮੁਹਿੰਮ ਨੇ ਉੱਤਰ ਪ੍ਰਦੇਸ਼ ਦੇ ਸ਼ਾਨਦਾਰ ਸੰਕਲਪ ਨੂੰ ਦਰਸਾਇਆ : ਮੋਦੀ



ਲਖਨਊ, 26 ਜੁਲਾਈ (ਅੰਮ੍ਰਿਤਪਾਲ ਸਿੰਘ): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ "ਮਨ ਕੀ ਬਾਤ" ਦੇ 136ਵੇਂ ਐਪੀਸੋਡ ਵਿੱਚ ਉੱਤਰ ਪ੍ਰਦੇਸ਼ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ, "ਮਾਂ ਦੇ ਨਾਮ ਇੱਕ ਰੁੱਖ' ਮੁਹਿੰਮ ਦੇ ਤਹਿਤ, ਉੱਤਰ ਪ੍ਰਦੇਸ਼ ਨੇ ਆਪਣੇ ਲੋਕਾਂ ਦੇ ਸ਼ਾਨਦਾਰ ਸੰਕਲਪ ਨੂੰ ਦੇਖਿਆ। 12 ਜੁਲਾਈ ਨੂੰ ਉੱਥੇ ਇੱਕ ਹੀ ਦਿਨ ਵਿੱਚ 35 ਕਰੋੜ ਤੋਂ ਵੱਧ ਪੌਦੇ ਲਗਾਏ ਗਏ ਸਨ। ਉੱਤਰ ਪ੍ਰਦੇਸ਼ ਦੇ ਲੋਕਾਂ ਨੇ ਜਿਸ ਉਤਸ਼ਾਹ ਨਾਲ ਇਸ ਮੁਹਿੰਮ ਵਿੱਚ ਹਿੱਸਾ ਲਿਆ, ਉਹ ਸੱਚਮੁੱਚ ਸ਼ਲਾਘਾਯੋਗ ਗੱਲ ਹੈ।" ਪ੍ਰਧਾਨ ਮੰਤਰੀ ਨੇ ਕਿਹਾ ਕਿ, "ਮਾਂ ਦੇ ਨਾਮ 'ਤੇ ਇੱਕ ਰੁੱਖ' ਮੁਹਿੰਮ ਰਾਹੀਂ ਦੇਸ਼ ਭਰ ਦੇ ਲੋਕ ਕੁਦਰਤ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾ ਰਹੇ ਹਨ। ਜਦੋਂ ਕੋਈ ਮੁਹਿੰਮ ਭਾਵਨਾ ਨਾਲ ਜੁੜਦੀ ਹੈ, ਤਾਂ ਬਹੁਤ ਸਾਰੀਆਂ ਸੁੰਦਰ ਤੇ ਪ੍ਰੇਰਨਾਦਾਇਕ ਉਦਾਹਰਣਾਂ ਸਾਹਮਣੇ ਆਉਂਦੀਆਂ ਹਨ। ਉਨ੍ਹਾਂ ਕਿਹਾ ਕਿ ਰੁੱਖ ਸਿਰਫ਼ ਮਨੁੱਖਾਂ ਲਈ ਨਹੀਂ ਹਨ; ਉਹ ਅਣਗਿਣਤ ਜੀਵਾਂ ਦਾ ਘਰ ਵੀ ਹਨ।" ਪ੍ਰਧਾਨ ਮੰਤਰੀ ਨੇ ਦੇਸ਼ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜੀਵਨ ਵਿੱਚ ਕਿਸੇ ਖਾਸ ਮੌਕੇ ਨੂੰ ਕੁਦਰਤ ਨਾਲ ਜੋੜਨ। ਮਾਂ ਦੇ ਨਾਮ 'ਤੇ ਇੱਕ ਰੁੱਖ ਲਗਾਓ। ਅੱਜ ਦਾ ਛੋਟਾ ਜਿਹਾ ਬੂਟਾ ਆਉਣ ਵਾਲੀਆਂ ਪੀੜ੍ਹੀਆਂ ਲਈ ਹਰਿਆਲੀ, ਸਾਫ਼ ਹਵਾ ਤੇ ਇੱਕ ਉੱਜਵਲ ਭਵਿੱਖ ਦੀ ਵਿਰਾਸਤ ਬਣ ਸਕਦਾ ਹੈ।

**ਯੂਪੀ ਕੁਦਰਤ ਸੰਭਾਲ ਤੇ ਹਰੇ ਵਿਕਾਸ ਲਈ ਕੌਮੀ ਸੰਕਲਪ ਨੂੰ ਊਰਜਾ ਪ੍ਰਦਾਨ ਕਰਦਾ ਰਹੇਗਾ : ਯੋਗੀ**

ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ "ਐਕਸ" 'ਤੇ "ਮਨ ਕੀ ਬਾਤ" ਵਿੱਚ ਉੱਤਰ ਪ੍ਰਦੇਸ਼ ਦੀ ਪ੍ਰਸ਼ੰਸਾ ਕਰਨ ਲਈ ਪੋਸਟ ਕਰਕੇ ਪ੍ਰਧਾਨ ਮੰਤਰੀ ਦਾ ਧੰਨਵਾਦ ਪ੍ਰਗਟ ਕੀਤਾ। ਮੁੱਖ ਮੰਤਰੀ ਨੇ ਲਿਖਿਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਅੱਜ ਆਪਣੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ "ਏਕ ਪੇੜ ਮਾਂ ਕੇ ਨਾਮ" ਮੁਹਿੰਮ ਤਹਿਤ ਉੱਤਰ ਪ੍ਰਦੇਸ਼ ਵਿੱਚ ਇੱਕ ਦਿਨ ਵਿੱਚ 35 ਕਰੋੜ ਤੋਂ ਵੱਧ ਪੌਦੇ ਲਗਾਉਣ ਦਾ ਜ਼ਿਕਰ ਕਰਨਾ ਸੂਬੇ ਦੇ ਸੰਕਲਪ ਪ੍ਰਤੀ ਸਾਰੇ ਹੀ ਲੋਕਾਂ ਦੀ ਸਮੂਹਿਕ ਜਾਗਰੂਕਤਾ ਅਤੇ ਜਨਤਕ ਭਾਗੀਦਾਰੀ ਦੀ ਇਤਿਹਾਸਕ ਸਫਲਤਾ ਨੂੰ ਸਰਾਹਿਆ ਹੈ। ਮੁੱਖ ਮੰਤਰੀ ਨੇ ਲਿਖਿਆ ਕਿ ਉੱਤਰ ਪ੍ਰਦੇਸ਼ ਨੇ ਸਾਬਤ ਕਰ ਦਿੱਤਾ ਹੈ ਕਿ ਕੁਦਰਤ ਪ੍ਰਤੀ ਸੰਵੇਦਨਸ਼ੀਲ ਸਮਾਜ ਹੀ "ਵਿਕਸਤ ਭਾਰਤ" ਦੀ ਸਭ ਤੋਂ ਮਜ਼ਬੂਤ ਨੀਂਹ ਰੱਖ ਸਕਦਾ ਹੈ। ਮੁੱਖ ਮੰਤਰੀ ਯੋਗੀ ਨੇ ਭਰੋਸਾ ਦਿੱਤਾ ਕਿ ਪ੍ਰਧਾਨ ਮੰਤਰੀ ਦੇ ਮਾਰਗਦਰਸ਼ਨ ਹੇਠ, ਉੱਤਰ ਪ੍ਰਦੇਸ਼ ਕੁਦਰਤ ਸੰਭਾਲ, ਜਨਤਕ ਭਾਗੀਦਾਰੀ ਅਤੇ ਹਰੇ ਵਿਕਾਸ ਦੇ ਇਸ ਰਾਸ਼ਟਰੀ ਸੰਕਲਪ ਨੂੰ ਨਵੀਂ ਊਰਜਾ ਪ੍ਰਦਾਨ ਕਰਦਾ ਰਹੇਗਾ।

# ਬਦਲਦੇ ਸਮੇਂ ਵਿੱਚ ਅਧਿਆਪਕਾਂ ਦੀਆਂ ਜ਼ਿੰਮੇਵਾਰੀਆਂ ਵਧੀਆਂ ਵਿਦਿਆਰਥੀਆਂ ਨੂੰ ਸੋਸ਼ਲ ਮੀਡੀਆ 'ਤੇ ਗਲਤ ਜਾਣਕਾਰੀ ਤੋਂ ਬਚਣ ਦਾ ਤਰੀਕਾ ਸਿਖਾਇਆ ਜਾਣਾ ਚਾਹੀਦੈ : ਯੋਗੀ

ਲਖਨਊ, 26 ਜੁਲਾਈ (ਅੰਮ੍ਰਿਤਪਾਲ ਸਿੰਘ): ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਕਿਹਾ ਕਿ ਬਦਲਦੇ ਸਮੇਂ ਵਿੱਚ ਅਧਿਆਪਕਾਂ ਦੀਆਂ ਜ਼ਿੰਮੇਵਾਰੀਆਂ ਵਧੀਆਂ ਹਨ। ਉਨ੍ਹਾਂ ਨੂੰ ਵਿਦਿਆਰਥੀਆਂ ਨੂੰ ਸੱਚ ਅਤੇ ਝੂਠ ਵਿੱਚ ਫ਼ਰਕ ਕਰਨਾ, ਸੋਸ਼ਲ ਮੀਡੀਆ ਪ੍ਰਚਾਰ ਤੋਂ ਕਿਵੇਂ ਬਚਣਾ ਹੈ ਤੇ ਆਰਟੀਫੀਸ਼ੀਅਲ ਇੰਟੈਲੀਜੈਂਸ (19) ਵਰਗੀਆਂ ਨਵੀਆਂ ਤਕਨੀਕਾਂ ਦੀ ਜ਼ਿੰਮੇਵਾਰੀ ਨਾਲ ਵਰਤੋਂ ਕਿਵੇਂ ਕਰਨੀ ਹੈ, ਇਹ ਵੀ ਸਿਖਾਉਣਾ ਚਾਹੀਦਾ ਹੈ। ਸੋਸ਼ਲ ਮੀਡੀਆ ਅਤੇ 19 ਅੱਜ ਜ਼ਰੂਰੀ ਹਨ, ਪਰ ਇਨ੍ਹਾਂ ਦੀ ਵਰਤੋਂ ਸਮਾਜ ਤੇ ਰਾਸ਼ਟਰ ਦੇ ਹਿੱਤ ਵਿੱਚ ਹੋਣੀ ਚਾਹੀਦੀ ਹੈ। ਭਾਰਤ ਵਿਰੋਧੀ ਤਾਕਤਾਂ ਸਮਾਜ ਵਿੱਚ ਭੰਬਲਭੂਸਾ, ਨਫ਼ਰਤ ਤੇ ਹਫੜਾ-ਦਫੜੀ ਫੈਲਾਉਣ ਲਈ ਇਨ੍ਹਾਂ ਮਾਧਿਅਮਾਂ ਦੀ ਦੁਰਵਰਤੋਂ ਕਰ ਰਹੀਆਂ ਹਨ। ਇਸ ਲਈ, ਵਿਦਿਅਕ ਸੰਸਥਾਵਾਂ ਨੂੰ ਨੌਜਵਾਨਾਂ ਨੂੰ ਸਿੱਖਿਅਤ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਐਤਵਾਰ ਨੂੰ, ਮੁੱਖ ਮੰਤਰੀ ਡਾ. ਭੀਮ ਰਾਓ ਅੰਬੇਡਕਰ ਯੂਨੀਵਰਸਿਟੀ, ਆਗਰਾ ਵਿਖੇ "ਮੁੱਖ ਮੰਤਰੀ ਅਧਿਆਪਕ ਨਕਦ ਰਹਿਤ ਮੈਡੀਕਲ ਯੋਜਨਾ" ਦੇ ਲਾਂਚ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ, ਜੋ ਉੱਚ ਸਿੱਖਿਆ ਵਿਭਾਗ ਦੇ ਅਧਿਆਪਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਸਿਹਤ ਸੁਰੱਖਿਆ ਪ੍ਰਦਾਨ ਕਰਦੀ ਹੈ। ਇਸ ਮੌਕੇ, ਉੱਚ ਸਿੱਖਿਆ ਵਿਭਾਗ ਅਤੇ ਪੰਜਾਬ ਨੈਸ਼ਨਲ ਬੈਂਕ ਵਿਚਕਾਰ ਅਧਿਆਪਕਾਂ ਨੂੰ ਸਮਾਜਿਕ ਸੁਰੱਖਿਆ ਕਵਰੇਜ ਪ੍ਰਦਾਨ ਕਰਨ ਲਈ ਇੱਕ ਸਮਝੌਤਾ ਵੀ ਕੀਤਾ ਗਿਆ। "ਏਕ ਪੇਡ ਮਾਂ ਕੇ ਨਾਮ" ਮੁਹਿੰਮ ਤਹਿਤ ਇੱਕ ਪੌਦਾ ਭੇਟ ਕਰਕੇ ਮੁੱਖ ਮੰਤਰੀ ਦਾ ਸਵਾਗਤ ਕੀਤਾ ਗਿਆ। ਮੁੱਖ ਮੰਤਰੀ ਨੇ ਗੁਰੂ ਪੂਰਨਿਮਾ ਤੋਂ ਠੀਕ ਪਹਿਲਾਂ ਇਹ ਲਾਭ ਪ੍ਰਾਪਤ ਕਰਨ 'ਤੇ ਉੱਚ ਸਿੱਖਿਆ ਸੰਸਥਾਵਾਂ ਦੇ ਸਾਰੇ ਪ੍ਰੋਫੈਸਰਾਂ ਨੂੰ ਵਧਾਈ ਦਿੱਤੀ।

ਮੁੱਖ ਮੰਤਰੀ ਨੇ ਕਿਹਾ ਕਿ ਨਕਦੀ ਰਹਿਤ ਮੈਡੀਕਲ ਸਹੂਲਤ ਰਾਹੀਂ, ਯੂਨੀਵਰਸਿਟੀਆਂ ਅਤੇ ਕਾਲਜ, ਭਾਵੇਂ ਉਹ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ, ਗੈਰ-ਸਰਕਾਰੀ, ਜਾਂ ਸਵੈ-ਵਿੱਤੀ ਯੂਨੀਵਰਸਿਟੀਆਂ ਅਤੇ ਕਾਲਜ ਹੋਣ, ਨੂੰ ਇਸ ਯੋਜਨਾ ਅਧੀਨ ਸ਼ਾਮਲ ਕੀਤਾ ਜਾ ਰਿਹਾ ਹੈ। ਇਸ ਯੋਜਨਾ ਵਿੱਚ ਗੈਰ-ਅਧਿਆਪਨ ਸਟਾਫ਼ ਨੂੰ ਵੀ ਸ਼ਾਮਲ ਕੀਤਾ ਜਾ ਰਿਹਾ ਹੈ। ਇਹ ਯੋਜਨਾ, ਜੋ ਪ੍ਰਤੀ ਸਾਲ 5 ਲੱਖ ਰੁਪਏ ਦੀ ਨਕਦੀ ਰਹਿਤ ਮੈਡੀਕਲ ਕਵਰੇਜ ਪ੍ਰਦਾਨ ਕਰਦੀ ਹੈ, ਲਗਭਗ 10 ਲੱਖ ਲੋਕਾਂ ਨੂੰ ਕਵਰ ਕਰੇਗੀ। ਮੁੱਖ ਮੰਤਰੀ ਨੇ ਕਿਹਾ ਕਿ ਨਕਦੀ ਰਹਿਤ ਮੈਡੀਕਲ ਸਹੂਲਤ ਤੋਂ ਇਲਾਵਾ, ਪੰਜਾਬ ਨੈਸ਼ਨਲ ਬੈਂਕ ਨਾਲ ਇੱਕ ਸਮਝੌਤਾ ਵੀ ਕੀਤਾ ਗਿਆ ਹੈ, ਜੋ ਅਧਿਆਪਕਾਂ ਨੂੰ ਵਾਧੂ ਸਮਾਜਿਕ ਸੁਰੱਖਿਆ ਗਾਰੰਟੀ ਪ੍ਰਦਾਨ ਕਰੇਗਾ। ਇਸ ਸਮਝੌਤੇ ਤਹਿਤ, ਕਿਸੇ ਮੰਦਭਾਗੀ ਦੁਰਘਟਨਾ ਜਾਂ ਸਥਾਈ ਅਪੰਗਤਾ ਦੀ ਸਥਿਤੀ ਵਿੱਚ, ਪਰਿਵਾਰ ਨੂੰ ਪੰਜਾਬ ਨੈਸ਼ਨਲ ਬੈਂਕ ਦੁਆਰਾ ਇਸ ਯੋਜਨਾ ਰਾਹੀਂ 1.5 ਕਰੋੜ ਰੁਪਏ ਤੋਂ 3 ਕਰੋੜ ਰੁਪਏ ਤੱਕ ਦੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਇਸ ਯੋਜਨਾ ਰਾਹੀਂ 60,000 ਰੁਪਏ ਤੱਕ ਦੀ ਹਸਪਤਾਲ ਨਕਦ ਸਹੂਲਤ ਅਤੇ 12 ਲੱਖ ਰੁਪਏ ਤੱਕ ਦਾ ਜੀਵਨ ਬੀਮਾ ਕਵਰ ਵੀ ਪ੍ਰਦਾਨ ਕੀਤਾ ਜਾ ਰਿਹਾ ਹੈ। ਕੋਈ ਵੀ ਦੁਰਘਟਨਾ ਤੋਂ ਪ੍ਰਭਾਵਿਤ ਹੋ ਸਕਦਾ ਹੈ। ਅਜਿਹੇ ਸਮੇਂ ਵਿੱਚ, ਸਿਸਟਮ, ਸ਼ਾਸਨ ਅਤੇ ਬੈਂਕਿੰਗ ਪ੍ਰਣਾਲੀ ਨੂੰ ਵਿਅਕਤੀ ਅਤੇ ਉਸਦੇ ਪਰਿਵਾਰ ਦੇ ਨਾਲ ਖੜ੍ਹੇ ਹੋਣਾ ਚਾਹੀਦਾ ਹੈ। ਇਸ ਉਦੇਸ਼ ਲਈ, ਅੱਜ ਦੋ ਮਹੱਤਵਪੂਰਨ ਸਹੂਲਤਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਪੰਜਾਬ ਨੈਸ਼ਨਲ ਬੈਂਕ ਨੂੰ ਵੀ ਬੇਨਤੀ ਕਰਨਗੇ ਕਿ ਉਹ ਇਸ ਯੋਜਨਾ ਦੇ ਤਹਿਤ ਸਵੈ-ਵਿੱਤੀ ਅਤੇ ਨਿੱਜੀ ਯੂਨੀਵਰਸਿਟੀਆਂ ਦੇ ਅਧਿਆਪਕਾਂ ਨੂੰ ਸ਼ਾਮਲ ਕਰਨ ਦਾ ਪ੍ਰਬੰਧ ਕਰੇ। ਹੁਣ ਤੱਕ, ਗੈਰ-ਅਧਿਆਪਨ ਸਟਾਫ ਇਸ ਯੋਜਨਾ ਵਿੱਚ ਸ਼ਾਮਲ ਨਹੀਂ ਸੀ, ਪਰ ਹੁਣ ਅਸੀਂ ਉੱਚ ਸਿੱਖਿਆ ਸੰਸਥਾਵਾਂ ਅਤੇ ਯੂਨੀਵਰਸਿਟੀਆਂ ਵਿੱਚ ਕੰਮ ਕਰਨ ਵਾਲੇ ਲਗਭਗ 50,000 ਗੈਰ-ਅਧਿਆਪਨ ਸਟਾਫ ਨੂੰ ਸ਼ਾਮਲ ਕਰਨ ਲਈ ਅੱਗੇ ਵਧ ਰਹੇ ਹਾਂ।

ਅਧਿਆਪਕ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ : ਮੁੱਖ ਮੰਤਰੀ ਨੇ ਕਿਹਾ ਕਿ ਭਾਰਤੀ ਪਰੰਪਰਾ ਵਿੱਚ ਅਧਿਆਪਕ ਦਾ ਸਥਾਨ ਪ੍ਰਾਚੀਨ ਸਮੇਂ ਤੋਂ ਹੀ ਸਰਵਉੱਚ ਰਿਹਾ ਹੈ। ਜਦੋਂ ਦੁਨੀਆ ਹਨੇਰੇ ਵਿੱਚ ਰਹਿ ਰਹੀ ਸੀ, ਤਾਂ ਭਾਰਤ ਤਕਸ਼ਿਲਾ ਅਤੇ ਨਾਲੰਦਾ ਵਰਗੀਆਂ ਵਿਸ਼ਵ-ਪ੍ਰਸਿੱਧ ਯੂਨੀਵਰਸਿਟੀਆਂ ਚਲਾ ਰਿਹਾ ਸੀ। ਅਧਿਆਪਕਾਂ ਦੀ ਭੂਮਿਕਾ ਸਿਰਫ਼ ਪੜ੍ਹਾਉਣਾ ਹੀ ਨਹੀਂ, ਸਗੋਂ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਕਰਨਾ, ਉਨ੍ਹਾਂ ਦੀਆਂ ਛੁਪੀਆਂ ਪ੍ਰਤਿਭਾਵਾਂ ਨੂੰ ਪਛਾਣਨਾ ਅਤੇ ਉਨ੍ਹਾਂ ਨੂੰ ਸਹੀ ਰਸਤੇ 'ਤੇ ਚਲਾਉਣਾ ਵੀ ਹੈ। ਬਦਲਾਅ ਤਾਂ ਹੀ ਆਵੇਗਾ ਜਦੋਂ ਪਹਿਲੇ ਦਿਨ ਤੋਂ ਹੀ ਅਧਿਆਪਕਾਂ ਅਤੇ ਵਿਦਿਆਰਥੀਆਂ ਵਿਚਕਾਰ ਅਰਥਪੂਰਨ ਸੰਚਾਰ ਹੋਵੇਗਾ। ਇਹੀ ਕਾਰਨ ਹੈ ਕਿ ਭਾਰਤੀ ਪਰੰਪਰਾ ਵਿੱਚ ਅਧਿਆਪਕ ਨੂੰ ਸਭ ਤੋਂ ਉੱਚਾ ਸਥਾਨ ਦਿੱਤਾ ਗਿਆ ਹੈ, ਤਾਂ ਜੋ ਉਹ ਵਿਦਿਆਰਥੀ ਨੂੰ ਭਟਕਣ ਤੋਂ ਬਚਾ ਸਕੇ। ਅੱਜ, ਕੁਝ ਥਾਵਾਂ 'ਤੇ, ਸਿੱਖਣ ਦਾ ਮਾਹੌਲ ਪਹਿਲਾਂ ਵਰਗਾ ਨਹੀਂ ਜਾਪਦਾ।

ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਅਸੀਂ ਵਿਦਿਆਰਥੀ ਸੀ, ਤਾਂ ਪਰਿਵਾਰਕ ਮੈਂਬਰ ਸਾਨੂੰ ਨਿਯਮਿਤ ਤੌਰ 'ਤੇ ਇੱਕ ਜਾਂ ਦੋ ਅਖ਼ਬਾਰ ਪੜ੍ਹਨ ਅਤੇ ਪਾਠਕ੍ਰਮ ਦੇ ਨਾਲ-ਨਾਲ ਹਵਾਲਾ ਕਿਤਾਬਾਂ ਦੀ ਸਲਾਹ ਲੈਣ ਲਈ ਉਤਸ਼ਾਹਿਤ ਕਰਦੇ ਸਨ। ਸਾਨੂੰ ਇਹ ਵੀ ਸਿਖਾਇਆ ਗਿਆ ਸੀ ਕਿ ਕਿਸੇ ਕਿਤਾਬ ਜਾਂ ਲੇਖ ਵਿੱਚ ਵਿਆਕਰਣ ਦੀਆਂ ਗਲਤੀਆਂ ਅਰਥ ਨੂੰ ਵਿਗਾੜ ਸਕਦੀਆਂ ਹਨ, ਇਸ ਲਈ ਸਾਨੂੰ ਸਿਰਫ਼ ਉਸ ਜਾਣਕਾਰੀ 'ਤੇ ਨਿਰਭਰ ਨਹੀਂ ਕਰਨਾ ਚਾਹੀਦਾ। ਹਾਲਾਂਕਿ, ਅੱਜ ਸਥਿਤੀ ਬਦਲ ਗਈ ਹੈ। ਲਾਇਬ੍ਰੇਰੀਆਂ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਮੌਜੂਦਗੀ ਘੱਟ ਗਈ ਹੈ। ਪਹਿਲਾਂ, ਅਧਿਆਪਕ ਪਿੰਡ-ਪਿੰਡ ਜਾ ਕੇ ਘਰ-ਘਰ ਜਾ ਕੇ ਡੇਟਾ ਇਕੱਠਾ ਕਰਦੇ ਸਨ। ਇਹ ਉਸ ਸਮੇਂ ਸ਼ਾਇਦ ਆਕਰਸ਼ਕ ਨਹੀਂ ਲੱਗਦਾ ਸੀ, ਪਰ ਅੱਜ ਇਹ ਸਮਝਿਆ ਜਾਂਦਾ ਹੈ ਕਿ ਜਨਗਣਨਾ ਡੇਟਾ ਇਕੱਠਾ ਕਰਨ ਦੇ ਨਾਲ-ਨਾਲ, ਅਧਿਆਪਕਾਂ ਨੂੰ ਪਿੰਡ, ਆਂਢ-ਗੁਆਂਢ ਅਤੇ ਸਮਾਜ ਦੇ ਸਮਾਜਿਕ ਅਤੇ ਆਰਥਿਕ ਪਿਛੋਕੜ ਨੂੰ ਸਮਝਣ ਦਾ ਮੌਕਾ ਵੀ ਮਿਲਿਆ।

ਸਿੱਖਿਆ ਸੰਸਥਾਵਾਂ ਨੂੰ ਸਾਜ਼ਿਸ਼ਾਂ ਵਿਰੁੱਧ ਖੜ੍ਹੇ ਹੋਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਾਡੇ ਵਿਦਿਅਕ ਅਦਾਰਿਆਂ ਨੂੰ ਕਿਸੇ ਵੀ ਵਿਦੇਸ਼ੀ ਜਾਂ ਘਰੇਲੂ ਸਾਜ਼ਿਸ਼ ਦੇ ਵਿਰੁੱਧ ਖੜ੍ਹੇ ਹੋਣਾ ਚਾਹੀਦਾ ਹੈ, ਜੋ ਇੱਕ ਵਾਰ ਫਿਰ ਦੇਸ਼ ਨੂੰ ਟੁੱਟਣ ਵੱਲ ਲੈ ਜਾ ਰਹੀ ਹੈ ਅਤੇ ਅਰਾਜਕਤਾ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਨੌਜਵਾਨ ਪੀੜ੍ਹੀ ਨੂੰ ਜਾਗਰੂਕ ਕਰਨਾ ਚਾਹੀਦਾ ਹੈ। ਕੇਂਦਰੀ ਰਾਜ ਮੰਤਰੀ ਪ੍ਰੋ. ਐਸ.ਪੀ. ਸਿੰਘ ਬਘੇਲ, ਰਾਜ ਮੰਤਰੀ ਯੋਗੇਂਦਰ ਉਪਾਧਿਆਏ ਅਤੇ ਭੂਪੇਂਦਰ ਚੌਧਰੀ, ਸੰਸਦ ਮੈਂਬਰ ਰਾਜਕੁਮਾਰ ਚਾਹਰ, ਵਾਈਸ ਚਾਂਸਲਰ ਆਸ਼ੂ ਰਾਣੀ, ਮੇਅਰ ਹੇਮਲਤਾ ਦਿਵਾਕਰ ਕੁਸ਼ਵਾਹਾ, ਵਿਧਾਇਕ ਡਾ. ਧਰਮਪਾਲ ਸਿੰਘ, ਜ਼ਿਲ੍ਹਾ ਪੰਚਾਇਤ ਪ੍ਰਧਾਨ ਡਾ. ਮੰਜੂ ਭਦੌਰੀਆ, ਡਾ. ਜੀ.ਐਸ. ਧਰਮੇਸ਼, ਪੁਰਸ਼ੋਤਮ ਖੰਡੇਲਵਾਲ, ਚੌਧਰੀ ਬਾਬੂਲਾਲ, ਭਗਵਾਨ ਸਿੰਘ ਕੁਸ਼ਵਾਹਾ, ਛੋਟੇ ਲਾਲ ਵਰਮਾ, ਰਾਣੀ ਪੱਖਾਲਿਕਾ ਸਿੰਘ, ਰਜਿਸਟਰਾਰ ਅਜੈ ਮਿਸ਼ਰਾ ਤੇ ਹੋਰ ਪਤਵੰਤੇ ਮਹਿਮਾਨ ਇਸ ਮੌਕੇ ਮੌਜੂਦ ਸਨ।

# ਯੋਗੀ ਸਰਕਾਰ ਸਿੱਖਿਆ 'ਚ ਪਛੜੇ ਬੱਚਿਆਂ ਨੂੰ ਮੁੱਖ ਧਾਰਾ 'ਚ ਲਿਆਉਣ ਲਈ ਕੈਚ-ਅੱਪ ਸਿੱਖਿਆ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਏਗੀ



ਲਖਨਊ, 26 ਜੁਲਾਈ (ਅੰਮ੍ਰਿਤਪਾਲ ਸਿੰਘ): ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਦੀ ਅਗਵਾਈ ਹੇਠ ਉੱਤਰ ਪ੍ਰਦੇਸ਼ ਸਰਕਾਰ ਨੇ ਮੁੱਢਲੀ ਸਿੱਖਿਆ ਵਿੱਚ ਸਿੱਖਣ ਦੇ ਪਾੜੇ ਨੂੰ ਪੂਰਾ ਕਰਨ ਲਈ ਕੈਚ-ਅੱਪ ਸਿੱਖਿਆ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦਾ ਫੈਸਲਾ ਕੀਤਾ ਹੈ। ਇਸ ਮੁਹਿੰਮ ਦੇ ਤਹਿਤ, ਕੈਚ-ਅੱਪ ਸਿੱਖਿਆ, ਨਿਪੁਣ ਲਕਸ਼ਯ, ਕਲਾਸਰੂਮ ਟੀਚਿੰਗ ਦੇ 10 ਪ੍ਰਭਾਵਸ਼ਾਲੀ ਅਭਿਆਸ ਤੇ ਪੜ੍ਹਨ ਮੁਹਿੰਮ ਨਾਲ ਸਬੰਧਤ DIC ਸਮੱਗਰੀ 31 ਜੁਲਾਈ ਤੱਕ ਰਾਜ ਭਰ ਦੇ ਸਾਰੇ ਸਰਕਾਰੀ ਸਕੂਲਾਂ, ਮੁੱਢਲੀ ਸਿੱਖਿਆ ਅਧਿਕਾਰੀਆਂ (BRCs), BSA ਦਫ਼ਤਰਾਂ ਅਤੇ DIE's ਵਿੱਚ ਪ੍ਰਦਰਸ਼ਿਤ ਕੀਤੀ ਜਾਵੇਗੀ। ਸਕੂਲ ਸਿੱਖਿਆ ਦੇ ਡਾਇਰੈਕਟਰ ਜਨਰਲ ਅਤੇ ਰਾਜ ਪ੍ਰੋਜੈਕਟ ਡਾਇਰੈਕਟਰ ਮੋਨਿਕਾ ਰਾਣੀ ਨੇ ਸਹਾਇਕ ਸਿੱਖਿਆ ਨਿਰਦੇਸ਼ਕਾਂ (ਮੂਲ), DIE ਪ੍ਰਿੰਸੀਪਲਾਂ, ਜ਼ਿਲ੍ਹਾ ਮੁੱਢਲੀ ਸਿੱਖਿਆ ਅਧਿਕਾਰੀਆਂ, ਬਲਾਕ ਸਿੱਖਿਆ ਅਧਿਕਾਰੀਆਂ, ਜ਼ਿਲ੍ਹਾ ਕੋਆਰਡੀਨੇਟਰਾਂ, SRGs ਅਤੇ ARPs ਨੂੰ ਸਮੇਂ ਸਿਰ ਲਾਗੂ ਕਰਨ ਲਈ ਨਿਰਦੇਸ਼ ਜਾਰੀ ਕੀਤੇ ਹਨ।

ਨਿਰਦੇਸ਼ਾਂ ਵਿੱਚ ਕਿਹਾ ਗਿਆ ਹੈ ਕਿ ਸਬੰਧਤ IEC ਸਮੱਗਰੀ ਨੂੰ ਸਕੂਲਾਂ, BRCs, BSA ਦਫ਼ਤਰਾਂ ਅਤੇ DIE's ਵਿੱਚ ਪ੍ਰਮੁੱਖ ਸਥਾਨਾਂ 'ਤੇ ਛਾਪਿਆ ਅਤੇ ਪ੍ਰਦਰਸ਼ਿਤ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਅਧਿਆਪਕ ਹਰ ਰੋਜ਼ ਕਲਾਸਰੂਮ ਟੀਚਿੰਗ ਵਿੱਚ ਇਹਨਾਂ ਵਿਦਿਅਕ ਸੰਦੇਸ਼ਾਂ ਦੀ ਵਰਤੋਂ ਕਰ ਸਕਣ। ਇਸ ਰਾਹੀਂ, ਟੀਚਾ ਰਾਜ ਭਰ ਵਿੱਚ ਯੋਗਤਾ-ਅਧਾਰਤ ਸਿੱਖਿਆ ਦੀ ਇੱਕ ਸਮਾਨ ਕਾਰਜ ਸੰਸਕ੍ਰਿਤੀ ਵਿਕਸਤ ਕਰਨਾ ਹੈ। ਯੋਗੀ ਸਰਕਾਰ ਦਾ ਮੰਨਣਾ ਹੈ ਕਿ ਸਕੂਲਾਂ ਵਿੱਚ ਇੱਕ ਸਮਾਨ ਵਿਦਿਅਕ ਸੰਦੇਸ਼ ਤੇ ਸਪੱਸ਼ਟ ਸਿੱਖਣ ਦੇ ਟੀਚੇ ਪ੍ਰਦਾਨ ਕਰਨ ਨਾਲ ਅਧਿਆਪਕਾਂ ਦੇ ਕੰਮ ਦੀ ਅਗਵਾਈ ਹੋਵੇਗੀ ਤੇ ਬੱਚਿਆਂ ਦੇ ਸਿੱਖਣ ਦੇ ਨਤੀਜਿਆਂ ਵਿੱਚ ਸੁਧਾਰ ਹੋਵੇਗਾ।

ਕੈਚ-ਅੱਪ ਟੀਚਿੰਗ ਲਈ 15-ਨੁਕਾਤੀ ਰਣਨੀਤੀ : ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਇੱਕ 15-ਨੁਕਾਤੀ ਰਣਨੀਤੀ ਤਿਆਰ ਕੀਤੀ ਗਈ ਹੈ। ਇਸ ਵਿੱਚ ਸਿੱਖਣ ਵਿੱਚ ਪਿੱਛੇ ਰਹਿ ਰਹੇ ਬੱਚਿਆਂ ਦੀ ਪਛਾਣ ਕਰਨਾ, ਬੁਨਿਆਦੀ ਯੋਗਤਾਵਾਂ ਦਾ ਮੁਲਾਂਕਣ ਕਰਨਾ, ਪੱਧਰ ਅਨੁਸਾਰ ਸਮੂਹਾਂ ਵਿੱਚ ਪੜ੍ਹਾਉਣਾ, ਰੋਜ਼ਾਨਾ ਅਤੇ ਹਫਤਾਵਾਰੀ ਹਦਾਇਤ ਯੋਜਨਾਬੰਦੀ, ਗਤੀਵਿਧੀ-ਅਧਾਰਤ ਸਿਖਲਾਈ, LM ਦੀ ਪ੍ਰਭਾਵਸ਼ਾਲੀ ਵਰਤੋਂ, ਨਿਯਮਤ ਅਭਿਆਸ, ਨਿਰੰਤਰ ਮੁਲਾਂਕਣ, ਪੜ੍ਹਨ ਦੀਆਂ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨਾ, ਮਾਪਿਆਂ ਦੀ ਸ਼ਮੂਲੀਅਤ ਤੇ ਬੱਚਿਆਂ ਦੀ ਪ੍ਰਗਤੀ ਦੀ ਨਿਰੰਤਰ ਨਿਗਰਾਨੀ ਸ਼ਾਮਲ ਹੈ। ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਹਰੇਕ ਬੱਚਾ ਆਪਣੀ ਕਲਾਸ ਦੇ ਅਨੁਸਾਰ ਸਿੱਖਣ ਦੇ ਪੱਧਰ ਤੱਕ ਪਹੁੰਚੇ ਅਤੇ ਸਮੇਂ ਸਿਰ ਸਿੱਖਣ ਦੇ ਪਾੜੇ ਨੂੰ ਦੂਰ ਕੀਤਾ ਜਾਵੇ।

ਪੜ੍ਹਨ ਮੁਹਿੰਮਾਂ ਪੜ੍ਹਨ ਸੱਭਿਆਚਾਰ ਨੂੰ ਮਜ਼ਬੂਤ ਕਰਨਗੀਆਂ : IEC ਸਮੱਗਰੀ ਵਿੱਚ ਪੜ੍ਹਨ ਮੁਹਿੰਮ ਨੂੰ ਵੀ ਉਜਾਗਰ ਕੀਤਾ ਗਿਆ ਹੈ। ਸਕੂਲਾਂ ਵਿੱਚ ਨਿਯਮਤ ਪੜ੍ਹਨ ਦੀਆਂ ਗਤੀਵਿਧੀਆਂ, ਪੜ੍ਹਨ ਵਾਲੇ ਕੋਨਿਆਂ, ਕਿਤਾਬ ਚਰਚਾਵਾਂ, ਕਹਾਣੀ ਸੁਣਾਉਣ ਤੇ ਹੋਰ ਨਵੀਨਤਾਕਾਰੀ ਪਹਿਲਕਦਮੀਆਂ ਰਾਹੀਂ ਬੱਚਿਆਂ ਵਿੱਚ ਪੜ੍ਹਨ ਦੀਆਂ ਆਦਤਾਂ ਵਿਕਸਤ ਕਰਨ ਅਤੇ ਭਾਸ਼ਾ ਦੀ ਮੁਹਾਰਤ ਨੂੰ ਮਜ਼ਬੂਤ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ। ਇਹ ਬੱਚਿਆਂ ਦੀ ਸਮਝ, ਪ੍ਰਗਟਾਵੇ ਤੇ ਸਿੱਖਣ ਦੀਆਂ ਯੋਗਤਾਵਾਂ ਵਿੱਚ ਨਿਰੰਤਰ ਸੁਧਾਰ ਕਰੇਗਾ।

# ਧੀਆਂ ਦੇ ਵਿਆਹ ਲਈ ਮਾਨ ਸਰਕਾਰ ਦਾ ਵੱਡਾ ਉਪਰਾਲਾ: 'ਅਸ਼ੀਰਵਾਦ ਸਕੀਮ' ਤਹਿਤ 28.01 ਕਰੋੜ ਦੀ ਰਾਸ਼ੀ ਜਾਰੀ : ਡਾ. ਬਲਜੀਤ ਕੌਰ



ਚੰਡੀਗੜ੍ਹ, 26 ਜੁਲਾਈ (ਅੰਮ੍ਰਿਤਪਾਲ ਸਿੰਘ): ਲੋੜਵੰਦ ਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੇ ਸਤਿਕਾਰ ਅਤੇ ਵਿੱਤੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਵਿੱਤੀ ਸਾਲ 2026-27 ਦੌਰਾਨ 'ਅਸ਼ੀਰਵਾਦ ਸਕੀਮ' ਅਧੀਨ ਅਨੁਸੂਚਿਤ ਜਾਤੀਆਂ ਦੇ 5,492 ਲਾਭਪਾਤਰੀਆਂ ਲਈ ₹28.01 ਕਰੋੜ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬੇ ਦੇ 19 ਜ਼ਿਲ੍ਹਿਆਂ ਦੇ ਯੋਗ ਲਾਭਪਾਤਰੀਆਂ ਲਈ ਇਹ ਵਿੱਤੀ ਸਹਾਇਤਾ ਪ੍ਰਵਾਨ ਕੀਤੀ ਗਈ ਹੈ, ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰ ਆਪਣੀਆਂ ਧੀਆਂ ਦੇ ਵਿਆਹ ਦੇ ਖਰਚੇ ਪੂਰੇ ਸਤਿਕਾਰ ਅਤੇ ਆਤਮ-ਵਿਸ਼ਵਾਸ ਨਾਲ ਕਰ ਸਕਣ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਅਸ਼ੀਰਵਾਦ ਪੋਰਟਲ 'ਤੇ ਪ੍ਰਾਪਤ ਹੋਈਆਂ ਦਰਖਾਸਤਾਂ ਦੇ ਆਧਾਰ 'ਤੇ ਬਰਨਾਲਾ, ਬਠਿੰਡਾ, ਫਰੀਦਕੋਟ, ਫਿਰੋਜ਼ਪੁਰ, ਫਤਹਿਗੜ੍ਹ ਸਾਹਿਬ, ਫਾਜ਼ਿਲਕਾ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਲੁਧਿਆਣਾ, ਮੋਗਾ, ਸ੍ਰੀ ਮੁਕਤਸਰ ਸਾਹਿਬ, ਪਟਿਆਲਾ, ਪਠਾਨਕੋਟ, ਰੂਪਨਗਰ, ਐਸ.ਏ.ਐਸ. ਨਗਰ, ਐਸ.ਬੀ.ਐਸ. ਨਗਰ, ਸੰਗਰੂਰ ਤੇ ਮਾਲੇਰਕੋਟਲਾ ਦੇ ਲਾਭਪਾਤਰੀਆਂ ਨੂੰ ਇਸ ਤਾਜ਼ਾ ਜਾਰੀ ਹੋਈ ਗ੍ਰਾਂਟ/ਸਹਾਇਤਾ ਹੇਠ ਕਵਰ ਕੀਤਾ ਗਿਆ ਹੈ।

ਸਮਾਜਿਕ ਨਿਆਂ ਮੰਤਰੀ ਨੇ ਜ਼ਿਲ੍ਹਾ-ਵਾਰ ਆਂਕੜੇ ਸਾਂਝੇ ਕਰਦਿਆਂ ਦੱਸਿਆ ਕਿ ਇਸ ਜਾਰੀ ਕੀਤੀ ਗਈ ਰਾਸ਼ੀ ਨਾਲ ਜ਼ਿਲ੍ਹਾ ਫਾਜ਼ਿਲਕਾ ਦੇ 882, ਪਟਿਆਲਾ ਦੇ 611, ਫਿਰੋਜ਼ਪੁਰ ਦੇ 604, ਲੁਧਿਆਣਾ ਦੇ 403, ਮੋਗਾ ਦੇ 400, ਸ੍ਰੀ ਮੁਕਤਸਰ ਸਾਹਿਬ ਦੇ 384, ਹੁਸ਼ਿਆਰਪੁਰ ਦੇ 333, ਗੁਰਦਾਸਪੁਰ ਦੇ 297, ਬਰਨਾਲਾ ਦੇ 288 ਤੇ ਐਸ.ਬੀ.ਐਸ. ਨਗਰ ਦੇ 219 ਲਾਭਪਾਤਰੀਆਂ ਨੂੰ ਵਿੱਤੀ ਰਾਹਤ ਪ੍ਰਦਾਨ ਕੀਤੀ ਗਈ ਹੈ।

ਇਸੇ ਤਰ੍ਹਾਂ ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਦੇ 163, ਫਤਹਿਗੜ੍ਹ ਸਾਹਿਬ ਦੇ 160, ਸੰਗਰੂਰ ਦੇ 160, ਐਸ.ਏ.ਐਸ. ਨਗਰ ਦੇ 114, ਜਲੰਧਰ ਦੇ 114, ਰੂਪਨਗਰ ਦੇ 104, ਫਰੀਦਕੋਟ ਦੇ 103, ਮਾਲੇਰਕੋਟਲਾ ਦੇ 95 ਅਤੇ ਪਠਾਨਕੋਟ ਜ਼ਿਲ੍ਹੇ ਦੇ 58 ਅਨੁਸੂਚਿਤ ਜਾਤੀ ਲਾਭਪਾਤਰੀਆਂ ਨੂੰ ਵੀ ਇਸ ਸਕੀਮ ਦਾ ਲਾਭ ਦਿੱਤਾ ਗਿਆ ਹੈ।

ਸਕੀਮ ਦੀਆਂ ਵਿਸ਼ੇਸ਼ਤਾਵਾਂ ਬਾਰੇ ਚਾਨਣਾ ਪਾਉਂਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਯੋਗ ਪਰਿਵਾਰਾਂ ਨੂੰ ਧੀਆਂ ਦੇ ਵਿਆਹ ਲਈ ₹51,000 ਦੀ ਆਰਥਿਕ ਮਦਦ ਦਿੱਤੀ ਜਾਂਦੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਬਿਨੈਕਾਰ ਪੰਜਾਬ ਦਾ ਸਥਾਈ ਨਿਵਾਸੀ ਹੋਵੇ, ਗਰੀਬੀ ਰੇਖਾ ਤੋਂ ਹੇਠਾਂ (2PL) ਰਹਿ ਰਿਹਾ ਹੋਵੇ ਤੇ ਪਰਿਵਾਰ ਦੀ ਸਾਰੇ ਸਾਧਨਾਂ ਤੋਂ ਕੁੱਲ ਸਾਲਾਨਾ ਆਮਦਨ ₹32,790 ਤੋਂ ਘੱਟ ਹੋਵੇ। ਇੱਕ ਪਰਿਵਾਰ ਦੀਆਂ ਵੱਧ ਤੋਂ ਵੱਧ ਦੋ ਧੀਆਂ ਇਸ ਸਕੀਮ ਦਾ ਲਾਭ ਲੈਣ ਲਈ ਯੋਗ ਹਨ। ਡਾ. ਬਲਜੀਤ ਕੌਰ ਨੇ ਅੱਗੇ ਦੱਸਿਆ ਕਿ ਪੂਰੀ ਪਾਰਦਰਸ਼ਤਾ ਅਤੇ ਸਮੇਂ ਸਿਰ ਭੁਗਤਾਨ ਯਕੀਨੀ ਬਣਾਉਣ ਲਈ ਇਹ ਸਹਾਇਤਾ ਰਾਸ਼ੀ ਡੀ.ਬੀ.ਟੀ. (Direct Benefit Transfer) ਰਾਹੀਂ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਜਾਂਦੀ ਹੈ। ਉਨ੍ਹਾਂ ਦੋਹਰਾਇਆ ਕਿ ਭਗਵੰਤ ਸਿੰਘ ਮਾਨ ਸਰਕਾਰ ਪਾਰਦਰਸ਼ੀ ਅਤੇ ਲੋਕ-ਹਿਤੈਸ਼ੀ ਪਹਿਲਕਦਮੀਆਂ ਰਾਹੀਂ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਵਚਨਬੱਧ ਹੈ, ਤਾਂ ਜੋ ਸੂਬੇ ਵਿੱਚ ਸਮਾਜਿਕ ਨਿਆਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।

# ਯੂ.ਪੀ. ਵਿੱਚ ਚਰਾਉਣ ਵਾਲੀ ਜ਼ਮੀਨ 'ਤੇ ਹਰਾ ਚਾਰਾ ਮੁਹਿੰਮ ਨੂੰ ਮਿਲੀ ਰਫ਼ਤਾਰ

ਲਖਨਊ, 26 ਜੁਲਾਈ (ਅੰਮ੍ਰਿਤਪਾਲ ਸਿੰਘ): ਯੋਗੀ ਸਰਕਾਰ ਰਾਜ ਵਿੱਚ ਪਸ਼ੂਆਂ ਦੀ ਸੁਰੱਖਿਆ ਤੇ ਚਾਰੇ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਚਰਾਗਾਹਾਂ 'ਤੇ ਹਰਾ ਚਾਰਾ ਕਵਰੇਜ ਮੁਹਿੰਮ ਨੂੰ ਤੇਜ਼ੀ ਨਾਲ ਲਾਗੂ



ਕਰ ਰਹੀ ਹੈ। ਅੰਕੜਿਆਂ ਅਨੁਸਾਰ, ਰਾਜ ਵਿੱਚ 58,115 ਗ੍ਰਾਮ ਪੰਚਾਇਤਾਂ ਵਿੱਚ ਕੁੱਲ 61,118.85 ਹੈਕਟੇਅਰ ਚਰਾਉਣ ਵਾਲੀ ਜ਼ਮੀਨ ਉਪਲਬਧ ਹੈ। ਪੇਂਡੂ ਖੇਤਰਾਂ ਵਿੱਚ ਚੱਲ ਰਹੇ 6,287 ਅਸਥਾਈ ਅਤੇ ਸਥਾਈ ਗਊ ਆਸ਼ਰਮਾਂ ਵਿੱਚੋਂ, 5,050 ਗਊ ਆਸ਼ਰਮਾਂ ਨੂੰ 10,421.45 ਹੈਕਟੇਅਰ ਚਰਾਗਾਹ ਜ਼ਮੀਨ ਨਾਲ ਜੋੜਿਆ ਗਿਆ ਹੈ, ਤਾਂ ਜੋ ਪਸ਼ੂਆਂ ਲਈ ਹਰੇ ਚਾਰੇ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾ ਸਕੇ। ਹੁਣ ਤੱਕ, ਯੋਗੀ ਸਰਕਾਰ ਨੇ 39,721 ਹੈਕਟੇਅਰ ਜ਼ਮੀਨ ਨੂੰ ਕਬਜ਼ੇ ਤੋਂ ਮੁਕਤ ਕਰ ਦਿੱਤਾ ਹੈ। ਇਸ ਦੌਰਾਨ, ਪਸ਼ੂ ਪਾਲਣ ਵਿਭਾਗ ਦੇ ਵਧੀਕ ਮੁੱਖ ਸਕੱਤਰ ਮੁਕੇਸ਼ ਮੇਸ਼ਰਾਮ ਨੇ ਕਿਹਾ ਕਿ ਚਰਾਗਾਹ ਜ਼ਮੀਨ 'ਤੇ ਹਰੇ ਚਾਰੇ ਦੀ ਕਵਰੇਜ ਦੇ ਮਾਮਲੇ ਵਿੱਚ ਹਰਦੋਈ ਰਾਜ ਵਿੱਚ ਸਭ ਤੋਂ ਅੱਗੇ ਹੈ, ਜਿੱਥੇ 462.76 ਹੈਕਟੇਅਰ ਦੇ ਖੇਤਰ ਵਿੱਚ ਹਰਾ ਚਾਰਾ ਲਗਾਇਆ ਗਿਆ ਹੈ। ਇਸ ਤੋਂ ਬਾਅਦ ਫਤਿਹਪੁਰ (176.69 ਹੈਕਟੇਅਰ), ਰਾਏਬਰੇਲੀ (163.33 ਹੈਕਟੇਅਰ), ਸੰਭਲ (152.74 ਹੈਕਟੇਅਰ), ਆਗਰਾ (151.00 ਹੈਕਟੇਅਰ), ਅਲੀਗੜ੍ਹ (150.00 ਹੈਕਟੇਅਰ), ਬਹਿਰਾਈਚ (133.56 ਹੈਕਟੇਅਰ), ਬਾਰਾਬੰਕੀ (121.28 ਹੈਕਟੇਅਰ), ਫਿਰੋਜ਼ਾਬਾਦ (115.00 ਹੈਕਟੇਅਰ) ਤੇ ਹਮੀਰਪੁਰ (107.00 ਹੈਕਟੇਅਰ) ਦਾ ਸਥਾਨ ਹੈ। ਰਾਜ ਸਰਕਾਰ ਨੇ ਚਾਰੇ ਅਤੇ ਪੀਣ ਵਾਲੇ ਪਾਣੀ ਦੀ ਉਪਲਬਧਤਾ ਤੋਂ ਲੈ ਕੇ ਪਸ਼ੂਆਂ ਦੀਆਂ ਸੇਵਾਵਾਂ, ਗਰਮੀ ਦੇ ਤਣਾਅ ਪ੍ਰਬੰਧਨ ਤੇ ਬਿਮਾਰੀ ਦੀ ਨਿਗਰਾਨੀ ਤੱਕ ਕਈ ਮਹੱਤਵਪੂਰਨ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਹਨ। ਇਸ ਯੋਜਨਾ ਦੇ ਤਹਿਤ, ਚਾਰੇ ਦੀ ਘਾਟ ਵਾਲੇ ਜ਼ਿਲ੍ਹੇ, ਖਾਸ ਕਰਕੇ ਬੁੰਦੇਲਖੰਡ ਖੇਤਰ ਦੇ ਕੁਝ, ਦੀ ਪਛਾਣ ਪਹਿਲਾਂ ਕੀਤੀ ਗਈ ਹੈ। ਇਨ੍ਹਾਂ ਜ਼ਿਲ੍ਹਿਆਂ ਵਿੱਚ ਚਾਰੇ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ, ਉੱਚ ਉਤਪਾਦਕ ਜ਼ਿਲ੍ਹਿਆਂ ਤੋਂ ਅੰਤਰ-ਜ਼ਿਲ੍ਹਾ ਪੱਧਰ 'ਤੇ ਚਾਰਾ ਅਤੇ ਤੂੜੀ ਉਪਲਬਧ ਕਰਵਾਈ ਜਾਵੇਗੀ। ਇਸ ਤੋਂ ਇਲਾਵਾ, ਘਾਹ ਅਤੇ ਹੋਰ ਚਾਰਾ ਸੂਚਿਤ ਜੰਗਲੀ ਖੇਤਰਾਂ ਤੋਂ ਖਰੀਦਿਆ ਜਾਵੇਗਾ।

ਪਸ਼ੂਆਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ, ਅਸੰਤੁਲਿਤ ਫੀਡ ਕਾਰਨ ਨਾਈਟ੍ਰੇਟ ਅਤੇ ਨਾਈਟ੍ਰਾਈਟ ਜ਼ਹਿਰ ਨੂੰ ਰੋਕਣ ਲਈ ਇੱਕ ਸਲਾਹ ਜਾਰੀ ਕੀਤੀ ਗਈ ਹੈ। ਪਾਣੀ ਦੀ ਕਮੀ ਵਾਲੇ ਖੇਤਰਾਂ ਵਿੱਚ, ਸਥਾਨਕ ਤਲਾਬਾਂ ਅਤੇ ਝੀਲਾਂ ਨੂੰ ਨਹਿਰਾਂ ਜਾਂ ਟਿਊਬਵੈੱਲਾਂ ਰਾਹੀਂ ਭਰਿਆ ਜਾਵੇਗਾ, ਅਤੇ ਲੋੜ ਅਨੁਸਾਰ ਪਾਣੀ ਦੇ ਟੈਂਕਰਾਂ ਦਾ ਪ੍ਰਬੰਧ ਕੀਤਾ ਜਾਵੇਗਾ। ਯੋਗੀ ਸਰਕਾਰ ਜਾਨਵਰਾਂ ਲਈ ਟਿਕਾਊ ਚਾਰੇ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ V2-7-Ram-7 ਯੋਜਨਾ ਦੇ ਤਹਿਤ ਚਰਾਗਾਹਾਂ ਅਤੇ ਚਰਾਗਾਹਾਂ ਦੇ ਵਿਕਾਸ ਨੂੰ ਵੀ ਤੇਜ਼ ਕਰੇਗੀ। ਇਸ ਤੋਂ ਇਲਾਵਾ, ਜਾਨਵਰਾਂ ਦੇ ਇਲਾਜ ਲਈ ਜੀਵਨ-ਰੱਖਿਅਕ ਦਵਾਈਆਂ ਤੇ ਟੀਕਿਆਂ ਦੀ ਢੁਕਵੀਂ ਉਪਲਬਧਤਾ, ਗਰਮੀ ਦੇ ਤਣਾਅ ਪ੍ਰਬੰਧਨ ਲਈ ਖਣਿਜ ਮਿਸ਼ਰਣਾਂ ਤੇ ਇਲੈਕਟ੍ਰੋਲਾਈਟਸ ਦੀ ਵੰਡ ਤੇ ਛੂਤ ਦੀਆਂ ਬਿਮਾਰੀਆਂ ਦੀ ਸਰਗਰਮ ਨਿਗਰਾਨੀ ਨੂੰ ਯਕੀਨੀ ਬਣਾਇਆ ਗਿਆ ਹੈ। ਜਾਨਵਰਾਂ ਨੂੰ ਤੁਰੰਤ ਡਾਕਟਰੀ ਦੇਖਭਾਲ ਪ੍ਰਦਾਨ ਕਰਨ ਲਈ, ਰਾਜ ਵਿੱਚ ਕੰਮ ਕਰ ਰਹੀਆਂ 520 ਮੋਬਾਈਲ ਵੈਟਰਨਰੀ ਯੂਨਿਟਾਂ ਨੂੰ ਸਰਗਰਮ ਰੱਖਿਆ ਗਿਆ ਹੈ। ਉਨ੍ਹਾਂ ਦੀਆਂ ਸੇਵਾਵਾਂ ਟੋਲ-ਫ੍ਰੀ ਨੰਬਰ 1962 ਰਾਹੀਂ 24x7 ਉਪਲਬਧ ਹਨ, ਜੋ ਕਿਸੇ ਵੀ ਐਮਰਜੈਂਸੀ ਵਿੱਚ ਜਾਨਵਰਾਂ ਦਾ ਤੁਰੰਤ ਇਲਾਜ ਯਕੀਨੀ ਬਣਾਉਂਦੀਆਂ ਹਨ। ਯੋਗੀ ਸਰਕਾਰ ਦਾ ਉਦੇਸ਼ ਸੰਭਾਵਿਤ ਸੋਕੇ ਤੇ ਗਰਮੀ ਦੇ ਪ੍ਰਭਾਵ ਨੂੰ ਘਟਾਉਂਦੇ ਹੋਏ ਪਸ਼ੂਆਂ ਤੇ ਹੋਰ ਪਸ਼ੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਅਤੇ ਪਸ਼ੂ ਪਾਲਕਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨਾ ਹੈ।

# ਗੈਂਗਸਟਰਾਂ 'ਤੇ ਵਾਰ ਦੇ 187ਵੇਂ ਦਿਨ 532 ਥਾਵਾਂ ਉੱਤੇ ਛਾਪੇਮਾਰੀ ਦੌਰਾਨ 353 ਕਾਬੂ




ਚੰਡੀਗੜ੍ਹ, 26 ਜੁਲਾਈ (ਚ.ਨ.ਸ.): ਸੂਬੇ ਵਿੱਚ ਚੱਲ ਰਹੀ ਮੁਹਿੰਮ 'ਗੈਂਗਸਟਰਾਂ 'ਤੇ ਵਾਰ' ਦੇ 187ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 532 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ 'ਤੇ ਵਾਰ'- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

187ਵੇਂ ਦਿਨ ਪੁਲਿਸ ਟੀਮਾਂ ਨੇ ਇੱਕ ਹਥਿਆਰ ਸਮੇਤ 353 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 53,248 ਹੋ ਗਈਆਂ। ਇਸ ਤੋਂ ਇਲਾਵਾ 212 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 3 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।

ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਗੁਪਤ ਰੂਪ ਵਿੱਚ ਰਿਪੋਰਟ ਕਰ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦੇ ਸਕਦੇ ਹਨ।

## ਸੰਪਾਦਕੀ

# ਸਿੱਖਿਆ 'ਤੇ ਭਰੋਸਾ ਮੁੜ ਕਿਵੇਂ ਬਹਾਲ ਹੋਵੇ ?

ਦੇਸ਼ ਦੀ ਸਿੱਖਿਆ ਪ੍ਰਣਾਲੀ ਕਿਸੇ ਵੀ ਰਾਸ਼ਟਰ ਦੇ ਭਵਿੱਖ ਦੀ ਨੀਂਹ ਹੁੰਦੀ ਹੈ। ਜੇਕਰ ਇਸ ਨੀਂਹ ਵਿੱਚ ਹੀ ਦਰਾਰਾਂ ਪੈ ਜਾਣ ਤਾਂ ਨਾ ਸਿਰਫ਼ ਲੱਖਾਂ ਵਿਦਿਆਰਥੀਆਂ ਦੇ ਸੁਪਨੇ ਟੁੱਟਦੇ ਹਨ, ਸਗੋਂ ਦੇਸ਼ ਦਾ ਭਵਿੱਖ ਵੀ ਸਵਾਲਾਂ ਦੇ ਘੇਰੇ ਵਿੱਚ ਆ ਜਾਂਦਾ ਹੈ। 2026 ਦੇ NEET ਪੇਪਰ ਲੀਕ ਵਿਵਾਦ ਤੋਂ ਬਾਅਦ ਉੱਠੇ ਦੇਸ਼-ਵਿਆਪੀ ਵਿਦਿਆਰਥੀ ਅੰਦੋਲਨ ਅਤੇ ਉਸ ਦੇ ਸਿਆਸੀ ਨਤੀਜਿਆਂ ਨੇ ਇੱਕ ਵਾਰ ਫਿਰ ਇਹ ਸਾਬਤ ਕਰ ਦਿੱਤਾ ਹੈ ਕਿ ਭਾਰਤ ਦੀ ਪ੍ਰੀਖਿਆ ਪ੍ਰਣਾਲੀ ਵਿੱਚ ਵਿਆਪਕ ਸੁਧਾਰਾਂ ਦੀ ਲੋੜ ਹੈ। ਤਾਜ਼ਾ ਘਟਨਾਕ੍ਰਮ ਵਿੱਚ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਅਤੇ ਸਰਕਾਰ ਵੱਲੋਂ ਪ੍ਰੀਖਿਆ ਪ੍ਰਣਾਲੀ ਵਿੱਚ ਸੁਧਾਰਾਂ ਦੇ ਭਰੋਸੇ ਨੇ ਇਸ ਮੁੱਦੇ ਨੂੰ ਹੋਰ ਵੀ ਗੰਭੀਰ ਬਣਾ ਦਿੱਤਾ ਹੈ। ਇਹ ਮਾਮਲਾ ਕਿਸੇ ਇੱਕ ਮੰਤਰੀ ਜਾਂ ਇੱਕ ਪ੍ਰੀਖਿਆ ਤੱਕ ਸੀਮਤ ਨਹੀਂ ਹੈ। ਸਵਾਲ ਇਹ ਹੈ ਕਿ ਜਦੋਂ ਲੱਖਾਂ ਵਿਦਿਆਰਥੀ ਸਾਲਾਂ ਦੀ ਮਿਹਨਤ, ਮਾਪਿਆਂ ਦੀ ਕਮਾਈ ਅਤੇ ਆਪਣੇ ਭਵਿੱਖ ਦੀ ਆਸ ਇੱਕ ਪ੍ਰੀਖਿਆ ਨਾਲ ਜੋੜਦੇ ਹਨ, ਤਾਂ ਉਸ ਪ੍ਰੀਖਿਆ ਦੀ ਪਵਿੱਤਰਤਾ ਨੂੰ ਕੌਣ ਯਕੀਨੀ ਬਣਾਏਗਾ? ਜੇ ਪੇਪਰ ਲੀਕ, ਨਕਲ ਮਾਫ਼ੀਆ ਅਤੇ ਪ੍ਰਬੰਧਕੀ ਖਾਮੀਆਂ ਵਾਰ-ਵਾਰ ਸਾਹਮਣੇ ਆਉਣ, ਤਾਂ ਵਿਦਿਆਰਥੀਆਂ ਦਾ ਭਰੋਸਾ ਟੁੱਟਣਾ ਸੁਭਾਵਿਕ ਹੈ। ਇਸ ਘਟਨਾ ਨੇ ਇਹ ਵੀ ਦਰਸਾਇਆ ਹੈ ਕਿ ਅੱਜ ਦਾ ਨੌਜਵਾਨ ਸਿਰਫ਼ ਸੋਸ਼ਲ ਮੀਡੀਆ ਤੱਕ ਸੀਮਤ ਨਹੀਂ, ਸਗੋਂ ਆਪਣੇ ਅਧਿਕਾਰਾਂ ਲਈ ਲੋਕਤੰਤਰਿਕ ਢੰਗ ਨਾਲ ਆਵਾਜ਼ ਉਠਾਉਣ ਲਈ ਵੀ ਤਿਆਰ ਹੈ। ਦੇਸ਼ ਦੇ ਕਈ ਹਿੱਸਿਆਂ ਵਿੱਚ ਹੋਏ ਪ੍ਰਦਰਸ਼ਨਾਂ ਅਤੇ ਇਸ ਮੁੱਦੇ ਨੂੰ ਮਿਲੀ ਅੰਤਰਰਾਸ਼ਟਰੀ ਤਵੱਜੋ ਨੇ ਭਾਰਤ ਦੀ ਸਿੱਖਿਆ ਪ੍ਰਣਾਲੀ ਦੀ ਸਾਖ਼ ਉੱਤੇ ਵੀ ਅਸਰ ਪਾਇਆ ਹੈ। ਪਰ ਕੇਵਲ ਅਸਤੀਫ਼ਾ ਹੀ ਹੱਲ ਨਹੀਂ ਹੋ ਸਕਦਾ। ਜੇ ਪ੍ਰਣਾਲੀ ਉਹੀ ਰਹੇਗੀ, ਤਾਂ ਚਿਹਰੇ ਬਦਲਣ ਨਾਲ ਹਾਲਾਤ ਨਹੀਂ ਬਦਲਣਗੇ। ਲੋੜ ਇਸ ਗੱਲ ਦੀ ਹੈ ਕਿ ਪ੍ਰੀਖਿਆਵਾਂ ਦੀ ਪੂਰੀ ਪ੍ਰਕਿਰਿਆ ਨੂੰ ਪਾਰਦਰਸ਼ੀ, ਤਕਨੀਕੀ ਤੌਰ 'ਤੇ ਸੁਰੱਖਿਅਤ ਅਤੇ ਜਵਾਬਦੇਹ ਬਣਾਇਆ ਜਾਵੇ। ਪੇਪਰ ਤਿਆਰ ਕਰਨ ਤੋਂ ਲੈ ਕੇ ਪ੍ਰਿੰਟਿੰਗ, ਆਵਾਜਾਈ ਅਤੇ ਪ੍ਰੀਖਿਆ ਕੇਂਦਰਾਂ ਤੱਕ ਹਰ ਪੜਾਅ ਦੀ ਸੁਤੰਤਰ ਨਿਗਰਾਨੀ ਹੋਣੀ ਚਾਹੀਦੀ ਹੈ। ਜੇ ਕਿਸੇ ਵੀ ਪੱਧਰ 'ਤੇ ਲਾਪਰਵਾਹੀ ਜਾਂ ਭ੍ਰਿਸ਼ਟਾਚਾਰ ਸਾਹਮਣੇ ਆਵੇ ਤਾਂ ਜ਼ਿੰਮੇਵਾਰ ਵਿਅਕਤੀਆਂ ਨੂੰ ਤੁਰੰਤ ਅਤੇ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ। ਇਸ ਦੇ ਨਾਲ ਹੀ ਸਿੱਖਿਆ ਨੂੰ ਰਾਜਨੀਤਿਕ ਦੋਸ਼ਾਰੋਪਣ ਦਾ ਮੈਦਾਨ ਬਣਾਉਣ ਦੀ ਬਜਾਏ ਰਾਸ਼ਟਰੀ ਤਰਜੀਹ ਬਣਾਉਣਾ ਹੋਵੇਗਾ। ਸਰਕਾਰਾਂ ਬਦਲਦੀਆਂ ਰਹਿੰਦੀਆਂ ਹਨ, ਪਰ ਵਿਦਿਆਰਥੀਆਂ ਦਾ ਭਵਿੱਖ ਕਿਸੇ ਸਰਕਾਰ ਦੀ ਮਿਆਦ ਨਾਲ ਨਹੀਂ ਜੁੜਿਆ ਹੁੰਦਾ। ਇਸ ਲਈ ਸਾਰੀਆਂ ਸਿਆਸੀ ਧਿਰਾਂ, ਸਿੱਖਿਆ ਮਾਹਿਰਾਂ, ਨਿਆਂਪਾਲਿਕਾ ਅਤੇ ਸਮਾਜ ਨੂੰ ਮਿਲ ਕੇ ਅਜਿਹਾ ਢਾਂਚਾ ਤਿਆਰ ਕਰਨਾ ਹੋਵੇਗਾ ਜਿਸ 'ਤੇ ਹਰ ਵਿਦਿਆਰਥੀ ਅੱਖਾਂ ਬੰਦ ਕਰਕੇ ਭਰੋਸਾ ਕਰ ਸਕੇ। ਅੱਜ ਦੀ ਸਭ ਤੋਂ ਵੱਡੀ ਲੋੜ ਸਿਰਫ਼ ਨਵਾਂ ਸਿੱਖਿਆ ਮੰਤਰੀ ਨਹੀਂ, ਸਗੋਂ ਇੱਕ ਨਵੀਂ ਸੋਚ ਹੈ। ਅਜਿਹੀ ਸੋਚ, ਜਿਸ ਵਿੱਚ ਯੋਗਤਾ ਨੂੰ ਸਿਫ਼ਾਰਸ਼ ਤੋਂ, ਮਿਹਨਤ ਨੂੰ ਧੋਖਾਧੜੀ ਤੋਂ ਅਤੇ ਇਮਾਨਦਾਰੀ ਨੂੰ ਭ੍ਰਿਸ਼ਟਾਚਾਰ ਤੋਂ ਉੱਪਰ ਰੱਖਿਆ ਜਾਵੇ। ਜੇ ਇਸ ਘਟਨਾ ਤੋਂ ਵੀ ਸਬਕ ਨਾ ਲਿਆ ਗਿਆ, ਤਾਂ ਨੁਕਸਾਨ ਕਿਸੇ ਇੱਕ ਸਰਕਾਰ ਜਾਂ ਇੱਕ ਸੰਸਥਾ ਦਾ ਨਹੀਂ, ਸਗੋਂ ਪੂਰੇ ਦੇਸ਼ ਦੀ ਉਸ ਪੀੜ੍ਹੀ ਦਾ ਹੋਵੇਗਾ ਜੋ ਆਪਣਾ ਭਵਿੱਖ ਕਿਤਾਬਾਂ ਵਿੱਚ ਲੱਭ ਰਹੀ ਹੈ, ਨਾ ਕਿ ਸੜਕਾਂ 'ਤੇ ਸੰਘਰਸ਼ ਕਰਕੇ। ਇਹੀ ਸਮਾਂ ਹੈ ਕਿ ਸਿੱਖਿਆ ਵਿੱਚ ਭਰੋਸਾ ਮੁੜ ਬਹਾਲ ਕੀਤਾ ਜਾਵੇ, ਕਿਉਂਕਿ ਇੱਕ ਮਜ਼ਬੂਤ ਸਿੱਖਿਆ ਪ੍ਰਣਾਲੀ ਹੀ ਮਜ਼ਬੂਤ ਭਾਰਤ ਦੀ ਅਸਲ ਪਹਿਚਾਣ ਬਣ ਸਕਦੀ ਹੈ।

-ਜਗਜੀਤ ਸਿੰਘ ਦਰਦੀ

---

### ਗਰੀਬ ਲਈ ਉੱਚ ਸਿੱਖਿਆ ਅਜੇ ਵੀ ਸੁਪਨਾ

# ਮਹਿੰਗੀ ਤੇ ਸਕਿੱਲਹੀਨ ਸਿੱਖਿਆ ਨੇ ਤੋੜੇ ਪੰਜਾਬੀ ਨੌਜਵਾਨਾਂ ਦੇ ਦਿਲ ਤੇ ਸੁਪਨੇ ਪ੍ਰਾਈਵੇਟ ਯੂਨੀਵਰਸਿਟੀਆਂ, ਵੱਡੇ ਕਾਲਜ ਰਾਜਨੀਤਿਕ ਲੋਕਾਂ ਦੇ ਕਬਜ਼ੇ 'ਚ




ਹੁਣ ਜਦੋਂ ਦੇਸ਼ ਵਿੱਚ ਉੱਚ ਸਿੱਖਿਆ ਬਾਰੇ ਵੱਡੇ ਬਦਲਾਅ ਦੀ ਗੱਲ ਚੱਲੀ ਹੈ ਤਾਂ ਕੀ ਪੰਜਾਬ ਦੇ ਲੋਕ ਅਤੇ ਪੰਜਾਬ ਦਾ ਪ੍ਰਸ਼ਾਸਨਿਕ ਢਾਂਚਾ ਵੀ ਜਾਗੇਗਾ । ਕੀ ਕਦੀ ਪੰਜਾਬ ਦੇ ਵੱਡੇ ਸਕੂਲ, ਕਾਲਜ ਤੇ ਯੂਨੀਵਰਸਿਟੀ ਦਾ ਆਡਿਟ ਤੋਂ ਲੈ ਕੇ ਸਮਾਜਿਕ ਪੱਧਰ ਦੇਖਿਆ ਜਾਏ ਤਾਂ ਪਤਾ ਲੱਗ ਜਾਏਗਾ ਅੰਦਰਲੀ ਖੋਖਲੀ ਹਾਲਤ ਕਿਸ ਤਰ੍ਹਾਂ ਦੀ ਹੈ ਤੇ ਅਸੀਂ ਕਿਸ ਤਰ੍ਹਾਂ ਦੇ ਨੌਜਵਾਨਾਂ ਨੂੰ ਭਵਿੱਖ ਵੱਲ ਤਿਆਰ ਕਰ ਰਹੇ ਹਾਂ। ਅੱਜ ਪੰਜਾਬ ਵਿੱਚ ਸਿੱਖਿਆ ਨਾਮ ਦੀ ਇੱਕ ਖੌਫਨਾਕ ਲੁੱਟ ਚੱਲ ਰਹੀ ਹੈ। ਉੱਚ ਸਿੱਖਿਆ, ਟੈਕਨੀਕਲ ਅਤੇ ਸਕਿੱਲਡ ਐਜੂਕੇਸ਼ਨ ਐਨੀ ਮਹਿੰਗੀ ਹੋ ਚੁੱਕੀ ਹੈ ਕਿ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਲਈ ਇਹ ਇੱਕ ਅਸੰਭਵ ਸੁਪਨਾ ਬਣ ਚੁੱਕੀ ਹੈ। ਪਿਛਲੇ ਇੱਕ ਦਹਾਕੇ ਵਿੱਚ ਫੀਸਾਂ ਵਿੱਚ 50 ਤੋਂ 100 ਫੀਸਦੀ ਤੱਕ ਲੁੱਟ ਹੋਈ ਹੈ। ਚੰਡੀਗੜ੍ਹ ਅਤੇ ਆਸ-ਪਾਸ ਵਿੱਚ ਇੱਕ ਵਿਦਿਆਰਥੀ ਉੱਤੇ ਸਾਲਾਨਾ ਖਰਚ ਰਾਸ਼ਟਰੀ ਔਸਤ ਤੋਂ ਪੰਜ ਗੁਣਾ ਵੱਧ ਹੋ ਗਿਆ ਹੈ। ਇੱਕ ਰਿਪੋਰਟ ਅਨੁਸਾਰ ਪੰਜਾਬ ਵਿੱਚ ਔਸਤ ਘਰੇਲੂ ਖਰਚ ਇੱਕ ਵਿਦਿਆਰਥੀ ਉੱਤੇ ਲਗਭਗ 22,692 ਰੁਪਏ ਸਾਲਾਨਾ ਹੈ, ਜਦਕਿ ਰਾਸ਼ਟਰੀ ਔਸਤ ਸਿਰਫ਼ 12,616 ਰੁਪਏ ਹੈ। ਅੱਜ ਪ੍ਰਾਈਵੇਟ ਸਕੂਲਾਂ-ਕਾਲਜਾਂ ਵਿੱਚ ਇਹ ਖਰਚ 43,915 ਰੁਪਏ ਤੱਕ ਪਹੁੰਚ ਗਿਆ ਹੈ। MBBS ਵਰਗੀਆਂ ਡਿਗਰੀਆਂ ਵਿੱਚ ਫੀਸਾਂ ਪੰਜ ਸਾਲਾਂ ਵਿੱਚ ਲਗਭਗ ਪੰਜ ਲੱਖ ਰੁਪਏ ਵੱਧ ਗਈਆਂ ਹਨ। ਇਹ ਲੁੱਟ ਨਾ ਸਿਰਫ਼ ਗਰੀਬੀ ਨੂੰ ਵਧਾਉਂਦੀ ਹੈ, ਬਲਕਿ ਪੂਰੀ ਇੱਕ ਪੀੜ੍ਹੀ ਨੂੰ ਨਿਰਾਸ਼ਾ ਵੱਲ ਧੱਕ ਰਹੀ ਹੈ।

ਪੰਜਾਬ ਵਿੱਚ 70 ਫ਼ੀਸਦੀ ਤੋਂ ਵਧੇਰੇ ਆਬਾਦੀ ਪੇਂਡੂ ਹੈ ਅਤੇ ਇਸ ਤਬਕੇ ਲਈ ਉੱਚ ਸਿੱਖਿਆ ਹੁਣ ਇੱਕ ਲਗਜ਼ਰੀ ਬਣ ਚੁੱਕੀ ਹੈ। ਸਰਕਾਰੀ ਯੋਜਨਾਵਾਂ ਤਾਂ ਚੱਲ ਰਹੀਆਂ ਹਨ, ਪਰ ਉਨ੍ਹਾਂ ਦਾ ਲਾਭ ਬਹੁਤ ਘੱਟ ਲੋਕਾਂ ਤੱਕ ਪਹੁੰਚਦਾ ਹੈ। ਬਿਊਰੋਕ੍ਰੇਸੀ, ਭ੍ਰਿਸ਼ਟਾਚਾਰ ਅਤੇ ਲਾਲ ਫੀਤਾਸ਼ਾਹੀ ਨੇ ਇਨ੍ਹਾਂ ਯੋਜਨਾਵਾਂ ਨੂੰ ਬੇਅਸਰ ਬਣਾ ਦਿੱਤਾ ਹੈ। ਪੰਜਾਬ ਵਿੱਚ ਉੱਚ ਸਿੱਖਿਆ ਵਿਭਾਗ ਦਾ ਬਜਟ 2021-22 ਵਿੱਚ 12,657 ਕਰੋੜ ਤੋਂ ਵੱਧ ਕੇ 2026-27 ਵਿੱਚ 19,279 ਕਰੋੜ ਰੁਪਏ ਹੋ ਗਿਆ ਹੈ, ਫਿਰ ਵੀ ਗੁਣਵੱਤਾ ਅਤੇ ਪਹੁੰਚ ਵਿੱਚ ਕੋਈ ਖਾਸ ਤਬਦੀਲੀ ਨਹੀਂ ਆਈ।

ਏਆਈਐਸਐਚਈ ਰਿਪੋਰਟ 2023-24 ਅਨੁਸਾਰ ਭਾਰਤ ਵਿੱਚ ਉੱਚ ਸਿੱਖਿਆ GER 30 ਤੱਕ ਪਹੁੰਚ ਗਿਆ ਹੈ, ਪਰ ਪੰਜਾਬ ਵਿੱਚ ਇਹ ਰਾਸ਼ਟਰੀ ਔਸਤ ਤੋਂ ਘੱਟ 27.9 ਹੈ। UDISE+ 2024-25 ਅਨੁਸਾਰ ਪ੍ਰਾਈਮਰੀ GER 105.6% ਹੈ, ਪਰ ਡ੍ਰਾਪਆਊਟ ਰੇਟ ਵੀ ਉੱਚਾ ਹੈ। ਇਹ ਅੰਕੜੇ ਸਾਫ਼ ਚੀਖ ਰਹੇ ਹਨ ਕਿ ਬੁਨਿਆਦੀ ਸਿੱਖਿਆ ਖੁਦ ਕਮਜ਼ੋਰ ਹੋ ਰਹੀ ਹੈ ਅਤੇ ਉੱਚ ਸਿੱਖਿਆ ਤੱਕ ਪਹੁੰਚਣ ਦਾ ਰਾਹ ਲਗਾਤਾਰ ਤੰਗ ਹੋ ਰਿਹਾ ਹੈ। ਅੱਜ ਸਰਕਾਰੀ ਯੂਨੀਵਰਸਿਟੀਆਂ, ਕਾਲਜ ਅਤੇ ਪ੍ਰਾਈਵੇਟ ਲੁੱਟ ਦਾ ਤੁਲਨਾਤਮਕ ਅਧਿਐਨ ਵੇਖਦਿਆਂ ਪੰਜਾਬ ਵਿੱਚ ਉੱਚ ਸਿੱਖਿਆ ਵਿਵਸਥਾ ਤਿੰਨ ਖੇਤਰਾਂ ਵਿੱਚ ਵੰਡੀ ਹੋਈ ਹੈ - ਸਰਕਾਰੀ ਯੂਨੀਵਰਸਿਟੀਆਂ, ਸਰਕਾਰੀ ਕਾਲਜ ਅਤੇ ਪ੍ਰਾਈਵੇਟ ਇੰਸਟੀਚਿਊਸ਼ਨਜ਼। ਇਸ ਤੁਲਨਾ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਸਿਸਟਮ ਗਰੀਬਾਂ ਨਾਲ ਧੋਖਾ ਕਰ ਰਿਹਾ ਹੈ।

ਅੱਜ ਸਰਕਾਰੀ ਯੂਨੀਵਰਸਿਟੀਆਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਪੰਜਾਬੀ ਯੂਨੀਵਰਸਿਟੀ ਪਟਿਆਲਾ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਅਤੇ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਲੁਧਿਆਣਾ ਵਰਗੀਆਂ ਯੂਨੀਵਰਸਿਟੀਆਂ ਅਜੇ ਵੀ ਗੁਣਵੱਤਾ ਦਾ ਝੰਡਾ ਚੁੱਕੀਆਂ ਖੜ੍ਹੀਆਂ ਹਨ। ਇੱਥੇ ਫ਼ੀਸ ਘੱਟ ਹੈ ਅਤੇ ਅਧਿਆਪਕ ਵੀ ਤਜਰਬੇਕਾਰ ਹਨ, ਪਰ ਸੀਟਾਂ ਬਹੁਤ ਘੱਟ ਹਨ ਅਤੇ ਆਧੁਨਿਕ ਲੈਬਾਂ 'ਤੇ ਰਿਸਰਚ ਫੰਡਿੰਗ ਵਿੱਚ ਘਾਟ ਹੈ। ਇਹ ਯੂਨੀਵਰਸਿਟੀਆਂ ਗਰੀਬ ਵਿਦਿਆਰਥੀਆਂ ਲਈ ਇੱਕ ਆਖ਼ਰੀ ਆਸ ਹਨ, ਪਰ ਰਾਜਨੀਤੀਕਰਨ ਨੇ ਇਨ੍ਹਾਂ ਨੂੰ ਵੀ ਕਮਜ਼ੋਰ ਕੀਤਾ ਹੋਇਆ ਹੈ।

ਅੱਜ ਸਰਕਾਰੀ ਕਾਲਜਾਂ ਵਿੱਚ ਜੋ ਪੰਜਾਬ ਵਿੱਚ ਸੈਂਕੜੇ ਸਰਕਾਰੀ ਕਾਲਜ ਹਨ ਜੋ ਪੇਂਡੂ ਅਤੇ ਗਰੀਬ ਵਿਦਿਆਰਥੀਆਂ ਦਾ ਮੁੱਖ ਆਧਾਰ ਹਨ। ਇੱਥੇ ਫੀਸ ਘੱਟ ਹੈ ਅਤੇ NEET/JEE ਵਰਗੀਆਂ ਪ੍ਰੀਖਿਆਵਾਂ ਵਿੱਚ ਵਧਦੀ ਕਾਮਯਾਬੀ (2026 ਵਿੱਚ 882 NEET ਕੁਆਲੀਫਾਈ) ਇੱਕ ਉਮੀਦ ਵਾਲੀ ਗੱਲ ਹੈ। ਪਰ ਫੈਕਲਟੀ ਘਾਟ, ਪੁਰਾਣੀਆਂ ਲੈਬਾਂ ਅਤੇ ਡਿਜੀਟਲ ਬੁਨਿਆਦ ਦੀ ਘਾਟ ਇਨ੍ਹਾਂ ਕਾਲਜਾਂ ਨੂੰ ਪਛਾੜ ਰਹੀ ਹੈ। ਇਹ ਕਾਲਜ ਗਰੀਬੀ ਅਤੇ ਮੈਰਿਟ ਵਿਚਾਲੇ ਪੁਲ ਬਣ ਸਕਦੇ ਹਨ, ਪਰ ਸਰਕਾਰੀ ਲੱਚਰ ਲਾਪਰਵਾਹੀ ਨੇ ਇਨ੍ਹਾਂ ਨੂੰ ਅਧੂਰਾ ਛੱਡ ਦਿੱਤਾ ਹੈ।

ਅੱਜ ਪ੍ਰਾਈਵੇਟ ਇੰਸਟੀਚਿਊਸ਼ਨਜ਼ ਵਿੱਚ ਇਹ ਖੇਤਰ ਸਭ ਤੋਂ ਵੱਧ ਫੈਲਿਆ ਹੋਇਆ ਹੈ ਅਤੇ ਇੱਥੇ ਲੁੱਟ ਸਭ ਤੋਂ ਖੁੱਲ੍ਹੀ ਹੈ। ਫੀਸਾਂ ਆਸਮਾਨ ਛੂਹ ਰਹੀਆਂ ਹਨ ਅਤੇ ਇਨ੍ਹਾਂ ਨੇ ਸਿੱਖਿਆ ਨੂੰ ਇੱਕ ਧੰਦਾ ਬਣਾ ਲਿਆ ਹੈ। ਐਨਰੋਲਮੈਂਟ ਵੱਧ ਹੈ, ਪਰ ਗੁਣਵੱਤਾ ਘੱਟ ਹੈ। ਬਹੁਤੀਆਂ ਥਾਵਾਂ ਉੱਤੇ ਰਾਜਨੀਤਿਕ ਲੋਕਾਂ ਦੀ ਪਕੜ ਹੈ ਅਤੇ ਫੈਕਲਟੀ ਅਯੋਗ ਹੈ। ਇਹ ਇੰਸਟੀਚਿਊਸ਼ਨਾਂ ਅਮੀਰਾਂ ਲਈ ਤਾਂ ਠੀਕ ਹਨ, ਪਰ ਗਰੀਬਾਂ ਲਈ ਇੱਕ ਵੱਡਾ ਜਾਲ ਹਨ ਜੋ ਉਨ੍ਹਾਂ ਨੂੰ ਉਧਾਰ ਅਤੇ ਨਿਰਾਸ਼ਾ ਵੱਲ ਧੱਕਦੀਆਂ ਹਨ। ਹੁਣ ਇਸ ਤੁਲਨਾ ਤੋਂ ਇੱਕ ਗੱਲ ਸਾਫ਼ ਹੈ - ਸਰਕਾਰੀ ਖੇਤਰ ਗੁਣਵੱਤਾ ਵਿੱਚ ਬਿਹਤਰ ਹੈ ਪਰ ਪਹੁੰਚ ਘੱਟ ਹੈ, ਜਦਕਿ ਪ੍ਰਾਈਵੇਟ ਖੇਤਰ ਪਹੁੰਚ ਵਧਾਉਂਦਾ ਹੈ ਪਰ ਲੁੱਟ ਅਤੇ ਘੱਟ ਗੁਣਵੱਤਾ ਨਾਲ ਭਰਪੂਰ ਹੈ। ਇਸ ਅਸੰਤੁਲਨ ਨੇ ਪੂਰੀ ਸਿੱਖਿਆ ਵਿਵਸਥਾ ਨੂੰ ਅੱਜ ਤਬਾਹ ਕਰ ਦਿੱਤਾ ਹੈ।

ਅੱਜ NEET ਦੀ ਲੁੱਟ ਅਤੇ ਵਿਦਿਆਰਥੀਆਂ ਦੀ ਚੀਖ ਪੂਰੇ ਦੇਸ਼ ਵਿੱਚ ਫੈਲੀ ਹੋਈ ਹੈ। NEET-UG 2024 ਅਤੇ 2026 ਵਿੱਚ ਪੇਪਰ ਲੀਕ ਹੋਣ ਨਾਲ ਲੱਖਾਂ ਵਿਦਿਆਰਥੀਆਂ ਦੀਆਂ ਤਿਆਰੀਆਂ 'ਤੇ ਪਾਣੀ ਫਿਰ ਗਿਆ। ਗਰੀਬ ਵਿਦਿਆਰਥੀ ਕੋਚਿੰਗ ਲਈ ਲੱਖਾਂ ਖਰਚ ਕਰਦਾ ਹੈ ਅਤੇ ਫਿਰ ਉਸਦੀ ਮਿਹਨਤ ਚੋਰੀ ਹੋ ਜਾਂਦੀ ਹਨ। ਪੰਜਾਬ ਵਿੱਚ ਸਰਕਾਰੀ ਸਕੂਲਾਂ ਤੋਂ NEET ਵਿੱਚ ਕਾਮਯਾਬੀ ਵਧੀ ਹੈ, ਪਰ ਇਹ ਇੱਕੋ ਉਦਾਹਰਣ ਹੈ। ਬਾਕੀ ਲੱਖਾਂ ਵਿਦਿਆਰਥੀ ਨਿਰਾਸ਼ਾ ਵਿੱਚ ਡੁੱਬੇ ਹੋਏ ਹਨ।

ਪੰਜਾਬ ਵਿੱਚ ਵਿਦੇਸ਼ ਭੱਜਣ ਦਾ ਸਿਲਸਿਲਾ ਜਾਰੀ ਹੈ। PAU ਦੇ ਅਧਿਐਨ ਅਨੁਸਾਰ ਗ੍ਰਾਮੀਣ ਘਰਾਂ ਵਿੱਚੋਂ 13.34% ਘਰਾਂ ਵਿੱਚ ਘੱਟੋ-ਘੱਟ ਇੱਕ ਮੈਂਬਰ ਵਿਦੇਸ਼ ਚਲਾ ਗਿਆ ਹੈ। ਕੈਨੇਡਾ 42%, ਦੁਬਈ 16% ਅਤੇ ਆਸਟ੍ਰੇਲੀਆ 10% ਗਏ ਹਨ। ਇਸ ਲਈ ਲੋਕਾਂ ਨੇ ਜਾਇਦਾਦ ਵੇਚੀ ਅਤੇ ਲਗਭਗ 14,342 ਕਰੋੜ ਰੁਪਏ ਉਧਾਰ ਲਏ ਹਨ। ਬੇਰੁਜ਼ਗਾਰੀ ਦਰ ਯੁਵਕਾਂ ਵਿੱਚ 17-20 ਫੀਸਦੀ ਹੈ। ਖੇਤੀ ਸੰਕਟ, ਭ੍ਰਿਸ਼ਟਾਚਾਰ ਅਤੇ ਨਸ਼ਿਆਂ ਨੇ ਨੌਜਵਾਨਾਂ ਨੂੰ ਭੱਜਣ ਲਈ ਮਜਬੂਰ ਕੀਤਾ ਹੈ। ਅੱਜ ਇਹ ਬ੍ਰੇਨ ਡਰੇਨ ਪੰਜਾਬ ਨੂੰ ਖੋਖਲਾ ਕਰ ਰਿਹਾ ਹੈ। ਅੱਜ ਇਸ ਲੁੱਟ ਨੂੰ ਰੋਕਣ ਲਈ ਤੁਰੰਤ ਤਿੱਖੀਆਂ ਕਾਰਵਾਈਆਂ ਲਾਜ਼ਮੀ ਹਨ। ਫੀਸ ਉੱਤੇ ਸਖ਼ਤ ਕੈਪ ਲਾਓ, ਫੈਕਲਟੀ ਭਰਤੀ ਵਿੱਚ ਮੈਰਿਟ ਲਾਗੂ ਕਰੋ, ਸਕਾਲਰਸ਼ਿਪ ਪ੍ਰਣਾਲੀ ਨੂੰ ਪਾਰਦਰਸ਼ੀ ਬਣਾਓ, ਵੋਕੇਸ਼ਨਲ ਟ੍ਰੇਨਿੰਗ ਲਾਜ਼ਮੀ ਕਰੋ, ਪ੍ਰੀਖਿਆਵਾਂ ਵਿੱਚ ਸੁਧਾਰ ਕਰੋ ਅਤੇ ਪੇਂਡੂ ਖੇਤਰਾਂ ਵਿੱਚ ਆਧੁਨਿਕ ਸੰਸਥਾਵਾਂ ਖੋਲ੍ਹੋ। ਰਾਜਨੀਤੀ ਨੂੰ ਸਿੱਖਿਆ ਤੋਂ ਦੂਰ ਰੱਖੋ ਅਤੇ ਸਥਾਨਕ ਰੁਜ਼ਗਾਰ ਨੀਤੀ ਬਣਾਓ।

ਅੱਜ ਪੰਜਾਬ ਦਾ ਭਵਿੱਖ ਇਸਦੇ ਨੌਜਵਾਨਾਂ ਵਿੱਚ ਹੈ। ਜੇ ਅਸੀਂ ਇਸ ਸੰਕਟ ਨੂੰ ਨਾ ਰੋਕਿਆ ਤਾਂ ਇੱਕ ਪੂਰੀ ਪੀੜ੍ਹੀ ਖਤਮ ਹੋ ਜਾਵੇਗੀ।

ਸਮਾਂ ਤੁਰੰਤ ਅਤੇ ਤਿੱਖੀ ਕਾਰਵਾਈ ਦਾ ਹੈ। ਨਹੀਂ ਤਾਂ ਆਉਣ ਵਾਲੀਆਂ ਪੀੜ੍ਹੀਆਂ ਸਾਨੂੰ ਮਾਫ਼ ਨਹੀਂ ਕਰਨਗੀਆਂ।

ਇੱਕ ਜਾਗਰੂਕ ਅਤੇ ਸਿੱਖਿਅਤ ਯੁਵਾ ਪੀੜ੍ਹੀ ਹੀ ਪੰਜਾਬ ਨੂੰ ਵਾਪਸ ਖੜ੍ਹਾ ਕਰ ਸਕਦੀ ਹੈ।

---

# ਪਾਰਲੀਮੈਂਟ ਦਾ ਮੌਨਸੂਨ ਸੈਸ਼ਨ ਬਨਾਮ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ




ਪਿਛਲੇ ਦਿਨੀਂ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਮੰਗ ਕੀਤੀ ਗਈ ਹੈ ਕਿ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਵਿਸ਼ਾਲ ਬਹੁਮਤ ਨਾਲ ਜਿੱਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ (20 ਜੁਲਾਈ ਤੋਂ ਸ਼ੁਰੂ ਹੋਏ ਅਤੇ 13 ਅਗਸਤ ਤੱਕ ਚੱਲਣ ਵਾਲੇ) ਪਾਰਲੀਮੈਂਟ ਦੇ ਮਾਨਸੂਨ ਸੈਸ਼ਨ ਵਿੱਚ ਸ਼ਾਮਲ ਹੋਣ ਦੀ ਇਜਾਜ਼ਤ ਦਿੱਤੀ ਜਾਵੇ ਤਾਂ ਕਿ ਖਡੂਰ ਸਾਹਿਬ ਦੇ ਲੱਖਾਂ ਲੋਕਾਂ ਦੇ ਚੁਣੇ ਹੋਏ ਨੁਮਾਇੰਦੇ ਨੂੰ ਆਪਣੇ ਸੰਸਦੀ ਫਰਜ਼ ਨਿਭਾਉਣ ਦਾ ਸੰਵਿਧਾਨਕ ਮੌਕਾ ਮਿਲ ਸਕੇ। ਇਸ ਮੌਕੇ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਰਾਸ਼ਟਰੀ ਸੁਰੱਖਿਆ ਐਕਟ ਤਹਿਤ ਬੰਦ ਭਾਈ ਅੰਮ੍ਰਿਤਪਾਲ ਸਿੰਘ ਦੇ ਮੁਢਲੇ ਮਾਨਵੀ ਅਤੇ ਰਾਜਨੀਤਿਕ ਅਧਿਕਾਰਾਂ ਦਾ ਜਿਸ ਤਰ੍ਹਾਂ ਘਾਣ ਕੀਤਾ ਜਾ ਰਿਹਾ ਹੈ, ਉਹ ਸਿਰਫ਼ ਇੱਕ ਵਿਅਕਤੀ ਵਿਸ਼ੇਸ਼ ਤੱਕ ਸੀਮਤ ਨਹੀਂ, ਸਗੋਂ ਪੰਜਾਬ ਅਤੇ ਸਮੁੱਚੀ ਸਿੱਖ ਕੌਮ ਲਈ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ। ਭਾਈ ਅੰਮ੍ਰਿਤਪਾਲ ਸਿੰਘ ਉੱਤੇ ਭਾਰਤੀ ਸਟੇਟ ਦੀ ਤਿੱਖੀ ਅਤੇ ਸ਼ੱਕੀ ਨਜ਼ਰ ਪਹਿਲੇ ਦਿਨ ਤੋਂ ਹੀ ਸੀ, ਜਦੋਂ ਉਨ੍ਹਾਂ ਨੇ ਪੰਜਾਬ ਦੀ ਜਵਾਨੀ ਨੂੰ ਤਬਾਹ ਕਰ ਰਹੇ ਨਸ਼ਿਆਂ ਦੇ ਦਰਿਆ ਨੂੰ ਠੱਲ੍ਹ ਪਾਉਣ ਲਈ 'ਖਾਲਸਾ ਵਹੀਰ' ਵਰਗੀ ਇਤਿਹਾਸਕ ਲਹਿਰ ਦੀ ਸ਼ੁਰੂਆਤ ਕੀਤੀ, ਜਿਸ ਦਾ ਅਸਰ ਪੂਰੇ ਪੰਜਾਬ ਵਿੱਚ ਵੇਖਣ ਨੂੰ ਮਿਲਿਆ।

ਹਜ਼ਾਰਾਂ ਦੀ ਗਿਣਤੀ ਵਿੱਚ ਸਿੱਖ ਨੌਜਵਾਨ ਨਸ਼ਿਆਂ ਦਾ ਤਿਆਗ ਕਰਕੇ, ਅੰਮ੍ਰਿਤ ਛੱਕ ਕੇ ਸਿੱਖੀ ਦੀ ਮੁੱਖ ਧਾਰਾ ਨਾਲ ਜੁੜਨ ਲੱਗੇ। ਇਹ ਲਹਿਰ ਕੇਵਲ ਧਾਰਮਿਕ ਪ੍ਰਚਾਰ ਤੱਕ ਸੀਮਤ ਨਹੀਂ ਸੀ, ਸਗੋਂ ਇਹ ਪੰਜਾਬ ਦੀ ਜੁਆਨੀ ਨੂੰ ਗੈਰਤੀ ਹੁਲਾਰਾ ਦੇਣ ਵਾਲੀ ਇੱਕ ਵੱਡੀ ਮੁਹਿੰਮ ਸੀ। ਪਰ ਅਫ਼ਸੋਸ ਦੀ ਗੱਲ ਇਹ ਰਹੀ ਕਿ ਜਿਹੜੇ ਸਮਾਜ ਸੁਧਾਰ ਦਾ ਕੰਮ ਖੁਦ ਸਰਕਾਰਾਂ ਨੂੰ ਕਰਨਾ ਚਾਹੀਦਾ ਸੀ, ਅਜਿਹੀ ਲਹਿਰ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਸਫਲਤਾ ਨਾਲ ਚਲਾਏ ਜਾਣ ਤੋਂ ਹਾਕਮ ਧਿਰਾਂ ਘਬਰਾ ਗਈਆਂ। ਸਟੇਟ ਨੂੰ ਇਹ ਡਰ ਸਤਾਉਣ ਲੱਗਾ ਕਿ ਜੇਕਰ ਪੰਜਾਬ ਦੀ ਜਵਾਨੀ ਨਸ਼ਿਆਂ ਤੋਂ ਮੁਕਤ ਹੋ ਕੇ ਆਪਣੇ ਹੱਕਾਂ ਪ੍ਰਤੀ ਜਾਗਰੂਕ ਹੋ ਗਈ ਤਾਂ ਇਹ ਜਾਗਰੂਕਤਾ ਉਹਨਾਂ ਦੀ ਸੱਤਾ ਲਈ ਖਤਰੇ ਪੈਦਾ ਕਰ ਸਕਦੀ ਹੈ। ਖਾਲਸਾ ਵਹੀਰ ਦੀ ਸਫਲਤਾ ਤੋਂ ਬੌਖਲਾਈ ਭਾਰਤੀ ਸਟੇਟ ਦੇ ਹੁਕਮਾਂ 'ਤੇ ਪੰਜਾਬ ਪੁਲਿਸ ਅਤੇ ਕੇਂਦਰੀ ਏਜੰਸੀਆਂ ਨੇ ਮਿਲ ਕੇ ਇੱਕ ਯੋਜਨਾਬੱਧ ਬਿਰਤਾਂਤ ਘੜਨਾ ਸ਼ੁਰੂ ਕੀਤਾ। ਇੱਕ ਨਿਗੂਣੇ ਅਤੇ ਮਾਮੂਲੀ ਕੇਸ ਨੂੰ ਬਹਾਨਾ ਬਣਾ ਕੇ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਉੱਤੇ ਦੇਸ਼ਧ੍ਰੋਹ ਅਤੇ ਐੱਨ.ਐੱਸ.ਏ. ਵਰਗੇ ਕਾਲੇ ਕਾਨੂੰਨ ਠੋਕ ਦਿੱਤੇ ਗਏ। ਇੱਥੇ ਹੀ ਬੱਸ ਨਹੀਂ, ਰਾਸ਼ਟਰੀ ਮੀਡੀਆ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਨੂੰ ਦੁਨੀਆਂ ਸਾਹਮਣੇ ਇੱਕ ਵੱਡੇ ਅੱਤਵਾਦੀ ਵਜੋਂ ਪੇਸ਼ ਕੀਤਾ ਗਿਆ। ਭਾਰਤੀ ਸਟੇਟ ਦਾ ਸਿਰਜਿਆ ਇਹ ਬਿਰਤਾਂਤ ਸਰਾਸਰ ਝੂਠਾ, ਬੇਬੁਨਿਆਦ ਅਤੇ ਮਨਘੜਤ ਸੀ। ਇਸ ਦਾ ਮੁੱਖ ਮਨੋਰਥ ਕੇਵਲ ਭਾਈ ਅੰਮ੍ਰਿਤਪਾਲ ਸਿੰਘ ਨੂੰ ਜੇਲ੍ਹ ਵਿੱਚ ਡੱਕਣਾ ਨਹੀਂ ਸੀ, ਸਗੋਂ ਪੂਰੀ ਸਿੱਖ ਕੌਮ ਨੂੰ ਵਿਸ਼ਵ ਪੱਧਰ 'ਤੇ ਬਦਨਾਮ ਕਰਨਾ ਅਤੇ ਉਨ੍ਹਾਂ ਦੀ ਸੰਘਰਸ਼ੀ ਸੋਚ ਨੂੰ 'ਹਿੰਸਕ' ਸਿੱਧ ਕਰਨਾ ਸੀ।

ਇਹ ਪੰਜਾਬ ਅਤੇ ਸਿੱਖਾਂ ਦੇ ਅਕਸ ਨੂੰ ਢਾਹ ਲਾਉਣ ਦੀ ਭਾਰਤੀ ਰਾਜ-ਸੱਤਾ ਦੀ ਪੁਰਾਣੀ ਨੀਤੀ ਦਾ ਹੀ ਇੱਕ ਹਿੱਸਾ ਸਮਝਿਆ ਜਾਣਾ ਚਾਹੀਦਾ ਹੈ। ਜਦੋਂ ਰਾਜ-ਸੱਤਾ ਨੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਜੇਲ੍ਹ ਦੀਆਂ ਸੀਖਾਂ ਪਿੱਛੇ ਬੰਦ ਕਰਕੇ, ਉਹਨਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਤਾਂ ਹਲਕਾ ਖਡੂਰ ਸਾਹਿਬ ਦੇ ਲੋਕਾਂ ਨੇ ਲੋਕਤੰਤਰ ਵਿੱਚ ਸਭ ਤੋਂ ਤਾਕਤਵਰ ਮੰਨੀ ਜਾਂਦੀ ਵੋਟ ਪ੍ਰਣਾਲੀ ਦੀ ਭਾਈ ਅੰਮ੍ਰਿਤਪਾਲ ਸਿੰਘ ਦੇ ਹੱਕ ਵਿੱਚ ਵਰਤੋਂ ਕਰਕੇ ਸਰਕਾਰ ਨੂੰ ਅਜਿਹਾ ਜਵਾਬ ਦਿੱਤਾ ਜਿਸ ਨੂੰ ਸਾਰੀ ਦੁਨੀਆਂ ਨੇ, ਸਿੱਖਾਂ ਵੱਲੋਂ ਮਨਾਏ ਗਏ ਜਸ਼ਨਾਂ ਦੇ ਰੂਪ 'ਚ ਸੁਣਿਆ। ਸੰਸਦੀ ਚੋਣਾਂ ਵਿੱਚ ਹਲਕਾ ਖਡੂਰ ਸਾਹਿਬ ਦੀ ਸੰਗਤ ਨੇ ਭਾਈ ਅੰਮ੍ਰਿਤਪਾਲ ਸਿੰਘ ਨੂੰ 4 ਲੱਖ ਤੋਂ ਵੱਧ ਵੋਟਾਂ ਦੇ ਬਹੁਤ ਵੱਡੇ ਬਹੁਮਤ ਨਾਲ ਜਿਤਾ ਕੇ ਲੋਕ ਸਭਾ ਵਿੱਚ ਭੇਜਿਆ। ਏਥੇ ਹੀ ਬੱਸ ਨਹੀਂ ਬਲਕਿ ਹਲਕਾ ਫਰੀਦਕੋਟ ਤੋਂ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ ਭਾਈ ਸਰਬਜੀਤ ਸਿੰਘ ਨੂੰ ਵੀ ਵੱਡੇ ਫਰਕ ਨਾਲ ਜਿਤਾ ਕੇ ਲੋਕਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਦੀ ਸੋਚ ਦੀ ਤਸਦੀਕ ਕੀਤੀ। ਇਹ ਚੋਣ, ਸਰਕਾਰ ਦੁਆਰਾ ਸਿਰਜੇ ਗਏ ਝੂਠੇ 'ਅੱਤਵਾਦੀ' ਬਿਰਤਾਂਤ ਉੱਤੇ ਲੋਕਾਂ ਦਾ ਫਤਵਾ ਸੀ। ਖਡੂਰ ਸਾਹਿਬ ਦੀ ਜਿੱਤ ਨੇ ਇਹ ਸਪੱਸ਼ਟ ਕਰ ਦਿੱਤਾ ਕਿ ਪੰਜਾਬ ਦੇ ਲੋਕ ਭਾਈ ਅੰਮ੍ਰਿਤਪਾਲ ਸਿੰਘ ਨੂੰ ਆਪਣਾ ਆਗੂ ਮੰਨਦੇ ਹਨ। ਲੋਕਾਂ ਦੁਆਰਾ ਦਿੱਤੇ ਇਸ ਵਿਸ਼ਾਲ ਫਤਵੇ ਤੋਂ ਬਾਅਦ ਵੀ ਉਹਨਾਂ ਨੂੰ ਰਿਹਾਅ ਨਹੀਂ ਕੀਤਾ ਗਿਆ, ਬਲਕਿ ਕੇਂਦਰ ਅਤੇ ਸੂਬਾ ਸਰਕਾਰ ਦੀ ਮਿਲੀਭੁਗਤ ਨਾਲ ਭਾਈ ਅੰਮ੍ਰਿਤਪਾਲ ਸਿੰਘ ਨਾਲ ਲਗਾਤਾਰ ਧੱਕੇਸ਼ਾਹੀ ਕੀਤੀ ਜਾ ਰਹੀ ਹੈ।

ਉਨ੍ਹਾਂ ਨੂੰ ਪੰਜਾਬ ਤੋਂ ਹਜ਼ਾਰਾਂ ਕਿਲੋਮੀਟਰ ਦੂਰ ਡਿਬਰੂਗੜ੍ਹ (ਅਸਾਮ) ਦੀ ਜੇਲ੍ਹ ਵਿੱਚ ਬੰਦ ਰੱਖਿਆ ਗਿਆ ਹੈ, ਤਾਂ ਜੋ ਉਹ ਆਪਣੇ ਖੇਤਰ ਦੇ ਲੋਕਾਂ ਨਾਲ ਰਾਬਤਾ ਨਾ ਰੱਖ ਸਕਣ। ਇਹ ਤਰਾਸਦੀ ਹੈ ਕਿ ਇੱਕ ਚੁਣੇ ਹੋਏ ਮੈਂਬਰ ਪਾਰਲੀਮੈਂਟ ਨੂੰ ਹੁਣ ਤੱਕ ਲੋਕ ਸਭਾ ਦੇ ਸੈਸ਼ਨਾਂ ਵਿੱਚ ਸ਼ਾਮਲ ਹੋਣ ਦੀ ਇਜਾਜ਼ਤ ਹੀ ਨਹੀਂ ਦਿੱਤੀ ਗਈ। ਸਹੁੰ ਚੁੱਕਣ ਲਈ ਦਿੱਤੀ ਗਈ ਥੋੜ੍ਹੀ ਜਿਹੀ ਛੋਟ ਤੋਂ ਇਲਾਵਾ, ਉਨ੍ਹਾਂ ਨੂੰ ਸੰਸਦ ਵਿੱਚ ਜਨਤਾ ਦੀ ਆਵਾਜ਼ ਚੁੱਕਣ ਦੇ ਮੁਢਲੇ ਅਧਿਕਾਰ ਤੋਂ ਵਾਂਝਾ ਰੱਖਿਆ ਗਿਆ ਹੈ। ਇਸੇ ਸੰਦਰਭ ਵਿੱਚ ਉਹਨਾਂ ਦੀ ਪਾਰਟੀ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਪ੍ਰਧਾਨ ਮੰਤਰੀ ਨੂੰ ਪੱਤਰ ਲਿਖ ਕੇ ਮਾਨਸੂਨ ਸੈਸ਼ਨ 'ਚ ਸ਼ਾਮਲ ਹੋਣ ਦੀ ਇਜਾਜ਼ਤ ਮੰਗਣਾ ਜਾਇਜ਼ ਅਤੇ ਸੰਵਿਧਾਨਕ ਹੱਕ ਹੈ। ਜੇਕਰ ਦੇਸ਼ ਦੇ ਹੋਰਨਾਂ ਹਿੱਸਿਆਂ ਵਿੱਚ ਗੰਭੀਰ ਇਲਜ਼ਾਮਾਂ ਦਾ ਸਾਹਮਣਾ ਕਰ ਰਹੇ ਰਾਜਨੇਤਾਵਾਂ ਨੂੰ ਜ਼ਮਾਨਤਾਂ ਅਤੇ ਸਦਨ ਵਿੱਚ ਆਉਣ ਦੀਆਂ ਛੋਟਾਂ ਮਿਲ ਸਕਦੀਆਂ ਹਨ, ਤਾਂ ਪੰਜਾਬ ਦੇ ਇੱਕ ਚੁਣੇ ਹੋਏ ਸਿੱਖ ਨੁਮਾਇੰਦੇ ਨਾਲ ਇਹ ਵਿਤਕਰਾ ਕਿਉਂ ਕੀਤਾ ਜਾ ਰਿਹਾ ਹੈ। ਅੰਮ੍ਰਿਤਪਾਲ ਸਿੰਘ ਨਾਲ ਕੀਤਾ ਜਾ ਰਿਹਾ ਅਮਾਨਵੀ ਵਰਤਾਓ, ਭਾਰਤੀ ਲੋਕਤੰਤਰ ਅਤੇ ਸੰਵਿਧਾਨ ਦੀਆਂ ਧੱਜੀਆਂ ਉਡਾਉਣ ਦੇ ਸਮਾਨ ਹੈ। ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਅਤੇ ਸਿੱਖੀ ਦਾ ਪ੍ਰਚਾਰ ਕਰਨ ਵਾਲੇ ਆਗੂ ਨੂੰ ਜੇਲ੍ਹ ਦੀਆਂ ਸੀਖਾਂ ਪਿੱਛੇ ਬੰਦ ਰੱਖ ਕੇ ਸਰਕਾਰ ਆਪਣੀ ਹੀ ਕਮਜ਼ੋਰੀ ਦਾ ਸਬੂਤ ਦੇ ਰਹੀ ਹੈ। ਜੇਕਰ ਕੇਂਦਰ ਸਰਕਾਰ ਆਪਣੇ ਆਪ ਨੂੰ 'ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ' ਅਖਵਾਉਣ ਵਿੱਚ ਫ਼ਖਰ ਮਹਿਸੂਸ ਕਰਦੀ ਹੈ, ਤਾਂ ਉਸ ਨੂੰ ਖਡੂਰ ਸਾਹਿਬ ਦੇ ਲੱਖਾਂ ਲੋਕਾਂ ਦੇ ਭਾਈ ਅੰਮ੍ਰਿਤਪਾਲ ਸਿੰਘ ਦੇ ਹੱਕ ਵਿੱਚ ਦਿੱਤੇ ਫਤਵੇ ਦਾ ਸਤਿਕਾਰ ਕਰਨਾ ਪਵੇਗਾ। ਸੋ ਭਾਈ ਅੰਮ੍ਰਿਤਪਾਲ ਸਿੰਘ ਨੂੰ ਤੁਰੰਤ ਰਿਹਾਅ ਕੀਤਾ ਜਾਣਾ ਚਾਹੀਦਾ ਹੈ ਜਾਂ ਘੱਟੋ-ਘੱਟ ਉਨ੍ਹਾਂ ਨੂੰ ਸੰਸਦ ਦੇ ਸੈਸ਼ਨਾਂ ਵਿੱਚ ਸ਼ਾਮਲ ਹੋ ਕੇ ਆਪਣੇ ਇਲਾਕੇ ਦੇ ਮੁੱਦੇ ਚੁੱਕਣ ਦੀ ਪੂਰੀ ਇਜਾਜ਼ਤ ਦਿੱਤੀ ਜਾਣੀ ਚਾਹੀਦੀ ਹੈ। ਅਜਿਹਾ ਨਾ ਕਰਨਾ ਜਿੱਥੇ ਲੋਕਤੰਤਰਿਕ ਕਦਰਾਂ ਕੀਮਤਾਂ ਦਾ ਘਾਣ ਹੈ,ਓਥੇ ਅਜਿਹਾ ਵਰਤਾਰਾ ਪੰਜਾਬ ਦੇ ਲੋਕਾਂ ਅੰਦਰ ਵਿਤਕਰੇ ਅਤੇ ਬੇਗਾਨਗੀ ਦਾ ਅਹਿਸਾਸ ਕਰਵਾ ਕੇ ਬਲਦੀ 'ਤੇ ਤੇਲ ਪਾਉਣ ਦਾ ਕੰਮ ਕਰ ਰਿਹਾ ਹੈ। ਅਜਿਹਾ ਨਫਰਤੀ ਵਰਤਾਰਾ ਸੂਬੇ ਦੀ ਅਮਨ ਸ਼ਾਂਤੀ ਨੂੰ ਭੰਗ ਕਰਨ ਲਈ ਜ਼ਿੰਮੇਵਾਰ ਬਣੇਗਾ ਅਤੇ ਭਾਈਚਾਰਕ ਸਾਂਝਾਂ ਲਈ ਵੀ ਖਤਰੇ ਪੈਦਾ ਕਰੇਗਾ।

---



ਵਿੰਕਲ ਸਰਾ
9501477889
(ਸੁਤੰਤਰ ਲੇਖਕ ਅਤੇ ਸਮਾਜਿਕ ਚਿੰਤਕ)

### ਕਿਸਾਨੀ ਦਾ ਅਸਲ ਦਰਦ

# ਜਦੋਂ ਖੇਤਾਂ 'ਚ ਮਿਹਨਤ ਹਾਰ ਜਾਵੇ, ਮੰਡੀਆਂ 'ਚ ਮਿਲਾਵਟ ਜਿੱਤ ਜਾਵੇ ਅਤੇ ਅੰਨਦਾਤਾ ਜੂਨ ਭੋਗਣ ਲਈ ਹੋਵੇ ਮਜਬੂਰ

ਭਾਰਤੀ ਸਮਾਜ ਵਿੱਚ ਕਿਸਾਨ ਨੂੰ "ਅੰਨਦਾਤਾ" ਦਾ ਦਰਜਾ ਦੇ ਕੇ ਉੱਚੇ ਸਿੰਘਾਸਣ 'ਤੇ ਬਿਠਾਇਆ ਜਾਂਦਾ ਹੈ। ਸਿਆਸੀ ਮੰਚਾਂ, ਸਰਕਾਰੀ ਸਮਾਗਮਾਂ ਅਤੇ ਵੱਡੇ-ਵੱਡਿਆਂ ਦੇ ਭਾਸ਼ਣਾਂ ਵਿੱਚ ਉਸਦੀ ਮਿਹਨਤ ਦੀਆਂ ਤਾਰੀਫ਼ਾਂ ਦੇ ਪੁਲ ਬੰਨ੍ਹੇ ਜਾਂਦੇ ਹਨ। ਪਰ ਜਦੋਂ ਅਸੀਂ ਖੇਤੀਬਾੜੀ ਖੇਤਰ ਦੇ ਮੌਜੂਦਾ ਹਾਲਾਤ ਅਤੇ ਮੰਡੀ ਦੀ ਕੜਵੀ ਹਕੀਕਤ ਦਾ ਗੰਭੀਰਤਾ ਨਾਲ ਵਿਸ਼ਲੇਸ਼ਣ ਕਰਦੇ ਹਾਂ, ਤਾਂ ਇਹ ਸੱਚਾਈ ਸਾਹਮਣੇ ਆਉਂਦੀ ਹੈ ਕਿ ਸਾਡਾ ਅੰਨਦਾਤਾ ਅੱਜ ਹਰ ਪਾਸਿਓਂ ਘੇਰਿਆ ਹੋਇਆ ਇੱਕ ਮਜਬੂਰ ਇਨਸਾਨ ਬਣ ਚੁੱਕਾ ਹੈ। ਉਸਦੀ ਦਿਨ-ਰਾਤ ਦੀ ਅਣਥੱਕ ਘਾਲਣਾ ਅਤੇ ਖੂਨ-ਪਸੀਨੇ ਦੀ ਕਮਾਈ ਦਾ ਅਸਲ ਫਲ ਖੇਤ ਵਿੱਚ ਕੰਮ ਕਰਨ ਵਾਲਾ ਕਿਸਾਨ ਨਹੀਂ, ਸਗੋਂ ਬਾਜ਼ਾਰ ਦੇ ਵਿਚੋਲੇ, ਬੇਈਮਾਨ ਵਪਾਰੀ ਅਤੇ ਮਿਲਾਵਟਖੋਰ ਚੱਟ ਕਰ ਰਹੇ ਹਨ। ਅੱਜ ਪੰਜਾਬ ਦਾ ਕਿਸਾਨ ਸਿਰਫ਼ ਕੁਦਰਤ ਦੀ ਮਾਰ, ਬੇਮੌਸਮੀ ਬਾਰਿਸ਼ਾਂ, ਘਟਦੇ ਧਰਤੀ ਹੇਠਲੇ ਪਾਣੀ ਜਾਂ ਸਿਰ 'ਤੇ ਚੜ੍ਹੇ ਕਰਜ਼ੇ ਦੇ ਬੋਝ ਨਾਲ ਹੀ ਨਹੀਂ ਲੜ ਰਿਹਾ, ਸਗੋਂ ਉਸਦੇ ਸਾਹਮਣੇ ਸਭ ਤੋਂ ਵੱਡੀ ਅਤੇ ਘਾਤਕ ਚੁਣੌਤੀ ਬਾਜ਼ਾਰ ਵਿੱਚ ਫੈਲਿਆ ਨਕਲੀ ਉਤਪਾਦਾਂ ਅਤੇ ਮਿਲਾਵਟਖੋਰੀ ਦਾ ਅਣਦਿੱਖ ਜਾਲ ਹੈ।

**ਖਾਧ ਪਦਾਰਥਾਂ 'ਚ ਮਿਲਾਵਟਖੋਰੀ; ਇਮਾਨਦਾਰ ਕਿਸਾਨ ਦੀ ਰੋਜ਼ੀ-ਰੋਟੀ 'ਤੇ ਸਿੱਧਾ ਡਾਕਾ** : ਪੰਜਾਬ ਵਿੱਚ ਖਾਧ ਪਦਾਰਥਾਂ ਵਿੱਚ ਹੋ ਰਹੀ ਵੱਡੇ ਪੱਧਰ ਦੀ ਮਿਲਾਵਟਖੋਰੀ ਨੇ ਇਮਾਨਦਾਰ ਕਿਸਾਨਾਂ, ਵਿਸ਼ੇਸ਼ ਕਰਕੇ ਡੇਅਰੀ ਫਾਰਮਰਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ। ਸੰਸਦ ਵਿੱਚ ਪੇਸ਼ ਕੀਤੀ ਗਈ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੀ ਅਧਿਕਾਰਤ ਰਿਪੋਰਟ ਦੇ ਅੰਕੜੇ ਅੱਖਾਂ ਖੋਲ੍ਹਣ ਵਾਲੇ ਹਨ। ਇਸ ਰਿਪੋਰਟ ਅਨੁਸਾਰ ਪਿਛਲੇ ਦੋ ਸਾਲਾਂ ਦੌਰਾਨ ਲਏ ਗਏ ਗਿਆਰਾਂ ਹਜ਼ਾਰ ਨੌਂ ਸੌ ਚਾਲੀ ਖਾਧ ਪਦਾਰਥਾਂ ਦੇ ਸੈਂਪਲਾਂ ਵਿੱਚੋਂ ਪੰਦਰਾਂ ਫੀਸਦੀ ਤੋਂ ਵੱਧ ਸੈਂਪਲ ਮਿਆਰਾਂ 'ਤੇ ਖਰੇ ਨਹੀਂ ਉਤਰੇ। ਇਸ ਤੋਂ ਵੀ ਵੱਧ ਗੰਭੀਰ ਸਥਿਤੀ ਤਾਜ਼ਾ ਅੰਕੜਿਆਂ ਵਿੱਚ ਦੇਖਣ ਨੂੰ ਮਿਲਦੀ ਹੈ, ਜਿੱਥੇ ਸੱਤ ਹਜ਼ਾਰ ਅੱਠ ਸੌ ਨੌਂ ਸੈਂਪਲਾਂ ਵਿੱਚੋਂ ਇੱਕ ਹਜ਼ਾਰ ਤੀਹ ਤੋਂ ਵੱਧ ਖਾਣ-ਪੀਣ ਵਾਲੀਆਂ ਵਸਤੂਆਂ ਪੂਰੀ ਤਰ੍ਹਾਂ ਅਸੁਰੱਖਿਅਤ ਅਤੇ ਖਾਣ ਦੇ ਅਯੋਗ ਪਾਈਆਂ ਗਈਆਂ। ਡੇਅਰੀ ਉਤਪਾਦਾਂ ਜਿਵੇਂ ਦੁੱਧ, ਪਨੀਰ, ਘਿਓ ਅਤੇ ਮੱਖਣ ਵਿੱਚ ਅਜਿਹੇ ਖਤਰਨਾਕ ਅਤੇ ਜ਼ਹਿਰੀਲੇ ਕੈਮੀਕਲਾਂ ਦੀ ਵਰਤੋਂ ਕੀਤੀ ਜਾ ਰਹੀ ਹੈ ਜੋ ਆਮ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਦਿਆਂ ਕੈਂਸਰ ਵਰਗੀਆਂ ਨਾਮੁਰਾਦ ਬਿਮਾਰੀਆਂ ਨੂੰ ਸੱਦਾ ਦੇ ਰਹੇ ਹਨ।

**ਨਕਲੀ ਉਤਪਾਦਾਂ ਦਾ ਅਸੰਤੁਲਨ; ਸ਼ੁੱਧ ਦੁੱਧ ਉਤਪਾਦਕਾਂ ਦਾ ਆਰਥਿਕ ਸ਼ੋਸ਼ਣ** : ਇਸ ਮਿਲਾਵਟਖੋਰੀ ਦਾ ਸਭ ਤੋਂ ਗੰਭੀਰ ਅਤੇ ਘਾਤਕ ਆਰਥਿਕ ਪ੍ਰਭਾਵ ਉਸ ਇਮਾਨਦਾਰ ਕਿਸਾਨ 'ਤੇ ਪੈਂਦਾ ਹੈ ਜੋ ਤੜਕੇ ਉੱਠ ਕੇ, ਪਸ਼ੂਆਂ ਦੀ ਸੇਵਾ ਕਰਕੇ ਸ਼ੁੱਧ ਅਤੇ ਪ੍ਰਮਾਣਿਤ ਦੁੱਧ ਦਾ ਉਤਪਾਦਨ ਕਰਦਾ ਹੈ। ਜਦੋਂ ਬਾਜ਼ਾਰ ਵਿੱਚ ਕੈਮੀਕਲਾਂ ਨਾਲ ਤਿਆਰ ਕੀਤਾ ਗਿਆ ਨਕਲੀ ਪਨੀਰ ਅਤੇ ਸਿੰਥੈਟਿਕ ਦੁੱਧ ਅਸਲੀ ਨਾਲੋਂ ਅੱਧੀ ਕੀਮਤ 'ਤੇ ਉਪਲਬਧ ਹੁੰਦਾ ਹੈ, ਤਾਂ ਆਮ ਖਪਤਕਾਰ ਮਹਿੰਗਾਈ ਦੇ ਦੌਰ ਵਿੱਚ ਅਣਜਾਣਪੁਣੇ ਵਿੱਚ ਸਸਤੀ ਵਸਤੂ ਖਰੀਦਣ ਨੂੰ ਪਹਿਲ ਦਿੰਦਾ ਹੈ। ਇਸ ਦਾ ਸਿੱਧਾ ਨਤੀਜਾ ਇਹ ਨਿਕਲਦਾ ਹੈ ਕਿ ਸ਼ੁੱਧ ਮਾਲ ਤਿਆਰ ਕਰਨ ਵਾਲੇ ਕਿਸਾਨ ਦੀ ਲਾਗਤ ਵੀ ਪੂਰੀ ਨਹੀਂ ਹੁੰਦੀ ਅਤੇ ਉਹ ਮੰਡੀ ਦੇ ਇਸ ਬੇਈਮਾਨੀ ਭਰੇ ਅਸੰਤੁਲਨ ਕਾਰਨ ਲਗਾਤਾਰ ਘਾਟੇ ਦਾ ਸ਼ਿਕਾਰ ਹੁੰਦਾ ਜਾਂਦਾ ਹੈ। ਆਖਰਕਾਰ, ਉਹ ਆਪਣਾ ਕਾਰੋਬਾਰ ਬੰਦ ਕਰਨ ਲਈ ਮਜਬੂਰ ਹੋ ਜਾਂਦਾ ਹੈ। ਇਹ ਸਿਰਫ਼ ਖਪਤਕਾਰਾਂ ਦੀ ਸਿਹਤ ਤੱਕ ਸੀਮਤ ਮੁੱਦਾ ਨਹੀਂ ਹੈ, ਸਗੋਂ ਇਹ ਕਿਸਾਨੀ ਦੇ ਵਜੂਦ, ਉਸਦੀ ਇਮਾਨਦਾਰੀ ਅਤੇ ਰੋਜ਼ੀ-ਰੋਟੀ 'ਤੇ ਸਿੱਧਾ ਡਾਕਾ ਹੈ।

**ਨਕਲੀ ਖਾਦਾਂ ਅਤੇ ਠੱਗੀ ਦਾ ਜਾਲ; ਸਹਿਕਾਰੀ ਸਭਾਵਾਂ ਦੀ ਲਾਪਰਵਾਹੀ ਅਤੇ ਕਿਸਾਨਾਂ ਦੀ ਲੁੱਟ** : ਜਿੱਥੇ ਇੱਕ ਪਾਸੇ ਮੰਡੀ ਵਿੱਚ ਨਕਲੀ ਡੇਅਰੀ ਉਤਪਾਦ ਵੇਚ ਕੇ ਕਿਸਾਨ ਦੀ ਲੱਕ ਤੋੜੀ ਜਾ ਰਹੀ ਹੈ, ਉੱਥੇ ਹੀ ਦੂਜੇ ਪਾਸੇ ਖੇਤਾਂ ਵਿੱਚ ਫਸਲ ਪਾਲਣ ਲਈ ਲਿਆਂਦੀਆਂ ਜਾਂਦੀਆਂ ਖਾਦਾਂ ਵਿੱਚ ਵੀ ਕਿਸਾਨਾਂ ਨਾਲ ਸ਼ਰੇਆਮ ਧੋਖਾਧੜੀ ਹੋ ਰਹੀ ਹੈ। ਪੰਜਾਬ ਦੇ ਮੱਲ੍ਹੀ ਸ਼ਹੀਦ (ਛੱਜਾਵਾਲ) ਖੇਤਰ ਦੀ ਬਹੁ-ਮੰਤਵੀ ਸਹਿਕਾਰੀ ਸਭਾ ਦਾ ਸਾਹਮਣੇ ਆਇਆ ਤਾਜ਼ਾ ਮਾਮਲਾ ਇਸ ਬੇਈਮਾਨੀ ਦਾ ਪ੍ਰਤੱਖ ਪ੍ਰਮਾਣ ਹੈ, ਜਿੱਥੇ IAPL ਕੰਪਨੀ ਵੱਲੋਂ ਸਪਲਾਈ ਕੀਤੇ ਗਏ 'ਇੱਟਾਂ ਵਰਗੇ' ਪੱਥਰ ਹੋ ਚੁੱਕੇ ਡੀ.ਏ.ਪੀ. (DAP) ਗਟਿਆਂ ਨੇ ਕਿਸਾਨਾਂ ਨੂੰ ਖੱਜਲ-ਖੁਆਰ ਕਰਕੇ ਰੱਖ ਦਿੱਤਾ। 45 ਤੋਂ 50 ਕਿੱਲੋ ਦੇ ਇਨ੍ਹਾਂ ਗੱਟਿਆਂ ਵਿੱਚੋਂ ਖਾਦ ਦੀ ਥਾਂ ਢੇਲੇ ਅਤੇ ਇੱਟਾਂ ਦੇ ਰੋੜੇ ਨਿਕਲ ਰਹੇ ਹਨ, ਜਿਨ੍ਹਾਂ ਨੂੰ ਘੋਲਣ ਲਈ ਕਿਸਾਨਾਂ ਨੂੰ ਡੰਡਿਆਂ ਨਾਲ ਭੰਨਣਾ ਪੈ ਰਿਹਾ ਹੈ। ਜਦੋਂ ਕਿਸਾਨ ਪਹਿਲਾਂ ਹੀ ਮਹਿੰਗਾਈ ਦੀ ਮਾਰ ਹੇਠ ਹਨ, ਉਦੋਂ ਸਰਕਾਰੀ ਜਾਂ ਅਰਧ-ਸਰਕਾਰੀ ਪ੍ਰਣਾਲੀ ਰਾਹੀਂ ਅਜਿਹੀ ਖਰਾਬ ਅਤੇ ਨਕਲੀ ਖਾਦ ਮੁਹੱਈਆ ਕਰਵਾਉਣਾ ਕਿਸਾਨਾਂ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਦੇ ਬਰਾਬਰ ਹੈ। ਸਹਿਕਾਰੀ ਸਭਾਵਾਂ ਅਤੇ ਸਬੰਧਤ ਵਿਭਾਗਾਂ ਦੀ ਅਜਿਹੀ ਲਾਪਰਵਾਹੀ ਇਹ ਸਵਾਲ ਖੜ੍ਹਾ ਕਰਦੀ ਹੈ ਕਿ ਜੇਕਰ ਖੇਤਾਂ ਵਿੱਚ ਪਾਉਣ ਵਾਲੀ ਖਾਦ ਹੀ ਨਕਲੀ ਜਾਂ ਬੇਕਾਰ ਹੋਵੇਗੀ, ਤਾਂ ਕਿਸਾਨ ਆਪਣੀ ਫਸਲ ਤੋਂ ਚੰਗੀ ਉਪਜ ਦੀ ਆਸ ਕਿਵੇਂ ਰੱਖ ਸਕਦਾ ਹੈ ?

**ਫਸਲੀ ਵਿਭਿੰਨਤਾ ਦਾ ਭੁਲੇਖਾ; ਬਿਨਾਂ ਗਾਰੰਟੀ ਦੇ ਜੋਖਮ ਚੁੱਕਣ ਦੀ ਚੁਣੌਤੀ** : ਸਰਕਾਰਾਂ, ਖੇਤੀਬਾੜੀ ਵਿਗਿਆਨੀ ਅਤੇ ਚਿੰਤਕ ਲਗਾਤਾਰ ਪੰਜਾਬ ਨੂੰ ਝੋਨੇ ਅਤੇ ਕਣਕ ਦੇ ਰਵਾਇਤੀ ਚੱਕਰ ਵਿੱਚੋਂ ਬਾਹਰ ਕੱਢਣ ਲਈ ਫਸਲੀ ਵਿਭਿੰਨਤਾ (Crop Diversification) ਅਪਣਾਉਣ ਦੀਆਂ ਵੱਡੀਆਂ-ਵੱਡੀਆਂ ਨਸੀਹਤਾਂ ਦਿੰਦੇ ਹਨ। ਕਿਸਾਨਾਂ ਨੂੰ ਬਾਗਬਾਨੀ, ਸਬਜ਼ੀਆਂ, ਮਸਾਲੇ, ਮਧੂ-ਮੱਖੀ ਪਾਲਣ ਅਤੇ ਡੇਅਰੀ ਫਾਰਮਿੰਗ ਵੱਲ ਰੁਖ਼ ਕਰਨ ਲਈ ਕਿਹਾ ਜਾਂਦਾ ਹੈ। ਪਰ ਇੱਥੇ ਕਿਸਾਨ ਦਾ ਸਵਾਲ ਬਹੁਤ ਹੀ ਵਾਜਬ ਹੈ ਇਸ ਬਦਲਾਅ ਦੀ ਗਾਰੰਟੀ ਕੌਣ ਦੇਵੇਗਾ ? ਜੇਕਰ ਇੱਕ ਕਿਸਾਨ ਆਪਣੀ ਜਮ੍ਹਾਂ ਪੂੰਜੀ ਲਗਾ ਕੇ ਰਸਾਇਣ ਮੁਕਤ (Organic) ਸਬਜ਼ੀਆਂ ਜਾਂ ਫਲ ਉਗਾਉਂਦਾ ਹੈ, ਤਾਂ ਮੰਡੀ ਵਿੱਚ ਉਸਨੂੰ ਉਹੀ ਭਾਅ ਮਿਲਦਾ ਹੈ ਜੋ ਜ਼ਹਿਰੀਲੀਆਂ ਦਵਾਈਆਂ ਨਾਲ ਤਿਆਰ ਕੀਤੀ ਫਸਲ ਦਾ ਹੁੰਦਾ ਹੈ। ਜਦੋਂ ਤੱਕ ਬਦਲਵੀਆਂ ਫਸਲਾਂ ਲਈ ਨਿਸ਼ਚਿਤ, ਭਰੋਸੇਯੋਗ ਅਤੇ ਸਮਰਥਨ ਮੁੱਲ (MSP) ਵਾਲਾ ਬਾਜ਼ਾਰ ਪ੍ਰਦਾਨ ਨਹੀਂ ਕੀਤਾ ਜਾਂਦਾ, ਉਦੋਂ ਤੱਕ ਕਿਸਾਨ ਲਈ ਝੋਨੇ-ਕਣਕ ਦੀ ਸੁਰੱਖਿਅਤ ਖਰੀਦ ਨੂੰ ਛੱਡਣਾ ਇੱਕ ਬਹੁਤ ਵੱਡਾ ਘਾਤਕ ਜੋਖਮ ਬਣਿਆ ਰਹੇਗਾ।

**ਸਫਲਤਾ ਦੀਆਂ ਵਿਰਲੀਆਂ ਮਿਸਾਲਾਂ; ਮੁਕਤਸਰ ਦੇ ਕਿਸਾਨ ਦਾ ਪ੍ਰੇਰਨਾਦਾਇਕ ਮਾਡਲ** : ਇਸ ਘੋਰ ਨਿਰਾਸ਼ਾਜਨਕ ਮਾਹੌਲ ਵਿੱਚ ਵੀ ਕੁਝ ਸਥਾਨਕ ਉਦਮੀ ਕਿਸਾਨ ਆਪਣੀ ਸੂਝ-ਬੂਝ ਅਤੇ ਹਿੰਮਤ ਨਾਲ ਸਫਲਤਾ ਦੀਆਂ ਨਵੀਆਂ ਪਾਰਦਰਸ਼ੀ ਮਿਸਾਲਾਂ ਕਾਇਮ ਕਰ ਰਹੇ ਹਨ। ਸ਼੍ਰੀ ਮੁਕਤਸਰ ਸਾਹਿਬ ਦੇ ਪਿੰਡ ਸੁਖਨਾ ਅਬਲੂ ਦੇ ਕਿਸਾਨ ਬਲਵਿੰਦਰ ਸਿੰਘ ਸੰਧੂ ਦੀ ਕਹਾਣੀ ਇਸ ਦੀ ਇੱਕ ਪ੍ਰਤੱਖ ਅਤੇ ਰਾਹ ਦਸਾਊ ਉਦਾਹਰਣ ਹੈ। ਉਨ੍ਹਾਂ ਨੇ ਮਾਤਰ ਦੋ ਏਕੜ ਤੋਂ ਬਾਗਬਾਨੀ ਦੀ ਸ਼ੁਰੂਆਤ ਕਰਕੇ ਅੱਜ ਵੀਹ ਏਕੜ ਖੇਤਰ ਵਿੱਚ ਵਿਭਿੰਨ ਫਸਲਾਂ ਦੀ ਜੈਵਿਕ ਖੇਤੀ (ਪ੍ਰੀਤ ਐਗਰੋ ਨੇਚਰ ਵੇਅ ਫਾਰਮ) ਫੈਲਾ ਲਈ ਹੈ। ਅੱਜ ਉਹ ਪੈਂਤੀ ਤੋਂ ਚਾਲੀ ਤਰ੍ਹਾਂ ਦੇ ਫਲ, ਮਸਾਲੇ ਅਤੇ ਖੇਤੀਬਾੜੀ ਉਤਪਾਦ ਤਿਆਰ ਕਰਕੇ ਆਪਣੇ ਫਾਰਮ ਤੋਂ ਸਿੱਧੇ ਖਪਤਕਾਰਾਂ ਨੂੰ ਵੇਚ ਰਹੇ ਹਨ। ਸਿੱਧੀ ਵਿਕਰੀ ਪ੍ਰਣਾਲੀ ਨਾਲ ਉਨ੍ਹਾਂ ਨੇ ਵਿਚੋਲਿਆਂ ਦਾ ਜਾਲ ਤੋੜਿਆ ਹੈ ਅਤੇ ਆਪਣੀ ਆਮਦਨ ਵਿੱਚ ਤਿੰਨ ਗੁਣਾ ਤੱਕ ਵਾਧਾ ਕੀਤਾ ਹੈ।

**ਸਾਧਨਹੀਣ ਕਿਸਾਨਾਂ ਦੀਆਂ ਮਜਬੂਰੀਆਂ; ਆਮ ਕਿਸਾਨ ਲਈ ਸਿੱਧੀ ਵਿਕਰੀ ਦਾ ਅਸੰਭਵ ਸਫ਼ਰ** : ਹਾਲਾਂਕਿ, ਇੱਕ ਮੀਡੀਆ ਵਿਸ਼ਲੇਸ਼ਕ ਦੇ ਤੌਰ 'ਤੇ ਇਹ ਸਮਝਣਾ ਅਤਿਅੰਤ ਜ਼ਰੂਰੀ ਹੈ ਕਿ ਬਲਵਿੰਦਰ ਸਿੰਘ ਵਰਗਾ ਮਾਡਲ ਪੰਜਾਬ ਦੇ ਹਰ ਆਮ, ਛੋਟੇ ਅਤੇ ਸੀਮਾਂਤ ਕਿਸਾਨ ਲਈ ਰਾਤੋ-ਰਾਤ ਅਪਣਾਉਣਾ ਸੰਭਵ ਨਹੀਂ ਹੈ। ਖੇਤ ਤੋਂ ਸਿੱਧੇ ਖਪਤਕਾਰ ਤੱਕ ਪਹੁੰਚਣ (Farm to Table) ਲਈ ਬਹੁਤ ਵੱਡੀ ਆਰਥਿਕ ਪੂੰਜੀ, ਪ੍ਰੋਸੈਸਿੰਗ ਯੂਨਿਟ, ਕੋਲਡ ਸਟੋਰੇਜ ਸੁਵਿਧਾਵਾਂ, ਮਾਰਕੀਟਿੰਗ, ਬਰਾਂਡਿੰਗ ਅਤੇ ਗਾਹਕਾਂ ਦਾ ਵਿਸ਼ਵਾਸ ਜਿੱਤਣ ਵਿੱਚ ਸਾਲਾਂ ਦਾ ਸਮਾਂ ਲੱਗਦਾ ਹੈ। ਪੰਜਾਬ ਦੇ ਬਹੁਗਿਣਤੀ ਛੋਟੇ ਕਿਸਾਨਾਂ ਕੋਲ ਇੰਨੇ ਆਰਥਿਕ ਸਾਧਨ ਅਤੇ ਸਮਰੱਥਾ ਨਹੀਂ ਹੈ। ਇਸ ਲਈ ਸਿਰਫ਼ ਏਅਰ-ਕੰਡੀਸ਼ਨਡ ਕਮਰਿਆਂ ਵਿੱਚ ਬੈਠ ਕੇ "ਫਸਲ ਬਦਲੋ" ਦਾ ਨਾਅਰਾ ਦੇਣਾ ਕਾਫ਼ੀ ਨਹੀਂ ਹੈ, ਸਗੋਂ ਸਰਕਾਰ ਨੂੰ ਅਜਿਹੀ ਆਧਾਰਭੂਤ ਪ੍ਰਣਾਲੀ ਅਤੇ ਸਰਕਾਰੀ ਮੰਡੀਕਰਨ ਦਾ ਢਾਂਚਾ ਤਿਆਰ ਕਰਨਾ ਪਵੇਗਾ ਜੋ ਛੋਟੇ ਤੋਂ ਛੋਟੇ ਕਿਸਾਨ ਨੂੰ ਵੀ ਉਸਦੀ ਮਿਹਨਤ ਦਾ ਯੋਗ ਮੁੱਲ ਦਿਵਾ ਸਕੇ।

**ਕੁਦਰਤ ਦੀ ਮਾਰ ਅਤੇ ਆਰਥਿਕ ਬੋਝ; ਖੇਤੀ ਦਾ ਲਗਾਤਾਰ ਘਾਟੇ ਦਾ ਸੌਦਾ ਬਣਨਾ** : ਕੁਦਰਤ ਦੀ ਅਨਿਸ਼ਚਿਤਤਾ ਅਤੇ ਮੰਡੀ ਦੇ ਸ਼ੋਸ਼ਣ ਵਿਚਕਾਰ ਪਿਸ ਰਹੇ ਕਿਸਾਨ ਦਾ ਜੀਵਨ ਇੱਕ ਨਿਰੰਤਰ ਰੋਜ਼ਾਨਾ ਦਾ ਜੂਆ ਬਣ ਕੇ ਰਹਿ ਗਿਆ ਹੈ। ਕਦੇ ਬਿਜਾਈ ਵੇਲੇ ਸੋਕੇ ਦੀ ਸਥਿਤੀ, ਕਦੇ ਪੱਕਣ ਵੇਲੇ ਬੇਮੌਸਮੀ ਬਾਰਿਸ਼, ਹੜ੍ਹ, ਗੜੇਮਾਰੀ ਅਤੇ ਫਸਲਾਂ 'ਤੇ ਨਵੀਆਂ ਬਿਮਾਰੀਆਂ ਜਾਂ ਕੀੜਿਆਂ ਦੇ ਹਮਲੇ ਪਲ ਭਰ ਵਿੱਚ ਕਿਸਾਨ ਦੀ ਛੇ ਮਹੀਨਿਆਂ ਦੀ ਕਮਾਈ ਤਬਾਹ ਕਰ ਦਿੰਦੇ ਹਨ। ਦੂਜੇ ਪਾਸੇ ਡੀਜ਼ਲ, ਖਾਦਾਂ, ਬੀਜਾਂ, ਕੀਟਨਾਸ਼ਕਾਂ ਅਤੇ ਮਸ਼ੀਨਰੀ ਦੇ ਲਗਾਤਾਰ ਵਧ ਰਹੇ ਭਾਅ ਨੇ ਖੇਤੀ ਦੀ ਲਾਗਤ ਨੂੰ ਅਸਮਾਨੀ ਪਹੁੰਚਾ ਦਿੱਤਾ ਹੈ। ਇੱਕ ਨੌਕਰੀਪੇਸ਼ਾ ਵਿਅਕਤੀ ਦੀ ਮਹੀਨਾਵਾਰ ਆਮਦਨ ਨਿਸ਼ਚਿਤ ਹੁੰਦੀ ਹੈ, ਪਰ ਕਿਸਾਨ ਸਾਰਾ ਸਾਲ ਖੇਤ ਵਿੱਚ ਦਿਨ-ਰਾਤ ਬਲਦ ਵਾਂਗ ਖਪਣ ਤੋਂ ਬਾਅਦ ਵੀ ਇਹ ਦਾਅਵੇ ਨਾਲ ਨਹੀਂ ਕਹਿ ਸਕਦਾ ਕਿ ਫਸਲ ਚੁੱਕ ਕੇ ਘਰ ਲਿਆਉਣ ਤੋਂ ਬਾਅਦ ਉਸਦੀ ਲਾਗਤ ਵੀ ਵਾਪਸ ਮੁੜੇਗੀ ਜਾਂ ਨਹੀਂ।

**ਖੁਦਕੁਸ਼ੀਆਂ ਦਾ ਦੁਖਾਂਤ; ਸਿਆਸੀ ਬਿਆਨਬਾਜ਼ੀ ਵਿੱਚ ਗੁੰਮ ਹੁੰਦਾ ਅੰਨਦਾਤਾ ਦਾ ਦਰਦ** : ਜਦੋਂ ਲਾਗਤ ਵਧ ਜਾਂਦੀ ਹੈ, ਫਸਲ ਮੰਡੀ ਵਿੱਚ ਕੌਡੀ ਦੇ ਭਾਅ ਵਿਕਦੀ ਹੈ ਜਾਂ ਕੁਦਰਤੀ ਆਫ਼ਤ ਨਾਲ ਤਬਾਹ ਹੋ ਜਾਂਦੀ ਹੈ, ਤਾਂ ਸਿਰ 'ਤੇ ਚੜ੍ਹਦੇ ਕਰਜ਼ੇ ਦਾ ਅਸਹਿ ਬੋਝ ਕਿਸਾਨ ਨੂੰ ਮਾਨਸਿਕ ਤੌਰ 'ਤੇ ਉਸ ਮੋੜ 'ਤੇ ਪਹੁੰਚਾ ਦਿੰਦਾ ਹੈ ਜਿੱਥੇ ਖੁਦਕੁਸ਼ੀ ਵਰਗਾ ਦੁਖਦ ਅਤੇ ਭਿਆਨਕ ਕਦਮ ਹੀ ਉਸਨੂੰ ਆਖਰੀ ਰਸਤਾ ਪ੍ਰਤੀਤ ਹੁੰਦਾ ਹੈ। ਖੇਤੀਬਾੜੀ ਖੇਤਰ ਵਿੱਚ ਹੋ ਰਹੀਆਂ ਇਹ ਨਿਰੰਤਰ ਖੁਦਕੁਸ਼ੀਆਂ ਸਿਰਫ਼ ਸਰਕਾਰੀ ਅੰਕੜੇ ਜਾਂ ਫਾਈਲਾਂ ਦੇ ਪੰਨੇ ਨਹੀਂ ਹਨ, ਸਗੋਂ ਇਹ ਜਿਉਂਦੇ-ਜਾਗਦੇ ਹੱਸਦੇ-ਵਸਦੇ ਪਰਿਵਾਰਾਂ ਦੇ ਉਜਾੜੇ, ਅਨਾਥ ਹੋਏ ਬੱਚਿਆਂ ਅਤੇ ਵਿਧਵਾਵਾਂ ਦੀਆਂ ਦਰਦਨਾਕ ਦਾਸਤਾਨਾਂ ਹਨ। ਸਭ ਤੋਂ ਵੱਡਾ ਦੁੱਖ ਇਹ ਹੈ ਕਿ ਹਰ ਅਜਿਹੀ ਘਟਨਾ ਤੋਂ ਬਾਅਦ ਕੁਝ ਦਿਨ ਸਿਆਸੀ ਬਿਆਨਬਾਜ਼ੀ, ਦੋਸ਼-ਦੋਸ਼ਾਰੋਪਣ ਅਤੇ ਮੀਡੀਆ ਦੀਆਂ ਸੁਰਖੀਆਂ ਬਣਦੀਆਂ ਹਨ, ਪਰ ਕੁਝ ਸਮੇਂ ਬਾਅਦ ਸਭ ਕੁਝ ਭੁਲਾ ਦਿੱਤਾ ਜਾਂਦਾ ਹੈ ਅਤੇ ਕਿਸਾਨ ਦੀ ਜੂਨ ਜਿਉਂ ਦੀ ਤਿਉਂ ਬਣੀ ਰਹਿੰਦੀ ਹੈ।

**ਢਾਂਚਾਗਤ ਸੁਧਾਰਾਂ ਦੀ ਲੋੜ; ਸਿਸਟਮ ਵਿੱਚ ਨਿਸ਼ਚਿਤ ਬਦਲਾਅ ਲਈ ਜ਼ਰੂਰੀ ਕਦਮ** : ਜੇਕਰ ਅਸੀਂ ਸੱਚਮੁੱਚ ਪੰਜਾਬ ਦੀ ਖੇਤੀਬਾੜੀ, ਗ੍ਰਾਮੀਣ ਅਰਥਵਿਵਸਥਾ ਅਤੇ ਕਿਸਾਨੀ ਨੂੰ ਇਸ ਡੂੰਘੇ ਬਹੁਪੱਖੀ ਸੰਕਟ ਵਿੱਚੋਂ ਬਾਹਰ ਕੱਢਣਾ ਚਾਹੁੰਦੇ ਹਾਂ ਤਾਂ ਸਾਨੂੰ ਰਵਾਇਤੀ ਨੀਤੀਆਂ ਨੂੰ ਛੱਡ ਕੇ ਵਿਆਪਕ ਅਤੇ ਸਖ਼ਤ ਸੁਧਾਰ ਕਰਨ ਦੀ ਲੋੜ ਹੈ।

**ਮਿਲਾਵਟਖੋਰੀ ਵਿਰੁੱਧ ਜ਼ੀਰੋ-ਟੋਲਰੈਂਸ**: ਨਕਲੀ ਦੁੱਧ, ਕੈਮੀਕਲ ਵਾਲਾ ਪਨੀਰ ਅਤੇ ਮਿਲਾਵਟੀ ਘਿਓ ਬਣਾਉਣ ਵਾਲੇ ਗੈਂਗਾਂ ਵਿਰੁੱਧ ਸਖ਼ਤ ਕਾਨੂੰਨ ਬਣਾ ਕੇ ਫਾਸਟ-ਟਰੈਕ ਅਦਾਲਤਾਂ ਰਾਹੀਂ ਤੁਰੰਤ ਸਜ਼ਾਵਾਂ ਦਿੱਤੀਆਂ ਜਾਣ। ਇਸ ਨਾਲ ਸ਼ੁੱਧ ਉਤਪਾਦ ਤਿਆਰ ਕਰਨ ਵਾਲੇ ਕਿਸਾਨਾਂ ਲਈ ਬਾਜ਼ਾਰ ਵਿੱਚ ਬਰਾਬਰ ਅਤੇ ਵਾਜਬ ਮੌਕਾ ਬਣੇਗਾ।

**ਬਦਲਵੀਆਂ ਫਸਲਾਂ 'ਤੇ MSP ਦੀ ਗਾਰੰਟੀ**: ਝੋਨੇ-ਕਣਕ ਤੋਂ ਇਲਾਵਾ ਹੋਰਨਾਂ ਫਲਾਂ, ਸਬਜ਼ੀਆਂ, ਦਾਲਾਂ ਅਤੇ ਮਸਾਲਿਆਂ ਲਈ ਵੀ ਨਿਸ਼ਚਿਤ ਸਰਕਾਰੀ ਖਰੀਦ ਪ੍ਰਣਾਲੀ ਅਤੇ ਸਮਰਥਨ ਮੁੱਲ ਦਾ ਕਾਨੂੰਨੀ ਅਧਿਕਾਰ ਦਿੱਤਾ ਜਾਵੇ।

**ਕਿਸਾਨ ਉਤਪਾਦਕ ਸੰਗਠਨਾਂ (FPOs) ਨੂੰ ਮਜ਼ਬੂਤੀ**: ਪਿੰਡ ਪੱਧਰ 'ਤੇ ਛੋਟੇ ਕਿਸਾਨਾਂ ਦੇ ਸਮੂਹ ਬਣਾ ਕੇ ਉਨ੍ਹਾਂ ਨੂੰ ਸਰਕਾਰੀ ਸਬਸਿਡੀ 'ਤੇ ਪ੍ਰੋਸੈਸਿੰਗ, ਪੈਕੇਜਿੰਗ, ਬ੍ਰਾਂਡਿੰਗ ਅਤੇ ਕੋਲਡ ਚੇਨ ਸੁਵਿਧਾਵਾਂ ਉਪਲਬਧ ਕਰਵਾਈਆਂ ਜਾਣ।

**ਤੁਰੰਤ ਅਤੇ ਪਾਰਦਰਸ਼ੀ ਮੁਆਵਜ਼ਾ**: ਕੁਦਰਤੀ ਆਫ਼ਤਾਂ ਜਾਂ ਬਿਮਾਰੀਆਂ ਕਾਰਨ ਹੋਏ ਫਸਲੀ ਨੁਕਸਾਨ ਦਾ ਅੰਕੜਿਆਂ ਦੀ ਖੇਡ ਤੋਂ ਮੁਕਤ ਹੋ ਕੇ ਕਿਸਾਨਾਂ ਨੂੰ ਤੁਰੰਤ ਅਤੇ ਪੂਰਾ ਭੁਗਤਾਨ ਕੀਤਾ ਜਾਵੇ।

**ਖਪਤਕਾਰ ਜਾਗਰੂਕਤਾ**: ਆਮ ਜਨਤਾ ਵਿੱਚ ਇਹ ਜਾਗਰੂਕਤਾ ਫੈਲਾਈ ਜਾਵੇ ਕਿ ਸਸਤੇ ਦੇ ਚੱਕਰ ਵਿੱਚ ਨਕਲੀ ਅਤੇ ਜ਼ਹਿਰੀਲੀਆਂ ਵਸਤੂਆਂ ਖਰੀਦਣ ਨਾਲੋਂ ਸ਼ੁੱਧ ਅਤੇ ਕਿਸਾਨ ਤੋਂ ਸਿੱਧੀਆਂ ਖਰੀਦੀਆਂ ਵਸਤੂਆਂ ਉਨ੍ਹਾਂ ਦੀ ਸਿਹਤ ਅਤੇ ਦੇਸ਼ ਦੀ ਅਰਥਵਿਵਸਥਾ ਦੋਵਾਂ ਲਈ ਲਾਹੇਵੰਦ ਹਨ।

**ਕਿਸਾਨ ਦੀ ਸੁਰੱਖਿਆ ਹੀ ਖਪਤਕਾਰ ਦੀ ਸਿਹਤ ਦੀ ਗਾਰੰਟੀ ਹੈ** : ਅੰਤ ਵਿੱਚ ਇਹ ਸਪੱਸ਼ਟ ਹੈ ਕਿ ਅੱਜ ਦਾ ਕਿਸਾਨ ਇੱਕੋ ਸਮੇਂ ਕਈ ਮੋਰਚਿਆਂ 'ਤੇ ਜੰਗ ਲੜ ਰਿਹਾ ਹੈ ਓਹ ਬਦਲਦੇ ਮੌਸਮ, ਡਿੱਗਦੇ ਧਰਤੀ ਹੇਠਲੇ ਪਾਣੀ, ਵਧਦੀ ਮਹਿੰਗਾਈ, ਮੰਡੀ ਦੇ ਵਿਚੋਲਿਆਂ ਅਤੇ ਹੁਣ ਬਾਜ਼ਾਰ ਦੀ ਬੇਈਮਾਨ ਮਿਲਾਵਟਖੋਰੀ ਨਾਲ ਵੀ ਇਕੱਲਾ ਨਿਪਟ ਰਿਹਾ ਹੈ। "ਜੈ ਜਵਾਨ, ਜੈ ਕਿਸਾਨ" ਦੇ ਨਾਅਰੇ ਤਦ ਹੀ ਸਾਰਥਕ ਹੋ ਸਕਦੇ ਹਨ ਜਦੋਂ ਅੰਨਦਾਤਾ ਨੂੰ ਉਸਦੀ ਮਿਹਨਤ ਦਾ ਸਨਮਾਨਜਨਕ ਮੁੱਲ ਮਿਲੇਗਾ ਅਤੇ ਉਸਦੀ ਜ਼ਿੰਦਗੀ ਜੂਨ ਭੋਗਣ ਤੋਂ ਮੁਕਤ ਹੋਵੇਗੀ। ਜੇਕਰ ਦੇਸ਼ ਨੂੰ ਸ਼ੁੱਧ, ਸੁਰੱਖਿਅਤ ਅਤੇ ਸਿਹਤਮੰਦ ਖੁਰਾਕ ਚਾਹੀਦੀ ਹੈ, ਤਾਂ ਸਭ ਤੋਂ ਪਹਿਲਾਂ ਸਾਨੂੰ ਉਸ ਹੱਥ ਨੂੰ ਮਜ਼ਬੂਤੀ, ਸੁਰੱਖਿਆ ਅਤੇ ਸਨਮਾਨ ਦੇਣਾ ਪਵੇਗਾ ਜੋ ਇਸ ਦੇਸ਼ ਦਾ ਪੇਟ ਭਰਨ ਲਈ ਦਿਨ-ਰਾਤ ਮਿੱਟੀ ਨਾਲ ਮਿੱਟੀ ਹੁੰਦਾ ਹੈ।



# ਮਾਝਾ-ਦੁਆਬਾ

ਆਸ ਪਾਸ



## ਜੈ ਭੋਲੇ ਸ਼ੰਕਰ ਲੰਗਰ ਸੇਵਾ ਕਮੇਟੀ ਵੱਲੋਂ ਧਾਰਮਕ ਸਮਾਗਮ

ਟਾਂਡਾ ਉੜਮੁੜ, 26 ਜੁਲਾਈ (ਅਰਜੁਨ ਜੈਨ)-ਜੈ ਭੋਲੇ ਸ਼ੰਕਰ ਲੰਗਰ ਸੇਵਾ ਕਮੇਟੀ, ਟਾਂਡਾ ਵੱਲੋਂ ਸ੍ਰੀ ਅਮਰਨਾਥ ਯਾਤਰਾ ਤੇ ਜਾਣ ਵਾਲੇ ਸ਼ਰਧਾਲੂਆਂ ਦੀ ਨਿਸ਼ਕਾਮ ਸੇਵਾ ਦੇ ਉਦੇਸ਼ ਨਾਲ 28 ਜੂਨ ਤੋਂ ਜਲੰਧਰ-ਪਠਾਨਕੋਟ ਕੌਮੀ ਮਾਰਗ ਤੇ ਫੋਕਲ ਪੁਆਇੰਟ ਟਾਂਡਾ ਦੇ ਸਾਹਮਣੇ ਲਗਾਇਆ ਗਿਆ 15ਵਾਂ ਸਲਾਨਾ ਵਿਸ਼ਾਲ ਲੰਗਰ ਪੂਰੀ ਸ਼ਰਧਾ, ਸੇਵਾ ਭਾਵਨਾ ਅਤੇ ਉਤਸ਼ਾਹ ਨਾਲ ਬੀਤੀ ਰਾਤ ਸੰਪੰਨ ਹੋ ਗਿਆ। ਲੰਗਰ ਸੇਵਾ ਦੇ ਸਮਾਪਨ ਵਿਸ਼ੇਸ਼ ਧਾਰਮਿਕ ਮੌਕੇ ਵਿਸ਼ੇਸ਼ ਧਾਰਮਕ ਸਮਾਗਮ ਅਤੇ ਭਜਨ ਸੰਧਿਆ ਕਰਵਾਈ ਗਈ। ਜਿਸ ਵਿਚ ਇਲਾਕੇ ਭਰ ਤੋਂ ਵੱਡੀ ਗਿਣਤੀ ਵਿਚ ਵੱਡੀ ਗਿਣਤੀ ਵਿਚ ਸ਼ਿਵ ਭਗਤਾਂ ਨੇ ਹਾਜ਼ਰੀ ਲੁਆਈ।ਕਮੇਟੀ ਦੇ ਪ੍ਰਬੰਧਕ ਸੇਵਾਦਾਰ ਇੰਦਰਜੀਤ ਸਿੰਘ ਮੁਲਤਾਨੀ, ਪਵਨ ਚੱਢਾ ਅਤੇ ਸੋਨੂ ਖੁੱਲਰ ਦੀ ਦੇਖ ਰੇਖ ਵਿਚ ਸ੍ਰੀ ਅਮਰਨਾਥ ਯਾਤਰਾ ਸ਼ੁਰੂ ਹੋਣ ਦੇ ਨਾਲ ਹੀ ਇਹ ਲੰਗਰ ਨਿਰੰਤਰ ਸ਼ਰਧਾਲੂਆਂ ਦੀ ਸੇਵਾ ਲਈ ਸਮਰਪਿਤ ਰਿਹਾ। ਹਰ ਰੋਜ਼ ਵੱਡੀ ਗਿਣਤੀ ਵਿਚ ਅਮਰਨਾਥ ਯਾਤਰੀ ਇੱਥੇ ਲੰਗਰ ਦਾ ਪ੍ਰਸ਼ਾਦ ਛਕਿਆ।ਧਾਰਮਿਕ ਸਮਾਗਮ ਵਿਚ ਪ੍ਰਸਿੱਧ ਭਜਨ ਗਾਇਕਾ ਸਰਿਤਾ ਸ਼ਰਮਾ ਅਤੇ ਹੋਰ ਭਜਨ ਮੰਡਲੀਆਂ ਭਗਵਾਨ ਭੋਲੇ ਸ਼ੰਕਰ ਦੀ ਮਹਿਮਾ ਦਾ ਗੁਣਗਾਨ ਕੀਤਾ। ਭਜਨ-ਕੀਰਤਨ ਦੌਰਾਨ ਸਮੁੱਚਾ ਮਾਹੌਲ ਭਗਤੀ ਰਸ ਨਾਲ ਸਰਾਬੋਰ ਰਿਹਾ ਅਤੇ ਸੰਗਤ ਨੂੰ ਭਗਵਾਨ ਸ਼ਿਵ ਦੀ ਭਗਤੀ ਵਿਚ ਲੀਨ ਰਹੀ। ਇਸ ਮੌਕੇ ਸਮੂਹ ਸ਼ਿਵ ਭਗਤਾਂ ਨੇ ਮਿਲਕੇ ਸਰਬੱਤ ਦੇ ਭਲੇ ਦੀ ਪ੍ਰਾਰਥਨਾ ਕੀਤੀ। ਇਸ ਮੌਕੇ ਪ੍ਰਬੰਧਕ ਸੇਵਾਦਾਰਾਂ ਵੱਲੋਂ ਭਜਨ ਮੰਡਲੀ ਅਤੇ ਸਹਿਯੋਗੀਆਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਕ੍ਰਿਸ਼ਨ ਬਿੱਟੂ, ਦੀਪਕ ਬਹਿਲ, ਮਿੱਕੀ ਪੰਡਿਤ, ਰਣਜੀਤ ਸਿੰਘ ਸਿੱਧੂ, ਵਿਨੋਦ ਕੁਮਾਰ, ਰਵੀ ਡੋਗਰਾ, ਵਿਕਾਸ ਜਸਰਾ, ਚੀਨੂੰ ਪੰਡਿਤ, ਸ਼ੁਭਮ ਬਿੱਲਾ, ਦੀਪਕ ਮਾਹਲਾ, ਹੈਪੀ, ਓਮ ਪ੍ਰਕਾਸ਼ ਮਹਿੰਦਰੂ, ਲਖਪਾਲ, ਕੁਲਦੀਪ ਕੁਮਾਰ, ਰਵੀ ਚੱਢਾ ਸਮੇਤ ਵੱਡੀ ਗਿਣਤੀ ਵਿੱਚ ਸੇਵਾਦਾਰ ਅਤੇ ਸ਼ਿਵ ਭਗਤ ਹਾਜ਼ਰ ਸਨ।

## ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪ੍ਰਿਯੰਕ ਕਾਨੂੰਨਗੋ ਅੱਜ ਅੰਮ੍ਰਿਤਸਰ ਦੇ ਦੌਰੇ 'ਤੇ

ਅੰਮ੍ਰਿਤਸਰ, 26 ਜੁਲਾਈ ( ਬਬਲੂ ਮਹਾਜਨ) ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ (ਐਨ.ਐਚ.ਆਰ.ਸੀ.), ਨਵੀਂ ਦਿੱਲੀ ਦੇ ਮਾਣਯੋਗ ਮੈਂਬਰ ਸ਼੍ਰੀ ਪ੍ਰਿਯੰਕ ਕਾਨੂੰਨਗੋ 27 ਜੁਲਾਈ, 2026 ਨੂੰ ਅੰਮ੍ਰਿਤਸਰ ਦੇ ਅਧਿਕਾਰਤ ਦੌਰੇ ਤੇ ਆ ਰਹੇ ਹਨ। ਇ ਸ ਦੌਰਾਨ ਉਹ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦੁਰਗਿਆਣਾ ਮੰਦਰ ਅਤੇ ਸ੍ਰੀ ਰਾਮ ਤੀਰਥ ਦੇ ਦਰਸ਼ਨ ਵੀ ਕਰਨਗੇ। ਇਸ ਉਪਰੰਤ ਸ੍ਰੀ ਪ੍ਰਿਯੰਕ ਕਾਨੂੰਨਗੋ ਵੱਲੋਂ 11:00 ਵਜੇ ਰਾਮ ਤੀਰਥ ਵਿਖੇ ਇੱਕ ਮੀਟਿੰਗ ਕੀਤੀ ਜਾਵੇਗੀ। ਇਸ ਉਪਰੰਤ ਸ੍ਰੀ ਪ੍ਰਿਯੰਕ ਕਾਨੂੰਨਗੋ ਵੱਲੋਂ ਦੁਪਹਿਰ 12:45 ਵਜੇ ਮਕਬੂਲਪੁਰਾ ਅਤੇ 1:30 ਵਜੇ ਅੰਮ੍ਰਿਤਸਰ ਗਰੁੱਪ ਆਫ ਕਾਲਜਿਸ ਵਿਖੇ ਮੀਟਿੰਗਾਂ ਕੀਤੀਆਂ ਜਾਣਗੀਆਂ। ਉਨ੍ਹਾਂ ਵੱਲੋਂ ਬਿਆਦ ਦੁਪਹਿਰ 3:00 ਵਜੇ ਉਨ੍ਹਾਂ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਪ੍ਰਸ਼ਾਸਨਿਕ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ ਜਾਵੇਗੀ। ਇਸ ਮੀਟਿੰਗ ਦੌਰਾਨ ਉਨ੍ਹਾਂ ਵੱਲੋਂ ਜ਼ਿਲ੍ਹੇ ਵਿੱਚ ਮਨੁੱਖੀ ਅਧਿਕਾਰਾਂ ਦੀ ਸਥਿਤੀ, ਕੇਂਦਰ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਦੇ ਲਾਗੂਕਰਨ ਅਤੇ ਲਾਭਪਾਤਰੀਆਂ ਤੱਕ ਉਨ੍ਹਾਂ ਦੀ ਪਹੁੰਚ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਜਾਵੇਗੀ। ਇਸ ਤੋਂ ਇਲਾਵਾ ਰੋਜ਼ਗਾਰ ਅਤੇ ਹੁਨਰ ਵਿਕਾਸ, ਬੱਚਿਆਂ ਦੇ ਅਧਿਕਾਰ, ਮਨੁੱਖੀ ਤਸਕਰੀ ਦੀ ਰੋਕਥਾਮ, ਬਜ਼ੁਰਗਾਂ ਅਤੇ ਦਿਵਿਆਂਗਜਨਾਂ ਦੇ ਅਧਿਕਾਰਾਂ, ਪੰਚਾਇਤੀ ਰਾਜ ਸੰਸਥਾਵਾਂ, ਖੇਡਾਂ ਅਤੇ ਮਨੁੱਖੀ ਅਧਿਕਾਰ, ਯੁਵਾ ਮਾਮਲੇ ਅਤੇ ਸੱਭਿਆਚਾਰਕ ਅਧਿਕਾਰਾਂ ਸਮੇਤ ਕਈ ਮਹੱਤਵਪੂਰਨ ਵਿਸ਼ਿਆਂ ਤੇ ਵੀ ਚਰਚਾ ਹੋਵੇਗੀ।

## ਵਿਕਾਸ ਕਾਰਜਾਂ ਬਦਲੇ ਸੋਨੀਆ ਮਾਨ ਨੂੰ ਕੀਤਾ ਸਨਮਾਨਿਤ



ਚੋਗਾਵਾਂ, 26 ਜੁਲਾਈ (ਸੁਬੇਗ ਸਿੰਘ ਸੋਨਾ) ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਰਾਣੇਵਾਲੀ ਵਿਖੇ ਸਰਪੰਚ ਗੁਰਸਾਹਿਬ ਸਿੰਘ ਦੀ ਅਗਵਾਈ ਹੇਠ ਪਿੰਡ ਦੇ ਲੋਕਾਂ ਦੀ ਅਹਿਮ ਇਕੱਤਰਤਾ ਹੋਈ। ਜਿਸ ਵਿੱਚ ਹਲਕਾ ਰਾਜਾਸਾਂਸੀ ਦੀ ਇੰਚਾਰਜ ਸੋਨੀਆ ਮਾਨ ਉਚੇਚੇ ਤੌਰ ਤੇ ਪਹੁੰਚੇ। ਉਨ੍ਹਾਂ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਨੂੰ ਬੜੇ ਹੀ ਵਿਸਥਾਰ ਨਾਲ ਸੁਣਿਆ ਅਤੇ ਕਈ ਮੁਸ਼ਕਿਲਾਂ ਦਾ ਮੌਕੇ ਤੇ ਹੀ ਹੱਲ ਕੀਤਾ। ਉਹਨਾਂ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਲਈ ਲਾਗੂ ਕੀਤੀਆਂ ਯੋਜਨਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਤੇ ਸੋਨੀਆ ਮਾਨ ਵੱਲੋਂ ਬਾਬਾ ਕਾਦਰ ਸ਼ਾਹ ਦੀ ਦਰਗਾਹ ਤੇ 10 ਲੱਖ ਦੀ ਲਾਗਤ ਨਾਲ ਇੰਟਰਲੋਕਿੰਗ ਟਾਈਲਾਂ ਲਗਵਾਈਆਂ ਗਈਆਂ ਸਨ। ਜਿਸ ਦਾ ਸਰਪੰਚ ਗੁਰਸਾਹਿਬ ਸਿੰਘ, ਦਿਲਬਾਗ ਸਿੰਘ ਪੰਚ, ਜਗਤਾਰ ਸਿੰਘ ਸੇਵਾਦਾਰ, ਡਾਕਟਰ ਰਾਜਬੀਰ ਸਿੰਘ, ਦਵਿੰਦਰ ਸਿੰਘ, ਨੰਬਰਦਾਰ, ਅਮਨਬੀਰ ਸਿੰਘ ਸੋਨੂ, ਬਿਕਰਮ ਸਿੰਘ ਪੰਚ ਆਦਿ ਨੇ ਸੋਨੀਆ ਮਾਨ ਦਾ ਧੰਨਵਾਦ ਕਰਦਿਆਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਹਲਕਾ ਇੰਚਾਰਜ ਸੋਨੀਆ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਮ ਜਨਤਾ ਦੀ ਸੇਵਾ ਲਈ 24 ਘੰਟੇ ਹਾਜ਼ਰ ਹੈ। ਇਸ ਮੌਕੇ ਤੇ ਜ਼ਿਲ੍ਹਾ ਪਰਿਸ਼ਦ ਮੈਂਬਰ ਰੇਸ਼ਮ ਵੜੈਚ, ਹਲਕਾ ਕੋਆਡੀਨੇਟਰ ਸੁਖਦੀਪ ਸਿੰਘ ਛੀਨਾ, ਸੰਗਠਨ ਇੰਚਾਰਜ ਰਾਜਬੀਰ ਸਿੰਘ, ਸੋਸ਼ਲ ਮੀਡੀਆ ਹਲਕਾ ਕੋਆਡੀਨੇਟਰ ਅਮਿਤੋਜ ਸਿੰਘ ਆਦਿ ਹਾਜ਼ਰ ਸਨ।

## ਪਿੰਡ ਵੇਗੋਵਾਲ ਦੇ ਕਈ ਪਰਿਵਾਰ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵਿੱਚ ਸ਼ਾਮਲ



ਮਜੀਠਾ, 26 ਜੁਲਾਈ (ਅਸ਼ਵਨੀ ਨਈਅਰ) – ਅੱਜ ਪਿੰਡ ਵੇਗੋਵਾਲ ਦੇ ਕਈ ਪ੍ਰੀਵਾਰ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਸੋਚ, ਪੰਥ, ਪੰਜਾਬੀਅਤ ਤੇ ਪੰਥਕ ਮੁੱਦਿਆਂ ਨੂੰ ਲੈ ਕੇ ਚਲਾਈ ਜਾ ਰਹੀ ਲਹਿਰ ਤੋਂ ਪ੍ਰਭਾਵਿਤ ਹੋ ਕੇ ਰਿਵਾਇਤੀ ਪਾਰਟੀਆਂ ਨੂੰ ਛੱਡ ਕੇ 'ਅਕਾਲੀ ਦਲ ਵਾਰਿਸ ਪੰਜਾਬ ਦੇ' ਪਾਰਟੀ ਵਿੱਚ ਸ਼ਾਮਲ ਹੋ ਗਏ, ਜਿਨ੍ਹਾਂ ਵਿੱਚ ਭਾਈ ਧਰਮ ਸਿੰਘ, ਭਾਈ ਅਮਰੀਕ ਸਿੰਘ, ਭਾਈ ਬੁੱਢਾ ਸਿੰਘ, ਭਾਈ ਬਲਬੀਰ ਸਿੰਘ, ਭਾਈ ਹਰਦੇਵ ਸਿੰਘ, ਮੁਖਤਿਆਰ ਸਿੰਘ, ਭੁਪਿੰਦਰ ਸਿੰਘ, ਸਤਬੀਰ ਸਿੰਘ ਫੌਜੀ, ਭਾਈ ਲਾਭ ਸਿੰਘ, ਕੁਲਵਿੰਦਰ ਸਿੰਘ, ਪਲਵਿੰਦਰ ਸਿੰਘ ਮੰਨੂ, ਭਾਈ ਜਾਗੀਰ ਸਿੰਘ, ਕੁਲਵੰਤ ਸਿੰਘ, ਲਖਬੀਰ ਸਿੰਘ, ਗੁਰਵਿੰਦਰ ਸਿੰਘ, ਸੱਜਣ ਸਿੰਘ ਅਤੇ ਗੁਰਬੀਰ ਸਿੰਘ ਗੁੰਥੀ ਸਮੇਤ ਕਈ ਹੋਰ ਪਰਿਵਾਰਾਂ ਦੇ ਮੁਖੀ ਸ਼ਾਮਲ ਹਨ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਮਜੀਠਾ ਦੇ ਮੁੱਖ ਸੇਵਾਦਾਰ ਭਾਈ ਨਾਥਵਿੰਦਰ ਸਿੰਘ, ਜ਼ਿਲ੍ਹਾ ਆਗੂ ਭਾਈ ਬਲਜਿੰਦਰ ਸਿੰਘ, ਕਮਲਜੀਤ ਸਿੰਘ ਸੋਹੀ ਅਤੇ ਭਾਈ ਰਾਹਿਲ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਪਾਰਟੀ ਚ ਸ਼ਾਮਲ ਹੋਏ ਸਾਥੀਆਂ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕਰਦਿਆਂ ਗਰਮਜੋਸ਼ੀ ਨਾਲ ਜੀ ਆਇਆਂ ਆਖਿਆ। ਇਸ ਮੌਕੇ ਬੋਲਦਿਆਂ ਭਾਈ ਨਾਥਵਿੰਦਰ ਸਿੰਘ ਨੇ ਕਿਹਾ ਕਿ ਪਿੰਡ ਵੇਗੋਵਾਲ ਤੋਂ ਮਿਲਿਆ ਇਹ ਸਮਰਥਨ ਸਾਬਤ ਕਰਦਾ ਹੈ ਕਿ ਲੋਕ ਹੁਣ ਪੁਰਾਣੀਆਂ ਰਾਜਨੀਤਿਕ ਪਾਰਟੀਆਂ ਦੀਆਂ ਨੀਤੀਆਂ ਤੋਂ ਅੱਕ ਚੁੱਕੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਿਰਫ ਪੰਜਾਬ ਅਤੇ ਪੰਜਾਬ ਦੇ ਲੋਕਾਂ ਦੇ ਹੱਕਾਂ ਲਈ ਕੰਮ ਕਰ ਰਹੀ ਹੈ। ਪਾਰਟੀ ਨਾਲ ਜੁੜਨ ਵਾਲੇ ਹਰੇਕ ਸਾਥੀ ਦਾ ਪੂਰਾ ਮਾਣ-ਸਤਿਕਾਰ ਕੀਤਾ ਜਾਵੇਗਾ। ਭਾਈ ਬਲਜਿੰਦਰ ਸਿੰਘ ਤੇ ਕਮਲਜੀਤ ਸਿੰਘ ਸੋਹੀ ਨੇ ਕਿਹਾ ਕਿ ਨੌਜਵਾਨਾਂ ਅਤੇ ਬਜ਼ੁਰਗਾਂ ਦਾ ਪਾਰਟੀ ਨਾਲ ਜੁੜਨਾ ਇਸ ਗੱਲ ਦਾ ਸੰਕੇਤ ਹੈ ਕਿ ਲੋਕ ਹੁਣ ਇੱਕ ਇਮਾਨਦਾਰ ਅਤੇ ਸਿਧਾਂਤਕ ਲੀਡਰਸ਼ਿਪ ਦੀ ਤਲਾਸ਼ ਵਿੱਚ ਹਨ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਵੇਗੋਵਾਲ ਤੋਂ ਮਿਲੀ ਇਹ ਤਾਕਤ ਹਲਕਾ ਮਜੀਠਾ ਵਿੱਚ ਪਾਰਟੀ ਦੇ ਅਧਾਰ ਨੂੰ ਹੋਰ ਮਜ਼ਬੂਤ ਕਰੇਗੀ।

## ਅੰਮ੍ਰਿਤਸਰ 'ਚ ਕਾਂਗਰਸ ਦਾ ਕੈਂਡਲ ਮਾਰਚ, ਵਿਦਿਆਰਥੀ ਅੰਦੋਲਨ ਦੌਰਾਨ ਜਾਨ ਗੁਆਉਣ ਵਾਲਿਆਂ ਨੂੰ ਸ਼ਰਧਾਂਜਲੀ

### ਧਰਮਿੰਦਰ ਪ੍ਰਧਾਨ ਦਾ ਅਸਤੀਫ਼ਾ ਲੋਕਤੰਤਰ ਤੇ ਨੌਜਵਾਨਾਂ ਦੇ ਸੰਘਰਸ਼ ਦੀ ਜਿੱਤ ਕਰਾਰ



ਅੰਮ੍ਰਿਤਸਰ, 26 ਜੁਲਾਈ (ਬਬਲੂ ਮਹਾਜਨ): ਦਿੱਲੀ ਦੇ ਜੰਤਰ-ਮੰਤਰ ਵਿਖੇ ਵਿਦਿਆਰਥੀ ਅੰਦੋਲਨ ਦੌਰਾਨ ਜਾਨ ਗੁਆਉਣ ਵਾਲੇ ਵਿਦਿਆਰਥੀਆਂ ਨੂੰ ਸ਼ਰਧਾਂਜਲੀ ਦੇਣ ਲਈ ਸ਼ਨੀਵਾਰ ਨੂੰ ਅੰਮ੍ਰਿਤਸਰ ਵਿੱਚ ਕਾਂਗਰਸ ਪਾਰਟੀ ਵੱਲੋਂ ਕੈਂਡਲ ਮਾਰਚ ਕੱਢਿਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ, ਵਰਕਰਾਂ ਅਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕਰਦਿਆਂ ਮੋਮਬੱਤੀਆਂ ਜਗਾ ਕੇ ਮ੍ਰਿਤਕ ਵਿਦਿਆਰਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਪ੍ਰੋਗਰਾਮ ਦੌਰਾਨ ਡਾ. ਰਾਜ ਕੁਮਾਰ ਵੇਰਕਾ, ਅੰਮ੍ਰਿਤਸਰ ਸ਼ਹਿਰੀ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਸੌਰਭ ਮਦਾਨ ਮਿੱਠੂ ਅਤੇ ਕਾਰਜਕਾਰੀ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਲਾ ਨੇ ਕੇਂਦਰ ਸਰਕਾਰ ਤੇ ਤਿੱਖੇ ਨਿਸ਼ਾਨੇ ਸਾਧੇ।ਡਾ. ਰਾਜ ਕੁਮਾਰ ਵੇਰਕਾ ਨੇ ਕਿਹਾ ਕਿ ਅੰਮ੍ਰਿਤਸਰ ਜਲ੍ਹਿਆਂਵਾਲਾ ਬਾਗ ਦੀ ਪਵਿੱਤਰ ਧਰਤੀ ਹੈ, ਜਿਸ ਨੇ ਹਮੇਸ਼ਾ ਜ਼ੁਲਮ ਅਤੇ ਬੇਇਨਸਾਫ਼ੀ ਦੇ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਸਿੱਖਿਆ ਪ੍ਰਣਾਲੀ ਵਿੱਚ ਪਾਰਦਰਸ਼ਤਾ ਅਤੇ ਇਨਸਾਫ਼ ਲਈ ਸੰਘਰਸ਼ ਕੀਤਾ ਅਤੇ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ। ਉਨ੍ਹਾਂ ਕਿਹਾ ਕਿ ਇਹ ਕੈਂਡਲ ਮਾਰਚ ਸਿਰਫ਼ ਸ਼ਰਧਾਂਜਲੀ ਨਹੀਂ, ਸਗੋਂ ਨੌਜਵਾਨਾਂ ਦੇ ਹੱਕਾਂ, ਲੋਕਤੰਤਰ ਅਤੇ ਸੰਵਿਧਾਨ ਦੀ ਰੱਖਿਆ ਦਾ ਪ੍ਰਤੀਕ ਹੈ।ਵੇਰਕਾ ਨੇ ਦਾਅਵਾ ਕੀਤਾ ਕਿ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਨਾਲ ਇਹ ਸਾਬਤ ਹੋ ਗਿਆ ਹੈ ਕਿ ਲੋਕਾਂ ਅਤੇ ਨੌਜਵਾਨਾਂ ਦੀ ਇਕਜੁੱਟ ਆਵਾਜ਼ ਨੂੰ ਅਣਦੇਖਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਇਸ ਨੂੰ ਸੰਵਿਧਾਨ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਸਿਧਾਂਤਾਂ ਅਤੇ ਵਿਦਿਆਰਥੀਆਂ ਦੇ ਸੰਘਰਸ਼ ਦੀ ਜਿੱਤ ਕਰਾਰ ਦਿੰਦਿਆਂ ਕਿਹਾ ਕਿ ਸਰਕਾਰ ਨੂੰ ਲੋਕਾਂ ਦੀ ਆਵਾਜ਼ ਅੱਗੇ ਝੁਕਣਾ ਪਿਆ।ਕਾਰਜਕਾਰੀ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਲਾ ਨੇ ਕਿਹਾ ਕਿ ਪੇਪਰ ਲੀਕ ਵਰਗੀਆਂ ਘਟਨਾਵਾਂ ਨੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨੂੰ ਪ੍ਰਭਾਵਿਤ ਕੀਤਾ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ ਵੀ ਇਸ ਮਾਮਲੇ ਤੇ ਦੇਸ਼ ਤੋਂ ਮੁਆਫ਼ੀ ਮੰਗਣ ਦੀ ਮੰਗ ਕੀਤੀ।ਜ਼ਿਲ੍ਹਾ ਪ੍ਰਧਾਨ ਸੌਰਭ ਮਦਾਨ ਮਿੱਠੂ ਨੇ ਕਿਹਾ ਕਿ ਕਾਂਗਰਸ ਨੇ ਪਹਿਲਾਂ ਕੈਂਡਲ ਮਾਰਚ ਦਾ ਐਲਾਨ ਕੀਤਾ ਸੀ, ਪਰ ਸਿੱਖਿਆ ਮੰਤਰੀ ਦੇ ਅਸਤੀਫ਼ੇ ਤੋਂ ਬਾਅਦ ਇਸ ਨੂੰ ਲੋਕਤੰਤਰ ਦੀ ਜਿੱਤ ਵਜੋਂ ਵੀ ਮਨਾਇਆ ਗਿਆ। ਇਸ ਮੌਕੇ ਕਾਂਗਰਸੀ ਆਗੂਆਂ ਨੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਮੂਰਤੀ ਤੇ ਫੁੱਲ ਭੇਟ ਕਰਕੇ ਸ਼ਰਧਾਂਜਲੀ ਦਿੱਤੀ।ਕਾਂਗਰਸੀ ਆਗੂਆਂ ਨੇ ਮੰਗ ਕੀਤੀ ਕਿ ਪੇਪਰ ਲੀਕ ਮਾਮਲੇ ਅਤੇ ਵਿਦਿਆਰਥੀ ਅੰਦੋਲਨ ਦੌਰਾਨ ਹੋਏ ਲਾਠੀਚਾਰਜ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ ਅਤੇ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਭਵਿੱਖ ਵਿੱਚ ਵੀ ਵਿਦਿਆਰਥੀਆਂ ਦੇ ਹੱਕਾਂ, ਇਨਸਾਫ਼ ਅਤੇ ਪਾਰਦਰਸ਼ੀ ਸਿੱਖਿਆ ਪ੍ਰਣਾਲੀ ਲਈ ਹਰ ਸੰਘਰਸ਼ ਵਿੱਚ ਉਨ੍ਹਾਂ ਦੇ ਨਾਲ ਡਟ ਕੇ ਖੜ੍ਹੀ ਰਹੇਗੀ।

## ਧਰਮਿੰਦਰ ਪ੍ਰਧਾਨ ਦਾ ਅਸਤੀਫਾ ਵਿਦਿਆਰਥੀਆਂ ਦੀ ਜਿੱਤ ਹੰਕਾਰੀ ਹਕੂਮਤ ਦੀ ਹਾਰ: ਗਿਆਨੀ ਰਾਮ ਸਿੰਘ



ਅੰਮ੍ਰਿਤਸਰ:, 26 ਜੁਲਾਈ (ਬਬਲੂ ਮਹਾਜਨ) ਦਮਦਮੀ ਟਕਸਾਲ ਦੇ ਮੁਖੀ ਸਿੰਘ ਸਾਹਿਬ ਗਿਆਨੀ ਰਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਨੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਨੂੰ ਦੇਸ਼ ਦੇ ਵਿਦਿਆਰਥੀਆਂ ਦੇ ਸੰਘਰਸ਼ ਦੀ ਜਿੱਤ ਕਰਾਰ ਦਿੰਦਿਆਂ ਕਿਹਾ ਕਿ ਇਹ ਹੰਕਾਰੀ ਹਕੂਮਤ ਲਈ ਵੱਡਾ ਸਿਆਸੀ ਝਟਕਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਧਰਮਿੰਦਰ ਪ੍ਰਧਾਨ ਦਾ ਅਹੁਦਾ ਛੱਡਣਾ ਇਸ ਗੱਲ ਦਾ ਸੰਕੇਤ ਹੈ ਕਿ ਲੋਕਾਂ ਦੀ ਆਵਾਜ਼ ਨੂੰ ਲੰਬੇ ਸਮੇਂ ਤੱਕ ਦਬਾਇਆ ਨਹੀਂ ਜਾ ਸਕਦਾ।ਗਿਆਨੀ ਰਾਮ ਸਿੰਘ ਨੇ ਕਿਹਾ ਕਿ ਦੇਸ਼ ਭਰ ਦੇ ਨੌਜਵਾਨ ਕਈ ਦਿਨਾਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਦਿੱਲੀ ਦੇ ਜੰਤਰ-ਮੰਤਰ ਸਮੇਤ ਵੱਖ-ਵੱਖ ਸ਼ਹਿਰਾਂ ਵਿੱਚ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੇ ਲੋਕਤੰਤਰੀ ਤਰੀਕੇ ਨਾਲ ਆਪਣਾ ਹੱਕ ਮੰਗਿਆ ਅਤੇ ਆਖ਼ਰਕਾਰ ਉਨ੍ਹਾਂ ਦੀ ਆਵਾਜ਼ ਨੂੰ ਸਰਕਾਰ ਨੂੰ ਸੁਣਨਾ ਪਿਆ। ਉਨ੍ਹਾਂ ਦੇ ਅਨੁਸਾਰ ਇਨਸਾਫ਼ ਭਾਵੇਂ ਦੇਰੀ ਨਾਲ ਮਿਲਿਆ ਹੈ, ਪਰ ਇਹ ਦੇਸ਼ ਦੇ ਨੌਜਵਾਨਾਂ ਦੀ ਇੱਕ ਵੱਡੀ ਅਤੇ ਇਤਿਹਾਸਕ ਜਿੱਤ ਹੈ।ਉਨ੍ਹਾਂ ਕਿਹਾ ਕਿ ਕੇਂਦਰੀ ਸਿੱਖਿਆ ਮੰਤਰੀ ਨੂੰ ਅਹੁਦੇ ਤੋਂ ਹਟਾਉਣਾ ਮੋਦੀ ਸਰਕਾਰ ਅਤੇ ਭਾਜਪਾ ਲਈ ਇੱਕ ਵੱਡਾ ਸਿਆਸੀ ਸੰਦੇਸ਼ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਹ ਘਟਨਾ ਕੇਂਦਰ ਸਰਕਾਰ ਦੇ ਪਤਨ ਦੀ ਸ਼ੁਰੂਆਤ ਸਾਬਤ ਹੋ ਸਕਦੀ ਹੈ, ਕਿਉਂਕਿ ਲੋਕ ਹੁਣ ਆਪਣੇ ਅਧਿਕਾਰਾਂ ਅਤੇ ਹਿੱਤਾਂ ਲਈ ਪਹਿਲਾਂ ਨਾਲੋਂ ਵੱਧ ਜਾਗਰੂਕ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜਦੋਂ ਲੋਕਤੰਤਰੀ ਢੰਗ ਨਾਲ ਉਠਾਈ ਗਈ ਆਵਾਜ਼ ਨੂੰ ਨਜ਼ਰਅੰਦਾਜ਼ ਕੀਤਾ ਜਾਂਦਾ ਹੈ ਤਾਂ ਅੰਤ ਵਿੱਚ ਸਰਕਾਰ ਨੂੰ ਲੋਕਾਂ ਅੱਗੇ ਝੁਕਣਾ ਹੀ ਪੈਂਦਾ ਹੈ ਗਿਆਨੀ ਰਾਮ ਸਿੰਘ ਖਾਲਸਾ ਨੇ ਕਿਹਾ ਕਿ ਨੌਜਵਾਨ ਕਿਸੇ ਵੀ ਦੇਸ਼ ਦੀ ਸਭ ਤੋਂ ਵੱਡੀ ਤਾਕਤ ਹੁੰਦੇ ਹਨ ਅਤੇ ਸਰਕਾਰਾਂ ਨੂੰ ਉਨ੍ਹਾਂ ਦੀਆਂ ਭਾਵਨਾਵਾਂ ਅਤੇ ਮੰਗਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਆਉਣ ਵਾਲੇ ਸਮੇਂ ਵਿੱਚ ਕੇਂਦਰ ਸਰਕਾਰ ਨੌਜਵਾਨਾਂ ਨਾਲ ਜੁੜੇ ਮੁੱਦਿਆਂ ਨੂੰ ਗੰਭੀਰਤਾ ਨਾਲ ਲਵੇਗੀ ਅਤੇ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਬਜਾਏ ਸੰਵਾਦ ਰਾਹੀਂ ਹੱਲ ਕੱਢੇਗੀ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਜਨਤਾ ਦੀ ਆਵਾਜ਼ ਹੀ ਸਰਵੋਚ ਹੁੰਦੀ ਹੈ ਅਤੇ ਇਹ ਘਟਨਾ ਉਸ ਦੀ ਇੱਕ ਵੱਡੀ ਮਿਸਾਲ ਬਣ ਕੇ ਸਾਹਮਣੇ ਆਈ ਹੈ।

## ਆਪ ਐੱਸ.ਸੀ. ਵਿੰਗ ਵੱਲੋਂ ਕੇਂਦਰ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ



ਅੰਮ੍ਰਿਤਸਰ, 26 ਜੁਲਾਈ (ਬਬਲੂ ਮਹਾਜਨ)ਆਮ ਆਦਮੀ ਪਾਰਟੀ ਦੇ ਐੱਸ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾ. ਇੰਦਰਪਾਲ ਦੀ ਅਗਵਾਈ ਹੇਠ ਪਾਰਟੀ ਵਰਕਰਾਂ ਵੱਲੋਂ ਕੇਂਦਰ ਸਰਕਾਰ ਦੀਆਂ ਨੀਤੀਆਂ ਦੇ ਵਿਰੋਧ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਦਿੱਲੀ ਦੇ ਜੰਤਰ-ਮੰਤਰ ਵਿਖੇ ਵਿਦਿਆਰਥੀ ਅੰਦੋਲਨ ਦੌਰਾਨ ਜਾਨ ਗੁਆਉਣ ਵਾਲੇ ਵਿਦਿਆਰਥੀਆਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਉਨ੍ਹਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਵੀ ਧਾਰਨ ਕੀਤਾ ਗਿਆ। ਰੋਸ ਪ੍ਰਦਰਸ਼ਨ ਦੌਰਾਨ ਪਾਰਟੀ ਵਰਕਰਾਂ ਨੇ ਕੇਂਦਰ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਦੋਸ਼ ਲਾਇਆ ਕਿ ਵਿਦਿਆਰਥੀਆਂ ਦੀਆਂ ਜਾਇਜ਼ ਮੰਗਾਂ ਨੂੰ ਸੁਣਨ ਦੀ ਬਜਾਏ ਉਨ੍ਹਾਂ ਤੇ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ ਗਈ, ਜਿਸ ਕਾਰਨ ਦੁਖਦਾਈ ਹਾਲਾਤ ਪੈਦਾ ਹੋਏ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਹਰ ਨਾਗਰਿਕ ਅਤੇ ਵਿਦਿਆਰਥੀ ਨੂੰ ਆਪਣੀ ਗੱਲ ਸ਼ਾਂਤਮਈ ਢੰਗ ਨਾਲ ਰੱਖਣ ਦਾ ਸੰਵਿਧਾਨਕ ਅਧਿਕਾਰ ਹੈ ਅਤੇ ਸਰਕਾਰ ਦਾ ਫਰਜ਼ ਹੈ ਕਿ ਉਹ ਅਜਿਹੇ ਮਸਲਿਆਂ ਦਾ ਗੱਲਬਾਤ ਰਾਹੀਂ ਹੱਲ ਕੱਢੇ। ਇਸ ਮੌਕੇ ਡਾ. ਇੰਦਰਪਾਲ ਨੇ ਕਿਹਾ ਕਿ ਜੰਤਰ-ਮੰਤਰ ਦੀ ਘਟਨਾ ਨੇ ਪੂਰੇ ਦੇਸ਼ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਸੰਵੇਦਨਸ਼ੀਲਤਾ ਨਾਲ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਮੰਗ ਕੀਤੀ ਕਿ ਘਟਨਾ ਦੀ ਨਿਰਪੱਖ ਜਾਂਚ ਕਰਵਾਈ ਜਾਵੇ

## ਸ਼ਹੀਦਾਂ ਦੀਆਂ ਕੁਰਬਾਨੀਆਂ ਕਦੇ ਨਾ ਭੁੱਲੋ, ਕਾਰਗਿਲ ਵਿਜੇ ਦਿਵਸ 'ਤੇ ਹਰਪਾਲ ਸਿੰਘ ਦੀ ਨੌਜਵਾਨਾਂ ਨੂੰ ਅਪੀਲ



ਅੰਮ੍ਰਿਤਸਰ, 26 ਜੁਲਾਈ (ਬਬਲੂ ਮਹਾਜਨ): ਕਾਰਗਿਲ ਵਿਜੇ ਦਿਵਸ ਮੌਕੇ ਦੇਸ਼ ਭਰ ਵਿੱਚ ਕਾਰਗਿਲ ਯੁੱਧ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸੇ ਤਹਿਤ ਅਜਨਾਲਾ ਦੇ ਪਿੰਡ ਰਾਣੇਵਾਲੀ ਵਿੱਚ ਕਾਰਗਿਲ ਯੁੱਧ ਦੇ ਸ਼ਹੀਦ ਸੂਬੇਦਾਰ ਤਰਲੋਕ ਸਿੰਘ ਨੂੰ ਭਾਵੁਕਤਾ ਅਤੇ ਸਤਿਕਾਰ ਨਾਲ ਯਾਦ ਕੀਤਾ ਗਿਆ। ਇਸ ਮੌਕੇ ਸ਼ਹੀਦ ਦੇ ਪਰਿਵਾਰਕ ਮੈਂਬਰਾਂ ਨੇ ਉਨ੍ਹਾਂ ਦੀਆਂ ਯਾਦਾਂ ਸਾਂਝੀਆਂ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੇ ਪਿਤਾ ਦੀ ਸ਼ਹਾਦਤ ਤੇ ਹਮੇਸ਼ਾ ਮਾਣ ਰਹੇਗਾ ਅਤੇ ਉਹ ਉਨ੍ਹਾਂ ਦੇ ਆਦਰਸ਼ਾਂ ਤੇ ਚੱਲਣ ਲਈ ਵਚਨਬੱਧ ਹਨ।ਸ਼ਹੀਦ ਦੇ ਪੁੱਤਰ ਹਰਪਾਲ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਉਨ੍ਹਾਂ ਦੇ ਪਰਿਵਾਰ ਨੂੰ ਬਣਦਾ ਸਨਮਾਨ ਦਿੱਤਾ ਗਿਆ। ਪੰਜਾਬ ਸਰਕਾਰ ਨੇ ਸਨਮਾਨ ਦੇ ਤੌਰ ਤੇ ਉਨ੍ਹਾਂ ਨੂੰ ਸਰਕਾਰੀ ਨੌਕਰੀ ਵੀ ਪ੍ਰਦਾਨ ਕੀਤੀ, ਜਿਸ ਲਈ ਉਹ ਸਰਕਾਰ ਦੇ ਧੰਨਵਾਦੀ ਹਨ। ਉਨ੍ਹਾਂ ਕਿਹਾ ਕਿ ਇਹ ਸਨਮਾਨ ਸਿਰਫ਼ ਉਨ੍ਹਾਂ ਦੇ ਪਰਿਵਾਰ ਦਾ ਨਹੀਂ, ਸਗੋਂ ਦੇਸ਼ ਲਈ ਆਪਣਾ ਸਰਵੋਚ ਬਲਿਦਾਨ ਦੇਣ ਵਾਲੇ ਹਰ ਸ਼ਹੀਦ ਦਾ ਸਤਿਕਾਰ ਹੈ।ਹਰਪਾਲ ਸਿੰਘ ਨੇ ਦੱਸਿਆ ਕਿ ਪਿੰਡ ਰਾਣੇਵਾਲੀ ਦੇ ਬਾਹਰ ਸ਼ਹੀਦ ਸੂਬੇਦਾਰ ਤਰਲੋਕ ਸਿੰਘ ਦੀ ਯਾਦ ਵਿੱਚ ਇੱਕ ਵਿਸ਼ਾਲ ਸ਼ਹੀਦੀ ਯਾਦਗਾਰੀ ਗੇਟ ਬਣਾਇਆ ਗਿਆ ਹੈ, ਜੋ ਪਿੰਡ ਵਾਸੀਆਂ ਲਈ ਮਾਣ ਦਾ ਪ੍ਰਤੀਕ ਬਣ ਚੁੱਕਾ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਉਹ ਇਸ ਗੇਟ ਹੇਠੋਂ ਲੰਘਦੇ ਹਨ ਤਾਂ ਆਪਣੇ ਪਿਤਾ ਨੂੰ ਸਲਾਮ ਕਰਦੇ ਹਨ ਅਤੇ ਮਹਿਸੂਸ ਕਰਦੇ ਹਨ ਕਿ ਉਨ੍ਹਾਂ ਦੀ ਪ੍ਰੇਰਨਾ ਅੱਜ ਵੀ ਉਨ੍ਹਾਂ ਦੇ ਨਾਲ ਹੈ।ਉਨ੍ਹਾਂ ਭਾਵੁਕ ਹੁੰਦਿਆਂ ਦੱਸਿਆ ਕਿ ਉਨ੍ਹਾਂ ਦੇ ਪਿਤਾ ਦਾ ਸਭ ਤੋਂ ਵੱਡਾ ਸੁਪਨਾ ਆਪਣੇ ਬੱਚਿਆਂ ਨੂੰ ਉੱਚੀ ਸਿੱਖਿਆ ਦਿਵਾ ਕੇ ਵੱਡੇ ਅਹੁਦਿਆਂ ਤੇ ਦੇਖਣਾ ਸੀ। ਉਹ ਅੱਜ ਵੀ ਉਸੇ ਸੁਪਨੇ ਨੂੰ ਸਾਕਾਰ ਕਰਨ ਦੀ ਕੋਸ਼ਿਸ਼ ਕਰ ਰਹੇ ਹਨ ਅਤੇ ਆਪਣੇ ਪਿਤਾ ਦੀ ਸ਼ਹਾਦਤ ਨੂੰ ਜੀਵਨ ਦੀ ਸਭ ਤੋਂ ਵੱਡੀ ਪ੍ਰੇਰਨਾ ਮੰਨਦੇ ਹਨ।ਕਾਰਗਿਲ ਵਿਜੇ ਦਿਵਸ ਮੌਕੇ ਹਰਪਾਲ ਸਿੰਘ ਨੇ ਦੇਸ਼ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕਦੇ ਨਾ ਭੁੱਲਣ ਅਤੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ ਲਈ ਹਮੇਸ਼ਾ ਸਮਰਪਿਤ ਰਹਿਣ। ਉਨ੍ਹਾਂ ਕਿਹਾ ਕਿ ਅੱਜ ਦੇਸ਼ ਜਿਸ ਆਜ਼ਾਦੀ ਅਤੇ ਸੁਰੱਖਿਅਤ ਮਾਹੌਲ ਦਾ ਆਨੰਦ ਮਾਣ ਰਿਹਾ ਹੈ, ਉਹ ਸਾਡੇ ਬਹਾਦਰ ਸੈਨਿਕਾਂ ਦੇ ਸਰਵੋਚ ਬਲਿਦਾਨ ਦਾ ਨਤੀਜਾ ਹੈ। ਪਿੰਡ ਰਾਣੇਵਾਲੀ ਦੇ ਲੋਕਾਂ ਨੇ ਵੀ ਸ਼ਹੀਦ ਸੂਬੇਦਾਰ ਤਰਲੋਕ ਸਿੰਘ ਦੀ ਵੀਰਤਾ, ਦੇਸ਼ਭਗਤੀ ਅਤੇ ਅਮਰ ਸ਼ਹਾਦਤ ਨੂੰ ਨਮਨ ਕਰਦਿਆਂ ਉਨ੍ਹਾਂ ਨੂੰ ਭਾਵਭਿੰਨੀ ਸ਼ਰਧਾਂਜਲੀ ਅਰਪਿਤ ਕੀਤੀ।

## ਲਿਟਲ ਕਿੰਗਡਮ ਸਕੂਲ 'ਚ ਮਨਾਇਆ ਗਿਆ ਕਾਰਗਿਲ ਵਿਜੇ ਦਿਵਸ



ਟਾਂਡਾ ਉੜਮੁੜ, 26 ਜੁਲਾਈ (ਅਰਜੁਨ ਜੈਨ)- ਵਿਦਿਆਰਥੀਆਂ ਵਿਚ ਦੇਸ਼ ਭਗਤੀ ਦੇ ਜਜ਼ਬੇ ਦਾ ਸੰਚਾਰ ਕਰਨ ਲਈ ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ 'ਚ ਕਾਰਗਿਲ ਵਿਜੇ ਦਿਵਸ ਦੇਸ਼ ਭਗਤੀ ਦੇ ਜਜ਼ਬੇ ਨਾਲ ਲਬਰੇਜ ਹੋ ਕੇ ਮਨਾਇਆ ਗਿਆ। ਸਕੂਲ ਪ੍ਰੈਜ਼ੀਡੈਂਟ ਗਗਨ ਵੈਦ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਪ੍ਰਿੰਸੀਪਲ ਮੀਤਾ ਆਨੰਦ ਦੀ ਅਗਵਾਈ ਵਿਚ ਕਰਵਾਏ ਗਏ ਸਮਾਗਮ ਦੌਰਾਨ ਵਿਦਿਆਰਥੀਆਂ ਨੇ ਨਾਟਕ ਕੋਰੀਓਗ੍ਰਾਫੀ ਅਤੇ ਕਵਿਤਾ ਪੇਸ਼ ਕਰਕੇ ਕਾਰਗਿਲ ਵਿਜੇ ਦਿਵਸ ਮਨਾਇਆ ਅਤੇ ਇਸ ਜੰਗ ਵਿਚ ਸ਼ਹੀਦ ਹੋਏ ਫੌਜੀ ਜਵਾਨਾਂ ਨੂੰ ਸ਼ਰਧਾਂਜਲੀ ਦਿੱਤੀ। ਇਸ ਮੌਕੇ ਪ੍ਰਿੰਸੀਪਲ ਮੀਤਾ ਨੇ ਬੱਚਿਆਂ ਨੂੰ ਕਾਰਗਿਲ ਜੰਗ ਦੀ ਜਿੱਤ ਦੇ ਇਤਿਹਾਸ ਫੌਜੀ ਜਵਾਨਾਂ ਦੀ ਸ਼ਹਾਦਤ ਅਤੇ ਭਾਰਤੀ ਸੁਰੱਖਿਆ ਫੌਜਾਂ ਦੀ ਬਹਾਦਰੀ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਆਖਿਆ ਕਿ ਦੇਸ਼ ਦੇ ਸੂਰਮੇ ਫੌਜੀ ਜਵਾਨਾਂ ਦੀਆਂ ਸ਼ਹਾਦਤਾਂ ਕਾਰਨ ਹੀ ਅਸੀਂ ਸੁਰੱਖਿਅਤ ਹਾਂ। ਇਸ ਮੌਕੇ ਸਾਬਕਾ ਕੌਂਸਲਰ ਆਸ਼ੂ ਵੈਦ, ਸੂਰਜ ਸਹੋਤਾ, ਨੀਨਾ ਵਾਲੀਆ, ਮਮਤਾ, ਸਰਬਜੀਤ ਕੌਰ, ਸ਼ੀਤਲ ਕੌਰ, ਪਵਨਦੀਪ, ਅਰਮਨ ਕੌਰ, ਸੁਖਜਿੰਦਰ ਕੌਰ, ਸਿਮਰਨਦੀਪ ਕੌਰ, ਸੁਰਭੀ ਵਰਮਾ, ਲਖਵੀਰ ਸਿੰਘ, ਗਗਨਦੀਪ ਕੌਰ, ਰਿਤੂ ਲਾਂਬਾ, ਰਜਨੀ, ਮੀਨੂ ਕਤਿਆਲ, ਹਰਪ੍ਰੀਤ ਸਿੰਘ, ਨੇਕਤਾ ਸ਼ਰਮਾ, ਅਮਿਤ, ਰੇਨੂ, ਜਾਨਵੀ ਸਮੇਤ ਸਮੂਹ ਅਧਿਆਪਕ ਹਾਜ਼ਰ ਸਨ।

## ਬਾਲ ਵਾਟਿਕਾ ਸਕੂਲ ਵਿਖੇ ਕਾਰਗਿਲ ਵਿਜੈ ਦਿਵਸ ਮਨਾਇਆ

ਗੜ੍ਹਦੀਵਾਲਾ 26 ਜੁਲਾਈ ਗੌਰਵ ਬਾਲ ਵਾਟਿਕਾ ਸਕੂਲ ਵਿੱਚ ਕਾਰਗਿਲ ਵਿਜੈ ਦਿਵਸ ਬਹੁਤ ਉਤਸ਼ਾਹ, ਦੇਸ਼ ਭਗਤੀ ਅਤੇ ਸ਼ਹੀਦਾਂ ਦੇ ਸਨਮਾਨ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਕਾਰਗਿਲ ਯੁੱਧ ਵਿੱਚ ਦੇਸ਼ ਦੀ ਰੱਖਿਆ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਦੇਣਾ ਸੀ।ਲੈਫਟੀਨੈਂਟ ਜਨਰਲ ਜੇ. ਐਸ. ਢਿੱਲੋਂ (ਸੈਨਾ ਮੈਡਲ) ਇਸ ਮੌਕੇ ਮੁੱਖ ਮਹਿਮਾਨ ਸਨ। ਇਸ ਮੌਕੇ ਮਾਸਟਰ ਮਹਿੰਦਰ ਸਿੰਘ (ਸਮਾਜ ਸੇਵਕ) ਸੰਗਾ ਟਾਂਡਾ (ਸਮਾਜ ਸੇਵਕ) ਅਤੇ ਤਹਿਸੀਲਦਾਰ ਲਵਪ੍ਰੀਤ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਸਨ।ਪ੍ਰੋਗਰਾਮ ਦੀ ਸ਼ੁਰੂਆਤ ਮਹਿਮਾਨਾਂ ਦੇ ਸਵਾਗਤ ਨਾਲ ਕੀਤੀ ਗਈ। ਵਿਦਿਆਰਥੀਆਂ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਦੇਸ਼ ਭਗਤੀ ਦੇ ਗੀਤ ਅਤੇ ਨਾਚ ਪੇਸ਼ ਕੀਤੇ। ਵਿਦਿਆਰਥੀਆਂ ਨੇ ਆਪਣੇ ਪ੍ਰਦਰਸ਼ਨ ਰਾਹੀਂ ਦੇਸ਼ ਲਈ ਆਪਣਾ ਪਿਆਰ ਅਤੇ ਸੈਨਿਕਾਂ ਦੀਆਂ ਕੁਰਬਾਨੀਆਂ ਦਾ ਸਨਮਾਨ ਕੀਤਾ।ਆਪਣੇ ਸੰਬੋਧਨ ਦੌਰਾਨ ਮਹਿਮਾਨਾਂ ਨੇ ਵਿਦਿਆਰਥੀਆਂ ਨੂੰ ਦੇਸ਼ ਭਗਤੀ, ਅਨੁਸ਼ਾਸਨ ਅਤੇ ਸਮਾਜ ਸੇਵਾ ਦੀ ਭਾਵਨਾ ਪੈਦਾ ਕਰਨ ਲਈ ਪ੍ਰੇਰਿਤ ਕੀਤਾ।

## ਲੀਗਲ ਏਡ ਡਿਫੈਂਸ ਕੌਂਸਲ ਨੀਤੀ ਖਿਲਾਫ ਵਕੀਲਾਂ ਵੱਲੋਂ ਹੜਤਾਲ




ਅੰਮ੍ਰਿਤਸਰ, 26 ਜੁਲਾਈ (ਬਬਲੂ ਮਹਾਜਨ)- ਪੰਜਾਬ ਬਾਰ ਐਸੋਸੀਏਸ਼ਨਾਂ (ਸੰਯੁਕਤ ਐਕਸ਼ਨ ਕਮੇਟੀ) ਦੇ ਸੱਦੇ ਤੇ ਲੀਗਲ ਏਡ ਡਿਫੈਂਸ ਕੌਂਸਲ ਨੀਤੀ ਵਿਰੁੱਧ ਚੱਲ ਰਹੇ ਸੂਬਾ ਵਿਆਪੀ ਅੰਦੋਲਨ ਨੂੰ ਹੋਰ ਤੇਜ਼ ਕਰਨ ਲਈ ਅੱਜ ਅੰਮ੍ਰਿਤਸਰ ਦੇ ਵਕੀਲਾਂ ਵੀ ਰੋਸ ਪ੍ਰਦਰਸ਼ਨ ਕਰਦਿਆਂ ਭੁੱਖ ਹੜਤਾਲ ਕੀਤੀ। ਅੰਮ੍ਰਿਤਸਰ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਗੁਰਪ੍ਰੀਤ ਸਿੰਘ ਪਨੇਸਰ ਦੀ ਅਗਵਾਈ ਹੇਠ ਵਕੀਲ ਗੁਰਪ੍ਰੀਤ ਸਿੰਘ ਖੁਰਮਣੀਆਂ ਅਤੇ ਵਕੀਲ ਗੁਰਵਿੰਦਰ ਸਿੰਘ ਰੰਧਾਵਾ ਨੇ ਵੀ ਧਰਨੇ ਚ ਸ਼ਮੂਲੀਅਤ ਕੀਤੀ। ਪ੍ਰਧਾਨ ਗੁਰਪ੍ਰੀਤ ਸਿੰਘ ਪਨੇਸਰ ਨੇ ਦੱਸਿਆ ਕਿ ਜੇਕਰ ਸਰਕਾਰ ਇਸ ਨੀਤੀ ਨੂੰ ਵਾਪਸ ਨਹੀਂ ਲੈਂਦੀ ਤਾਂ ਆਉਣ ਵਾਲੇ ਦਿਨਾਂ ਵਿੱਚ ਵੀ ਭੁੱਖ ਹੜਤਾਲ ਜਾਰੀ ਰਹੇਗੀ।ਪ੍ਰਧਾਨ ਗੁਰਪ੍ਰੀਤ ਸਿੰਘ ਪਨੇਸਰ ਨੇ ਦੱਸਿਆ ਕਿ ਜੇਕਰ ਸਰਕਾਰ ਇਸ ਨੀਤੀ ਨੂੰ ਵਾਪਸ ਨਹੀਂ ਲੈਂਦੀ ਤਾਂ ਆਉਣ ਵਾਲੇ ਦਿਨਾਂ ਵਿੱਚ ਵੀ ਭੁੱਖ ਹੜਤਾਲ ਜਾਰੀ ਰਹੇਗੀ ਉਹਨਾਂ ਕਿਹਾ ਕਿ ਜੇਕਰ ਕੋਈ ਨਤੀਜਾ ਨਾਨਿਕਲਿਆ ਤਾਂ ਅੰਦੋਲਨ ਹੋਰ ਤੇਜ਼ ਕੀਤਾ ਜਾਵੇਗਾ। ਅੱਜ ਸਾਰੇ ਅਹੁਦੇਦਾਰਾਂ,ਕਾਰਜਕਾਰੀ ਮੈਂਬਰਾਂ ਨੇ ਅੰਦੋਲਨ ਨਾਲ ਇਕਜੁੱਟਤਾ ਵਿਖਾਉਂਦਿਆਂ ਇਸ ਨੀਤੀ ਨੂੰ ਵਾਪਸ ਲੈਣ ਦੀ ਮੰਗ ਕੀਤੀ। ਇਸ ਮੌਕੇ ਜ਼ਿਲ੍ਹਾ ਕਚਿਹਰੀਆਂ ਅਦਾਲਤੀ ਕੰਮ- ਕਾਰ ਬੰਦ ਰਖਿਆ ਗਿਆ। ਇਸ ਮੌਕੇ ਮੀਤ ਪ੍ਰਧਾਨ ਰਾਜਦੀਪ ਸਿੰਘ ਘੁੰਮਣ, ਜੁਆਇੰਟ ਸੈਕਟਰੀ ਸੌਰਵ ਸ਼ਰਮਾ, ਖਜ਼ਾਨਚੀ ਰਾਕੇਸ਼ ਸ਼ਰਮਾ ਆਦਿ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

## ਲੋਕਾਂ ਦੇ ਭਰੋਸੇ ਅਤੇ ਲੋਕ ਭਲਾਈ ਦੀਆਂ ਨੀਤੀਆਂ ਸਦਕਾ ਆਮ ਆਦਮੀ ਪਾਰਟੀ ਮੁੜ ਬਣਾਏਗੀ ਸਰਕਾਰ : ਈ.ਟੀ.ਓ.

### ਗਹਿਰੀ ਮੰਡੀ ਅਤੇ ਮੁੱਛਲ ਵਿਖੇ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਭਰਵੇਂ ਇਕੱਠਾਂ ਨੂੰ ਕੀਤਾ ਸੰਬੋਧਨ



ਅੰਮ੍ਰਿਤਸਰ, 26 ਜੁਲਾਈ (ਬਬਲੂ ਮਹਾਜਨ)- ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਹੈ ਕਿ ਪੰਜਾਬ ਦੇ ਲੋਕਾਂ ਦਾ ਵਿਸ਼ਵਾਸ ਅਤੇ ਸਮਰਥਨ ਲਗਾਤਾਰ ਆਮ ਆਦਮੀ ਪਾਰਟੀ ਨਾਲ ਜੁੜਿਆ ਹੋਇਆ ਹੈ ਅਤੇ ਲੋਕ ਭਲਾਈ ਦੀਆਂ ਨੀਤੀਆਂ, ਪਾਰਦਰਸ਼ੀ ਪ੍ਰਸ਼ਾਸਨ ਅਤੇ ਵਿਕਾਸਮੁਖੀ ਕਾਰਜਾਂ ਦੇ ਆਧਾਰ 'ਤੇ ਅਗਾਮੀ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਇੱਕ ਵਾਰ ਫਿਰ ਸ਼ਾਨਦਾਰ ਜਿੱਤ ਦਰਜ ਕਰਕੇ ਪੰਜਾਬ ਦੀ ਸੇਵਾ ਜਾਰੀ ਰੱਖੇਗੀ।ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਗਹਿਰੀ ਮੰਡੀ ਅਤੇ ਮੁੱਛਲ ਵਿਖੇ ਕਰਵਾਏ ਗਏ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਭਰਵੇਂ ਇਕੱਠਾਂ ਨੂੰ ਸੰਬੋਧਨ ਕਰਦਿਆਂ ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਵਿਕਾਸ, ਇਮਾਨਦਾਰ ਸ਼ਾਸਨ ਅਤੇ ਲੋਕ ਹਿੱਤ ਦੀਆਂ ਨੀਤੀਆਂ ਨੂੰ ਤਰਜੀਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਨੌਜਵਾਨਾਂ ਨੂੰ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਹਨ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਲਈ ਲਗਾਤਾਰ ਯਤਨ ਕੀਤੇ ਹਨ।. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸਿਹਤ ਕ੍ਰਾਂਤੀ ਤਹਿਤ ਸੂਬੇ ਭਰ ਵਿੱਚ ਆਮ ਆਦਮੀ ਕਲੀਨਿਕਾਂ ਦੀ ਸਥਾਪਨਾ ਕੀਤੀ ਗਈ ਹੈ, ਜਦਕਿ ਸਰਕਾਰੀ ਹਸਪਤਾਲਾਂ ਅਤੇ ਸਿਹਤ ਸੰਸਥਾਵਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਆਮ ਲੋਕਾਂ ਲਈ ਵੱਡੀ ਰਾਹਤ ਸਾਬਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ 300 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਕਾਰਨ ਲਗਭਗ 90 ਫੀਸਦੀ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ, ਜਿਸ ਨਾਲ ਪਰਿਵਾਰਾਂ ਦੀ ਹਰ ਮਹੀਨੇ ਹਜ਼ਾਰਾਂ ਰੁਪਏ ਦੀ ਬਚਤ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਵੀ ਰਾਜ ਸਰਕਾਰ ਦੀ ਇੱਕ ਅਹਿਮ ਲੋਕ ਭਲਾਈ ਸਕੀਮ ਹੈ, ਜਿਸ ਦਾ ਲਾਭ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੂੰ ਮਿਲ ਰਿਹਾ ਹੈ। ਇਸ ਤੋਂ ਇਲਾਵਾ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦਾ ਸਰਬਪੱਖੀ ਵਿਕਾਸ ਕੀਤਾ ਗਿਆ ਹੈ ਅਤੇ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦੇ ਮੋਹਰੀ ਸੂਬਿਆਂ ਵਿੱਚ ਆਪਣੀ ਵਿਲੱਖਣ ਪਛਾਣ ਬਣਾ ਰਿਹਾ ਹੈ।ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਹਲਕੇ ਦੇ ਹਰ ਪਿੰਡ ਅਤੇ ਸ਼ਹਿਰ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੂਰੀ ਸੁਹਿਰਦਤਾ ਨਾਲ ਕੰਮ ਕੀਤਾ ਜਾ ਰਿਹਾ ਹੈ।

## ਸੋਨੀਆ ਮਾਨ ਨੇ ਪਿੰਡ ਤੋਲਾ ਨੰਗਲ 'ਚ ਸੁਣੀਆਂ ਮੁਸ਼ਕਿਲਾਂ



ਚੋਗਾਵਾਂ, 26 ਜੁਲਾਈ (ਸੁਬੇਗ ਸਿੰਘ ਸੋਨਾ) ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਤੋਲਾ ਨੰਗਲ ਵਿਖੇ ਰਾਜਬੀਰ ਸਿੰਘ ਅਤੇ ਬਸੰਤ ਸਿੰਘ ਦੀ ਅਗਵਾਈ ਹੇਠ ਪਿੰਡ ਦੇ ਲੋਕਾਂ ਦੀ ਅਹਿਮ ਮੀਟਿੰਗ ਪਿੰਡ ਦੇ ਗੁਰਦੁਆਰਾ ਸਾਹਿਬ ਗੁਰੂ ਕੇ ਮਹਿਲ ਵਿਖੇ ਹੋਈ। ਜਿਸ ਵਿੱਚ ਹਲਕਾ ਰਾਜਾਸਾਂਸੀ ਦੀ ਇੰਚਾਰਜ ਸੋਨੀਆ ਮਾਨ ਉਚੇਚੇ ਤੌਰ ਤੇ ਪਹੁੰਚੇ। ਉਨ੍ਹਾਂ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਨੂੰ ਬੜੇ ਹੀ ਵਿਸਥਾਰ ਨਾਲ ਸੁਣਿਆ ਅਤੇ ਕਈ ਮੁਸ਼ਕਿਲਾ ਦਾ ਮੌਕੇ ਤੇ ਹੀ ਹੱਲ ਕੀਤਾ। ਇਸ ਮੌਕੇ ਸੋਨੀਆ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਦੀ ਅਗਵਾਈ ਵਾਲੀ ਆਪ ਸਰਕਾਰ ਵੱਲੋਂ ਪਿੰਡ ਪਿੰਡ ਜਾ ਕੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਹੱਲ ਕੀਤਾ ਜਾ ਰਿਹਾ ਹੈ। ਇਸ ਮੌਕੇ ਤੇ ਸੋਨੀਆ ਮਾਨ ਵੱਲੋਂ ਮੇਰੀ ਰਸੋਈ ਸਕੀਮ ਤਹਿਤ ਨੀਲੇ ਕਾਰਡ ਲਾਭਪਾਤਰੀਆਂ ਨੂੰ ਰਾਸ਼ਨ ਕਿੱਟਾਂ ਵੀ ਵੰਡੀਆਂ ਗਈਆਂ। ਉਹਨਾਂ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਲਈ ਲਾਗੂ ਕੀਤੀਆਂ ਯੋਜਨਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਸੌਨੀਆ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਚੋਣਾਂ ਦੌਰਾਨ ਲੋਕਾਂ ਨਾਲ ਕੀਤੀਆ ਗਰੰਟੀਆ ਨੂੰ ਚਾਰ ਸਾਲਾ ਦੇ ਕਾਰਜ ਕਾਲ ਵਿੱਚ ਵੱਡੇ ਪੱਧਰ ਤੇ ਪੂਰਾ ਕੀਤਾ ਹੈ। ਇਸ ਮੌਕੇ ਤੇ ਰਾਜਬੀਰ ਸਿੰਘ ਅਤੇ ਬਸੰਤ ਸਿੰਘ ਆਦਿ ਨੇ ਸੋਨੀਆ ਮਾਨ ਦਾ ਧੰਨਵਾਦ ਕਰਦਿਆਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਹਲਕਾ ਇੰਚਾਰਜ ਸੋਨੀਆ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਮ ਜਨਤਾ ਦੀ ਸੇਵਾ ਲਈ 24 ਘੰਟੇ ਹਾਜ਼ਰ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਗਰੰਟੀਆਂ ਪੰਜਾਬ ਦੇ ਲੋਕਾਂ ਨਾਲ ਕੀਤੀਆਂ ਹਨ ਉਹ ਇਨਬਿਨ ਲਾਗੂ ਕਰਕੇ ਪੂਰੀਆਂ ਵੀ ਕੀਤੀਆਂ ਗਈਆਂ ਹਨ। ਇਸ ਮੌਕੇ ਤੇ ਜ਼ਿਲ੍ਹਾ ਪਰਿਸ਼ਦ ਮੈਂਬਰ ਰੇਸ਼ਮ ਵੜੈਚ, ਹਲਕਾ ਕੋਆਡੀਨੇਟਰ ਸੁਖਦੀਪ ਸਿੰਘ ਛੀਨਾ, ਸੰਗਠਨ ਇੰਚਾਰਜ ਰਾਜਬੀਰ ਸਿੰਘ, ਪਿੰਡ ਦੇ ਮੁਹਤਬਰ ਸ੍ਰ. ਜੋਬਨਜੀਤ ਸਿੰਘ, ਮਨਬੀਰ ਸਿੰਘ, ਹਰਜੀਤ ਸਿੰਘ ਨੰਬਰਦਾਰ, ਰਾਮ ਸਿੰਘ ਮੈਂਬਰ, ਅਮਰਜੀਤ ਸਿੰਘ ਮੈਂਬਰ, ਸੁਖਜਿੰਦਰ ਸਿੰਘ, ਕਾਲਾ ਸਿੰਘ, ਸੋਸ਼ਲ ਮੀਡੀਆ ਹਲਕਾ ਕੋਆਡੀਨੇਟਰ ਅਮਿਤੋਜ ਸਿੰਘ ਆਦਿ ਹਾਜ਼ਰ ਸਨ।

# ਬੋਇੰਗ 747 ਜਹਾਜ਼ ਨੂੰ ਸਮੁੰਦਰ 'ਚ ਡੁੱਬੋ ਕੇ ਬਹਿਰੀਨ ਨੇ ਤਿਆਰ ਕੀਤਾ ਵਿਸ਼ਵ ਦਾ ਸਭ ਤੋਂ ਵੱਡਾ ਅੰਡਰਵਾਟਰ ਥੀਮ ਪਾਰਕ

### ☛ਈਕੋ-ਟੂਰਿਜ਼ਮ 'ਚ ਰਚਿਆ ਇਤਿਹਾਸ



ਮਨਾਮਾ, 26 ਜੁਲਾਈ (ਚ.ਨ.ਸ): ਖਾੜੀ ਦੇਸ਼ ਬਹਿਰੀਨ ਨੇ ਸੈਰ-ਸਪਾਟਾ ਖੇਤਰ ਵਿੱਚ ਵੱਡੀ ਪ੍ਰਾਪਤੀ ਦਰਜ ਕਰਦਿਆਂ ਕਬਾੜ 'ਚ ਤਬਦੀਲ ਹੋਣ ਵਾਲੇ ਇੱਕ ਪੁਰਾਣੇ ਹਵਾਈ ਜਹਾਜ਼ ਨੂੰ ਕਮਾਈ ਦੇ ਬਿਹਤਰੀਨ ਜ਼ਰੀਏ ਵਿੱਚ ਬਦਲ ਦਿੱਤਾ ਹੈ। ਦੇਸ਼ ਨੇ ਸੰਯੁਕਤ ਅਰਬ ਅਮੀਰਾਤ (ਯੂ.ਏ.ਈ.) ਤੋਂ ਮਹਿਜ਼ 95 ਲੱਖ ਰੁਪਏ ਵਿੱਚ ਖ਼ਰੀਦੇ ਇੱਕ ਸੇਵਾਮੁਕਤ 'ਬੋਇੰਗ 747' ਜਹਾਜ਼ ਨੂੰ ਅਰਬ ਦੀ ਖਾੜੀ ਦੇ ਪਾਣੀ ਅੰਦਰ ਡੁੱਬੋ ਕੇ ਵਿਸ਼ਵ ਦਾ ਸਭ ਤੋਂ ਵੱਡਾ ਤੇ ਅਨੋਖਾ ਅੰਡਰਵਾਟਰ ਥੀਮ ਪਾਰਕ ਸਥਾਪਤ ਕਰ ਦਿੱਤਾ ਹੈ। ਲਗਭਗ 1,00,000 ਵਰਗ ਮੀਟਰ ਦੇ ਵਿਸ਼ਾਲ ਖੇਤਰ ਵਿੱਚ ਫੈਲੇ ਇਸ ਅਦਭੁਤ ਸਮੁੰਦਰੀ ਪਾਰਕ ਵਿੱਚ ਸਿਰਫ 70 ਮੀਟਰ ਲੰਮਾ ਜਹਾਜ਼ ਹੀ ਨਹੀਂ, ਸਗੋਂ ਬਹਿਰੀਨ ਦੇ ਰਵਾਇਤੀ ਮੋਤੀ ਵਪਾਰੀ ਦੇ ਘਰ ਦੀ ਪ੍ਰਤੀਕ੍ਰਿਤੀ ਤੇ ਨਕਲੀ ਚੱਟਾਨਾਂ (ਕੋਰਲ ਰੀਫ) ਵੀ ਸ਼ਾਮਲ ਕੀਤੀਆਂ ਗਈਆਂ ਹਨ, ਜੋ ਗੋਤਾਖੋਰਾਂ ਲਈ ਮੁੱਖ ਆਕਰਸ਼ਣ ਦਾ ਕੇਂਦਰ ਹਨ। ਇਸ ਅਨੋਖੀ ਪਹਿਲਕਦਮੀ ਰਾਹੀਂ ਬਹਿਰੀਨ ਸਰਕਾਰ ਦਾ ਮੁੱਖ ਮਕਸਦ ਦੇਸ਼ ਦੀ ਕੇਵਲ ਤੇਲ ਉਤਪਾਦਨ 'ਤੇ ਨਿਰਭਰ ਆਰਥਿਕਤਾ ਨੂੰ ਹੋਰ ਖੇਤਰਾਂ ਵਿੱਚ ਫੈਲਾਉਣਾ ਤੇ ਈਕੋ-ਟੂਰਿਜ਼ਮ ਨੂੰ ਉਤਸ਼ਾਹਿਤ ਕਰਨਾ ਹੈ। ਇਹ ਪ੍ਰੋਜੈਕਟ ਨਾ ਕੇਵਲ ਦੁਨੀਆ ਭਰ ਦੇ ਸਾਹਸੀ ਗੋਤਾਖੋਰਾਂ ਤੇ ਸੈਲਾਨੀਆਂ ਨੂੰ ਆਪਣੇ ਵੱਲ ਆਕਰਸ਼ਿਤ ਕਰ ਰਿਹਾ ਹੈ, ਸਗੋਂ ਸਮੁੰਦਰੀ ਜੀਵਾਂ ਤੇ ਕੋਰਲ ਰੀਫ ਦੇ ਵਾਧੇ ਲਈ ਵੀ ਇੱਕ ਸੁਰੱਖਿਅਤ ਠਾਹਰ ਸਾਬਤ ਹੋ ਰਿਹਾ ਹੈ। ਸਕ੍ਰੈਪ ਹੋਣ ਜਾ ਰਹੇ ਜਹਾਜ਼ ਤੋਂ ਤਿਆਰ ਕੀਤਾ ਗਿਆ ਇਹ ਪਾਰਕ ਹੁਣ ਬਹਿਰੀਨ ਦੀ ਆਰਥਿਕਤਾ ਤੇ ਸੈਰ-ਸਪਾਟਾ ਉਦਯੋਗ ਲਈ ਇੱਕ ਮਹੱਤਵਪੂਰਨ ਮੀਲ ਦਾ ਪੱਥਰ ਸਾਬਤ ਹੋ ਰਿਹਾ ਹੈ।

# ਅਮਰੀਕਾ 'ਚ ਐਚ-1ਬੀ ਵੀਜ਼ਾ ਪ੍ਰਣਾਲੀ 'ਚ ਵੱਡੇ ਬਦਲਾਅ ਦੀ ਤਿਆਰੀ

### ☛ਨਵੇਂ ਵੀਜ਼ਿਆਂ 'ਤੇ 3 ਸਾਲ ਦੀ ਰੋਕ ਲਈ ਅਮਰੀਕੀ ਸੰਸਦ 'ਚ ਬਿੱਲ ਪੇਸ਼

ਵਾਸ਼ਿੰਗਟਨ, 26 ਜੁਲਾਈ (ਚ.ਨ.ਸ): ਅਮਰੀਕਾ ਵਿੱਚ ਵਿਦੇਸ਼ੀ ਪੇਸ਼ੇਵਰਾਂ, ਖ਼ਾਸ ਕਰਕੇ ਭਾਰਤੀ ਆਈ.ਟੀ. ਮਾਹਿਰਾਂ ਲਈ ਚਿੰਤਾਜਨਕ ਖ਼ਬਰ ਸਾਹਮਣੇ ਆਈ ਹੈ। ਅਮਰੀਕੀ ਸੰਸਦ (ਕਾਂਗਰਸ) ਵਿੱਚ ਐਚ-1ਬੀ ਵੀਜ਼ਾ ਪ੍ਰੋਗਰਾਮ ਦੀ ਕਥਿਤ ਦੁਰਵਰਤੋਂ ਨੂੰ ਰੋਕਣ ਤੇ ਸਥਾਨਕ ਨਾਗਰਿਕਾਂ ਦੇ ਰੁਜ਼ਗਾਰ ਦੀ ਸੁਰੱਖਿਆ ਦੇ ਮਕਸਦ ਨਾਲ ਇੱਕ ਅਹਿਮ ਬਿੱਲ ਪੇਸ਼ ਕੀਤਾ ਗਿਆ ਹੈ। ਸੰਸਦ ਮੈਂਬਰ ਐਲੇਕਸ ਮੂਨੀ ਵੱਲੋਂ ਪੇਸ਼ ਕੀਤੇ ਗਏ ਇਸ ਬਿੱਲ ਵਿੱਚ ਅਗਲੇ ਤਿੰਨ ਸਾਲਾਂ ਲਈ ਨਵੇਂ ਐਚ-1ਬੀ ਵੀਜ਼ੇ ਜਾਰੀ ਕਰਨ 'ਤੇ ਮੁਕੰਮਲ ਰੋਕ ਲਗਾਉਣ ਦੀ ਮੱਦ ਸ਼ਾਮਲ ਕੀਤੀ ਗਈ ਹੈ। ਬਿੱਲ ਪੇਸ਼ ਕਰਦਿਆਂ ਦਲੀਲ ਦਿੱਤੀ ਗਈ ਹੈ ਕਿ ਅਮਰੀਕਾ ਨੂੰ ਅਜਿਹੀ ਵੀਜ਼ਾ ਨੀਤੀ ਜਾਰੀ ਨਹੀਂ ਰੱਖਣੀ ਚਾਹੀਦੀ ਜੋ ਅਮਰੀਕੀ ਕਾਮਿਆਂ ਦੇ ਆਰਥਿਕ ਹਿੱਤਾਂ ਨੂੰ ਨੁਕਸਾਨ ਪਹੁੰਚਾਏ। ਦੱਸਣਯੋਗ ਹੈ ਕਿ ਐਚ-1ਬੀ ਇੱਕ ਗੈਰ-ਇਮੀਗ੍ਰੇਂਟ ਵੀਜ਼ਾ ਹੈ, ਜਿਸ ਰਾਹੀਂ ਅਮਰੀਕੀ ਤਕਨਾਲੋਜੀ ਕੰਪਨੀਆਂ ਭਾਰਤ ਤੇ ਚੀਨ ਵਰਗੇ ਦੇਸ਼ਾਂ ਤੋਂ ਉਚ ਯੋਗਤਾ ਪ੍ਰਾਪਤ ਤਕਨੀਕੀ ਮਾਹਿਰਾਂ ਨੂੰ ਨੌਕਰੀ 'ਤੇ ਰੱਖਦੀਆਂ ਹਨ। ਬਿੱਲ ਵਿੱਚ ਕਿਹਾ ਗਿਆ ਹੈ ਕਿ ਇਸ ਪ੍ਰੋਗਰਾਮ ਦਾ ਅਸਲ ਮਕਸਦ ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ ਤੇ ਗਣਿਤ ਦੇ ਖੇਤਰਾਂ ਵਿੱਚ ਮੁਹਾਰਤ ਦੀ ਘਾਟ ਨੂੰ ਪੂਰਾ ਕਰਨਾ ਸੀ, ਪਰ ਹੁਣ ਕੰਪਨੀਆਂ ਵੱਲੋਂ ਅਮਰੀਕੀ ਨੌਜਵਾਨਾਂ ਦੀ ਥਾਂ ਸਸਤੇ ਵਿਦੇਸ਼ੀ ਕਾਮਿਆਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ।




ਦੂਜੇ ਪਾਸੇ, ਅਮਰੀਕਾ ਦੀ ਫੈਡਰਲ ਅਪੀਲ ਅਦਾਲਤ ਨੇ ਵੀ ਐਚ-1ਬੀ ਵੀਜ਼ਾ ਨਿਯਮਾਂ ਵਿੱਚ ਇੱਕ ਮੁੱਖ ਛੋਟ ਮੁੜ ਲਾਗੂ ਕਰਨ ਸਬੰਧੀ ਦਾਇਰ ਅਪੀਲ ਨੂੰ ਖਾਰਜ ਕਰ ਦਿੱਤਾ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਬਿਨਾਂ ਸੰਸਦੀ ਮਨਜ਼ੂਰੀ ਲਾਗੂ ਕੀਤੇ ਗਏ ਅਜਿਹੇ ਨਿਯਮ ਗੈਰ-ਕਾਨੂੰਨੀ ਹਨ। ਇਸ ਨਵੇਂ ਸਿਆਸੀ ਤੇ ਕਾਨੂੰਨੀ ਘਟਨਾਕ੍ਰਮ ਨਾਲ ਭਾਰਤੀ ਆਈ.ਟੀ. ਖੇਤਰ ਤੇ ਅਮਰੀਕਾ ਜਾਣ ਦੇ ਚਾਹਵਾਨ ਪੇਸ਼ੇਵਰਾਂ ਵਿੱਚ ਭਾਰੀ ਚਿੰਤਾ ਦੇਖੀ ਜਾ ਰਹੀ ਹੈ।

# ਟੈਂਪੂ ਟ੍ਰੈਵਲਰ ਡੂੰਘੀ ਖੱਡ 'ਚ ਡਿੱਗਣ ਕਾਰਨ ਦੋ ਔਰਤਾਂ ਦੀ ਮੌਤ

### ☛ਮਾਸੂਮ ਬੱਚਿਆਂ ਸਮੇਤ ਪੰਜ ਗੰਭੀਰ ਜ਼ਖ਼ਮੀ

ਜੰਮੂ, 26 ਜੁਲਾਈ (ਚ.ਨ.ਸ): ਜੰਮੂ-ਕਸ਼ਮੀਰ ਦੇ ਜ਼ਿਲ੍ਹਾ ਡੋਡਾ ਅਧੀਨ ਆਉਂਦੇ ਜਠਾਨੀ ਮੁਹੱਲਾ ਖੇਤਰ ਵਿੱਚ ਇੱਕ ਦਰਦਨਾਕ ਸੜਕ ਹਾਦਸਾ ਵਾਪਰਨ ਦੀ ਖ਼ਬਰ ਹੈ। ਤੇਜ਼ ਬਾਰਿਸ਼ ਦੌਰਾਨ ਇੱਕ ਟੈਂਪੂ ਟ੍ਰੈਵਲਰ ਗੱਡੀ ਬੇਕਾਬੂ ਹੋ ਕੇ ਸੜਕ ਤੋਂ ਫਿਸਲਦੀ ਹੋਈ ਡੂੰਘੀ ਖੱਡ ਵਿੱਚ ਜਾ ਡਿੱਗੀ। ਇਸ ਖੌਫ਼ਨਾਕ ਹਾਦਸੇ ਵਿੱਚ ਦੋ ਔਰਤਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਉਨ੍ਹਾਂ ਦੇ ਪਤੀ, ਦੋ ਮਾਸੂਮ ਬੱਚਿਆਂ ਤੇ ਡਰਾਈਵਰ ਸਮੇਤ ਪੰਜ ਲੋਕ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਹਨ। ਮ੍ਰਿਤਕ ਔਰਤਾਂ ਦੀ ਪਛਾਣ ਆਸ਼ਾ ਦੇਵੀ (30) ਪਤਨੀ ਅਜੇ ਸ਼ਰਮਾ ਤੇ ਮੀਨਾਕਸ਼ੀ ਦੇਵੀ (29) ਪਤਨੀ ਸ਼ਿਵ ਕੁਮਾਰ, ਦੋਵੇਂ ਨਿਵਾਸੀ ਜਠਾਨੀ ਵਜੋਂ ਹੋਈ ਹੈ। ਜ਼ਖ਼ਮੀਆਂ ਵਿੱਚ ਆਸ਼ਾ ਦੇਵੀ ਦਾ ਪਤੀ ਅਜੇ ਸ਼ਰਮਾ (33), ਉਨ੍ਹਾਂ ਦਾ 2 ਸਾਲਾ ਬੇਟਾ ਤਰਸ਼ਨ, ਮੀਨਾਕਸ਼ੀ ਦਾ ਪਤੀ ਸ਼ਿਵ ਕੁਮਾਰ (35), ਉਨ੍ਹਾਂ ਦਾ 3 ਸਾਲਾ ਬੇਟਾ ਸ਼ਵਿਨੇਸ਼ ਤੇ ਡੰਗੂ ਨਿਵਾਸੀ ਡਰਾਈਵਰ ਨਸੀਬ ਸਿੰਘ (35) ਸ਼ਾਮਲ ਹਨ। ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਸਥਾਨਕ ਲੋਕਾਂ ਤੇ ਪੁਲਿਸ ਪ੍ਰਸ਼ਾਸਨ ਨੇ ਰਾਹਤ ਤੇ ਬਚਾਅ ਕਾਰਜ ਸ਼ੁਰੂ ਕਰਕੇ ਜ਼ਖ਼ਮੀਆਂ ਨੂੰ ਤੁਰੰਤ ਸਰਕਾਰੀ ਮੈਡੀਕਲ ਕਾਲਜ (ਜੀ.ਐਮ.ਸੀ.) ਡੋਡਾ ਵਿਖੇ ਭਰਤੀ ਕਰਵਾਇਆ। ਡਾਕਟਰਾਂ ਮੁਤਾਬਿਕ ਸ਼ਿਵ ਕੁਮਾਰ ਦੀ ਹਾਲਤ ਅਤਿ ਗੰਭੀਰ ਹੋਣ ਕਰਕੇ ਉਸ ਨੂੰ ਵਿਸ਼ੇਸ਼ ਇਲਾਜ ਲਈ ਜੀ.ਐਮ.ਸੀ. ਜੰਮੂ ਰੈਫਰ ਕਰ ਦਿੱਤਾ ਗਿਆ ਹੈ। ਪੁਲਿਸ ਨੇ ਮਾਮਲਾ ਦਰਜ ਕਰਕੇ ਹਾਦਸੇ ਦੇ ਕਾਰਨਾਂ ਦੀ ਬਾਰੀਕੀ ਨਾਲ ਜਾਂਚ ਸ਼ੁਰੂ ਕਰ ਦਿੱਤੀ ਹੈ।

# ਗੱਡੀ ਨਾਲੇ 'ਚ ਪਲਟਣ ਕਾਰਨ ਭਾਰਤੀ ਫੌਜ ਦੇ ਅਧਿਕਾਰੀ ਦੇ ਪੁੱਤਰ ਦੀ ਮੌਤ

ਨਵੀਂ ਦਿੱਲੀ, 26 ਜੁਲਾਈ (ਚ.ਨ.ਸ): ਰਾਜਧਾਨੀ ਦਿੱਲੀ ਦੇ ਵਸੰਤ ਕੁੰਜ ਇਲਾਕੇ ਵਿੱਚ ਵਾਪਰੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਅਮਰੀਕਾ ਤੋਂ ਉਚ ਸਿੱਖਿਆ ਲੈ ਰਹੇ ਇੱਕ 20 ਸਾਲਾ ਭਾਰਤੀ ਵਿਦਿਆਰਥੀ ਦੀ ਮੌਤ ਹੋ ਗਈ, ਜਦਕਿ ਉਸ ਦੀ ਮਹਿਲਾ ਦੋਸਤ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ। ਮ੍ਰਿਤਕ ਦੀ ਪਛਾਣ ਯਸ਼ਵੇਂਦਰ ਸਿੰਘ ਵਜੋਂ ਹੋਈ ਹੈ, ਜੋ ਕਿ ਇੱਕ ਭਾਰਤੀ ਫੌਜ ਦੇ ਅਧਿਕਾਰੀ ਦਾ ਪੁੱਤਰ ਸੀ ਤੇ ਦਿੱਲੀ ਕੈਂਟ ਖੇਤਰ ਵਿੱਚ ਰਹਿ ਰਿਹਾ ਸੀ। ਪੁਲਿਸ ਅਨੁਸਾਰ ਇਹ ਘਟਨਾ ਸ਼ੁੱਕਰਵਾਰ ਸਵੇਰੇ ਲਗਭਗ 6 ਵਜੇ ਨੰਗਲ ਦੇਵਤ ਰੈਡ ਲਾਈਟ ਨੇੜੇ ਵਾਪਰੀ। ਯਸ਼ਵੇਂਦਰ ਆਪਣੇ ਇੱਕ ਦੋਸਤ ਦੇ ਘਰ ਤੋਂ ਆਪਣੀ ਮਹਿਲਾ ਦੋਸਤ ਨੂੰ ਉਸ ਦੇ ਘਰ ਛੱਡਣ ਜਾ ਰਿਹਾ ਸੀ, ਜੋ ਕਿ ਅਮਰੀਕਾ ਦੀ ਉਸੇ ਯੂਨੀਵਰਸਿਟੀ ਵਿੱਚ ਉਸ ਨਾਲ ਪੜ੍ਹਦੀ ਹੈ। ਰੈਡ ਲਾਈਟ ਦੇ ਤਿੱਖੇ ਮੋੜ 'ਤੇ ਸੜਕ 'ਤੇ ਬਹੁਤ ਜ਼ਿਆਦਾ ਤਿਲਕਣ ਹੋਣ ਕਾਰਨ ਗੱਡੀ ਦਾ ਸੰਤੁਲਨ ਵਿਗੜ ਗਿਆ। ਤੇਜ਼ ਰਫ਼ਤਾਰ ਕਾਰ ਸੜਕ ਦੀ ਸੁਰੱਖਿਆ ਕੰਧ ਨੂੰ ਤੋੜਦੀ ਹੋਈ ਦਿੱਲੀ ਵਿਕਾਸ ਅਥਾਰਟੀ (ਡੀ.ਡੀ.ਏ.) ਦੇ ਗੰਦੇ ਨਾਲੇ ਵਿੱਚ ਜਾ ਡਿੱਗੀ ਤੇ ਪਲਟ ਗਈ। ਘਟਨਾ ਦੀ ਸੂਚਨਾ ਮਿਲਦੇ ਹੀ ਵਸੰਤ ਕੁੰਜ ਸਾਊਥ ਥਾਣੇ ਦੀ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਦੋਵਾਂ ਨੂੰ ਬਾਹਰ ਕੱਢਿਆ ਤੇ ਇਲਾਜ ਲਈ ਨਜ਼ਦੀਕੀ ਹਸਪਤਾਲ ਪਹੁੰਚਾਇਆ। ਹਸਪਤਾਲ ਵਿੱਚ ਇਲਾਜ ਦੌਰਾਨ ਜ਼ਖ਼ਮਾਂ ਦੀ ਤਾਬ ਨਾ ਝੱਲਦਿਆਂ ਯਸ਼ਵੇਂਦਰ ਸਿੰਘ ਨੇ ਦਮ ਤੋੜ ਦਿੱਤਾ, ਜਦਕਿ ਉਸ ਦੀ ਦੋਸਤ ਦਾ ਇਲਾਜ ਜਾਰੀ ਹੈ। ਮਹਿਲਾ ਦੋਸਤ ਨੇ ਆਪਣੇ ਬਿਆਨ ਵਿੱਚ ਪੁਲਿਸ ਨੂੰ ਦੱਸਿਆ ਕਿ ਮੋੜ ਕੱਟਦੇ ਸਮੇਂ ਗੱਡੀ ਅਚਾਨਕ ਤਿਲਕ ਗਈ ਸੀ। ਇਸ ਦੁਖਦਾਈ ਘਟਨਾ ਤੋਂ ਬਾਅਦ ਡੀ.ਡੀ.ਏ. ਦੇ ਫੀਲਡ ਸਟਾਫ਼ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਤੇ ਨਿਰੀਖਣ ਕੀਤਾ। ਪੁਲਿਸ ਵੱਲੋਂ ਮਾਮਲੇ ਦੀ ਅਗਲੇਰੀ ਕਾਨੂੰਨੀ ਜਾਂਚ ਕੀਤੀ ਜਾ ਰਹੀ ਹੈ।

# ਇੰਗਲੈਂਡ 'ਚ ਸਿੱਖ ਸੰਗਤ ਨੇ ਗੁਰੂ ਸਾਹਿਬਾਨ ਦੀਆਂ ਪਵਿੱਤਰ ਨਿਸ਼ਾਨੀਆਂ ਦੇ ਕੀਤੇ ਸ਼ਰਧਾਪੂਰਵਕ ਦਰਸ਼ਨ, ਬ੍ਰਿਟੇਨ ਪਹੁੰਚੀ ਇਤਿਹਾਸਕ ਸੰਪਦਾ

ਲੰਡਨ, 26 ਜੁਲਾਈ (ਚ.ਨ.ਸ): ਯੂਨਾਈਟਿਡ ਕਿੰਗਡਮ (ਇੰਗਲੈਂਡ) ਵਿਖੇ ਵੱਸਦੀ ਸਿੱਖ ਸੰਗਤ ਲਈ ਇੱਕ ਰੂਹਾਨੀ ਤੇ ਇਤਿਹਾਸਕ ਪਲ ਉਸ ਸਮੇਂ ਆਇਆ ਜਦੋਂ ਗੁਰੂ ਸਾਹਿਬਾਨ ਵੱਲੋਂ ਬਖ਼ਸ਼ਿਸ਼ ਕੀਤੀਆਂ ਗਈਆਂ ਅਤਿ-ਪਵਿੱਤਰ ਤੇ ਇਤਿਹਾਸਕ ਨਿਸ਼ਾਨੀਆਂ ਦੇ ਵਿਸ਼ੇਸ਼ ਦਰਸ਼ਨ ਕਰਵਾਏ ਗਏ। ਇਹ ਇਤਿਹਾਸਕ ਨਿਸ਼ਾਨੀਆਂ ਭਾਈ ਰੂਪ ਚੰਦ ਜੀ ਦੀ 14ਵੀਂ ਪੀੜ੍ਹੀ ਵਿੱਚੋਂ ਭਾਈ ਮੁਕੰਦ ਸਿੰਘ ਵੱਲੋਂ ਇੰਗਲੈਂਡ ਲਿਆਂਦੀਆਂ ਗਈਆਂ ਹਨ। ਨਿਸ਼ਾਨੀਆਂ ਸਬੰਧੀ ਜਾਣਕਾਰੀ ਦਿੰਦਿਆਂ ਭਾਈ ਪ੍ਰਿੰਸਪਾਲ ਸਿੰਘ ਨੇ ਦੱਸਿਆ ਕਿ ਇਹ ਛੇਵੀਂ ਤੇ ਦਸਵੀਂ ਪਾਤਸ਼ਾਹੀ ਦੇ ਪਵਿੱਤਰ ਹਸਤ-ਲਿਖਤ ਤੇ ਹੋਰ ਸ਼ਸਤਰ-ਬਸਤਰ ਨਿਸ਼ਾਨੀਆਂ ਹਨ, ਜੋ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਭਾਈ ਰੂਪ ਚੰਦ ਜੀ ਦੇ ਪ੍ਰੇਮ ਤੇ ਨਿਸ਼ਕਾਮ ਗੁਰਮਤਿ ਸੇਵਾ ਤੋਂ ਪ੍ਰਸੰਨ ਹੋ ਕੇ ਬਖ਼ਸ਼ਿਸ਼ ਕੀਤੀਆਂ ਸਨ। ਇਨ੍ਹਾਂ ਪਵਿੱਤਰ ਨਿਸ਼ਾਨੀਆਂ ਵਿੱਚ ਛੇਵੀਂ ਪਾਤਸ਼ਾਹੀ, ਦਸਵੀਂ ਪਾਤਸ਼ਾਹੀ, ਛੋਟੇ ਸਾਹਿਬਜ਼ਾਦੇ, ਮਾਤਾ ਗੁਜਰੀ ਜੀ, ਪੋਥੀ ਸਾਹਿਬ, ਦਸਵੀਂ ਪਾਤਸ਼ਾਹੀ ਦੀ ਅਮੂਲਕ ਦੇਵੀ ਪ੍ਰਤਿਮਾ (ਤਸਵੀਰ), ਬਾਬਾ ਬੰਦਾ ਸਿੰਘ ਜੀ ਬਹਾਦਰ ਦਾ ਹੁਕਮਨਾਮਾ ਤੇ ਸਿੱਖ ਰਾਜ ਨਾਲ ਸਬੰਧਤ ਹੋਰ ਕਈ ਇਤਿਹਾਸਕ ਵਸਤੂਆਂ ਸ਼ਾਮਲ ਹਨ, ਜਿਨ੍ਹਾਂ ਦੀ ਪ੍ਰਦਰਸ਼ਨੀ ਲੰਡਨ ਵਿਖੇ ਸੰਗਤਾਂ ਦੇ ਦਰਸ਼ਨਾਂ ਹਿੱਤ ਲਗਾਈ ਗਈ। ਇਨ੍ਹਾਂ ਪਵਿੱਤਰ ਨਿਸ਼ਾਨੀਆਂ ਦੇ ਹੁਣ ਤੱਕ ਸ੍ਰੀ ਗੁਰੂ ਨਾਨਕ ਦਰਬਾਰ ਗ੍ਰੇਵਸੈਂਡ, ਗੁਰਦੁਆਰਾ ਬਾਬਾ ਦੀਪ ਸਿੰਘ ਜੀ ਬਰਮਿੰਘਮ, ਸ੍ਰੀ ਗੁਰੂ ਸਿੰਘ ਸਭਾ ਸਲੋਅ ਸਮੇਤ ਇੰਗਲੈਂਡ ਦੇ ਹੋਰ ਕਈ ਪ੍ਰਮੁੱਖ ਸ਼ਹਿਰਾਂ ਵਿੱਚ ਹਜ਼ਾਰਾਂ ਦੀ ਗਿਣਤੀ 'ਚ ਪਹੁੰਚ ਕੇ ਸਿੱਖ ਸੰਗਤਾਂ ਨੇ ਨਤਮਸਤਕ ਹੋ ਕੇ ਸ਼ਰਧਾਪੂਰਵਕ ਦਰਸ਼ਨ ਕੀਤੇ। ਸੰਗਤਾਂ ਵੱਲੋਂ ਇਸ ਰੂਹਾਨੀ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।



# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੀਰਥ ਯਾਤਰੀਆਂ ਦੇ ਆਈ.ਡੀ. ਕਾਰਡ ਲਾਹੁਣ 'ਤੇ ਭੜਕੇ

ਬਠਿੰਡਾ/ਮੋਗਾ, 26 ਜੁਲਾਈ (ਚ.ਨ.ਸ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ 'ਤੇ ਤਿੱਖਾ ਹਮਲਾ ਬੋਲਦਿਆਂ ਦੋਸ਼ ਲਗਾਇਆ ਹੈ ਕਿ ਉਹ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਲਈ ਆਉਂਦੇ ਬਜ਼ੁਰਗ ਯਾਤਰੀਆਂ ਦੇ ਗਲੋਂ ਉਨ੍ਹਾਂ ਦੀ ਤਸਵੀਰ ਵਾਲੇ ਪਛਾਣ ਪੱਤਰ (ਆਈ.ਡੀ. ਕਾਰਡ) ਜ਼ਬਰਦਸਤੀ ਲਾਹ ਰਹੇ ਹਨ। ਮੋਗਾ ਦੇ ਪਿੰਡ ਚੜਿੱਕ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਅਕਾਲੀ ਦਲ ਦੇ ਇਸ ਕਦਮ ਨੂੰ ਬੇਹੱਦ ਮੰਦਭਾਗਾ, ਹੇਠਲੇ ਪੱਧਰ ਦਾ ਤੇ ਬਦਲਾਖੋਰੀ ਵਾਲੀ ਰਾਜਨੀਤੀ ਕਰਾਰ ਦਿੱਤਾ। ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਸ੍ਰੀ ਦਰਬਾਰ ਸਾਹਿਬ ਵਿਖੇ ਸੰਗਤ ਦੇ ਅਥਾਹ ਇਕੱਠ ਦੌਰਾਨ ਜੇਕਰ ਕੋਈ ਬਜ਼ੁਰਗ ਸ਼ਰਧਾਲੂ ਆਪਣੀ ਸੰਗਤ ਨਾਲੋਂ ਵਿੱਛੜ ਜਾਂਦਾ ਹੈ ਤਾਂ ਉਸ ਦੀ ਤੁਰੰਤ ਪਛਾਣ ਕਰਨ ਤੇ ਖੱਜਲ-ਖੁਆਰੀ ਤੋਂ ਬਚਾਉਣ ਲਈ ਹੀ ਇਹ ਆਈ.ਡੀ. ਕਾਰਡ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰਾਂ ਨੂੰ ਲੋਕ-ਭਲਾਈ ਯੋਜਨਾਵਾਂ ਤੋਂ ਖਾਰ ਖਾਣ ਦੀ ਥਾਂ ਸਕਾਰਾਤਮਕ ਰਾਜਨੀਤੀ ਕਰਨੀ ਚਾਹੀਦੀ ਹੈ। ਇਸ ਮੌਕੇ ਉਨ੍ਹਾਂ ਚੜਿੱਕ ਪਿੰਡ ਦੀਆਂ ਤਿੰਨ ਪੰਚਾਇਤਾਂ ਨੂੰ 51 ਲੱਖ ਰੁਪਏ ਦੇ ਵਿਕਾਸ ਗ੍ਰਾਂਟ ਦੇ ਚੈਕ ਵੀ ਸੌਂਪੇ। ਇਸ ਦੇ ਨਾਲ ਹੀ ਮੋਗਾ ਸ਼ਹਿਰ ਵਿਖੇ ਇੱਕ ਹੋਰ ਸਮਾਗਮ ਦੌਰਾਨ ਮੁੱਖ ਮੰਤਰੀ ਨੇ ਰਾਜ ਵਿੱਚ ਬਿਜਲੀ ਦੀ ਸਥਿਤੀ ਬਾਰੇ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਲੋੜੀਂਦੀ ਬਿਜਲੀ ਪੈਦਾ ਕਰ ਰਹੀ ਹੈ ਤੇ ਖਰੀਦ ਵੀ ਰਹੀ ਹੈ, ਜਿਸ ਕਰਕੇ ਸੂਬੇ ਵਿੱਚ ਕੋਈ ਕਮੀ ਨਹੀਂ ਹੈ। ਉਨ੍ਹਾਂ ਦੱਸਿਆ ਕਿ ਸੂਬੇ ਦੇ 990 ਆਮ ਆਦਮੀ ਕਲਿਨਿਕਾਂ ਰਾਹੀਂ ਹੁਣ ਤੱਕ 5.5 ਕਰੋੜ ਤੋਂ ਵੱਧ ਲੋਕ ਇਲਾਜ ਦਾ ਲਾਭ ਲੈ ਚੁੱਕੇ ਹਨ, ਜਿੱਥੇ 46 ਟੈਸਟ ਤੇ 126 ਦਵਾਈਆਂ ਮੁਫ਼ਤ ਦਿੱਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਸੜਕ ਸੁਰੱਖਿਆ ਫੋਰਸ ਦੀ ਚੌਕਸੀ ਕਾਰਨ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਦੀ ਦਰ ਵਿੱਚ ਵੀ ਵੱਡੀ ਗਿਰਾਵਟ ਆਈ ਹੈ।



# ਫਸਲੀ ਮਸ਼ੀਨਾਂ 'ਤੇ ਸਬਸਿਡੀ ਲਈ ਅਰਜ਼ੀਆਂ 3 ਅਗਸਤ ਤੱਕ: ਡਾ. ਸ਼ਾਹਬਾਜ ਸਿੰਘ ਚੀਮਾ

ਗੁਰਦਾਸਪੁਰ, 26 ਜੁਲਾਈ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਫਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਮਸ਼ੀਨਾਂ 'ਤੇ ਸਬਸਿਡੀ ਦੇਣ ਦੀ ਪ੍ਰਕਿਰਿਆ ਮੁੜ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸਬੰਧੀ ਮੁੱਖ ਖੇਤੀਬਾੜੀ ਅਫਸਰ, ਗੁਰਦਾਸਪੁਰ ਡਾ. ਸ਼ਾਹਬਾਜ਼ ਸਿੰਘ ਚੀਮਾ ਨੇ ਦੱਸਿਆ ਕਿ ਕਿਸਾਨ ਵਿਭਾਗ ਦੇ ਪੋਰਟਲ ਰਾਹੀਂ 3 ਅਗਸਤ, 2026 ਸ਼ਾਮ 5:00 ਵਜੇ ਤੱਕ ਆਨਲਾਈਨ ਅਰਜ਼ੀਆਂ ਦੇ ਸਕਦੇ ਹਨ। ਉਨ੍ਹਾਂ ਦੱਸਿਆ ਕਿ ਨਿੱਜੀ ਕਿਸਾਨਾਂ ਨੂੰ ਸਕੀਮ ਦੀਆਂ ਗਾਈਡਲਾਈਨਾਂ ਅਨੁਸਾਰ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਮਸ਼ੀਨਾਂ 'ਤੇ 50 ਫ਼ੀਸਦੀ ਸਬਸਿਡੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਕਸਟਮ ਹਾਇਰਿੰਗ ਸੈਂਟਰ (ਸੀ.ਐਚ.ਸੀ.) ਅਤੇ ਪੈਡੀ ਸਪਲਾਈ ਚੇਨ ਸੈਂਟਰ (ਪੀ.ਐਸ.ਸੀ.) ਸਥਾਪਤ ਕਰਨ ਲਈ ਕੇਵਲ ਸੁਸਾਇਟੀਆਂ ਨੂੰ ਹੀ ਸਬਸਿਡੀ ਦਾ ਲਾਭ ਮਿਲੇਗਾ। ਡਾ. ਸ਼ਾਹਬਾਜ ਸਿੰਘ ਚੀਮਾ ਨੇ ਦੱਸਿਆ ਕਿ ਇਸ ਸਕੀਮ ਅਧੀਨ ਸੁਪਰ ਸੀਡਰ, ਹੈਪੀ ਸੀਡਰ, ਸਮਾਰਟ ਸੀਡਰ, ਸੁਪਰ ਐਸ.ਐਮ.ਐਸ., ਜ਼ੀਰੋ ਟਿੱਲ ਡਰਿੱਲ, ਬੇਲਰ, ਰੇਕ, ਮਲਚਰ, ਉਲਟਾਵਾਂ ਪਲਾਓ ਤੇ ਮਲਟੀ ਕਰਾਪ ਸੁਪਰ ਸੀਡਰ ਸਮੇਤ ਕਈ ਆਧੁਨਿਕ ਖੇਤੀ ਮਸ਼ੀਨਾਂ 'ਤੇ ਸਬਸਿਡੀ ਉਪਲਬਧ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀ ਬਜਾਏ ਇਨ੍ਹਾਂ ਮਸ਼ੀਨਾਂ ਦੀ ਵਰਤੋਂ ਕਰਕੇ ਇਸ ਦਾ ਵਿਗਿਆਨਕ ਢੰਗ ਨਾਲ ਪ੍ਰਬੰਧਨ ਕਰਨ ਤਾਂ ਜੋ ਵਾਤਾਵਰਨ ਪ੍ਰਦੂਸ਼ਣ ਨੂੰ ਰੋਕਣ ਦੇ ਨਾਲ-ਨਾਲ ਲਾਹੇਵੰਦ ਜੀਵ-ਜੰਤੂਆਂ ਦੀ ਸੁਰੱਖਿਆ ਵੀ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਦੱਸਿਆ ਕਿ ਪੋਰਟਲ 'ਤੇ ਅਪਲਾਈ ਕਰਨ ਦੌਰਾਨ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਣ 'ਤੇ ਕਿਸਾਨ ਆਪਣੇ ਸਬੰਧਤ ਬਲਾਕ ਦੇ ਅਧਿਕਾਰੀਆਂ ਨਾਲ ਸੰਪਰਕ ਕਰ ਸਕਦੇ ਹਨ।



# ਅੰਤਰਰਾਸ਼ਟਰੀ ਸੱਭਿਆਚਾਰਕ ਮੰਚ ਯੂ.ਐਸ.ਏ, ਕੈਨੇਡਾ, ਭਾਰਤ ਵੱਲੋਂ ਡਾ. ਸਰਵਣ ਸਿੰਘ ਦਾ ਵਿਸ਼ੇਸ਼ ਸਨਮਾਨ

ਬਟਾਲਾ, 26 ਜੁਲਾਈ (ਡਾ. ਨਰਿੰਦਰ ਸਿੰਘ ਘੁਮਾਣ/ਡਾ. ਸਤਨਾਮ ਸਿੰਘ ਸੰਧੂ): ਪਿੰਡ ਰੋੜ ਖਹਿਰਾ ਵਿਖੇ ਅੰਤਰਰਾਸ਼ਟਰੀ ਸੱਭਿਆਚਾਰਕ ਮੰਚ ਵੱਲੋਂ ਪਦਮ ਭੂਸ਼ਣ ਗੁਰਮੀਤ ਬਾਵਾ ਯਾਦਗਰੀ ਸੱਭਿਆਚਾਰਕ ਮੇਲਾ ਕਰਵਾਇਆ ਗਿਆ। ਇਹ ਮੇਲਾ ਤੀਆਂ ਦਾ, ਮੇਲਾ ਧੀਆਂ ਦਾ ਪੀਰ ਬਾਬਾ ਸ਼ਿਰਕੀ ਸ਼ਾਹ ਨੂੰ ਸਮਰਪਿਤ ਕੀਤਾ ਗਿਆ। ਇਸ ਮੇਲੇ ਦੇ ਵਿੱਚ ਉਭਰਦੇ ਪੰਜਾਬੀ ਕਲਾਕਾਰਾਂ ਨੇ ਆਪਣੇ ਜੌਹਰ ਵਿਖਾਏ। ਵਿਸ਼ੇਸ਼ ਤੌਰ 'ਤੇ ਸਵਰਗਵਾਸੀ ਬੀਬਾ ਗੁਰਮੀਤ ਬਾਵਾ ਦੀ ਬੇਟੀ ਗਲੋਰੀ ਬਾਵਾ ਤੇ ਅੰਜਲਾ ਬ੍ਰਦਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਹ ਪ੍ਰੋਗਰਾਮ ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਵਾਲੇ ਡਾ. ਪਰਮਜੀਤ ਸਿੰਘ ਕਲਸੀ ਤੇ ਸੂਬੇਦਾਰ ਗੁਰਮੇਜ ਸਿੰਘ ਤੇ ਸਮੁੱਚੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਪ੍ਰੋਗਰਾਮ ਦੇ ਵਿੱਚ ਅੰਤਰਰਾਸ਼ਟਰੀ ਸਿੱਖ ਵਿਦਵਾਨ ਡਾ. ਸਰਵਣ ਸਿੰਘ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਸਮੇਂ ਬੋਲਦਿਆਂ ਹੋਇਆਂ ਡਾ. ਕਲਸੀ ਨੇ ਡਾ. ਸਰਵਣ ਸਿੰਘ ਵੱਲੋਂ ਕੀਤੇ ਜਾ ਰਹੇ ਪੰਜਾਬੀ ਭਾਸ਼ਾ ਤੇ ਸਿੱਖ ਧਰਮ ਦੇ ਪ੍ਰਸਾਰ ਲਈ ਕੀਤੇ ਜਾ ਰਹੇ ਯਤਨਾ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਹਾਲ ਹੀ ਵਿੱਚ ਛਪੀ ਡਾ. ਸਰਵਣ ਸਿੰਘ ਦੀ ਕਿਤਾਬ ਅੰਮ੍ਰਿਤਸਰ ਸ੍ਰੋਤ ਪੁਸਤਕ ਪੰਜਾਬੀ ਸਾਹਿਤ ਇਤਿਹਾਸਕਾਰੀ ਦੇ ਵਿੱਚ ਮੀਲ ਪੱਥਰ ਸਾਬਤ ਹੋਈ ਹੈ। ਇਸ ਸਮੇਂ ਪੰਜਾਬੀ ਦੇ ਸਥਾਪਤ ਹਾਸਰਸ ਕਵੀ ਸੁਰਿੰਦਰ ਫਰੀਸਤਾ (ਘੁਲੇ ਸ਼ਾਹ) ਇੰਜ. ਅਰਵਿੰਦਰਜੀਤ ਸਿੰਘ ਬੋਪਾਰਾਏ, ਮੈਨੇਜਰ ਅਤਰ ਸਿੰਘ, ਗੁਰਜੈਪਾਲ ਸਿੰਘ, ਕੁਲਦੀਪ ਸਿੰਘ ਗੋਰਾਇਆ, ਸੁਰਿੰਦਰ ਸਿੰਘ ਭਾਗੋਵਾਲ, ਪਰਵਿੰਦਰ ਮੂਧਲ ਲਲਿਤ ਲਾਲੀ, ਹਰਜੀਤ ਲਾਡਲਾ, ਜੋਗਿੰਦਰ ਸਿੰਘ ਸਿੰਘਪੁਰੀਆ, ਜਸ਼ਨ ਸਿੰਘ ਸਰਪੰਚ ਆਦਿ ਹਾਜ਼ਰ ਸਨ। ਇਸ ਸਮੇਂ ਜ਼ਿਲ੍ਹਾ ਪਲਾਨਿੰਗ ਬੋਰਡ ਦੇ ਚੇਅਰਮੈਨ ਜੋਬਨ ਘਸੀਟਪੁਰ ਨੇ ਆਏ ਹੋਏ ਕਲਾਕਾਰਾਂ ਤੇ ਬੁੱਧੀਜੀਵੀਆਂ ਦਾ ਸਨਮਾਨ ਕੀਤਾ। ਸਟੇਜ ਦੀ ਸੇਵਾ ਪ੍ਰੋ. ਗੁਰਵੰਤ ਸਿੰਘ ਨੇ ਬਾਖੂਬੀ ਨਿਭਾਈ।



# ਮਹੰਤ ਹਰੀ ਕੁੰਭ ਦਾਸ ਮੰਦਰ ਨਾਨਕ ਚੱਕ ਵਿਖੇ ਗੁਰੂ ਪੂਜਾ ਨੂੰ ਸਮਰਪਿਤ ਪਵਿੱਤਰ ਬਾਣੀ ਦੇ ਪਾਠ 28 ਤੋਂ

ਫਤਹਿਗੜ੍ਹ ਚੂੜੀਆਂ, 26 ਜੁਲਾਈ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਤੋਂ ਕੁਝ ਹੀ ਦੂਰੀ ਉਪਰ ਸਥਿਤ ਤਪ ਅਸਥਾਨ ਮੰਦਰ ਭਗਵਾਨ ਬਾਬਾ ਸ੍ਰੀ ਚੰਦਰ ਜੀ ਉਦਾਸੀਨ ਆਸ਼ਰਮ ਨਾਨਕ ਚੱਕ ਦੇ ਗੱਦੀਨਸ਼ੀਨ ਮਹੰਤ ਹਰੀ ਕੁੰਭ ਦਾਸ ਦੀ ਅਗਵਾਈ ਹੇਠ ਬਿਆਸ ਪੂਜਾ ਮਹੋਤਸਵ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਮਹੰਤ ਹਰੀ ਕੁੰਭ ਦਾਸ ਨੇ ਦੱਸਿਆ ਕਿ 28 ਜੁਲਾਈ ਦਿਨ ਮੰਗਲਵਾਰ ਨੂੰ ਮਨਾਈ ਜਾ ਰਹੀ ਗੁਰੂ ਪੂਜਾ (ਬਿਆਸ ਪੂਜਾ) ਨੂੰ ਸਮਰਪਿਤ ਬਾਬਾ ਜੀ ਦੀ ਪਵਿੱਤਰ ਬਾਣੀ ਮਾਤਰਾ ਸ਼ਾਸਤਰ ਦੇ ਪਾਠ ਸਵੇਰੇ 8 ਵਜੇ ਤੋਂ ਆਰੰਭ ਹੋਣਗੇ ਤੇ 29 ਜੁਲਾਈ ਨੂੰ ਮਾਤਰਾ ਸ਼ਾਸਤਰ ਬਾਣੀ ਦੇ ਭੋਗ ਪਾਏ ਜਾਣਗੇ ਤੇ ਉਸ ਤੋਂ ਉਪਰੰਤ ਆਰਤੀ ਪੂਜਨ ਤੇ ਆਈਆਂ ਹੋਈਆਂ ਸੰਗਤਾਂ ਦੇ ਲਈ ਅਤੁੱਟ ਲੰਗਰ ਵਰਤਾਏ ਜਾਣਗੇ। ਇਸ ਮੌਕੇ ਰਵਿੰਦਰ ਮੁਨੀ, ਤਿਲਕ ਰਾਜ, ਰਾਜੂ ਬੇਦੀ, ਮਾਸਟਰ ਸੰਦੀਪ ਸਿੰਘ, ਸੰਦੀਪ ਬੇਦੀ, ਰੰਮੀ ਅਲੀਵਾਲ, ਜਸ਼ਨ ਜਾਂਗਲਾ, ਯਾਦਵਿੰਦਰ ਸਿੰਘ ਕਾਦੀਆਂ, ਇੰਦਰਜੀਤ ਸਿੰਘ, ਰਣਜੋਤ ਸਿੰਘ ਘਣੀਏ ਕੇ ਬਾਂਗਰ, ਜਸ ਲੋਦੀ ਨੰਗਲ, ਪ੍ਰਿੰਸ, ਦੁਰਲਭਜੀਤ ਸਿੰਘ, ਰਣਜੀਤ ਕੋਟਲੀ, ਗੁਰਵਿੰਦਰ ਸਿੰਘ, ਗੁਰਲਾਲ ਫੌਜੀ, ਪਵਨ ਗੁਜਰਪੁਰਾ, ਦੀਪੂ, ਮਨਪ੍ਰੀਤ ਪਟਵਾਰੀ, ਅੰਮ੍ਰਿਤਪਾਲ, ਸ਼ੈਂਕੀ, ਜੋਬਨ, ਧਰਮਵੀਰ, ਨੀਰਜ ਬੇਦੀ, ਕੁਲਦੀਪ ਪੇਂਟਰ, ਸਤਨਾਮ ਸਿੰਘ, ਰਣਜੀਤ ਸਿੰਘ, ਸਤਿਨਾਮ ਸਿੰਘ, ਹੈਪੀ, ਜੀਵਨ ਡੁਲਟ, ਸਾਬਾ ਹਾਜ਼ਰ ਸਨ।



# ਜੋਬਨ ਰੰਧਾਵਾ ਵੱਲੋਂ ਮਸੀਹ ਵੈਲਫੇਅਰ ਬੋਰਡ ਦੇ ਚੇਅਰਮੈਨ ਮਾਈਕਲ ਸਹੋਤਾ ਨੂੰ ਵਧਾਈ



ਧਾਰੀਵਾਲ, 26 ਜੁਲਾਈ (ਅਸ਼ੋਕ ਕੁਮਾਰ): ਆਮ ਆਦਮੀ ਪਾਰਟੀ ਦੇ ਗੁਰਦਾਸਪੁਰ ਦੇ ਜ਼ਿਲ੍ਹਾ ਇੰਚਾਰਜ ਜੋਬਨ ਰੰਧਾਵਾ ਨੇ ਹਲਕਾ ਕਾਦੀਆਂ ਤੋਂ ਮਸੀਹ ਵੈਲਫੇਅਰ ਬੋਰਡ ਦੇ ਨਵ-ਨਿਯੁਕਤ ਚੇਅਰਮੈਨ ਮਾਈਕਲ ਸਹੋਤਾ ਨੂੰ ਮੁਬਾਰਕਬਾਦ ਦਿੱਤੀ।ਇਸ ਮੌਕੇ ਜੋਬਨ ਰੰਧਾਵਾ ਨੇ ਕਿਹਾ ਕਿ ਮਾਈਕਲ ਸਹੋਤਾ ਦੀ ਨਿਯੁਕਤੀ ਨਾਲ ਮਸੀਹ ਭਾਈਚਾਰੇ ਨੂੰ ਹੋਰ ਮਜ਼ਬੂਤੀ ਮਿਲੇਗੀ ਤੇ ਉਨ੍ਹਾਂ ਦੇ ਹੱਕਾਂ ਤੇ ਭਲਾਈ ਲਈ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕੀਤਾ ਜਾ ਸਕੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਤੇ ਯੋਗ, ਇਮਾਨਦਾਰ ਤੇ ਸਮਾਜ ਸੇਵਾ ਨਾਲ ਜੁੜੇ ਵਿਅਕਤੀਆਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਜਾ ਰਹੀਆਂ ਹਨ। ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਮਾਈਕਲ ਸਹੋਤਾ ਆਪਣੇ ਅਹੁਦੇ ਦੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਜੋਬਨ ਰੰਧਾਵਾ ਨੇ ਮਾਈਕਲ ਸਹੋਤਾ ਦੇ ਚੰਗੇ ਸਿਹਤਮੰਦ ਤੇ ਸਫਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ। ਉਨ੍ਹਾਂ ਕਿਹਾ ਕਿ ਮਸੀਹ ਭਾਈਚਾਰੇ ਦੇ ਸਮਾਜਿਕ, ਸਿੱਖਿਆ ਤੇ ਭਲਾਈ ਨਾਲ ਜੁੜੇ ਮੁੱਦਿਆਂ ਦੇ ਹੱਲ ਲਈ ਬੋਰਡ ਅਹਿਮ ਭੂਮਿਕਾ ਨਿਭਾਏਗਾ। ਇਸ ਮੌਕੇ ਪਾਰਟੀ ਵਰਕਰਾਂ ਤੇ ਸਮਰਥਕਾਂ ਨੇ ਵੀ ਮਾਈਕਲ ਸਹੋਤਾ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਸਫਲ ਕਾਰਜਕਾਲ ਦੀ ਕਾਮਨਾ ਕੀਤੀ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਘੱਟ ਗਿਣਤੀ ਸਾਬਾ ਭੱਟੀ, ਨਿਸ਼ਾਨ ਸਿੰਘ ਗਿੱਲ, ਦਰਸ਼ਨ ਸਿੰਘ ਤੋਂ ਇਲਾਵਾ ਪਾਰਟੀ ਸਮਰਥੱਕ ਹਾਜ਼ਰ ਸਨ।

# ਹਰਚੋਵਾਲ ਦਾ ਛੱਪੜ ਹੋਇਆ ਓਵਰਫਲੋਅ, ਗੁਰਦਾਸਪੁਰ-ਚੰਡੀਗੜ੍ਹ ਮੁੱਖ ਮਾਰਗ ਬਣਿਆ ਦਰਿਆ

### ☛ਘਰਾਂ 'ਚ ਵੜਿਆ ਪਾਣੀ, ਸਕੂਲੀ ਬੱਚਿਆਂ ਦੀ ਜ਼ਿੰਦਗੀ ਖ਼ਤਰੇ ਵਿੱਚ

ਹਰਚੋਵਾਲ/ਸ੍ਰੀ ਹਰਿਗੋਬਿੰਦਪੁਰ ਸਾਹਿਬ, 26 ਜੁਲਾਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਲਗਾਤਾਰ ਪੈ ਰਹੇ ਮੀਂਹ ਕਾਰਨ ਹਰਚੋਵਾਲ ਦਾ ਛੱਪੜ ਓਵਰਫਲੋ ਹੋ ਗਿਆ, ਜਿਸ ਨਾਲ ਗੁਰਦਾਸਪੁਰ-ਚੰਡੀਗੜ੍ਹ ਮੁੱਖ ਮਾਰਗ 'ਤੇ ਕਰੀਬ ਇੱਕ ਫੁੱਟ ਤੱਕ ਪਾਣੀ ਖੜ੍ਹ ਗਿਆ ਹੈ। ਸੜਕ ਨੇ ਛੱਪੜ ਦਾ ਰੂਪ ਧਾਰ ਲਿਆ ਹੈ, ਜਿਸ ਕਾਰਨ ਰੋਜ਼ਾਨਾ ਆਵਾਜਾਈ ਕਰਨ ਵਾਲੇ ਲੋਕਾਂ, ਵਾਹਨ ਚਾਲਕਾਂ ਤੇ ਸਕੂਲ ਜਾਣ ਵਾਲੇ ਬੱਚਿਆਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਛੱਪੜ ਦਾ ਪਾਣੀ ਹੁਣ ਲੋਕਾਂ ਦੇ ਘਰਾਂ ਵਿੱਚ ਵੀ ਦਾਖ਼ਲ ਹੋ ਰਿਹਾ ਹੈ, ਜਿਸ ਨਾਲ ਜਨ-ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ। ਇਸ ਮੁੱਖ ਸੜਕ ਤੋਂ ਮਹਿਜ਼ 500 ਮੀਟਰ ਦੀ ਦੂਰੀ 'ਤੇ ਸਰਕਾਰੀ ਹਸਪਤਾਲ, ਪ੍ਰਾਇਮਰੀ ਸਕੂਲ ਤੇ ਹਾਈ ਸਕੂਲ ਸਥਿਤ ਹਨ, ਪਰ ਪਾਣੀ ਭਰਨ ਕਾਰਨ ਮਰੀਜ਼ਾਂ, ਵਿਦਿਆਰਥੀਆਂ ਤੇ ਆਮ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਿੰਡ ਵਾਸੀਆਂ ਦਾ ਦੋਸ਼ ਹੈ ਕਿ ਪੀਡਬਲਿਊਡੀ ਵਿਭਾਗ ਤੇ ਪ੍ਰਸ਼ਾਸਨ ਹਾਲਾਤਾਂ ਤੋਂ ਜਾਣੂੰ ਹੋਣ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਕਰ ਰਹੇ। ਉਨ੍ਹਾਂ ਕਿਹਾ ਕਿ ਸੜਕ 'ਤੇ ਰੋਜ਼ਾਨਾ ਹਾਦਸੇ ਵਾਪਰ ਰਹੇ ਹਨ, ਪਰ ਪ੍ਰਸ਼ਾਸਨ ਵੱਲੋਂ ਸਮੱਸਿਆ ਦੇ ਹੱਲ ਲਈ ਕੋਈ ਕਦਮ ਨਹੀਂ ਚੁੱਕਿਆ ਗਿਆ। ਇਸ ਰੋਸ ਦੇ ਚੱਲਦਿਆਂ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਤੇ ਪੀਡਬਲਿਊਡੀ ਵਿਭਾਗ ਖ਼ਿਲਾਫ਼ ਜ਼ੋਰਦਾਰ ਪ੍ਰਦਰਸ਼ਨ ਕਰਦੇ ਹੋਏ ਨਾਅਰੇਬਾਜ਼ੀ ਕੀਤੀ। ਉਨ੍ਹਾਂ ਸਰਕਾਰ ਤੋਂ ਤੁਰੰਤ ਛੱਪੜ ਦੇ ਪਾਣੀ ਦੀ ਨਿਕਾਸੀ, ਸੜਕ ਦੀ ਮੁਰੰਮਤ ਤੇ ਪੱਕੇ ਹੱਲ ਦੀ ਮੰਗ ਕੀਤੀ ਤਾਂ ਜੋ ਕਿਸੇ ਵੱਡੇ ਹਾਦਸੇ ਤੋਂ ਬਚਿਆ ਜਾ ਸਕੇ। ਇਸ ਮੌਕੇ ਸਾਬੀ ਮੈਂਬਰ, ਜੋਗਾ ਮਸੀਹ, ਅਨਵਰ ਮਸੀਹ, ਭੱਲੋ ਮਸੀਹ, ਯੂਸਫ਼ ਮਸੀਹ, ਅਮਨ ਮਸੀਹ, ਮਿੰਦਾ ਮਸੀਹ, ਕਾਲਾ ਮਸੀਹ, ਸਰਬਜੀਤ ਸਿੰਘ, ਬਲਕਾਰ ਸਿੰਘ, ਹਰਦਿਆਲ ਸਿੰਘ, ਲਵਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਹਰਚੋਵਾਲ ਦੇ ਪਿੰਡ ਵਾਸੀ ਹਾਜ਼ਰ ਸਨ।



# ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ 'ਚ ਕਮੇਟੀ ਨਿਯੁਕਤ

ਨਵਾਂਸ਼ਹਿਰ, 26 ਜੁਲਾਈ (ਸੁਖਦੇਵ ਸਿੰਘ ਉੜਾਪੜ): ਜਨਤਾ ਪਾਰਟੀ ਦੇ ਪੰਜਾਬ ਪ੍ਰਧਾਨ ਸ੍ਰੀ ਕੇਵਲ ਸਿੰਘ ਢਿੱਲੋਂ ਤੇ ਪੰਜਾਬ ਸੰਗਠਨ ਮੰਤਰੀ ਸ੍ਰੀ ਨਿਵਾਸਲੂ ਅਤੇ ਐਸਆਰ ਲੱਧੜ ਪ੍ਰਧਾਨ ਐਸਸੀ ਮੋਰਚਾ ਪੰਜਾਬ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸਮਾਗਮ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨਵਾਂਸ਼ਹਿਰ ਦੀ ਵਿਸ਼ੇਸ਼ ਕਮੇਟੀ ਭਾਜਪਾ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਰਾਜਵਿੰਦਰ ਲੱਕੀ ਦੀ ਅਗਵਾਈ ਹੇਠ ਬਣਾਈ ਗਈ। ਜਿਸ ਵਿੱਚ ਕਨਵੀਨਰ ਧਰਮਪਾਲ ਬੰਗਾ, ਸਹਿ-ਕਨਵੀਨਰਾਂ ਵਿੱਚ ਮੈਡਮ ਰਜਨੀ ਕੰਡਾ ਜ਼ਿਲ੍ਹਾ ਸੈਕਟਰੀ, ਚੇਤ ਰਾਮ ਰਤਨ ਜ਼ਿਲ੍ਹਾ ਪ੍ਰਧਾਨ ਐਸਸੀ ਮੋਰਚਾ, ਪੰਕਜ ਕੁਮਾਰ ਜ਼ਿਲ੍ਹਾ ਪ੍ਰਧਾਨ ਯੁਵਾ ਮੋਰਚਾ ਤੇ ਰਾਜ ਕੁਮਾਰ ਸੜੋਆ ਨੂੰ ਨਿਯੁਕਤ ਕੀਤਾ ਗਿਆ। ਇਸ ਮੌਕੇ ਰਾਜੇਸ਼ ਬਾਗਾ ਵਾਈਸ ਪ੍ਰਧਾਨ ਪੰਜਾਬ ਭਾਜਪਾ, ਭਾਨੂੰ ਪ੍ਰਤਾਪ ਪੰਜਾਬ ਪ੍ਰਧਾਨ ਯੁਵਾ ਮੋਰਚਾ ਤੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਲੱਕੀ ਤੇ ਮੈਡਮ ਰੇਨੂੰ ਕਸ਼ਯਪ ਆਦਿ ਹਾਜ਼ਰ ਸਨ। ਨਵ-ਨਿਯੁਕਤ ਆਗੂਆਂ ਮੈਡਮ ਰਜਨੀ ਕੰਡਾ ਅਤੇ ਧਰਮਪਾਲ ਕਨਵੀਨਰ ਸਮੇਤ ਸਹਿ-ਕਨਵੀਨਰਾਂ ਭਾਜਪਾ ਪ੍ਰਧਾਨ ਢਿੱਲੋਂ ਤੇ ਜ਼ਿਲ੍ਹਾ ਪ੍ਰਧਾਨ ਲੱਕੀ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ। ਪਾਰਟੀ ਵੱਲੋਂ ਗੁਰਪੁਰਬ ਪ੍ਰੋਗਰਾਮਾਂ ਨੂੰ ਸਫ਼ਲ ਬਣਾਉਣ ਲਈ ਹਰ ਸੰਭਵ ਯਤਨ ਕਰਾਂਗੇ।



# ਡਾਕੂਮੈਂਟਰੀ ਰਾਹੀਂ ਪਿੰਡ ਚੌਪੜਾ ਤੇ ਸਿੱਧਵਾਂ ਵਿਖੇ ਲੋਕਾਂ ਤੱਕ ਸ੍ਰੀ ਗੁਰੂ ਰਵਿਦਾਸ ਜੀ ਦਾ ਸੰਦੇਸ਼ ਪਹੁੰਚਾਇਆ

### ☛ਸਰਕਾਰ ਦੀ ਵਿਲੱਖਣ ਪਹਿਲ, ਪਿੰਡਾਂ 'ਚ ਗੁਰੂ ਰਵਿਦਾਸ ਜੀ ਦੇ ਜੀਵਨ ਦਰਸ਼ਨ ਦੀ ਪੇਸ਼ਕਾਰੀ

ਗੁਰਦਾਸਪੁਰ, 26 ਜੁਲਾਈ (ਜਗੀਰ ਸਿੰਘ ਮੰਡ/ਕੁਲਜੀਤ ਖੋਖਰ): ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਗੁਰਦਾਸਪੁਰ, ਦੀਨਾਨਗਰ, ਡੇਰਾ ਬਾਬਾ ਨਾਨਕ ਤੇ ਬਟਾਲਾ ਦੇ ਵੱਖ-ਵੱਖ ਪਿੰਡਾਂ ਵਿੱਚ ਸ਼ਾਮ ਨੂੰ ਡਾਕੂਮੈਂਟਰੀ ਫਿਲਮ ਦਿਖਾਈ ਜਾ ਰਹੀ ਹੈ। ਪਿੰਡ ਚੌਪੜਾ ਤੇ ਸਿੱਧਵਾਂ ਵਿਖੇ ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫੇ ਤੇ ਉਨ੍ਹਾਂ ਵੱਲੋਂ ਦਿੱਤੇ ਮਨੁੱਖਤਾ, ਸਮਾਨਤਾ, ਸਮਾਜਿਕ ਨਿਆਂ, ਸੇਵਾ, ਭਾਈਚਾਰੇ ਤੇ ਸਦਭਾਵਨਾ ਦੇ ਸਰਬਵਿਆਪੀ ਸੰਦੇਸ਼ ਨੂੰ ਦਰਸਾਉਂਦੀ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ। ਡਾਕੂਮੈਂਟਰੀ ਨੇ ਹਾਜ਼ਰ ਦਰਸ਼ਕਾਂ ਨੂੰ ਗੁਰੂ ਸਾਹਿਬ ਦੇ ਮਹਾਨ ਜੀਵਨ ਦਰਸ਼ਨ, ਸਮਾਜ ਸੁਧਾਰਕ ਵਿਚਾਰਾਂ ਤੇ ਸਮਾਜ ਵਿੱਚ ਬਰਾਬਰੀ ਤੇ ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਦੇ ਯੋਗਦਾਨ ਨਾਲ ਨੇੜਿਓਂ ਜਾਣੂੰ ਕਰਵਾਇਆ। ਇਸ ਮੌਕੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਵਿਲੱਖਣ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਤੇ ਮਨੁੱਖਤਾ ਦੇ ਸੰਦੇਸ਼ ਨੂੰ ਆਮ ਲੋਕਾਂ, ਵਿਸ਼ੇਸ਼ ਤੌਰ 'ਤੇ ਨੌਜਵਾਨ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਅੱਜ ਵੀ ਸਮਾਜ ਨੂੰ ਸੱਚ, ਸਮਾਨਤਾ ਤੇ ਆਪਸੀ ਸਤਿਕਾਰ ਦਾ ਰਾਹ ਦਿਖਾਉਂਦੀ ਹੈ, ਜਿਸ ਨਾਲ ਸਮਾਜ ਵਿੱਚ ਭਾਈਚਾਰਾ ਤੇ ਸਦਭਾਵਨਾ ਹੋਰ ਮਜ਼ਬੂਤ ਹੋਵੇਗੀ। ਪੰਜਾਬ ਸਰਕਾਰ ਦਾ ਉਦੇਸ਼ ਗੁਰੂ ਸਾਹਿਬ ਦੇ ਸਮਾਨਤਾ, ਸਮਾਜਿਕ ਨਿਆਂ ਤੇ ਮਨੁੱਖੀ ਏਕਤਾ ਦੇ ਸੰਦੇਸ਼ ਨੂੰ ਹਰ ਘਰ ਤੱਕ ਪਹੁੰਚਾਉਣਾ ਹੈ ਤਾਂ ਜੋ ਇਨ੍ਹਾਂ ਮਹਾਨ ਕਦਰਾਂ-ਕੀਮਤਾਂ ਦੇ ਆਧਾਰ 'ਤੇ ਇੱਕ ਹੋਰ ਸੁਚੱਜੇ, ਸਾਂਝੇ ਤੇ ਪ੍ਰਗਤੀਸ਼ੀਲ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।



# ਬਲਬੀਰ ਸਿੰਘ ਪੰਨੂੰ ਨੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ

ਫਤਹਿਗੜ੍ਹ ਚੂੜੀਆਂ/ਬਟਾਲਾ, 26 ਜੁਲਾਈ (ਰਾਜਨ ਸ਼ਰਮਾ): ਪੰਜਾਬ ਦੇ ਹਰ ਘਰ ਤੱਕ ਸੰਤੁਲਿਤ ਆਹਾਰ ਪਹੁੰਚਾਉਣ ਦੇ ਮਕਸਦ ਦੇ ਨਾਲ ਮਾਨ ਸਰਕਾਰ ਦੇ ਵੱਲੋਂ ਲਗਾਤਾਰ ਮਿਹਨਤ ਜਾਰੀ ਹੈ। ਇਸੇ ਲੜੀ ਦੇ ਤਹਿਤ ਮਾਨ ਸਰਕਾਰ ਦੇ ਵੱਲੋਂ ਹਲਕਾ ਫਤਹਿਗੜ੍ਹ ਚੂੜੀਆਂ ਦੇ ਪਿੰਡ ਭਾਰਥਵਾਲ ਦੇ ਵਿੱਚ ਹਲਕਾ ਇੰਚਾਰਜ ਫਤਹਿਗੜ੍ਹ ਚੂੜੀਆਂ ਬਲਬੀਰ ਸਿੰਘ ਪੰਨੂੰ ਵੱਲੋਂ ਮੇਰੀ ਰਸੋਈ ਯੋਜਨਾ ਦੇ ਤਹਿਤ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ ਤੇ ਨਾਲ ਹੀ ਉਨ੍ਹਾਂ ਨੂੰ ਮਾਨ ਸਰਕਾਰ ਦੇ ਵੱਲੋਂ ਚਲਾਈਆਂ ਜਾਂਦੀਆਂ ਲੋਕ ਭਲਾਈ ਯੋਜਨਾਵਾਂ ਦੇ ਬਾਰੇ ਵਿੱਚ ਜਾਣੂੰ ਕਰਵਾਇਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਬਲਬੀਰ ਸਿੰਘ ਪੰਨੂੰ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਹੈ ਕਿ ਹਰ ਘਰ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚੇ ਤੇ ਹਰ ਪਰਿਵਾਰ ਨੂੰ ਬਣਦਾ ਹੱਕ ਮਿਲੇ। ਲੋਕ ਸੇਵਾ ਤੇ ਸਮਾਜ ਭਲਾਈ ਲਈ ਅਜਿਹੇ ਉਪਰਾਲੇ ਅੱਗੇ ਵੀ ਨਿਰੰਤਰ ਜਾਰੀ ਰਹਿਣਗੇ। ਉਨ੍ਹਾਂ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ ਤੇ ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਲਾਗੂ ਕੀਤੀ ਗਈ ਹੈ, ਜਿਸ ਤਹਿਤ ਬਿਮਾਰੀ ਦਾ ਇਲਾਜ ਕਰਵਾਉਣ ਲਈ 10 ਲੱਖ ਰੁਪਏ ਤੱਕ ਦੀ ਕੈਸ਼ਲੈਸ ਸਹੂਲਤ ਮੁਹੱਈਆ ਕਰਵਾਈ ਗਈ ਹੈ ਤੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਲਾਗੂ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਹਲਕੇ ਅੰਦਰ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ। ਪਿੰਡਾਂ ਦੇ ਵਿੱਚ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ। ਪਿੰਡਾਂ ਵਿੱਚ ਸ਼ਾਨਦਾਰ ਪਾਰਕਾਂ ਦੀ ਉਸਾਰੀ ਕੀਤੀ ਗਈ ਹੈ। ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਉਣ ਸਮੇਤ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ। ਇਸ ਮੌਕੇ ਨਿਰੰਜਣ ਸਿੰਘ, ਸਰਪੰਚ ਗੁਰਮੀਤ ਕੌਰ, ਪੰਚ ਮਲਕੀਤ ਸਿੰਘ, ਪੰਚ ਹਰਪਾਲ ਸਿੰਘ, ਤਪੰਚ ਹਰਪ੍ਰੀਤ, ਪੰਚ ਸੁਰਜੀਤ ਸਿੰਘ, ਬਲਜੀਤ ਸਿੰਘ, ਬੁੱਧ ਸਿੰਘ, ਪੰਚ ਅਮਨਦੀਪ ਕੌਰ, ਭੁਪਿੰਦਰ ਕੌਰ, ਸਰਬਜੀਤ ਕੌਰ, ਪਰਮਜੀਤ ਕੌਰ, ਹਰਮਨਪ੍ਰੀਤ ਸਿੰਘ, ਅਕਾਸ਼ਦੀਪ ਸਿੰਘ, ਚੌਕੀਦਾਰ ਬਲਵਿੰਦਰ ਸਿੰਘ, ਨੰਬਰਦਾਰ ਬਲਵਿੰਦਰ ਸਿੰਘ, ਨਰਿੰਦਰ ਸਿੰਘ ਡਿਪੂ ਹੋਲਡਰ ਸਮੇਤ ਹੋਰ ਵੀ ਪਿੰਡ ਵਾਸੀ ਹਾਜ਼ਰ ਸਨ।



# ਦੂਨ ਇੰਟਰਨੈਸ਼ਨਲ ਸਕੂਲ ਵਿਖੇ ਕਾਰਗਿਲ ਵਿਜਯ ਦਿਵਸ ਸ਼ਰਧਾ ਤੇ ਦੇਸ਼ ਭਗਤੀ ਨਾਲ ਮਨਾਇਆ



ਗੁਰਦਾਸਪੁਰ, 26 ਜੁਲਾਈ (ਜਸਵਿੰਦਰ ਸਿੰਘ): ਦੂਨ ਇੰਟਰਨੈਸ਼ਨਲ ਸਕੂਲ, ਗੁਰਦਾਸਪੁਰ ਵਿਖੇ ਕਾਰਗਿਲ ਵਿਜਯ ਦਿਵਸ ਮੌਕੇ ਚੌਥੀ ਜਮਾਤ ਦੇ ਵਿਦਿਆਰਥੀਆਂ ਵੱਲੋਂ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਾਰਗਿਲ ਯੁੱਧ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਦੀ ਬਹਾਦਰੀ, ਦੇਸ਼ ਪ੍ਰਤੀ ਸਮਰਪਣ ਤੇ ਅਦਮਯ ਸਾਹਸ ਨੂੰ ਨਮਨ ਕੀਤਾ ਗਿਆ। ਵਿਸ਼ੇਸ਼ ਸਭਾ ਦੌਰਾਨ ਵਿਦਿਆਰਥੀਆਂ ਨੇ ਦੇਸ਼ ਭਗਤੀ ਨਾਟਕ, ਦੇਸ਼ ਭਗਤੀ ਗੀਤ, ਦੇਸ਼ ਭਗਤੀ ਨ੍ਰਿਤ ਤੇ ਭਾਸ਼ਣ ਮੁਕਾਬਲੇ ਰਾਹੀਂ ਦੇਸ਼ ਪ੍ਰੇਮ ਦੀ ਭਾਵਨਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਇਨ੍ਹਾਂ ਮਨਮੋਹਕ ਪੇਸ਼ਕਾਰੀਆਂ ਨੇ ਹਾਜ਼ਰ ਸਾਰੇ ਦਰਸ਼ਕਾਂ ਵਿੱਚ ਦੇਸ਼ ਭਗਤੀ ਦਾ ਜਜ਼ਬਾ ਪੈਦਾ ਕੀਤਾ ਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਊਸ਼ਾ ਸ਼ਰਮਾ ਨੇ ਵਿਦਿਆਰਥੀਆਂ ਨੂੰ ਦੇਸ਼ ਭਗਤੀ, ਅਨੁਸ਼ਾਸਨ ਤੇ ਰਾਸ਼ਟਰ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ। ਡਾਇਰੈਕਟਰ ਗਗਨਦੀਪ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਕਾਰਗਿਲ ਦੇ ਵੀਰ ਸ਼ਹੀਦਾਂ ਦੀਆਂ ਕੁਰਬਾਨੀਆਂ ਸਾਡੇ ਲਈ ਸਦਾ ਪ੍ਰੇਰਨਾ ਦਾ ਸਰੋਤ ਰਹਿਣਗੀਆਂ ਤੇ ਸਾਨੂੰ ਇੱਕ ਜ਼ਿੰਮੇਵਾਰ ਤੇ ਦੇਸ਼ ਭਗਤ ਨਾਗਰਿਕ ਬਣਨ ਲਈ ਪ੍ਰੇਰਿਤ ਕਰਦੀਆਂ ਹਨ। ਸਮਾਗਮ ਦਾ ਸਮਾਪਨ ਦੇਸ਼ ਭਗਤੀ ਦੇ ਨਾਅਰਿਆਂ ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕਰਦਿਆਂ ਕੀਤਾ ਗਿਆ।

# ਸਾਰਨਾਥ ਬਣਿਆ ਯੂਨੈਸਕੋ ਦੀ 'ਵਿਸ਼ਵ ਵਿਰਾਸਤ' ਦੀ ਸੂਚੀ 'ਚ ਸ਼ਾਮਲ ਹੋਣ ਵਾਲੀ 45ਵੀਂ ਇਤਿਹਾਸਕ ਧਰੋਹਰ

ਵਾਰਾਣਸੀ, 26 ਜੁਲਾਈ (ਚ.ਨ.ਸ.): ਭਾਰਤੀ ਸਭਿਆਚਾਰ ਤੇ ਰੂਹਾਨੀ ਇਤਿਹਾਸ ਲਈ ਅੱਜ ਦਾ ਦਿਨ ਬੇਹੱਦ ਸੁਲੱਖਣਾ ਤੇ ਮਾਣਮੱਤਾ ਸਾਬਤ ਹੋਇਆ ਹੈ। ਦੱਖਣੀ ਕੋਰੀਆ ਦੇ ਬੁਸਾਨ ਸ਼ਹਿਰ ਵਿਖੇ ਆਯੋਜਿਤ ਯੂਨੈਸਕੋ ਦੀ 'ਵਿਸ਼ਵ ਵਿਰਾਸਤ ਕਮੇਟੀ' ਦੇ 48ਵੇਂ ਇਜਲਾਸ ਦੌਰਾਨ ਉਤਰ ਪ੍ਰਦੇਸ਼ ਦੇ ਪ੍ਰਾਚੀਨ ਬੋਧੀ ਸਥਾਨ ਸਾਰਨਾਥ ਨੂੰ ਰਸਮੀ ਤੌਰ 'ਤੇ ਯੂਨੈਸਕੋ ਦੀ ਵਿਸ਼ਵ ਵਿਰਾਸਤ ਸੂਚੀ ਵਿੱਚ ਸ਼ਾਮਲ ਕਰਨ ਦਾ ਵੱਕਾਰੀ ਐਲਾਨ ਕੀਤਾ ਗਿਆ ਹੈ। ਇਸ ਇਤਿਹਾਸਕ ਫੈਸਲੇ ਨਾਲ ਸਾਰਨਾਥ ਹੁਣ ਭਾਰਤ ਦੀ 45ਵੀਂ ਤੇ ਉਤਰ ਪ੍ਰਦੇਸ਼ ਦੀ ਚੌਥੀ ਵਿਸ਼ਵ ਵਿਰਾਸਤ ਧਰੋਹਰ ਬਣ ਗਿਆ ਹੈ। ਜ਼ਿਕਰਯੋਗ ਹੈ ਕਿ ਸਾਰਨਾਥ ਪਿਛਲੇ 28 ਸਾਲਾਂ ਤੋਂ ਯੂਨੈਸਕੋ ਦੀ ਅੰਤਰਿਮ ਸੂਚੀ ਵਿੱਚ ਦਰਜ ਸੀ। ਮਹਾਤਮਾ ਬੁੱਧ ਦੀ ਇਸ ਪਵਿੱਤਰ ਤਪੋਭੂਮੀ ਨੂੰ ਇਹ ਅੰਤਰਰਾਸ਼ਟਰੀ ਮਾਨਤਾ ਮਿਲਣ ਉਪਰੰਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਸੋਸ਼ਲ ਮੀਡੀਆ 'ਤੇ ਖੁਸ਼ੀ ਜ਼ਾਹਿਰ ਕਰਦਿਆਂ ਇਸ ਨੂੰ ਹਰ ਭਾਰਤੀ ਲਈ ਮਾਣ ਦਾ ਪਲ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਭਗਵਾਨ ਬੁੱਧ ਦੇ ਗਿਆਨ, ਕਰੁਣਾ ਤੇ



ਸ਼ਾਂਤੀ ਦੇ ਸੰਦੇਸ਼ ਨੇ ਪੂਰੀ ਦੁਨੀਆਂ ਨੂੰ ਪ੍ਰਭਾਵਿਤ ਕੀਤਾ ਹੈ ਤੇ ਇਹ ਮਾਨਤਾ ਸਾਡੀ ਪ੍ਰਾਚੀਨ ਵਿਰਾਸਤ ਦਾ ਸਤਿਕਾਰ ਹੈ। ਵਾਰਾਣਸੀ ਤੋਂ ਮਹਿਜ 10 ਕਿਲੋਮੀਟਰ ਦੀ ਦੂਰੀ 'ਤੇ ਸਥਿਤ ਸਾਰਨਾਥ ਉਹੀ ਪਵਿੱਤਰ ਅਸਥਾਨ ਹੈ, ਜਿੱਥੇ ਗਿਆਨ ਪ੍ਰਾਪਤ ਕਰਨ ਤੋਂ ਬਾਅਦ ਭਗਵਾਨ ਬੁੱਧ ਨੇ ਆਪਣੇ ਪਹਿਲੇ ਪੰਜ ਚੇਲਿਆਂ ਨੂੰ ਪਹਿਲਾ ਉਪਦੇਸ਼ ਦਿੱਤਾ ਸੀ ਤੇ ਧਰਮਚੱਕਰ ਪ੍ਰਵਰਤਨ ਦੀ ਸ਼ੁਰੂਆਤ ਕੀਤੀ ਸੀ। ਯੂਨੈਸਕੋ ਦੀ ਵਿਸ਼ਵ ਵਿਰਾਸਤ ਸਾਈਟ ਵਿੱਚ ਸਾਰਨਾਥ ਦੇ ਧਮੇਖ ਸਤੂਪ, ਚੌਖੰਡੀ ਸਤੂਪ ਤੇ ਇਤਿਹਾਸਕ ਅਸ਼ੋਕ ਥੰਮ੍ਹ ਦੇ ਅਵਸ਼ੇਸ਼ ਸ਼ਾਮਲ ਹਨ। ਕੇਂਦਰੀ ਸੱਭਿਆਚਾਰ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਤੇ ਰਾਜ ਦੇ ਮੰਤਰੀਆਂ ਨੇ ਇਸ ਪ੍ਰਾਪਤੀ ਨੂੰ ਭਾਰਤੀ ਦਰਸ਼ਨ ਤੇ ਮਾਨਵਤਾ ਲਈ ਇੱਕ ਅਹਿਮ ਮੀਲ ਦਾ ਪੱਥਰ ਦੱਸਿਆ। ਮਾਹਿਰਾਂ ਮੁਤਾਬਿਕ ਯੂਨੈਸਕੋ ਦੇ ਇਸ ਐਲਾਨ ਨਾਲ ਨਾ ਸਿਰਫ਼ ਅੰਤਰਰਾਸ਼ਟਰੀ ਪੱਧਰ 'ਤੇ ਬੋਧੀ ਸਰਕਟ ਟੂਰਿਜ਼ਮ ਨੂੰ ਨਵੀਂ ਬੁਲੰਦੀ ਮਿਲੇਗੀ, ਸਗੋਂ ਵਿਸ਼ਵ ਭਰ ਦੇ ਸ਼ਰਧਾਲੂਆਂ ਤੇ ਸੈਲਾਨੀਆਂ ਦੀ ਆਮਦ ਵਿੱਚ ਵੀ ਭਾਰੀ ਵਾਧਾ ਹੋਵੇਗਾ।

# ਯੂਰਪ 'ਚ ਜੰਗਲੀ ਅੱਗ ਦਾ ਤਾਂਡਵ....

## ਫਰਾਂਸ ਤੇ ਸਪੇਨ 'ਚ 3 ਲੱਖ ਤੋਂ ਵੱਧ ਲੋਕ ਘਰ ਛੱਡਣ ਲਈ ਮਜਬੂਰ, ਬੋਰਡੋ ਤੇ ਮੈਡ੍ਰਿਡ 'ਤੇ ਮੰਡਰਾਇਆ ਖ਼ਤਰਾ

ਮੈਡ੍ਰਿਡ/ਪੈਰਿਸ, 26 ਜੁਲਾਈ (ਚ.ਨ.ਸ): ਯੂਰਪ ਵਿੱਚ ਗਰਮੀਆਂ ਦੀਆਂ ਛੁੱਟੀਆਂ ਦੇ ਮੁੱਖ ਸੀਜ਼ਨ ਦੌਰਾਨ ਫਰਾਂਸ ਤੇ ਸਪੇਨ ਦੇ ਜੰਗਲਾਂ ਵਿੱਚ ਭੜਕੀ ਭਿਆਨਕ ਅੱਗ ਨੇ ਤਬਾਹੀ ਮਚਾਈ ਹੋਈ ਹੈ। ਤੇਜ਼ੀ ਨਾਲ ਫੈਲ ਰਹੀ ਇਸ ਜੰਗਲੀ ਅੱਗ ਕਾਰਨ ਹੁਣ ਤੱਕ ਲਗਭਗ 3 ਲੱਖ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ ਹੈ ਜਾਂ ਆਪਣੇ ਘਰਾਂ ਅੰਦਰ ਹੀ ਰਹਿਣ ਦੇ ਹੁਕਮ ਦਿੱਤੇ ਗਏ ਹਨ। ਅੱਗ ਦੀਆਂ ਲਪਟਾਂ ਬੋਰਡੋ ਤੇ ਸਪੇਨ ਦੀ ਰਾਜਧਾਨੀ ਮੈਡ੍ਰਿਡ ਵਰਗੇ ਪ੍ਰਮੁੱਖ ਸ਼ਹਿਰਾਂ ਦੇ ਬੇਹੱਦ ਨਜ਼ਦੀਕ ਪਹੁੰਚ ਚੁੱਕੀਆਂ ਹਨ, ਜਿਸ ਨਾਲ ਹਾਲਾਤ ਬੇਹੱਦ ਚਿੰਤਾਜਨਕ ਬਣ ਗਏ ਹਨ। ਫਰਾਂਸ ਦੇ ਦੱਖਣ-ਪੱਛਮੀ ਖੇਤਰ ਜਿਰੋਂਡੇ ਤੇ ਲੈਂਡੇਸ ਵਿੱਚ ਸਥਿਤੀ ਇੰਨੀ ਗੰਭੀਰ ਹੈ ਕਿ ਪੈਰਿਸ ਸ਼ਹਿਰ ਨਾਲੋਂ ਤਿੰਨ ਗੁਣਾ ਵੱਡੇ ਖੇਤਰ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਹੈ, ਜਿੱਥੋਂ ਪ੍ਰਸ਼ਾਸਨ ਵੱਲੋਂ ਲਗਭਗ 1,97,000 ਲੋਕਾਂ ਨੂੰ ਬਾਹਰ ਕੱਢਿਆ ਗਿਆ ਹੈ। ਫਰਾਂਸ ਦੇ ਗ੍ਰਹਿ ਮੰਤਰੀ ਲੌਰੇਂਟ ਨੂਨੇਜ਼ ਨੇ ਹੰਗਾਮੀ ਸਮੀਖਿਆ ਬੈਠਕ



ਤੋਂ ਬਾਅਦ ਦੱਸਿਆ ਕਿ ਰਾਤ ਵੇਲੇ ਅੱਗ ਦਾ ਪ੍ਰਭਾਵ ਕੁਝ ਘੱਟ ਨਾਲ ਫਾਇਰ ਬ੍ਰਿਗੇਡ ਕਰਮਚਾਰੀਆਂ ਨੂੰ ਰਾਹਤ ਮਿਲੀ ਸੀ, ਪਰ ਤੇਜ਼ ਹਵਾਵਾਂ ਕਾਰਨ ਸਥਿਤੀ ਮੁੜ ਵਿਗੜਨ ਦਾ ਖ਼ਤਰਾ ਬਣਿਆ ਹੋਇਆ ਹੈ। ਇਹ ਅੱਗ ਬੋਰਡੋ ਸ਼ਹਿਰ ਤੋਂ ਮਹਿਜ਼ 20 ਮੀਲ ਦੀ ਦੂਰੀ 'ਤੇ ਹੈ, ਜਿਸ ਕਾਰਨ ਪੱਛਮੀ ਉਪ-ਨਗਰਾਂ ਨੂੰ ਖਾਲੀ ਕਰਵਾਇਆ ਜਾ ਰਿਹਾ ਹੈ। ਦੂਜੇ ਪਾਸੇ ਸਪੇਨ ਦੇ ਮੈਡ੍ਰਿਡ ਦੇ ਆਸ-ਪਾਸ ਦੇ ਇਲਾਕਿਆਂ ਵਿੱਚ ਲਗਭਗ 80,000 ਤੋਂ ਵੱਧ ਲੋਕਾਂ ਨੂੰ ਘਰ ਖਾਲੀ ਕਰਨ ਜਾਂ ਅੰਦਰ ਰਹਿਣ ਦੀ ਹਦਾਇਤ ਦਿੱਤੀ ਗਈ ਹੈ। ਸਪੇਨ ਦੇ ਪ੍ਰਧਾਨ ਮੰਤਰੀ ਪੈਡ੍ਰੋ ਸਾਂਚੇਜ਼ ਨੇ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਦਿਆਂ ਕਿਹਾ ਕਿ ਸਥਿਤੀ ਕਾਫ਼ੀ ਗੰਭੀਰ ਹੈ ਤੇ ਸਰਕਾਰ ਦੀ ਮੁੱਖ ਪ੍ਰਾਥਮਿਕਤਾ ਲੋਕਾਂ ਦੀਆਂ ਜਾਨਾਂ ਬਚਾਉਣਾ ਹੈ। ਤਾਪਮਾਨ ਵਿੱਚ ਮਾਮੂਲੀ ਗਿਰਾਵਟ ਨਾਲ ਰਾਹਤ ਦੀ ਉਮੀਦ ਬੱਝੀ ਹੈ, ਪਰ ਸੁੱਕੀ ਗਰਜ ਤੇ ਤੇਜ਼ ਤੂਫ਼ਾਨੀ ਹਵਾਵਾਂ ਅੱਗ ਬੁਝਾਊ ਦਸਤਿਆਂ ਲਈ ਵੱਡੀ ਚੁਣੌਤੀ ਬਣ ਸਕਦੀਆਂ ਹਨ।

# ਨਵ-ਨਿਯੁਕਤ ਚੀਫ਼ ਮੈਨੇਜਰ ਅਮਿਤ ਕੜਵਾਸਰਾ ਦਾ ਰਾਜੇਸ਼ ਸਿੰਗਲਾ ਵੱਲੋਂ ਸਨਮਾਨ

ਮੰਡੀ ਗੋਬਿੰਦਗੜ੍ਹ, 26 ਜੁਲਾਈ (ਰੂਪਲ ਸੂਦ): ਸਟੇਟ ਬੈਂਕ ਆਫ਼ ਇੰਡੀਆ ਬੱਸੀ ਪਠਾਣਾਂ ਦੇ ਨਵ-ਨਿਯੁਕਤ ਚੀਫ਼ ਮੈਨੇਜਰ ਅਮਿਤ ਕੜਵਾਸਰਾ ਨੇ ਫੈਡਰੇਸ਼ਨ ਆਫ ਆੜ੍ਹਤੀ ਐਸੋਸੀਏਸ਼ਨ ਦੇ ਸੂਬਾ ਪ੍ਰੈਸ ਸਕੱਤਰ ਰਾਜੇਸ਼ ਸਿੰਗਲਾ ਨਾਲ ਅਨਾਜ ਮੰਡੀ ਦੁਗਰਾ ਮੱਲ ਹੰਸ ਰਾਜ ਦੀ ਦੁਕਾਨ 'ਤੇ ਵਿਸ਼ੇਸ਼ ਮੁਲਾਕਾਤ ਕੀਤੀ। ਸ੍ਰੀ ਕੜਵਾਸਰਾ ਨੇ ਸ੍ਰੀ ਸਿੰਗਲਾ ਨਾਲ ਬੈਂਕਿੰਗ ਸੇਵਾਵਾਂ, ਗ੍ਰਾਹਕਾਂ ਨੂੰ ਮਿਲ ਰਹੀਆਂ ਸੁਵਿਧਾਵਾਂ ਤੇ ਆੜ੍ਹਤੀ ਵਰਗ ਲਈ ਸਕੀਮਾਂ ਬਾਰੇ ਵੀ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਸਟੇਟ ਬੈਂਕ ਆਫ਼ ਇੰਡੀਆ ਹਮੇਸ਼ਾ ਆਪਣੇ ਗ੍ਰਾਹਕਾਂ ਨੂੰ ਬਿਹਤਰ ਤੇ ਪਾਰਦਰਸ਼ੀ ਬੈਂਕਿੰਗ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਲੋਕਾਂ ਨੂੰ ਡਿਜੀਟਲ ਬੈਂਕਿੰਗ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਤੇ ਸਾਈਬਰ ਠੱਗੀ ਤੋਂ ਸੁਚੇਤ ਰਹਿਣ ਦੀ ਵੀ ਅਪੀਲ ਕੀਤੀ। ਸ੍ਰੀ ਸਿੰਗਲਾ ਨੇ ਨਵ-ਨਿਯੁਕਤ ਚੀਫ਼



ਮੈਨੇਜਰ ਦਾ ਸਿਰੋਪਾਓ ਨਾਲ ਸਨਮਾਨ ਕਰਦਿਆਂ ਕਿਹਾ ਕਿ ਬੈਂਕ ਵੱਲੋਂ ਲੋਕ-ਭਲਾਈ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ ਤੇ ਅਜਿਹੀਆਂ ਮੁਲਾਕਾਤਾਂ ਨਾਲ ਸਮਾਜ ਤੇ ਸੰਸਥਾਵਾਂ ਵਿਚਕਾਰ ਆਪਸੀ ਤਾਲਮੇਲ ਹੋਰ ਮਜ਼ਬੂਤ ਹੁੰਦਾ ਹੈ।

# ਅਕਾਲੀ ਦਲ ਵਾਰਿਸ ਪੰਜਾਬ ਦਾ ਕਾਫ਼ਲਾ 29 ਨੂੰ ਚੰਡੀਗੜ੍ਹ ਲਈ ਰਵਾਨਾ ਹੋਵੇਗਾ



ਮੰਡੀ ਗੋਬਿੰਦਗੜ੍ਹ, 26 ਜੁਲਾਈ (ਸੂਦ): ਅਕਾਲੀ ਦਲ ਵਾਰਿਸ ਪੰਜਾਬ ਦੇ ਫ਼ਤਹਿਗੜ੍ਹ ਸਾਹਿਬ ਸਥਿਤ ਮੁੱਖ ਦਫ਼ਤਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਲੱਖਾ ਕੋਟਲਾ ਤੇ ਪੰਜਾਬ ਦੇ ਸੀਨੀਅਰ ਆਗੂ ਲਖਵੀਰ ਸਿੰਘ ਖਾਲਸਾ ਸੋਟੀ ਦੀ ਅਗਵਾਈ ਹੇਠ ਹੋਈ। ਜਿਸ ਵਿੱਚ 29 ਜੁਲਾਈ ਨੂੰ ਸਵੇਰੇ 8 ਵਜੇ ਪਾਰਟੀ ਦਫ਼ਤਰ ਇਕੱਠੇ ਹੋ ਕੇ ਕਾਫਲਿਆਂ ਸਮੇਤ ਚੰਡੀਗੜ੍ਹ ਨੂੰ ਰਵਾਨਾ ਹੋਣ ਦਾ ਫੈਸਲਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਪਾਰਟੀ ਵੱਲੋਂ ਉਲੀਕੇ ਪ੍ਰੋਗਰਾਮ ਮੁਤਾਬਿਕ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਰਿਹਾਈ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ। ਉਨ੍ਹਾਂ ਪਾਰਟੀ ਵਰਕਰਾਂ ਤੇ ਆਗੂਆਂ ਨੂੰ ਵੱਧ ਚੜ੍ਹ ਕੇ ਸਮੇਂ ਸਿਰ ਸ਼ਾਮਲ ਹੋਣ ਦੀ ਅਪੀਲ ਕੀਤੀ। ਮੀਟਿੰਗ ਵਿੱਚ ਸ਼ਹੀਦ ਭਾਈ ਕੇਹਰ ਸਿੰਘ ਦੇ ਪੋਤਰੇ ਬਿਕਰਮਜੀਤ ਸਿੰਘ, ਪਵਿੱਤਰ ਸਿੰਘ ਹਲਕਾ ਬੱਸੀ ਪਠਾਣਾਂ, ਦਲਵੀਰ ਸਿੰਘ, ਗੁਰਕਮਲ ਸਿੰਘ, ਜਸਪਾਲ ਸਿੰਘ ਸਲਾਣਾ, ਪ੍ਰੀਤਮ ਸਿੰਘ ਭੋਲੀਆ, ਪਰਮਦੀਪ ਸਿੰਘ ਧਾਲੀਵਾਲ, ਲਖਵਿੰਦਰ ਸਿੰਘ ਸਲਾਣੀ, ਗੁਲਾਬ ਸਿੰਘ ਸਾਬੀ, ਜਸਪ੍ਰੀਤ ਸਿੰਘ ਤਲਵਾੜਾ, ਜਸ਼ਨਪ੍ਰੀਤ ਸਿੰਘ, ਨਵਦੀਪ ਸਿੰਘ ਤਾਨ, ਲਖਵਿੰਦਰ ਸਿੰਘ ਡੇਰਾ ਮੀਰ ਮੀਆਂ ਤੇ ਨਵਦੀਪ ਸਿੰਘ ਨਬੀ ਖੰਨਾ ਆਦਿ ਹਾਜ਼ਰ ਸਨ। ਇਸ ਮੌਕੇ ਨਵੇਂ ਮੈਂਬਰਾਂ ਨੂੰ ਅਹੁਦੇ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

# ਕੈਨੇਡਾ-ਅਮਰੀਕਾ ਬਾਰਡਰ 'ਤੇ ਨਸ਼ਾ ਤਸਕਰੀ 'ਤੇ ਵੱਡੀ ਸੱਟ

## 1,160 ਕਰੋੜ ਰੁਪਏ ਦੀ ਡਰੱਗਜ਼ ਸਮੇਤ 13 ਪੰਜਾਬੀਆਂ ਸਣੇ 21 ਗ੍ਰਿਫ਼ਤਾਰ

ਓਟਾਰੀਓ, 26 ਜੁਲਾਈ (ਚ.ਨ.ਸ): ਕੈਨੇਡਾ ਤੇ ਅਮਰੀਕਾ ਦੀਆਂ ਸੁਰੱਖਿਆ ਏਜੰਸੀਆਂ ਨੇ ਇੱਕ ਵੱਡੇ ਅੰਤਰਰਾਸ਼ਟਰੀ ਆਪ੍ਰੇਸ਼ਨ ਦੌਰਾਨ ਸਰਹੱਦ ਪਾਰ ਚੱਲ ਰਹੇ ਬਹੁਤ ਹੀ ਸੰਗਠਿਤ ਨਸ਼ਾ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ। ਇਸ ਇਤਿਹਾਸਕ ਕਾਰਵਾਈ ਦੌਰਾਨ ਪੁਲਿਸ ਨੇ ਲਗਭਗ 1.7 ਟਨ (1,700 ਕਿਲੋਗ੍ਰਾਮ) ਗੈਰ-ਕਾਨੂੰਨੀ ਨਸ਼ੀਲੇ ਪਦਾਰਥ ਜ਼ਬਤ ਕੀਤੇ ਹਨ, ਜਿਨ੍ਹਾਂ ਦੀ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੀਮਤ 139 ਮਿਲੀਅਨ ਡਾਲਰ (ਲਗਭਗ 1,160 ਕਰੋੜ ਰੁਪਏ) ਤੋਂ ਵੱਧ ਦੱਸੀ ਜਾ ਰਹੀ ਹੈ। ਇਸ ਮਾਮਲੇ ਵਿੱਚ 21 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਨ੍ਹਾਂ ਵਿੱਚ 13 ਪੰਜਾਬੀ ਮੂਲ ਦੇ ਨੌਜਵਾਨ ਸ਼ਾਮਲ ਹਨ, ਜਦਕਿ 8 ਮੁਲਜ਼ਮ ਹੋਰਨਾਂ ਦੇਸ਼ਾਂ ਨਾਲ ਸਬੰਧਤ ਹਨ। ਜਾਂਚ ਏਜੰਸੀਆਂ ਮੁਤਾਬਿਕ ਇਹ ਗਿਰੋਹ ਕਮਰਸ਼ੀਅਲ ਟਰੱਕਿੰਗ ਇੰਡਸਟਰੀ ਤੇ ਜਾਇਜ਼ ਸਪਲਾਈ ਚੇਨ ਲੌਜਿਸਟਿਕਸ ਸਿਸਟਮ ਦੀ ਦੁਰਵਰਤੋਂ ਕਰਕੇ ਅੰਤਰਰਾਸ਼ਟਰੀ ਸਰਹੱਦ ਪਾਰ ਕੋਕੀਨ,



ਮੈਥਾਮਫੇਟਾਮਾਈਨ ਤੇ ਅਫੀਮ ਵਰਗੇ ਪਾਬੰਦੀਸ਼ੁਦਾ ਨਸ਼ਿਆਂ ਦੀ ਖੇਪ ਭੇਜ ਰਿਹਾ ਸੀ। ਮੁਲਜ਼ਮਾਂ ਨੇ ਇੱਕ ਬ੍ਰੋਕਰ-ਸਟਾਈਲ ਨੈਟਵਰਕ ਤਿਆਰ ਕੀਤਾ ਹੋਇਆ ਸੀ, ਜਿਸ ਰਾਹੀਂ ਵਪਾਰਕ ਟਰੱਕਾਂ ਵਿੱਚ ਆਮ ਸਮਾਨ ਦੇ ਅੰਦਰ ਨਸ਼ੇ ਲੁਕਾ ਕੇ ਤਸਕਰੀ ਕੀਤੀ ਜਾਂਦੀ ਸੀ, ਤਾਂ ਜੋ ਆਮ ਜਾਂਚ ਦੌਰਾਨ ਸ਼ੱਕ ਨਾ ਹੋਵੇ। ਜਨਵਰੀ 2025 ਵਿੱਚ ਵਿੰਡਸਰ ਪੁਲਿਸ ਵੱਲੋਂ ਸ਼ੁਰੂ ਕੀਤੇ ਗਏ ਇਸ ਗੁਪਤ ਆਪ੍ਰੇਸ਼ਨ ਵਿੱਚ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ, ਟੋਰਾਂਟੋ ਪੁਲਿਸ ਤੇ ਪੀਲ ਰੀਜਨਲ ਪੁਲਿਸ ਦੇ ਨਾਲ-ਨਾਲ ਅਮਰੀਕਾ ਦੀਆਂ ਪ੍ਰਮੁੱਖ ਏਜੰਸੀਆਂ 'ਐਚ ਐਸ ਆਈ.' ਤੇ 'ਡੀ.ਈ.ਏ.' ਨੇ ਅਹਿਮ ਭੂਮਿਕਾ ਨਿਭਾਈ। ਪੁਲਿਸ ਨੇ ਮਾਰਖਮ, ਕੈਲੇਡਨ ਤੇ ਬ੍ਰੈਂਪਟਨ ਸਮੇਤ ਵੱਖ-ਵੱਖ ਠਿਕਾਣਿਆਂ 'ਤੇ ਛਾਪੇਮਾਰੀ ਕਰਕੇ ਨਸ਼ਿਆਂ ਤੋਂ ਇਲਾਵਾ ਭਾਰੀ ਮਾਤਰਾ ਵਿੱਚ ਹਥਿਆਰ, ਨਕਦੀ ਤੇ ਡਿਜੀਟਲ ਉਪਕਰਨ ਵੀ ਬ੍ਰਾਮਦ ਕੀਤੇ ਹਨ। ਕੈਨੇਡੀਅਨ ਪੁਲਿਸ ਅਨੁਸਾਰ ਫੜ੍ਹੇ ਗਏ ਪੰਜਾਬੀ ਨੌਜਵਾਨਾਂ ਦੀ ਪਛਾਣ ਜਨਤਕ ਕਰ ਦਿੱਤੀ ਗਈ ਹੈ ਤੇ ਮਾਮਲੇ ਦੀ ਅੱਗੇ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

# ਭਾਰਤ ਦੀ ਪਹਿਲੀ ਸਵਦੇਸ਼ੀ ਹਾਈਡ੍ਰੋਜਨ ਟ੍ਰੇਨ ਨੇ ਰਚਿਆ ਇਤਿਹਾਸ

## ☛1,200 ਕਿਲੋਮੀਟਰ ਦਾ ਸਫ਼ਲ ਸਫ਼ਰ ਤੈਅ, 3,200 ਲੀਟਰ ਡੀਜ਼ਲ ਦੀ ਬੱਚਤ ਕੀਤੀ

ਨਵੀਂ ਦਿੱਲੀ, 26 ਜੁਲਾਈ (ਚ.ਨ.ਸ): ਦੇਸ਼ ਦੀ ਪਹਿਲੀ ਸਵਦੇਸ਼ੀ ਹਾਈਡ੍ਰੋਜਨ ਈਂਧਣ ਨਾਲ ਚੱਲਣ ਵਾਲੀ 10-ਕੋਚ ਟ੍ਰੇਨ ਨੇ 1,200 ਕਿਲੋਮੀਟਰ ਤੋਂ ਵਧੇਰੇ ਦਾ ਸਫ਼ਲ ਸਫ਼ਰ ਤੈਅ ਕਰਕੇ ਭਾਰਤੀ ਰੇਲਵੇ ਦੇ ਇਤਿਹਾਸ ਵਿੱਚ ਇੱਕ ਨਵਾਂ ਮੀਲ ਪੱਥਰ ਸਥਾਪਤ ਕੀਤਾ ਹੈ। ਰੇਲ ਮੰਤਰਾਲੇ ਵੱਲੋਂ ਜਾਰੀ ਅਧਿਕਾਰਤ ਜਾਣਕਾਰੀ ਅਨੁਸਾਰ ਇਸ ਟ੍ਰਾਇਲ ਸਫ਼ਰ ਦੌਰਾਨ ਲਗਭਗ 3,200 ਲੀਟਰ ਤੋਂ ਵੱਧ ਡੀਜ਼ਲ ਦੀ ਬੱਚਤ ਦਰਜ ਕੀਤੀ ਗਈ ਹੈ। ਇਹ ਟ੍ਰੇਨ ਚੱਲਣ ਸਮੇਂ ਕਿਸੇ ਵੀ ਤਰ੍ਹਾਂ ਦਾ ਪ੍ਰਦੂਸ਼ਣ ਜਾਂ ਧੂੰਆਂ ਪੈਦਾ ਨਹੀਂ ਕਰਦੀ, ਸਗੋਂ ਇਸ ਵਿੱਚੋਂ ਸਿਰਫ਼ ਭਾਫ਼ (ਜਲ-ਵਾਸ਼ਪ) ਹੀ ਬਾਹਰ ਨਿਕਲਦੀ ਹੈ, ਜਿਸ ਕਾਰਨ ਇਸ ਨੂੰ ਮੌਜੂਦਾ ਸਮੇਂ ਦੀ ਸਭ ਤੋਂ ਸਵੱਛ ਰੇਲ ਤਕਨਾਲੋਜੀ ਮੰਨਿਆ ਜਾ ਰਿਹਾ ਹੈ। ਇਸ ਇਤਿਹਾਸਿਕ ਪ੍ਰਾਪਤੀ 'ਤੇ ਕੇਂਦਰੀ ਰੇਲ ਮੰਤਰੀ ਅਸ਼ਵਿਨੀ ਵੈਸ਼ਨਵ ਨੇ ਦੱਸਿਆ ਕਿ ਭਾਰਤ ਨੇ ਇਸ ਸਵਦੇਸ਼ੀ




ਹਾਈਡ੍ਰੋਜਨ ਰੇਲ ਤਕਨਾਲੋਜੀ ਦੇ ਬੌਧਿਕ ਸੰਪਦਾ ਅਧਿਕਾਰ (ਆਈ.ਪੀ. ਰਾਈਟਸ) ਆਪਣੇ ਕੋਲ ਸੁਰੱਖਿਅਤ ਰੱਖੇ ਹਨ, ਜਿਸ ਨਾਲ ਭਵਿੱਖ ਵਿੱਚ ਇਸ ਤਕਨਾਲੋਜੀ ਨੂੰ ਦੂਜੇ ਦੇਸ਼ਾਂ ਵਿੱਚ ਨਿਰਯਾਤ ਕਰਨ ਦੇ ਰਾਹ ਵੀ ਖੁੱਲ੍ਹਣਗੇ। ਇਹ ਟ੍ਰੇਨ ਹਾਈਡ੍ਰੋਜਨ ਤੇ ਆਕਸੀਜਨ ਦੀ ਰਸਾਇਣਕ ਪ੍ਰਕਿਰਿਆ ਰਾਹੀਂ ਟ੍ਰੇਨ ਦੇ ਅੰਦਰ ਹੀ ਬਿਜਲੀ ਪੈਦਾ ਕਰਕੇ ਚੱਲਦੀ ਹੈ। ਜੀਂਦ ਤੇ ਸੋਨੀਪਤ ਵਿਚਕਾਰ ਸਫਲ ਸੰਚਾਲਨ ਤੋਂ ਬਾਅਦ ਹੁਣ ਜਲਦ ਹੀ ਇਸ ਟ੍ਰੇਨ ਦਾ ਦਿੱਲੀ ਰੂਟ 'ਤੇ ਵੀ ਟਰਾਇਲ ਸ਼ੁਰੂ ਕੀਤਾ ਜਾਵੇਗਾ। ਸੁਰੱਖਿਆ ਦੇ ਮਾਪਦੰਡਾਂ ਨੂੰ ਧਿਆਨ ਵਿੱਚ ਰੱਖਦਿਆਂ ਇਸ ਵਿੱਚ ਗੈਸ ਲੀਕੇਜ, ਅੱਗ ਤੇ ਧੂੰਏਂ ਦਾ ਤੁਰੰਤ ਪਤਾ ਲਗਾਉਣ ਵਾਲੇ ਆਧੁਨਿਕ ਆਟੋਮੈਟਿਕ ਸਿਸਟਮ ਲਗਾਏ ਗਏ ਹਨ। ਕੁੱਲ 2,400 ਕਿਲੋਵਾਟ ਸ਼ਕਤੀ ਵਾਲੀ ਇਸ ਟ੍ਰੇਨ ਵਿੱਚ ਲਗਭਗ 3,000 ਕਿਲੋਗ੍ਰਾਮ ਗ੍ਰੀਨ ਹਾਈਡ੍ਰੋਜਨ ਸਟੋਰ ਕਰਨ ਦੀ ਸਮਰੱਥਾ ਹੈ। ਇਹ ਕ੍ਰਾਂਤੀਕਾਰੀ ਕਦਮ ਭਾਰਤ ਨੂੰ ਸਿਫ਼ਰ-ਉਤਸਰਜਨ (ਜ਼ੀਰੋ ਐਮਿਸ਼ਨ) ਤੇ ਹਰਿਆਵਲ ਪਰਿਵਹਨ ਦੇ ਖੇਤਰ ਵਿੱਚ ਵਿਸ਼ਵ ਪੱਧਰ 'ਤੇ ਮੋਹਰੀ ਬਣਾਉਣ ਵੱਲ ਵੱਡਾ ਪੁਲਾਂਘ ਹੈ।

# ਸਪੀਕਰ ਸੰਧਵਾਂ ਵੱਲੋਂ ਅਰਵਿੰਦ ਨਗਰ ਵਿਖੇ ਓਪਨ ਜਿੰਮ ਦਾ ਉਦਘਾਟਨ



ਕੋਟਕਪੂਰਾ, 26 ਜੁਲਾਈ (ਵਿਪਨ ਗੋਇਲ): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਕੋਟਕਪੂਰਾ ਦੇ ਅਰਵਿੰਦ ਨਗਰ ਵਿਖੇ ਨਵੇਂ ਓਪਨ ਜਿੰਮ ਦਾ ਉਦਘਾਟਨ ਕਰਦਿਆਂ ਕਿਹਾ ਕਿ ਲੋਕਾਂ ਨੂੰ ਤੰਦਰੁਸਤ ਤੇ ਸਰਗਰਮ ਜੀਵਨ-ਸ਼ੈਲੀ ਨਾਲ ਜੋੜਨ ਲਈ ਪਿੰਡਾਂ ਤੇ ਸ਼ਹਿਰਾਂ ਵਿੱਚ ਓਪਨ ਤੇ ਇੰਡੋਰ ਜਿੰਮਾਂ ਦੀ ਸਥਾਪਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਘਰਾਂ ਦੇ ਨੇੜੇ ਅਜਿਹੀਆਂ ਸਹੂਲਤਾਂ ਉਪਲਬਧ ਹੋਣ ਨਾਲ ਹਰ ਉਮਰ ਵਰਗ ਨੂੰ ਕਸਰਤ ਕਰਨ ਤੇ ਸਿਹਤਮੰਦ ਜੀਵਨ ਅਪਣਾਉਣ ਲਈ ਪ੍ਰੇਰਣਾ ਮਿਲਦੀ ਹੈ।ਓਪਨ ਜਿੰਮ ਦੇ ਉਦਘਾਟਨ ਉਪਰੰਤ ਸ੍ਰ. ਸੰਧਵਾਂ ਨੇ ਕੋਟਕਪੂਰਾ ਵਾਸੀਆਂ ਨੂੰ ਵਧਾਈ ਦਿੰਦਿਆਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਮੋਬਾਈਲ ਫੋਨਾਂ ਦੀ ਲਤ ਤੋਂ ਦੂਰ ਰੱਖ ਕੇ ਪਾਰਕਾਂ, ਖੇਡ ਮੈਦਾਨਾਂ ਤੇ ਜਿੰਮਾਂ ਵੱਲ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਖੇਡਾਂ, ਸੈਰ ਤੇ ਨਿਯਮਤ ਕਸਰਤ ਨਾ ਸਿਰਫ਼ ਸਰੀਰਕ ਤੰਦਰੁਸਤੀ ਲਈ ਲਾਭਦਾਇਕ ਹਨ, ਸਗੋਂ ਬੱਚਿਆਂ ਵਿੱਚ ਆਪਸੀ ਭਾਈਚਾਰੇ, ਅਨੁਸ਼ਾਸਨ ਤੇ ਸਮਾਜਿਕ ਸਾਂਝ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਵੱਧਦੀ ਉਮਰ ਦੇ ਨਾਲ ਸਿਹਤ ਸਬੰਧੀ ਸਮੱਸਿਆਵਾਂ ਵੱਧਣ ਲੱਗਦੀਆਂ ਹਨ, ਇਸ ਲਈ ਸਿਹਤਮੰਦ ਤੇ ਖੁਸ਼ਹਾਲ ਜੀਵਨ ਲਈ ਛੋਟੀ ਉਮਰ ਤੋਂ ਹੀ ਕਸਰਤ ਤੇ ਖੇਡਾਂ ਨੂੰ ਰੋਜ਼ਾਨਾ ਦੀ ਰੁਟੀਨ ਦਾ ਹਿੱਸਾ ਬਣਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਬੱਚਿਆਂ ਵਿੱਚ ਸੈਰ, ਕਸਰਤ ਤੇ ਖੇਡਾਂ ਦੀ ਆਦਤ ਪੈਦਾ ਕਰਾਂਗੇ ਤਾਂ ਉਹ ਤੰਦਰੁਸਤ ਨਾਗਰਿਕ ਬਣਨ ਦੇ ਨਾਲ-ਨਾਲ ਇੱਕ ਚੰਗੇ ਤੇ ਜਾਗਰੂਕ ਸਮਾਜ ਦੀ ਸਿਰਜਣਾ ਵਿੱਚ ਵੀ ਅਹਿਮ ਯੋਗਦਾਨ ਪਾਉਣਗੇ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਖੇਡਾਂ, ਕਸਰਤ ਤੇ ਸਿਹਤਮੰਦ ਜੀਵਨ-ਸ਼ੈਲੀ ਨੂੰ ਅਪਣਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਤੰਦਰੁਸਤ ਨੌਜਵਾਨ ਹੀ ਤਰੱਕੀਸ਼ੀਲ ਪੰਜਾਬ ਦੀ ਮਜ਼ਬੂਤ ਨੀਂਹ ਹਨ। ਇਸ ਮੌਕੇ ਸੰਤੋਖ ਚਾਨਾ, ਪ੍ਰੇਮ ਚਾਵਲਾ, ਓਮ ਪ੍ਰਕਾਸ਼ ਗੋਇਲ, ਨਾਜਰ ਸਿੰਘ ਸਿੱਧੂ, ਅਜਮੇਰ ਸਿੰਘ ਬਰਾੜ, ਮਨਦੀਪ ਸਿੰਘ ਸਰਾਂ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

# ਵਿਆਹੁਤਾ ਰੰਜਿਸ਼ਾਂ 'ਚ ਸਹੁਰਾ ਪਰਿਵਾਰ ਨੂੰ ਨਿਸ਼ਾਨਾ ਬਣਾਉਣ ਤੇ ਬੱਚਿਆਂ ਦੀ ਦੁਰਵਰਤੋਂ 'ਤੇ ਸੁਪਰੀਮ ਕੋਰਟ ਪ੍ਰੇਸ਼ਾਨ

## ☛ਨਾਬਾਲਗ ਦੀ ਭੂਆ ਖ਼ਿਲਾਫ਼ ਦਰਜ ਪੋਕਸੋ ਕੇਸ ਕੀਤਾ ਰੱਦ

ਨਵੀਂ ਦਿੱਲੀ, 26 ਜੁਲਾਈ (ਚ.ਨ.ਸ): ਦੇਸ਼ ਦੀ ਸਰਵਉਚ ਅਦਾਲਤ ਨੇ ਵਿਆਹੁਤਾ ਝਗੜਿਆਂ ਤੇ ਤਲਾਕ ਦੇ ਮਾਮਲਿਆਂ ਵਿੱਚ ਸਹੁਰਾ ਪਰਿਵਾਰ ਦੇ ਮੈਂਬਰਾਂ ਨੂੰ ਬਦਲਾਖ਼ੋਰੀ ਦੀ ਭਾਵਨਾ ਨਾਲ ਝੂਠੇ ਕੇਸਾਂ ਵਿੱਚ ਘਸੀਟਣ ਤੇ ਮਾਸੂਮ ਬੱਚਿਆਂ ਨੂੰ ਢਾਲ ਵਜੋਂ ਵਰਤਣ ਦੀ ਵੱਧ ਰਹੀ ਪ੍ਰਵਿਰਤੀ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਆਪਸੀ ਰੰਜਿਸ਼ ਕੱਢਣ ਲਈ ਅਪਰਾਧਿਕ ਕਾਨੂੰਨ ਦੀ ਨਜਾਇਜ਼ ਵਰਤੋਂ ਬਹਾਨੇ ਵਜੋਂ ਸਵੀਕਾਰ ਨਹੀਂ ਕੀਤੀ ਜਾ ਸਕਦੀ। ਜਸਟਿਸ ਜੇ.ਬੀ. ਪਾਰਦੀਵਾਲਾ ਤੇ ਜਸਟਿਸ ਕੇ. ਵਿਨੋਦ ਚੰਦਰਨ 'ਤੇ ਆਧਾਰਿਤ ਬੈਂਚ ਨੇ ਇੱਕ ਮਹੱਤਵਪੂਰਨ ਫ਼ੈਸਲੇ ਰਾਹੀਂ ਨਾਬਾਲਿਗ ਬੱਚੇ ਦੀ ਭੂਆ ਖ਼ਿਲਾਫ਼ ਦਰਜ ਪੋਕਸੋ ਮਾਮਲੇ ਨੂੰ ਖਾਰਜ ਕਰਦਿਆਂ ਇਹ ਅਹਿਮ ਟਿੱਪਣੀ ਕੀਤੀ। ਮਾਮਲੇ ਦੀ ਗੰਭੀਰਤਾ 'ਤੇ ਚਾਨਣਾ ਪਾਉਂਦਿਆਂ ਬੈਂਚ ਨੇ ਕਿਹਾ ਕਿ ਤਲਾਕਸ਼ੁਦਾ ਮਾਂ ਵੱਲੋਂ ਆਪਣੇ



ਨਾਬਾਲਿਗ ਪੁੱਤਰ ਨਾਲ ਉਸ ਦੀ ਭੂਆ ਵੱਲੋਂ ਜਿਨਸੀ ਸ਼ੋਸ਼ਣ ਕਰਨ ਦੇ ਲਗਾਏ ਦੋਸ਼ ਪੂਰੀ ਤਰ੍ਹਾਂ ਬਦਲਾਖ਼ੋਰੀ ਦੀ ਨੀਅਤ ਨਾਲ ਪ੍ਰੇਰਿਤ ਜਾਪਦੇ ਹਨ। ਅਦਾਲਤ ਨੇ ਪਾਇਆ ਕਿ ਪਿਤਾ ਵੱਲੋਂ ਬੱਚੇ ਦੇ ਮਾਮੇ ਖ਼ਿਲਾਫ਼ ਪਹਿਲਾਂ ਦਰਜ ਕਰਵਾਈ ਗਈ ਐਫ.ਆਈ.ਆਰ. ਦੇ ਜਵਾਬ ਵਿੱਚ ਹੀ ਇਹ ਜਵਾਬੀ ਕਾਰਵਾਈ ਕੀਤੀ ਗਈ ਸੀ, ਜੋ ਕਿ ਬੱਚੇ ਦੀ ਕਸਟਡੀ ਦੀ ਲੜਾਈ ਦਾ ਹਿੱਸਾ ਸੀ। ਅਦਾਲਤ ਨੇ ਬੰਬੇ ਹਾਈ ਕੋਰਟ ਦੀ ਵੀ ਸਖ਼ਤ ਆਲੋਚਨਾ ਕੀਤੀ, ਜਿਸ ਨੇ ਰਿਕਾਰਡ 'ਤੇ ਮੌਜੂਦ ਤੱਥਾਂ ਤੇ ਧਾਰਾ 164 ਤਹਿਤ ਮੈਜਿਸਟ੍ਰੇਟ ਸਾਹਮਣੇ ਦਰਜ ਬੱਚੇ ਦੇ ਬਿਆਨਾਂ ਦੀ ਜਾਂਚ ਕੀਤੇ ਬਿਨਾਂ ਮਾਮਲਾ ਰੱਦ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਸੁਪਰੀਮ ਕੋਰਟ ਨੇ ਨੋਟ ਕੀਤਾ ਕਿ ਬੱਚੇ ਦੇ ਬਿਆਨਾਂ ਵਿੱਚ ਜਿਨਸੀ ਸ਼ੋਸ਼ਣ ਦਾ ਕੋਈ ਜ਼ਿਕਰ ਨਹੀਂ ਸੀ। ਅਦਾਲਤੀ ਕਾਰਵਾਈ ਨੂੰ ਕਾਨੂੰਨ ਦੀ ਦੁਰਵਰਤੋਂ ਕਰਾਰ ਦਿੰਦਿਆਂ ਸਰਵਉਚ ਅਦਾਲਤ ਨੇ ਪੂਣੇ ਦੇ ਖੜਕੀ ਪੁਲਿਸ ਸਟੇਸ਼ਨ ਵਿੱਚ ਦਰਜ ਐਫ.ਆਈ.ਆਰ. ਨੂੰ ਪੂਰੀ ਤਰ੍ਹਾਂ ਰੱਦ ਕਰਦਿਆਂ ਕਾਰਵਾਈ 'ਤੇ ਰੋਕ ਲਗਾ ਦਿੱਤੀ।

# ਪਰਮਜੀਤ ਸਿੰਘ ਆਦਮਪੁਰ ਤੋਂ ਕੰਬੋਜ ਵੈਲਫੇਅਰ ਬੋਰਡ ਦੇ ਚੇਅਰਮੈਨ ਨਿਯੁਕਤ

ਭੋਗਪੁਰ, 26 ਜੁਲਾਈ (ਸੈਣੀ ਜੰਡੀਰ): ਆਮ ਆਦਮੀ ਪਾਰਟੀ ਹਲਕਾ ਆਦਮਪੁਰ ਦੇ ਪਰਮਜੀਤ ਸਿੰਘ ਆਦਮਪੁਰ ਤੋਂ ਕੰਬੋਜ ਵੈਲਫੇਅਰ ਬੋਰਡ ਦੇ ਚੇਅਰਮੈਨ ਨਿਯੁਕਤ ਕੀਤੇ ਗਏ ਹਨ। ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਇੱਕ ਜਨਤਕ ਨੋਟਿਸ ਰਾਹੀਂ ਪਰਮਜੀਤ ਸਿੰਘ ਨੂੰ ਵਿਧਾਨ ਸਭਾ ਹਲਕਾ ਆਦਮਪੁਰ ਤੋਂ ਕੰਬੋਜ ਵੈਲਫੇਅਰ ਬੋਰਡ ਦਾ ਚੇਅਰਮੈਨ ਨਿਯੁਕਤ



ਕੀਤਾ ਗਿਆ ਹੈ। ਇਸ ਮੌਕੇ 'ਤੇ ਪਰਮਜੀਤ ਸਿੰਘ ਨੇ ਮਾਣਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਤੇ ਸਮੂਹ ਪਾਰਟੀ ਹਾਈਕਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ, ਉਸ ਨੂੰ ਉਹ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਕੰਬੋਜ ਵੈਲਫੇਅਰ ਬੋਰਡ ਦੇ ਚੇਅਰਮੈਨ ਦੀ ਜ਼ਿੰਮੇਵਾਰੀ ਜੋ ਹਲਕਾ ਆਦਮਪੁਰ ਤੋਂ ਮਿਲੀ ਹੈ, ਉਸ ਵਿੱਚ ਕੰਬੋਜ ਭਾਈਚਾਰੇ ਦੀਆਂ ਸਮੱਸਿਆਵਾਂ ਤੇ ਉਨ੍ਹਾਂ ਦੇ ਉਥਾਨ ਲਈ ਉਹ ਜੀਅ-ਜਾਨ ਨਾਲ ਤੇ ਸਭ ਨੂੰ ਨਾਲ ਲੈ ਕੇ ਚੱਲਣਗੇ। ਪਰਮਜੀਤ ਸਿੰਘ ਨੇ ਕਿਹਾ ਕਿ ਹਲਕਾ ਆਦਮਪੁਰ ਦੇ ਭੋਗਪੁਰ ਵਿੱਚ ਟ੍ਰੈਫਿਕ ਦਾ ਮਸਲਾ, ਜਿਸ ਨੇ ਲੋਕਾਂ ਦਾ ਜਿਉਣਾ ਹਰਾਮ ਕੀਤਾ ਹੋਇਆ ਹੈ। ਸਭ ਤੋਂ ਪਹਿਲੇ ਭੋਗਪੁਰ ਦਾ ਬੱਸ ਅੱਡਾ ਚਾਲੂ ਕਰਵਾਇਆ ਜਾਵੇਗਾ।

# ਅਮਰਇੰਦਰ ਸਿੰਘ ਲਿਬੜਾ ਵੱਲੋਂ ਪਿੰਡ ਵਾਸੀਆਂ ਨਾਲ ਪਾਰਟੀ ਦੀ ਚੜ੍ਹਦੀਕਲਾ ਲਈ ਮੀਟਿੰਗ



ਸ੍ਰੀ ਫਤਹਿਗੜ੍ਹ ਸਾਹਿਬ, 26 ਜੁਲਾਈ (ਹਰਪ੍ਰੀਤ ਕੌਰ ਟਿਵਾਣਾ): ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਫਤਹਿਗੜ੍ਹ ਸਾਹਿਬ ਤੋਂ ਸੀਨੀਅਰ ਆਗੂ ਅਮਰਇੰਦਰ ਸਿੰਘ ਲਿਬੜਾ ਵੱਲੋਂ ਪਿੰਡ ਬਧੌਛੀ ਕਲਾਂ ਵਿਖੇ ਪਿੰਡ ਵਾਸੀਆਂ ਨਾਲ ਪਾਰਟੀ ਦੀ ਚੜ੍ਹਦੀਕਲਾ ਲਈ ਕੀਤੀ ਮੀਟਿੰਗ ਗਈ। ਇਸ ਮੌਕੇ ਅਮਰਇੰਦਰ ਸਿੰਘ ਲਿਬੜਾ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਵੱਲੋਂ 29 ਜੁਲਾਈ ਦੇ ਭਗਵੰਤ ਮਾਨ ਦੇ ਕੋਠੀ ਦਾ ਘਿਰਾਓ ਕੀਤਾ ਜਾਵੇਗਾ ਤੇ ਇਸ ਘਿਰਾਓ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸੰਗਤ ਨੂੰ ਸ਼ਾਮਲ ਹੋਣ ਲਈ ਵੀ ਅਪੀਲ ਕੀਤੀ ਗਈ। ਸ੍ਰ. ਲਿਬੜਾ ਨੇ ਨੌਜਵਾਨਾਂ ਨਾਲ ਵਿਚਾਰਾ ਦੀ ਸਾਂਝ ਪਾਈ ਤੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਦਾ ਮੁੱਖ ਮੰਤਰੀ ਪੰਜਾਬ ਬਣਾਉਣ ਲਈ ਅਪੀਲ ਕੀਤੀ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਅਮਰਇੰਦਰ ਸਿੰਘ ਲਿਬੜਾ ਦਾ ਸਨਮਾਨ ਵੀ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਥੇ. ਕੁਲਵੰਤ ਸਿੰਘ ਬਧੌਛੀ, ਸਿਮਰਨਜੀਤ ਸਿੰਘ ਬਧੌਛੀ, ਬਲਕਾਰ ਸਿੰਘ ਸੀੜਾ, ਦਰਸ਼ਨ ਸਿੰਘ, ਸੁਪਿੰਦਰ ਸਿੰਘ, ਦਲਵੀਰ ਸਿੰਘ ਸੀੜਾ, ਨਛੱਤਰ ਸਿੰਘ, ਤਰਸੇਮ ਸਿੰਘ, ਰਘਵੀਰ ਸਿੰਘ ਸੀੜਾ, ਗੁਰਸਾਇਮਨ ਸਿੰਘ, ਗੁਰਵੀਰ ਸਿੰਘ, ਹਰਦੀਪ ਸਿੰਘ ਸੀੜ੍ਹਾ ਹਾਜ਼ਰ ਸਨ।

# ਸ਼੍ਰੋਮਣੀ ਤੇ ਵੈਟਰਨ ਪੱਤਰਕਾਰ ਭੂਸ਼ਨ ਸੂਦ ਦਾ ਪੱਤਰਕਾਰ ਭਾਈਚਾਰੇ ਤੇ ਪਤਵੰਤਿਆਂ ਨੇ ਜਨਮ ਦਿਨ ਮਨਾਇਆ

ਅਮਲੋਹ, 26 ਜੁਲਾਈ (ਜਸਵੰਤ ਸਿੰਘ): ਸ਼੍ਰੋਮਣੀ ਤੇ ਵੈਟਰਨ ਪੱਤਰਕਾਰ ਭੂਸ਼ਨ ਸੂਦ ਦਾ ਜਨਮ ਦਿਨ ਸ਼ਹਿਰ ਦੇ ਪਤਵੰਤਿਆਂ ਤੇ ਪੱਤਰਕਾਰ ਭਾਈਚਾਰੇ ਵੱਲੋਂ 'ਕੇਕ' ਕੱਟ ਕੇ ਮਨਾਇਆ ਗਿਆ। ਇਸ ਦੌਰਾਨ ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾਈ ਪ੍ਰਧਾਨ ਜੈ ਸਿੰਘ ਛਿੱਬਰ ਨੇ ਕਿਹਾ ਕਿ ਸ੍ਰੀ ਸੂਦ ਦੀ ਕਲਮ ਦੀ ਨਿਡਰਤਾ, ਪੱਤਰਕਾਰੀ ਦੀ ਨਿਸ਼ਪੱਖਤਾ ਤੇ ਸਮਾਜ ਪ੍ਰਤੀ ਸੇਵਾਭਾਵਨਾ ਸਦਾ ਪੱਤਰਕਾਰ ਭਾਈਚਾਰੇ ਤੇ ਸਮਾਜ ਲਈ ਪ੍ਰੇਰਣਾ ਸਰੋਤ ਰਹੀ ਹੈ। ਉਨ੍ਹਾਂ ਜਨਮ ਦਿਨ ਦੀ ਵਿਸ਼ੇਸ਼ ਤੌਰ 'ਤੇ ਵਧਾਈ ਵੀ ਦਿੱਤੀ। ਇਸੇ ਦੌਰਾਨ ਇੰਡੀਅਨ ਜਰਨਲਿਸਟ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਸਿੰਘ ਜੰਮੂ, ਸੂਬਾਈ ਚੇਅਰਮੈਨ ਬਲਬੀਰ ਸਿੰਘ ਜੰਡੂ, ਸੂਬਾ ਸਕੱਤਰ ਜਨਰਲ ਸੰਤੋਖ ਸਿੰਘ ਗਿੱਲ, ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਰਕੇਸ਼ ਗਰਗ, ਸ੍ਰੀ ਸੰਗਮੇਸ਼ਵਰ ਗਊਸ਼ਾਲਾ ਅਮਲੋਹ ਦੇ ਸਰਪ੍ਰਸਤ ਪ੍ਰੇਮ ਚੰਦ ਸ਼ਰਮਾ, ਪ੍ਰਧਾਨ ਸ਼ਿਵ ਕੁਮਾਰ ਗਰਗ, ਰਾਮ ਮੰਦਰ ਦੇ ਖਜ਼ਾਨਚੀ ਸ਼ਿਵ ਕੁਮਾਰ ਗੋਇਲ, ਸਮਾਜ ਸੇਵੀ ਡਾ. ਰਘਵੀਰ ਸ਼ੁਕਲਾ, ਸੁਭਾਸ਼ ਜੋਸ਼ੀ, ਸੀਨੀਅਰ ਪੱਤਰਕਾਰ ਬਲਜਿੰਦਰ ਸਿੰਘ, ਸੁਰੇਸ਼ ਸ਼ਰਮਾ, ਗੁਰਪ੍ਰੀਤ ਸਿੰਘ ਮਹਿਕ, ਅਮਰਬੀਰ ਸਿੰਘ ਚੀਮਾ, ਰਾਮ ਚੇਤ ਗੌੜ, ਬ੍ਰਿਜ ਭੂਸ਼ਨ ਗਰਗ, ਜਗਮੀਤ ਸਿੰਘ, ਜਸਵੰਤ ਸਿੰਘ ਗੋਲਡ, ਸਵਰਨਜੀਤ ਸਿੰਘ ਸੇਠੀ, ਨਾਹਰ ਸਿੰਘ ਰੰਗੀਲਾ, ਜਗਦੀਪ ਸਿੰਘ ਮਾਨਗੜ੍ਹ, ਰਣਜੀਤ ਸਿੰਘ ਘੁੰਮਣ, ਰਜਨੀਸ਼ ਡੱਲਾ, ਮੁਖਤਿਆਰ ਸਿੰਘ, ਹਿਤੇਸ਼ ਸ਼ਰਮਾ, ਡਾ. ਅਨਿਲ ਲੁਟਾਵਾ, ਸ਼ੀਤਲਾ ਮਾਤਾ ਮੰਦਰ ਕਮੇਟੀ ਦੇ ਚੇਅਰਮੈਨ ਵਿਨੇ ਪੁਰੀ, ਸੁਸ਼ੀਲ



ਬਾਂਸਲ, ਭਾਜਪਾ ਦੇ ਯੁਵਾ ਮੋਰਚੇ ਦੇ ਕੌਮੀ ਕਾਰਜਕਾਰਨੀ ਦੇ ਮੈਂਬਰ ਸੁਖਵਿੰਦਰ ਸਿੰਘ ਸੁੱਖੀ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਅਮਲੋਹ ਦੇ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ, ਪੀ.ਏ. ਧਰਮਪਾਲ ਭੜੀ, ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਰਜੇਸ਼ ਜਾਲੂ, ਐਡ. ਮੈਯੰਕ ਸ਼ਰਮਾ, ਗਊ ਸੇਵਾ ਸੰਮਤੀ ਦੇ ਸੀਨੀਅਰ ਮੀਤ ਪ੍ਰਧਾਨ ਸੰਜੀਵ ਧੀਰ, ਅਸ਼ੋਕ ਕੁਮਾਰ ਮੁਕਤਸਰ ਵਾਲੇ, ਡਾ. ਮਨਜੀਤ ਸਿੰਘ ਮਨੀ, ਭੂਰਾ ਸਲਾਣੇ ਵਾਲਾ ਤੇ ਸਮਾਜ ਸੇਵੀ ਵਿੱਕੀ ਅਰੋੜਾ ਤੇ ਮਿੰਟੂ ਅਰੋੜਾ ਨੇ ਸ੍ਰੀ ਸੂਦ ਨੂੰ ਵਧਾਈ ਦਿੰਦੇ ਹੋਏ ਲੰਬੀ ਉਮਰ ਤੇ ਤੰਦਰੁਸਤੀ ਦੀ ਅਰਦਾਸ ਕੀਤੀ। ਸੰਤ ਬਾਬਾ ਦਲਵਾਰਾ ਸਿੰਘ ਰੋਹੀਸਰ ਸਾਹਿਬ ਵਾਲਿਆਂ ਨੇ ਇਸ ਮੌਕੇ ਵਿਸ਼ੇਸ਼ ਤੌਰ 'ਤੇ ਗੁਰੂਘਰ ਵਿੱਚ ਅਰਦਾਸ ਕਰਕੇ ਸ੍ਰੀ ਸੂਦ ਤੇ ਉਨ੍ਹਾਂ ਦੇ ਪਰਿਵਾਰ ਦੀ ਚੜ੍ਹਦੀਕਲਾ ਦੀ ਅਰਦਾਸ ਕੀਤੀ।

# ਨੌਜਵਾਨਾਂ ਦੀ ਆਵਾਜ਼ ਨੂੰ ਦਬਾਉਣਾ ਲੋਕਤੰਤਰ ਲਈ ਖ਼ਤਰਨਾਕ: ਸੁਖਵੰਤ ਸਿੰਘ ਬਰਾੜ

ਫਾਜ਼ਿਲਕਾ, 26 ਜੁਲਾਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਏ.ਆਈ.ਸੀ.ਸੀ ਮੈਂਬਰ ਤੇ ਹਾਊਸਫੈਡ ਪੰਜਾਬ ਦੇ ਸਾਬਕਾ ਚੇਅਰਮੈਨ ਸੁਖਵੰਤ ਸਿੰਘ ਬਰਾੜ ਨੇ ਕੇਂਦਰ ਸਰਕਾਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਜੇਕਰ ਆਪਣੇ ਹੱਕਾਂ ਲਈ ਸ਼ਾਂਤਮਈ ਢੰਗ ਨਾਲ ਆਵਾਜ਼ ਉਠਾਉਣ ਵਾਲੇ ਨੌਜਵਾਨਾਂ ਨਾਲ ਸਖ਼ਤੀ ਕੀਤੀ ਜਾਂਦੀ ਹੈ ਤਾਂ ਇਹ ਲੋਕਤੰਤਰ ਦੀ



ਭਾਵਨਾ ਦੇ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਦੇਸ਼ ਦਾ ਭਵਿੱਖ ਹਨ ਤੇ ਇਨ੍ਹਾਂ ਵਿੱਚੋਂ ਹੀ ਭਵਿੱਖ ਦੇ ਪ੍ਰਸ਼ਾਸਨਿਕ ਅਧਿਕਾਰੀ, ਪੁਲਿਸ ਅਧਿਕਾਰੀ ਤੇ ਹੋਰ ਮਹੱਤਵਪੂਰਨ ਸਰਕਾਰੀ ਅਹੁਦਿਆਂ 'ਤੇ ਸੇਵਾ ਨਿਭਾਉਣ ਵਾਲੇ ਲੋਕ ਤਿਆਰ ਹੁੰਦੇ ਹਨ। ਉਨ੍ਹਾਂ ਕਿਹਾ ਕਿ ਪੇਪਰ ਲੀਕ ਵਰਗੇ ਗੰਭੀਰ ਮਾਮਲਿਆਂ ਨੂੰ ਲੈ ਕੇ ਨੌਜਵਾਨ ਲਗਾਤਾਰ ਆਪਣੀ ਚਿੰਤਾ ਪ੍ਰਗਟ ਕਰ ਰਹੇ ਹਨ। ਅਜਿਹੇ ਸਮੇਂ ਉਨ੍ਹਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਸੁਣਨ ਤੇ ਉਨ੍ਹਾਂ ਦਾ ਜਲਦ ਹੱਲ ਕੱਢਣ ਦੀ ਲੋੜ ਹੈ। ਸੁਖਵੰਤ ਸਿੰਘ ਬਰਾੜ ਨੇ ਕਿਹਾ ਕਿ ਸਰਕਾਰ ਨੂੰ ਨਵੇਂ ਕਾਨੂੰਨ ਬਣਾਉਣ ਤੋਂ ਪਹਿਲਾਂ ਮੌਜੂਦਾ ਕਾਨੂੰਨਾਂ ਦੀ ਪ੍ਰਭਾਵਸ਼ਾਲੀ ਤੇ ਨਿਰਪੱਖ ਪਾਲਣਾ ਯਕੀਨੀ ਬਣਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕਾਨੂੰਨ ਦੀ ਪਾਲਣਾ ਸਭ ਤੋਂ ਪਹਿਲਾਂ ਸਰਕਾਰ ਤੇ ਸਰਕਾਰੀ ਏਜੰਸੀਆਂ ਵੱਲੋਂ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਲੋਕਾਂ ਦਾ ਵਿਸ਼ਵਾਸ ਕਾਇਮ ਰਹੇ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਲੋਕਤੰਤਰ ਦਾ ਇੱਕ ਮਹੱਤਵਪੂਰਨ ਸਤੰਭ ਹੈ ਤੇ ਜਨਤਾ ਦੇ ਮੁੱਦਿਆਂ ਨੂੰ ਉਠਾਉਣਾ ਉਸ ਦੀ ਸੰਵਿਧਾਨਕ ਜ਼ਿੰਮੇਵਾਰੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਨੌਜਵਾਨਾਂ ਦੇ ਮੁੱਦਿਆਂ ਨੂੰ ਉਠਾਉਣ ਵਾਲੇ ਵਿਰੋਧੀ ਧਿਰ ਦੇ ਨੇਤਾਵਾਂ ਨਾਲ ਵੀ ਸਖ਼ਤੀ ਕੀਤੀ ਗਈ, ਜੋ ਲੋਕਤੰਤਰਕ ਪ੍ਰੰਪਰਾਵਾਂ ਦੇ ਅਨੁਕੂਲ ਨਹੀਂ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਨੌਜਵਾਨਾਂ, ਮਜ਼ਦੂਰਾਂ, ਵਪਾਰੀਆਂ ਤੇ ਨੌਕਰੀਪੇਸ਼ਾ ਵਰਗ ਦੀਆਂ ਸਮੱਸਿਆਵਾਂ ਦਾ ਹੱਲ ਸੰਵਾਦ ਤੇ ਸੰਵਿਧਾਨਕ ਤਰੀਕਿਆਂ ਰਾਹੀਂ ਕੀਤਾ ਜਾਵੇ ਤੇ ਲੋਕਤੰਤਰਕ ਮੁੱਲਾਂ ਤੇ ਕਾਨੂੰਨ ਦੇ ਰਾਜ ਨੂੰ ਹਰ ਹਾਲ ਵਿੱਚ ਕਾਇਮ ਰੱਖਿਆ ਜਾਵੇ।

# ਡਾ. ਬੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੁਸਾਇਟੀ ਵੱਲੋਂ ਨਵੇਂ ਰਾਸ਼ਨ ਕਾਰਡ ਬਣਵਾਉਣ ਲਈ ਮੁਫ਼ਤ ਕੈਂਪ 'ਚ 150 ਲੋੜਵੰਦਾਂ ਨੇ ਲਾਭ ਲਿਆ

ਫਾਜ਼ਿਲਕਾ, 26 ਜੁਲਾਈ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਮਾਜ ਸੇਵਾ ਦੇ ਖੇਤਰ ਵਿੱਚ ਲਗਾਤਾਰ ਸਰਗਰਮ ਡਾ. ਬੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੁਸਾਇਟੀ ਵੱਲੋਂ ਲੋੜਵੰਦ ਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੀ ਸਹਾਇਤਾ ਲਈ ਨਵੇਂ ਸਰਕਾਰੀ ਰਾਸ਼ਨ ਕਾਰਡ ਬਣਵਾਉਣ ਸਬੰਧੀ ਇੱਕ ਵਿਸ਼ੇਸ਼ ਮੁਫ਼ਤ ਕੈਂਪ ਦਾ ਆਯੋਜਨ ਕੀਤਾ ਗਿਆ। ਸੁਸਾਇਟੀ ਦੇ ਸਲੇਮਸ਼ਾਹ ਰੋਡ ਸਥਿਤ ਦਫ਼ਤਰ ਵਿਖੇ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਲਗਾਏ ਗਏ ਇਸ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ



ਪਹੁੰਚ ਕੇ ਸਰਕਾਰੀ ਯੋਜਨਾ ਦਾ ਲਾਭ ਲੈਣ ਲਈ ਆਪਣੇ ਦਸਤਾਵੇਜ਼ ਜਮ੍ਹਾਂ ਕਰਵਾਏ। ਇਸ ਕੈਂਪ ਦੌਰਾਨ ਕਰੀਬ 150 ਲੋੜਵੰਦ ਵਿਅਕਤੀਆਂ ਤੇ ਪਰਿਵਾਰਾਂ ਨੂੰ ਰਾਸ਼ਨ ਕਾਰਡ ਬਣਵਾਉਣ ਦੀ ਪ੍ਰਕਿਰਿਆ ਵਿੱਚ ਮੁਫ਼ਤ ਸਹਾਇਤਾ ਪ੍ਰਦਾਨ ਕੀਤੀ ਗਈ। ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਅਜੈ ਸਚਦੇਵਾ ਤੇ ਜਨਰਲ ਸਕੱਤਰ ਪੂਜਾ ਲੂਥਰਾ ਸਚਦੇਵਾ ਨੇ ਦੱਸਿਆ ਕਿ ਕੈਂਪ ਦਾ ਮੁੱਖ ਮਕਸਦ ਉਨ੍ਹਾਂ ਪਰਿਵਾਰਾਂ ਤੱਕ ਸਰਕਾਰੀ ਸਹੂਲਤਾਂ ਪਹੁੰਚਾਉਣਾ ਹੈ, ਜੋ ਕਿਸੇ ਨਾ ਕਿਸੇ ਕਾਰਨ ਕਰਕੇ ਅਜੇ ਤੱਕ ਰਾਸ਼ਨ ਕਾਰਡ ਬਣਵਾਉਣ ਤੋਂ ਵਾਂਝੇ ਰਹਿ ਗਏ ਹਨ ਜਾਂ ਅਰਜ਼ੀ ਦੀ ਪ੍ਰਕਿਰਿਆ ਦੌਰਾਨ ਤਕਨੀਕੀ ਤੇ ਦਫ਼ਤਰੀ ਦਿੱਕਤਾਂ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸੁਸਾਇਟੀ ਵੱਲੋਂ ਲੋਕਾਂ ਨੂੰ ਸਹੀ ਜਾਣਕਾਰੀ ਦੇਣ ਦੇ ਨਾਲ-ਨਾਲ ਲੋੜੀਂਦੇ ਦਸਤਾਵੇਜ਼ਾਂ ਦੀ ਜਾਂਚ ਤੇ ਆਨਲਾਈਨ ਅਰਜ਼ੀਆਂ ਭਰਨ ਵਿੱਚ ਵੀ ਪੂਰਾ ਸਹਿਯੋਗ ਦਿੱਤਾ ਗਿਆ। ਚੇਅਰਮੈਨ ਅਜੈ ਸਚਦੇਵਾ ਨੇ ਕਿਹਾ ਕਿ ਡਾ. ਬੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੁਸਾਇਟੀ ਪਿਛਲੇ ਕਈ ਸਾਲਾਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਨਿਰੰਤਰ ਕਾਰਜ ਕਰ ਰਹੀ ਹੈ। ਸਿਹਤ, ਸਿੱਖਿਆ, ਖ਼ੂਨਦਾਨ ਕੈਂਪ, ਵਾਤਾਵਰਨ ਸੁਰੱਖਿਆ ਤੇ ਸਰਕਾਰੀ ਭਲਾਈ ਯੋਜਨਾਵਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਾਉਣ ਲਈ ਸੁਸਾਇਟੀ ਹਮੇਸ਼ਾ ਅੱਗੇ ਰਹੀ ਹੈ।

# ਅਖਿਲ ਭਾਰਤੀ ਮਾਹੇਸ਼ਵਰੀ ਮਹਿਲਾ ਮੰਡਲ ਦੀ ਰਾਸ਼ਟਰੀ ਪ੍ਰਧਾਨ ਤੇ ਮਹਾਂਮੰਤਰੀ ਦਾ ਫਾਜ਼ਿਲਕਾ ਪਹੁੰਚਣ 'ਤੇ ਭਰਵਾਂ ਸਵਾਗਤ



ਫਾਜ਼ਿਲਕਾ, 26 ਜੁਲਾਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਅਖਿਲ ਭਾਰਤੀ ਮਾਹੇਸ਼ਵਰੀ ਮਹਿਲਾ ਮੰਡਲ ਦੀ ਰਾਸ਼ਟਰੀ ਪ੍ਰਧਾਨ ਜੋਤੀ ਰਾਠੀ ਤੇ ਮਹਾਂਮੰਤਰੀ ਕਿਰਨ ਲੱਡਾ ਦੇ ਫਾਜ਼ਿਲਕਾ ਪਹੁੰਚਣ 'ਤੇ ਸਥਾਨਕ ਸੰਗਠਨ ਵੱਲੋਂ ਉਨ੍ਹਾਂ ਦਾ ਬਹੁਤ ਹੀ ਉਤਸ਼ਾਹ, ਨਿੱਘੇ ਸਤਿਕਾਰ ਤੇ ਆਤਿਥੇਅਤਾ ਨਾਲ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸਾਬਕਾ ਰਾਸ਼ਟਰੀ ਪ੍ਰਧਾਨ ਪੂਨਮ ਮਾਹੇਸ਼ਵਰੀ, ਹਰਿਆਣਾ-ਪੰਜਾਬ ਦੀ ਪ੍ਰਦੇਸ਼ ਪ੍ਰਧਾਨ ਅੰਨੂ ਸੋਮਾਣੀ, ਸਕੱਤਰ ਨਿਧੀ ਮਾਹੇਸ਼ਵਰੀ, ਉਤਰਾਖੰਡ ਸਹਿ-ਪ੍ਰਭਾਰੀ ਜੈਸ਼੍ਰੀ ਪੇੜੀਵਾਲ ਤੇ ਮੰਜੂ ਭੁਰਾੜੀਆ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੀਆਂ। ਸਮਾਗਮ ਦੀ ਸ਼ੁਰੂਆਤ ਫਾਜ਼ਿਲਕਾ ਮਹਿਲਾ ਸੰਗਠਨ ਦੀ ਪ੍ਰਧਾਨ ਰਿਸ਼ਿਤਾ ਪੇੜੀਵਾਲ ਤੇ ਉਨ੍ਹਾਂ ਦੀ ਸਮੁੱਚੀ ਕਾਰਜਕਾਰਨੀ ਟੀਮ ਸਨੇਹ ਸਾਰੜਾ, ਮੇਘਨਾ ਪੇੜੀਵਾਲ, ਮੁਸਕਾਨ ਬਿਹਾਨੀ, ਮੇਘਾ ਬਿਹਾਨੀ, ਮਨੀਸ਼ਾ ਪੇੜੀਵਾਲ ਤੇ ਸੰਗੀਤਾ ਪੇੜੀਵਾਲ ਵੱਲੋਂ ਰਾਸ਼ਟਰੀ ਤੇ ਪ੍ਰਦੇਸ਼ਿਕ ਅਹੁਦੇਦਾਰਾਂ ਦਾ ਸਵਾਗਤ ਤੇ ਸਨਮਾਨ ਕਰਕੇ ਕੀਤੀ ਗਈ। ਪ੍ਰਧਾਨ ਰਿਸ਼ਿਤਾ ਪੇੜੀਵਾਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇੰਨੇ ਉਚ ਪੱਧਰੀ ਮਾਰਗਦਰਸ਼ਕਾਂ ਦਾ ਫਾਜ਼ਿਲਕਾ ਦੀ ਧਰਤੀ 'ਤੇ ਆਗਮਨ ਪੂਰੇ ਸੰਗਠਨ ਲਈ ਮਾਣ, ਸੌਭਾਗ ਤੇ ਨਵੀਂ ਊਰਜਾ ਦਾ ਪ੍ਰਤੀਕ ਹੈ। ਇਸੇ ਦੌਰਾਨ ਫਾਜ਼ਿਲਕਾ ਸੰਗਠਨ ਦੀ ਸਕੱਤਰ ਨੰਦਾ ਪੇੜੀਵਾਲ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਤੇ ਫਾਜ਼ਿਲਕਾ ਸੰਗਠਨ ਦੀਆਂ ਗਤੀਵਿਧੀਆਂ, ਸਮਾਜ ਸੇਵਾ ਦੇ ਕੰਮਾਂ ਤੇ ਪ੍ਰਾਪਤੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਗੌਰਵਮਈ ਸਮਾਗਮ ਵਿੱਚ ਫਾਜ਼ਿਲਕਾ ਮਾਹੇਸ਼ਵਰੀ ਸਭਾ ਦੇ ਪ੍ਰਧਾਨ ਸ੍ਰੀਨਿਵਾਸ ਬਿਹਾਨੀ ਤੇ ਮੈਂਬਰ ਗੋਪਾਲ ਬਿਹਾਨੀ, ਪਿੰਟੂ ਪੇੜੀਵਾਲ ਤੇ ਭਰਤ ਸਾਰੜਾ ਸਮੇਤ ਫਾਜ਼ਿਲਕਾ ਸਮਾਜ ਦੀਆਂ ਵੱਡੀ ਗਿਣਤੀ ਵਿੱਚ ਭੈਣਾਂ ਹਾਜ਼ਰ ਰਹੀਆਂ। ਇਸ ਤੋਂ ਇਲਾਵਾ ਅਬੋਹਰ ਸੰਗਠਨ ਦੀ ਪ੍ਰਧਾਨ, ਸਕੱਤਰ ਤੇ ਮੈਂਬਰਾਂ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਕੇ ਸਮਾਗਮ ਦੀ ਸ਼ੋਭਾ ਵਧਾਈ ਤੇ ਮਹਿਮਾਨਾਂ ਦਾ ਸਵਾਗਤ ਕੀਤਾ।

# ਬਾਬਾ ਜ਼ੋਰਾਵਰ ਸਿੰਘ ਫਤਿਹ ਸਿੰਘ ਸਕੂਲ ਵਿਖੇ ਦੋ ਰੋਜ਼ਾ 'ਕਬ ਐਂਡ ਬੁਲਬੁਲ' ਕੈਂਪ ਲਗਾਇਆ




ਸ੍ਰੀ ਫਤਹਿਗੜ੍ਹ ਸਾਹਿਬ, 26 ਜੁਲਾਈ (ਹਰਪ੍ਰੀਤ ਕੌਰ ਟਿਵਾਣਾ): ਬਾਬਾ ਜ਼ੋਰਾਵਰ ਸਿੰਘ ਫਤਿਹ ਸਿੰਘ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਫਤਹਿਗੜ੍ਹ ਸਾਹਿਬ ਵਿਖੇ ਪਹਿਲੀ ਵਾਰ ਪੰਜਵੀਂ ਤੇ ਛੇਵੀਂ ਲਈ 'ਕਬ ਐਂਡ ਬੁਲਬੁਲ' ਕੈਂਪ ਆਯੋਜਿਤ ਕੀਤਾ ਗਿਆ। ਇਸ ਦੌਰਾਨ ਕੁੱਲ 126 ਵਿਦਿਆਰਥੀਆਂ ਨੇ ਭਾਗ ਲਿਆ। ਜਿਸ ਵਿੱਚ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਗੰਢਾਂ ਲਗਾਉਣੀਆਂ, ਤਾੜੀਆਂ ਮਾਰਨਾ, ਸਰੀਰਕ ਤੰਦਰੁਸਤੀਆਂ ਨਾਲ ਸਬੰਧਤ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਦੌਰਾਨ ਚਰਨਪ੍ਰੀਤ ਸਿੰਘ (ਏ.ਐਸ.ਓ.ਸੀ.) ਨੇ ਵਿਦਿਆਰਥੀਆਂ ਨੂੰ ਇਨ੍ਹਾਂ ਗਤੀਵਿਧੀਆਂ ਤੋਂ ਜਾਣੂੰ ਕਰਵਾਇਆ। ਇਸ ਦੌਰਾਨ ਪ੍ਰਿੰਸੀਪਲ ਅਰਸ਼ਦੀਪ ਕੌਰ ਨੇ ਵਿਦਿਆਰਥੀਆਂ ਨੂੰ ਸ਼ਾਬਾਸ਼ ਦਿੱਤੀ ਤੇ ਚਰਨਜੀਤ ਸਿੰਘ ਦਾ ਧੰਨਵਾਦ ਕੀਤਾ। ਬੱਚਿਆਂ ਲਈ ਇਹ ਕੈਂਪ ਬਹੁਤ ਲਾਹੇਵੰਦ ਰਿਹਾ। ਸਕੂਲ ਵਿੱਚ ਕਬ ਐਂਡ ਬੁਲਬੁਲ ਕੈਂਪ ਪਹਿਲੀ ਵਾਰ ਆਯੋਜਿਤ ਕੀਤਾ ਗਿਆ। ਇਸ ਕੈਂਪ ਪ੍ਰਤੀ ਬੱਚਿਆਂ ਵਿੱਚ ਭਾਰੀ ਉਤਸ਼ਾਹ ਪਾਇਆ ਗਿਆ।

## ਮੰਤਰੀ ਸੌਂਦ ਨੇ ਗੁਲਜ਼ਾਰ ਗਰੁੱਪ ਦੇ ਕਨਵੋਕੇਸ਼ਨ 'ਚ ਵੰਡੀਆਂ ਡਿਗਰੀਆਂ



ਲੁਧਿਆਣਾ, 26 ਜੁਲਾਈ (ਵਿਸ਼ਾਲ ਸ਼ਰਮਾ): ਪੰਜਾਬ ਦੇ ਕੈਬਿਨੇਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਗੁਰੂ ਨਾਨਕ ਦੇਵ ਭਵਨ, ਲੁਧਿਆਣਾ ਦੇ ਆਡੀਟੋਰੀਅਮ ਵਿੱਚ ਗੁਲਜ਼ਾਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ 14ਵੇਂ ਸਾਲਾਨਾ ਕਨਵੋਕੇਸ਼ਨ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਵੱਖ-ਵੱਖ ਕੋਰਸਾਂ ਨੂੰ ਸਫਲਤਾਪੂਰਵਕ ਪੂਰਾ ਕਰਨ ਵਾਲੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਅਤੇ ਸ਼ਾਨਦਾਰ ਅਕਾਦਮਿਕ ਪ੍ਰਾਪਤੀਆਂ ਹਾਸਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਮੰਤਰੀ ਸੌਂਦ ਨੇ ਡਿਗਰੀ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਕਿਹਾ ਕਿ ਕਨਵੋਕੇਸ਼ਨ ਕੇਵਲ ਡਿਗਰੀ ਹਾਸਲ ਕਰਨ ਦਾ ਸਮਾਰੋਹ ਨਹੀਂ, ਸਗੋਂ ਜੀਵਨ ਦੇ ਇੱਕ ਨਵੇਂ ਅਧਿਆਇ ਦੀ ਸ਼ੁਰੂਆਤ ਹੈ, ਜਿੱਥੇ ਵਿਦਿਆਰਥੀਆਂ ਨੂੰ ਆਪਣੇ ਗਿਆਨ, ਹੁਨਰ ਅਤੇ ਕਾਬਲੀਅਤ ਨੂੰ ਸਮਾਜ ਅਤੇ ਦੇਸ਼ ਦੀ ਤਰੱਕੀ ਲਈ ਸਮਰਪਿਤ ਕਰਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਵਿਅਕਤੀ ਨੂੰ ਕੇਵਲ ਰੁਜ਼ਗਾਰ ਦੇ ਯੋਗ ਨਹੀਂ ਬਣਾਉਂਦੀ, ਸਗੋਂ ਉਸ ਨੂੰ ਇੱਕ ਜ਼ਿੰਮੇਵਾਰ ਅਤੇ ਸੰਵੇਦਨਸ਼ੀਲ ਨਾਗਰਿਕ ਵਜੋਂ ਵੀ ਤਿਆਰ ਕਰਦੀ ਹੈ। ਮੰਤਰੀ ਨੇ ਕਿਹਾ ਕਿ ਅੱਜ ਦਾ ਸਮਾਂ ਤੇਜ਼ੀ ਨਾਲ ਬਦਲ ਰਹੀ ਤਕਨਾਲੋਜੀ, ਨਵੀਨਤਾ ਅਤੇ ਵਿਸ਼ਵ ਪੱਧਰੀ ਮੁਕਾਬਲੇ ਦਾ ਹੈ। ਅਜਿਹੇ ਦੌਰ ਵਿੱਚ ਨਿਰੰਤਰ ਸਿੱਖਣਾ, ਨਵੇਂ ਵਿਚਾਰਾਂ ਨੂੰ ਅਪਣਾਉਣਾ, ਖੋਜ ਅਤੇ ਨਵੀਨਤਾ ਵੱਲ ਧਿਆਨ ਦੇਣਾ ਅਤੇ ਉੱਚੇ ਨੈਤਿਕ ਮੁੱਲਾਂ ਨੂੰ ਅਪਣਾਉਣਾ ਜੀਵਨ ਦਾ ਹਿੱਸਾ ਬਣਾਉਣਾ ਹੀ ਸਫਲਤਾ ਦੀ ਅਸਲ ਕੁੰਜੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਪ੍ਰਤਿਭਾ ਦਾ ਇਸਤੇਮਾਲ ਦੇਸ਼ ਦੀ ਤਰੱਕੀ, ਸਮਾਜ ਦੀ ਭਲਾਈ ਅਤੇ ਮਨੁੱਖਤਾ ਦੀ ਸੇਵਾ ਲਈ ਕਰਨ। ਕੈਬਨਿਟ ਮੰਤਰੀ ਨੇ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਗੁਣਵੱਤਾ ਭਰਪੂਰ ਸਿੱਖਿਆ, ਹੁਨਰ ਵਿਕਾਸ ਅਤੇ ਰੁਜ਼ਗਾਰ ਦੇ ਵਧੀਆ ਮੌਕੇ ਪ੍ਰਦਾਨ ਕਰਨ ਲਈ ਕੀਤੇ ਜਾ ਰਹੇ ਯਤਨਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰ ਦਾ ਉਦੇਸ਼ ਨੌਜਵਾਨਾਂ ਨੂੰ ਆਤਮਨਿਰਭਰ ਅਤੇ ਸਮਰੱਥ ਬਣਾਉਣਾ ਹੈ ਤਾਂ ਜੋ ਉਹ ਆਪਣੇ ਸੁਪਨਿਆਂ ਨੂੰ ਸਾਕਾਰ ਕਰਦੇ ਹੋਏ ਸੂਬੇ ਅਤੇ ਦੇਸ਼ ਦੀ ਤਰੱਕੀ ਵਿੱਚ ਅਹਿਮ ਭੂਮਿਕਾ ਨਿਭਾ ਸਕਣ। ਇਸ ਮੌਕੇ ਆਈ. ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਰਜਿਸਟਰਾਰ ਨਵਦੀਪ ਸੰਧੂ, ਗੁਲਜ਼ਾਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਗੁਰਚਰਨ ਸਿੰਘ, ਵਾਇਸ ਚੇਅਰਮੈਨ ਗੁਰਕੀਰਤ ਸਿੰਘ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਤਾ-ਪਿਤਾ ਹਾਜ਼ਰ ਸਨ।

## ਪਦਮ ਸ਼੍ਰੀ ਜਤਿੰਦਰ ਸਿੰਘ ਨੇ 'ਓਪਨ ਹੀਅਰਿੰਗ ਕੈਂਪਾਂ' ਦੀ ਕੀਤੀ ਅਗਵਾਈ



ਲੁਧਿਆਣਾ, 26 ਜੁਲਾਈ (ਵਿਸ਼ਾਲ ਸ਼ਰਮਾ): ਪੰਜਾਬ ਰਾਜ ਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮ ਜਤਿੰਦਰ ਸਿੰਘ ਸ਼ੰਟੀ ਨੇ ਅੱਜ 'ਓਪਨ ਹੀਅਰਿੰਗ ਕੈਂਪ ਬੈਠਕਾਂ' ਵਿੱਚ ਸ਼ਮੂਲੀਅਤ ਕਰਦਿਆਂ ਕਿਹਾ ਕਿ ਕਮਿਸ਼ਨ ਮਾਨਵੀ ਅਧਿਕਾਰਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਹਰ ਨਾਗਰਿਕ ਨੂੰ ਸੰਵਿਧਾਨ ਅਨੁਸਾਰ ਮਿਲੇ ਮੂਲ ਅਧਿਕਾਰਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਣ ਨੂੰ ਪਹਿਲ ਦਿੱਤੀ ਜਾ ਰਹੀ ਹੈ। ਪਦਮ ਸ੍ਰੀ ਸ਼ੰਟੀ ਵੱਲੋਂ ਪੀਸ ਪਬਲਿਕ ਸਕੂਲ, ਮੁੱਲਾਂਪੁਰ ਦਾਖਾ ਅਤੇ ਸਨਮਤੀ ਸਰਕਾਰੀ ਸਾਇੰਸ ਅਤੇ ਖੋਜ ਕਾਲਜ, ਜਗਰਾਉਂ ਵਿਖੇ ਕੈਂਪਾਂ ਦੀ ਪ੍ਰਧਾਨਗੀ ਕਰਦਿਆਂ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਨਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਮਨਜੀਤ ਸਿੰਘ ਚੀਮਾ, ਐਸ.ਡੀ.ਐਮ. ਬਾਦਲ ਦੀਨ, ਡੀ.ਐਸ.ਪੀ. ਕਰਨ ਸਿੰਘ ਸੰਧੂ, ਡੀ.ਐਸ.ਪੀ. ਜਸਵਿੰਦਰ ਸਿੰਘ ਢੀਂਡਸਾ, ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀਆਂ ਅਤੇ ਵੱਖ-ਵੱਖ ਐਨ.ਜੀ.ਓਜ਼ ਦੇ ਪ੍ਰਤੀਨਿਧੀਆਂ ਨਾਲ ਵਿਸਥਾਰ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਲੋਕਾਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਨਿਪਟਾਰੇ ਲਈ ਪ੍ਰਭਾਵਸ਼ਾਲੀ ਪ੍ਰਣਾਲੀ ਵਿਕਸਿਤ ਕੀਤੀ ਗਈ ਹੈ, ਜਿਸਦੇ ਤਹਿਤ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਸਾਰੇ ਜ਼ਿਲ੍ਹਿਆਂ ਵਿੱਚ 10 ਤੋਂ 15 ਵਿਅਕਤੀਆਂ ਦਾ ਕੋਰ ਗਰੁੱਪ ਗਠਿਤ ਕੀਤਾ ਗਿਆ ਹੈ ਜਿਨ੍ਹਾਂ ਵਿੱਚ ਐਡਵੋਕੇਟ, ਡਾਕਟਰ, ਸੇਵਾ ਮੁਕਤ ਅਤੇ ਪੜ੍ਹੇ-ਲਿਖੇ ਸੁਝਵਾਨ ਲੋਕ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਕੁਝ ਮਹੀਨਿਆਂ ਦੌਰਾਨ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਅਜਿਹੇ ਕੈਂਪ ਲਗਾ ਕੇ ਜਾਗਰੂਕਤਾ ਵਧਾਈ ਗਈ ਹੈ। ਉਨ੍ਹਾਂ ਦੱਸਿਆ ਕਿ ਪਹਿਲਾਂ ਕਮਿਸ਼ਨ ਕੋਲ ਰੋਜ਼ਾਨਾ 10-15 ਸ਼ਿਕਾਇਤਾਂ ਆਉਂਦੀਆਂ ਸਨ, ਪਰ ਹੁਣ ਜਾਗਰੂਕਤਾ ਕੈਂਪ ਰਾਹੀਂ ਇਹ ਗਿਣਤੀ ਵੱਧ ਕੇ 500 ਤੋਂ ਵੀ ਪਾਰ ਹੋ ਗਈ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਸਰਕਾਰੀ ਕਰਮਚਾਰੀਆਂ ਦੀ ਸੁਰੱਖਿਆ ਲਈ ਵੀ ਵਿਸ਼ੇਸ਼ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ, ਜਿਸ ਅਨੁਸਾਰ ਉਨ੍ਹਾਂ ਨੂੰ ਬੀਮਾ, ਸੁਰੱਖਿਆ ਉਪਕਰਣ ਜਿਵੇਂ ਕੈਪਸ, ਜੁੱਤੇ, ਸੈਨੇਟਾਈਜ਼ਰ ਆਦਿ ਪ੍ਰਦਾਨ ਕਰਨਾ ਲਾਜ਼ਮੀ ਹੈ। ਇਸ ਮੌਕੇ ਲੁਧਿਆਣਾ ਕੋਰ ਕਮੇਟੀ ਦੇ ਮੈਂਬਰਾਂ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਅਤੇ ਵੱਡੀ ਗਿਣਤੀ ਵਿੱਚ ਆਪਣੀਆਂ ਸ਼ਿਕਾਇਤਾਂ ਲੈ ਕੇ ਆਏ ਲੋਕ ਵੀ ਸ਼ਾਮਲ ਸਨ।

## ਪੰਜਾਬ ਸਰਕਾਰ ਐਨ.ਜੀ.ਟੀ. ਵੱਲੋਂ ਜਾਰੀ ਨਿਰਦੇਸ਼ਾਂ ਨੂੰ ਸਖਤੀ ਨਾਲ ਲਾਗੂ ਕਰੇ : ਸਾਹਨੀ



ਲੁਧਿਆਣਾ, 26 ਜੁਲਾਈ (ਰਵਿੰਦਰ ਸਿੰਘ ਨਿੱਝਰ) : ਡਾ. ਵਿਕਰਮਜੀਤ ਸਿੰਘ ਸਾਹਨੀ ਮੈਂਬਰ ਰਾਜ ਸਭਾ ਵੱਲੋਂ ਲੁਧਿਆਣੇ ਦੇ ਬੁੱਢੇ ਨਾਲੇ ਦੇ ਪ੍ਰਦੂਸ਼ਣ ਦੇ ਮੁੱਦੇ ਉਪਰ ਸੰਸਦ ਅੰਦਰ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਵੱਲੋਂ ਉਪਲੱਬਧ ਕਰਵਾਈ ਗਈ ਜਾਣਕਾਰੀ ਅਨੁਸਾਰ ਮੰਤਰਾਲੇ ਨੇ ਲੁਧਿਆਣਾ ਦੇ ਬੁੱਢੇ ਨਾਲੇ ਵਿੱਚ ਪ੍ਰਦੂਸ਼ਣ ਦੀ ਗੰਭੀਰਤਾ ਦੀ ਪੁਸ਼ਟੀ ਕੀਤੀ ਹੈ ਅਤੇ ਪੰਜਾਬ ਸਰਕਾਰ ਦੁਆਰਾ ਇਸ 'ਤੇ ਸਖ਼ਤ ਕਾਰਵਾਈ ਕਰਨ ਦੀ 'ਤੇ ਜ਼ੋਰ ਦਿੱਤਾ ਹੈ। ਡਾ. ਸਾਹਨੀ ਨੇ ਦੱਸਿਆ ਕਿ ਉਕਤ ਪ੍ਰਾਪਤ ਜਵਾਬ ਤੋਂ ਪਤਾ ਲੱਗਦਾ ਹੈ ਕਿ ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐਨ.ਜੀ.ਟੀ.) ਨੇ 13 ਜਨਵਰੀ 2026 ਦੇ ਆਪਣੇ ਹੁਕਮ ਵਿੱਚ ਪੀ.ਪੀ.ਸੀ.ਬੀ ਨੂੰ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਉਦਯੋਗਾਂ ਤੋਂ ਵਾਤਾਵਰਨ ਹਰਜਾਨਾ ਵਸੂਲਣ ਦੇ ਨਿਰਦੇਸ਼ ਦਿੱਤੇ ਸਨ।(ਸੀ.ਪੀ.ਸੀ.ਬੀ.) ਵੱਲੋਂ ਵਾਰ-ਵਾਰ ਕੀਤੀ ਗਈ ਚੈਕਿੰਗ ਦੌਰਾਨ ਲੁਧਿਆਣਾ ਦੇ ਸਾਰੇ ਚਾਰ ਕੌਮਨ ਐਫਲੂਐਂਟ ਟ੍ਰੀਟਮੈਂਟ ਪਲਾਂਟ (ਸੀ.ਈ.ਟੀ.ਪੀ.) ਨਿਰਧਾਰਤ ਮਾਪਦੰਡਾਂ 'ਤੇ ਖਰੇ ਨਹੀਂ ਉਤਰੇ, ਜਿਸ ਤੋਂ ਬਾਅਦ ਸੀ.ਪੀ.ਸੀ.ਬੀ. ਨੇ ਪੀ.ਪੀ.ਸੀ.ਬੀ. ਨੂੰ ਬੁੱਢੇ ਨਾਲੇ ਵਿੱਚ ਬਿਨਾਂ ਟ੍ਰੀਟ ਕੀਤਾ ਗੰਦਾ ਪਾਣੀ ਪਾਉਣ 'ਤੇ ਰੋਕਣ ਦੇ ਨਿਰਦੇਸ਼ ਜਾਰੀ ਕੀਤੇ ਹਨ। ਇਸ ਦੌਰਾਨ ਡਾ. ਸਾਹਨੀ ਨੇ ਪੰਜਾਬ ਸਰਕਾਰ ਵੱਲੋਂ ਉੱਚ-ਪੱਧਰੀ ਕਮੇਟੀ ਦੇ ਗਠਨ ਦਾ ਸਵਾਗਤ ਕੀਤਾ ਅਤੇ ਨੋਟ ਕੀਤਾ ਕਿ ਪੀ.ਪੀ.ਸੀ.ਬੀ. ਨੇ ਪ੍ਰਦੂਸ਼ਕ ਭੁਗਤਾਨ ਕਰੇ ਦੇ ਨਿਯਮ ਤਹਿਤ ਉਲੰਘਣਾ ਕਰਨ ਵਾਲੀਆਂ ਇਕਾਈਆਂ 'ਤੇ ਲਗਭਗ ?21.18 ਕਰੋੜ ਦਾ ਵਾਤਾਵਰਨ ਹਰਜਾਨਾ ਲਗਾਇਆ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਕਮੇਟੀ ਸਪੱਸ਼ਟ ਨਿਰਦੇਸ਼ਾਂ, ਲਾਗੂ ਕਰਨ ਦੀ ਸਮਾਂ-ਸੀਮਾ ਅਤੇ ਸੰਸਥਾਗਤ ਜਵਾਬਦੇਹੀ ਨਾਲ ਅਤੇ ਤੇ ਪ੍ਰਗਤੀ ਦੀ ਸਮੀਖਿਆ ਦੇ ਨਾਲ ਇੱਕ ਸਮਾਂ-ਬੱਧ ਕਾਰਜ ਯੋਜਨਾ ਯਕੀਨੀ ਬਣਾਏ।

## ਸੁਨੀਲ ਮੌਂਦਗਿਲ ਨੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਵਜੋਂ ਅਹੁਦਾ ਸੰਭਾਲਿਆ



ਲੁਧਿਆਣਾ, 26 ਜੁਲਾਈ (ਵਿਸ਼ਾਲ ਸ਼ਰਮਾ): ਅੱਜ ਸਵੇਰੇ ਰਸਮੀ ਤੌਰ 'ਤੇ ਅਹੁਦਾ ਸੰਭਾਲਣ ਤੋਂ ਪਹਿਲਾਂ, ਭਾਰਤੀ ਜਨਤਾ ਪਾਰਟੀ, ਲੁਧਿਆਣਾ ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਸੁਨੀਲ ਮੌਦਗਿਲ ਨੇ ਸ਼ਹਿਰ ਦੇ ਵੱਖ-ਵੱਖ ਧਾਰਮਿਕ ਸਥਾਨਾਂ 'ਤੇ ਨਤਮਸਤਕ ਹੋ ਕੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ ਅਤੇ ਸੂਬੇ ਅਤੇ ਦੇਸ਼ ਦੀ ਖੁਸ਼ਹਾਲੀ ਅਤੇ ਤੰਦਰੁਸਤੀ ਲਈ ਪ੍ਰਾਰਥਨਾ ਕੀਤੀ।ਉਨ੍ਹਾਂ ਨੇ ਪਹਿਲਾਂ ਦੁਰਗਾ ਮਾਤਾ ਮੰਦਰ ਵਿਖੇ ਅਰਦਾਸ ਕੀਤੀ। ਫਿਰ ਉਨ੍ਹਾਂ ਨੇ ਗੁਰਦੁਆਰਾ ਕਲਗੀਧਰ ਸਾਹਿਬ ਵਿਖੇ ਮੱਥਾ ਟੇਕਿਆ। ਫਿਰ ਉਨ੍ਹਾਂ ਨੇ ਭਗਵਾਨ ਵਾਲਮੀਕਿ ਮੰਦਰ ਅਤੇ ਸਤਿਗੁਰੂ ਰਵਿਦਾਸ ਗੁਰਦੁਆਰਾ, ਬਸਤੀ ਜੋਧੇਵਾਲ ਵਿਖੇ ਮੱਥਾ ਟੇਕਿਆ ਅਤੇ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਪਾਰਟੀ ਵਰਕਰਾਂ ਨਾਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪ੍ਰੋਗਰਾਮ ਮਨ ਕੀ ਬਾਤ ਸੁਣਿਆ। ਉਨ੍ਹਾਂ ਕਿਹਾ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਵਫ਼ਾਦਾਰੀ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ। ਇਸ ਮੌਕੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਭਾਜਪਾ ਦੇ ਅਨਿਲ ਸਰੀਨ, ਜਤਿੰਦਰ ਮਿੱਤਲ, ਗੁਰਦੇਵ ਸ਼ਰਮਾ ਦੇਬੀ, ਜਸਪ੍ਰੀਤ ਸਿੰਘ ਟੰਡੀ, ਅਸ਼ੋਕ ਲੂਥਰਾ, ਪਰਵੀਨ ਬਾਂਸਲ, ਸੁਭਾਸ਼ ਵਰਮਾ, ਰਾਜੀਵ ਕਟਾਰਾ, ਦਿਨੇਸ਼ ਸਰਪਾਲ, ਹਰੀਸ਼ ਟੰਡਨ, ਅਰੁਣੇਸ਼ ਮਿਸ਼ਰਾ, ਨਰਿੰਦਰ ਸਿੰਘ ਮੱਲੀ, ਯਸ਼ਪਾਲ ਸ਼ਰਮਾ, ਸਨਜ਼ਾ ਸ਼ਰਮਾ, ਨਾਗਰ ਸ਼ਰਮਾ, ਹਰੀਸ਼ ਤੇਜ਼ਰਾ, ਦਿਵਜ ਅਗਰਵਾਲ, ਕੌਂਸਲਰ ਪੂਨਮ ਰਤੜਾ, ਦਵਿੰਦਰ ਜੱਗੀ, ਰੁਚੀ ਗੁਲਾਟੀ ਗੁਲਾਟੀ, ਪਵਿਤਰ ਵਿਪਨ ਵਿਨਾਇਕ, ਅਨਿਲ ਭਾਰਦਵਾਜ, ਜਤਿੰਦਰ ਗੋਰੀਆ, ਰਾਜੇਸ਼ ਮਿਸ਼ਰਾ, ਪਿੰਕੂ ਸ਼ਰਮਾ, ਕ੍ਰਾਂਤੀ ਸਿੰਘ, ਗੁਰਦੀਪ ਸਿੰਘ ਗੋਸ਼ਾ ਅਤੇ ਪ੍ਰੈੱਸ ਸਕੱਤਰ ਡਾ: ਸਤੀਸ਼ ਕੁਮਾਰ ਆਦਿ ਹਾਜ਼ਰ ਸਨ।

## ਬਰਨਾਲਾ ਲਾਠੀਚਾਰਜ ਦੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਵੱਲੋਂ ਨਿਖੇਧੀ, 7 ਅਗਸਤ ਦੀ ਚੰਡੀਗੜ੍ਹ ਮਹਾਂ ਰੈਲੀ ਲਈ ਤਿਆਰੀਆਂ ਤੇਜ਼




ਕੁਹਾੜਾ/ਸਾਹਨੇਵਾਲ, 26 ਜੁਲਾਈ (ਕੁਲਦੀਪ ਸਿੰਘ ਕੁਹਾੜਾ) : ਪੀ.ਡਬਲਯੂ.ਡੀ. ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ, ਜ਼ਿਲ੍ਹਾ ਲੁਧਿਆਣਾ ਦੀਆਂ ਵੱਖ-ਵੱਖ ਬ੍ਰਾਂਚਾਂ ਦੇ ਆਗੂਆਂ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਹਰਪ੍ਰੀਤ ਸਿੰਘ ਗਰੇਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਬਰਨਾਲਾ ਵਿਖੇ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਸਫਾਈ ਸੇਵਕਾਂ ਉੱਤੇ ਹੋਏ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।

ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਮੰਨਣ ਦੀ ਬਜਾਏ ਲਾਠੀਚਾਰਜ ਰਾਹੀਂ ਸੰਘਰਸ਼ਾਂ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਜੋ ਲੋਕਤੰਤਰੀ ਕਦਰਾਂ-ਕੀਮਤਾਂ ਦੇ ਖ਼ਿਲਾਫ਼ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੰਬੇ ਸਮੇਂ ਤੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤੇ ਜਾਣ ਕਾਰਨ ਸਮੁੱਚੇ ਮੁਲਾਜ਼ਮ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਪ੍ਰੈੱਸ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਹਰਪ੍ਰੀਤ ਸਿੰਘ ਗਰੇਵਾਲ ਨੇ ਦੱਸਿਆ ਕਿ ਪੰਜਾਬ ਭਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਆਪਣੀਆਂ ਹੱਕੀ ਮੰਗਾਂ ਦੇ ਹੱਕ ਵਿੱਚ 7 ਤਰੀਕ ਨੂੰ ਚੰਡੀਗੜ੍ਹ ਵਿਖੇ ਮਹਾਂ ਰੈਲੀ ਕਰਨਗੇ। ਇਸ ਰੈਲੀ ਨੂੰ ਸਫਲ ਬਣਾਉਣ ਲਈ ਜ਼ਿਲ੍ਹਾ ਲੁਧਿਆਣਾ ਵਿੱਚ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ ਅਤੇ ਯੂਨੀਅਨ ਵੱਲੋਂ ਵੱਡੀ ਗਿਣਤੀ ਵਿੱਚ ਮੁਲਾਜ਼ਮ ਰੈਲੀ ਵਿੱਚ ਸ਼ਮੂਲੀਅਤ ਕਰਨਗੇ।

ਮੀਟਿੰਗ ਵਿੱਚ ਮੈਗਰਾਜ ਮੁੱਲਾਂਪੁਰ, ਅਮਰੀਕ ਸਿੰਘ ਲੁਧਿਆਣਾ, ਸਵਰਨ ਸਿੰਘ, ਚੰਦ ਸਿੰਘ ਰਸੂਲੜਾ, ਗਰਜੀਤ ਸਿੰਘ ਸਮਰਾਲਾ, ਸੁਰਿੰਦਰ ਸਿੰਘ ਢਿੱਲੋਂ, ਬਲਦੇਵ ਸਿੰਘ ਭੰਮੀਪੁਰ (ਜਗਰਾਓਂ), ਮਹਿੰਦਰ ਸਿੰਘ ਮਾਛੀਵਾੜਾ, ਦਵਿੰਦਰ ਸਿੰਘ ਖੰਨਾ, ਗੁਰਮੱਖ ਸਿੰਘ, ਬਲਵੰਤ ਸਿੰਘ ਘੋਲੀਆਂ, ਹਰਚੰਦ ਸਿੰਘ, ਮਦਨ ਲਾਲ, ਅਮਰੀਕ ਸਿੰਘ, ਸੁਖਵਿੰਦਰ ਸਿੰਘ ਰਾੜਾ ਸਾਹਿਬ, ਚਰਨਜੀਤ ਸਿੰਘ, ਗੁਰਮੀਤ ਸਿੰਘ, ਦੇਬੀ, ਭਾਨੂ ਪ੍ਰਤਾਪ, ਸੁਖਵਿੰਦਰ ਸਿੰਘ ਸੁੱਖੀ, ਦੇਵ ਰਾਜ ਸਮੇਤ ਹੋਰ ਆਗੂ ਵੀ ਹਾਜ਼ਰ ਸਨ।

ਯੂਨੀਅਨ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਬਕਾਇਆ ਡੀ.ਏ. ਜਾਰੀ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਸਾਰੇ ਠੇਕਾ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ ਅਤੇ ਲੰਬੇ ਸਮੇਂ ਤੋਂ ਲਟਕ ਰਹੀਆਂ ਹੋਰ ਮੰਗਾਂ ਦਾ ਤੁਰੰਤ ਹੱਲ ਕੀਤਾ ਜਾਵੇ।

ਮੀਟਿੰਗ ਦੌਰਾਨ ਕੰਟਰੈਕਟਰ ਵਰਕਰ ਯੂਨੀਅਨ ਵੱਲੋਂ ਜਲ ਸਪਲਾਈ ਮੰਤਰੀ ਦੇ ਹਲਕੇ ਸਾਹਨੇਵਾਲ ਵਿੱਚ ਕੱਢੇ ਜਾਣ ਵਾਲੇ ਝੰਡਾ ਮਾਰਚ ਦੀ ਵੀ ਪੂਰੀ ਹਮਾਇਤ ਕਰਨ ਦਾ ਐਲਾਨ ਕੀਤਾ ਗਿਆ।

## ਦਿਵਿਆਂਗਜਨਾਂ ਅਤੇ ਬਜ਼ੁਰਗਾਂ ਲਈ ਮੁਫ਼ਤ ਸਹਾਇਕ ਉਪਕਰਨਾਂ ਦੇ ਮੁਲਾਂਕਣ ਅਤੇ ਜਾਂਚ ਕੈਂਪ 11 ਅਗਸਤ ਤੱਕ

ਲੁਧਿਆਣਾ, 26 ਜੁਲਾਈ (ਚੜ੍ਹਦੀਕਲਾ ਬਿਊਰੋ): ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰਾਲਾ, ਭਾਰਤ ਸਰਕਾਰ ਦੇ ਦਿਵਿਆਂਗਜਨ ਸਸ਼ਕਤੀਕਰਨ ਵਿਭਾਗ ਦੇ ਸਹਿਯੋਗ ਨਾਲ ਆਰਟੀਫ਼ਿਸ਼ਲ ਲਿੰਬਜ਼ ਮੈਨੂਫੈਕਚਰਿੰਗ ਕਾਰਪੋਰੇਸ਼ਨ ਆਫ਼ ਇੰਡੀਆ (ਅਲਿਮਕੋ) ਵੱਲੋਂ ਦਿਵਿਆਂਗਜਨਾਂ ਅਤੇ ਸੀਨੀਅਰ ਨਾਗਰਿਕਾਂ ਨੂੰ ਮੁਫ਼ਤ ਸਹਾਇਕ ਉਪਕਰਨ ਪ੍ਰਦਾਨ ਕਰਨ ਲਈ ਅੱਜ ਤੋਂ 11 ਅਗਸਤ 2026 ਤੱਕ ਲੁਧਿਆਣਾ ਜ਼ਿਲ੍ਹੇ ਦੇ ਵੱਖ-ਵੱਖ ਸਥਾਨਾਂ 'ਤੇ ਮੁਲਾਂਕਣ ਅਤੇ ਜਾਂਚ ਕੈਂਪ ਲਗਾਏ ਜਾ ਰਹੇ ਹਨ ਜੋ ਇਸ ਪ੍ਰਕਾਰ ਹਨ 26 ਜੁਲਾਈ ਨੂੰ ਸਰਕਾਰੀ ਹਾਈ ਸਕੂਲ, ਸ਼ੇਰਪੁਰ ਕਲਾਂ, ਲੁਧਿਆਣਾ ਦਿਹਾਤੀ, 27 ਜੁਲਾਈ ਨੂੰ ਕਮਿਊਨਿਟੀ ਸੈਂਟਰ, ਕੁੱਟਾ ਗੇਟ, ਰਾਏਕੋਟ, 28 ਜੁਲਾਈ ਨੂੰ ਸਿੱਧ ਬਾਬਾ ਗੁਰਦੁਆਰਾ, ਸਮਰਾਲਾ ਚੌਂਕ, ਸਮਰਾਲਾ, 4 ਅਗਸਤ ਨੂੰ ਰੀਜਨਲ ਸਿਟੀਜ਼ਨ ਫੋਰਮ, ਮਾਤਾ ਰਾਣੀ ਮੁਹੱਲਾ, ਢੰਡਾਰੀ, 5 ਅਗਸਤ ਨੂੰ ਗੁਰਦੁਆਰਾ ਦਸਮਾਂ ਸਾਹਿਬ, ਦੇਹਲੋਂ, ਪਾਇਲ, 6 ਅਗਸਤ ਨੂੰ ਸਨਾਤਨੀ ਬਿਰਧ ਸੇਵਾ ਸਕੂਲ, ਜਗਰਾਓਂ, 7 ਅਗਸਤ ਨੂੰ ਜੱਟ ਧਰਮਸ਼ਾਲਾ ਰੋਡ, ਆਤਮ ਨਗਰ, ਲੁਧਿਆਣਾ, 8 ਅਗਸਤ ਨੂੰ ਸਕੂਲ ਆਫ ਐਮੀਨੈਂਸ, ਦੁਰਗਾਪੁਰੀ, ਲੁਧਿਆਣਾ ਪੂਰਬੀ, 9 ਅਗਸਤ ਨੂੰ ਸਰਕਾਰੀ ਹਾਈ ਸਕੂਲ, ਸਲੇਮ ਟਾਬਰੀ ਕਾਲੋਨੀ, ਲੁਧਿਆਣਾ ਉੱਤਰੀ, 10 ਅਗਸਤ ਨੂੰ ਸ਼ਾਮ ਫਾਰਮ ਧਰਮਸ਼ਾਲਾ, ਗੀਤਾ ਨਗਰ, ਲੁਧਿਆਣਾ ਪੱਛਮੀ, 11 ਅਗਸਤ ਨੂੰ ਸਿਵਲ ਹਸਪਤਾਲ, ਲੁਧਿਆਣਾ ਕੈਂਟੋਨਮੈਂਟ, ਇਨ੍ਹਾਂ ਕੈਂਪਾਂ ਵਿੱਚ ਵ੍ਹੀਲਚੇਅਰ, ਟ੍ਰਾਈਸਾਈਕਲ, ਵਾਕਰ, ਨਕਲੀ ਅੰਗ, ਸੁਣਨ ਵਾਲੀ ਮਸ਼ੀਨ, ਐਨਕਾਂ, ਬੈਸਾਖੀਆਂ ਅਤੇ ਹੋਰ ਸਹਾਇਕ ਉਪਕਰਨਾਂ ਲਈ ਯੋਗ ਲਾਭਪਾਤਰੀਆਂ ਦੀ ਜਾਂਚ ਕੀਤੀ ਜਾਵੇਗੀ।ਬਜ਼ੁਰਗਾਂ ਲਈ ਆਧਾਰ ਕਾਰਡ ਅਤੇ ਮਹੀਨਾਵਾਰ ਆਮਦਨ 15,000/- ਤੱਕ ਦਾ ਪ੍ਰਮਾਣ ਪੱਤਰ ਲਾਜ਼ਮੀ ਹੈ, ਜਦਕਿ ਦਿਵਿਆਂਗਜਨਾਂ ਲਈ ਆਧਾਰ ਕਾਰਡ, *ਯੂ.ਡੀ.ਆਈ.ਡੀ. ਕਾਰਡ ਅਤੇ ਮਹੀਨਾਵਾਰ ਆਮਦਨ 22,500/- ਤੱਕ ਹੋਣੀ ਚਾਹੀਦੀ ਹੈ।

## ਪੇਪਰ ਲੀਕ ਹੋਣ ਕਾਰਨ ਪੈਦਾ ਹੋਏ ਹਾਲਾਤਾਂ ਲਈ ਪ੍ਰਧਾਨ ਮੰਤਰੀ ਮੋਦੀ ਮੁਆਫ਼ੀ ਮੰਗਣ : ਪਨੇਸਰ



ਲੁਧਿਆਣਾ, 26 ਜੁਲਾਈ (ਰਵਿੰਦਰ ਸਿੰਘ ਨਿੱਝਰ); ਸੀਨੀਅਰ ਕਾਂਗਰਸੀ ਆਗੂ ਹਰਬੰਸ ਸਿੰਘ ਪਨੇਸਰ ਨੇ ਆਖਿਆ ਹੈ ਕਿ ਦੋ ਕੁ ਮਹੀਨੇ ਪਹਿਲਾਂ ਭਾਰਤ ਵਿੱਚ ਹੋਏ ਨੀਟ ਦੇ ਇਮਤਿਹਾਨ ਦੇ ਲੀਕ ਹੋ ਜਾਣ ਕਾਰਣ ਜਿਹੜੇ ਹਾਲਾਤ ਪੈਦਾ ਹੋਏ ਸਨ, ਉਹਨਾਂ ਦੀ ਜਿੰਮੇਵਾਰੀ ਸਮਝਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮੁਆਫੀ ਮੰਗਣੀ ਚਾਹੀਦੀ ਹੈ। ਉਹਨਾਂ ਆਖਿਆ ਕਿ ਪੇਪਰ ਲੀਕ ਹੋ ਜਾਣ ਕਾਰਨ ਅਨੇਕਾਂ ਵਿਦਿਆਰਥੀਆਂ ਨੇ ਸਦਮਾ ਨਾ ਸਹਾਰਦਿਆਂ ਆਤਮ ਹੱਤਿਆ ਕਰ ਲਈ ਸੀ। ਉਸ ਤੋਂ ਬਾਅਦ ਵਿਦਿਆਰਥੀਆਂ ਨੂੰ ਮਜਬੂਰ ਹੋ ਕੇ ਸਿੱਖਿਆ ਮੰਤਰੀ ਦੇ ਅਸਤੀਫੇ ਦੀ ਮੰਗ ਕਰਦਿਆਂ ਧਰਨਾ ਦੇਣਾ ਪਿਆ, ਜਿਸ ਦੌਰਾਨ ਪੁਲਿਸ ਵੱਲੋਂ ਕੀਤੇ ਲਾਠੀ ਚਾਰਜ ਵਿੱਚ ਕਈ ਵਿਦਿਆਰਥੀਆਂ ਦੇ ਅਪਾਹਜ ਹੋਣ ਦਾ ਸਮਾਚਾਰ ਵੀ ਮਿਲਿਆ ਹੈ। ਉਹਨਾਂ ਆਖਿਆ ਕਿ ਆਤਮ ਹੱਤਿਆ ਕਰਨ ਵਾਲੇ ਵਿਦਿਆਰਥੀਆਂ ਦੇ ਪਰਿਵਾਰਾਂ ਨੂੰ ਇੱਕ ਇੱਕ ਕਰੋੜ ਦਾ ਮੁਆਵਜ਼ਾ ਤੁਰੰਤ ਦਿੱਤਾ ਜਾਵੇ ਅਤੇ ਦੇਸ਼ ਵਿੱਚ ਪੈਦਾ ਹੋਏ ਬੇਭਰੋਸਗੀ ਦੇ ਹਾਲਾਤਾਂ ਦੀ ਜਿੰਮੇਵਾਰੀ ਲੈਂਦਿਆਂ ਪ੍ਰਧਾਨ ਮੰਤਰੀ ਮੋਦੀ ਆਪਣੇ ਅਹੁਦੇ ਦੀ ਮਰਿਆਦਾ ਨੂੰ ਕਾਇਮ ਰੱਖਦੇ ਹੋਏ ਸਮੂਹ ਦੇਸ਼ ਵਾਸੀਆਂ ਤੋਂ ਮੁਆਫੀ ਮੰਗਣ।

## ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਲੰਗਰ



ਲੁਧਿਆਣਾ, 26 ਜੁਲਾਈ (ਰਵਿੰਦਰ ਸਿੰਘ ਨਿੱਝਰ) : ਗਿੱਲ ਰੋਡ ਵਿਖੇ ਅੱਠਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਿੱਠੇ ਚੌਲਾਂ ਦਾ ਲੰਗਰ ਲਗਾਇਆ ਗਿਆ। ਬਾਬਾ ਜਸਵੰਤ ਸਿੰਘ ਲਾਲ ਬੱਤੀ ਵਾਲਿਆਂ ਵੱਲੋਂ ਸਮੂਹ ਸੰਗਤ ਦੇ ਸਹਿਯੋਗ ਨਾਲ ਲਗਾਏ ਗਏ ਇਸ ਲੰਗਰ ਵਿੱਚ ਸੰਗਤਾਂ ਨੇ ਸ਼ਰਧਾ ਤੇ ਸਤਿਕਾਰ ਨਾਲ ਮਿੱਠੇ ਚੌਲ ਛਕੇ। ਇਸ ਮੌਕੇ ਸੰਬੋਧਨ ਕਰਦਿਆਂ ਬਾਬਾ ਜਸਵੰਤ ਸਿੰਘ ਨੇ ਆਖਿਆ ਕਿ ਸਾਨੂੰ ਆਪਣੇ ਗੁਰੂ ਸਾਹਿਬਾਨਾਂ ਦੁਆਰਾ ਦਰਸਾਏ ਮਾਰਗ 'ਤੇ ਚੱਲ ਕੇ ਗੁਰੂ ਦੇ ਸੱਚੇ ਸਿੱਖ ਹੋਣ ਦਾ ਸਬੂਤ ਦੇਣਾ ਚਾਹੀਦਾ ਹੈ। ਇਸ ਮੌਕੇ ਗਗਨਦੀਪ ਸਿੰਘ ਯੂਪੀ, ਬਲਬੀਰ ਸਿੰਘ ਕਾਲਾ, ਜਸ਼ਨਦੀਪ ਸਿੰਘ, ਸਵਰਨ ਸਿੰਘ, ਹਰਜਿੰਦਰ ਸਿੰਘ ਮਠਾੜੂ, ਸਤਨਾਮ ਸਿੰਘ ਸੱਤਾ, ਸੁੱਚਾ ਸਿੰਘ, ਬੂਟਾ ਸਿੰਘ, ਸੰਜੀਵ ਕੁਮਾਰ ਅਤੇ ਜਸਬੀਰ ਸਿੰਘ ਭੰਵਰਾ ਆਦਿ ਨੇ ਵੀ ਲੰਗਰ ਵਰਤਾਉਣ ਦੀ ਸੇਵਾ ਕੀਤੀ।

## ਪੰਜਾਬ ਬਣਿਆ ਦੇਸ਼ ਦੀ ਧਰਨਿਆਂ ਦੀ ਰਾਜਧਾਨੀ : ਦੀਵਾਨ



ਲੁਧਿਆਣਾ, 26 ਜੁਲਾਈ (ਰਵਿੰਦਰ ਸਿੰਘ ਨਿੱਝਰ) : ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ (ਸ਼ਹਿਰੀ) ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ 'ਤੇ ਤਿੱਖਾ ਹਮਲਾ ਬੋਲਦਿਆਂ, ਸਰਕਾਰ ਉੱਪਰ ਚੋਣਾਂ ਤੋਂ ਪਹਿਲਾਂ ਕੀਤੇ ਵਾਅਦੇ ਨਾ ਪੂਰੇ ਕਰਕੇ ਲੋਕਾਂ ਨਾਲ ਧੋਖਾ ਕਰਨ ਅਤੇ ਲੋਕਾਂ ਦੀਆਂ ਅਸਲ ਸਮੱਸਿਆਵਾਂ ਤੋਂ ਮੂੰਹ ਮੋੜਨ ਦਾ ਦੋਸ਼ ਲਗਾਇਆ ਹੈ। ਦੀਵਾਨ ਨੇ ਕਿਹਾ ਕਿ ਜਦੋਂ ਤੋਂ ਆਮ ਆਦਮੀ ਪਾਰਟੀ ਸੱਤਾ ਵਿੱਚ ਆਈ ਹੈ, ਪੰਜਾਬ ਲਗਾਤਾਰ ਧਰਨਿਆਂ ਅਤੇ ਪ੍ਰਦਰਸ਼ਨਾਂ ਦੀ ਲਪੇਟ ਵਿੱਚ ਹੈ। ਸਮਾਜ ਦਾ ਲੱਗਭੱਗ ਹਰ ਵਰਗ ਆਪਣੀਆਂ ਜਾਇਜ਼ ਮੰਗਾਂ ਮਨਵਾਉਣ ਲਈ ਸੜਕਾਂ 'ਤੇ ਉਤਰਨ ਲਈ ਮਜਬੂਰ ਹੋਇਆ ਹੈ। ਦੀਵਾਨ ਨੇ ਕਿਹਾ ਕਿ ਥਾਂ ਥਾਂ 'ਤੇ ਲੋਕ ਧਰਨੇ ਲਗਾ ਰਹੇ ਹਨ ਅਤੇ ਸੂਬਾ ਸਰਕਾਰ ਇਨਸਾਫ਼ ਦੇਣ ਦੀ ਬਜਾਏ ਮੁਲਾਜ਼ਮਾਂ, ਵਰਕਰਾਂ ਅਤੇ ਸਫਾਈ ਸੇਵਕਾਂ ਆਦਿ 'ਤੇ ਪਾਣੀ ਦੀਆਂ ਬੌਛਾੜਾਂ, ਅੱਥਰੂ ਗੈਸ ਅਤੇ ਬੇਰਹਿਮੀ ਨਾਲ ਲਾਠੀਚਾਰਜ ਕਰ ਰਹੀ ਹੈ। ਇਸ ਤੋਂ ਵੀ ਵੱਧ ਸ਼ਰਮਨਾਕ ਗੱਲ ਇਹ ਹੈ ਕਿ ਮਹਿਲਾ ਪ੍ਰਦਰਸ਼ਨਕਾਰੀਆਂ ਨੂੰ ਵੀ ਸਭ ਦੇ ਸਾਹਮਣੇ ਬੇਰਹਿਮੀ ਨਾਲ ਕੁੱਟਿਆ ਗਿਆ।ਦੀਵਾਨ ਨੇ ਦੋਸ਼ ਲਗਾਇਆ ਕਿ ਜਦੋਂ ਤੋਂ ਆਪ ਸਰਕਾਰ ਸੱਤਾ ਵਿੱਚ ਆਈ ਹੈ ਹਰ ਵਰਗ ਨੂੰ ਸਰਕਾਰ ਖ਼ਿਲਾਫ਼ ਧਰਨੇ ਦੇਣ ਲਈ ਮਜਬੂਰ ਹੋਣਾ ਪਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਨੂੰ 'ਧਰਨਾ ਮੁਕਤ' ਬਣਾਉਣ ਦਾ ਵਾਅਦਾ ਕੀਤਾ ਸੀ, ਪਰ ਅੱਜ ਉਸ ਨੂੰ 'ਧਰਨਾ ਯੁਕਤ' ਸੂਬਾ ਬਣਾ ਦਿੱਤਾ ਹੈ।ਦੀਵਾਨ ਨੇ ਕਿਹਾ ਕਿ ਸਭ ਤੋਂ ਵੱਡੀ ਸ਼ਰਮ ਦੀ ਗੱਲ ਇਹ ਹੈ ਕਿ ਪ੍ਰਦਰਸ਼ਨਕਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਦੀ ਬਜਾਏ ਮੁੱਖ ਮੰਤਰੀ ਭਗਵੰਤ ਮਾਨ ਉਨ੍ਹਾਂ ਬਾਰੇ ਬੇਹੱਦ ਅਸੰਵੇਦਨਸ਼ੀਲ ਟਿੱਪਣੀਆਂ ਕਰਦੇ ਹਨ। ਦੀਵਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਉਸ ਨੂੰ ਸੱਤਾ ਤੋਂ ਬਾਹਰ ਕਰਨ ਲਈ ਦਿਨ ਗਿਣ ਰਹੇ ਹਨ।

## ਕੌਮੀ ਇਨਸਾਫ਼ ਮੋਰਚੇ ਵੱਲੋਂ 15 ਅਗਸਤ ਦੀ ਆਰ-ਪਾਰ ਦੀ ਕਾਲ 'ਤੇ ਹੋਈਆਂ ਵਿਚਾਰਾਂ



ਲੁਧਿਆਣਾ, 26 ਜੁਲਾਈ (ਰਵਿੰਦਰ ਸਿੰਘ ਨਿੱਝਰ) : ਕੌਮੀ ਇਨਸਾਫ ਮੋਰਚੇ ਮੋਹਾਲੀ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਲਈ ਹੋਈ ਮੀਟਿੰਗ ਵਿੱਚ 28 ਜੁਲਾਈ ਨੂੰ ਕਿਸਾਨ ਭਵਨ ਵਿੱਚ ਰੱਖੀ ਗਈ ਮੀਟਿੰਗ ਵਿੱਚ ਪ੍ਰਬੰਧਾਂ ਨੂੰ ਲੈ ਕੇ ਡਿਊਟੀ ਲਗਾਈਆਂ ਗਈਆਂ। ਮੋਰਚੇ ਵੱਲੋਂ ਦਰਦ ਭਰੀ ਅਪੀਲ ਕਰਦੇ ਹੋਏ ਪੰਥਕ ਜਥੇਬੰਦੀਆਂ, ਜਨਤਕ ਜਥੇਬੰਦੀਆਂ, ਧਾਰਮਿਕ ਜਥੇਬੰਦੀਆਂ ਸੰਤ ਸਮਾਜ, ਸਾਰੀਆਂ ਕਿਸਾਨ ਜਥੇਬੰਦੀਆਂ ਗੁਰਦੁਆਰਾ ਸਾਹਿਬ ਦੇ ਪਾਠੀ ਸਿੰਘ, ਢਾਡੀ ਤੇ ਰਾਗੀ ਜਥਿਆਂ ਦੇ ਆਗੂ ਅਤੇ ਆਵਾਮ ਅਤੇ ਸਾਰੀ ਸੰਗਤ ਨੂੰ ਬੇਨਤੀ ਕੀਤੀ ਗਈ ਕਿ ਆਓ ਸਾਰੇ ਰਲ ਕੇ 28 ਤਰੀਕ ਨੂੰ 11 ਵਜੇ ਕਿਸਾਨ ਭਵਨ ਚੰਡੀਗੜ੍ਹ ਵਿੱਚ ਪਹੁੰਚ ਕੇ ਮੀਟਿੰਗ ਦਾ ਹਿੱਸਾ ਬਣੀਏ ਅਤੇ 15 ਅਗਸਤ ਦੀ ਦਿੱਤੀ ਆਰ ਪਾਰ ਦੀ ਕਾਲ ਨੂੰ ਕਾਮਯਾਬ ਕਰਨ ਲਈ ਆਓ ਸਾਰੇ ਸਿਰ ਜੋੜ ਕੇ ਬੈਠੀਏ ਅਤੇ ਆਪਣੀਆਂ ਬਣਦੀਆਂ ਜਿੰਮੇਵਾਰੀਆਂ ਨਿਭਾਈਏ । ਕੌਮੀ ਇਨਸਾਫ਼ ਮੋਰਚਾ ਜਿਨ੍ਹਾਂ ਮੰਗਾਂ ਨੂੰ ਲੈ ਕੇ ਲੱਗਿਆ ਹੋਇਆ ਹੈ, ਉਹਨਾਂ ਮੰਗਾਂ 'ਤੇ ਵਿਚਾਰਾਂ ਕਰੀਏ। ਇਸ ਸਮੇਂ ਭਾਈ ਗੁਰਦੀਪ ਸਿੰਘ ਬਠਿੰਡਾ, ਗੁਰਿੰਦਰ ਸਿੰਘ ਭੰਗੂ, ਬਲਵਿੰਦਰ ਸਿੰਘ ਕਾਲਾ ਝਾੜ ਸਾਹਿਬ, ਬਲਵਿੰਦਰ ਸਿੰਘ ਫਿਰੋਜ਼ਪੁਰ,ਪਾਲ ਸਿੰਘ ਘੜੂਆਂ,ਬਾਬਾ ਪਰਮਜੀਤ ਸਿੰਘ, ਜੀਤ ਸਿੰਘ ਔਲਖ, ਬਾਬਾ ਬਲਦੇਵ ਸਿੰਘ ਭਾਈ,ਅਮਨਦੀਪ ਸਿੰਘ, ਰੇਸ਼ਮ ਸਿੰਘ, ਬੀਬੀ ਜਸਵਿੰਦਰ ਕੌਰ ਰੋਪੜ,ਬਲਜੀਤ ਸਿੰਘ ਭਾਊ ਜਗਤਾਰ ਸਿੰਘ, ਬਲਜਿੰਦਰ ਸਿੰਘ ਖਾਲਸਾ, ਲਵਪ੍ਰੀਤ ਸਿੰਘ,ਤਜਿੰਦਰ ਸਿੰਘ ਹਾਈ ਜੇਕਰ, ਬੀਬੀ ਰਜਿੰਦਰ ਕੌਰ ਸਰਾਂ, ਸੰਤੋਖ ਸਿੰਘ,ਬੀਬੀ ਜਸਬੀਰ, ਬੀਬੀ ਕੁਲਵੰਤ ਕੌਰ ਚੰਡੀਗੜ੍ਹ, ਕਰਮਜੀਤ ਕੌਰ,ਮੱਖਣ ਸਿੰਘ, ਗੁਰਦੀਪ ਸਿੰਘ ਕੁੰਬੜਾ, ਅਵਤਾਰ ਸਿੰਘ ਬੜੈਲ, ਕੁਲਵੀਰ ਸਿੰਘ, ਪਿੰਦਾ ਘੜੂੰਆਂ ਆਦਿ ਸੰਗਤਾਂ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਜੀ ਦੇ ਸੰਦੇਸ਼ ਨਾਲ ਪਿੰਡਾਂ ਵਿੱਚ ਸਦਭਾਵਨਾ ਦੀ ਲਹਿਰ



ਲੁਧਿਆਣਾ, 26 ਜੁਲਾਈ (ਵਿਸ਼ਾਲ ਸ਼ਰਮਾ): ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਲੁਧਿਆਣਾ ਦੇ ਪਿੰਡਾਂ ਵਿੱਚ ਵਿਸ਼ੇਸ਼ ਜਨ-ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਐਲ.ਈ.ਡੀ. ਸਕ੍ਰੀਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਮਨੁੱਖਤਾ ਲਈ ਦਿੱਤੇ ਮਹਾਨ ਸੰਦੇਸ਼ਾਂ 'ਤੇ ਆਧਾਰਿਤ ਲੱਗਭੱਗ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਜਾ ਰਹੀ ਹੈ। ਇਸੇ ਲੜੀ ਤਹਿਤ ਦੇਰ ਸ਼ਾਮ ਬਲਾਕ ਖੰਨਾ ਦੇ ਪਿੰਡ ਅਲੀਪੁਰ ਅਤੇ ਅਲੌਰ, ਬਲਾਕ ਲੁਧਿਆਣਾ-2 ਦੇ ਪਿੰਡ ਗਦਾਪੁਰ ਅਤੇ ਗੌਂਸਗੜ੍ਹ ਅਤੇ ਬਲਾਕ ਜਗਰਾਉਂ ਦੇ ਪਿੰਡ ਪਰਜੀਆਂ ਬਿਹਾਰੀਪੁਰ ਵਿੱਚ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਡਾਕੂਮੈਂਟਰੀ ਦੇਖੀ ਅਤੇ ਗੁਰੂ ਸਾਹਿਬ ਦੇ ਸਮਾਜਿਕ ਬਰਾਬਰੀ, ਭਾਈਚਾਰੇ, ਮਨੁੱਖਤਾ ਅਤੇ ਆਪਸੀ ਸਤਿਕਾਰ ਦੇ ਸੰਦੇਸ਼ ਨੂੰ ਅਪਣਾਉਣ ਦਾ ਸੰਕਲਪ ਲਿਆ।

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਇਸ ਮੁਹਿੰਮ ਤਹਿਤ ਜ਼ਿਲ੍ਹੇ ਵਿੱਚ ਤਿੰਨ ਵਿਸ਼ੇਸ਼ ਵੈਨਾਂ ਰਾਹੀਂ ਵੱਖ-ਵੱਖ ਪਿੰਡਾਂ ਵਿੱਚ ਇਹ ਡਾਕੂਮੈਂਟਰੀ ਦਿਖਾਈ ਜਾ ਰਹੀ ਹੈ। ਇਸ ਮੌਕੇ ਸਰਪੰਚਾਂ, ਪੰਚਾਇਤ ਨੁਮਾਇੰਦਿਆਂ, ਨੌਜਵਾਨਾਂ, ਮਹਿਲਾਵਾਂ, ਬਜ਼ੁਰਗਾਂ ਅਤੇ ਹੋਰ ਪਿੰਡ ਵਾਸੀਆਂ ਨੇ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਗੁਰੂਆਂ ਦੇ ਜੀਵਨ ਅਤੇ ਉਨ੍ਹਾਂ ਦੀਆਂ ਪ੍ਰੇਰਣਾਦਾਇਕ ਸਿੱਖਿਆਵਾਂ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

ਪਿੰਡ ਵਾਸੀਆਂ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਵਿਚਾਰ ਅੱਜ ਵੀ ਸਮਾਜ ਵਿੱਚ ਏਕਤਾ, ਭਾਈਚਾਰਾ, ਬਰਾਬਰੀ ਅਤੇ ਸਮਾਜਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਉਤਨੇ ਹੀ ਪ੍ਰਸੰਗਿਕ ਹਨ। ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਹ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਆਉਣ ਵਾਲੇ ਦਿਨਾਂ ਵਿੱਚ ਵੀ ਜ਼ਿਲ੍ਹੇ ਦੇ ਹੋਰ ਪਿੰਡਾਂ ਵਿੱਚ ਲਗਾਤਾਰ ਜਾਰੀ ਰਹੇਗੀ, ਤਾਂ ਜੋ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਇਆ ਜਾ ਸਕੇ।

## ਵਿਧਾਇਕ ਗਰੇਵਾਲ ਵੱਲੋਂ ਖੇਡ ਸਟੇਡੀਅਮ ਦਾ ਉਦਘਾਟਨ



ਲੁਧਿਆਣਾ, 26 ਜੁਲਾਈ (ਵਿਸ਼ਾਲ ਸ਼ਰਮਾ): ਵਿਧਾਨ ਸਭਾ ਹਲਕਾ ਲੁਧਿਆਣਾ ਪੂਰਬੀ ਤੋਂ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਵੱਲੋਂ ਅੱਜ ਭਾਮੀਆਂ ਰੋਡ ਫੁੱਟਬਾਲ ਗਰਾਊਂਡ ਵਿਖੇ ਕਰੀਬ 5 ਕਰੋੜ ਦੀ ਲਾਗਤ ਨਾਲ ਬਣਨ ਜਾ ਰਹੇ ਸਟੇਡੀਅਮ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਗਰੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਜੋ ਵੀ ਗਰੰਟੀਆਂ ਦਿੱਤੀਆਂ ਗਈਆਂ ਸਨ, ਉਹਨਾਂ ਦਿੱਤੀਆਂ ਗਰੰਟੀਆਂ ਨੂੰ 100 ਫੀਸਦੀ ਪੂਰਾ ਕਰਕੇ ਸੂਬੇ ਵਿੱਚ ਇੱਕ ਨਵਾਂ ਇਤਿਹਾਸ ਰਚਿਆ ਹੈ। ਇਸੇ ਲੜੀ ਤਹਿਤ ਹਲਕਾ ਪੂਰਬੀ ਅੰਦਰ ਵਿਕਾਸ ਕਾਰਜ ਕਰੀਬ 90 ਫੀਸਦੀ ਪਹਿਲਾਂ ਹੀ ਮੁਕੰਮਲ ਕੀਤੇ ਜਾ ਚੁੱਕੇ ਹਨ। ਵਿਧਾਇਕ ਗਰੇਵਾਲ ਵੱਲੋਂ ਅਧਿਕਾਰੀਆਂ ਨੂੰ ਸਪੱਸ਼ਟ ਕੀਤਾ ਗਿਆ ਕਿ ਪ੍ਰੋਜੈਕਟ ਨੂੰ ਤੈਅ ਸਮੇਂ ਵਿੱਚ ਮੁਕੰਮਲ ਕੀਤਾ ਜਾਵੇ ਤਾਂ ਜੋ ਖਿਡਾਰੀਆਂ ਨੂੰ ਇਸਦਾ ਲਾਭ ਮਿਲ ਸਕੇ। ਉਹਨਾਂ ਕਿਹਾ ਕਿ ਨਵੇਂ ਸਟੇਡੀਅਮ ਦੇ ਬਣਨ ਨਾਲ ਫੁਟਬਾਲ, ਵਾਲੀਬਾਲ, ਬਾਸਕਟਬਾਲ, ਇਨਡੋਰ ਜਿੰਮ, ਕ੍ਰਿਕਟ ਗਰਾਊਂਡ ਤੋਂ ਇਲਾਵਾ ਲਾਇਬਰੇਰੀ ਵੀ ਬਣਾਈ ਜਾਵੇਗੀ, ਜਿਸ ਦੇ ਬਣਨ ਨਾਲ ਖੇਡਾਂ ਵਿੱਚ ਰੁਚੀ ਰੱਖਣ ਵਾਲੇ ਵਿਦਿਆਰਥੀਆਂ ਤੋਂ ਇਲਾਵਾ ਨੌਜਵਾਨਾਂ ਨੂੰ ਹੌਸਲਾ ਅਫਜਾਈ ਮਿਲੇਗੀ। ਵਿਧਾਇਕ ਗਰੇਵਾਲ ਨੇ ਕਿਹਾ ਕਿ ਹਲਕਾ ਪੂਰਬੀ ਅੰਦਰ ਵਿਕਾਸ ਪੱਖੋਂ ਕਿਸੇ ਤਰ੍ਹਾਂ ਦੀ ਕੋਈ ਕਮੀ ਨਹੀਂ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਵਿਕਾਸ ਤੇ ਨਵੇਂ ਹੋਰ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਜਾਵੇਗੀ। ਇਸ ਮੌਕੇ ਅੰਕੁਰ ਗੁਲਾਟੀ, ਕੌਂਸਲਰ ਅਸ਼ਵਨੀ ਸ਼ਰਮਾ, ਕੌਂਸਲਰ ਜਸਪਾਲ ਗਰੇਵਾਲ, ਕੌਂਸਲਰ ਸੁਖਮੇਲ ਗਰੇਵਾਲ, ਰਾਜ ਗਰੇਵਾਲ ਕੁਲਵਿੰਦਰ ਗਰੇਵਾਲ, ਰਾਜੂ ਗਰੇਵਾਲ, ਮਨਵੀਰ ਸੰਧੂ, ਪਰਵਿੰਦਰ ਗਿੰਦਰਾ, ਲਖਵਿੰਦਰ ਲੱਖਾ, ਨਸੀਬ ਸਿੰਘ, ਅਮਨਿੰਦਰ ਗਰੇਵਾਲ, ਚਿਰਾਗ ਗੁਲਾਟੀ, ਕਰਨਪ੍ਰੀਤ ਸਿੰਘ,, ਮਨੋਹਰ ਸੂਦ, ਮੋਹਨ ਲਾਲ, ਨੰਦ ਕਿਸ਼ੋਰ, ਅਮਨਦੀਪ, ਆਸ਼ਾ, ਮਨਵੀਰ ਗਾਂਧੀ, ਮਹਾਂਵੀਰ ਸਿੰਘ, ਮਹਾਂਦੀਪ, ਆਸ਼ਾ, ਮਨਵੀਰ ਸਿੰਘ, ਸੁਰੇਸ਼ ਜੀ, ਨੀਰਜ, ਜਗਬੀਰ, ਕਰਨਪ੍ਰੀਤ ਸਿੰਘ, ਗੋਵਿੰਦ, ਵਰੁਣ ਸ਼ਰਮਾ, ਪਵਨ ਸ਼ਰਮਾ, ਐਮ.ਡੀ. ਯੂਸਫ, ਨੰਨੂ, ਹਰਜਿੰਦਰ ਸਿੰਘ, ਸਿੰਰਨ ਕੋਹਲੀ, ਲਵੀ, ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਇਲਾਕਾ ਨਿਵਾਸੀ ਵੀ ਹਾਜ਼ਰ ਸਨ।

## ਕਾਂਗਰਸ ਅਗਲੇ ਮਹੀਨੇ ਤੋਂ ਪੰਜਾਬ ਵਿੱਚ ਵੱਡੀਆਂ ਰੈਲੀਆਂ ਅਤੇ ਬੱਸਾਂ ਰਾਹੀਂ ਪ੍ਰਚਾਰ ਕਰੇਗੀ : ਡਾਲਵੀ



ਲੁਧਿਆਣਾ, 26 ਜੁਲਾਈ (ਰਵਿੰਦਰ ਸਿੰਘ ਨਿੱਝਰ): ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ), ਲੁਧਿਆਣਾ ਵੱਲੋਂ ਕਾਂਗਰਸ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ), ਲੁਧਿਆਣਾ ਦੀ ਨਵੀਂ ਬਣੀ ਟੀਮ ਅਤੇ ਬਲਾਕ ਪ੍ਰਧਾਨਾਂ ਦੀ ਮੀਟਿੰਗ ਸੰਜੇ ਤਲਵਾੜ (ਸਾਬਕਾ ਵਿਧਾਇਕ), ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਦੀ ਅਗਵਾਈ ਵਿੱਚ ਟਿੱਬਾ ਰੋਡ ਦਫ਼ਤਰ ਵਿੱਚ ਹੋਈ। ਇਸ ਮੀਟਿੰਗ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਰਵਿੰਦਰ ਡਾਲਵੀ, ਸਹਿ ਇੰਚਾਰਜ ਪੰਜਾਬ ਪ੍ਰਦੇਸ਼ ਕਾਂਗਰਸ, ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਰਵਿੰਦਰ ਡਾਲਵੀ ਨੇ ਦੱਸਿਆ ਕਿ ਕਾਂਗਰਸ ਪਾਰਟੀ ਪੰਜਾਬ ਵਿੱਚ ਰਾਹੁਲ ਗਾਂਧੀ ਦੀ ਅਗਵਾਈ ਹੇਠ ਚੋਣਾਂ ਲੜੇਗੀ। ਅਗਲੇ ਮਹੀਨੇ ਤੋਂ ਪੰਜਾਬ ਵਿੱਚ ਕਾਂਗਰਸ ਪਾਰਟੀ ਵੱਲੋਂ ਵੱਡੀਆਂ ਰੈਲੀਆਂ ਕਰਨ ਅਤੇ ਬੱਸ ਰਾਹੀਂ ਚੋਣ ਪ੍ਰਚਾਰ ਕਰਨ ਦਾ ਪ੍ਰੋਗਰਾਮ ਬਣਾਇਆ ਜਾ ਰਿਹਾ ਹੈ। ਚੋਣ ਪ੍ਰਚਾਰ ਦੀ ਅਗਵਾਈ ਮਲਿਕਾਰਜੁਨ ਖੜਗੇ, ਰਾਹੁਲ ਗਾਂਧੀ ਅਤੇ ਪ੍ਰਿੰਅੰਕਾ ਗਾਂਧੀ ਕਰਨਗੇ। ਪੰਜਾਬ ਦੀ ਸਾਰੀ ਸੀਨੀਅਰ ਲੀਡਰਸ਼ਿਪ ਇਕੱਠੀ ਹੋ ਕੇ ਪਾਰਟੀ ਹਾਈ ਕਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਕੰਮ ਕਰਦੀ ਹੋਈ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰੇਗੀ। ਆਗਾਮੀ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰ ਵੱਡੀ ਗਿਣਤੀ ਵਿੱਚ ਜਿੱਤ ਹਾਸਲ ਕਰਕੇ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣਗੇ। ਕਿਉਂਕਿ ਪੰਜਾਬ ਦੀ ਜਨਤਾ ਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਮੋਹ ਭੰਗ ਹੋ ਚੁੱਕਾ ਹੈ।ਇਸ ਮੀਟਿੰਗ ਵਿੱਚ ਬਲਾਕ ਪ੍ਰਧਾਨ, ਜ਼ਿਲ੍ਹਾ ਕਾਂਗਰਸ ਦੀ ਨਵੀਂ ਟੀਮ ਦੇ ਅਹੁਦੇਦਾਰ, ਯੂਥ ਕਾਂਗਰਸ, ਸੇਵਾ ਦਲ, ਲੀਗਲ ਸੈੱਲ, ਐੱਸ. ਸੀ. ਸੈੱਲ ਅਤੇ ਬੀ. ਸੀ. ਸੈੱਲ ਦੀ ਸੀਨੀਅਰ ਲੀਡਰਸ਼ਿਪ ਸ਼ਾਮਲ ਹੋਈ।

## ਜ਼ਮਹੂਰੀ ਅਧਿਕਾਰ ਸਭਾ ਦੇ ਨਵੇਂ ਅਹੁਦੇਦਾਰਾਂ ਦੀ ਚੋਣ

ਲੁਧਿਆਣਾ, 26 ਜੁਲਾਈ (ਰਵਿੰਦਰ ਸਿੰਘ ਨਿੱਝਰ): ਜਮਹੂਰੀ ਅਧਿਕਾਰ ਸਭਾ ਵੱਲੋਂ ਜ਼ਿਲ੍ਹਾ ਲੁਧਿਆਣਾ ਇਕਾਈ ਦਾ ਇੱਕ ਰੋਜ਼ਾ ਇਜਲਾਸ ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ ਵਿਖੇ ਕਰਵਾਇਆ ਗਿਆ। ਜਿਸ ਵਿੱਚ ਲੁਧਿਆਣਾ ਜ਼ਿਲ੍ਹੇ ਦੇ ਡੈਲੀਗੇਟਾਂ ਨੇ ਹਿੱਸਾ ਲਿਆ। ਇਜਲਾਸ ਸਬੰਧੀ ਸਭਾ ਦੇ ਜਿਲ੍ਹਾ ਪ੍ਰਧਾਨ ਜਸਵੰਤ ਜ਼ੀਰਖ ਅਤੇ ਜਨਰਲ ਸਕੱਤਰ ਅਜਮੇਰ ਦਾਖਾ ਅਤੇ ਪ੍ਰੈੱਸ ਸਕੱਤਰ ਅਰੁਣ ਕੁਮਾਰ ਨੇ ਦੱਸਿਆ ਕਿ ਸੂਬਾ ਪ੍ਰਧਾਨ ਪ੍ਰੋ. ਜਗਮੋਹਨ ਸਿੰਘ ਦੀ ਨਿਗਰਾਨੀ ਹੇਠ ਹੋਏ ਇਸ ਇਜਲਾਸ ਤੋਂ ਇੱਕ ਮਹੀਨਾ ਪਹਿਲਾਂ ਜਮਹੂਰੀ ਅਧਿਕਾਰ ਸਭਾ ਦੀ ਨਵੀਂ ਮੈਂਬਰਸ਼ਿਪ ਕੀਤੀ ਗਈ ਸੀ ਅਤੇ ਇਜਲਾਸ ਵਿੱਚ ਬੀਤੇ ਦੋ ਸਾਲਾਂ ਦੇ ਕਾਰਜਕਾਲ ਦੌਰਾਨ ਕੀਤੀਆਂ ਸਰਗਰਮੀਆਂ ਦੀ ਵਿਸਥਾਰ ਸਹਿਤ ਰਿਪੋਰਟ ਪੇਸ਼ ਕੀਤੀ ਗਈ, ਜਿਸ ਸਬੰਧੀ ਸੁਝਾਵਾਂ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ। ਇਸ ਮੌਕੇ ਇਕੱਠ ਨੇ ਪੰਜਾਬ ਯੂਨੀਵਰਸਿਟੀ ਵਿੱਚ ਆਰ ਐਸ ਐਸ ਵੱਲੋਂ ਕੀਤੀ ਜਾ ਰਹੀ ਦਖਲਅੰਦਾਜ਼ੀ ਅਤੇ ਅਤੇ ਸਰਕਾਰ ਵੱਲੋਂ ਦਿੱਲੀ ਧਰਨੇ ਵਿੱਚ ਵਿਦਿਆਰਥੀਆਂ ਦੀ ਸ਼ਮੂਲੀਅਤ ਨੂੰ ਰੋਕਣ ਲਈ ਧਮਕਾਉਣ ਲਈ ਕੱਢੇ ਨੋਟਿਸਾਂ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਇਸ ਇਜਲਾਸ ਵਿੱਚ ਪੁਰਾਣੀ ਜਿਲ੍ਹਾ ਕਮੇਟੀ ਨੂੰ ਭੰਗ ਕਰਕੇ ਨਵੀਂ 15 ਮੈਂਬਰੀ ਜਿਲ੍ਹਾ ਕਮੇਟੀ ਦੀ ਚੋਣ ਕਰਦਿਆਂ ਨਵੇਂ ਅਹੁਦੇਦਾਰਾਂ ਦੀ ਵੀ ਚੋਣ ਕੀਤੀ ਗਈ ਜਿਨ੍ਹਾਂ ਵਿੱਚ ਜਸਵੰਤ ਜ਼ੀਰਖ ਪ੍ਰਧਾਨ, ਡਾ. ਦਰਸ਼ਨ ਖੇੜੀ ਮੀਤ ਪ੍ਰਧਾਨ, ਅਜਮੇਰ ਦਾਖਾ ਜਨਰਲ ਸਕੱਤਰ, ਮੀਨਾਕਸ਼ੀ ਸਹਾਇਕ ਸਕੱਤਰ, ਪਰਮਜੀਤ ਸਿੰਘ ਵਿੱਤ ਸਕੱਤਰ, ਸਤੀਸ਼ ਸਚਦੇਵਾ ਅਤੇ ਅਰੁਣ ਪ੍ਰੈਸ ਸਕੱਤਰ, ਐਡਵੋਕੇਟ ਹਰਪ੍ਰੀਤ ਜ਼ੀਰਖ ਅਤੇ ਨਰਿੰਦਰ ਸਿੰਘ ਨੂੰ ਕਾਨੂੰਨੀ ਸਲਾਹਕਾਰ ਤੋਂ ਇਲਾਵਾ ਡਾ. ਹਰਬੰਸ ਗਰੇਵਾਲ, ਰਾਕੇਸ਼ ਆਜ਼ਾਦ, ਸਵਰਨਜੀਤ ਸਿੰਘ, ਬਲਵਿੰਦਰ ਸਿੰਘ, ਸੁਖਬੀਰ ਸਿੰਘ ਅਤੇ ਪ੍ਰੋ. ਏ.ਕੇ. ਮਲੇਰੀ ਨੂੰ ਜਿਲ੍ਹਾ ਕਾਰਜਕਾਰੀ ਕਮੇਟੀ ਵਿੱਚ ਸ਼ਾਮਲ ਕੀਤਾ ਗਿਆ। ਭਵਿੱਖ ਵਿੱਚ ਹੋਣ ਵਾਲੇ ਸੂਬਾ ਇਜਲਾਸ ਲਈ ਡੈਲੀਗੇਟਾਂ ਅਤੇ ਦਰਸ਼ਕਾਂ ਦੀ ਚੋਣ ਵੀ ਕੀਤੀ ਗਈ।

## ਸ਼ਿਵਾਲਿਕ ਮਾਡਲ ਸਕੂਲ ਵਿੱਚ ਵਿਦਿਆਰਥੀਆਂ ਨੇ ਨਾਟਕ ਰਾਹੀਂ ਸੈਨਿਕਾਂ ਦੀ 'ਵੀਰ ਗਾਥਾ' ਕੀਤੀ ਪੇਸ਼




ਜਗਰਾਓਂ, 26 ਜੁਲਾਈ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਕਾਰਗਿਲ ਯੁੱਧ ਵਿੱਚ ਭਾਰਤ ਦੀ ਇਤਿਹਾਸਕ ਜਿੱਤ ਨੂੰ ਸਮਰਪਿਤ ਕਾਰਗਿਲ ਵਿਜੇ ਦਿਵਸ ਦੇ ਮੌਕੇ 'ਤੇ ਸ਼ਿਵਾਲਿਕ ਮਾਡਲ ਸਕੂਲ ਵਿੱਚ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਕਲਾਸ ਪੰਜਵੀਂ ਦੇ ਵਿਦਿਆਰਥੀਆਂ ਨੇ ਇੱਕ ਭਾਵਪੂਰਨ ਨਾਟਕ ਪੇਸ਼ ਕਰਕੇ ਦੇਸ਼ ਦੇ ਵੀਰ ਸੈਨਿਕਾਂ ਦੇ ਅਦਮਯ ਸਾਹਸ, ਸ਼ੌਰਯ ਅਤੇ ਬਲਿਦਾਨ ਨੂੰ ਪ੍ਰਣਾਮ ਕੀਤਾ।ਨਾਟਕ ਰਾਹੀਂ ਵਿਦਿਆਰਥੀਆਂ ਨੇ ਕਾਰਗਿਲ ਯੁੱਧ ਦੇ ਵੱਖ-ਵੱਖ ਦ੍ਰਿਸ਼ਾਂ ਨੂੰ ਜੀਵੰਤ ਰੂਪ ਵਿੱਚ ਪੇਸ਼ ਕੀਤਾ। ਆਪਣੇ ਸ਼ਾਨਦਾਰ ਅਭਿਨੈ ਰਾਹੀਂ ਵਿਦਿਆਰਥੀਆਂ ਨੇ ਸੈਨਿਕਾਂ ਦੀ ਬਹਾਦਰੀ, ਸਾਹਸ ਅਤੇ ਦੇਸ਼ ਪ੍ਰਤੀ ਆਪਣਾ-ਆਪਾ ਵਾਰਨ ਦੀ ਝਲਕ ਪੇਸ਼ ਕੀਤੀ। ਇਸ ਮੌਕੇ ਕਲਾਸ ਸੱਤਵੀਂ ਦੀ ਵਿਦਿਆਰਥਣ ਗੁਰਪ੍ਰੀਤ ਕੌਰ ਨੇ ਵੀਰ ਸ਼ਹੀਦਾਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਭਾਵਪੂਰਨ ਭਾਸ਼ਣ ਪੇਸ਼ ਕੀਤਾ। ਵਿਦਿਆਰਥੀਆਂ ਦੀ ਭਾਵਪੂਰਨ ਪੇਸ਼ਕਾਰੀ ਨੇ ਦਰਸ਼ਕਾਂ ਦੇ ਦਿਲਾਂ ਨੂੰ ਛੂਹ ਲਿਆ ਅਤੇ ਪੂਰਾ ਸਕੂਲ ਕੈਂਪਸ ਦੇਸ਼ ਭਗਤੀ ਦੇ ਨਾਅਰਿਆਂ ਨਾਲ ਗੂੰਜ ਉੱਠਿਆ।ਇਸ ਮੌਕੇ ਡਾਇਰੈਕਟਰ ਡੀ.ਕੇ. ਸ਼ਰਮਾ ਅਤੇ ਪ੍ਰਿੰਸੀਪਲ ਨੀਲਮ ਸ਼ਰਮਾ ਨੇ ਵਿਦਿਆਰਥੀਆਂ ਦੇ ਜੋਸ਼, ਉਤਸ਼ਾਹ ਅਤੇ ਸ਼ਾਨਦਾਰ ਪੇਸ਼ਕਾਰੀ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਅਤੇ ਨਾਟਕ ਨੌਜਵਾਨ ਪੀੜ੍ਹੀ ਦੇ ਮਨਾਂ ਵਿੱਚ ਦੇਸ਼ ਦੇ ਵੀਰ ਸੈਨਿਕਾਂ ਪ੍ਰਤੀ ਸਤਿਕਾਰ, ਆਦਰ ਅਤੇ ਦੇਸ਼ ਭਗਤੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।ਸਮਾਗਮ ਦੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੇ ਕਾਰਗਿਲ ਯੁੱਧ ਦੇ ਵੀਰ ਸ਼ਹੀਦਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਰੱਖ ਕਰਕੇ ਉਨ੍ਹਾਂ ਨੂੰ ਭਾਵਭਿੰਨੀ ਸ਼ਰਧਾਂਜਲੀ ਦਿੱਤੀ ਕੀਤੀ।

## ਸਿਰਲੇਖਵਾਰ ਇਸ਼ਤਿਹਾਰ /Classified Advertisement

**(U/o 5 Rule 20 cpc)**
**In the Court of Sh. Bhupinder Mittal**
**Additional Civil Judge (Senior Division), Abohar**
CNR No. PBFZE0-001638-2025
Next Date: 01.09.2026
UCO Bank
Versus
M/s Bhasker Agency
Notice To: Ms Bhasker Agency Through Its Prop. Kanhaya Lal Since Deceased Throuth Its Legal Heirs 1. Lata Devi Bansal W/O Kanhaya Lal R/O Stno2, Uttam Vihar Colony, Abohar 2. Chahat Bansal S/O Kanhaya Lal S/O Ram Chander R/O St No 2, Uttam Vihar Colony, Abohar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **01.**09.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 13-05-2026
**Sd/- Additional Civil Judge (Senior Division), Abohar**

---

**District and Sessions Courts, Fazilka**
**In the Court of Sh. Atul Kamboj**
**Additional District and Sessions Judge, Fazilka**
**Next date, purpose of case, orders and judgments as well as other case information is available on http://districts.ecourts.gov.in**
CNR No. PBFZC0-005556-2025
Next Date: 28.08.2026
Previous Date: 15-07-2026
Police Station FIR No. Khuhi Khera/59/2025 64 of Bharatiya Nyaya Sanhita
SC/286/2025
State of Punjab
Versus
Simrat
Proclamation Requiring the appearance of a person accused (See Section 82)
Notice To: Officer Incharge Of Police Station/Police Station Officer Khuhi Khera Khui Khera, Fazilka, Fazilka, Punjab
Whereas complaint has been made before me **THAT SIMRAT (S/O, W/O, D/O) SATPAL R/O SHATEER WALA, KHUHI KHERA, FAZILKA, PUNJAB, INDIA** has committed (or is suspected to have committed) the offence of punishable under section **64 OF THE BHARATIYA NYAYA SANHITA**, and it has been returned to a warrant of arrest thereupon issued that the said **SIMRAT** cannot be found, and whereas it has been shown to my satisfaction that the said **SIMRAT** has absconded (or is concealing himself to avoid the service of the said warrant);
Proclamation is hereby made that the said accused, **AGE-0 IS REQUIRED TO APPEAR AT DISTRICT AND SESSIONS COURTS, FAZILKA BEFORE ADDITIONAL DISTRICT AND SESSIONS JUDGE** to answer the said complaint on the day of 28-08-2026,
Dated, this day of 16-07-2026
**Sd/- Additional District and Sessions Judge, Fazilka**

---

**(U/o 5 Rule 20 cpc)**
**In the Court of Dr. Mandeep Mittal Additional District and Sessions Judge Special NRI Court, Hoshiarpur**
CNR No. PBHO01-005090-2025
Next Date: 07.09.2026
CA/303/2025
Balvir Singh S/O Hari Ram, R/O Vill. Dhade Bawa Mohar Singh, Teh.And Distt. Hoshiarpur, Through His Attorney Joginder Singh S/O Harnam Singh, R/O H.No.69, Street No.04, Government Colony, Ward No.08, New Gobind Nagar, Hoshiarpur, Teh.And Distt. Hoshiarpur.
........Appellant/Plaintiff
Versus
Balwinder Singh S/O Hari Ram, R/O Vill. Dhade Bawa Mohar Singh, Teh.And Distt.Hoshiarpur And Others.
.....Respondent(S)/Defendant(S)
Notice To:3. Piar Kaur Wd/O Mehnga Singh, R/O Vill. Ramdaspur, Tehsil And Distt.Jalandhar, Since Died, Through Lr:- D.) Jinder Kaur Wd/O Harbans Lal, R/O Vpo Suchi Pind, Ladowali Road, Tehsil And Distt. Jalandhar, Pin Code 144009.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **07.**09.2026 at 10:00 A.M.
For details logon to https://highcourtchd.gov.in/?trs=district_notice&district=Hoshiarpur
Dated, this day of 21-07-2026
**Sd/- Additional District and Sessions Judge Special NRI Court, Hoshiarpur**

---

**(U/o 5 Rule 20 cpc)**
**In the Court of Ms. Monika Chouhan Additional Civil Judge (Senior Division), Khadoor Sahib**
**Next date, purpose of case, orders and judgments as well as other case information is available on http://districts.ecourts.gov.in**
CNR No. PBTTB0-000398-2025
Next Date: 07.09.2026
Dalbir Singh
Versus
The Manager GVK Thermal Plant Goindwal Sahib
Notice To: The Manager Gvk Thermal Plant Goindwal Sahib:- Now Power Finance Corporation Ltd Goindwal Sahib Tehsil Khadur Sahib Distt. Tarn Taran
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **07.**09.2026 at 10:00 A.M.
For details logon to https://highcourtchd.gov.in/?trs=district_notice&district=Tarn Taran
Dated this day of 21-07-2026
**Sd/- Additional Civil Judge (Senior Division), Khadoor Sahib**

---

**(U/o 5 Rule 20 cpc)**
**(Under Guardian and Ward Act)**
**In the Court of Ms. Sumukhi Additional Civil Judge (Senior Division), Jagraon**
CNR No. PBLDB0-000929-2026
Next Date: 09.09.2026
Priyanka
Versus
General Public
Notice To: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **09.**09.2026 at 10:00 A.M.
For details logon to https://highcourtchd.gov.in/?mod=district_notice&district=ludhianacourt
Dated, this day of 20-07-2026
**Sd/- Additional Civil Judge (Senior Division), Jagraon**

---

**(U/o 5 Rule 20 cpc)**
**In the Court of Sh. Satish Kumar Sharma**
**Additional Civil Judge (Senior Division), Payal**
CNR No. PBLDD0-000355-2026
Next Date: 09.09.2026
Gurdeep Singh
Versus
General Public
Notice To: General Public:- Payal
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **09.**09.2026 at 10:00 A.M.
For details logon to https://highcourtchd.gov.in/?trs=district_notice&district=ludhiana
Dated, this day of 13-07-2026
**Sd/- Additional Civil Judge (Senior Division), Payal**

---

**(U/o 5 Rule 20 cpc)**
**In the Court of Ms. Sandeep Kaur Gill**
**Civil Judge (Junior Division), Jalandhar**
CNR No. PBJL02-005019-2024
Next Date: 07.09.2026
Surinder Kaur
Versus
Bimla Rani
Notice To: 02.Chaman Lal :-S/O Karam Chand Trough His Legel Heirs 2(C).Nishu(Daughter) 2(D).Beepa(Son) R/O Es-626, Main Gali Abadpura, Jalandhar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **07.**09.2026 at 10:00 A.M.
For details logon to https://highcourtchd.gov.in/?mod=district_notice&district=Jalandhar
Dated, this day of 09-07-2026
**Sd/- Civil Judge (Junior Division), Jalandhar**

---

**(U/o 5 Rule 20 cpc)**
**In the Court of Ms. Ravi Inder Kaur Sandhu**
**Principal Judge Family Court, Moga**
CNR No. PBMO01-004325-2023
Next Date: 07.09.2026
Nirmal Singh
Versus
Shanti Kaur
The Plaintiff Prays For Divorce On The Ground Of Desertion, Physical And Mental Cruelty.
Notice To: Shanti Kaur Daughter Of Resham Singh R/O Mansurwal Karnauli, Distt. Kapurthala, Kapurthala, Punjab
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **07.**09.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 06-06-2026
**Sd/- Principal Judge Family Court, Moga**

---

**(U/o 5 Rule 20 cpc)**
**In the Court of Ms. Shampy Chaudhary**
**Additional Civil Judge Senior Division-1, Faridkot**
CNR No. PBFD02-000712-2025
Next Date: 07.09.2026
Punjab and Sind Bank
Versus
M/s Aulakh Medical Store through Jagseer Singh
The Plaintiff Prays For Recovery Of Amount Of Rs. 1,89,669.73/- From Defendant Along With Interest With Effect From________
Notice To: M/S Aulakh Medical Store Through Jagseer Singh :- Aulakh Teh Kkp Through Its Prop Jagseer Singh
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **07.**09.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 21-05-2026
**Sd/- Additional Civil Judge Senior Division-1, Faridkot**


### ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

# ਅੰਮ੍ਰਿਤਸਰ ਸਾਹਿਬ ਤੋਂ ਹਜ਼ੂਰ ਸਾਹਿਬ ਨੂੰ ਜਾਣ ਵਾਲੀ ਸਚਖੰਡ ਐਕਸਪ੍ਰੈਸ ਟ੍ਰੇਨ ਦੇ ਪਾਣੀ ਦੇ ਪਾਈਪ ਲੀਕ ਹੋਣ ਕਾਰਨ ਯਾਤਰੂ ਪਰੇਸ਼ਾਨ

ਪਟਿਆਲਾ, 26 ਜੁਲਾਈ (ਚ.ਨ.ਸ.): ਜਥੇਦਾਰ ਸੁਖਜੀਤ ਸਿੰਘ ਬਘੌਰਾ ਪ੍ਰਚਾਰ ਸਕੱਤਰ ਸ਼੍ਰੋਮਣੀ ਅਕਾਲੀ ਦੱਲ ਨੇ ਕਿਹਾ ਮਿਤੀ 23 ਜੁਲਾਈ ਨੂੰ ਰਾਜਪੁਰਾ ਤੋਂ ਹਜ਼ੂਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਸਚਖੰਡ ਐਕਸਪ੍ਰੈਸ ਟ੍ਰੇਨ ਨੰਬਰ 12716 'ਤੇ ਆ ਰਹੀ ਸੀ, ਤਾਂ ਰਸਤੇ ਵਿੱਚ ਇਹ ਜੋ ਕਿ ਸੁਪਰਫਾਸਟ ਰੇਲ ਗੱਡੀ ਹੈ, ਪਰ ਇਹ ਹੁਣ ਉਸ ਵਾਹਿਗੁਰੂ ਦੇ ਸਹਾਰੇ ਨਾਲ ਚੱਲ ਰਹੀ ਹੈ।ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਰੇਲਵੇ ਵਿਭਾਗ ਵੱਲੋਂ ਪਿਛਲੇ ਸਾਲਾਂ ਤੋਂ ਬੰਦੇ ਭਾਰਤ ਦੇ ਰੂਪ ਵਿੱਚ ਟਰੇਨਾਂ ਚਲਾਈਆਂ ਜਾ ਰਹੀਆਂ ਹਨ, ਪਰੰਤੂ ਜੋ ਪਿਛਲੇ ਸਮੇਂ ਤੋਂ ਸਾਡੇ ਤਖਤਾਂ ਨੂੰ ਜੋੜਨ ਵਾਲੀਆਂ ਟ੍ਰੇਨਾਂ ਉਹਨਾਂ ਦੇ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਰੋਜਾਨਾ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਚੱਲਣ ਵਾਲੀ ਟਰੇਨ ਸੱਚਖੰਡ



ਐਕਸਪ੍ਰੈਸ ਨੰਬਰ 12 716+ 127 15 ਇਸ ਦਾ ਇੰਨਾ ਮਾੜਾ ਹਾਲ ਹੋ ਗਿਆ ਕਿ ਰਸਤੇ ਵਿੱਚ ਬਰਸਾਤ ਪੈਣ ਨਾਲ ਡੱਬਿਆਂ ਦੇ ਵਿੱਚ ਪਾਣੀ ਆ ਜਾਂਦਾ ਹੈ। ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਰਸਤੇ ਵਿੱਚ ਜੋ ਟ੍ਰੇਨ ਦੇ ਵਿੱਚ ਬਾਥਰੂਮ ਬਣੇ ਹੋਏ ਹਨ, ਉਹਨਾਂ ਦੇ ਪਾਣੀ ਵਾਲੇ ਪਾਈਪ ਲੀਕ ਹੋ ਰਹੇ ਸਨ। ਇਸ 'ਤੇ ਚਿੰਤਾ ਜ਼ਾਹਰ ਕਰਦਿਆਂ ਜਥੇਦਾਰ ਬਘੌਰਾ ਨੇ ਕਿਹਾ ਕਿ ਰੇਲਵੇ ਵਿਭਾਗ ਨੂੰ ਮੌਕੇ 'ਤੇ ਕੰਪਲੇਟ ਕਰਕੇ ਰੇਲਵੇ ਦੇ ਉੱਚ ਅਧਿਕਾਰੀਆਂ ਨੂੰ ਜਾਣਕਾਰੀ ਦਿੱਤੀ, ਤੇ ਪਾਈਪ ਲੀਕ ਹੋ ਰਿਹਾ ਸੀ, ਉਸ ਦੀ ਜਾਣਕਾਰੀ ਰੇਲਵੇ ਵਿਭਾਗ ਨੂੰ ਦਿੱਤੀ। ਜਥੇਦਾਰ ਬਘੌਰਾ ਨੇ ਕਿਹਾ ਕਿ ਇਹ ਮਸ਼ੀਨਰੀ ਜਿਹੜੀ ਸ਼ੁਰੂ ਤੋਂ ਚੱਲ ਰਹੀ ਹੈ, ਅਸੀਂ ਬਹੁਤ ਵਾਰੀ ਰੇਲਵੇ ਵਿਭਾਗ ਨੂੰ ਇਹ ਪੱਤਰ ਲਿਖ ਚੁੱਕੇ ਹਾਂ, ਕਿ ਇਹਨਾਂ ਦੇ ਰਾਇਕ ਪੁਰਾਣੇ ਹਨ, ਉਨ੍ਹਾਂ ਨੂੰ ਬਦਲ ਕੇ ਨਵੇਂ ਲਾਏ ਜਾਣ, ਤੇ ਜਿਹੜਾ ਉਨ੍ਹਾਂ ਕਿਹਾ ਕਿ ਬੰਦੇ ਰੂਪ ਦੇ ਵਿੱਚ ਚਲਾ ਕੇ ਟਰੇਨਾਂ ਲੋਕਾਂ ਦੀਆਂ ਜੇਬਾਂ ਦੇ ਵਿੱਚੋਂ ਪੈਸਾ ਕੱਢ ਰਹੇ ਹੋ ਉਹ ਥੋੜ੍ਹਾ ਜਿਹਾ ਹਿੱਸਾ ਇਹਨਾਂ ਟਰੇਨਾਂ 'ਤੇ ਵੀ ਲਾ ਦਿਓ, ਤਾਂ ਕਿ ਸੰਗਤਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਿਲ ਨਾ ਆਵੇ। ਇਸ ਤੋਂ ਉਪਰੰਤ ਇਸ ਟਰੇਨ ਦੇ ਵਿੱਚ ਚੋਰੀ ਦੀਆਂ ਵਾਰਦਾਤਾਂ ਵੀ ਬਹੁਤ ਹੁੰਦੀਆਂ ਹਨ। ਅਖੀਰ ਵਿੱਚ ਜਥੇਦਾਰ ਬਘੌਰਾ ਨੇ ਕਿਹਾ ਕਿ ਜੋ ਪੁਰਾਣੇ ਰਾਇਕ ਅੰਮ੍ਰਿਤਸਰ ਤੋਂ ਚੱਲਦੇ ਹਨ ਅਤੇ ਗੰਗਾ ਨਗਰ ਤੋਂ ਹਜ਼ੂਰ ਸਾਹਿਬ ਨੂੰ ਚੱਲਦੇ ਹਨ, ਇਹਨਾਂ ਨੂੰ ਬਦਲ ਕੇ ਸਾਰੇ ਨਵੇਂ ਰੈਕ ਲਾਏ ਜਾਣ, ਤਾਂ ਕਿ ਸੰਗਤਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਿਲ ਨਾ ਆਵੇ।

# ਅਮਨ ਅਰੋੜਾ ਨੂੰ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਨੇ ਮੰਗ ਪੱਤਰ ਸੌਂਪਿਆ



ਸੁਨਾਮ, 26 ਜੁਲਾਈ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ 295 ਪੰਜਾਬ ਵੱਲੋਂ ਅੱਜ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਸਬੰਧੀ ਮੰਗ ਪੱਤਰ ਸੌਂਪਿਆ ਗਿਆ। ਮੰਤਰੀ ਅਰੋੜਾ ਨੇ ਮੰਗ ਪੱਤਰ ਨੂੰ ਬੜੇ ਧਿਆਨ ਨਾਲ ਪੜ੍ਹਿਆ ਅਤੇ ਐਸੋਸੀਏਸ਼ਨ ਦੇ ਪੰਜਾਬ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ਼ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ। ਉਨ੍ਹਾਂ ਨੇ ਮੌਕੇ 'ਤੇ ਹੀ ਆਪਣੇ ਮੋਬਾਈਲ ਫੋਨ ਨਾਲ ਮੰਗ ਪੱਤਰ ਦੀ ਤਸਵੀਰ ਖਿੱਚ ਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੂੰ ਭੇਜੀ ਅਤੇ ਭਰੋਸਾ ਦਿਵਾਇਆ ਕਿ ਐਸੋਸੀਏਸ਼ਨ ਦੀਆਂ ਮੰਗਾਂ ਦਾ ਜਲਦ ਤੋਂ ਜਲਦ ਹੱਲ ਕਰਵਾਉਣ ਲਈ ਯੋਗ ਉਪਰਾਲੇ ਕੀਤੇ ਜਾਣਗੇ। ਅਮਨ ਅਰੋੜਾ ਨੇ ਇਹ ਵੀ ਕਿਹਾ ਕਿ ਜਦੋਂ ਵੀ ਐਸੋਸੀਏਸ਼ਨ ਦੇ ਆਗੂ ਚਾਹੁਣ, ਉਹ ਚੰਡੀਗੜ੍ਹ ਸਥਿਤ ਸੈਕਟਰੀਏਟ ਵਿਖੇ ਆ ਕੇ ਉਨ੍ਹਾਂ ਨਾਲ ਮਿਲ ਸਕਦੇ ਹਨ ਅਤੇ ਮੰਗਾਂ ਸਬੰਧੀ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕਰ ਸਕਦੇ ਹਨ। ਇਸ ਤੋਂ ਪਹਿਲਾਂ ਐਸੋਸੀਏਸ਼ਨ ਦੇ ਵਫ਼ਦ ਵੱਲੋਂ ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਵੀ ਮੰਗ ਪੱਤਰ ਸੌਂਪਿਆ ਗਿਆ। ਦਿਨ ਭਰ ਚੱਲੇ ਇਸ ਮੰਗ ਪੱਤਰ ਮੁਹਿੰਮ ਦੇ ਦੋਵੇਂ ਪ੍ਰੋਗਰਾਮ ਸਫਲਤਾਪੂਰਵਕ ਸੰਪੰਨ ਹੋਏ। ਇਸ ਮੌਕੇ ਪੰਜਾਬ ਦੇ ਸੀਨੀਅਰ ਆਗੂ ਡਾ. ਧਰਮਪਾਲ ਸਿੰਘ ਭਵਾਨੀਗੜ੍ਹ, ਸੂਬਾ ਕੈਸ਼ੀਅਰ ਡਾ. ਬਲਕਾਰ ਸਿੰਘ ਸ਼ੇਰਗਿੱਲ, ਸਰਪਰਸਤ ਪੰਜਾਬ ਡਾ. ਹਰਮੇਸ਼ ਕਾਲੀਆ ਅਤੇ ਵਾਈਸ ਕੈਸ਼ੀਅਰ ਦੀ ਅਗਵਾਈ ਹੇਠ ਵਫ਼ਦ ਨੇ ਦੋਵੇਂ ਮੰਤਰੀਆਂ ਨੂੰ ਮੰਗ ਪੱਤਰ ਭੇਟ ਕੀਤੇ। ਮੰਗ ਪੱਤਰ ਦੇਣ ਸਮੇਂ ਸਟੇਟ ਆਗੂ ਡਾ. ਉੱਤਮ ਸਿੰਘ ਧਲੇਰ ਕਲਾਂ (ਮੀਤ ਪ੍ਰਧਾਨ ਪੰਜਾਬ), ਡਾ. ਅਸਮਾਨ ਖਾਨ (ਜ਼ਿਲ੍ਹਾ ਪ੍ਰਧਾਨ ਮਲੇਰਕੋਟਲਾ), ਡਾ. ਬਲਜਿੰਦਰ ਸਿੰਘ ਚੱਕ (ਬਲਾਕ ਪ੍ਰਧਾਨ ਸੁਨਾਮ), ਡਾ. ਵਰਿੰਦਰ ਕੁਮਾਰ ਡਾਕਟਰ ਗੁਰਪ੍ਰੀਤ ਸਿੰਘ ਬਲਾਕ ਪ੍ਰਧਾਨ ਦਿੜ੍ਹਬਾ ਅਤੇ ਹੋਰ ਸਾਥੀ ਹਾਜ਼ਰ ਸਨ। ਇਸ ਮੌਕੇ ਸ਼ੇਰਪੁਰ ਬਲਾਕ ਦੇ ਪ੍ਰਧਾਨ ਡਾ ਹਰਦੀਪ ਸਿੰਘ, ਡਾ. ਗੁਰਦੇਵ ਸਿੰਘ ਬੜੀ, ਡਾ. ਬਲਵਿੰਦਰ ਸਿੰਘ, ਡਾ. ਗੁਰਤੇਜ ਸਿੰਘ ਬੜੀ ਸਮੇਤ ਵੱਡੀ ਗਿਣਤੀ ਵਿੱਚ ਐਸੋਸੀਏਸ਼ਨ ਦੇ ਆਗੂ ਅਤੇ ਮੈਂਬਰ ਵੀ ਮੌਜੂਦ ਰਹੇ। ਐਸੋਸੀਏਸ਼ਨ ਦੇ ਪੰਜਾਬ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ਼ ਨੇ ਕਿਹਾ ਕਿ ਸਰਕਾਰ ਵੱਲੋਂ ਦਿੱਤੇ ਭਰੋਸੇ 'ਤੇ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਅਤੇ ਉਮੀਦ ਹੈ ਕਿ ਮੈਡੀਕਲ ਪ੍ਰੈਕਟੀਸ਼ਨਰਾਂ ਦੀਆਂ ਜਾਇਜ਼ ਮੰਗਾਂ ਦਾ ਜਲਦੀ ਸਕਾਰਾਤਮਕ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਮੰਗਾਂ ਦਾ ਨਿਪਟਾਰਾ ਸਮੇਂ ਸਿਰ ਨਾ ਹੋਇਆ ਤਾਂ ਐਸੋਸੀਏਸ਼ਨ ਲੋਕਤੰਤਰੀ ਢੰਗ ਨਾਲ ਆਪਣਾ ਸੰਘਰਸ਼ ਜਾਰੀ ਰੱਖੇਗੀ।

# ਮਰਹੂਮ ਪੱਤਰਕਾਰਾਂ ਦੀ ਯਾਦ ਵਿੱਚ ਸਮਾਰਕ ਬਣਾਉਣ ਦੀ ਮੰਗ

ਮਲੋਟ, 26 ਜੁਲਾਈ (ਅਮਨਦੀਪ ਸਿੰਘ ਮਹਿਰਾ): ਮਲੋਟ ਦੇ ਸਮੂਹ ਪੱਤਰਕਾਰ ਭਾਈਚਾਰੇ ਵਿੱਚ ਆਪਸੀ ਏਕਤਾ ਅਤੇ ਸਾਂਝ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਗਠਿਤ ਪੰਜ ਮੈਂਬਰੀ ਕਮੇਟੀ ਵੱਲੋਂ ਕੀਤੇ ਜਾ ਰਹੇ ਯਤਨਾਂ ਤਹਿਤ ਐਤਵਾਰ ਨੂੰ ਛੇਵੀਂ ਮੀਟਿੰਗ ਹੋਟਲ ਪਾਲ ਦਾ ਢਾਬਾ ਵਿਖੇ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਕਰੀਬ ਦੋ ਦਰਜਨ ਸਰਗਰਮ ਪੱਤਰਕਾਰਾਂ ਨੇ ਸ਼ਮੂਲੀਅਤ ਕਰਦਿਆਂ ਭਾਈਚਾਰੇ ਦੀ ਏਕਤਾ ਨੂੰ ਹੋਰ ਮਜ਼ਬੂਤ ਬਣਾਉਣ ਲਈ ਆਪਣੇ ਵਿਚਾਰ ਸਾਂਝੇ ਕੀਤੇ। ਮੀਟਿੰਗ ਦੌਰਾਨ ਦੱਸਿਆ ਗਿਆ ਕਿ ਕੁਝ ਪੱਤਰਕਾਰ ਆਪਣੇ ਨਿੱਜੀ ਅਤੇ ਪਰਿਵਾਰਕ ਰੁਝੇਵਿਆਂ ਕਾਰਨ ਹਾਜ਼ਰ ਨਹੀਂ ਹੋ ਸਕੇ। ਪੰਜ ਮੈਂਬਰੀ ਕਮੇਟੀ ਵੱਲੋਂ ਪਹਿਲਾਂ ਹੀ ਉਨ੍ਹਾਂ ਨਾਲ ਸੰਪਰਕ ਕਰਕੇ ਏਕਤਾ ਮੁਹਿੰਮ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ ਸੀ ਅਤੇ ਗੈਰਹਾਜ਼ਰ ਪੱਤਰਕਾਰਾਂ ਨੇ ਵੀ ਇਸ ਯਤਨ ਨੂੰ ਆਪਣਾ ਪੂਰਾ ਸਮਰਥਨ ਦਿੱਤਾ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ ਪੱਤਰਕਾਰ ਭਾਈਚਾਰੇ ਦੀ ਮੁਕੰਮਲ ਏਕਤਾ ਨੂੰ ਯਕੀਨੀ ਬਣਾਉਣ ਲਈ ਆਉਣ ਵਾਲੇ ਦਿਨਾਂ ਵਿੱਚ ਇੱਕ ਹੋਰ ਸਾਂਝੀ ਮੀਟਿੰਗ ਬੁਲਾਈ ਜਾਵੇਗੀ, ਜਿਸ ਵਿੱਚ ਸਮੂਹ ਪੱਤਰਕਾਰ ਆਪਣੇ ਨਿੱਜੀ ਰੁਝੇਵਿਆਂ ਤੋਂ ਉੱਪਰ ਉੱਠ ਕੇ ਸ਼ਮੂਲੀਅਤ ਕਰਨਗੇ। ਇਸ ਦੌਰਾਨ ਇੱਕ ਮਹੱਤਵਪੂਰਨ ਮਤਾ ਪਾਸ ਕਰਦਿਆਂ ਮਲੋਟ ਦੇ ਵਿੱਛੜ ਚੁੱਕੇ ਮਰਹੂਮ ਪੱਤਰਕਾਰਾਂ ਦੀ ਯਾਦ ਨੂੰ ਸਦੀਵੀ ਬਣਾਉਣ ਲਈ ਸ਼ਹਿਰ ਵਿੱਚ ਇੱਕ ਢੁੱਕਵਾਂ ਸਮਾਰਕ ਸਥਾਪਤ ਕਰਨ ਦੀ ਮੰਗ ਕੀਤੀ ਗਈ। ਮੀਟਿੰਗ ਵਿੱਚ ਇਹ ਵੀ ਫ਼ੈਸਲਾ ਲਿਆ ਗਿਆ ਕਿ ਪੰਜਾਬ ਸਰਕਾਰ ਦੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨਾਲ ਜਲਦ ਮੁਲਾਕਾਤ ਕਰਕੇ ਉਨ੍ਹਾਂ ਨੂੰ ਇੱਕ ਮੰਗ ਪੱਤਰ ਸੌਂਪਿਆ ਜਾਵੇਗਾ, ਜਿਸ ਰਾਹੀਂ ਸਮਾਰਕ ਲਈ ਉੱਚਿਤ ਜਗ੍ਹਾ ਅਤੇ ਲੋੜੀਂਦੇ ਫੰਡ ਮੁਹੱਈਆ ਕਰਵਾਉਣ ਦੀ ਮੰਗ ਕੀਤੀ ਜਾਵੇਗੀ। ਪੰਜ ਮੈਂਬਰੀ ਕਮੇਟੀ ਨੇ ਹਾਊਸ ਦੀ ਪ੍ਰਵਾਨਗੀ ਨਾਲ ਇਹ ਮਤਾ ਵੀ ਪਾਸ ਕੀਤਾ ਕਿ ਪੱਤਰਕਾਰ ਭਾਈਚਾਰੇ ਦੀ ਏਕਤਾ ਲਈ ਚਲਾਏ ਜਾ ਰਹੇ ਯਤਨਾਂ ਦੇ ਨਾਲ-ਨਾਲ ਮਰਹੂਮ ਪੱਤਰਕਾਰਾਂ ਦੀ ਯਾਦਗਾਰ ਸਥਾਪਤ ਕਰਵਾਉਣ ਲਈ ਵੀ ਸਰਗਰਮੀਆਂ ਵਿੱਚ ਤੇਜ਼ੀ ਲਿਆਂਦੀ ਜਾਵੇਗੀ।

# ਦੁਬਈ 'ਚ ਪੰਜਾਬੀ ਨੌਜਵਾਨ ਦੀ ਸੜਕ ਹਾਦਸੇ 'ਚ ਮੌਤ

ਬਟਾਲਾ, 26 ਜੁਲਾਈ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ): ਪਿੰਡ ਘਣੀਏ ਕੇ ਬਾਂਗਰ ਦਾ 36 ਸਾਲਾਂ ਨੌਜਵਾਨ ਰਾਜਬੀਰ ਸਿੰਘ ਜੋ ਕਿ ਕਰੀਬ ਇਕ ਸਾਲ ਪਹਿਲਾਂ ਰੋਜ਼ੀ ਰੋਟੀ ਕਮਾਉਣ ਲਈ ਦੁਬਈ ਗਿਆ ਸੀ, ਜਿੱਥੇ ਉਹ ਟਰਾਲਾ ਡਰਾਈਵਰ ਵਜੋ ਕੰਮ ਕਰਦਾ ਸੀ ਅਤੇ ਬੀਤੇ ਕੱਲ੍ਹ ਰਾਜਬੀਰ ਸਿੰਘ ਦੀ ਅਚਾਨਕ ਹੋਏ ਇਕ ਜ਼ਬਰਦਸਤ ਸੜਕ ਹਾਦਸੇ ਵਿੱਚ ਮੌਤ ਹੋ ਗਈ ਹੈ। ਨੌਜਵਾਨ ਦੀ ਮੌਤ ਦੇ ਸੁਨੇਹੇ ਨਾਲ ਪਿੰਡ ਵਿੱਚ ਸੋਗ ਦੀ ਲਹਿਰ ਹੈ ਅਤੇ ਪਰਿਵਾਰਿਕ ਮੈਂਬਰਾਂ ਦਾ ਰੋ ਰੋ ਕੇ ਬੁਰਾ ਹਾਲ ਹੋ ਰਿਹਾ ਹੈ। ਮ੍ਰਿਤਕ ਨੌਜਵਾਨ ਦੇ ਪਿਤਾ ਸੁਖਵਿੰਦਰ ਸਿੰਘ ਉਸਦੀ ਪਤਨੀ ਨਵਨੀਤ ਕੌਰ ਨੇ ਦੱਸਿਆ ਕਿ ਰਾਜਬੀਰ ਸਿੰਘ ਇੱਕ ਸਾਲ ਪਹਿਲਾਂ ਦੁਬਈ ਗਿਆ ਸੀ ਅਤੇ ਉਸੇ 'ਤੇ ਹੀ ਪਰਿਵਾਰ ਪੂਰੀ ਤਰ੍ਹਾਂ ਨਿਰਭਰ ਸੀ ਅਤੇ ਉਹ ਵੀ ਉੱਥੇ ਪੂਰੀ ਮਿਹਨਤ ਕਰ ਪਰਿਵਾਰ ਦਾ ਪਾਲਣ ਪੋਸ਼ਣ ਕਰ ਰਿਹਾ ਸੀ ਅਤੇ ਰੋਜ਼ਾਨਾ ਉਹ ਪਰਿਵਾਰ ਨਾਲ ਵੀਡੀਓ ਕਾਲ ਕਰ ਗੱਲ ਕਰਦਾ ਅਤੇ ਬੀਤੇ ਕੱਲ੍ਹ ਵੀ ਸਵੇਰੇ ਉਸਦੀ ਕਾਲ ਆਈ ਅਤੇ ਉਸਨੇ ਪੂਰੇ ਪਰਿਵਾਰ ਨਾਲ ਗੱਲ ਕੀਤੀ, ਲੇਕਿਨ ਨਹੀਂ ਸੀ ਪਤਾ ਕਿ ਉਹ ਕਾਲ ਉਸਦੀ ਆਖਰੀ ਹੋਵੇਗੀ, ਕਿਉਕਿ ਕੁਝ ਸਮੇ ਬਾਅਦ ਉਹਨਾਂ ਨੂੰ ਸੁਨੇਹਾ ਮਿਲਿਆ, ਕਿ ਰਾਜਬੀਰ ਦੀ ਸੜਕ ਹਾਦਸੇ 'ਚ ਮੌਤ ਹੋ ਗਈ ਹੈ। ਪਰਿਵਾਰਿਕ ਮੈਂਬਰਾਂ ਨੇ ਸਰਕਾਰਾ ਤੋ ਅਪੀਲ ਕੀਤੀ ਕਿ ਉਹ ਬਹੁਤ ਗਰੀਬ ਪਰਿਵਾਰ ਹੈ ਅਤੇ ਰਾਜਬੀਰ ਦੇ ਦੋ ਛੋਟੇ ਬੱਚੇ ਹਨ। ਉਹ ਪਿੱਛੇ ਪਤਨੀ ਅਤੇ ਇੱਕ ਬੇਟਾ ਅਤੇ ਬੇਟੀ ਛੱਡ ਗਿਆ। ਉੱਥੇ ਹੀ ਪਰਿਵਾਰਿਕ ਮੈਂਬਰਾਂ ਅਤੇ ਇਲਾਕਾ ਵਾਸੀ ਵੱਲੋਂ ਪਰਿਵਾਰ ਦੀ ਆਰਥਿਕ ਮੱਦਦ ਅਤੇ ਰਾਜਬੀਰ ਸਿੰਘ ਦੀ ਮ੍ਰਿਤਕ ਦੇਹ ਭਾਰਤ ਲਿਆਉਣ ਨੂੰ ਸਰਕਾਰਾਂ ਨੂੰ ਗੁਹਾਰ ਲੱਗਾ ਰਹੇ ਹਨ। ਮ੍ਰਿਤਕ ਦੇ ਪਿਤਾ ਦਾ ਕਹਿਣਾ ਹੈ ਕਿ ਅਸੀਂ ਬਹੁਤ ਗਰੀਬ ਹਾਂ ਤੇ ਅਸੀਂ ਇਸਦਾ ਖਰਚਾ ਨਹੀਂ ਝੱਲ ਸਕਦੇ।

# ਚਾਤੁਰਮਾਸ ਪ੍ਰਵੇਸ਼ ਮੌਕੇ ਟਾਂਡਾ ਜੈਨ ਸਥਾਨਕ ਵਿਖੇ ਮਹਾਂਸਾਧਵੀਆਂ ਦਾ ਫੁੱਲਾਂ ਦੀ ਵਰਖਾ ਨਾਲ ਕੀਤਾ ਭਰਵਾਂ ਸਵਾਗਤ

ਟਾਂਡਾ ਉੜਮੁੜ, 26 ਜੁਲਾਈ (ਪੰਡਿਤ): ਨਗਰ ਦੇ ਜੈਨ ਸਥਾਨਕ ਵਿਖੇ ਐਤਵਾਰ ਨੂੰ ਚਾਤੁਰਮਾਸ ਪ੍ਰਵੇਸ਼ ਮੌਕੇ ਸ਼ਰਧਾ, ਭਗਤੀ ਅਤੇ ਆਧਿਆਤਮਿਕ ਉਤਸ਼ਾਹ ਦਾ ਅਨੋਖਾ ਨਜ਼ਾਰਾ ਵੇਖਣ ਨੂੰ ਮਿਲਿਆ। ਜੈਨ ਸਮਾਜ ਵੱਲੋਂ ਮਹਾਂਸਾਧਵੀ ਗੌਰੀ ਜੀ ਮਹਾਰਾਜ ਅਤੇ ਮਹਾਂਸਾਧਵੀ ਭਾਵਨਾ ਜੀ ਮਹਾਰਾਜ (ਠਾਣਾ-2) ਦਾ ਅਹੀਆਪੁਰ ਜੈਨ ਸਥਾਨਕ ਤੋਂ ਟਾਂਡਾ ਪਹੁੰਚਣ 'ਤੇ ਨਿੱਘਾ ਅਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਦੌਰਾਨ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਨੇ ਫੁੱਲਾਂ ਦੀ ਵਰਖਾ ਕਰਕੇ ਸਾਧਵੀਆਂ ਦਾ ਭਰਵਾਂ ਸਵਾਗਤ ਕੀਤਾ, ਜਿਸ ਨਾਲ ਸਮੁੱਚਾ ਮਾਹੌਲ ਧਾਰਮਿਕ ਸ਼ਰਧਾ ਅਤੇ ਭਗਤੀ ਦੇ ਰੰਗ ਵਿਚ ਰੰਗਿਆ ਹੋਇਆ ਨਜ਼ਰ ਆਇਆ। ਮਹਾਂਸਾਧਵੀਆਂ ਦੇ ਟਾਂਡਾ ਪਹੁੰਚਣ 'ਤੇ ਐੱਸ.ਐੱਸ. ਜੈਨ ਸਭਾ ਟਾਂਡਾ ਦੇ ਅਹੁਦੇਦਾਰਾਂ, ਸੇਵਾਦਾਰਾਂ, ਮਹਿਲਾਵਾਂ, ਨੌਜਵਾਨਾਂ ਅਤੇ ਬੱਚਿਆਂ ਨੇ ਉਨ੍ਹਾਂ ਦਾ ਸ਼ਰਧਾ ਸਹਿਤ ਸਵਾਗਤ ਕੀਤਾ। ਮੰਗਲ ਗਾਇਨ ਅਤੇ ਜੈਕਾਰਿਆਂ ਦੇ ਦਰਮਿਆਨ ਸ਼ਰਧਾਲੂਆਂ ਨੇ ਸਾਧਵੀਆਂ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਜੈਨ ਸਥਾਨਕ ਨੂੰ ਵਿਸ਼ੇਸ਼ ਤੌਰ 'ਤੇ ਸਜਾਇਆ ਗਿਆ ਸੀ ਅਤੇ ਪੂਰੇ ਵਿਹੜੇ ਵਿਚ ਆਧਿਆਤਮਿਕ ਮਾਹੌਲ ਬਣਿਆ ਰਿਹਾ। ਇਸ ਮੌਕੇ ਮਹਾਂਸਾਧਵੀ ਗੌਰੀ ਜੀ ਮਹਾਰਾਜ ਅਤੇ ਮਹਾਂਸਾਧਵੀ ਭਾਵਨਾ ਜੀ ਮਹਾਰਾਜ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਭਗਵਾਨ ਮਹਾਂਵੀਰ ਸਵਾਮੀ ਦੇ ਸੱਚ, ਅਹਿੰਸਾ, ਕਰੁਣਾ, ਸੰਜਮ, ਮਾਫ਼ੀ ਅਤੇ ਆਤਮ-ਕਲਿਆਣ ਦੇ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਚਾਤੁਰਮਾਸ ਆਤਮ-ਚਿੰਤਨ, ਆਤਮ-ਸੰਜਮ, ਸਾਧਨਾ ਅਤੇ ਆਧਿਆਤਮਿਕ ਉੱਨਤੀ ਦਾ ਸਰਵੋਤਮ ਸਮਾਂ ਹੁੰਦਾ ਹੈ। ਇਹ ਚਾਰ ਮਹੀਨੇ ਸਿਰਫ਼ ਧਾਰਮਿਕ ਰਸਮਾਂ ਤੱਕ ਸੀਮਿਤ ਨਹੀਂ, ਸਗੋਂ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਅਤੇ ਆਤਮ-ਸ਼ੁੱਧੀ ਦਾ ਸੰਕਲਪ ਲੈਣ ਦਾ ਵੀ ਸਮਾਂ ਹਨ। ਮਹਾਂਸਾਧਵੀਆਂ ਨੇ ਕਿਹਾ ਕਿ ਅੱਜ ਦੇ ਭੌਤਿਕਵਾਦੀ ਯੁੱਗ ਵਿਚ ਮਨੁੱਖ ਬਾਹਰੀ ਸੁਖ-ਸੁਵਿਧਾਵਾਂ ਦੀ ਦੌੜ ਵਿੱਚ ਮਾਨਸਿਕ ਸ਼ਾਂਤੀ ਤੋਂ ਦੂਰ ਹੁੰਦਾ ਜਾ ਰਿਹਾ ਹੈ। ਅਜਿਹੇ ਸਮੇਂ ਵਿਚ ਭਗਵਾਨ ਮਹਾਂਵੀਰ ਜੀ ਦੀਆਂ ਸਿੱਖਿਆਵਾਂ ਸਾਨੂੰ



ਪ੍ਰੇਮ, ਸਹਿਣਸ਼ੀਲਤਾ, ਤਿਆਗ ਅਤੇ ਸਦਭਾਵਨਾ ਦਾ ਰਾਹ ਦਿਖਾਉਂਦੀਆਂ ਹਨ। ਜੇਕਰ ਹਰ ਵਿਅਕਤੀ ਆਪਣੇ ਜੀਵਨ ਵਿਚ ਅਹਿੰਸਾ, ਸੱਚ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਅਪਣਾਵੇ ਤਾਂ ਸਮਾਜ ਵਿਚ ਸੁੱਖ, ਸ਼ਾਂਤੀ ਅਤੇ ਭਾਈਚਾਰੇ ਦਾ ਮਾਹੌਲ ਆਪਣੇ ਆਪ ਸਥਾਪਤ ਹੋ ਸਕਦਾ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਚਾਤੁਰਮਾਸ ਦੌਰਾਨ ਧਾਰਮਿਕ ਪ੍ਰਵਚਨਾਂ, ਧਿਆਨ ਅਤੇ ਸੇਵਾ ਕਾਰਜਾਂ ਨਾਲ ਜੁੜ ਕੇ ਆਪਣੇ ਜੀਵਨ ਨੂੰ ਸਾਰਥਕ ਬਣਾਉਣ ਅਤੇ ਨਵੀਂ ਪੀੜ੍ਹੀ ਨੂੰ ਵੀ ਭਾਰਤੀ ਸੰਸਕ੍ਰਿਤੀ ਅਤੇ ਆਧਿਆਤਮਿਕ ਮੁੱਲਾਂ ਨਾਲ ਜੋੜਨ ਲਈ ਯਤਨ ਕਰਨ। ਜੈਨ ਸਭਾ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਚਾਤੁਰਮਾਸ ਦੌਰਾਨ ਹਰ ਰੋਜ਼ ਧਾਰਮਿਕ ਪ੍ਰਵਚਨ, ਸਵਾਧਿਆਇ, ਸਾਮਾਇਕ, ਧਿਆਨ, ਤਪ, ਜਾਪ ਅਤੇ ਹੋਰ ਆਧਿਆਤਮਿਕ ਸਮਾਗਮ ਕਰਵਾਏ ਜਾਣਗੇ। ਮਹਾਂਸਾਧਵੀ ਗੌਰੀ ਜੀ ਮਹਾਰਾਜ ਅਤੇ ਮਹਾਂਸਾਧਵੀ ਭਾਵਨਾ ਜੀ ਮਹਾਰਾਜ ਆਪਣੇ ਪ੍ਰੇਰਨਾਦਾਇਕ ਪ੍ਰਵਚਨਾਂ ਰਾਹੀਂ ਸੰਗਤ ਨੂੰ ਧਰਮ, ਸੰਸਕਾਰ ਅਤੇ ਸਦਾਚਾਰ ਦਾ ਸੰਦੇਸ਼ ਦੇਣਗੀਆਂ। ਉਨ੍ਹਾਂ ਸਮੂਹ ਜੈਨ ਸਮਾਜ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਸਮਾਗਮਾਂ ਵਿੱਚ ਸ਼ਮੂਲੀਅਤ ਕਰਕੇ ਆਧਿਆਤਮਿਕ ਲਾਭ ਪ੍ਰਾਪਤ ਕਰਨ ਦੀ ਅਪੀਲ ਕੀਤੀ। ਚਾਤੁਰਮਾਸ ਪ੍ਰਵੇਸ਼ ਸਮਾਗਮ ਵਿਚ ਬਾਈ ਅਨਮੋਲਾ ਨੰਦ, ਸਾਬਕਾ ਕੌਂਸਲਰ ਕ੍ਰਿਸ਼ਨ ਬਿੱਟੂ, ਵਿਪਣ ਜੈਨ, ਅਮਰਜੀਤ ਸਿੰਘ, ਬਨਾਰਸੀ ਲਾਲ, ਡਾਕਟਰ ਵਿਨੋਦ ਕੁਮਾਰ, ਸੰਜੀਵ ਜੈਨ, ਵਿਪਨ ਜੈਨ, ਤਰੁਣ ਜੈਨ, ਅਮਿਤ ਜੈਨ, ਮੋਹਿਤ ਜੈਨ, ਵਿਨੋਦ ਜੈਨ, ਸੋਢੀ, ਰੁਚੀਕਾ ਜੈਨ, ਕੁਸਮ ਜੈਨ, ਲਾਗਵ ਜੈਨ, ਪਰਵ ਜੈਨ, ਬਵਿਸ਼ ਜੈਨ, ਕਮਲ ਜੈਨ, ਸਨੀ ਜੈਨ, ਵਿਕਾਸ ਜੈਨ, ਅੰਜਲੀ ਜੈਨ, ਦੀਪਤੀ ਜੈਨ, ਸਨੇਹ ਲਤਾ, ਰੁਚਿਕਾ ਜੈਨ, ਵੀਨਾ ਜੈਨ ਅਤੇ ਮੰਜੂ ਜੈਨ, ਸਪਨਾ, ਕਿਰਨ, ਸੁਨੀਤਾ, ਮਧੂ ਵਰਮਾ, ਸੁਮਨ ਸਮੇਤ ਵੱਡੀ ਗਿਣਤੀ ਵਿੱਚ ਜੈਨ ਸਮਾਜ ਦੇ ਮੈਂਬਰ, ਮਹਿਲਾਵਾਂ ਅਤੇ ਨੌਜਵਾਨ ਹਾਜ਼ਰ ਸਨ। ਪੂਰੇ ਸਮਾਗਮ ਦੌਰਾਨ ਸ਼ਰਧਾ, ਅਨੁਸ਼ਾਸਨ ਅਤੇ ਧਾਰਮਿਕ ਆਸਥਾ ਦਾ ਮਾਹੌਲ ਬਣਿਆ ਰਿਹਾ।

# ਮੁਲਾਜ਼ਮਾਂ 'ਤੇ ਹੋ ਰਹੇ ਅੱਤਿਆਚਾਰ ਵਿਰੁੱਧ ਕਿਸਾਨ-ਮਜ਼ਦੂਰ ਜਥੇਬੰਦੀ ਵੱਲੋਂ ਪੰਜਾਬ ਸਰਕਾਰ ਦਾ ਅਰਥੀ ਫੂਕ ਮੁਜ਼ਾਹਰਾ

ਮਖੂ, 26 ਜੁਲਾਈ (ਦੀਪਕ ਭਾਰਗੋ): ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਈ ਹੇਠ ਅੱਜ ਜ਼ੋਨ



ਮੱਖੂ ਦੇ ਕਿਸਾਨਾਂ ਮਜ਼ਦੂਰਾਂ ਵੱਲੋਂ ਜ਼ੋਨ ਪ੍ਰਧਾਨ ਵੀਰ ਸਿੰਘ ਨਿਜਾਮਦੀਨ ਵਾਲਾ ਦੀ ਪ੍ਰਧਾਨਗੀ ਹੇਠ ਮੱਖੂ ਮੰਡੀ ਦੇ ਗੇਟ ਨੰਬਰ-1 'ਤੇ ਨੈਸ਼ਨਲ ਹਾਈਵੇਅ-54 ਅੰਮ੍ਰਿਤਸਰ-ਬਠਿੰਡਾ ਤੇ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਪੰਜਾਬ ਦੀ ਪੁਲਿਸ ਵੱਲੋਂ ਕੀਤੇ ਜਾ ਰਹੇ ਜਬਰ ਦੇ ਰੋਸ ਵਿੱਚ ਪੰਜਾਬ ਸਰਕਾਰ ਦਾ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ, ਜੋਨ ਸਕੱਤਰ ਬਲਜਿੰਦਰ ਸਿੰਘ ਤਲਵੰਡੀ ਨਿਪਾਲਾਂ ਨੇ ਲਿਖਤੀ ਪ੍ਰੈਸ ਨੋਟ ਰਾਹੀਂ ਦੱਸਿਆ ਕਿ ਬਿਜਲੀ ਮੁਲਾਜ਼ਮਾਂ, ਸਫਾਈ ਤੇ ਮਨਰੇਗਾ ਕਰਮਚਾਰੀਆਂ ਵੱਲੋਂ ਆਪਣੇ ਹੱਕਾਂ ਦੀ ਪੂਰਤੀ ਲਈ ਜੋ ਸ਼ਾਂਤਮਈ ਸੰਘਰਸ਼ ਕੀਤੇ ਜਾ ਰਹੇ ਹਨ, ਉਸ ਵਿੱਚ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਇਸ਼ਾਰੇ 'ਤੇ ਪੰਜਾਬ ਪੁਲਿਸ ਵੱਲੋਂ ਬਹੁਤ ਹੀ ਬੁਰੇ ਵਿਹਾਰ ਨਾਲ ਲਾਠੀਚਾਰਜ ਕਰਕੇ ਸ਼ਾਂਤਮਈ ਧਰਨਾਕਾਰੀਆਂ ਨੂੰ ਖਦੇੜਿਆ ਤੇ ਬੁਰੀ ਤਰ੍ਹਾਂ ਕੁੱਟਿਆ ਗਿਆ ਹੈ। ਜੋ ਕਿ ਬਹੁਤ ਹੀ ਨਿੰਦਣ ਯੋਗ ਹੈ। ਦੇਸ਼ ਵਿੱਚ ਲੋਕਤੰਤਰ ਦਾ ਬੁਰੀ ਤਰ੍ਹਾਂ ਘਾਣ ਕੀਤਾ ਜਾ ਰਿਹਾ ਹੈ ਤੇ ਹੱਕਾਂ ਦੀ ਪੂਰਤੀ ਲਈ ਕੀਤੇ ਜਾ ਰਹੇ ਸੰਘਰਸ਼ਾਂ ਨੂੰ ਦੱਬਿਆਂ ਕੁਚਲਿਆ ਜਾ ਰਿਹਾ ਹੈ। ਕਿਸਾਨ ਆਗੂਆਂ ਨੇ ਅੱਗੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਲੈਂਡ ਪੂਲਿੰਗ ਨੀਤੀ ਲਿਆ ਕੇ ਜ਼ਮੀਨਾਂ ਖੋਹਣ ਦੀ ਜੋ ਤਿਆਰੀ ਕੀਤੀ ਜਾ ਰਹੀ ਹੈ ਕਿਸਾਨ ਮਜ਼ਦੂਰ ਕਿਸੇ ਵੀ ਕੀਮਤ 'ਤੇ ਇਸ ਨੀਤੀ ਨੂੰ ਪ੍ਰਵਾਨ ਨਹੀਂ ਕਰਨਗੇ ਤੇ ਆਉਣ ਵਾਲੇ ਦਿਨਾਂ ਵਿਚ ਵੱਡੇ ਸੰਘਰਸ਼ਾਂ ਦੇ ਰਸਤੇ ਅਖਤਿਆਰ ਕੀਤੇ ਜਾਣਗੇ। ਇਸ ਮੌਕੇ ਲਖਵਿੰਦਰ ਸਿੰਘ ਵਸਤੀ ਨਾਮਦੇਵ, ਬਲਕਾਰ ਸਿੰਘ ਸ਼ਾਮੇ ਵਾਲੀ ਬਸਤੀ, ਹਰਭਜਨ ਸਿੰਘ ਜੋਗੇਵਾਲਾ, ਗੁਰਭੇਜ ਸਿੰਘ, ਬਾਜ ਸਿੰਘ ,ਜੋਗਾ ਸਿੰਘ ਫੇਮੀ ਵਾਲਾ, ਜਗਰੂਪ ਸਿੰਘ, ਸਤਨਾਮ ਸਿੰਘ, ਲਖਵੀਰ ਸਿੰਘ ਟਿੱਬੀ ਰਾਈਆਂ, ਜਰਨੈਲ ਸਿੰਘ ਵਾਰਸ ਵਾਲਾ ਜੱਟਾਂ , ਸੁਖਚੈਨ ਸਿੰਘ ਵਸਤੀ ਨਾਮਦੇਵ,ਪਿਆਰਾ ਸਿੰਘ ਘੁੱਦੂ ਵਾਲਾ, ਪ੍ਰਗਟ ਸਿੰਘ ਨਿਜਾਮੀ ਵਾਲਾ, ਗੁਰਮੀਤ ਸਿੰਘ ਠੇਕੇਦਾਰ, ਸੁਖਦੇਵ ਸਿੰਘ ਭੂਤੀ ਵਾਲਾ ,ਸਵਰਨ ਸਿੰਘ ਸਰਫਲੀ ਸ਼ਾਹ ,ਅੰਗਰੇਜ ਸਿੰਘ ਕੁਸੂ ਵਾਲਾ ਮੋੜ, ਨਿਰਮਲ ਸਿੰਘ ਮਹਿਮੂਦ ਵਾਲਾ,ਰੇਸ਼ਮ ਸਿੰਘ ਸ਼ੀਹਾਂ ਪਾੜੀ ਆਦਿ ਹਾਜ਼ਰ ਸਨ।

# ਪਿੰਡ ਜੱਬੋਵਾਲ ਦੀ ਸਾਬਕਾ ਸਰਪੰਚ ਰਾਜਬੀਰ ਕੌਰ ਸੈਂਕੜੇ ਸਾਥੀਆਂ ਸਮੇਤ ਅਕਾਲੀ ਦਲ 'ਵਾਰਿਸ ਪੰਜਾਬ ਦੇ' ਪਾਰਟੀ ਵਿੱਚ ਸ਼ਾਮਲ

ਚੌਕ ਮਹਿਤਾ, 26 ਜੁਲਾਈ (ਬਲਜਿੰਦਰ ਸਿੰਘ ਰੰਧਾਵਾ): ਹਲਕਾ ਜੰਡਿਆਲਾ ਗੁਰੂ ਦੇ ਪਿੰਡ ਜੱਬੋਵਾਲ ਦੀ ਸਾਬਕਾ ਸਰਪੰਚ ਬੀਬੀ ਰਾਜਬੀਰ ਕੌਰ ਆਪਣੇ ਸੈਂਕੜੇ ਸਾਥੀਆਂ ਸਮੇਤ ਅਕਾਲੀ ਦਲ 'ਵਾਰਿਸ ਪੰਜਾਬ ਦੇ' ਪਾਰਟੀ ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸਤਿਕਾਰਯੋਗ ਮਾਤਾ ਬਲਵਿੰਦਰ ਕੌਰ ਜੀ, ਭਾਈ ਹਰਭਜਨ ਸਿੰਘ ਤੁੜ (ਮੈਂਬਰ ਕੇਂਦਰੀ ਕਮੇਟੀ), ਹਲਕਾ ਜੰਡਿਆਲਾ ਗੁਰੂ ਤੋਂ ਅਮਰੀਕ ਸਿੰਘ ਬਿੱਟਾ, ਭਾਈ ਜਸਕਰਨ ਸਿੰਘ ਰਿਆੜ (ਦਿਹਾਤੀ ਪ੍ਰਧਾਨ), ਭਾਈ ਸਰਬਜੀਤ ਸਿੰਘ ਖ਼ਾਨਪੁਰ (ਹਲਕਾ ਇੰਚਾਰਜ ਬਾਬਾ ਬਕਾਲਾ ਸਾਹਿਬ), ਭਾਈ ਜੁਗਰਾਜ ਸਿੰਘ ਧੂਲਕਾ, ਭਾਈ ਕੰਮੋਕੇ ਸਾਹਿਬ ਜੀ ਸਮੇਤ ਕਈ ਰਾਜਨੀਤਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ। ਸਮਾਗਮ ਦੌਰਾਨ ਪਾਰਟੀ ਆਗੂਆਂ ਨੇ ਕਿਹਾ ਕਿ ਬੀਬੀ ਰਾਜਬੀਰ ਕੌਰ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਹਲਕਾ ਜੰਡਿਆਲਾ ਗੁਰੂ ਵਿੱਚ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਬੀਬੀ ਰਾਜਬੀਰ ਕੌਰ ਨੇ ਪਾਰਟੀ ਦੀ ਲੀਡਰਸ਼ਿਪ ਵੱਲੋਂ ਦਿੱਤੇ ਸਨਮਾਨ ਲਈ ਧੰਨਵਾਦ ਪ੍ਰਗਟ ਕਰਦਿਆਂ ਭਰੋਸਾ ਦਿੱਤਾ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਅੰਤ ਵਿੱਚ ਸਮਾਗਮ ਵਿੱਚ ਪਹੁੰਚੀਆਂ ਸਮੂਹ ਰਾਜਨੀਤਿਕ ਸ਼ਖ਼ਸੀਅਤਾਂ ਅਤੇ ਪਿੰਡ ਜੱਬੋਵਾਲ ਦੀ ਸਮੁੱਚੀ ਸੰਗਤ ਦਾ ਤਹਿ-ਦਿਲੋਂ ਧੰਨਵਾਦ ਕੀਤਾ ਗਿਆ।

# ਮਾਤਾ ਗੁਜਰੀ ਕਾਲਜ ਦੀ ਫ਼ੈਕਲਟੀ ਆਫ਼ ਬੇਸਿਕ ਸਾਇੰਸਿਜ਼ ਨੇ ਵਿਦਿਆਰਥੀ ਇੰਡਕਸ਼ਨ ਪ੍ਰੋਗਰਾਮ ਕਰਵਾਇਆ

ਫ਼ਤਹਿਗੜ੍ਹ ਸਾਹਿਬ, 26 ਜੁਲਾਈ (ਹਰਪ੍ਰੀਤ ਕੌਰ ਟਿਵਾਣਾ): ਮਾਤਾ ਗੁਜਰੀ ਕਾਲਜ ਦੀ ਫ਼ੈਕਲਟੀ ਆਫ਼ ਬੇਸਿਕ ਸਾਇੰਸਿਜ਼ ਵੱਲੋਂ ਬੀ.ਐੱਸਸੀ. ਆਨਰਜ਼ ਮਲਟੀਡਿਸੀਪਲਿਨਰੀ (ਲਾਈਫ ਸਾਇੰਸਿਜ਼ ਅਤੇ ਫਿਜ਼ੀਕਲ ਸਾਇੰਸਿਜ਼) ਵਿੱਚ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਵਿਸ਼ੇਸ਼ ਇੰਡਕਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਕਾਲਜ ਦੀ ਪਰੰਪਰਾ ਅਨੁਸਾਰ ਉਦਘਾਟਨੀ ਸੈਸ਼ਨ ਦੀ ਸ਼ੁਰੂਆਤ ਸ੍ਰੀ ਮੂਲ ਮੰਤਰ ਸਾਹਿਬ ਦੇ ਉਚਾਰਨ ਨਾਲ ਕੀਤੀ ਗਈ। ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਇੰਡਕਸ਼ਨ ਪ੍ਰੋਗਰਾਮ ਨਵੇਂ ਵਿਦਿਆਰਥੀਆਂ ਨੂੰ ਕਾਲਜ ਦੇ ਅਕਾਦਮਿਕ ਅਤੇ ਪ੍ਰਸ਼ਾਸਨਿਕ ਢਾਂਚੇ, ਵਿਭਾਗਾਂ ਦੀ ਕਾਰਜ-ਪ੍ਰਣਾਲੀ ਅਤੇ ਕੈਂਪਸ ਦੇ ਸਮੁੱਚੇ ਮਾਹੌਲ ਨਾਲ ਜਾਣੂ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਪ੍ਰੋਗਰਾਮ ਕੋਆਰਡੀਨੇਟਰ ਅਤੇ ਜ਼ੂਆਲੋਜੀ ਵਿਭਾਗ ਦੇ ਮੁਖੀ ਪ੍ਰੋ. ਪਰਦੀਪ ਕੌਰ ਸੰਧੂ ਨੇ ਨਵੇਂ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਕਾਲਜ



ਪਰਿਵਾਰ ਦਾ ਹਿੱਸਾ ਬਣਨ 'ਤੇ ਵਧਾਈ ਦਿੱਤੀ। ਪ੍ਰੋਗਰਾਮ ਦੇ ਕੋ-ਕੋਆਰਡੀਨੇਟਰ ਅਤੇ ਕੈਮਿਸਟਰੀ ਵਿਭਾਗ ਦੇ ਮੁਖੀ ਡਾ. ਕਮਲਪ੍ਰੀਤ ਕੌਰ ਨੇ ਉਦਘਾਟਨੀ ਸੈਸ਼ਨ ਦਾ ਪ੍ਰਭਾਵਸ਼ਾਲੀ ਢੰਗ ਨਾਲ ਸੰਚਾਲਨ ਕਰਦਿਆਂ ਪ੍ਰੋਗਰਾਮ ਦੀ ਰੂਪ-ਰੇਖਾ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਬਾਟਨੀ ਅਤੇ ਵਾਤਾਵਰਣ ਵਿਭਾਗ ਦੇ ਮੁਖੀ ਡਾ. ਲਵਨੀਤ ਕੌਰ ਨੇ ਵਿਦਿਆਰਥੀਆਂ ਨੂੰ ਕਾਲਜ ਦੇ ਗੌਰਵਮਈ ਇਤਿਹਾਸ, ਵਿਜ਼ਨ, ਮਿਸ਼ਨ, ਨੈਤਿਕ ਕਦਰਾਂ-ਕੀਮਤਾਂ ਅਤੇ ਕੈਂਪਸ ਵਿਖੇ ਉਪਲੱਬਧ ਵੱਖ-ਵੱਖ ਵਿਦਿਆਰਥੀ ਸਹਿਯੋਗ ਸੇਵਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਫ਼ਿਜ਼ਿਕਸ ਵਿਭਾਗ ਦੇ ਮੁਖੀ ਅਤੇ ਡਿਪਟੀ ਕੰਟਰੋਲਰ ਪ੍ਰੀਖਿਆਵਾਂ ਡਾ. ਤੇਜਿੰਦਰ ਸਿੰਘ ਨੇ ਵਿਦਿਆਰਥੀਆਂ ਨਾਲ ਪ੍ਰੀਖਿਆ ਪ੍ਰਣਾਲੀ ਅਤੇ ਅਕਾਦਮਿਕ ਮੁਲਾਂਕਣ ਨਾਲ ਸੰਬੰਧਿਤ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਫ਼ੈਕਲਟੀ ਆਫ਼ ਬੇਸਿਕ ਸਾਇੰਸਿਜ਼ ਦੇ ਡੀਨ ਅਤੇ ਗਣਿਤ ਵਿਭਾਗ ਦੇ ਮੁਖੀ ਪ੍ਰੋ. ਨਮਿਤਾ ਬੈਰੀ ਨੇ ਨਵੇਂ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਨੂੰ ਆਪਣੀ ਅਕਾਦਮਿਕ ਯਾਤਰਾ ਦੌਰਾਨ ਮਿਹਨਤ, ਅਨੁਸ਼ਾਸਨ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਨੂੰ ਕਾਲਜ ਦੇ ਮਾਹੌਲ ਨਾਲ ਜਾਣੂ ਕਰਵਾਉਣ ਲਈ ਡਾ. ਨਵਜੀਤ ਕੌਰ, ਡਾ. ਮਨਪ੍ਰੀਤ ਕੌਰ ਅਤੇ ਡਾ. ਨੈਨਾ ਖੁੱਲਰ ਵੱਲੋਂ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਰਾਹੀਂ ਆਈਸ-ਬ੍ਰੇਕਿੰਗ ਸੈਸ਼ਨ ਕਰਵਾਇਆ ਗਿਆ। ਇਸ ਉਪਰੰਤ ਵਿਦਿਆਰਥੀਆਂ ਨੂੰ ਕਾਲਜ ਕੈਂਪਸ ਦਾ ਦੌਰਾ ਵੀ ਕਰਵਾਇਆ ਗਿਆ। ਇਸ ਇੰਡਕਸ਼ਨ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਲਈ ਐਨ.ਸੀ.ਸੀ., ਐਨ.ਐੱਸ.ਐੱਸ., ਸਕਾਲਰਸ਼ਿਪ ਯੋਜਨਾਵਾਂ, ਸੱਭਿਆਚਾਰਕ ਅਤੇ ਖੇਡ ਗਤੀਵਿਧੀਆਂ, ਪਲੇਸਮੈਂਟ ਸੈੱਲ, ਐਂਟੀ-ਰੈਗਿੰਗ ਜਾਗਰੂਕਤਾ, ਭਾਵਨਾਤਮਕ ਤੰਦਰੁਸਤੀ, ਸਮਾਂ ਪ੍ਰਬੰਧਨ ਅਤੇ ਕਰੀਅਰ ਮਾਰਗਦਰਸ਼ਨ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਵਿਸ਼ੇਸ਼ ਸੈਸ਼ਨਾਂ ਦਾ ਵੀ ਆਯੋਜਨ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਲਈ ਸਟੂਡੈਂਟ ਮੈਂਟਰ ਨਿਯੁਕਤ ਕਰਨ ਦਾ ਫੈਸਲਾ ਵੀ ਲਿਆ ਗਿਆ, ਜੋ ਉਨ੍ਹਾਂ ਨੂੰ ਅਕਾਦਮਿਕ ਅਤੇ ਵਿਅਕਤੀਗਤ ਪੱਧਰ 'ਤੇ ਲੋੜੀਂਦੀ ਸਲਾਹ ਅਤੇ ਸਹਿਯੋਗ ਪ੍ਰਦਾਨ ਕਰੇਗਾ, ਤਾਂ ਜੋ ਉਹ ਕਾਲਜ ਵਿੱਚ ਸਵੈ ਵਿਸ਼ਵਾਸ ਅਤੇ ਸੁਚਾਰੂ ਢੰਗ ਨਾਲ ਆਪਣੀ ਅਕਾਦਮਿਕ ਯਾਤਰਾ ਦੀ ਸਫ਼ਲ ਸ਼ੁਰੂਆਤ ਕਰ ਸਕਣ।

# ਜ਼ਖ਼ਮੀ ਔਰਤ ਦੇ ਸੋਨੇ ਦੇ ਗਹਿਣੇ ਪਰਿਵਾਰ ਨੂੰ ਸੌਂਪੇ, ਦਿਖਾਈ ਇਮਾਨਦਾਰੀ



ਬਠਿੰਡਾ, 26 ਜੁਲਾਈ (ਦੀਪਕ ਸ਼ਰਮਾ) : ਸੜਕ ਹਾਦਸੇ ਵਿੱਚ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਈ ਇੱਕ ਔਰਤ ਦੇ ਸੋਨੇ ਦੇ ਗਹਿਣੇ ਸੁਰੱਖਿਅਤ ਰੱਖ ਕੇ ਉਸ ਦੇ ਪਰਿਵਾਰ ਨੂੰ ਵਾਪਸ ਕਰਦਿਆਂ ਸਿਵਲ ਹਸਪਤਾਲ ਬਠਿੰਡਾ ਦੇ ਡਾਕਟਰਾਂ ਅਤੇ ਸਟਾਫ਼ ਨੇ ਇਮਾਨਦਾਰੀ ਦੀ ਮਿਸਾਲ ਪੇਸ਼ ਕੀਤੀ ਹੈ। ਜਾਣਕਾਰੀ ਅਨੁਸਾਰ ਲੰਘੀ 21 ਜੁਲਾਈ ਨੂੰ ਤੜਕੇ ਕਰੀਬ 2.10 ਵਜੇ ਪਿੰਡ ਬੀਰ ਬਾਕਰਪੁਰ, ਮੁਹਾਲੀ ਦੀ ਰਹਿਣ ਵਾਲੀ ਅਮਨਦੀਪ ਕੌਰ ਆਪਣੀ ਭੈਣ ਨੂੰ ਮਿਲ ਕੇ ਫ਼ਰੀਦਕੋਟ ਤੋਂ ਮਾਨਸਾ ਵਾਪਸ ਜਾ ਰਹੀ ਸੀ। ਤਲਵੰਡੀ ਸਾਬੋ ਨੇੜੇ ਉਸ ਦੀ ਕਾਰ ਸੜਕ ਕਿਨਾਰੇ ਖੜ੍ਹੀ ਟਰੈਕਟਰ-ਟਰਾਲੀ ਨਾਲ ਟਕਰਾ ਗਈ, ਜਿਸ ਕਾਰਨ ਉਹ ਗੰਭੀਰ ਜ਼ਖ਼ਮੀ ਹੋ ਗਈ।ਹਾਦਸੇ ਤੋਂ ਬਾਅਦ 108 ਐਂਬੂਲੈਂਸ ਰਾਹੀਂ ਉਸ ਨੂੰ ਪਹਿਲਾਂ ਸਿਵਲ ਹਸਪਤਾਲ ਤਲਵੰਡੀ ਸਾਬੋ ਲਿਜਾਇਆ ਗਿਆ। ਉੱਥੇ ਮੁੱਢਲਾ ਇਲਾਜ ਕਰਨ ਤੋਂ ਬਾਅਦ ਉਸ ਦੀ ਨਾਜ਼ੁਕ ਹਾਲਤ ਦੇ ਮੱਦੇਨਜ਼ਰ ਸਿਵਲ ਹਸਪਤਾਲ ਬਠਿੰਡਾ ਭੇਜ ਦਿੱਤਾ ਗਿਆ।ਸਿਵਲ ਹਸਪਤਾਲ ਬਠਿੰਡਾ ਵਿੱਚ ਡਿਊਟੀ ਤੇ ਮੌਜੂਦ ਡਾ. ਅੰਜੂ ਬਾਂਸਲ, ਡਾ. ਅਮਿਤ ਕੰਬੋਜ ਅਤੇ ਨਰਸਿੰਗ ਸਟਾਫ਼ ਨੇ ਔਰਤ ਦੇ ਕੰਨਾਂ ਵਿੱਚ ਪਾਈਆਂ ਸੋਨੇ ਦੀਆਂ ਵਾਲੀਆਂ, ਗਲੇ ਦੀ ਸੋਨੇ ਦੀ ਚੇਨ ਅਤੇ ਹੋਰ ਗਹਿਣੇ ਸੁਰੱਖਿਅਤ ਆਪਣੇ ਕੋਲ ਰੱਖ ਲਏ। ਸਿਵਲ ਹਸਪਤਾਲ ਦੇ ਐੱਸਐੱਮਓ ਡਾ. ਅਰੁਣ ਬਾਂਸਲ ਅਤੇ ਡਾ.ਅਮਿਤ ਕੰਬੋਜ ਦੀ ਮੌਜੂਦਗੀ ਵਿੱਚ ਐਮਰਜੈਂਸੀ ਵਾਰਡ ਦੇ ਸਟਾਫ਼ ਨੇ ਔਰਤ ਦੇ ਸਾਰੇ ਸੋਨੇ ਦੇ ਗਹਿਣੇ ਉਸ ਦੇ ਪਤੀ ਨੂੰ ਸੌਂਪ ਦਿੱਤੇ।

# ਭਾਜਪਾ ਵੱਲੋਂ ਨਰੇਗਾ ਅਤੇ ਸਫਾਈ ਸੇਵਕਾਂ 'ਤੇ ਹੋਏ ਲਾਠੀਚਾਰਜ ਦੀ ਨਿਖੇਧੀ

ਭਗਤਾ ਭਾਈ ਕਾ 26 ਜੁਲਾਈ (ਸਵਰਨ ਸਿੰਘ ਭਗਤਾ) ਭਾਜਪਾ ਦੇ ਜਿਲ੍ਹਾ ਪ੍ਰਧਾਨ ਬਠਿੰਡਾ ਦਿਹਾਤੀ ਗੁਰਪ੍ਰੀਤ ਸਿੰਘ ਮਲੂਕਾ ਨੇ ਪਿੱਛਲੇ ਦਿਨੀ ਖੰਨਾ ਵਿਖੇ ਨਰੇਗਾ ਅਤੇ ਬਰਨਾਲਾ ਵਿਖੇ ਸਫਾਈ ਸੇਵਕਾਂ ਤੇ ਹੋਏ ਲਾਠੀਚਾਰਜ ਦੀ ਨਿਖੇਧੀ ਕਰਦਿਆਂ ਮਲੂਕਾ ਨੇ ਕਿਹਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਕੰਨਵੀਨਰ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਨੇ ਸੂਬੇ ਦੇ ਸਾਰੇ ਹੀ ਠੇਕਾ ਅਧਾਰਿਤ ਮੁਲਾਜ਼ਮਾਂ ਨੂੰ ਪਹਿਲੀ ਕੈਬਿਨਟ ਚ ਪੱਕੇ ਕਰਨ ਅਤੇ ਤਨਖਾਹਾਂ ਵਧਾਉਣ ਦੇ ਵਾਅਦੇ ਕੀਤੇ ਸਨ । ਉਨ੍ਹਾਂ ਦੋਸ਼ ਲਾਉਂਦਿਆਂ ਕਿਹਾ ਕਿ ਸੂਬਾ ਸਰਕਾਰ ਨੇ ਆਪਣਾ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ ਮੁਲਾਜ਼ਮਾਂ ਦੇ ਹੱਕ ਚ ਕੰਮ ਕਰਨ ਸਮੇ ਮੁੱਖ ਮੰਤਰੀ ਦੇ ਹਰੇ ਪੈਨ ਦੀ ਸਿਹਾਈ ਸੁੱਕ ਗਈ ਆਪਣੇ ਹੱਕ ਮੰਗ ਰਹੇ ਨਰੇਗਾ ਮੁਲਾਜ਼ਮਾਂ ਨਾਲ ਸਰਕਾਰ ਜਾਂ ਪੰਚਾਇਤ ਮੰਤਰੀ ਨੇ ਮੀਟਿੰਗ ਕਰਨ ਦੀ ਲੋੜ ਨਹੀਂ ਸਮਝੀ ਨਰੇਗਾ ਮੁਲਾਜਮ ਸ਼ਾਂਤੀ ਨਾਲ ਧਰਨਾ ਦੇ ਰਹੇ ਸਨ ਤੇ ਪੰਚਾਇਤ ਮੰਤਰੀ ਨਾਲ ਗੱਲ ਕਰਨ ਦੀ ਮੰਗ ਕਰ ਰਹੇ ਸਨ । ਉਨ੍ਹਾਂ ਕਿਹਾ ਕਿ ਪੰਚਾਇਤ ਮੰਤਰੀ ਦੀ ਸ਼ਹਿ ਤੇ ਬੇਰਹਿਮੀ ਨਾਲ ਲਾਠੀਚਾਰਜ ਕੀਤਾ ਗਿਆ 19 ਸਾਲਾਂ ਤੋਂ ਠੇਕਾ ਅਧਾਰਿਤ ਨਰੇਗਾ ਮੁਲਾਜ਼ਮਾਂ ਨੂੰ ਸਰਕਾਰ ਨਾਂ ਪੱਕੇ ਕਰ ਰਹੀ ਹੈ ਤੇ ਨਾਂ ਹੀ ਤਨਖਾਹਾਂ ਵਧਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਰੇਗਾ ਮੁਲਾਜ਼ਮਾਂ ਨੂੰ ਧਮਕੀਆਂ ਦੇ ਰਹੀ ਹੈ ਤੇ ਪੁਰਾਣੇ ਮੁਲਾਜ਼ਮਾਂ ਨੂੰ ਫਾਰਗ ਕਰ ਨਵੀਂ ਭਰਤੀ ਕਰਨ ਦੀ ਗੱਲ ਕਰ ਰਹੀ ਹੈ । ਮਲੂਕਾ ਨੇ ਕਿਹਾ ਨਰੇਗਾ ਤੋਂ ਇਲਾਵਾ ਬਰਨਾਲਾ ਵਿਖੇ ਸਫਾਈ ਸੇਵਕਾਂ ਤੇ ਵੀ ਲਾਠੀਚਾਰਜ ਕੀਤਾ ਗਿਆ ਬਰਨਾਲਾ ਵਿਖੇ ਤੇ ਪੁਲਿਸ ਨੇ ਮਹਿਲਾ ਸਫਾਈ ਸੇਵਕਾਂ ਨੂੰ ਵੀ ਨਹੀਂ ਬਖਸ਼ਿਆ ਨਗਰ ਕੌਂਸਲ ਦੀਆਂ ਚੋਣਾਂ ਤੋਂ ਪਹਿਲਾਂ ਸਰਕਾਰ ਨੇ ਸਫਾਈ ਸੇਵਕਾਂ ਨੂੰ ਠੇਕੇਦਾਰੀ ਸਿਸਟਮ ਤੋਂ ਬਾਹਰ ਕਰ ਕੇ ਪੱਕੇ ਕਰਨ ਦਾ ਵਾਅਦਾ ਕੀਤਾ ਸੀ ਸਫਾਈ ਸੇਵਕਾਂ ਦੀਆਂ ਤਨਖਾਹਾਂ ਵਧਾਉਣ ਦਾ ਵੀ ਵਾਅਦਾ ਕੀਤਾ ਗਿਆ ਸੀ ਚੋਣਾਂ ਤੋਂ ਬਾਅਦ ਸਰਕਾਰ ਸ਼ਰੇਆਮ ਆਪਣੇ ਵਾਅਦੇ ਤੋਂ ਮੁਨਕਰ ਹੋ ਗਈ, ਸਫਾਈ ਸੇਵਕਾਂ ਦਾ ਸ਼ਹਿਰਾਂ ਦੀ ਸਾਫ ਸਫਾਈ ਅਤੇ ਵਾਤਾਵਰਨ ਚ ਵੱਡਾ ਯੋਗਦਾਨ ਹੈ ਸਰਕਾਰ ਨੂੰ ਤੁਰੰਤ ਸਫਾਈ ਸੇਵਕਾਂ ਅਤੇ ਨਰੇਗਾ ਮੁਲਾਜ਼ਮਾਂ ਦੀਆਂ ਮੰਗਾ ਪੂਰੀਆਂ ਕਰਨੀਆਂ ਚਾਹੀਦੀਆਂ ਹਨ ।ਇਸ ਮੌਕੇ ਜਿਲ੍ਹਾ ਮੀਡੀਆ ਕੰਨਵੀਨਰ ਰਤਨ ਸ਼ਰਮਾਂ ਮਲੂਕਾ ਵੀ ਹਾਜਰ ਸਨ।

# ਐਡਵੋਕੇਟ ਗਿੱਲ ਵੱਲੋਂ ਮੀਟਿੰਗਾਂ, ਲੋਕਾਂ ਨਾਲ ਕੀਤਾ ਰਾਬਤਾ ਮਜ਼ਬੂਤ



ਬੁਢਲਾਡਾ, 26 ਜੁਲਾਈ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) : ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸਮਾਜ ਸੇਵੀ ਐਡਵੋਕੇਟ ਸੁੰਦਰ ਸਿੰਘ ਗਿੱਲ ਨੇ ਆਪਣੀ ਜਨ ਸੰਪਰਕ ਮੁਹਿੰਮ ਨੂੰ ਹੋਰ ਤੇਜ਼ ਕਰਦਿਆਂ ਅੱਜ ਵਿਧਾਨ ਸਭਾ ਹਲਕਾ ਬੁਢਲਾਡਾ ਦੇ ਪਿੰਡ ਰਾਮਗੜ੍ਹ ਸ਼ਾਹਪੁਰੀਆ ਅਤੇ ਮੰਘਾਨੀਆ ਵਿਖੇ ਮੀਟਿੰਗਾਂ ਨੂੰ ਸੰਬੋਧਨ ਕੀਤਾ। ਇਸ ਦੌਰਾਨ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਮੀਟਿੰਗਾਂ ਵਿੱਚ ਸ਼ਮੂਲੀਅਤ ਕਰਕੇ ਆਪਣੇ ਵਿਚਾਰ ਸਾਂਝੇ ਕੀਤੇ।ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਸੁੰਦਰ ਸਿੰਘ ਗਿੱਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਆਮ ਲੋਕਾਂ ਦੀ ਆਵਾਜ਼ ਬਣ ਕੇ ਕੰਮ ਕਰਦੀ ਆਈ ਹੈ ਅਤੇ ਪਾਰਟੀ ਦਾ ਮੁੱਖ ਉਦੇਸ਼ ਹਰ ਵਰਗ ਦੇ ਲੋਕਾਂ ਨੂੰ ਇਨਸਾਫ਼, ਬਿਹਤਰ ਸਿੱਖਿਆ, ਉੱਚ ਪੱਧਰੀ ਸਿਹਤ ਸੇਵਾਵਾਂ ਅਤੇ ਪਾਰਦਰਸ਼ੀ ਪ੍ਰਸ਼ਾਸਨ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਾਫ਼-ਸੁਥਰੀ ਅਤੇ ਇਮਾਨਦਾਰ ਰਾਜਨੀਤੀ ਨੂੰ ਹੋਰ ਮਜ਼ਬੂਤ ਕਰਨਾ ਚਾਹੁੰਦੇ ਹਨ।ਉਨ੍ਹਾਂ ਕਿਹਾ ਕਿ ਉਹ ਹਲਕੇ ਦੇ ਹਰ ਪਿੰਡ ਵਿੱਚ ਪਹੁੰਚ ਕੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਖੁਦ ਸੁਣ ਰਹੇ ਹਨ ਅਤੇ ਉਨ੍ਹਾਂ ਦੇ ਹੱਲ ਲਈ ਪੂਰੀ ਵਚਨਬੱਧਤਾ ਨਾਲ ਯਤਨ ਕਰਨਗੇ। ਉਨ੍ਹਾਂ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ, ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ, ਕਿਸਾਨਾਂ ਦੀਆਂ ਮੁਸ਼ਕਲਾਂ ਦਾ ਹੱਲ, ਔਰਤਾਂ ਦੀ ਸੁਰੱਖਿਆ ਅਤੇ ਬੁਨਿਆਦੀ ਸਹੂਲਤਾਂ ਦਾ ਵਿਸਥਾਰ ਉਨ੍ਹਾਂ ਦੀਆਂ ਮੁੱਖ ਤਰਜੀਹਾਂ ਹਨ।ਐਡਵੋਕੇਟ ਗਿੱਲ ਨੇ ਕਿਹਾ ਕਿ ਲੋਕਾਂ ਦਾ ਮਿਲ ਰਿਹਾ ਭਰਵਾਂ ਪਿਆਰ ਅਤੇ ਸਮਰਥਨ ਇਸ ਗੱਲ ਦਾ ਸਬੂਤ ਹੈ ਕਿ ਹਲਕੇ ਦੇ ਲੋਕ ਬਦਲਾਅ ਅਤੇ ਵਿਕਾਸ ਦੀ ਰਾਜਨੀਤੀ ਨੂੰ ਅੱਗੇ ਵਧਾਉਣਾ ਚਾਹੁੰਦੇ ਹਨ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਆਮ ਆਦਮੀ ਪਾਰਟੀ ਨੂੰ ਹਲਕੇ ਵਿੱਚ ਹੋਰ ਵੀ ਵੱਡਾ ਜਨ ਸਮਰਥਨ ਮਿਲੇਗਾ।ਇਸ ਮੌਕੇ ਪਿੰਡਾਂ ਦੇ ਪਤਵੰਤੇ ਸੱਜਣਾਂ, ਪਾਰਟੀ ਵਰਕਰਾਂ, ਨੌਜਵਾਨਾਂ, ਮਹਿਲਾਵਾਂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀਆਂ ਨੇ ਸ਼ਮੂਲੀਅਤ ਕੀਤੀ।

# ਪਿੰਡ ਗੋਰਖਨਾਥ ਦੇ ਨੌਜਵਾਨਾਂ ਨੇ ਸਰਕਾਰੀ ਸਕੂਲ ਦੇ ਮੈਦਾਨ ਦੀ ਸ.ਫਾਈ ਕੀਤੀ

ਬਰੇਟਾ 26 ਜੁਲਾਈ (ਨਰਿੰਦਰ ਬਾਂਸਲ, ਵਿਨੋਦ ਸਿੰਗਲਾ) ਪਿੰਡ ਗੋਰਖਨਾਥ ਦੇ ਨੌਜਵਾਨਾਂ ਨੇ ਸਮਾਜ ਸੇਵਾ ਅਤੇ ਪਿੰਡ ਦੇ ਵਿਕਾਸ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਂਦਿਆਂ ਇੱਕ ਬੇਹੱਦ ਸ਼ਲਾਘਾਯੋਗ ਕਦਮ ਚੁੱਕਿਆ ਹੈ। ਪਿੰਡ ਦੇ ਸਰਕਾਰੀ ਮਿਡਲ ਸਕੂਲ ਗੋਰਖਨਾਥ ਦੇ ਖੇਡ ਮੈਦਾਨ ਨੂੰ ਸੁੰਦਰ ਅਤੇ ਬੱਚਿਆਂ ਦੇ ਖੇਡਣ ਯੋਗ ਬਣਾਉਣ ਲਈ ਨੌਜਵਾਨਾਂ ਨੇ ਇਕੱਠੇ ਹੋ ਕੇ ਮੈਦਾਨ ਵਿੱਚ ਉੱਗੀ ਬੇਲੋੜੀ ਅਤੇ ਨਾਜਾਇਜ਼ ਘਾਹ-ਫੂਸ ਨੂੰ ਖ਼ਤਮ ਕਰਨ ਲਈ ਵਿਸ਼ੇਸ਼ ਸਪਰੇਅ ਕੀਤੀ ।ਇਸ ਸ਼ਲਾਘਾਯੋਗ ਕਾਰਜ ਲਈ ਨੌਜਵਾਨਾਂ ਨੂੰ ਪ੍ਰੇਰਿਤ ਕਰਨ ਵਿੱਚ ਸਕੂਲ ਦੇ ਅਧਿਆਪਕ ਚੰਦਰ ਕਾਂਤ ਨੇ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਦੀ ਪ੍ਰੇਰਨਾ ਸਦਕਾ ਪਿੰਡ ਦੇ ਅਗਾਂਹਵਧੂ ਨੌਜਵਾਨ ਗੁਰਮੀਤ ਸਿੰਘ, ਬਿੱਟੂ ਸਿੰਘ, ਵਿੱਕੀ ਸਿੰਘ, ਸੋਨੀ ਸਿੰਘ, ਨਵਜੋਤ ਸਿੰਘ ਅਤੇ ਮਨਦੀਪ ਸਿੰਘ ਨੇ ਆਪਣੀ ਪਿੱਠ 'ਤੇ ਸਪਰੇਅ ਵਾਲੀਆਂ ਟੈਂਕੀਆਂ ਚੁੱਕ ਕੇ ਇਸ ਮੈਦਾਨ ਦੀ ਨੁਹਾਰ ਬਦਲਣ ਦਾ ਬੀੜਾ ਚੁੱਕਿਆ। ਬਰਸਾਤ ਦੇ ਮੌਸਮ ਕਾਰਨ ਮੈਦਾਨ ਵਿੱਚ ਕਾਫੀ ਫਾਲਤੂ ਬੂਟੀਆਂ ਉੱਗ ਆਈਆਂ ਸਨ, ਜਿਸ ਕਾਰਨ ਸਕੂਲੀ ਬੱਚਿਆਂ ਅਤੇ ਖਿਡਾਰੀਆਂ ਨੂੰ ਖੇਡਣ ਵਿੱਚ ਭਾਰੀ ਦਿੱਕਤ ਆ ਰਹੀ ਸੀ ਅਤੇ ਜ਼ਹਿਰੀਲੇ ਜੀਵ-ਜੰਤੂਆਂ ਦਾ ਖ਼ਤਰਾ ਵੀ ਬਣਿਆ ਹੋਇਆ ਸੀ ।ਪਿੰਡ ਦੇ ਪਤਵੰਤੇ ਸੱਜਣਾਂ, ਸਕੂਲ ਸਟਾਫ਼ ਅਤੇ ਇਲਾਕਾ ਨਿਵਾਸੀਆਂ ਨੇ ਇਨ੍ਹਾਂ ਸਾਰੇ ਨੌਜਵਾਨਾਂ ਅਤੇ ਅਧਿਆਪਕ ਚੰਦਰ ਕਾਂਤ ਦੇ ਇਸ ਸਾਂਝੇ ਜਜ਼ਬੇ ਦੀ ਭਰਪੂਰ ਸ਼ਲਾਘਾ ਕੀਤੀ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਜਿੱਥੇ ਨੌਜਵਾਨ ਪੀੜ੍ਹੀ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਵੱਲ ਜਾ ਰਹੀ ਹੈ, ਉੱਥੇ ਹੀ ਗੋਰਖਨਾਥ ਪਿੰਡ ਦੇ ਇਨ੍ਹਾਂ ਨੌਜਾਵਨਾਂ ਨੇ ਖੇਡਾਂ ਅਤੇ ਸਕੂਲ ਦੀ ਭਲਾਈ ਲਈ ਕੰਮ ਕਰਕੇ ਪੂਰੇ ਜ਼ਿਲ੍ਹੇ ਲਈ ਇੱਕ ਮਿਸਾਲ ਕਾਇਮ ਕੀਤੀ ਹੈ।

# ਸੰਤ ਕਬੀਰ ਕਾਨਵੈਂਟ ਸਕੂਲ ਨੇ ਸ਼ਾਨਦਾਰ ਪ੍ਰਦਰਸ਼ਨੀ ਲਗਾਈ




ਭੁੱਚੋ ਮੰਡੀ ਨਥਾਣਾ 26 ਜੁਲਾਈ (ਹਰਬੰਸ ਸਿੰਘ ਭੋਲਾ) :ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ, ਭੁੱਚੋ ਖੁਰਦ ਵਿਖੇ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਵਿਦਿਆਰਥੀਆਂ ਦੁਆਰਾ ਤਿਆਰ ਕੀਤੇ ਗਏ ਵੱਖ-ਵੱਖ ਵਿਸ਼ਿਆਂ ਤੇ ਆਕਰਸ਼ਕ ਅਤੇ ਵਿਦਿਅਕ ਮਾਡਲਾਂ ਦੀ ਇੱਕ ਸ਼ਾਨਦਾਰ ਪ੍ਰਦਰਸ਼ਨੀ ਦਾ ਆਯੋਜਨ ਕੀਤਾ। ਪ੍ਰਦਰਸ਼ਨੀ ਦਾ ਉਦਘਾਟਨ ਮੁੱਖ ਮਹਿਮਾਨ, ਸ਼੍ਰੀਮਤੀ ਅਮਿਤੋਜ ਸਾਲ (ਐਨਐਸਸੀ ਚਾਰਲਸ ਦੇ ਕਮਾਂਡਿੰਗ ਅਫਸਰ ਦੀ ਪਤਨੀ) ਨੇ ਦੀਪ ਜਲਾ ਕੇ ਅਤੇ ਰਿਬਨ ਕੱਟ ਕੇ ਕੀਤਾ।ਇਸ ਮੌਕੇ ਪ੍ਰੋ. ਪੀ.ਕੇ. ਗੁਪਤਾ, ਸ਼੍ਰੀ ਸੁਦਰਸ਼ਨ ਗੁਪਤਾ, ਸ਼੍ਰੀ ਸੁਰੇਂਦਰ ਮੋਹਨ, ਸ਼੍ਰੀ ਵਿਜੇ ਜਿੰਦਲ, ਸ਼੍ਰੀ ਕਮਲ ਨਯਨ, ਅਤੇ ਸ਼੍ਰੀਮਤੀ ਪੂਨਮ ਜਿੰਦਲ ਸਮੇਤ ਹੋਰ ਵਿਸ਼ੇਸ਼ ਮਹਿਮਾਨ ਮੌਜੂਦ ਸਨ। ਸਾਰੇ ਮਹਿਮਾਨਾਂ ਨੇ ਵਿਦਿਆਰਥੀਆਂ ਦੁਆਰਾ ਤਿਆਰ ਕੀਤੇ ਮਾਡਲਾਂ ਨੂੰ ਦੇਖਿਆ ਅਤੇ ਉਨ੍ਹਾਂ ਦੀ ਸਿਰਜਣਾਤਮਕ ਸੋਚ, ਵਿਗਿਆਨਕ ਪਹੁੰਚ ਅਤੇ ਕਲਾਤਮਕ ਪ੍ਰਤਿਭਾ ਦੀ ਪ੍ਰਸ਼ੰਸਾ ਕੀਤੀ।ਪ੍ਰਦਰਸ਼ਨੀ ਵਿੱਚ, ਵਿਦਿਆਰਥੀਆਂ ਨੇ ਪੈੱਨ ਸਟੈਂਡ, ਨੈਪਕਿਨ ਸਟੈਂਡ, ਫੁੱਲਾਂ ਦੇ ਗੁਲਦਸਤੇ, ਵਾਤਾਵਰਣ ਸੁਰੱਖਿਆ, ਰੰਗਾਂ ਦੀ ਦੁਨੀਆ, ਫਲਾਂ ਅਤੇ ਸਬਜ਼ੀਆਂ ਬਾਰੇ ਜਾਣਕਾਰੀ, ਅਤੇ ਵਿਭਿੰਨਤਾ ਵਿੱਚ ਏਕਤਾ ਵਰਗੇ ਵਿਸ਼ਿਆਂ ਤੇ ਆਧਾਰਿਤ ਸਮਾਜਿਕ ਵਿਗਿਆਨ ਪ੍ਰੋਜੈਕਟਾਂ ਨੂੰ ਆਕਰਸ਼ਕ ਢੰਗ ਨਾਲ ਪੇਸ਼ ਕੀਤਾ। ਇਸ ਤੋਂ ਇਲਾਵਾ, ਸਾਵਣ ਦੀ ਕੁਦਰਤੀ ਸੁੰਦਰਤਾ, ਰਵਾਇਤੀ ਪੰਜਾਬੀ ਸੱਭਿਆਚਾਰ, ਪੇਂਡੂ ਜੀਵਨ, ਖੇਤੀ, ਲੋਕ ਨਾਚ, ਲੋਕ ਸੰਗੀਤ, ਰਵਾਇਤੀ ਪੁਸ਼ਾਕਾਂ ਅਤੇ ਸੱਭਿਆਚਾਰਕ ਵਿਰਾਸਤ ਨੂੰ ਸੁੰਦਰ ਮਾਡਲਾਂ ਰਾਹੀਂ ਜੀਵਨ ਵਿੱਚ ਲਿਆਂਦਾ ਗਿਆ।ਵਿਗਿਆਨ ਭਾਗ ਵਿੱਚ, ਵਿਦਿਆਰਥੀਆਂ ਨੇ ਰੋਜ਼ਾਨਾ ਜੀਵਨ ਅਤੇ ਵਾਤਾਵਰਣ ਸੁਰੱਖਿਆ ਨਾਲ ਸਬੰਧਤ ਕਈ ਉਪਯੋਗੀ ਮਾਡਲ ਪੇਸ਼ ਕੀਤੇ। ਬਾਇਓ-ਐਨਜ਼ਾਈਮ ਉਤਪਾਦਨ, ਜੈਵਿਕ ਰਹਿੰਦ-ਖੂੰਹਦ ਤੋਂ ਖਾਦ ਬਣਾਉਣ, ਮੀਂਹ ਦੇ ਪਾਣੀ ਦੀ ਸੰਭਾਲ, ਸੂਰਜੀ ਊਰਜਾ, ਰਹਿੰਦ-ਖੂੰਹਦ ਪ੍ਰਬੰਧਨ, ਵਾਤਾਵਰਣ ਸੁਰੱਖਿਆ ਅਤੇ ਹੋਰ ਵਿਗਿਆਨਕ ਸੰਕਲਪਾਂ ਤੇ ਆਧਾਰਿਤ ਮਾਡਲ ਵਿਸ਼ੇਸ਼ ਤੌਰ ਤੇ ਆਕਰਸ਼ਕ ਸਨ।ਮੁੱਖ ਮਹਿਮਾਨ ਸ਼੍ਰੀਮਤੀ ਅਮਿਤੋਜ ਸਾਲ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੀਆਂ ਪ੍ਰਦਰਸ਼ਨੀਆਂ ਬੱਚਿਆਂ ਵਿੱਚ ਆਤਮਵਿਸ਼ਵਾਸ, ਰਚਨਾਤਮਕਤਾ, ਵਿਗਿਆਨਕ ਸੋਚ ਅਤੇ ਨਵੀਨਤਾ ਦੀ ਭਾਵਨਾ ਨੂੰ ਵਧਾਉਂਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਪ੍ਰਭਾਵਸ਼ਾਲੀ ਪਲੇਟਫਾਰਮ ਪ੍ਰਦਾਨ ਕਰਦੇ ਹਨ।ਸਕੂਲ ਦੇ ਮੈਨੇਜਿੰਗ ਡਾਇਰੈਕਟਰ, ਪ੍ਰੋ. ਐਮ.ਐਲ. ਅਰੋੜਾ, ਡਾਇਰੈਕਟਰ ਡਾ. ਨੰਦਿਤਾ ਗਰੋਵਰ, ਪ੍ਰਿੰਸੀਪਲ ਸ਼੍ਰੀਮਤੀ ਕੰਚਨ, ਮੁੱਖ ਅਧਿਆਪਕਾ ਸ਼੍ਰੀਮਤੀ ਸੋਨੀਆ ਧਵਨ ਅਤੇ ਸ਼੍ਰੀਮਤੀ ਰਚਨਾ ਜਿੰਦਲ ਨੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਸਕੂਲ ਦਾ ਟੀਚਾ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਤੱਕ ਸੀਮਤ ਕਰਨਾ ਨਹੀਂ ਹੈ, ਸਗੋਂ ਉਨ੍ਹਾਂ ਨੂੰ ਵਿਹਾਰਕ ਸਿੱਖਿਆ, ਨਵੀਨਤਾ ਅਤੇ ਰਚਨਾਤਮਕ ਸੋਚ ਵਿੱਚ ਸ਼ਾਮਲ ਕਰਨਾ ਹੈ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਫਲ ਪ੍ਰੋਗਰਾਮ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਅਜਿਹੇ ਰਚਨਾਤਮਕ ਪ੍ਰੋਗਰਾਮਾਂ ਦਾ ਆਯੋਜਨ ਜਾਰੀ ਰੱਖਣ ਦੀ ਵਚਨਬੱਧਤਾ ਪ੍ਰਗਟ ਕੀਤੀ।ਵੱਡੀ ਗਿਣਤੀ ਵਿੱਚ ਮਾਪਿਆਂ ਅਤੇ ਦਰਸ਼ਕਾਂ ਨੇ ਪ੍ਰਦਰਸ਼ਨੀ ਵਿੱਚ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਸਕੂਲ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ।

# ਆਕਸਫੋਰਡ ਦੇ ਵਿਦਿਆਰਥੀਆਂ ਨੇ ਮਨਾਈ ਪਿਕਨਿਕ



ਭਗਤਾ ਭਾਈ ਕਾ, 26 ਜੁਲਾਈ (ਸਵਰਨ ਸਿੰਘ ਭਗਤਾ) :ਦ ਆਕਸਫੋਰਡ ਸਕੂਲ ਆਫ ਐਜੂਕੇਸ਼ਨ ਇੱਕ ਅਜਿਹੀ ਮਾਣਮੱਤੀ ਸੰਸਥਾ ਹੈ, ਜੋ ਬੱਚਿਆਂ ਦੀ ਬਹੁਪੱਖੀ ਅਗਵਾਈ ਕਰਨ ਲਈ ਹਰ ਭਰਪੂਰ ਯਤਨ ਕਰਦੀ ਹੈ, ਤਾਂ ਜੋ ਵਿਦਿਆਰਥੀਆਂ ਦਾ ਸਰਵ-ਪੱਖੀ ਵਿਕਾਸ ਹੋ ਸਕੇ।ਬੀਤੇ ਦਿਨੀਂ ਸਕੂਲ ਵਿੱਚ ਪ੍ਰੀ- ਨਰਸਰੀ ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ 'ਏ-ਰੋਜ਼ਾ ਪਿਕਨਿਕ' ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਾਟਰ ਪਾਰਕ ਅਤੇ ਝੂਲੇ ਸ਼ਾਮਿਲ ਕੀਤੇ ਗਏ। ਵਾਟਰ ਪਾਰਕ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਵਾਟਰ ਸਲਾਈਡਜ਼ ਸ਼ਾਮਿਲ ਸਨ,ਜੋ ਬੱਚਿਆਂ ਦਾ ਮਨ ਮੋਹ ਰਹੀਆਂ ਸਨ।ਇਸ ਤੋਂ ਇਲਾਵਾ ਬੱਚਿਆਂ ਲਈ ਰੇਨ-ਡਾਂਸ, ਕਈ ਤਰ੍ਹਾਂ ਦੇ ਝੂਲੇ, ਨਿਸ਼ਾਨਾ ਲਾਉਣ ਵਾਲੀ ਗੇਮ, ਆਦਿ ਗੇਮਾਂ ਵੀ ਸਨ, ਜਿਨ੍ਹਾਂ ਦਾ ਬੱਚਿਆਂ ਨੇ ਭਰਪੂਰ ਲੁਤਫ਼ ਉਠਾਇਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਕਿਹਾ ਕਿ ਇਸ ਸੰਸਥਾ ਵੱਲੋਂ ਹਮੇਸ਼ਾ ਅਜਿਹੀਆਂ ਕੋਸ਼ਿਸ਼ਾਂ ਕੀਤੀਆਂ ਜਾਂਦੀਆਂ ਹਨ ,ਜਿਨ੍ਹਾਂ ਦਾ ਵਿਦਿਆਰਥੀਆਂ ਨੂੰ ਬੌਧਿਕ ਲਾਭ ਹੋਵੇ।ਇਸ ਸਮੇਂ ਸਕੂਲ ਦੇ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਹਰਦੇਵ ਸਿੰਘ ਬਰਾੜ ,ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ) , ਪਰਮਪਾਲ ਸਿੰਘ ਸ਼ੈਰੀ (ਵਾਈਸ ਚੇਅਰਮੈਨ) ਅਤੇ ਰਮਨਦੀਪ ਸਿੰਘ ਅਤੇ ਸਾਰੇ ਕੁਆਰਡੀਨੇਟਰਜ਼ ਵੀ ਇਸ ਮੌਕੇ ਮੌਜੂਦ ਸਨ।

# ਰਾਸ਼ਨ ਕਾਰਡ ਤੋਂ ਵਾਂਝੇ ਯੋਗ ਪਰਿਵਾਰਾਂ ਲਈ ਨਵੇਂ ਕਾਰਡ ਬਣਾਉਣ ਦਾ ਪੋਰਟਲ ਮੁੜ ਖੁੱਲ੍ਹਿਆ

ਰਾਮਪੁਰਾ ਫੂਲ, 26 ਜੁਲਾਈ (ਮਨਮੋਹਨ ਗਰਗ) : ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਹਲਕਾ ਵਾਸੀਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਤੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਦੇ ਯਤਨਾਂ ਸਦਕਾ ਲੰਬੇ ਸਮੇਂ ਤੋਂ ਬੰਦ ਪਿਆ ਨਵੇਂ ਰਾਸ਼ਨ ਕਾਰਡ ਬਣਾਉਣ ਦਾ ਪੋਰਟਲ ਮੁੜ ਸ਼ੁਰੂ ਕਰ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਜਿਨ੍ਹਾਂ ਯੋਗ ਪਰਿਵਾਰਾਂ ਦੇ ਅਜੇ ਤੱਕ ਰਾਸ਼ਨ ਕਾਰਡ ਨਹੀਂ ਬਣੇ, ਉਹ ਇਸ ਮੌਕੇ ਦਾ ਲਾਭ ਉਠਾਉਂਦੇ ਹੋਏ ਬਿਨਾਂ ਦੇਰੀ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾਉਣ।ਵਿਧਾਇਕ ਸਿੱਧੂ ਨੇ ਦੱਸਿਆ ਕਿ ਨਵੇਂ ਰਾਸ਼ਨ ਕਾਰਡਾਂ ਲਈ ਅਰਜ਼ੀਆਂ ਸੇਵਾ ਕੇਂਦਰਾਂ, ਸੀਐਸਸੀ ਸੈਂਟਰਾਂ ਅਤੇ ਅਧਿਕਾਰਤ ਕੈਫਿਆਂ ਰਾਹੀਂ ਦਿੱਤੀਆਂ ਜਾ ਸਕਦੀਆਂ ਹਨ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਰਾਮਪੁਰਾ ਫੂਲ ਅਤੇ ਭਗਤਾ ਭਾਈਕਾ ਵਿਖੇ ਸਥਿਤ ਉਨ੍ਹਾਂ ਦੇ ਦਫ਼ਤਰਾਂ ਵਿੱਚ ਵੀ ਰਾਸ਼ਨ ਕਾਰਡ ਬਣਾਉਣ ਲਈ ਵਿਸ਼ੇਸ਼ ਸਹਾਇਤਾ ਡੈਸਕ ਸਥਾਪਤ ਕੀਤੀ ਗਈ ਹੈ।ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਦੱਸਿਆ ਕਿ ਅਰਜ਼ੀ ਦੇਣ ਸਮੇਂ ਪਰਿਵਾਰ ਦੇ ਸਾਰੇ ਮੈਂਬਰਾਂ ਦੇ ਆਧਾਰ ਕਾਰਡ, ਬਿਜਲੀ ਦਾ ਬਿੱਲ, ਐਲਪੀਜੀ (LPG) ਜਾਂ ਫੋਟੋ (ਜੇ ਉਪਲੱਬਧ ਹੋਵੇ), ਪਰਿਵਾਰ ਦੀ ਸਮੂਹਕ ਪਾਸਪੋਰਟ ਸਾਈਜ਼ ਫੋਟੋ ਅਤੇ ਲੋੜ ਅਨੁਸਾਰ ਆਮਦਨ ਸਰਟੀਫਿਕੇਟ ਨਾਲ ਲਿਆਉਣਾ ਲਾਜ਼ਮੀ ਹੈ।ਉਹਨਾਂ ਕਿਹਾ ਕਿ ਕਿਸੇ ਵੀ ਜਾਣਕਾਰੀ ਜਾਂ ਸਹਾਇਤਾ ਲਈ ਲੋਕ ਆਪਣੇ ਪਿੰਡ ਦੇ ਸਰਪੰਚ,ਵਾਰਡ ਇੰਚਾਰਜ ਜਾਂ ਰਾਮਪੁਰਾ ਫੂਲ ਅਤੇ ਭਗਤਾ ਭਾਈਕਾ ਵਿਖੇ ਸਥਿਤ ਸਾਡੇ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ।ਉਨ੍ਹਾਂ ਸਮੂਹ ਯੋਗ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਦਿੱਤੀ ਗਈ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਂਦੇ ਹੋਏ ਸਮੇਂ ਸਿਰ ਆਪਣੀਆਂ ਅਰਜ਼ੀਆਂ ਜ਼ਰੂਰ ਜਮ੍ਹਾਂ ਕਰਵਾਉਣ, ਤਾਂ ਜੋ ਕੋਈ ਵੀ ਹੱਕਦਾਰ ਪਰਿਵਾਰ ਰਾਸ਼ਨ ਕਾਰਡ ਦੀ ਸਹੂਲਤ ਤੋਂ ਵਾਂਝਾ ਨਾ ਰਹੇ।

# ਸੀਐਚਸੀ ਖਿਆਲਾ ਕਲਾਂ ਨੂੰ ਟਰੋਮਾ ਸੈਂਟਰ ਬਣਾਉਣ ਦੀ ਮੰਗ




ਮਾਨਸਾ, 26 ਜੁਲਾਈ (ਹਰਦੇਵ ਖਿਆਲਾ) : ਸੀਐਚਸੀ ਖਿਆਲਾ ਕਲਾਂ ਨੂੰ ਟਰੋਮਾ ਸੈਂਟਰ ਵਜੋਂ ਅਪਗ੍ਰੇਡ ਕਰਵਾਉਣ ਲਈ ਚੱਲ ਰਹੀ ਲੋਕ-ਹਿੱਤ ਮੁਹਿੰਮ ਨੂੰ ਉਸ ਵੇਲੇ ਹੋਰ ਮਜ਼ਬੂਤੀ ਮਿਲੀ ਜਦੋਂ ਸੁੱਖੀ ਖਿਆਲਾ ਦੀ ਅਪੀਲ ਤੇ ਐਡਵੋਕੇਟ ਖਿਡਾਰੀ ਸਵਰਨ ਸਿੰਘ ਵਿਰਕ ਖਿਆਲਾ ਕਲਾਂ ਪਹੁੰਚੇ ਅਤੇ ਇਸ ਜਾਇਜ਼ ਮੰਗ ਦਾ ਪੂਰਾ ਸਮਰਥਨ ਕੀਤਾ।ਇਸ ਮੌਕੇ ਗੱਲਬਾਤ ਕਰਦਿਆਂ ਸਵਰਨ ਸਿੰਘ ਵਿਰਕ ਨੇ ਕਿਹਾ ਕਿ ਖਿਆਲਾ ਕਲਾਂ ਅਤੇ ਆਲੇ-ਦੁਆਲੇ ਦੇ ਦਰਜਨਾਂ ਪਿੰਡਾਂ ਦੇ ਲੋਕ ਲੰਮੇ ਸਮੇਂ ਤੋਂ ਬਿਹਤਰ ਐਮਰਜੈਂਸੀ ਸਿਹਤ ਸਹੂਲਤਾਂ ਦੀ ਉਡੀਕ ਕਰ ਰਹੇ ਹਨ। ਇਲਾਕੇ ਵਿੱਚ ਵਾਪਰਨ ਵਾਲੇ ਸੜਕ ਹਾਦਸਿਆਂ ਅਤੇ ਹੋਰ ਐਮਰਜੈਂਸੀ ਹਾਲਾਤਾਂ ਦੌਰਾਨ ਮਰੀਜ਼ਾਂ ਨੂੰ ਦੂਰ-ਦੁਰਾਡੇ ਦੇ ਹਸਪਤਾਲਾਂ ਵਿੱਚ ਲਿਜਾਣਾ ਪੈਂਦਾ ਹੈ, ਜਿਸ ਕਾਰਨ ਕੀਮਤੀ ਸਮਾਂ ਬਰਬਾਦ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸੀਐਚਸੀ ਖਿਆਲਾ ਕਲਾਂ ਨੂੰ ਟਰੋਮਾ ਸੈਂਟਰ ਬਣਾਉਣਾ ਸਮੇਂ ਦੀ ਮੁੱਖ ਲੋੜ ਹੈ, ਜਿਸ ਨਾਲ ਹਜ਼ਾਰਾਂ ਲੋਕਾਂ ਦੀ ਜਾਨ ਬਚਾਉਣ ਵਿੱਚ ਮਦਦ ਮਿਲੇਗੀ।ਮੁਹਿੰਮ ਦੇ ਆਗੂ ਸੁੱਖੀ ਖਿਆਲਾ ਨੇ ਕਿਹਾ ਕਿ ਇਹ ਸੰਘਰਸ਼ ਕਿਸੇ ਇੱਕ ਵਿਅਕਤੀ ਜਾਂ ਸੰਸਥਾ ਦਾ ਨਹੀਂ, ਸਗੋਂ ਪੂਰੇ ਇਲਾਕੇ ਦੇ ਲੋਕਾਂ ਦੀ ਸਿਹਤ ਅਤੇ ਸੁਰੱਖਿਆ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਲੋਕਾਂ ਦੀ ਇਸ ਜਾਇਜ਼ ਮੰਗ ਨੂੰ ਤੁਰੰਤ ਮੰਨਦੇ ਹੋਏ ਸੀਐਚਸੀ ਖਿਆਲਾ ਕਲਾਂ ਨੂੰ ਟਰੋਮਾ ਸੈਂਟਰ ਵਜੋਂ ਅਪਗ੍ਰੇਡ ਕਰਨਾ ਚਾਹੀਦਾ ਹੈ ਅਤੇ ਇੱਥੇ ਮਾਹਿਰ ਡਾਕਟਰਾਂ, ਆਧੁਨਿਕ ਮੈਡੀਕਲ ਉਪਕਰਣਾਂ, ਐਂਬੂਲੈਂਸ ਸੇਵਾ ਅਤੇ 24 ਘੰਟੇ ਐਮਰਜੈਂਸੀ ਇਲਾਜ ਦੀ ਵਿਵਸਥਾ ਕੀਤੀ ਜਾਵੇ।ਸਵਰਨ ਸਿੰਘ ਵਿਰਕ ਅਤੇ ਸੁੱਖੀ ਖਿਆਲਾ ਨੇ ਖੇਤਰ ਦੀਆਂ ਸਮਾਜਿਕ, ਧਾਰਮਿਕ, ਕਿਸਾਨ, ਨੌਜਵਾਨ ਅਤੇ ਖੇਡ ਸੰਸਥਾਵਾਂ ਸਮੇਤ ਸਮੂਹ ਇਲਾਕਾ ਵਾਸੀਆਂ ਨੂੰ ਇਸ ਲੋਕ-ਭਲਾਈ ਮੁਹਿੰਮ ਨਾਲ ਜੁੜਨ ਦੀ ਅਪੀਲ ਕਰਦਿਆਂ ਕਿਹਾ ਕਿ ਇਕਜੁੱਟ ਹੋ ਕੇ ਕੀਤੇ ਯਤਨਾਂ ਨਾਲ ਹੀ ਲੋਕਾਂ ਦੀ ਇਹ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋ ਸਕਦੀ ਹੈ।ਇਸ ਮੌਕੇ ਹਾਜ਼ਰ ਸਰਪੰਚ ਪੰਚ ਪਤਵੰਤੇ ਵਿਅਕਤੀਆਂ ਅਤੇ ਜਥੇਬੰਦੀਆਂ ਤੇ ਸਮਾਜ ਸੇਵੀਆਂ ਨੇ ਵੀ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਖਿਆਲਾ ਕਲਾਂ ਦੇ ਸੀਐਚਸੀ ਨੂੰ ਜਲਦ ਤੋਂ ਜਲਦ ਟਰੋਮਾ ਸੈਂਟਰ ਦਾ ਦਰਜਾ ਦਿੱਤਾ ਜਾਵੇ ਤਾਂ ਜੋ ਖੇਤਰ ਦੇ ਲੋਕਾਂ ਨੂੰ ਸਮੇਂ ਸਿਰ ਮਿਆਰੀ ਐਮਰਜੈਂਸੀ ਸਿਹਤ ਸੇਵਾਵਾਂ ਉਪਲੱਬਧ ਹੋ ਸਕਣ।

# ਗਣਿਤ ਦੇ ਅਲਜਬਰੇ ਵਾਂਗ ਉਲਝੀ ਧੂਰੀ ਨਗਰ ਕੌਂਸਲ ਦੀ ਪ੍ਰਧਾਨਗੀ, ਵਿਕਾਸ ਠੱਪ




ਧੂਰੀ, 26 ਜੁਲਾਈ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਧੂਰੀ ਨਗਰ ਕੌਂਸਲ ਦੀ ਪ੍ਰਧਾਨਗੀ ਨੂੰ ਲੈ ਕੇ ਸੱਤਾਧਾਰੀ ਧਿਰ ਦੇ ਅੰਦਰੂਨੀ ਖਿੱਚੋਤਾਣ ਵਿੱਚ ਫਸਿਆ ਪੇਚ ਹੁਣ ਤੱਕ ਸੁਲਝਣ ਦਾ ਨਾਂ ਨਹੀਂ ਲੈ ਰਿਹਾ। ਹਾਲਾਂਕਿ ਚੋਣ ਨਤੀਜਿਆਂ ਨੂੰ ਆਏ ਚੋਖਾ ਸਮਾਂ ਬੀਤ ਚੁੱਕਾ ਹੈ, ਪਰ ਪ੍ਰਧਾਨਗੀ ਦੀ ਕੁਰਸੀ ਲਈ ਚੱਲ ਰਹੀ ਰੱਸਾਕਸ਼ੀ ਨੇ ਪੂਰੇ ਪ੍ਰਸ਼ਾਸਨਿਕ ਢਾਂਚੇ ਨੂੰ ਹਲੂਣ ਕੇ ਰੱਖ ਦਿੱਤਾ ਹੈ। ਆਮ ਆਦਮੀ ਪਾਰਟੀ ਨੇ 26 ਮਈ ਨੂੰ ਹੋਈਆਂ ਵੋਟਾਂ ਤੋਂ ਬਾਅਦ 29 ਮਈ ਦੇ ਆਏ ਨਤੀਜਿਆਂ ਵਿੱਚ 21 ਵਿੱਚੋਂ 19 ਸੀਟਾਂ 'ਤੇ ਹੂੰਝਾਫੇਰ ਜਿੱਤ ਦਰਜ ਕਰਕੇ ਬਹੁਮਤ ਤਾਂ ਹਾਸਲ ਕਰ ਲਿਆ ਸੀ, ਪਰ ਐਨੇ ਵੱਡੇ ਫ਼ਤਵੇ ਦੇ ਬਾਵਜੂਦ ਸਹਿਮਤੀ ਨਾ ਬਣਨਾ ਸਿਆਸੀ ਗਲਿਆਰਿਆਂ ਵਿੱਚ ਕਈ ਗੰਭੀਰ ਸਵਾਲ ਖੜ੍ਹੇ ਕਰਦਾ ਹੈ।ਨਗਰ ਕੌਂਸਲ ਦੇ ਮੁਖੀ ਦੀ ਚੋਣ ਨਿਰੰਤਰ ਲਟਕਣ ਕਰਕੇ ਸ਼ਹਿਰੀਆਂ ਵਿੱਚ ਭਾਰੀ ਨਿਰਾਸ਼ਾ ਅਤੇ ਮਾਯੂਸੀ ਦੀ ਲਹਿਰ ਫੈਲ ਚੁੱਕੀ ਹੈ। ਸ਼ਹਿਰ ਦੀਆਂ ਮੁੱਖ ਬੁਨਿਆਦੀ ਸਮੱਸਿਆਵਾਂ ਜਿਵੇਂ ਕਿ ਸਫ਼ਾਈ ਵਿਵਸਥਾ, ਸਟਰੀਟ ਲਾਈਟਾਂ ਦੀ ਮੁਰੰਮਤ, ਪੀਣ ਵਾਲੇ ਸਾਫ਼ ਪਾਣੀ ਦੀ ਨਿਯਮਤ ਸਪਲਾਈ ਅਤੇ ਗੰਦੇ ਪਾਣੀ ਦੀ ਨਿਕਾਸੀ ਦੇ ਪ੍ਰਬੰਧ ਬਿਨਾਂ ਕਿਸੇ ਠੋਸ ਅਗਵਾਈ ਦੇ ਰੁਲ ਰਹੇ ਹਨ। ਆਮ ਲੋਕਾਂ ਦਾ ਮੰਨਣਾ ਹੈ ਕਿ ਉਨ੍ਹਾਂ ਨੇ ਸਰਕਾਰ ਤੇ ਪੂਰਾ ਵਿਸ਼ਵਾਸ ਜਤਾਉਂਦਿਆਂ ਇੱਕਪਾਸੜ ਫ਼ਤਵਾ ਦਿੱਤਾ ਸੀ, ਪਰ ਹੁਣ ਆਗੂਆਂ ਦੀ ਨਿੱਜੀ ਖਿੱਚੋਤਾਣ ਅਤੇ ਪ੍ਰਧਾਨਗੀ ਦੇ ਮੁੱਦੇ ਕਾਰਨ ਸ਼ਹਿਰ ਦਾ ਵਿਕਾਸ ਪੂਰੀ ਤਰ੍ਹਾਂ ਲੀਹੋਂ ਲਹਿ ਕੇ ਖੜੋਤ ਦਾ ਸ਼ਿਕਾਰ ਹੋ ਗਿਆ ਹੈ।ਚਰਚਾਵਾਂ ਦਾ ਬਾਜ਼ਾਰ ਗਰਮ ਹੈ ਕਿ ਪਾਰਟੀ ਹਾਈਕਮਾਂਡ ਵੱਲੋਂ ਇੱਕ ਵਿਸ਼ੇਸ਼ ਨਿਗਰਾਨ ਭੇਜ ਕੇ ਸ਼ਹਿਰ ਦੀ ਅਸਲ ਸਥਿਤੀ ਅਤੇ ਕੌਂਸਲਰਾਂ ਦੀ ਅੰਦਰੂਨੀ ਰਾਏ ਸਬੰਧੀ ਗੁਪਤ ਰਿਪੋਰਟ ਵੀ ਤਿਆਰ ਕਰਵਾਈ ਗਈ ਹੈ। ਇਸ ਦੇ ਬਾਵਜੂਦ, ਪ੍ਰਧਾਨਗੀ ਦੇ ਸੰਭਾਵੀ ਦਾਅਵੇਦਾਰਾਂ ਦੀ ਆਪਸੀ ਖਿੱਚੋਤਾਣ ਅਤੇ ਸਿਆਸੀ ਇੱਛਾ-ਸ਼ਕਤੀ ਦੀ ਘਾਟ ਕਾਰਨ ਮਾਮਲਾ ਅਜੇ ਵੀ ਜਿਉਂ ਦਾ ਤਿਉਂ ਲਟਕ ਰਿਹਾ ਹੈ। ਪ੍ਰਸ਼ਾਸਨਿਕ ਅਧਿਕਾਰੀ ਵੀ ਬਿਨਾਂ ਚੁਣੇ ਹੋਏ ਨੁਮਾਇੰਦੇ ਦੀ ਹਾਜ਼ਰੀ ਤੋਂ ਕੋਈ ਵੀ ਵੱਡਾ ਨੀਤੀਗਤ ਫ਼ੈਸਲਾ ਲੈਣ ਤੋਂ ਝਿਜਕ ਰਹੇ ਹਨ, ਜਿਸ ਦਾ ਸਿੱਧਾ ਅਸਰ ਆਮ ਜਨਜੀਵਨ 'ਤੇ ਪੈ ਰਿਹਾ ਹੈ।ਸਥਾਨਕ ਦੁਕਾਨਦਾਰਾਂ ਅਤੇ ਵਪਾਰੀਆਂ ਦਾ ਕਹਿਣਾ ਹੈ ਕਿ ਬਰਸਾਤ ਦੇ ਮੌਸਮ ਵਿੱਚ ਸ਼ਹਿਰ ਦੇ ਮੁੱਖ ਬਾਜ਼ਾਰਾਂ ਅਤੇ ਨੀਵੇਂ ਇਲਾਕਿਆਂ ਵਿੱਚ ਜਲ-ਥਲ ਦੀ ਸਥਿਤੀ ਬਣ ਜਾਂਦੀ ਹੈ। ਲੋਕਾਂ ਦੀ ਪਾਰਟੀ ਹਾਈਕਮਾਂਡ ਅਤੇ ਸਥਾਨਕ ਲੀਡਰਸ਼ਿਪ ਤੋਂ ਪੁਰਜ਼ੋਰ ਮੰਗ ਹੈ ਕਿ ਗਣਿਤ ਦੇ ਅਲਜਬਰੇ ਵਾਂਗ ਉਲਝੀ ਧੂਰੀ ਨਗਰ ਕੌਂਸਲ ਦੀ ਪ੍ਰਧਾਨਗੀ ਦੇ ਮਸਲੇ ਨੂੰ ਜਲਦੀ ਸੁਲਝਾ ਕੇ ਨਗਰ ਕੌਂਸਲ ਦੇ ਪ੍ਰਧਾਨ ਦੀ ਚੋਣ ਨੂੰ ਅੰਤਿਮ ਛੋਹਾਂ ਦਿੱਤੀਆਂ ਜਾਣ, ਤਾਂ ਜੋ ਅਟਕੇ ਪਏ ਵਿਕਾਸ ਕਾਰਜਾਂ ਨੂੰ ਮੁੜ ਪਟਰੀ ਤੇ ਲਿਆਂਦਾ ਜਾ ਸਕੇ।

# ਪਾਵਰ ਕਾਰਪੋਰੇਸ਼ਨ ਦੇ ਕਰਮਚਾਰੀਆਂ ਨਾਲ ਸਰਕਾਰ ਗੱਲਬਾਤ ਲਈ ਤਿਆਰ : ਅਮਨ ਅਰੋੜਾ

ਸੁਨਾਮ ਊਧਮ ਸਿੰਘ ਵਾਲਾ, 26 ਜੁਲਾਈ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ) : ਪੰਜਾਬ ਆਮ ਆਦਮੀ ਪਾਰਟੀ (ਆਪ) ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਹੜਤਾਲ 'ਤੇ ਬੈਠੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਕਰਮਚਾਰੀਆਂ ਨੂੰ ਤੁਰੰਤ ਹੜਤਾਲ ਵਾਪਸ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਨਾਲ ਝੋਨੇ ਦੀ ਲਵਾਈ ਦੇ ਅਹਿਮ ਸੀਜ਼ਨ ਦੌਰਾਨ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਸੂਬੇ ਭਰ ਦੇ ਲਗਭਗ ਤਿੰਨ ਕਰੋੜ ਨਾਗਰਿਕਾਂ ਲਈ ਜ਼ਰੂਰੀ ਸੇਵਾਵਾਂ ਪ੍ਰਭਾਵਿਤ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਗੱਲਬਾਤ ਲਈ ਹਮੇਸ਼ਾ ਤਿਆਰ ਹੈ ਅਤੇ ਕਰਮਚਾਰੀ ਯੂਨੀਅਨਾਂ ਦੀ ਮੰਗ 'ਤੇ 25 ਦਿਨ ਪਹਿਲਾਂ ਗਠਿਤ ਕੀਤੀ ਗਈ ਇੱਕ ਉੱਚ ਪੱਧਰੀ ਕਮੇਟੀ ਪਹਿਲਾਂ ਹੀ ਉਨ੍ਹਾਂ ਦੀਆਂ ਲੰਬਿਤ ਮੰਗਾਂ 'ਤੇ ਵਿਚਾਰ ਕਰ ਰਹੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਕਮੇਟੀ ਦੀ ਹਰ ਜਾਇਜ਼ ਸਿਫਾਰਸ਼ ਨੂੰ ਸਰਕਾਰ ਵੱਲੋਂ ਪ੍ਰਵਾਨ ਕੀਤਾ ਜਾਵੇਗਾ।ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅੱਜ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ, ਪਾਵਰ ਕਾਰਪੋਰੇਸ਼ਨ ਦੇ ਕਰਮਚਾਰੀ 21 ਜੁਲਾਈ ਤੋਂ ਹੜਤਾਲ 'ਤੇ ਹਨ, ਜਿਸ ਕਾਰਨ ਪੰਜਾਬ ਦੇ ਲੋਕਾਂ, ਖਾਸ ਕਰਕੇ ਸਾਡੇ ਕਿਸਾਨਾਂ ਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

# ਕ੍ਰਿਸ਼ਨਾ ਕਾਲਜ ਰੱਲੀ ਵਿਖੇ ਲਗਾਏ ਖ਼ੂਨਦਾਨ ਕੈਂਪ ਵਿੱਚ 125 ਯੂਨਿਟ ਖ਼ੂਨ ਇਕੱਤਰ



ਬਰੇਟਾ, 26 ਜੁਲਾਈ (ਵਿਨੋਦ ਸਿੰਗਲਾ, ਨਰਿੰਦਰ ਬਾਂਸਲ) : ਡਿਪਟੀ ਕਮਿਸ਼ਨਰ ਮਾਨਸਾ ਸ਼੍ਰੀਮਤੀ ਨਵਜੋਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮਾਜਿਕ ਭਲਾਈ ਦੇ ਕੰਮਾਂ ਵਿੱਚ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਪਹਿਲ ਕਰਦੇ ਹੋਏ ਅੱਜ ਕ੍ਰਿਸ਼ਨਾ ਗਰੁੱਪ ਆਫ ਇੰਸਟੀਚਿਊਸ਼ਨਜ਼ ਵੱਲੋਂ ਨੇਕੀ ਫਾਊਂਡੇਸ਼ਨ ਬੁਢਲਾਡਾ, ਰੈੱਡ ਕਰਾਸ ਸੁਸਾਇਟੀ ਮਾਨਸਾ ਅਤੇ ਸਰਕਾਰੀ ਬਲੱਡ ਸੈਂਟਰ ਮਾਨਸਾ ਦੇ ਸਹਿਯੋਗ ਨਾਲ ਸਵੈ ਇੱਛੁਕ ਖ਼ੂਨਦਾਨ ਕੈਂਪ ਦਾ ਆਯੋਜਨ ਕ੍ਰਿਸ਼ਨਾ ਕਾਲਜ ਰੱਲੀ ਵਿਖੇ ਕੀਤਾ ਗਿਆ, ਜਿਸ ਵਿੱਚ ਸਮਾਜ ਸੇਵਾ ਦੀ ਭਾਵਨਾ ਨਾਲ ਪ੍ਰੇਰਿਤ ਵਿਦਿਆਰਥੀਆਂ, ਨੌਜਵਾਨਾਂ, ਸਮਾਜ ਸੇਵਕਾਂ, ਵੱਖ - ਵੱਖ ਵਰਗਾਂ ਦੇ ਲੋਕਾਂ ਅਤੇ ਕਾਲਜ਼ ਦੇ ਸਮੂਹ ਸਟਾਫ਼ ਵੱਲੋਂ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ ਗਿਆ। ਇਸ ਮੌਕੇ ਕ੍ਰਿਸ਼ਨਾ ਕਾਲਜ਼ ਰੱਲੀ ਦੇ ਮੈਨੇਜਿੰਗ ਡਾਇਰੈਕਟਰ ਕਮਲ ਸਿੰਗਲਾ, ਚੇਅਰਮੈਨ ਸ:ਸੁਖਵਿੰਦਰ ਸਿੰਘ ਚਹਿਲ ਅਤੇ ਪ੍ਰੀਤਇੰਦਰ ਸਿੰਘ ਚਹਿਲ, ਸਕੱਤਰ ਸੱਤਪਾਲ ਸਿੰਘ ਚਹਿਲ, ਪ੍ਰਧਾਨ ਡਾਕਟਰ ਵਿਜੇ ਸਿੰਗਲਾ ਅਤੇ ਰੈੱਡ ਕਰਾਸ ਸੁਸਾਇਟੀ ਮਾਨਸਾ ਦੇ ਸਕੱਤਰ ਉੱਤਮਪਾਲ ਸਿੰਘ ਦੁਆਰਾ ਸਭ ਨੂੰ ਖ਼ੂਨ ਦਾਨ ਕਰਨ ਦੀ ਮਹੱਤਤਾ ਬਾਰੇ ਦੱਸਿਆ ਗਿਆ। ਇਸਦੇ ਨਾਲ ਹੀ ਉਨ੍ਹਾਂ ਦੁਆਰਾ ਖ਼ੂਨਦਾਨ ਲਹਿਰ ਦੇ ਮੋਢੀ ਡਾਕਟਰ ਕਾਰਲ ਲੈਂਡਸਟੀਨਰ ਦੇ ਯੋਗਦਾਨ ਨੂੰ ਯਾਦ ਕੀਤਾ ਗਿਆ, ਜਿਨਾਂ ਨੇ ਸਭ ਤੋਂ ਪਹਿਲਾਂ ਮਨੁੱਖੀ ਬਲੱਡ ਗਰੁੱਪਾਂ ਦੀ ਖੋਜ ਕੀਤੀ ਸੀ, ਜਿਸ ਖੋਜ ਕਰਕੇ ਹੀ ਮਨੁੱਖੀ ਸਰੀਰ ਵਿੱਚ ਖ਼ੂਨ ਚੜ੍ਹਾਉਣ ਦੀ ਪ੍ਰਕਿਰਿਆ ਨੂੰ ਸੁਰੱਖਿਅਤ ਤੇ ਪ੍ਰਭਾਵਸ਼ਾਲੀ ਬਣਾਇਆ ਗਿਆ ਹੈ। ਇਸ ਤੋਂ ਇਲਾਵਾ ਉਨਾਂ ਦੁਆਰਾ ਇਹ ਵੀ ਦੱਸਿਆ ਗਿਆ ਕਿ ਖ਼ੂਨਦਾਨ ਇੱਕ ਮਹਾਨ ਦਾਨ ਹੈ ਅਤੇ ਅਸੀਂ ਖ਼ੂਨਦਾਨ ਕਰਕੇ ਮਨੁੱਖ ਦੀ ਜਾਨ ਬਚਾ ਸਕਦੇ ਹਾਂ, ਇਸ ਲਈ ਸਾਨੂੰ ਮਨੁੱਖਤਾ ਦੀ ਭਲਾਈ ਲਈ ਹਮੇਸ਼ਾ ਆਪਣਾ ਖ਼ੂਨ ਦਾਨ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ। ਉਹਨਾਂ ਨੇ ਕਾਲਜ ਦੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਨਿਯਮਿਤ ਤੌਰ ਤੇ ਉਤਸ਼ਾਹ ਨਾਲ ਖ਼ੂਨਦਾਨ ਕੈਂਪ ਵਿੱਚ ਆਪਣਾ ਯੋਗਦਾਨ ਦੇਣ। ਕਾਲਜ ਪ੍ਰਿੰਸੀਪਲ ਸ਼੍ਰੀ ਪ੍ਰਮੋਦ ਸਿੰਘ ਪਟਿਆਲਵੀ ਵੱਲੋਂ ਆਪਣਾ ਖ਼ੂਨਦਾਨ ਕਰਦੇ ਹੋਏ ਕੈਂਪ ਦਾ ਸ਼ੁਭ ਆਰੰਭ ਕੀਤਾ ਗਿਆ। ਇਸ ਕੈਂਪ ਦੌਰਾਨ ਲਗਭਗ 125 ਯੂਨਿਟ ਦਾਨ ਕਰਨ ਵਾਲੇ ਖ਼ੂਨਦਾਨੀਆਂ ਨੂੰ ਯਾਦ ਚਿੰਨ੍ਹ, ਸਨਮਾਨ ਪੱਤਰ ਅਤੇ ਬਲੱਡ ਡੋਨਰ ਕਾਰਡ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਮਾਨਵਤਾ ਦੇ ਭਲੇ ਲਈ ਉਹਨਾਂ ਦੇ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ ਗਈ। ਇਸ ਮੌਕੇ ਖ਼ੂਨਦਾਨੀਆਂ ਦੀ ਹੌਂਸਲਾ ਅਫਜ਼ਾਈ ਅਤੇ ਸੇਵਾ - ਸੰਭਾਲ ਲਈ ਨੇਕੀ ਫਾਉਂਡੇਸ਼ਨ ਬੁਢਲਾਡਾ ਅਤੇ ਕਾਲਜ ਦੇ ਸਮੂਹ ਸਟਾਫ਼ ਮੈਂਬਰ ਸਾਹਿਬਾਨਾਂ ਵੱਲੋਂ ਖ਼ੂਨਦਾਨੀਆਂ ਲਈ ਵਿਸ਼ੇਸ਼ ਤੌਰ 'ਤੇ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ।

# ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਬਖ਼ਸ਼ੇ ਨਹੀਂ ਜਾਣਗੇ: ਇੰਸਪੈਕਟਰ ਬਾਵਾ



ਧੂਰੀ, 26 ਜੁਲਾਈ (ਰਾਜੇਸ਼ਵਰ ਪਿੰਟੂ, ਅਮਨ ਗਰਗ) :ਥਾਣਾ ਸਿਟੀ ਧੂਰੀ ਦੇ ਮੁਖੀ ਇੰਸਪੈਕਟਰ ਰਮਨਦੀਪ ਸਿੰਘ ਬਾਵਾ ਨੇ ਸ਼ਹਿਰ ਦੀ ਆਵਾਜਾਈ ਨੂੰ ਸੁਚਾਰੂ ਅਤੇ ਸੁਰੱਖਿਅਤ ਬਣਾਉਣ ਲਈ ਗੱਲਬਾਤ ਦੌਰਾਨ ਸਖ਼ਤ ਰੁਖ ਅਖ਼ਤਿਆਰ ਕੀਤਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਪੁਲਿਸ ਪ੍ਰਸ਼ਾਸਨ ਸ਼ਹਿਰ ਵਿੱਚ ਟਰੈਫਿਕ ਵਿਵਸਥਾ ਨੂੰ ਬਿਹਤਰ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸ਼ਹਿਰ ਦੀਆਂ ਸੜਕਾਂ ਤੇ ਆਵਾਜਾਈ ਦੇ ਨਿਯਮਾਂ ਦੀ ਛਿੱਕੇ ਟੰਗ ਕੇ ਹੁੱਲੜਬਾਜ਼ੀ ਕਰਨ ਵਾਲਿਆਂ ਜਾਂ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਇੰਸਪੈਕਟਰ ਬਾਵਾ ਨੇ ਸ਼ਹਿਰ ਦੇ ਦੁਕਾਨਦਾਰਾਂ ਅਤੇ ਵਪਾਰੀਆਂ ਨੂੰ ਖਾਸ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੀਆਂ ਦੁਕਾਨਾਂ ਦੇ ਬਾਹਰ ਨਜਾਇਜ਼ ਕਬਜ਼ੇ ਨਾ ਕਰਨ। ਦੁਕਾਨਾਂ ਦਾ ਸਮਾਨ ਸੜਕਾਂ ਜਾਂ ਫੁੱਟਪਾਥਾਂ 'ਤੇ ਲਗਾਉਣ ਨਾਲ ਆਵਾਜਾਈ ਵਿੱਚ ਵੱਡੀ ਰੁਕਾਵਟ ਬਣਦੀ ਹੈ, ਜਿਸ ਨਾਲ ਰੋਜ਼ਾਨਾ ਜਾਮ ਦੀ ਸਥਿਤੀ ਪੈਦਾ ਹੁੰਦੀ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਸਮਾਨ ਬਾਹਰ ਰੱਖਣ ਵਾਲੇ ਦੁਕਾਨਦਾਰਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਇਸ ਦੇ ਨਾਲ ਹੀ ਉਨ੍ਹਾਂ ਮਾਪਿਆਂ ਨੂੰ ਵੀ ਗੰਭੀਰਤਾ ਨਾਲ ਵਿਚਾਰ ਕਰਨ ਲਈ ਕਿਹਾ ਕਿ ਉਹ ਆਪਣੇ ਨਬਾਲਗ ਬੱਚਿਆਂ ਨੂੰ ਵਾਹਨ ਚਲਾਉਣ ਲਈ ਨਾ ਦੇਣ। ਨਬਾਲਗ ਬੱਚਿਆਂ ਵੱਲੋਂ ਤੇਜ਼ ਰਫ਼ਤਾਰ ਨਾਲ ਵਾਹਨ ਚਲਾਉਣ ਕਰਕੇ ਅਕਸਰ ਭਿਆਨਕ ਹਾਦਸੇ ਵਾਪਰ ਜਾਂਦੇ ਹਨ, ਜਿਸ ਨਾਲ ਕੀਮਤੀ ਜਾਨਾਂ ਦਾ ਨੁਕਸਾਨ ਹੁੰਦਾ ਹੈ। ਜੇਕਰ ਕੋਈ ਨਬਾਲਗ ਵਾਹਨ ਚਲਾਉਂਦਾ ਫੜਿਆ ਗਿਆ ਤਾਂ ਉਸ ਦੇ ਮਾਪਿਆਂ ਵਿਰੁੱਧ ਵੀ ਬਣਦੀ ਕਾਰਵਾਈ ਕੀਤੀ ਜਾ ਸਕਦੀ ਹੈ।ਆਮ ਲੋਕਾਂ ਅਤੇ ਚਾਰ-ਪਹੀਆ ਵਾਹਨ ਚਾਲਕਾਂ ਨੂੰ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਕਾਰਾਂ ਅਤੇ ਹੋਰ ਗੱਡੀਆਂ ਨੂੰ ਸੜਕਾਂ ਦੇ ਵਿਚਕਾਰ ਖੜ੍ਹੀਆਂ ਕਰਨ ਦੀ ਬਜਾਏ ਨਿਸ਼ਚਿਤ ਪਾਰਕਿੰਗ ਥਾਵਾਂ ਤੇ ਹੀ ਪਾਰਕ ਕੀਤਾ ਜਾਵੇ। ਗਲਤ ਥਾਂ ਤੇ ਪਾਰਕ ਕੀਤੇ ਵਾਹਨਾਂ ਦੇ ਚਲਾਨ ਕੱਟੇ ਜਾਣਗੇ। ਉਨ੍ਹਾਂ ਸਮੂਹ ਸ਼ਹਿਰ ਵਾਸੀਆਂ ਤੋਂ ਸਹਿਯੋਗ ਦੀ ਮੰਗ ਕੀਤੀ ਤਾਂ ਜੋ ਧੂਰੀ ਸ਼ਹਿਰ ਨੂੰ ਟਰੈਫਿਕ ਮੁਕਤ ਅਤੇ ਸੁਰੱਖਿਅਤ ਬਣਾਇਆ ਜਾ ਸਕੇ।

# ਸੀ.ਆਈ.ਏ. ਸਟਾਫ ਵੱਲੋਂ ਚੋਰੀਸ਼ੁਦਾ ਮੋਟਰਸਾਈਕਲਾਂ ਸਮੇਤ 2 ਦੋਸ਼ੀ ਕਾਬੂ




ਸ੍ਰੀ ਮੁਕਤਸਰ ਸਾਹਿਬ, 26 ਜੁਲਾਈ (ਐਚ ਐਸ ਕਪੂਰ ) : ਪੰਜਾਬ ਸਰਕਾਰ ਅਤੇ ਡੀ.ਜੀ.ਪੀ. ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀਨੀਅਰ ਕਪਤਾਨ ਪੁਲਿਸ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐਸ. ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ, ਅਪਰਾਧਿਕ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੂੰ ਇੱਕ ਹੋਰ ਵੱਡੀ ਸਫਲਤਾ ਹਾਸਲ ਹੋਈ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਮਨਮੀਤ ਸਿੰਘ ਢਿੱਲੋਂ, ਐਸ.ਪੀ. (ਡੀ.) ਅਤੇ ਸ੍ਰੀ ਰਸ਼ਪਾਲ ਸਿੰਘ, ਡੀ.ਐਸ.ਪੀ. (ਡੀ.) ਨੇ ਦੱਸਿਆ ਕਿ ਉਨ੍ਹਾਂ ਦੀ ਨਿਗਰਾਨੀ ਹੇਠ ਸੀ.ਆਈ.ਏ. ਸਟਾਫ ਦੇ ਇੰਚਾਰਜ ਇੰਸਪੈਕਟਰ ਗੁਰਵਿੰਦਰ ਸਿੰਘ ਅਤੇ ਪੁਲਿਸ ਪਾਰਟੀ ਵੱਲੋਂ ਕੀਤੀ ਗਈ ਕਾਰਵਾਈ ਦੌਰਾਨ 2 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਕੁੱਲ 5 ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕੀਤੇ ਗਏ ਹਨ।ਪੁਲਿਸ ਨੂੰ ਪ੍ਰਾਪਤ ਹੋਈ ਗੁਪਤ ਸੂਚਨਾ ਦੇ ਆਧਾਰ 'ਤੇ ਮੁਕੱਦਮਾ ਨੰਬਰ 198 ਮਿਤੀ 24.07.2026 ਅਧੀਨ ਧਾਰਾ 303(2) ਬੀ.ਐਨ.ਐਸ. ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਵਿਖੇ ਦਰਜ ਕੀਤਾ ਗਿਆ। ਗ੍ਰਿਫ਼ਤਾਰੀ ਸਮੇਂ ਦੋਸ਼ੀਆਂ ਦੇ ਕਬਜ਼ੇ ਵਿਚੋਂ 1 ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕੀਤਾ ਗਿਆ। ਮੁੱਢਲੀ ਪੁੱਛਗਿੱਛ ਦੌਰਾਨ ਦੋਸ਼ੀਆਂ ਦੀ ਨਿਸ਼ਾਨਦੇਹੀ ਤੇ ਹੋਰ 4 ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕੀਤੇ ਗਏ। ਇਸ ਤਰ੍ਹਾਂ ਪੁਲਿਸ ਵੱਲੋਂ ਕੁੱਲ 5 ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ।ਮੁੱਢਲੀ ਪੁੱਛਗਿੱਛ ਦੌਰਾਨ ਦੋਸ਼ੀਆਂ ਨੇ ਖੁਲਾਸਾ ਕੀਤਾ ਕਿ ਉਹ ਸ੍ਰੀ ਮੁਕਤਸਰ ਸਾਹਿਬ ਦੇ ਵੱਖ-ਵੱਖ ਪਿੰਡਾਂ ਅਤੇ ਕਸਬਿਆਂ ਵਿੱਚੋਂ ਮੋਟਰਸਾਈਕਲ ਚੋਰੀ ਕਰਕੇ ਇੱਕ ਥਾਂ ਇਕੱਠੇ ਕਰਦੇ ਸਨ ਅਤੇ ਬਾਅਦ ਵਿੱਚ ਉਨ੍ਹਾਂ ਨੂੰ ਵੇਚ ਦਿੰਦੇ ਸਨ।ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ। ਮਾਮਲੇ ਦੀ ਤਫ਼ਤੀਸ਼ ਜਾਰੀ ਹੈ ਅਤੇ ਪੁਲਿਸ ਨੂੰ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਅਪਰਾਧਿਕ ਗਤੀਵਿਧੀਆਂ, ਵਾਹਨ ਚੋਰੀ, ਨਸ਼ਾ ਤਸਕਰੀ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਕਾਰਵਾਈ ਪੂਰੀ ਸਖ਼ਤੀ ਨਾਲ ਲਗਾਤਾਰ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਕਿਸੇ ਵੀ ਕੀਮਤ ਤੇ ਬਖ਼ਸ਼ਿਆ ਨਹੀਂ ਜਾਵੇਗਾ। ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਬਣਾਈ ਰੱਖਣਾ ਅਤੇ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਉਣਾ ਪੁਲਿਸ ਦੀ ਸਰਵੱਚ ਤਰਜੀਹ ਹੈ।

# ਬਿਜਲੀ ਮੁਲਾਜਮਾਂ ਦਾ ਰੋਸ ਪ੍ਰਦਰਸ਼ਨ ਜਾਰੀ



ਬਰੇਟਾ, 26 ਜੁਲਾਈ (ਨਰਿੰਦਰ ਬਾਂਸਲ, ਵਿਨੋਦ ਸਿੰਗਲਾ) : ਪੰਜਾਬ ਭਰ ਵਿੱਚ ਚੱਲ ਰਹੀ ਬਿਜਲੀ ਮੁਲਾਜ਼ਮਾਂ ਦੀ ਹੜਤਾਲ ਦੇ ਸਬੰਧ ਵਿੱਚ ਛੇਵੇਂ ਦਿਨ ਵੀ ਸਥਾਨਕ ਬਿਜਲੀ ਗਰਿੱਡ ਵਿਖੇ ਸਮੂਹ ਮੁਲਾਜ਼ਮਾਂ ਵੱਲੋਂ ਛੁੱਟੀ ਲੈ ਸਰਕਾਰ ਅਤੇ ਮੈਨੇਜਮੈਂਟ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਬੋਲਦਿਆਂ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਸਰਕਾਰ ਮੁਲਾਜ਼ਮਾਂ ਦੀ ਹੱਕੀ ਮੰਗਾਂ ਦਾ ਹੱਲ ਨਹੀ ਕਰ ਰਹੀ ਹੈ, ਜਿਸ ਕਾਰਨ ਉਹਨਾਂ ਨੂੰ ਇਹ ਰੋਸ ਪ੍ਰਦਰਸ਼ਨ ਪਿਛਲੇ 6 ਦਿਨਾਂ ਤੋਂ ਕਰਨਾ ਪੈ ਰਿਹਾ ਹੈ।ਉਹਨਾਂ ਕਿਹਾਕਿ ਜੇਕਰ ਜਲਦੀ ਉਹਨਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਸ਼ੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਤਰਸੇਮ ਸਿੰਘ, ਮੱਖਣ ਸਿੰਘ, ਗੁਰਦੀਪ ਸਿੰਘ, ਕੁਲਦੀਪ ਸਿੰਘ, ਬਲਵੀਰ ਸਿੰਘ, ਜਗਜੀਤ ਸਿੰਘ, ਜਸਵੀਰ ਸਿੰਘ, ਸੁਖਜਿੰਦਰ ਸਿੰਘ, ਕਿਸਾਨ ਆਗੂ ਤਰਸੇਮ ਸਿੰਘ ਚੱਕਅਲੀਸ਼ੇਰ, ਲੀਲਾ ਸਿੰਘ, ਦਸੌਂਦਾ ਸਿੰਘ ਬਹਾਦਰਪੁਰ ਦੇ ਸੰਬੋਧਨ ਕੀਤਾ।

# ਜ਼ਿਲ੍ਹਾ ਸੰਗਰੂਰ ਦੀ ਟਾਊਨ ਪਲਾਨਿੰਗ ਵਿਭਾਗ ਦੀ ਕਾਰਗੁਜ਼ਾਰੀ ਵੱਲ ਨਜ਼ਰ ਮਾਰਨ ਮੁੱਖ ਮੰਤਰੀ : ਬਾਂਸਲ ਤੇ ਸਿੰਗਲਾ



ਧੂਰੀ, 26 ਜੁਲਾਈ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਬਲਾਕ ਧੂਰੀ ਦੇ ਪ੍ਰਧਾਨ ਸ਼ਸ਼ੀ ਭੂਸ਼ਣ ਬਾਂਸਲ ਅਤੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਸਿੰਗਲਾ ਸ਼ੈਂਟੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਜ਼ਿਲ੍ਹਾ ਸੰਗਰੂਰ ਦੇ ਟਾਊਨ ਪਲਾਨਿੰਗ ਵਿਭਾਗ ਦੇ ਕੰਮਕਾਜ ਦੀ ਤੁਰੰਤ ਸਮੀਖਿਆ ਕੀਤੀ ਜਾਵੇ। ਉਦਯੋਗਿਕ ਆਗੂਆਂ ਨੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਇੱਕ ਪਾਸੇ ਤਾਂ ਮੁੱਖ ਮੰਤਰੀ ਪੰਜਾਬ ਸੂਬੇ ਵਿੱਚ ਨਿਵੇਸ਼ ਵਧਾਉਣ ਅਤੇ ਨਵੇਂ ਉਦਯੋਗ ਸਥਾਪਤ ਕਰਨ ਲਈ ਵੱਡੇ ਦਾਅਵੇ ਕਰ ਰਹੇ ਹਨ, ਪਰ ਦੂਜੇ ਪਾਸੇ ਪ੍ਰਸ਼ਾਸਨਿਕ ਸੁਸਤੀ ਅਤੇ ਵਿਭਾਗੀ ਅੜਿੱਕੇ ਇਨ੍ਹਾਂ ਕੋਸ਼ਿਸ਼ਾਂ 'ਤੇ ਪਾਣੀ ਫੇਰ ਰਹੇ ਹਨ।

ਬਾਂਸਲ ਅਤੇ ਸਿੰਗਲਾ ਨੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਕਈ ਸਨਅਤਕਾਰ ਪੰਜਾਬ ਵਿੱਚ ਆਪਣੇ ਨਵੇਂ ਪ੍ਰੋਜੈਕਟ ਲਗਾਉਣ ਅਤੇ ਕਰੋੜਾਂ ਰੁਪਏ ਦਾ ਨਿਵੇਸ਼ ਕਰਨ ਲਈ ਪੂਰੀ ਤਰ੍ਹਾਂ ਤਿਆਰ ਹਨ। ਪ੍ਰੰਤੂ, ਟਾਊਨ ਪਲਾਨਿੰਗ ਵਿਭਾਗ ਦੀ ਬੇਲੋੜੀ ਅਤੇ ਗੁੰਝਲਦਾਰ ਕਾਰਵਾਈ ਨਿਵੇਸ਼ਕਾਂ ਲਈ ਵੱਡੀ ਬੁਝਾਰਤ ਬਣੀ ਹੋਈ ਹੈ। ਇਸ ਤੋਂ ਵੀ ਵੱਧ ਮੰਦਭਾਗੀ ਗੱਲ ਇਹ ਹੈ ਕਿ ਵਿਭਾਗੀ ਅਧਿਕਾਰੀਆਂ ਦਾ ਅਸਹਿਯੋਗੀ ਵਰਤਾਅ ਉਦਯੋਗਪਤੀਆਂ ਦੇ ਹੌਸਲੇ ਪਸਤ ਕਰ ਰਿਹਾ ਹੈ। ਪ੍ਰਵਾਨਗੀਆਂ ਲੈਣ ਲਈ ਮਹੀਨਿਆਂ ਤੱਕ ਦਫ਼ਤਰਾਂ ਦੇ ਗੇੜੇ ਮਾਰਨੇ ਪੈਂਦੇ ਹਨ, ਜਿਸ ਨਾਲ ਸਮਾਂ ਅਤੇ ਪੈਸਾ ਦੋਵੇਂ ਬਰਬਾਦ ਹੁੰਦੇ ਹਨ।

ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਹਾਲਾਤ ਅਜਿਹੇ ਹੀ ਰਹੇ ਤਾਂ ਪੰਜਾਬ ਦਾ ਉਦਯੋਗਿਕ ਭਵਿੱਖ ਖ਼ਤਰੇ ਵਿੱਚ ਪੈ ਸਕਦਾ ਹੈ।

# ਚੇਅਰਮੈਨ ਮਾਨ ਨੇ ਸਿੱਖਿਆ ਕ੍ਰਾਂਤੀ ਤਹਿਤ ਵੱਖ-ਵੱਖ ਪਿੰਡਾਂ ਦੇ ਸਕੂਲਾਂ 'ਚ ਵਿਦਿਆਰਥੀਆ ਨੂੰ ਵੰਡੀਆਂ ਸਕੂਲ ਕਿੱਟਾਂ



ਭਗਤਾ ਭਾਈ ਕਾ/ਭਾਈਰੂਪਾ, 26 ਜੁਲਾਈ (ਸਵਰਨ ਸਿੰਘ ਭਗਤਾ):–ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਹਲਕਾ ਰਾਮਪੁਰਾ ਫੂਲ ਦੇ ਪਿੰਡ ਭਗਤਾ ਭਾਈਕਾ, ਅਕਲੀਆਂ ਕਲਾਂ ਅਤੇ ਭਾਈਰੂਪਾ ਵਿਖੇ ਚੇਅਰਮੈਨ ਮਾਰਕਫੈੱਡ ਪੰਜਾਬ ਇੰਦਰਜੀਤ ਸਿੰਘ ਮਾਨ ਨੇ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਬੱਚਿਆਂ ਨੂੰ ਸਕੂਲ ਕਿੱਟਾਂ ਵੰਡੀਆਂ।

ਇਸ ਮੌਕੇ ਮਾਰਕਫੈੱਡ ਪੰਜਾਬ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਇੰਦਰਜੀਤ ਸਿੰਘ ਮਾਨ ਨੇ ਵਿਦਿਆਰਥੀਆਂ ਨੂੰ ਮਨ ਲਾ ਕੇ ਪੜ੍ਹਾਈ ਕਰਨ ਅਤੇ ਉੱਚੇ ਟੀਚੇ ਨਿਰਧਾਰਤ ਕਰਕੇ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਚੇਅਰਮੈਨ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰ ਦਿੱਤੀ ਹੈ। ਆਧੁਨਿਕ ਬੁਨਿਆਦੀ ਢਾਂਚਾ, ਸਮਾਰਟ ਕਲਾਸਰੂਮ, ਲੋੜੀਂਦੀਆਂ ਸਹੂਲਤਾਂ ਅਤੇ ਵਿਦਿਆਰਥੀਆਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਕਾਰਨ ਅੱਜ ਸਰਕਾਰੀ ਸਕੂਲ ਕਈ ਪੱਖੋਂ ਨਿੱਜੀ ਸਕੂਲਾਂ ਨੂੰ ਵੀ ਮਾਤ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਹਰ ਬੱਚੇ ਨੂੰ ਮਿਆਰੀ ਅਤੇ ਬਰਾਬਰ ਦੀ ਸਿੱਖਿਆ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਤਜਰਬੇਕਾਰ ਅਧਿਆਪਕਾਂ ਦੀ ਮਿਹਨਤ, ਵਿਦਿਆਰਥੀਆਂ ਦੀ ਲਗਨ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਸਦਕਾ ਸਰਕਾਰੀ ਸਕੂਲਾਂ ਦੇ ਨਤੀਜੇ ਹਰ ਸਾਲ ਸ਼ਾਨਦਾਰ ਅਤੇ ਲੱਗਭੱਗ 100 ਫੀਸਦੀ ਰਹਿ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਭਵਿੱਖ ਵਿੱਚ ਵੀ ਸਿੱਖਿਆ ਖੇਤਰ ਨੂੰ ਹੋਰ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ। ਪਿੰਡ ਵਾਸੀਆਂ ਅਤੇ ਸਕੂਲ ਪ੍ਰਬੰਧਕਾਂ ਨੇ ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਨੂੰ ਦਿੱਤੀ ਜਾ ਰਹੀ ਤਰਜੀਹ ਨਾਲ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦਾ ਵਿਸ਼ਵਾਸ ਲਗਾਤਾਰ ਵੱਧ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਵੀ ਹਾਜ਼ਰ ਸਨ।

# ਪ੍ਰਿੰਸੀਪਲ ਦੀਪਕ ਬਾਂਸਲ ਦੇ ਯਤਨਾਂ ਸਦਕਾ ਉਦੇਕਰਨ ਸਕੂਲ ਦੀ ਬਣੀ ਵਿਲੱਖਣ ਪਛਾਣ



ਸ੍ਰੀ ਮੁਕਤਸਰ ਸਾਹਿਬ, 26 ਜੁਲਾਈ (ਐਂਸ ਐਸ ਕਹੂਰ) : ਪ੍ਰਿੰਸੀਪਲ ਦੀਪਕ ਬਾਂਸਲ ਦੀ ਯੋਗ ਅਗਵਾਈ ਹੇਠ ਉਦੇਕਰਨ ਸਕੂਲ ਨੇ ਬਣਾਈ ਵਿਲੱਖਣ ਪਛਾਣ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਕੀਤੀ ਭਰਪੂਰ ਸ਼ਲਾਘਾ

ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਉਦੇਕਰਨ ਵਿਖੇ ਸਿੱਖਿਆ ਵਿਭਾਗ ਵੱਲੋਂ ਸਕੂਲਾਂ ਵਿੱਚ ਚਲਾਏ ਜਾ ਰਹੇ ਮਾਈਂਡਫੁਲਨੈੱਸ ਪ੍ਰੋਗਰਾਮ ਤਹਿਤ ਇੱਕ ਵਿਸ਼ੇਸ਼ ਸੈਸ਼ਨ ਕਰਵਾਇਆ ਗਿਆ। ਇਸ ਮੌਕੇ ਮਾਣਯੋਗ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਰਜਿੰਦਰ ਸੋਨੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦਕਿ ਜ਼ਿਲ੍ਹਾ ਰਿਸੋਰਸ ਕੁਆਰਡੀਨੇਟਰ ਗੁਰਮੇਲ ਸਿੰਘ ਸਾਗੂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਪ੍ਰੋਗਰਾਮ ਵਿੱਚ ਸਕੂਲ ਦੇ ਪ੍ਰਿੰਸੀਪਲ ਦੀਪਕ ਬਾਂਸਲ, ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਭਾਗ ਲਿਆ। ਸ੍ਰੀਮਤੀ ਸਿਮਰਜੀਤ ਕੌਰ ਵੱਲੋਂ ਪ੍ਰੋਗਰਾਮ ਦਾ ਸੁਚੱਜੇ ਢੰਗ ਨਾਲ ਸੰਚਾਲਨ ਕੀਤਾ ਗਿਆ ਅਤੇ ਵਿਭਾਗੀ ਹਦਾਇਤਾਂ ਅਨੁਸਾਰ ਵਿਦਿਆਰਥੀਆਂ ਨੂੰ ਗਾਈਡਡ ਮੈਡੀਟੇਸ਼ਨ ਕਰਵਾਈ ਗਈ।

ਸਕੂਲ ਦੇ ਦੌਰੇ ਦੌਰਾਨ ਰਜਿੰਦਰ ਸੋਨੀ ਨੇ ਸਕੂਲ ਵਿੱਚ ਮਾਈਂਡਫੁਲਨੈੱਸ ਪ੍ਰੋਗਰਾਮ ਦੀ ਪ੍ਰਭਾਵਸ਼ਾਲੀ ਕਾਰਗੁਜ਼ਾਰੀ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਦੀ 100 ਫੀਸਦੀ ਯੂਨੀਫਾਰਮ, ਅਨੁਸ਼ਾਸਨ, ਵਿੱਦਿਅਕ ਵਾਤਾਵਰਨ, ਸਮੇਂ ਦੀ ਪਾਬੰਦੀ ਅਤੇ ਸਾਫ਼-ਸੁਥਰੀ ਪ੍ਰਸਤੁਤੀ ਦੀ ਵੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਸਮੂਹ ਵਿਦਿਆਰਥੀਆਂ ਵੱਲੋਂ ਨਿਯਮਾਂ ਅਨੁਸਾਰ ਯੂਨੀਫਾਰਮ, ਟਾਈ, ਬੈਲਟ, ਹਾਊਸ ਬੈਚ ਅਤੇ ਆਈ-ਕਾਰਡ ਧਾਰਨ ਕਰਨਾ ਸਕੂਲ ਦੇ ਉੱਚ ਅਨੁਸ਼ਾਸਨ ਅਤੇ ਪ੍ਰਬੰਧਕੀ ਸਮਰੱਥਾ ਦਾ ਪ੍ਰਤੀਕ ਹੈ।

# ਸਨਾਵਰ ਇੰਟਰਨੈਸ਼ਨਲ ਸਕੂਲ ਧੌਲਾ ਵਿਖੇ ਸ਼ਰਧਾ ਨਾਲ ਮਨਾਇਆ ਕਾਰਗਿਲ ਵਿਜਯ ਦਿਵਸ



ਬਰਨਾਲਾ, 26 ਜੁਲਾਈ (ਹਮੀਰ ਸਿੰਘ): ਸਨਾਵਰ ਇੰਟਰਨੈਸ਼ਨਲ ਸਕੂਲ, ਧੌਲਾ ਵਿਖੇ ਕਾਰਗਿਲ ਯੁੱਧ ਵਿੱਚ ਭਾਰਤ ਦੀ ਇਤਿਹਾਸਕ ਜਿੱਤ ਨੂੰ ਸਮਰਪਿਤ ਕਾਰਗਿਲ ਵਿਜੈ ਦਿਵਸ ਸ਼ਰਧਾ ਅਤੇ ਦੇਸ਼ਭਗਤੀ ਦੇ ਜਜ਼ਬੇ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਨਾਟਕ, ਭਾਸ਼ਣ, ਦੇਸ਼ਭਗਤੀ ਗੀਤ ਅਤੇ ਕਵਿਤਾਵਾਂ ਰਾਹੀਂ ਕਾਰਗਿਲ ਦੇ ਸ਼ਹੀਦ ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਮਾਗਮ ਵਿੱਚ ਸਕੂਲ ਦੀ ਮੈਨੇਜਮੈਂਟ, ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਬੱਲੀ, ਫਾਇਨਾਂਸ ਡਾਇਰੈਕਟਰ ਗੁਰਜੰਟ ਸਿੰਘ ਸਿੱਧੂ ਅਤੇ ਚੇਅਰਮੈਨ ਸੰਦੀਪ ਸਿੰਘ ਮਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਭਰਪੂਰ ਸ਼ਲਾਘਾ ਕੀਤੀ। ਸਕੂਲ ਦੇ ਪ੍ਰਿੰਸੀਪਲ ਰਕਿੰਦਰ ਸਿੰਘ ਭੱਲਾ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਵੀ ਸਰਗਰਮ ਭਾਗ ਲੈਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਅਜਿਹੇ ਸਮਾਗਮ ਬੱਚਿਆਂ ਵਿੱਚ ਦੇਸ਼ਭਗਤੀ ਅਤੇ ਅਨੁਸ਼ਾਸਨ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਸਮਾਗਮ ਦਾ ਸਮਾਪਨ ਵਿਦਿਆਰਥੀਆਂ ਵੱਲੋਂ ਰਾਸ਼ਟਰੀ ਗੀਤ ਦੀ ਪੇਸ਼ਕਾਰੀ ਨਾਲ ਹੋਇਆ।

# ਸ਼ਹੀਦ ਕਿਰਨਜੀਤ ਕੌਰ ਦਾ 29ਵਾਂ ਯਾਦਗਾਰੀ ਸਮਾਗਮ 12 ਅਗਸਤ ਨੂੰ



ਬਰਨਾਲਾ, 26 ਜੁਲਾਈ (ਬਘੇਲ ਸਿੰਘ ਧਾਲੀਵਾਲ) : ਸ਼ਹੀਦ ਕਿਰਨਜੀਤ ਕੌਰ ਮਹਿਲਕਲਾਂ ਦੇ 29ਵੇਂ ਯਾਦਗਾਰੀ ਸਮਾਗਮ ਨੂੰ 12 ਅਗਸਤ ਨੂੰ ਦਾਣਾ ਮੰਡੀ ਮਹਿਲਕਲਾਂ ਵਿਖੇ ਮਨਾਉਣ ਸਬੰਧੀ ਤਿਆਰੀਆਂ ਲਈ ਤਰਕਸ਼ੀਲ ਭਵਨ ਬਰਨਾਲਾ ਵਿਖੇ ਸਿਆਸੀ ਚੇਤੰਨ ਕਾਰਕੁੰਨਾਂ ਦੀ ਵਿਚਾਰ-ਚਰਚਾ ਹੋਈ। ਡਾ. ਰਜਿੰਦਰ ਪਾਲ ਨੇ ਕਿਹਾ ਕਿ ਮਹਿਲਕਲਾਂ ਲੋਕ ਘੋਲ ਲੋਕਾਂ ਦੀ ਸਰਗਰਮ ਸ਼ਮੂਲੀਅਤ ਨਾਲ 29ਵੇਂ ਸਾਲ ਵਿੱਚ ਦਾਖਲ ਹੋ ਚੁੱਕਾ ਹੈ ਅਤੇ ਵਿਗਿਆਨਕ ਵਿਚਾਰਧਾਰਾ ਦੇ ਆਧਾਰ 'ਤੇ ਅੱਗੇ ਵੱਧ ਰਿਹਾ ਹੈ। ਵਿਚਾਰ-ਚਰਚਾ ਦੌਰਾਨ ਮਨਜੀਤ ਧਨੇਰ, ਗੁਰਮੀਤ ਸੁਖਪੁਰਾ, ਜਗਰਾਜ ਹਰਦਾਸਪੁਰਾ, ਅਮਰਜੀਤ ਕੌਰ ਅਤੇ ਨਰਾਇਣ ਦੱਤ ਨੇ ਦੇਸ਼ ਅਤੇ ਵਿਸ਼ਵ ਪੱਧਰ 'ਤੇ ਔਰਤਾਂ ਅਤੇ ਬੱਚੀਆਂ ਖ਼ਿਲਾਫ਼ ਹੋ ਰਹੇ ਅੱਤਿਆਚਾਰਾਂ 'ਤੇ ਚਿੰਤਾ ਪ੍ਰਗਟ ਕੀਤੀ। ਕੁਲਵੀਰ ਸਿੰਘ ਔਲਖ, ਡਾ. ਅਮਰਜੀਤ ਸਿੰਘ ਕਾਲਸਾਂ ਅਤੇ ਸਤਿੰਦਰਪਾਲ ਸਿੰਘ ਜੱਸੜ ਨੇ ਬੱਬਰ ਅਕਾਲੀ ਲਹਿਰ ਦੇ ਸ਼ਤਾਬਦੀ ਵਰ੍ਹੇ ਮੌਕੇ ਇਸ ਦੇ ਜੁਝਾਰੂ ਵਿਰਸੇ ਨੂੰ ਉਭਾਰਨ ਅਤੇ ਮੀਨਾਬ (ਇਰਾਨ) ਵਿੱਚ ਮਾਰੀਆਂ ਗਈਆਂ ਬੱਚੀਆਂ ਤੇ ਅਧਿਆਪਕਾਵਾਂ ਨੂੰ ਸਮਾਗਮ ਸਮਰਪਿਤ ਕਰਨ ਦਾ ਫ਼ੈਸਲਾ ਦੱਸਿਆ। ਪਰਮਜੀਤ ਕੌਰ ਸ਼ਹਿਣਾ, ਗੁਰਦੇਵ ਸਿੰਘ ਮਾਂਗੇਵਾਲ, ਗੁਰਮੇਲ ਸਿੰਘ ਠੁੱਲੀਵਾਲ, ਪ੍ਰੇਮ ਪਾਲ ਕੌਰ, ਨਾਨਕ ਸਿੰਘ ਅਮਲਾ ਸਿੰਘ ਵਾਲਾ, ਪਰਮਜੀਤ ਕੌਰ ਜੋਧਪੁਰ, ਯਾਦਵਿੰਦਰ ਠੀਕਰੀਵਾਲ, ਪਿਸ਼ੌਰਾ ਸਿੰਘ ਹਮੀਦੀ, ਗੁਰਜੰਟ ਸਿੰਘ ਹਮੀਦੀ ਅਤੇ ਅਜਮੇਰ ਸਿੰਘ ਕਾਲਸਾਂ ਨੇ 27 ਜੁਲਾਈ ਨੂੰ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ, ਮਹਿਲਕਲਾਂ ਵਿਖੇ ਹੋਣ ਵਾਲੀ ਯਾਦਗਾਰ ਕਮੇਟੀ ਦੀ ਮੀਟਿੰਗ ਵਿੱਚ ਸਮੂਹ ਪਿੰਡ ਇਕਾਈਆਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ। ਸਮਾਗਮ ਦੀ ਕਾਰਵਾਈ ਸੁਖਵਿੰਦਰ ਠੀਕਰੀਵਾਲਾ ਨੇ ਸਟੇਜ ਸਕੱਤਰ ਵਜੋਂ ਚਲਾਈ।

# ਸ.ਫ਼ਾਈ ਸੇਵਕਾਂ 'ਤੇ ਲਾਠੀਚਾਰਜ ਮਾਮਲੇ 'ਚ ਐਸ.ਸੀ. ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਕੀਤਾ ਹਸਪਤਾਲ ਦਾ ਦੌਰਾ



ਬਰਨਾਲਾ, 26 ਜੁਲਾਈ (ਬਘੇਲ ਸਿੰਘ ਧਾਲੀਵਾਲ) : ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਅੱਜ ਸਿਵਲ ਹਸਪਤਾਲ ਬਰਨਾਲਾ ਵਿਖੇ ਲਾਠੀਚਾਰਜ ਦੌਰਾਨ ਜ਼ਖ਼ਮੀ ਹੋਏ ਸਫ਼ਾਈ ਸੇਵਕਾਂ ਦਾ ਹਾਲ-ਚਾਲ ਜਾਣਿਆ ਅਤੇ ਉਨ੍ਹਾਂ ਦੀਆਂ ਮੈਡੀਕਲ ਰਿਪੋਰਟਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ 22 ਜੁਲਾਈ ਨੂੰ ਵਾਪਰੀ ਇਸ ਘਟਨਾ ਦਾ ਕਮਿਸ਼ਨ ਨੇ ਸੁਓ ਮੋਟੋ ਨੋਟਿਸ ਲੈਂਦਿਆਂ 28 ਜੁਲਾਈ ਨੂੰ ਬਰਨਾਲਾ ਪੁਲਿਸ ਤੋਂ ਵਿਸਥਾਰਤ ਰਿਪੋਰਟ ਤਲਬ ਕੀਤੀ ਹੈ। ਉਨ੍ਹਾਂ ਕਿਹਾ ਕਿ ਸਾਰੇ ਤੱਥਾਂ ਦੀ ਜਾਂਚ ਮਗਰੋਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਪੀੜਤ ਸਫ਼ਾਈ ਕਰਮਚਾਰੀਆਂ ਨੂੰ ਪੂਰਾ ਇਨਸਾਫ਼ ਦਿਵਾਇਆ ਜਾਵੇਗਾ। ਚੇਅਰਮੈਨ ਗੜ੍ਹੀ ਨੇ ਕਿਹਾ ਕਿ ਸਫ਼ਾਈ ਸੇਵਕ ਸਮਾਜ ਦੀ ਬਹੁਤ ਮਹੱਤਵਪੂਰਨ ਸੇਵਾ ਨਿਭਾਉਂਦੇ ਹਨ ਅਤੇ ਉਨ੍ਹਾਂ ਨਾਲ ਕਿਸੇ ਵੀ ਤਰ੍ਹਾਂ ਦਾ ਜਬਰ-ਜ਼ੁਲਮ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਨਿਰਦੇਸ਼ ਦਿੱਤੇ ਕਿ ਹਸਪਤਾਲ ਵਿੱਚ ਦਾਖ਼ਲ ਜ਼ਖ਼ਮੀ ਕਰਮਚਾਰੀਆਂ ਦੇ ਇਲਾਜ ਵਿੱਚ ਕੋਈ ਕਮੀ ਨਾ ਰਹੇ ਅਤੇ ਉਨ੍ਹਾਂ ਨੂੰ ਹਰ ਤਰ੍ਹਾਂ ਦੀ ਮੁਫ਼ਤ ਸਿਹਤ ਸਹੂਲਤ ਮੁਹੱਈਆ ਕਰਵਾਈ ਜਾਵੇ। ਇਸ ਤੋਂ ਪਹਿਲਾਂ ਜਸਵੀਰ ਸਿੰਘ ਗੜ੍ਹੀ ਨੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਰੁਪਿੰਦਰ ਸਿੰਘ ਸੀਤਲ ਦੀ ਰਿਹਾਇਸ਼ 'ਤੇ ਕਮਿਸ਼ਨ ਮੈਂਬਰਾਂ ਨਾਲ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਗੁਲਜ਼ਾਰ ਸਿੰਘ ਅਤੇ ਗੁਰਪ੍ਰੀਤ ਸਿੰਘ ਵੀ ਹਾਜ਼ਰ ਰਹੇ। ਹਸਪਤਾਲ ਵਿੱਚ ਸਫ਼ਾਈ ਸੇਵਕ ਯੂਨੀਅਨ ਦੇ ਪ੍ਰਧਾਨ ਗੁਲਸ਼ਨ ਕੁਮਾਰ ਨੇ ਵੀ ਚੇਅਰਮੈਨ ਨੂੰ ਜ਼ਖ਼ਮੀ ਕਰਮਚਾਰੀਆਂ ਦੀ ਸਥਿਤੀ ਬਾਰੇ ਜਾਣੂ ਕਰਵਾਇਆ। ਚੇਅਰਮੈਨ ਗੜ੍ਹੀ ਨੇ ਕਿਹਾ ਕਿ ਅਨੁਸੂਚਿਤ ਜਾਤੀਆਂ ਨਾਲ ਜੁੜੇ ਕਿਸੇ ਵੀ ਅੱਤਿਆਚਾਰ ਦੇ ਮਾਮਲੇ ਨੂੰ ਕਮਿਸ਼ਨ ਪੂਰੀ ਸੰਵੇਦਨਸ਼ੀਲਤਾ ਨਾਲ ਸੁਣੇਗਾ ਅਤੇ ਬਿਨਾਂ ਕਿਸੇ ਦੇਰੀ ਦੇ ਇਨਸਾਫ਼ ਯਕੀਨੀ ਬਣਾਇਆ ਜਾਵੇਗਾ।

# ਪੰਜਾਬ ਸਰਕਾਰ ਵੱਲੋਂ ਡਿਜੀਟਲਾਈਜ਼ਡ ਜਨਮ ਸਰਟੀਫ਼ਿਕੇਟ ਅਪਡੇਟ ਕਰਨ ਦੀ ਮਿਆਦ ਵਿੱਚ ਵਾਧਾ



ਬਰਨਾਲਾ, 26 ਜੁਲਾਈ (ਸੁਖਵਿੰਦਰ ਸਿੰਘ ਭੰਡਾਰੀ) : ਪੰਜਾਬ ਸਰਕਾਰ ਨੇ ਵਿਦਿਆਰਥੀਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਡਿਜੀਟਾਈਜ਼ਡ ਜਨਮ ਸਰਟੀਫ਼ਿਕੇਟ ਅਪਡੇਟ ਕਰਨ ਦੀ ਮਿਆਦ ਵਿੱਚ ਵਾਧਾ ਕਰਨ ਦਾ ਫ਼ੈਸਲਾ ਕੀਤਾ ਹੈ। ਨਵੇਂ ਫੈਸਲੇ ਅਨੁਸਾਰ 8ਵੀਂ ਜਮਾਤ ਦੇ ਵਿਦਿਆਰਥੀ ਹੁਣ 30 ਅਕਤੂਬਰ 2026 ਤੱਕ ਆਪਣੇ ਡਿਜੀਟਲਾਈਜ਼ਡ ਜਨਮ ਸਰਟੀਫ਼ਿਕੇਟ ਅਪਡੇਟ ਕਰਵਾ ਸਕਣਗੇ। ਇਸੇ ਤਰ੍ਹਾਂ 9ਵੀਂ ਅਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਇਹ ਪ੍ਰਕਿਰਿਆ ਪੂਰੀ ਕਰਨ ਲਈ ਅਗਲੇ ਸੈਸ਼ਨ ਤੱਕ ਦਾ ਸਮਾਂ ਦਿੱਤਾ ਗਿਆ ਹੈ। ਪੰਜਾਬ ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਦਫ਼ਤਰੀ ਕਾਰਵਾਈ ਕਾਰਨ ਕਿਸੇ ਵੀ ਵਿਦਿਆਰਥੀ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ। ਇਸ ਫ਼ੈਸਲੇ ਦਾ ਸਵਾਗਤ ਕਰਦਿਆਂ ਬਸਾਵਾ ਸਿੰਘ ਭਰੀ, ਚੇਅਰਮੈਨ, ਰਾਮਗੜ੍ਹੀਆ ਵੈਲਫੇਅਰ ਬੋਰਡ, ਬਰਨਾਲਾ ਨੇ ਪੰਜਾਬ ਦੇ ਮੁੱਖ ਮੰਤਰੀ ਮਾਨ, ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਅਤੇ ਹਲਕਾ ਇੰਚਾਰਜ ਹਰਿੰਦਰ ਧਾਲੀਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਫ਼ੈਸਲਾ ਹਜ਼ਾਰਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਵੱਡੀ ਰਾਹਤ ਸਾਬਤ ਹੋਵੇਗਾ।

# ਐਮ.ਟੀ.ਐਸ. ਦੇ ਸਾਬਕਾ ਵਿਦਿਆਰਥੀ ਤੋਸ਼ਿਤ ਕਪਿਲਾ ਨੇ ਕਾਮਨ ਲਾਅ ਐਡਮਿਸ਼ਨ ਟੈਸਟ ਵਿੱਚ ਐਨ.ਯੂ.ਜੇ.ਐਸ. ਕੋਲਕਾਤਾ ਵਿੱਚ ਬਣਾਈ ਥਾਂ



ਬਰਨਾਲਾ, 26 ਜੁਲਾਈ (ਹਮੀਰ ਸਿੰਘ) : ਮਦਰ ਟੀਚਰ ਸਕੂਲ (ਐਮਟੀਐਸ), ਬਰਨਾਲਾ ਦੇ ਸਾਬਕਾ ਵਿਦਿਆਰਥੀ ਤੋਸ਼ਿਤ ਕਪਿਲਾ ਨੇ ਕਾਮਨ ਲਾਅ ਐਡਮਿਸ਼ਨ ਟੈਸਟ – 2026 ਵਿੱਚ ਆਲ ਇੰਡੀਆ ਰੈਂਕ (AIR) 599 ਹਾਸਲ ਕਰਕੇ ਇੱਕ ਹੋਰ ਵੱਡੀ ਅਕਾਦਮਿਕ ਉਪਲੱਬਧੀ ਆਪਣੇ ਨਾਮ ਕੀਤੀ ਹੈ। ਇਸ ਸ਼ਾਨਦਾਰ ਸਫਲਤਾ ਦੇ ਆਧਾਰ 'ਤੇ ਤੋਸ਼ਿਤ ਨੇ ਦੇਸ਼ ਦੀਆਂ ਪ੍ਰਮੁੱਖ ਕਾਨੂੰਨ ਯੂਨੀਵਰਸਿਟੀਆਂ ਵਿੱਚੋਂ ਇੱਕ ਦਿ ਵੈਸਟ ਬੰਗਾਲ ਨੈਸ਼ਨਲ ਯੂਨੀਵਰਸਿਟੀ ਆਫ਼ ਜਿਊਰਿਡਿਕਲ ਸਾਇੰਸਿਜ਼ ਐਨ.ਯੂ.ਜੇ.ਐਸ., ਕੋਲਕਾਤਾ ਵਿੱਚ ਬੀ.ਐਸ.ਸੀ. ਐਲ.ਐਲ.ਬੀ. ਕੋਰਸ ਲਈ ਦਾਖਲਾ ਪ੍ਰਾਪਤ ਕੀਤਾ ਹੈ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ, ਪ੍ਰਿੰਸੀਪਲ, ਅਧਿਆਪਕਾਂ ਅਤੇ ਸਮੂਹ ਸਟਾਫ਼ ਨੇ ਤੋਸ਼ਿਤ ਕਪਿਲਾ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਉਸ ਦੀ ਲਗਨ, ਅਨੁਸ਼ਾਸਨ ਅਤੇ ਨਿਰੰਤਰ ਮਿਹਨਤ ਨੇ ਨਾ ਸਿਰਫ਼ ਉਸ ਦੇ ਪਰਿਵਾਰ, ਸਗੋਂ ਪੂਰੇ ਐਮਟੀਐਸ ਪਰਿਵਾਰ ਦਾ ਮਾਣ ਵਧਾਇਆ ਹੈ। ਪ੍ਰਿੰਸੀਪਲ ਨੇ ਕਿਹਾ ਕਿ ਤੋਸ਼ਿਤ ਦੀ ਇਹ ਉਪਲੱਬਧੀ ਸਕੂਲ ਦੇ ਉਨ੍ਹਾਂ ਸਿੱਖਿਆਕ ਮੁੱਲਾਂ ਦੀ ਝਲਕ ਹੈ, ਜੋ ਵਿਦਿਆਰਥੀਆਂ ਨੂੰ ਉੱਚੇ ਟੀਚੇ ਨਿਰਧਾਰਤ ਕਰਨ ਅਤੇ ਉਨ੍ਹਾਂ ਨੂੰ ਹਾਸਲ ਕਰਨ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਕਿਹਾ ਕਿ ਪਿਛਲੇ 26 ਸਾਲਾਂ ਤੋਂ ਮਦਰ ਟੀਚਰ ਸਕੂਲ ਅਕਾਦਮਿਕ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਾ ਆ ਰਿਹਾ ਹੈ ਅਤੇ ਰਾਸ਼ਟਰੀ ਪੱਧਰ ਦੀਆਂ ਵੱਖ-ਵੱਖ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਸਫਲ ਵਿਦਿਆਰਥੀ ਤਿਆਰ ਕਰਕੇ ਸੰਸਥਾ ਦਾ ਨਾਮ ਰੌਸ਼ਨ ਕਰ ਰਿਹਾ ਹੈ। ਸਮੂਹ ਸਕੂਲ ਪਰਿਵਾਰ ਨੇ ਤੋਸ਼ਿਤ ਕਪਿਲਾ ਨੂੰ ਉਸ ਦੇ ਉੱਜਵਲ ਭਵਿੱਖ ਅਤੇ ਆਉਣ ਵਾਲੀਆਂ ਹੋਰ ਵੱਡੀਆਂ ਕਾਮਯਾਬੀਆਂ ਲਈ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ।

# ਪ੍ਰੇਰਨਾਦਾਇਕ ਫ਼ਿਲਮ ਰਾਹੀਂ ਬੱਚਿਆਂ ਵਿੱਚ ਜਗਾਈ ਦੇਸ਼ਭਗਤੀ ਦੀ ਭਾਵਨਾ




ਬਰਨਾਲਾ, 26 ਜੁਲਾਈ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਵਿਖੇ ਕਾਰਗਿਲ ਵਿਜੈ ਦਿਵਸ ਸ਼ਰਧਾ, ਮਾਣ ਅਤੇ ਦੇਸ਼ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਕਾਰਗਿਲ ਯੁੱਧ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਕਾਰਗਿਲ ਯੁੱਧ 'ਤੇ ਆਧਾਰਿਤ ਇੱਕ ਪ੍ਰੇਰਨਾਦਾਇਕ ਫ਼ਿਲਮ ਦਿਖਾਈ ਗਈ। ਫ਼ਿਲਮ ਰਾਹੀਂ ਬੱਚਿਆਂ ਨੇ ਭਾਰਤੀ ਫੌਜ ਦੇ ਜਾਂਬਾਜ਼ ਜਵਾਨਾਂ ਦੀ ਬਹਾਦਰੀ, ਦੇਸ਼ ਪ੍ਰਤੀ ਸਮਰਪਣ ਅਤੇ ਅਦੁੱਤੀ ਕੁਰਬਾਨੀ ਨੂੰ ਨੇੜਿਓਂ ਜਾਣਿਆ। ਸਕੂਲ ਦੇ ਮੁੱਖ ਅਧਿਆਪਕ ਅਸ਼ਵਨੀ ਕੁਮਾਰ ਨੇ ਦੱਸਿਆ ਕਿ ਹਰ ਸਾਲ 26 ਜੁਲਾਈ ਨੂੰ ਕਾਰਗਿਲ ਵਿਜੈ ਦਿਵਸ ਮਨਾਇਆ ਜਾਂਦਾ ਹੈ। ਸਾਲ 1999 ਵਿੱਚ ਭਾਰਤੀ ਫੌਜ ਨੇ ਕਾਰਗਿਲ ਅਤੇ ਦਰਾਸ ਦੀਆਂ ਬਰਫ਼ੀਲੀਆਂ ਪਹਾੜੀਆਂ 'ਤੇ ਦੁਸ਼ਮਣ ਨੂੰ ਹਰਾ ਕੇ ਤਿਰੰਗਾ ਲਹਿਰਾਇਆ ਅਤੇ ਇਤਿਹਾਸਕ ਜਿੱਤ ਹਾਸਲ ਕੀਤੀ। ਇਹ ਦਿਨ ਉਨ੍ਹਾਂ ਅਮਰ ਸ਼ਹੀਦਾਂ ਦੀ ਬਹਾਦਰੀ ਅਤੇ ਬਲਿਦਾਨ ਨੂੰ ਨਮਨ ਕਰਨ ਦਾ ਦਿਨ ਹੈ, ਜਿਨ੍ਹਾਂ ਨੇ ਦੇਸ਼ ਦੀ ਰੱਖਿਆ ਲਈ ਆਪਣੇ ਪ੍ਰਾਣ ਨਿਛਾਵਰ ਕਰ ਦਿੱਤੇ। ਅਧਿਆਪਕ ਜਗਸੀਰ ਸਿੰਘ ਅਤੇ ਗੁਰਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਦੇਸ਼ ਪ੍ਰੇਮ, ਅਨੁਸ਼ਾਸਨ ਅਤੇ ਰਾਸ਼ਟਰ ਸੇਵਾ ਦੀ ਭਾਵਨਾ ਅਪਣਾਉਣ ਲਈ ਪ੍ਰੇਰਿਤ ਕੀਤਾ। ਮੈਡਮ ਸਰਬਜੀਤ ਕੌਰ ਅਤੇ ਮੈਡਮ ਜਸਪ੍ਰੀਤ ਕੌਰ ਨੇ ਕਿਹਾ ਕਿ ਸਾਨੂੰ ਸ਼ਹੀਦਾਂ ਦੇ ਬਲਿਦਾਨ ਨੂੰ ਹਮੇਸ਼ਾ ਯਾਦ ਰੱਖਦਿਆਂ ਆਪਣੇ ਫ਼ਰਜ਼ ਇਮਾਨਦਾਰੀ ਨਾਲ ਨਿਭਾਉਣੇ ਚਾਹੀਦੇ ਹਨ। ਸਮਾਗਮ ਦੇ ਅੰਤ ਵਿੱਚ ਵਿਦਿਆਰਥੀਆਂ ਨੇ ਅਮਰ ਸ਼ਹੀਦਾਂ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ ਅਤੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸਨਮਾਨ ਦੀ ਰੱਖਿਆ ਲਈ ਹਮੇਸ਼ਾ ਇੱਕ ਜ਼ਿੰਮੇਵਾਰ ਨਾਗਰਿਕ ਬਣਨ ਦਾ ਸੰਕਲਪ ਲਿਆ।

# ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਸਾਹਿਤ ਸਭਾ ਬਰਨਾਲਾ ਨੂੰ 20 ਹਜ਼ਾਰ ਦੀ ਗ੍ਰਾਂਟ

ਬਰਨਾਲਾ, 26 ਜੁਲਾਈ (ਬਘੇਲ ਸਿੰਘ ਧਾਲੀਵਾਲ) : ਪੰਜਾਬੀ ਭਾਸ਼ਾ ਅਤੇ ਸਾਹਿਤ ਦੇ ਪ੍ਰਚਾਰ-ਪ੍ਰਸਾਰ ਨੂੰ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਸਾਹਿਤ ਸਭਾ ਰਜਿ. ਬਰਨਾਲਾ ਨੂੰ ਸਾਹਿਤਕ ਸਮਾਗਮ ਕਰਵਾਉਣ ਲਈ ?20 ਹਜ਼ਾਰ ਦੀ ਗ੍ਰਾਂਟ ਪ੍ਰਦਾਨ ਕੀਤੀ ਗਈ ਹੈ। ਇਸ ਸਹਾਇਤਾ ਨੂੰ ਸਭਾ ਨੇ ਪੰਜਾਬੀ ਭਾਸ਼ਾ ਅਤੇ ਸਾਹਿਤ ਦੇ ਵਿਕਾਸ ਲਈ ਇੱਕ ਮਹੱਤਵਪੂਰਨ ਕਦਮ ਕਰਾਰ ਦਿੰਦਿਆਂ ਭਾਸ਼ਾ ਵਿਭਾਗ ਪੰਜਾਬ ਅਤੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸਭਾ ਦੇ ਪ੍ਰਧਾਨ ਤੇਜਾ ਸਿੰਘ ਤਿਲਕ, ਜਨਰਲ ਸਕੱਤਰ ਪਵਨ ਪਰਿੰਦਾ, ਮਾਲਵਾ ਸਾਹਿਤ ਸਭਾ ਬਰਨਾਲਾ ਦੇ ਪ੍ਰਧਾਨ ਡਾ. ਸੰਪੂਰਨ ਸਿੰਘ ਟੱਲਵਾਲੀਆ, ਸ਼ਾਇਰ ਰਾਮ ਸਰੂਪ ਸ਼ਰਮਾ, ਬੂਟਾ ਸਿੰਘ ਚੌਹਾਨ ਡਾ. ਭੁਪਿੰਦਰ ਸਿੰਘ ਬੇਦੀ, ਲੇਖਕ-ਪਾਠਕ ਸਾਹਿਤ ਸਭਾ ਦੇ ਬਾਨੀ ਅਤੇ ਪ੍ਰਧਾਨ ਤੇਜਿੰਦਰ ਚੰਡਿਹੋਕ, ਡਾ. ਤਰਸਪਾਲ ਕੌਰ, ਨਾਵਲਕਾਰ ਦਰਸ਼ਨ ਸਿੰਘ ਗੁਰੂ, ਕਹਾਣੀਕਾਰ ਭੋਲਾ ਸਿੰਘ ਸੰਘੇੜਾ, ਰਘਬੀਰ ਸਿੰਘ ਗਿੱਲ, ਮੇਜਰ ਸਿੰਘ ਸਹੌਰ, ਸ਼ਾਇਰ ਤਰਸੇਮ ਸਮੇਤ ਸਭਾ ਦੇ ਹੋਰ ਮੈਂਬਰ ਹਾਜ਼ਰ ਸਨ। ਬੈਠਕ ਦੌਰਾਨ ਇਹ ਫ਼ੈਸਲਾ ਵੀ ਕੀਤਾ ਗਿਆ ਕਿ ਇਸ ਗ੍ਰਾਂਟ ਦੀ ਸਹਾਇਤਾ ਨਾਲ ਆਉਣ ਵਾਲੇ ਸਮੇਂ ਵਿੱਚ ਬਰਨਾਲਾ ਵਿਖੇ ਵਿਸ਼ਾਲ ਅਤੇ ਉੱਚ ਪੱਧਰੀ ਸਾਹਿਤਕ ਸਮਾਗਮ, ਕਵੀ ਦਰਬਾਰ, ਪੁਸਤਕ ਚਰਚਾਵਾਂ ਅਤੇ ਪੰਜਾਬੀ ਭਾਸ਼ਾ ਦੇ ਪ੍ਰਚਾਰ ਨਾਲ ਸਬੰਧਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਸਭਾ ਦੇ ਅਹੁਦੇਦਾਰਾਂ ਨੇ ਕਿਹਾ ਕਿ ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਭਾਸ਼ਾ ਅਤੇ ਸਾਹਿਤ ਨੂੰ ਪ੍ਰਫੁੱਲਿਤ ਕਰਨ ਲਈ ਕੀਤੇ ਜਾ ਰਹੇ ਯਤਨ ਬੇਹੱਦ ਸ਼ਲਾਘਾਯੋਗ ਹਨ। ਅਜਿਹੀਆਂ ਗ੍ਰਾਂਟਾਂ ਨਾਲ ਸਾਹਿਤਕ ਸੰਸਥਾਵਾਂ ਨੂੰ ਹੋਰ ਸਰਗਰਮ ਹੋ ਕੇ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਕੰਮ ਕਰਨ ਦੀ ਪ੍ਰੇਰਣਾ ਮਿਲਦੀ ਹੈ।

# ਪੁਲਿਸ ਤਸ਼ੱਦਦ ਦੇ ਸ਼ਿਕਾਰ ਸ.ਫਾਈ ਕਰਮਚਾਰੀਆਂ ਨੂੰ ਮਿਲੇ ਸੁਖਵਿੰਦਰ ਸਿੰਘ ਡੈਨੀ ਬੰਡਾਲਾ



ਬਰਨਾਲਾ, 26 ਜੁਲਾਈ (ਹਰਮਨ) : ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਅਧੀਨ ਪੁਲਿਸ ਪ੍ਰਸ਼ਾਸਨ ਦੀ ਗੁੰਡਾਗਰਦੀ ਅਤੇ ਧੱਕੇਸ਼ਾਹੀ ਦਿਨ-ਬ-ਦਿਨ ਵਧਦੀ ਜਾ ਰਹੀ ਹੈ, ਜਿਸ ਦੀ ਤਾਜ਼ਾ ਮਿਸਾਲ ਬਰਨਾਲਾ ਵਿਖੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰ ਰਹੇ ਸਫਾਈ ਕਰਮਚਾਰੀਆਂ ਅਤੇ ਔਰਤਾਂ ਉੱਪਰ ਕੀਤਾ ਗਿਆ ਬੇਰਹਿਮ ਪੁਲਿਸ ਲਾਠੀਚਾਰਜ ਹੈ। ਇਹ ਪ੍ਰਗਟਾਵਾ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਅਤੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਹਸਪਤਾਲ ਵਿਖੇ ਜ਼ੇਰੇ ਇਲਾਜ ਪੀੜਤ ਸਫਾਈ ਕਰਮਚਾਰੀਆਂ ਅਤੇ ਔਰਤਾਂ ਦਾ ਹਾਲ-ਚਾਲ ਜਾਣਨ ਤੋਂ ਬਾਅਦ ਕੀਤਾ। ਉਨ੍ਹਾਂ ਸਰਕਾਰ ਅਤੇ ਮੁੱਖ ਮੰਤਰੀ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਮਹਿਜ਼ ਮੁਅੱਤਲੀ ਨਾਲ ਇਹ ਮਾਮਲਾ ਠੰਡਾ ਨਹੀਂ ਹੋਵੇਗਾ, ਸਗੋਂ ਇਸ ਲਾਠੀਚਾਰਜ ਲਈ ਜ਼ਿੰਮੇਵਾਰ ਡੀ.ਐੱਸ.ਪੀ. ਅਤੇ ਐੱਸ.ਐੱਚ.ਓ. ਨੂੰ ਤੁਰੰਤ ਨੌਕਰੀ ਤੋਂ ਬਰਖਾਸਤ ਕੀਤਾ ਜਾਵੇ ਅਤੇ ਜ਼ਿਲ੍ਹੇ ਦੇ ਐੱਸ.ਐੱਸ.ਪੀ. ਦਾ ਤੁਰੰਤ ਤਬਾਦਲਾ ਕੀਤਾ ਜਾਵੇ। ਡੈਨੀ ਬੰਡਾਲਾ ਨੇ ਸਪੱਸ਼ਟ ਕੀਤਾ ਕਿ ਜੇਕਰ ਦੋਸ਼ੀ ਪੁਲਿਸ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਨਾ ਕੀਤੀ ਗਈ, ਤਾਂ ਸਮੁੱਚਾ ਵਾਲਮੀਕਿ ਸਮਾਜ ਅਤੇ ਸਫਾਈ ਕਰਮਚਾਰੀ ਜਿੱਥੇ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ, ਉੱਥੇ ਹੀ ਕਾਂਗਰਸ ਪਾਰਟੀ ਚੁੱਪ ਕਰਕੇ ਨਹੀਂ ਬੈਠੇਗੀ ਅਤੇ ਇਸ ਧੱਕੇਸ਼ਾਹੀ ਖਿਲਾਫ਼ ਚੱਟਾਨ ਵਾਂਗ ਨਾਲ ਖੜ੍ਹੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਜਿਹਨਾਂ ਕੋਲ ਕਿ ਗ੍ਰਹਿ ਵਿਭਾਗ ਵੀ ਹੈ, ਉਹ ਜਵਾਬ ਦੇਣ ਕਿ ਇਸ ਲਾਠੀਚਾਰਜ ਦਾ ਹੁਕਮ ਕਿਸ ਪੁਲਸ ਅਧਿਕਾਰੀ ਜਾਂ ਡਿਊਟੀ ਮੈਜਿਸਟ੍ਰੇਟ ਨੇ ਦਿੱਤਾ ਸੀ, ਜਿਸ ਵਿੱਚ ਕਿ ਸ਼ਰੇਆਮ ਵੀਡੀਓਜ਼ ਦੇਖੀਆਂ ਜਾ ਸਕਦੀਆਂ ਹਨ ਕਿ ਡੀ.ਐਸ.ਪੀ ਸਤਬੀਰ ਸਿੰਘ ਬੈਂਸ ਅਤੇ ਐੱਸ.ਐਚ.ਓ . ਲਖਵਿੰਦਰ ਸਿੰਘ ਕਿਸ ਤਰਾਂ ਵਹਿਸ਼ੀ ਦਰਿੰਦਿਆਂ ਵਾਂਗ ਸਫਾਈ ਸੇਵਕ ਔਰਤਾਂ ਅਤੇ ਮਰਦਾਂ ਨੂੰ ਸੋਟੀਆਂ ਮਾਰ ਮਾਰ ਕੇ ਉਹਨਾਂ ਦੀਆਂ ਲੱਤਾਂ ਬਾਹਾਂ ਤੋੜ ਰਹੇ ਹਨ। ਇਸ ਮੌਕੇ ਉਹਨਾਂ ਨਾਲ ਹੋਰਨਾਂ ਤੋਂ ਇਲਾਵਾ ਸੀਨੀਅਰ ਕਾਂਗਰਸੀ ਆਗੂ ਬਲਦੇਵ ਸਿੰਘ ਭੁੱਚਰ, ਸਾਬਕਾ ਚੇਅਰਪਰਸਨ ਜਿਲਾ ਪ੍ਰੀਸ਼ਦ ਸਰਬਜੀਤ ਕੌਰ ਖੁੱਡੀ, ਜਗਤਾਰ ਸਿੰਘ ਧਨੌਲਾ ਅਤੇ ਬਲਰਾਜ ਗਿੱਲ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

# ਕਾਰਗਿਲ ਵਿਜਯ ਦਿਵਸ ਮੌਕੇ ਯੁੱਧ 'ਚ ਸ਼ਹੀਦ ਹੋਏ ਬਹਾਦਰ ਸੈਨਿਕਾਂ ਨੂੰ ਦਿੱਤੀ ਸ਼ਰਧਾਂਜਲੀ



ਬਰਨਾਲਾ, 26 ਜੁਲਾਈ (ਸੁਖਵਿੰਦਰ ਸਿੰਘ ਭੰਡਾਰੀ) : ਕਾਰਗਿਲ ਵਿਜੇ ਦਿਵਸ ਭਾਰਤ ਚ ਹਰ ਸਾਲ 26 ਜੁਲਾਈ ਨੂੰ ਮਨਾਇਆ ਜਾਂਦਾ ਹੈ। 1999 ਦਾ ਕਾਰਗਿਲ ਯੁੱਧ ਲੱਗਭੱਗ 60 ਦਿਨਾਂ ਤੱਕ ਚੱਲਿਆ ਅਤੇ 26 ਜੁਲਾਈ ਨੂੰ ਖਤਮ ਹੋਇਆ, ਜਿਸ ਦੇ ਨਤੀਜੇ ਵਜੋਂ ਭਾਰਤ ਦੀ ਜਿੱਤ ਹੋਈ। ਇਸ ਮੌਕੇ ਸ਼ਹੀਦ ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਸਟੇਟ ਐਵਾਰਡੀ ਭੋਲਾ ਸਿੰਘ ਵਿਰਕ ਪ੍ਰਧਾਨ ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ, ਸੀਨੀਅਰ ਐਡਵੋਕੇਟ ਰਾਜੀਵ ਮਿੱਤਲ ਅਤੇ ਕੋਲੋਨਾਈਜਰ ਮਦਨ ਲਾਲ ਰੇਡੀਏਂਟ ਪਲਾਜ਼ਾ ਵਾਲਿਆਂ ਨੇ ਕਿਹਾ ਕਿ ਇਸ ਯੁੱਧ ਵਿੱਚ ਸ਼ਹੀਦ ਹੋਏ ਸੈਨਿਕਾਂ ਅਤੇ ਬਹਾਦਰੀ ਦਿਖਾਉਣ ਵਾਲੇ ਸੈਨਿਕਾਂ ਦਾ ਸਨਮਾਨ ਕਰਨ ਲਈ ਹਰ ਸਾਲ ਦੇਸ਼ ਭਰ ਵਿੱਚ ਵਿਜੇ ਦਿਵਸ ਮਨਾਇਆ ਜਾਂਦਾ ਹੈ। ਭਾਰਤ ਅਤੇ ਪਾਕਿਸਤਾਨ ਵਿਚਕਾਰ 1972 ਦੇ ਸ਼ਿਮਲਾ ਸਮਝੌਤੇ ਦੇ ਤਹਿਤ, ਇਹ ਫ਼ੈਸਲਾ ਕੀਤਾ ਗਿਆ ਸੀ ਕਿ ਸਰਦੀਆਂ ਦੇ ਮੌਸਮ ਦੌਰਾਨ, ਦੋਵਾਂ ਦੇਸ਼ਾਂ ਦੀਆਂ ਫੌਜਾਂ ਜੰਮੂ-ਕਸ਼ਮੀਰ ਦੇ ਬਹੁਤ ਜ਼ਿਆਦਾ ਬਰਫੀਲੇ ਖੇਤਰਾਂ ਵਿੱਚ ਕੰਟਰੋਲ ਰੇਖਾ ਛੱਡ ਕੇ ਘੱਟ ਬਰਫੀਲੇ ਖੇਤਰਾਂ ਵਿੱਚ ਜਾਣਗੀਆਂ, ਕਿਉਂਕਿ ਸਰਦੀਆਂ ਦੌਰਾਨ ਅਜਿਹੇ ਖੇਤਰਾਂ ਵਿੱਚ ਤਾਪਮਾਨ ਮਨਫੀ ਡਿਗਰੀ ਸੈਲਸੀਅਸ ਤੱਕ ਡਿੱਗ ਜਾਂਦਾ ਹੈ, ਜਿਸ ਨਾਲ ਦੋਵਾਂ ਦੇਸ਼ਾਂ ਦੀਆਂ ਫੌਜਾਂ ਲਈ ਕਾਫ਼ੀ ਮੁਸ਼ਕਲਾਂ ਖੜ੍ਹੀਆਂ ਹੋ ਜਾਂਦੀਆਂ ਹਨ। ਇਸ ਸਮੇਂ ਦੌਰਾਨ, ਘੁਸਪੈਠੀਆਂ ਵਜੋਂ ਆਈ ਪਾਕਿਸਤਾਨੀ ਫੌਜ ਨੇ ਸੈਂਕੜੇ ਚੌਕੀਆਂ 'ਤੇ ਕਬਜ਼ਾ ਕਰ ਲਿਆ। ਭਾਰਤੀ ਫੌਜ ਨੂੰ 4 ਮਈ, 1999 ਨੂੰ ਪਾਕਿਸਤਾਨ ਦੀਆਂ ਕਾਰਵਾਈਆਂ ਦਾ ਪਤਾ ਲੱਗਾ। ਭਾਰਤ ਨੇ ਪਾਕਿਸਤਾਨੀ ਘੁਸਪੈਠੀਆਂ ਨੂੰ ਹਟਾਉਣ ਲਈ ਇੱਕ ਮੁਹਿੰਮ ਸ਼ੁਰੂ ਕੀਤੀ, ਜਿਸਨੂੰ ਆਪ੍ਰੇਸ਼ਨ ਵਿਜੇ ਕਿਹਾ ਜਾਂਦਾ ਹੈ। ਭਾਰਤੀ ਫੌਜ ਨੇ ਇਸ ਲੜਾਈ ਵਿੱਚ ਜਿੱਤ ਪ੍ਰਾਪਤ ਕੀਤੀ। ਕੋਲੋਨਾਈਜਰ ਦੀਪਕ ਸੋਨੀ ਬਾਂਸਲ, ਰਾਜੇਸ਼ ਨੀਟੂ ਸ਼ਰਾਫ਼ ਅਤੇ ਪ੍ਰੋਫੈਸਰ ਮਨਦੀਪ ਘਈ ਨੇ ਕਿਹਾ ਕਿ ਇਸ ਲੜਾਈ ਵਿੱਚ ਭਾਰਤ ਦੇ ਲੱਗਭੱਗ 527 ਸੈਨਿਕ ਸ਼ਹੀਦ ਹੋਏ ਅਤੇ 1,300 ਤੋਂ ਵੱਧ ਜ਼ਖਮੀ ਹੋਏ। ਪਾਕਿਸਤਾਨੀ ਫੌਜ ਨੂੰ ਭਾਰਤ ਨਾਲੋਂ ਕਿਤੇ ਜ਼ਿਆਦਾ ਨੁਕਸਾਨ ਹੋਇਆ। ਇੱਥੋਂ ਤੱਕ ਕਿ ਇਸ ਨੇ ਆਪਣੇ ਸੈਨਿਕਾਂ ਦੀਆਂ ਲਾਸ਼ਾਂ ਨੂੰ ਸਵੀਕਾਰ ਕਰਨ ਤੋਂ ਵੀ ਇਨਕਾਰ ਕਰ ਦਿੱਤਾ। ਇਸ ਘੁਸਪੈਠ ਰਾਹੀਂ, ਪਾਕਿਸਤਾਨੀ ਫੌਜ ਕਾਰਗਿਲ 'ਤੇ ਕਬਜ਼ਾ ਕਰਨਾ ਚਾਹੁੰਦੀ ਸੀ। ਭਾਰਤੀ ਫੌਜ ਨੇ ਉਨ੍ਹਾਂ ਦੇ ਨਾਪਾਕ ਮਨਸੂਬਿਆਂ ਨੂੰ ਸਫਲ ਹੋਣ ਤੋਂ ਰੋਕਿਆ। ਇਹ ਦਿਨ ਸ਼ਹੀਦਾਂ ਨੂੰ ਯਾਦ ਕਰਨ ਅਤੇ ਸ਼ਰਧਾਂਜਲੀ ਦੇਣ ਲਈ ਸਮਰਪਿਤ ਹੈ।

# ਪੱਤਰਕਾਰ ਗੁਰਚਰਨ ਸਿੰਘ ਕੋਹਲੀ ਦੀ 19ਵੀਂ ਬਰਸੀ 'ਤੇ ਵਿਸ਼ੇਸ਼



ਬੁਢਲਾਡਾ, 26 ਜੁਲਾਈ (ਦਵਿੰਦਰ ਸਿੰਘ ਕੋਹਲੀ) : ਧਾਰਮਿਕ ਸਮਾਜਿਕ ਤੇ ਸਿਆਸੀ ਖੇਤਰ ਵਿੱਚ ਜਾਣੇ-ਪਛਾਣੇ ਪੱਤਰਕਾਰ ਗੁਰਚਰਨ ਸਿੰਘ ਕੋਹਲੀ ਦਾ ਜਨਮ 01-01-1940 ਨੂੰ ਪੱਛਮੀ ਪਾਕਿਸਤਾਨ ਦੇ ਸ਼ਹਿਰ ਢੂਡਿਆਲ ਵਿਖੇ ਪਿਤਾ ਸਵਰਗਵਾਸੀ ਸਰਦਾਰ ਪ੍ਰਤਾਪ ਸਿੰਘ ਕੋਹਲੀ ਤੇ ਮਾਤਾ ਵੀਰਾਂਵਾਲੀ ਦੇ ਗ੍ਰਹਿ ਵਿਖੇ ਹੋਇਆ। ਮੁਢਲੀ ਵਿੱਦਿਆ ਢੂਡਿਆਲ ਤੋਂ ਸ਼ੁਰੂ ਕੀਤੀ। 15 ਅਗਸਤ 1947 ਨੂੰ ਭਾਰਤ-ਪਾਕਿਸਤਾਨ ਦੀ ਵੰਡ ਦੇ ਬਟਵਾਰੇ ਸਮੇਂ ਕੋਹਲੀ ਸਾਹਿਬ ਦਾ ਪਰਿਵਾਰ ਪਾਕਿਸਤਾਨ ਛੱਡ ਕੇ ਬੁਢਲਾਡਾ (ਜ਼ਿਲ੍ਹਾ ਹਿਸਾਰ ਉਦੋਂ) ਪੰਜਾਬ ਭਾਰਤ ਵਿੱਚ ਆ ਗਿਆ। ਇੱਥੇ ਸਰਕਾਰੀ ਹਾਈ ਸਕੂਲ ਦੀ ਵਿੱਦਿਆ ਪ੍ਰਾਪਤੀ ਸਮੇਂ ਹੀ ਏ.ਸੀ. ਸੀ. ਤੇ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਕੈਂਪਾਂ ਦੇਹਰਾਦੂਨ ਕੰਡਾਘਾਟ ਤੇ ਆਨੰਦਪੁਰ ਸਾਹਿਬ ਵਿੱਚ ਸ਼ਾਮਲ ਹੋ ਕੇ ਆਪਣੇ ਜੀਵਨ ਵਿੱਚ ਧਾਰਮਿਕ ਪ੍ਰਵਿਰਤੀ ਲਿਆਂਦੀ। 1955 ਵਿਚ 26 ਜਨਵਰੀ ਨੂੰ ਆਪਣੇ ਵਿਦਵਤਾ ਭਰਪੂਰ ਆਪਣੇ ਕਵਿਤਾ ਤੇ ਲੈਕਚਰ ਦੇ ਧਾਰਮਿਕ ਅਧਿਆਪਕ ਗਿਆਨੀ ਮੀਤ ਸਿੰਘ ਜੀ ਵੱਲੋਂ ਗਣਤੰਤਰਤਾ ਦਿਵਸ ਦੀ ਮਹੱਤਤਾ ਸਬੰਧੀ ਸ਼ਿੰਗਾਰਿਆ। ਲੈਕਚਰ ਜੋਸ਼ ਭਰੇ ਢੰਗ ਦੇ ਕੇ ਪਹਿਲਾਂ ਇਨਾਮ ਯਾਦਗਾਰੀ ਚਿੰਨ੍ਹਾਂ ਵਿੱਦਿਅਕ ਪੰਕਤੀ ਨਾਲ ਸਜਾਇਆ। ਸਿਰਹਾਨੇ ਦਾ ਗਿਲਾਫ, ਕਾਪੀ ਅਤੇ ਪੈੱਨ ਪ੍ਰਾਪਤ ਕਰਕੇ ਸਰੋਤਿਆਂ ਤੋਂ ਵਾਹ-ਵਾਹ ਪ੍ਰਾਪਤ ਕੀਤੀ। ਮਾਰਚ 1957 ਵਿਚ ਦਸਵੀਂ ਦੇ ਇਮਤਿਹਾਨ ਬਠਿੰਡਾ ਸੈਂਟਰ ਵਿਖੇ ਦਿੱਤੇ। ਜਿਸਦਾ ਪਾਸ ਨਤੀਜਾ ਮਈ ਦੇ ਸ਼ੁਰੂ ਵਿੱਚ ਪ੍ਰਾਪਤ ਕਰਕੇ ਆਪ ਕਾਰੋਬਾਰੀ ਸਿਲਸਿਲੇ 'ਤੇ ਉਚੇਰੀ ਵਿੱਦਿਆ ਲਈ ਬੰਬੇ ਚਲੇ ਗਏ। ਜਿੱਥੇ ਜਾ ਕੇ ਆਪ ਜੀ ਨੇ ਕਵੀ ਦਰਬਾਰਾਂ ਤੋਂ ਧਾਰਮਿਕ ਸਮਾਗਮਾਂ ਵਿੱਚ ਸ਼ਾਮਲ ਹੋ ਕੇ ਖੁੱਲ੍ਹੀਆਂ ਅਤੇ ਧਾਰਮਿਕ ਕਵਿਤਾਵਾਂ ਬੋਲਦੇ ਰਹੇ। ਖੁੱਲ੍ਹੀ ਕਵਿਤਾ ਪੰਜਾਬੀ ਬੋਲੀ ਕਿੱਥੋਂ ਤੇ ਕਿਵੇਂ ਆਈ। ਨਵੀਨ ਰੂਪ'ਚ ਲਿਖੀ ਇਸ ਕਵਿਤਾ ਕਰਕੇ ਬੰਬੇ ਵਿਖੇ ਤੀਸਰਾ ਇਨਾਮ ਪ੍ਰਾਪਤ ਕੀਤਾ। ਅਕਤੂਬਰ 1958 ਵਿਚ ਬੰਬੇ ਤੋਂ ਬੁਢਲਾਡਾ ਵਾਪਸੀ ਕੀਤੀ ਤੇ ਸੰਗਰੂਰ ਦੁਕਾਨਦਾਰੀ ਹਿੱਤ ਚਲੇ ਗਏ। ਇੱਥੋਂ ਹੀ ਸਿਆਸੀ ਜੀਵਨ ਦੀ ਸ਼ੁਰੂਆਤ ਕੀਤੀ। ਸੰਗਰੂਰ ਵਿਖੇ ਅਕਾਲੀ ਦਲ ਦੇ ਬਲਾਕ ਪੱਧਰ ਦੇ ਜਨਰਲ ਸਕੱਤਰ ਬਣੇ। 1960 ਵਿਚ ਪੰਜਾਬੀ ਸੂਬੇ ਦੇ ਨਅਕੰਡੇ ਲੱਗੀ ਪਾਬੰਦੀ ਦੇ ਸੰਘਰਸ਼ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਹੁਕਮਾਂ ਅਨੁਸਾਰ ਗ੍ਰਿਫ਼ਤਾਰੀ ਦੇ ਕੇ ਹਿਸਾਰ ਜੇਲ੍ਹ ਯਾਤਰਾ ਕੀਤੀ। ਨਵੰਬਰ 1960 ਨੂੰ ਬੁਢਲਾਡਾ ਆ ਕੇ ਸਪੇਅਰ ਪਾਰਟਸ ਦੀ ਦੁਕਾਨ ਕੀਤੀ ਅਤੇ ਨਾਲ ਹੀ ਗੁਰੂਧਾਮਾਂ ਦੀ ਸੇਵਾ ਸੰਭਾਲ ਵਿੱਚ ਹਿੱਸਾ ਲੈਂਦੇ ਰਹੇ। ਗੁਰਦੁਆਰਾ ਸਿੰਘ ਸਭਾ ਇਲਾਕਾ ਬਾਰ੍ਹਾ ਦੇ ਪਹਿਲਾਂ ਪ੍ਰਚਾਰ ਤੇ ਫਿਰ ਪ੍ਰੈੱਸ ਸਕੱਤਰ ਬਣੇ। ਉਹਨਾਂ ਦਿਨਾਂ ਵਿੱਚ ਹੀ ਤਖਤ ਸ੍ਰੀ ਦਮਦਮਾ ਸਾਹਿਬ ਨੂੰ ਪੰਜਵਾਂ ਤਖਤ ਪ੍ਰਵਾਨ ਕਰਵਾਉਣ ਲਈ ਗਿਆਨੀ ਗੁਰਦਿੱਤ ਸਿੰਘ ਉਸ ਸਮੇਂ ਦੇ ਐਮ ਐਸ ਸੀ ਦੀ ਪ੍ਰਧਾਨਗੀ ਹੇਠ ਵੱਡੀ ਕਨਵੈਨਸ਼ਨ ਕਰਵਾਈ। ਸੰਤ ਫਤਿਹ ਸਿੰਘ ਜੀ, ਸੰਤ ਚੰਨਣ ਸਿੰਘ ਜੀ, ਜਥੇਦਾਰ ਗਿਆਨੀ ਬਲਵੰਤ ਸਿੰਘ ਕੋਠਾ ਗੁਰੂ, ਗਿਆਨੀ ਹਰਨਾਮ ਸਿੰਘ ਜੀ ਹੀਰੋ ਕਲਾਂ ਵਾਲੇ ਤੇ ਹੋਰ ਵਿਦਵਾਨ ਭਾਰੀ ਗਿਣਤੀ ਵਿੱਚ ਇੱਥੇ ਪਹੁੰਚੇ। ਜਿਨ੍ਹਾਂ ਦਾ ਚੁੱਕਿਆ ਬੀੜਾ ਸਫ਼ਲ ਹੋਇਆ ਤੇ ਕੇਂਦਰ ਸਰਕਾਰ ਕੋਲੋਂ ਤਖ਼ਤ ਸਾਹਿਬ ਦੀ ਹੋਂਦ ਪ੍ਰਵਾਨ ਕਰਵਾਈ। ਇਸ ਸਬੰਧੀ ਕੋਹਲੀ ਸਾਹਿਬ ਵੱਲੋਂ ਪ੍ਰੈੱਸ ਵਿਚ ਇਹ ਸਾਰੀ ਕਾਰਵਾਈ ਅਮਲ ਵਿੱਚ ਲਿਆਂਦੀ। 1960 ਤੋਂ ਲੈ ਕੇ 1990 ਤੱਕ ਦੇ ਲੋਕ ਪੰਥਕ ਮੋਰਚਿਆਂ ਅਤੇ ਅੰਦੋਲਨਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਵਾਲੇ ਕੋਹਲੀ ਸਾਹਿਬ ਨੇ ਦਿੱਲੀ ਮੋਰਚਾ, ਕਰਨਾਲ ਮੋਰਚਾ, ਅੰਮ੍ਰਿਤਸਰ ਗੁਰੂਧਾਮ ਮੋਰਚਾ ਸਮੇਂ ਗ੍ਰਿਫਤਾਰੀ ਦਿੱਤੀ। ਸਿਰ 'ਤੇ ਆਈਆਂ ਕਈ ਔਕੜਾਂ, ਮੁਸ਼ਕਲਾਂ, ਮੁਸੀਬਤਾਂ ਤੇ ਆਰਥਿਕ ਕਮਜ਼ੋਰੀਆਂ ਦੇ ਬਾਵਜੂਦ ਦ੍ਰਿੜ੍ਹ ਨਿਸ਼ਚੇ ਨਾਲ ਰਹਿ ਕੇ ਧਾਰਮਿਕ ਖੇਤਰ ਦੇ ਨਾਲ ਪੱਤਰਕਾਰੀ ਦੀ ਵੱਡੀ ਜ਼ਿੰਮੇਵਾਰੀ ਵੀ ਨਿਭਾਅ ਰਹੇ ਸਨ। 1970, 1975 ਅਤੇ 1977 ਵਿਚ ਪਾਕਿਸਤਾਨ ਗੁਰੂਧਾਮਾਂ ਦੀ ਯਾਤਰਾ ਸਮੇਂ ਵੀ ਕਵਿਤਾਵਾਂ ਰਾਹੀਂ ਭਾਰਤ, ਪਾਕਿਸਤਾਨ, ਸਿੰਧ, ਪਿਸ਼ਾਵਰ ਤੇ ਬਾਹਰਲੇ ਦੇਸ਼ਾਂ ਤੋਂ ਆਈਆਂ ਸੰਗਤਾਂ ਤੋਂ ਅਸੀਸਾਂ ਪ੍ਰਾਪਤ ਕੀਤੀਆਂ। ਇਨ੍ਹਾਂ ਥਾਵਾਂ 'ਤੇ ਹੀ ਕੋਹਲੀ ਸਾਹਿਬ ਦੀ ਪ੍ਰਸਿੱਧ ਕਵਿਤਾ ਭੈਣ ਨਾਨਕੀ ਦੀ ਸਿਦਕ ਨੇ ਕਈ ਵਿਦੇਸ਼ੀ ਤੇ ਦੇਸੀ ਸੰਗਤਾਂ ਨਾਲ ਸਾਂਝ ਪਵਾਈ। ਜਨਵਰੀ 1985 ਨੂੰ ਧੰਨ ਗੁਰੂ ਨਾਨਕ ਸਤਿਸੰਗ ਸਭਾ ਦੀ ਸਥਾਪਨਾ ਸਮੇਂ ਸਭਾ ਦੇ ਪਹਿਲੇ ਮੁੱਖ ਸੰਚਾਲਕ ਬਣੇ। ਜਿਹੜੀ ਸਿੱਖ ਸਮਾਜ ਵਿੱਚ ਇਸ ਵੇਲੇ ਆਪਣਾ ਪੂਰਾ ਨਾਮ ਕਮਾ ਰਹੀ ਹੈ। 1965 ਤੋਂ ਲੈ ਕੇ 1998 ਤੱਕ ਦੇ ਸਮੇਂ ਅੰਦਰ ਗੁਰਦੁਆਰਾ ਸਾਹਿਬ ਸ੍ਰੀ ਗੁਰੂ ਸਿੰਘ ਸਭਾ ਨਵੀਨ ਦੇ ਚਾਰ ਸਾਲ ਪ੍ਰਧਾਨ, ਗੁਰਦੁਆਰਾ ਸਾਹਿਬ ਇਲਾਕਾ ਬਾਰ੍ਹਾ ਦੇ 3 ਸਾਲ ਪ੍ਰਚਾਰ ਸਕੱਤਰ ਤੇ ਲੱਗਭੱਗ 20 ਸਾਲ ਜਨਰਲ ਸਕੱਤਰ ਤੇ ਰਹਿ ਕੇ ਦੋਨਾਂ ਅਸਥਾਨਾਂ ਦੀ ਚੜ੍ਹਦੀਕਲਾ ਵਿੱਚ ਭਰਪੂਰ ਹਿੱਸਾ ਪਾਇਆ। ਪੱਤਰਕਾਰ ਗੁਰਚਰਨ ਸਿੰਘ ਕੋਹਲੀ ਦੀ 19ਵੀਂ ਬਰਸੀ 'ਤੇ ਉਨ੍ਹਾਂ ਦੀ ਯਾਦ ਤਾਜ਼ਾ ਕਰਦਿਆਂ ਵਾਹਿਗੁਰੂ ਪਰਮਾਤਮਾ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਿੱਛੋਂ ਕੋਹਲੀ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।



ਰੋਜ਼ਾਨਾ ਚੜ੍ਹਦੀਕਲਾ

## ਸਿਹਤ ਖ਼ਬਰਨਾਮਾ



# ਖਰਬੂਜੇ ਦੇ ਬੀਜ ਸਰੀਰ ਨੂੰ ਐਕਟਿਵ ਰੱਖਣ ਵਿੱਚ ਕਰਦੇ ਹਨ ਮਦਦ

ਖਰਬੂਜੇ ਦੀ ਗਿਰੀ ਵਿੱਚ ਪ੍ਰੋਟੀਨ, ਹੈਲਦੀ ਫੈਟ, ਫਾਈਬਰ, ਆਇਰਨ, ਮੈਗਨੀਸ਼ੀਅਮ ਅਤੇ ਕਈ ਜ਼ਰੂਰੀ ਮਿਨਰਲ ਹੁੰਦੇ ਹਨ, ਜੋ ਸਰੀਰ ਨੂੰ ਪੋਸ਼ਣ ਦੇਣ ਵਿੱਚ ਮਦਦ ਕਰ ਸਕਦੇ ਹਨ। ਇਸੇ ਕਰਕੇ ਇਹਨਾਂ ਨੂੰ ਕੋਲਡ ਡਰਿੰਕਸ, ਮਿਠਾਈਆਂ, ਸ਼ੇਕ ਅਤੇ ਕਈ ਸਿਹਤਮੰਦ ਪਕਵਾਨਾਂ ਵਿੱਚ ਸ਼ਾਮਲ ਕੀਤਾ ਜਾਂਦਾ



ਹੈ। ਇਹਨਾਂ ਨੂੰ ਸਹੀ ਮਾਤਰਾ ਵਿੱਚ ਖਾਣ ਨਾਲ ਊਰਜਾ ਪ੍ਰਦਾਨ ਕਰਨ, ਪਾਚਨ ਕਰਿਆ ਨੂੰ ਬਿਹਤਰ ਬਣਾਉਣ ਅਤੇ ਗਰਮੀਆਂ ਦੌਰਾਨ ਸਰੀਰ ਨੂੰ ਠੰਡਾ ਕਰਨ ਵਿੱਚ ਮਦਦ ਮਿਲਦੀ ਹੈ।

**ਦਿਲ ਦੀ ਸਿਹਤ** ; ਖਰਬੂਜੇ ਦੀਆਂ ਗਿਰੀਆਂ ਵਿੱਚ ਮੌਜੂਦ ਹੈਲਦੀ ਫੈਟ ਅਤੇ ਮੈਗਨੀਸ਼ੀਅਮ ਦਿਲ ਦੀ ਸਿਹਤ ਲਈ ਲਾਭਦਾਇਕ ਮੰਨਿਆ ਜਾਂਦਾ ਹੈ। ਇਹਨਾਂ ਨੂੰ ਸੀਮਤ ਮਾਤਰਾ ਵਿਚ ਖਾਣ ਨਾਲ ਸਰੀਰ ਨੂੰ ਜ਼ਰੂਰੀ ਪੌਸ਼ਟਿਕ ਤੱਤ ਮਿਲ ਸਕਦੇ ਹਨ। ਹਾਲਾਂਕਿ, ਇਸ ਨੂੰ ਕਿਸੇ ਵੀ ਇਲਾਜ ਦਾ ਬਦਲ ਨਹੀਂ ਮੰਨਿਆ ਜਾਂਦਾ।

**ਹੱਡੀਆਂ ਨੂੰ ਮਜ਼ਬੂਤ ਕਰਨ ਵਿੱਚ ਮਦਦ** ; ਇਸ ਵਿੱਚ ਮੈਗਨੀਸ਼ੀਅਮ ਅਤੇ ਹੋਰ ਖਣਿਜ ਹੁੰਦੇ ਹਨ, ਜੋ ਹੱਡੀਆਂ ਦੀ ਸਿਹਤ ਲਈ ਜ਼ਰੂਰੀ ਮੰਨੇ ਜਾਂਦੇ ਹਨ। ਇਹਨਾਂ ਨੂੰ ਰੈਗੂਲਰ ਅਤੇ ਸੀਮਤ ਮਾਤਰਾ ਵਿੱਚ ਖਾਣ ਨਾਲ ਸਰੀਰ ਨੂੰ ਜ਼ਰੂਰੀ ਪੌਸ਼ਟਿਕ ਤੱਤ ਮਿਲ ਸਕਦੇ ਹਨ।

**ਪ੍ਰੋਟੀਨ ਦਾ ਚੰਗਾ ਸਰੋਤ** ; ਖਰਬੂਜੇ ਦੀ ਗਿਰੀ ਸ਼ਾਕਾਹਾਰੀਆਂ ਲਈ ਪ੍ਰੋਟੀਨ ਦਾ ਇੱਕ ਚੰਗਾ ਸਰੋਤ ਮੰਨੀ ਜਾਂਦੀ ਹੈ। ਇਹਨਾਂ ਨੂੰ ਦੁੱਧ, ਸਮੂਦੀ, ਸ਼ਰਬਤ ਅਤੇ ਮਠਿਆਈਆਂ ਵਿੱਚ ਮਿਲਾ ਕੇ ਆਸਾਨੀ ਨਾਲ ਖਾਧਾ ਜਾ ਸਕਦਾ ਹੈ। ਬਹੁਤ ਸਾਰੇ ਲੋਕ ਇਹਨਾਂ ਨੂੰ ਸੁੱਕੇ ਮੇਵਿਆਂ ਨਾਲ ਖਾਣਾ ਵੀ ਪਸੰਦ ਕਰਦੇ ਹਨ।

**ਭਾਰ ਕੰਟਰੋਲ ਵਿੱਚ ਮਦਦ** ; ਇਸਦੇ ਫਾਈਬਰ ਅਤੇ ਹੈਲਦੀ ਫੈਟ ਕਾਰਨ ਇਹ ਪੇਟ ਨੂੰ ਲੰਬੇ ਸਮੇਂ ਤੱਕ ਭਰਿਆ ਰੱਖਣ ਵਿੱਚ ਮਦਦ ਕਰ ਸਕਦਾ ਹੈ। ਵਾਰ-ਵਾਰ ਭੁੱਖ ਲੱਗਣ ਦੀ ਸਮੱਸਿਆ ਘੱਟ ਹੋ ਸਕਦ ਹੈ ਤੇ ਅਨਹੈਲਦੀ ਸਨੈਕਿੰਗ ਤੋਂ ਬਚਣ ਵਿਚ ਮਦਦ ਮਿਲਦੀ ਹੈ।



ਸੰਤ ਬਾਬਾ ਜੀਤ ਸਿੰਘ ਜੌਹਲਾਂ ਨਿਰਮਲ ਕੁਟੀਆ ਸਿੱਖੀ ਦਾ ਪ੍ਰਚਾਰ ਕਰਨ ਲਈ ਐਡਆਨਾ **USA** ਪਹੁੰਚੇ, ਜਿੱਥੇ ਸੰਗਤਾਂ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਪਾਲ ਸਿੰਘ ਕੁਹਾਰਪੁਰ ਵਾਲੇ, ਬਾਬਾ ਕਸ਼ਮੀਰ ਸਿੰਘ ਮੁੱਛਲ, ਸਰਦੂਲ ਸਿੰਘ ਰਸੂਲਪੁਰ, ਯਾਦਵਿੰਦਰ ਸਿੰਘ, ਗੁਰਪ੍ਰਤਾਪ ਸਿੰਘ ਖਾਲਸਾ ਤੇ ਹੋਰ ਸੰਗਤਾਂ ਹਾਜ਼ਰ ਸਨ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਚੜ੍ਹਦੀਕਲਾ ਅਦਾਰੇ ਵੱਲੋਂ ਪੱਤਰਕਾਰ ਹਰਕੀਰਤ ਸਿੰਘ **USA** ਨੂੰ ਘਰ ਬੁਲਾ ਕੇ ਸਨਮਾਨਿਤ ਕੀਤਾ।

# ਚੰਡੀਗੜ੍ਹ ਸੰਗੀਤ ਨਾਟਕ ਅਕੈਡਮੀ ਵੱਲੋਂ 21 ਨਾਮਵਰ ਸ਼ਖਸੀਅਤਾਂ 'ਵਿਰਸੇ ਦੇ ਵਾਰਿਸ' ਐਵਾਰਡ ਨਾਲ ਸਨਮਾਨਿਤ

## ਚੜ੍ਹਦੀਕਲਾ ਟਾਈਮ ਟੀਵੀ ਨਾਲ ਅਦਾਕਾਰਾਂ ਨੇ ਕੀਤੀ ਗੱਲਬਾਤ ਪੰਜਾਬੀ ਮਾਂ ਬੋਲੀ ਅਤੇ ਵਿਰਸੇ ਨਾਲ ਜੁੜਨ ਦਾ ਦਿੱਤਾ ਸੰਦੇਸ਼

ਚੰਡੀਗੜ੍ਹ, 26 ਜੁਲਾਈ (ਅਮਰਜੀਤ ਸਿੰਘ): ਚੰਡੀਗੜ੍ਹ ਸੰਗੀਤ ਨਾਟਕ ਅਕੈਡਮੀ ਵੱਲੋਂ ਰਾਣੀ ਲਕਸ਼ਮੀ ਬਾਈ ਹਾਲ, ਸੈਕਟਰ 38 ਚੰਡੀਗੜ੍ਹ ਵਿਖੇ ਪੰਜਾਬੀ ਸਭਿਆਚਾਰ ਮਾਂ ਬੋਲੀ ਅਤੇ ਵਿਰਸੇ ਨੂੰ ਪ੍ਰਫੁੱਲਤ ਕਰਨ ਲਈ ਕਲਾ ਅਤੇ ਸਭਿਆਚਰਕ ਖੇਤਰ ਦੀਆਂ 21 ਨਾਮਵਰ ਸ਼ਖਸੀਅਤਾਂ ਨੂੰ ਐਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਰਾਜ ਸਭਾ ਦੇ ਮੈਂਬਰ ਵਿਕਰਮਜੀਤ ਸਿੰਘ ਸਾਹਨੀ, ਸੌਰਭ ਕੁਮਾਰ ਅਰੋੜਾ ਡਾਇਰੈਕਟਰ, ਮਨਦੀਪ ਸਿੰਘ ਬਰਾੜ ਹੋਮ ਸੈਕਟਰੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਇਸ ਐਵਾਰਡ ਸਮਾਰੋਹ ਵਿਚ ਵਿਸ਼ੇਸ਼ ਤੌਰ 'ਤੇ ਅਜਿਹੀਆਂ ਨਾਮਵਰ ਸ਼ਖਸੀਅਤਾਂ ਪੁੱਜੀਆਂ, ਜਿਨ੍ਹਾਂ ਨੇ ਪੰਜਾਬੀ ਮਾਂ ਬੋਲੀ, ਪੰਜਾਬੀ ਸਭਿਆਚਾਰ ਅਤੇ ਸਾਹਿਤ ਦੇ ਖੇਤਰ ਵਿਚ ਲੋਕਾਂ ਨੂੰ ਜੋੜਿਆ ਹੈ ਅਤੇ ਖੁਦ ਜੁੜੇ ਹੋਏ ਹਨ। ਜਿਨ੍ਹਾਂ ਵਿਚੋਂ ਕੁਝ ਅਜਿਹੇ ਚਿਹਰੇ ਹਨ ਜੋ ਕਿ ਪੰਜਾਬ ਦੀਆਂ ਨਾਮੀ ਫਿਲਮਾਂ ਅਤੇ ਬਾਲੀਵੁੱਡ ਫਿਲਮਾਂ ਵਿਚ ਪੰਜਾਬੀ ਮਾਂ ਬੋਲੀ ਅਤੇ ਸਭਿਆਚਾਰ ਪ੍ਰਤੀ ਆਪਣੀ ਅਦਾਕਾਰੀ ਨਿਭਾ ਚੁਕੇ ਹਨ ਅਤੇ ਹੁਣ ਵੀ ਨਿਭਾ ਰਹੇ ਹਨ। ਜਿਨ੍ਹਾਂ ਵਿਚੋਂ ਕੁਝ ਚੋਣਵੇਂ ਅਦਾਕਾਰ ਜਿਨ੍ਹਾਂ ਨੂੰ ਵਿਰਸੇ ਦੇ ਵਾਰਿਸ ਨਾਮ ਨਾਲ ਸਨਮਾਨਿਤ ਕੀਤਾ ਗਿਆ ਹੈ। ਡਾ. ਸੁਖਮਿੰਦਰ ਕੌਰ ਬਰਾੜ (ਸੁਖੀ ਬਰਾੜ) ਚੇਅਰਪਰਸਨ ਪੰਜਾਬੀ ਸੰਗੀਤ ਨਾਟਕ ਅਕੈਡਮੀ ਵੱਲੋਂ ਆਯੋਜਿਤ ਕੀਤਾ ਗਿਆ ਪ੍ਰੋਗਰਾਮ। ਵਿਰਸੇ ਦੇ ਵਾਰਸ ਨਿਰਮਲ ਰਿਸ਼ੀ ਨੀਨਾ ਟਿਵਾਣਾ, ਜਤਿੰਦਰ ਕੌਰ, ਮੁਹੰਮਦ ਸਦੀਕ, ਸੁਨੀਤਾ ਧਿਰ, ਬਾਬੂ ਸਿੰਘ ਮਾਨ, ਬੀਬੀ ਰਣਜੀਤ ਕੌਰ, ਪਦਮਸ੍ਰੀ ਹੰਸ ਰਾਜ ਹੰਸ, ਡਾ. ਦੀਪਕ ਮਨਮੋਹਨ, ਬਾਈ ਹਰਦੀਪ, ਬੀਐਨ ਸ਼ਰਮਾ, ਗੁਰਪ੍ਰੀਤ ਘੁੱਗੀ, ਬੀਬਾ ਗੁਲਸ਼ਨ ਕੋਮਲ, ਪੰਮੀ ਬਾਈ, ਡੋਲੀ ਗਲੇਰੀਆ, ਅਜੈਬ ਔਜਲਾ, ਅਤੁਲ ਸ਼ਰਮਾ, ਸ਼ਵਿੰਦਰ ਮਾਹਲ, ਅਮਰ ਨੂਰੀ, ਮਲਕੀਤ ਰੌਣੀ ਤੋਂ ਇਲਾਵਾ ਦਰਸ਼ਕਾਂ ਨੇ ਇਨ੍ਹਾਂ ਦੀ ਕਲਾ ਦਾ ਖੂਬ ਆਨੰਦ ਮਾਣਿਆ। ਚੜ੍ਹਦੀਕਲਾ ਟਾਈਮ ਟੀ ਵੀ ਦੇ ਬਿਊਰੋ ਚੀਫ ਅਮਰਜੀਤ ਸਿੰਘ ਨਾਲ ਰਾਜ ਸਭਾ ਦੇ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨੇ ਗੱਲਬਾਤ ਦੌਰਾਨ ਦੱਸਿਆ ਹੈ ਕਿ ਡਾ. ਸੁਖਵਿੰਦਰ ਕੌਰ ਬਰਾੜ ਦਾ ਅਜਿਹਾ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ, ਜਿਨ੍ਹਾਂ ਨੇ ਉਨ੍ਹਾਂ ਅਦਾਕਾਰਾਂ ਨੂੰ ਵਿਰਸੇ ਦੇ ਵਾਰਿਸ ਐਵਾਰਡ ਦੇ ਕੇ ਸਨਮਾਨਿਤ ਕੀਤਾ ਹੈ, ਜਿਨ੍ਹਾਂ ਨੇ ਹੁਣ ਤਕ ਪੰਜਾਬੀ ਸਭਿਆਚਾਰ ਅਤੇ ਪੰਜਾਬੀ ਮਾਂ ਬੋਲੀ ਨੂੰ ਪ੍ਰਫੁੱਲਤ ਕਰਕੇ ਰੱਖਿਆ ਹੋਇਆ ਹੈ, ਸੋ ਸਾਨੂੰ ਵੀ ਆਪਣੇ ਸਭਿਆਚਾਰ ਅਤੇ ਗੌਰਵਮਈ ਇਤਿਹਾਸ ਅਤੇ ਵਿਰਸੇ ਨਾਲ ਜੁੜਨਾ ਚਾਹੀਦਾ ਹੈ, ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਉਸਤੋਂ ਪ੍ਰਭਾਵਿਤ ਹੋਣ ਅਤੇ ਪੰਜਾਬੀ ਮਾਂ ਬੋਲੀ ਨੂੰ ਪਿਆਰ ਕਰਨ। ਇਸ ਮੌਕੇ ਪਦਮਸ੍ਰੀ ਹੰਸ ਰਾਜ ਹੰਸ ਨੇ ਚੜ੍ਹਦੀਕਲਾ ਟਾਈਮ ਟੀ ਵੀ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਉਨ੍ਹਾਂ ਸਾਰੀਆਂ ਸ਼ਖਸੀਅਤਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਹੈ ਕਿ ਪੰਜਾਬ ਮਾਂ ਬੋਲੀ ਨਾ ਕਦੇ ਖਤਮ ਹੋਈ ਹੈ ਅਤੇ ਨਾ ਹੀ ਖਤਮ ਹੋ ਸਕੇਗੀ। ਅੱਜ ਵੀ ਸਾਡੇ ਪੰਜਾਬ ਦੇ ਨਾਮੀ ਅਦਾਕਾਰ ਜੋ ਕਿ ਪੰਜਾਬੀ ਵਿਰਸੇ ਨੂੰ ਅਤੇ ਵਿਰਾਸਤ ਨੂੰ ਸਾਂਭੀ ਬੈਠੇ ਹਨ ਅਤੇ ਲੋਕਾਂ ਨੂੰ ਲਗਾਤਾਰ ਜੋੜ ਰਹੇ ਹਨ। ਇਸ ਮੌਕੇ ਗੁਰਪ੍ਰੀਤ ਸਿੰਘ ਘੁੱਗੀ ਨੇ ਵੀ ਆਪਣੇ ਕੁਝ ਜ਼ਿੰਦਗੀ ਦੇ ਪਲ ਚੜ੍ਹਦੀਕਲਾ ਟਾਈਮ ਟੀਵੀ ਦੇ ਨਾਲ ਸਾਂਝੇ ਕੀਤੇ ਅਤੇ ਉਨ੍ਹਾਂ ਕਿਹਾ ਕਿ ਜੋ ਪੰਜਾਬ ਪ੍ਰਤੀ ਉਨ੍ਹਾਂ ਅਦਾਕਾਰਾਂ ਨੂੰ ਲੋਕ ਮਾਣ ਸਤਿਕਾਰ ਦੇ ਰਹੇ ਹਨ ਉਹ ਪੰਜਾਬੀ ਮਾਂ ਬੋਲੀ ਅਤੇ ਪੰਜਾਬੀ ਵਿਰਸੇ ਦੀ ਦੇਣ ਹੈ ਸੋ ਸਾਨੂੰ ਇਸ ਗੌਰਵਮਈ ਇਤਿਹਾਸ ਅਤੇ ਵਿਰਸੇ ਨਾਲ ਹਮੇਸ਼ਾ ਹੀ ਜੁੜੇ ਰਹਿਣਾ ਚਾਹੀਦਾ ਹੈ। ਪੰਜਾਬ ਦੀ ਉਹ ਆਵਾਜ਼ ਜਿਨ੍ਹਾਂ ਨੂੰ ਹਮੇਸ਼ਾ ਹੀ ਨੌਜਵਾਨ ਪੀੜ੍ਹੀ ਲਗਾਤਾਰ ਯਾਦ ਕਰਦੀ ਰਹਿੰਦੀ ਹੈ ਤੇ ਅੱਗੋਂ ਵੀ ਕਰਦੀ ਰਹੇਗੀ। ਇਸ ਮੌਕੇ 'ਤੇ ਪੰਜਾਬ ਦੇ ਲੋਕ ਗਾਇਕ ਪੰਮੀ ਬਾਈ ਜਿਨ੍ਹਾਂ ਨੇ ਹਮੇਸ਼ਾ ਹੀ ਪੰਜਾਬੀ ਮਾਂ ਬੋਲ ਪ੍ਰਤੀ ਅਤੇ ਆਪਣੇ ਗੀਤਾਂ ਰਾਹੀਂ ਪੰਜਾਬ ਦੇ ਇਤਿਹਾਸ ਨੂੰ ਦਰਸਾਇਆ ਹੈ, ਉਨ੍ਹਾਂ ਨੂੰ ਵੀ ਅੱਜ ਵਿਰਸੇ ਦੇ ਵਾਰਿਸ ਨਾਮ ਦਾ ਐਵਾਰਡ ਦਿੱਤਾ ਗਿਆ ਅਤੇ ਉਨ੍ਹਾਂ ਨੇ ਖੁਸ਼ੀ ਜਾਹਿਰ ਕੀਤੀ। ਡਾ. ਸੁਖਵਿੰਦਰ ਕੌਰ ਸੁਖੀ, (ਬਰਾੜ) ਅਤੇ ਦਰਸ਼ਕਾਂ ਦੀ ਅਗਵਾਈ ਵਿਚ ਇਹ ਨੇਪਰੇ ਚੜ੍ਹਿਆ।



# ਪੰਜਾਬ ਐਂਡ ਸਿੰਧ ਬੈਂਕ ਵੱਲੋਂ ਕਾਰਗਿਲ ਵਿਜਯ ਦਿਵਸ ਮੌਕੇ ਸਾਬਕਾ ਫੌਜੀਆਂ ਦਾ ਸਨਮਾਨ

ਲੁਧਿਆਣਾ/ਚੰਡੀਗੜ੍ਹ, 26 ਜੁਲਾਈ (ਚ.ਨ.ਸ.) : ਜਨਤਕ ਖੇਤਰ ਦੇ ਮੋਹਰੀ ਬੈਂਕ ਪੰਜਾਬ ਐਂਡ ਸਿੰਧ ਬੈਂਕ, ਜ਼ੋਨ ਚੰਡੀਗੜ੍ਹ ਨੇ ਕਾਰਗਿਲ ਵਿਜੈ ਦਿਵਸ ਮੌਕੇ ਆਪਣੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ.ਐਸ.ਆਰ.) ਪਹਿਲ ਤਹਿਤ ਦਿਵਿਆਂਗ ਸਾਬਕਾ ਫੌਜੀਆਂ ਨੂੰ ਪੰਜ ਇਲੈਕਟ੍ਰਿਕ ਸਕੂਟਰ ਭੇਟ ਕਰਕੇ ਸਨਮਾਨਿਤ ਕੀਤਾ। ਇਹ ਸਕੂਟਰ ਸ਼੍ਰੀ ਰਾਜੇਂਦਰ ਰਾਇਗਰ, ਮੁੱਖ ਮਹਾਂ ਪ੍ਰਬੰਧਕ, ਚੰਡੀਗੜ੍ਹ ਅਤੇ ਸ. ਕੁਲਦੀਪ ਸਿੰਘ, ਖੇਤਰੀ ਪ੍ਰਬੰਧਕ, ਚੰਡੀਗੜ੍ਹ ਵੱਲੋਂ



ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਮਾਨ, ਮਾਣਯੋਗ ਕੈਬਿਨੇਟ ਮੰਤਰੀ ਸ਼੍ਰੀ ਮੋਹਿੰਦਰ ਭਗਤ, ਬ੍ਰਿਗੇਡੀਅਰ ਰੋਹਿਤ ਦੱਤਾ (ਸੇਵਾਮੁਕਤ) ਅਤੇ ਬੈਂਕ ਦੇ ਹੋਰ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਭੇਟ ਕੀਤੇ ਗਏ। ਇਹ ਪਹਿਲ ਦੇਸ਼ ਦੇ ਬਹਾਦਰ ਸੈਨਿਕਾਂ ਦੇ ਸਾਹਸ ਅਤੇ ਬਲਿਦਾਨ ਨੂੰ ਨਮਨ ਕਰਦੀ ਹੈ ਅਤੇ ਸਾਬਕਾ ਫੌਜੀਆਂ ਦੀ ਭਲਾਈ ਪ੍ਰਤੀ ਬੈਂਕ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

# ਸਿੱਖ ਸੇਵਾਦਾਰਾਂ ਦਾ ਕਤਲ ਕਰਨ ਵਾਲਾ ਨੌਜਵਾਨ ਬਰਮਿੰਘਮ ਯੂਕੇ ਤੋਂ ਗ੍ਰਿਫਤਾਰ

ਮਿਲਾਨ, 26 ਜੁਲਾਈ (ਦਲਜੀਤ ਮੱਕੜ)17 ਅਪ੍ਰੈਲ 2026 ਨੂੰ ਇਟਲੀ ਦੇ ਜਿਲਾ ਬੈਰਗਮੋ ਦੇ ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਕੋਵੋ ਵਿਖੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਸਜਾਏ ਜਾ ਰਹੇ ਨਗਰ ਕੀਰਤਨ ਦੀਆਂ ਤਿਆਰੀਆ ਕਰ ਰਹੇ ਸਿੱਖ ਸੇਵਾਦਾਰਾਂ ਨੂੰ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਸੀ। ਬੀਤੇ ਦਿਨ ਉਸ ਡਬਲ ਕਤਲ ਕਾਂਡ ਦੇ ਕਥਿਤ ਦੋਸ਼ੀ 29 ਸਾਲਾਂ ਭਾਰਤੀ ਨੌਜਵਾਨ ਐਸ.ਜੇ. ਨੂੰ ਇੰਗਲੈਂਡ ਦੇ ਬਰਮਿੰਘਮ ਤੋਂ ਪੁਲਿਸ ਨੇ ਗ੍ਰਿਫਤਾਰ ਕਰ ਲਿਆ। ਇਟਾਲੀਅਨ ਮੀਡੀਏ ਵਿੱਚ ਛਪੀ ਖਬਰ ਅਨੁਸਾਰ 29 ਸਾਲਾਂ ਇਹ ਨੌਜਵਾਨ ਘਟਨਾ ਦੇ ਤੁਰੰਤ ਬਾਅਦ ਇਟਲੀ ਛੱਡ ਪਹਿਲਾਂ ਫਰਾਂਸ ਅਤੇ ਬਾਅਦ ਵਿੱਚ ਯੂ.ਕੇ ਫਰਾਰ ਹੋ ਗਿਆ ਸੀ। 22 ਜੁਲਾਈ ਨੂੰ ਇਟਾਲੀਆਂ ਜਾਂਚ ਏਜੰਸੀਆਂ ਅਤੇ ਇੰਗਲੈਂਡ ਦੀ ਪੁਲਿਸ ਦੇ ਸਾਂਝੇ ਯਤਨਾਂ ਸਦਕਾ ਇੰਗਲੈਂਡ ਦੇ ਬਰਮਿੰਘਮ ਤੋਂ ਗ੍ਰਿਫਤਾਰ ਕਰ ਲਿਆ ਗਿਆ ਹੈ। ਜੋ ਕਿ ਫਿਲਹਾਲ ਹਾਲੇ ਇੰਗਲੈਂਡ ਦੀ ਪੁਲਿਸ ਦੀ ਹਿਰਾਸਤ ਵਿੱਚ ਹੈ। ਜਿਸਨੂੰ ਆਉਣ ਵਾਲੇ ਦਿਨਾਂ ਵਿੱਚ ਇਟਲੀ ਲਿਆਉਣ ਦੀ ਕਾਨੂੰਨੂ ਪ੍ਰੀਕਿਰਆ ਕੀਤੀ ਜਾ ਰਹੀ ਹੈ।

ਇੱਥੇ ਇਹ ਵੀ ਦੱਸਣਯੋਗ ਹੈ ਕਿ



17 ਅਪ੍ਰੈਲ 2026 ਨੂੰ ਸਿੱਖ ਸੇਵਾਦਾਰਾਂ ਦੇ ਹੋਏ ਕਤਲ ਨਾਲ ਜਿੱਥੇ ਇਹਨਾਂ ਦੇ ਪਰਿਵਾਰਾਂ ਨੂੰ ਝੰਜੋੜ ਕੇ ਰੱਖ ਦਿੱਤਾ ਸੀ, ਉੱਥੇ ਹੀ ਇਟਲੀਆ ਦੀਆ ਸਿੱਖ ਸੰਗਤਾਂ ਵਿੱਚ ਕਾਫੀ ਰੋਸ ਵੀ ਪਾਇਆ ਜਾ ਰਿਹਾ ਸੀ। ਬੀਤੇ ਦਿਨ ਇਹ ਖਬਰ ਜਿਉਂ ਹੀ ਇਟਾਲੀਅਨ ਅਖਬਾਰਾਂ ਵਿੱਚ ਨਸ਼ਰ ਹੋਈ, ਇਸਨੂੰ ਇਸ ਕਤਲ ਕੇਸ ਦੀ ਵੱਡੀ ਕਾਮਯਾਬੀ ਮੰਨਿਆ ਜਾ ਰਿਹਾ ਹੈ। ਇਟਲੀ ਦੀਆਂ ਸਿੱਖ ਜੱਥੇਬੰਦੀਆਂ ਨੇ ਵੀ ਇਸ ਮਾਮਲੇ ਤੇ ਪ੍ਰਤੀਕਿਰਆ ਦਿੰਦਿਆਂ ਕਿਹਾ ਕਿ ਇਸ ਮਾਮਲੇ ਦੀ ਪੂਰੀ ਡੂੰਘਾਈ ਨਾਲ ਜਾਂਚ ਕਰ ਇਸ ਕੇਸ ਨਾਲ ਸੰਬੰਧਿਤ ਸਾਰੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜਾ ਦਿੱਤੀ ਜਾਵੇ।






# ਪਟਿਆਲਾ-ਆਸ/ਪਾਸ



# 'ਗੁਰੂ ਰਵਿਦਾਸ ਦੇ ਸਮਕਾਲੀ ਬਾਣੀਕਾਰਾਂ ਨਾਲ ਸਰੋਕਾਰ' ਵਿਸ਼ੇ 'ਤੇ ਸੱਤਵਾਂ ਸੈਮੀਨਾਰ



ਸਮਾਣਾ, 26 ਜੁਲਾਈ (ਵਿਜੇ ਕੁਮਾਰ/ਅਮਿਤ ਸ਼ਰਮਾ) : ਸਤਿਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਰਜਿ. ਵੱਲੋਂ ਕਰਵਾਏ ਜਾ ਰਹੇ ਸੈਮੀਨਾਰਾਂ ਦੀ ਲੜੀ ਤਹਿਤ ਸੱਤਵਾਂ ਸੈਮੀਨਾਰ ਮੁੱਖ ਸਰਪ੍ਰਸਤ ਬਲਵਿੰਦਰ ਸਿੰਘ ਜਾਤੀਵਾਲ ਦੀ ਪ੍ਰਧਾਨਗੀ ਤਹਿਤ ਪੇਂਡੂ ਖੇਤਰ ਵਿਚ ਸਮਾਣਾ ਨਜ਼ਦੀਕ ਪਿੰਡ ਢੈਂਠਲ ਵਿਖੇ ਕਰਵਾਇਆ ਗਿਆ। 'ਗੁਰੂ ਰਵਿਦਾਸ ਦੇ ਸਮਕਾਲੀ ਬਾਣੀਕਾਰਾਂ ਨਾਲ ਸਰੋਕਾਰ' ਵਿਸ਼ੇ 'ਤੇ ਹੋਏ ਇਸ ਸੈਮੀਨਾਰ ਵਿਚ ਮੁੱਖ ਮਹਿਮਾਨ ਦੇ ਤੌਰ 'ਤੇ ਸੰਨ੍ਹੀ ਓਬਰਾਏ ਵਿਵੇਕ ਸਦਨ ਫਿਊਚਰਸਟਿਕ ਯੂਨੀਵਰਸਿਟੀ ਸ੍ਰੀ ਅਨੰਦਪੁਰ ਸਾਹਿਬ ਦੇ ਵਾਈਸ ਚਾਂਸਲਰ ਡਾ. ਸਰਬਜਿੰਦਰ ਸਿੰਘ ਨੇ ਕੁੰਜੀਵਤ ਭਾਸ਼ਣ ਦਿੰਦਿਆਂ ਕਿਹਾ ਕਿ ਸਿੱਖੀ ਦੀ ਸ਼ੁਰੂਆਤ ਕਰਨ ਵਾਲੇ ਮੁੱਢਲੇ ਬਾਣੀਕਾਰਾਂ ਵਿਚ ਗੁਰੂ ਰਵਿਦਾਸ ਜੀ ਵੱਲੋਂ ਸ਼ੁਰੂ ਕੀਤੀ ਕ੍ਰਾਂਤੀਕਾਰੀ ਲਹਿਰ ਨੇ ਹਾਸ਼ੀਏ 'ਤੇ ਬੈਠੇ ਪਛੜੇ ਸਮਾਜ ਨੂੰ ਇਨਸਾਨ ਹੋਣ ਦਾ ਅਹਿਸਾਸ ਕਰਾਇਆ। ਡਾ. ਸਰਬਜਿੰਦਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਬਾਣਕਾਰੀ ਸਾਰੇ ਪਾਖੰਡਵਾਦ ਦਾ ਖੰਡਨ ਕਰਦੇ ਹਨ ਪਰ ਫਿਰ ਵੀ ਸਾਡੇ ਸਿੱਖ ਸਮਾਜ ਵਿਚ ਅਮਲ ਕਰਨ ਨਾਲੋਂ ਵੱਧ ਪੂਜਾ ਪ੍ਰਣਾਲੀ ਅਪਣਾਈ ਜਾ ਰਹੀ ਹੈ। ਗੁਰੂ ਗ੍ਰੰਥ ਸਾਹਿਬ ਸਿਰਫ਼ ਸ਼ਬਦ ਗੁਰੂ ਨਾਲ ਜੋੜਦੇ ਹਨ ਪਰ ਅਸੀਂ ਅੱਜ ਵੀ ਜਾਤਾਂ ਪਾਤਾਂ, ਊਚ-ਨੀਚ ਦੇ ਅਡੰਬਰਾਂ ਵਿਚ ਉਲਝੇ ਪਏ ਹਾਂ। ਗੁਰੂ ਰਵਿਦਾਸ ਜੀ ਦੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਬਾਣੀ ਅਹਿਸਾਸ ਕਰਾਉਂਦੀ ਹੈ ਕਿ ਵਾਹਿਗੁਰੂ ਸਿਰਫ਼ ਅਮੀਰ ਜਾਂ ਫਿਰ ਕਿਸੇ ਉੱਚੀ ਜਾਤ ਵਾਲੇ ਦਾ ਨਹੀਂ ਹੈ, ਸਗੋਂ ਉਹ ਖੰਡਾਂ ਬ੍ਰਹਿਮੰਡ ਦੇ ਕਣ ਕਣ ਦਾ ਰੱਖਿਅਕ ਹੈ। ਇਸ ਵੇਲੇ ਮੁੱਖ ਭਾਸ਼ਣ ਦਿੰਦਿਆਂ ਗੌਰਮਿੰਟ ਕਾਲਜ ਚੰਡੀਗੜ੍ਹ ਦੇ ਪ੍ਰੋਫੈਸਰ ਡਾ. ਪ੍ਰੀਤਇੰਦਰ ਸਿੰਘ ਨੇ ਕਿਹਾ ਕਿ ਗੁਰੂ ਰਵਿਦਾਸ, ਸੰਤ ਪੁਰਖ ਕਬੀਰ ਜੀ, ਸਰਬ ਪਰਮ ਸੰਤ ਨਾਮਦੇਵ ਜੀ, ਸੈਣ ਜੀ, ਪੀਪਾ ਆਦਿ ਸਮਕਾਲੀ ਬਾਣੀਕਾਰਾਂ ਦੀ ਬਾਣੀ ਸਿੱਧੇ ਅਸਿੱਧੇ ਤੌਰ 'ਤੇ ਬਿਪਰਵਾਦ ਦੀਆਂ ਰਵਾਇਤਾਂ ਨੂੰ ਮੁੱਢੋਂ ਰੱਦ ਕਰਦੀ ਹੈ।

ਗੁਰੂ ਗ੍ਰੰਥ ਸਾਹਿਬ ਦੀ ਬਾਣੀ ਸਿੱਧੇ ਤੌਰ 'ਤੇ ਆਮ ਲੋਕਾਂ ਦੇ ਪੱਖ ਵਿਚ ਖੜਦੀ ਹੋਈ ਬੁਰਜ਼ੂਆ ਤੇ ਸਾਮਰਾਜਵਾਦ ਦਾ ਖੰਡਨ ਕਰਦੀ ਹੈ। ਗੁਰੂ ਰਵਿਦਾਸ ਦਾ ਗਿਆਨ ਨਾਲ ਪ੍ਰਕਾਸ਼ ਦੇਣ ਦਾ ਸੰਕਲਪ ਜਿੱਥੇ ਇਨਸਾਨ ਨੂੰ ਪੜ੍ਹਾਈ ਨਾਲ ਜੋੜਦਾ ਹੈ, ਉੱਥੇ ਹੀ ਬੇਗਮਪੁਰੇ ਦਾ ਸੰਦੇਸ਼ ਬਰਾਬਰਤਾ ਦੀ ਅਗਵਾਈ ਕਰਦਾ ਹੈ। ਇਸ ਵੇਲੇ ਵਿਸ਼ੇਸ਼ ਮਹਿਮਾਨ ਸਾਬਕਾ ਐਮਪੀ ਅਤਿੰਦਰਪਾਲ ਸਿੰਘ ਨੇ ਕਿਹਾ ਸਮਾਜ ਵਿਚ ਘਰ ਕਰ ਚੁੱਕੀਆਂ ਮਨੂੰਵਾਦੀ ਰਵਾਇਤਾਂ ਨੇ ਗੁਰੂ ਰਵਿਦਾਸ ਜਿਹੇ ਰਹਿਬਰਾਂ ਨੂੰ ਇਤਿਹਾਸ ਵਿਚ ਅਣਗੌਲੇ ਕੀਤਾ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਬਾਣੀਕਾਰਾਂ ਵਿਚ ਗੁਰੂ ਸਾਹਿਬਾਨਾਂ ਤੋਂ ਇਲਾਵਾ ਹੋਰ ਬਾਣੀਕਾਰਾਂ ਦੇ ਜੀਵਨ ਖੋਜ ਦੀ ਲਹਿਰ ਚੱਲਣੀ ਚਾਹੀਦੀ ਹੈ। ਇਸ ਵੇਲੇ ਸੈਮੀਨਾਰ ਲੜੀ ਦੇ ਮੁੱਖ ਕੋਆਰਡੀਨੇਟਰ ਗੁਰਨਾਮ ਸਿੰਘ ਅਕੀਦਾ ਨੇ ਕਿਹਾ ਕਿ ਗੁਰੂ ਰਵਿਦਾਸ ਤੋਂ ਇਲਾਵਾ ਬਾਣੀਕਾਰਾਂ ਦੇ ਜੀਵਨ 'ਤੇ ਅਧਾਰਿਤ ਹੋਈਆਂ ਅਕਾਦਮਿਕ ਖੋਜਾਂ 'ਤੇ ਅਧਾਰਿਤ ਸੈਮੀਨਾਰ ਚੱਲਦੇ ਰਹਿਣਗੇ। ਇਸ ਵੇਲੇ ਇਸ ਸੈਮੀਨਾਰ ਦੇ ਕੋਆਰਡੀਨੇਟਰ ਡਾ. ਗੁਰਮੀਤ ਕੱਲਰਮਾਜਰੀ ਨੇ ਸਵਾਗਤੀ ਤੇ ਕੋ ਕੋਆਰਡੀਨੇਟਰ ਡਾ. ਸੰਤੋਖ ਸਿੰਘ ਨੇ ਧੰਨਵਾਦੀ ਭਾਸ਼ਣ ਦਿੱਤਾ। ਇਸ ਵੇਲੇ ਇੱਥੇ ਫਤਿਹਜੰਗ ਸਿੰਘ ਚੰਡੀਗੜ੍ਹ, ਭਾਸ਼ਾ ਵਿਭਾਗ ਦੇ ਅਡਿਸ਼ਨਲ ਡਾਇਰੈਕਟਰ ਸਤਨਾਮ ਸਿੰਘ, ਤੇਜਿੰਦਰਪਾਲ ਸਿੰਘ ਸੰਧੂ, ਰਾਮ ਸਰੂਪ ਪੰਜੋਲਾ, ਸਾਬਕਾ ਆਈਟੀਓ ਜਰਨੈਲ ਸਿੰਘ ਤੇ ਬੰਤ ਸਿੰਘ ਝੰਡੀ, ਗਿਆਨਦੀਪ ਸਾਹਿਤ ਸਾਧਨਾ ਵੱਲੋਂ ਗੁਰਚਰਨ ਚੰਨ ਪਟਿਆਲਵੀ, ਪਰਮਿੰਦਰ ਸਿੰਘ ਰਾਇਪੁਰ, ਨਿਰਭੈ ਸਿੰਘ ਰੁੜਕੀ, ਬਲਜਿੰਦਰ ਸਿੰਘ ਵੜੈਚ, ਦਰਸ਼ਨ ਸਿੰਘ ਦਰਸ਼, ਸਤਵਿੰਦਰ ਸਿੰਘ ਪਟਿਆਲਾ, ਨੰਦ ਲਾਲ ਪਟਿਆਲਾ, ਹਰਬੰਸ ਸਿੰਘ, ਹਰਬੰਸ ਗੁਰੂ, ਸਮਰਿਤੀ ਡੋਗਰਾ, ਗੁਰਨਾਮ ਸਿੰਘ ਤਹਿਸੀਲਦਾਰ ਆਦਿ ਨੇ ਵੀ ਆਪਣੇ ਵਿਚਾਰ ਰੱਖੇ।

ਸਮਾਣਾ ਦੇ ਬੁਨਿਆਦੀ ਢਾਂਚੇ ਨੂੰ ਮਿਲੀ ਮਜ਼ਬੂਤੀ

# ਸੁਰਜੀਤ ਸਿੰਘ ਰੱਖੜਾ ਵੱਲੋਂ 92.85 ਲੱਖ ਦੇ ਸੜਕ ਨਿਰਮਾਣ ਕਾਰਜਾਂ ਦਾ ਉਦਘਾਟਨ



ਸਮਾਣਾ, 26 ਜੁਲਾਈ (ਜਵੰਦਾ/ਵਿਜੇ ਕੁਮਾਰ) : ਸਾਬਕਾ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਵੱਲੋਂ ਸਮਾਣਾ ਵਿਖੇ 92.85 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸੜਕ ਨਿਰਮਾਣ ਕਾਰਜਾਂ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਆਵਾਜਾਈ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਸੜਕਾਂ ਦਾ ਕਾਇਆਕਲਪ ਕੀਤਾ ਜਾ ਰਿਹਾ ਹੈ, ਤਾਂ ਜੋ ਲੋਕਾਂ ਨੂੰ ਬਿਹਤਰ ਅਤੇ ਸੁਖਾਲੀਆਂ ਆਵਾਜਾਈ ਸਹੂਲਤਾਂ ਮਿਲ ਸਕਣ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਰਾਹੀਂ ਹਰ ਖੇਤਰ ਨੂੰ ਨਵੀਂ ਰਫ਼ਤਾਰ ਦੇਣ ਲਈ ਸਰਕਾਰ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਇਨ੍ਹਾਂ ਵਿਕਾਸ ਕਾਰਜਾਂ ਦੇ ਨਾਲ ਨਾ ਸਿਰਫ਼ ਲੋਕਾਂ ਦੀ ਆਵਾਜਾਈ ਸੁਖਾਲੀ ਹੋਵੇਗੀ, ਸਗੋਂ ਇਲਾਕੇ ਦੇ ਵਿਕਾਸ, ਵਪਾਰਕ ਗਤੀਵਿਧੀਆਂ ਅਤੇ ਰੋਜ਼ਾਨਾ ਦੇ ਆਵਾਜਾਈ ਪ੍ਰਬੰਧ ਨੂੰ ਵੀ ਵੱਡਾ ਹੁਲਾਰਾ ਮਿਲੇਗਾ। ਉਨ੍ਹਾਂ ਭਰੋਸਾ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਹਲਕਾ ਸਮਾਣਾ ਦੇ ਸਰਬਪੱਖੀ ਵਿਕਾਸ ਲਈ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾਣਗੇ, ਤਾਂ ਜੋ ਹਰ ਵਰਗ ਦੇ ਲੋਕਾਂ ਨੂੰ ਆਧੁਨਿਕ ਅਤੇ ਬਿਹਤਰ ਸਹੂਲਤਾਂ ਦਾ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਉਮੀਦਾਂ 'ਤੇ ਖਰ੍ਹਾਂ ਉਤਰਦਿਆਂ ਵਿਕਾਸ ਦੀ ਇਹ ਰਫ਼ਤਾਰ ਭਵਿੱਖ ਵਿੱਚ ਵੀ ਲਗਾਤਾਰ ਜਾਰੀ ਰਹੇਗੀ। ਇਸ ਮੌਕੇ ਨਗਰ ਕੌਂਸਲ ਸਮਾਣਾ ਦੇ ਪ੍ਰਧਾਨ ਕਪੂਰ ਚੰਦ ਬਾਂਸਲ, ਸਾਬਕਾ ਚੇਅਰਮੈਨ ਸ੍ਰੀ ਅਸ਼ੋਕ ਮੌਦਗਿਲ, ਸਾਬਕਾ ਚੇਅਰਮੈਨ ਹਰਿੰਦਰ ਸਿੰਘ ਕੁਲਬੁਰਛਾਂ, ਕੌਂਸਲਰ ਮਨਜਿੰਦਰ ਸਿੰਘ ਰਾਣਾ ਸੇਖੋਂ, ਕੌਂਸਲਰ ਸੁਰਜੀਤ ਪੱਪੀ, ਕੌਂਸਲਰ ਜਗਤਾਰ ਸੰਧੂ, ਕੌਂਸਲਰ ਸੋਨੀ ਕਿੰਗ, ਗੁਰਦਿਆਲ ਸਿੰਘ ਰੰਧਾਵਾ, ਬੱਗਾ ਵਰਮਾ, ਗੁਰਦੀਪ ਸ਼ਰਮਾ ਤੇ ਪਵਨ ਕੁਮਾਰ ਪੰਨੀ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਸਥਾਨਕ ਨਿਵਾਸੀ ਹਾਜ਼ਰ ਸਨ।

## ਰਾਮਗੜ੍ਹੀਆ ਅਕਾਲ ਜਥੇਬੰਦੀ ਦੀ ਮੀਟਿੰਗ 5 ਅਗਸਤ ਨੂੰ

ਪਟਿਆਲਾ, 26 ਜੁਲਾਈ (ਚ.ਨ.ਸ) : ਰਾਮਗੜ੍ਹੀਆ ਅਕਾਲ ਜਥੇਬੰਦੀ ਪੰਜਾਬ ਦੀ ਸਮੁੱਚੀ ਟੀਮ ਨੇ ਦਿਨ ਰਾਤ ਮਿਹਨਤ ਕਰਕੇ ਖਾਲਸੇ ਦੀ ਜਨਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੂਬਾ ਦਫ਼ਤਰ ਬਣਾਉਣ ਵਿੱਚ ਬਹੁਤ ਹੀ ਪ੍ਰਾਪਤੀ ਹਾਸਲ ਕੀਤੀ ਹੈ ਮਿਤੀ 5 ਅਗਸਤ ਨੂੰ ਜਥੇਬੰਦੀ ਦੇ ਮੁੱਖ ਦਫਤਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਕੌਮੀ ਸੰਚਾਲਕ ਹਰਜੀਤ ਸਿੰਘ ਰਾਮਗੜ੍ਹੀਆ ਦੀ ਅਗਵਾਈ ਹੇਠ ਸੂਬਾ ਟੀਮ ਦੀ ਮੀਟਿੰਗ ਹੋਵੇਗੀ ਅਤੇ ਸੂਬਾ ਦਫ਼ਤਰ ਵਿਖੇ ਮਹੀਨਾਵਾਰ ਸਹਿਜ ਪਾਠ ਦੀ ਸ਼ੁਰੂਆਤ ਵੀ ਕੀਤੀ ਜਾਵੇਗੀ। ਇਹ ਜਾਣਕਾਰੀ ਰਾਮਗੜ੍ਹੀਆ ਅਕਾਲ ਜਥੇਬੰਦੀ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਧੰਨਦੇਵ ਸਿੰਘ ਹੁੰਝਣ ਨੇ ਪ੍ਰੈਸ ਨਾਲ ਸਾਂਝੀ ਕੀਤੀ।

## ਭਾਜਪਾ ਦੇ ਵਿਕਸਿਤ ਭਾਰਤ ਜੀ ਰਾਮ ਜੀ ਸੈਲ ਵੱਲੋਂ ਮੋਹਨ ਲਾਲ ਸ਼ਰਮਾ ਮੁੱਖ ਸਲਾਹਕਾਰ ਦੇ ਅਹੁਦੇ ਤੋਂ ਬਰਖਾਸਤ



ਸਮਾਣਾ, 26 ਜੁਲਾਈ (ਸੁਖਜਿੰਦਰ ਸਿੰਘ ਕੁਲਾਰਾਂ) : ਭਾਜਪਾ ਦੇ ਵਿਕਸਿਤ ਭਾਰਤ ਜੀ ਰਾਮ ਜੀ ਸੈਲ ਦੇ ਕਨਵੀਨਰ ਭੀਮ ਸਿੰਘ ਕੋਟਲੀ ਨੇ ਸੈੱਲ ਦੇ ਮੁੱਖ ਸਲਾਹਕਾਰ ਮੋਹਨ ਲਾਲ ਸ਼ਰਮਾ ਨੂੰ ਅਹੁਦੇ ਤੋਂ ਬਰਖ਼ਾਸਤ ਕਰ ਦਿੱਤਾ ਹੈ। ਜਿਸ ਦੇ ਪਿੱਛੇ ਕਾਰਨ ਉਨ੍ਹਾਂ ਮੋਹਨ ਲਾਲ ਸ਼ਰਮਾ ਵੱਲੋਂ ਅਹੁਦੇ 'ਤੇ ਰਹਿੰਦਿਆਂ ਆਪਣੀਆਂ ਜ਼ਿੰਮੇਵਾਰੀਆਂ ਸਹੀ ਢੰਗ ਨਾਲ ਨਾ ਨਿਭਾਉਣ ਨੂੰ ਦੱਸਿਆ ਗਿਆ ਹੈ। ਸੈਲ ਦੇ ਕਨਵੀਨਰ ਭੀਮ ਸਿੰਘ ਕੋਟਲੀ ਨੇ ਇਸ ਸੰਬੰਧੀ 22 ਜੁਲਾਈ ਨੂੰ ਪੱਤਰ ਨੰਬਰ 3 ਜਾਰੀ ਕਰਕੇ ਮੋਹਨ ਲਾਲ ਸ਼ਰਮਾ ਦੀ ਬਰਖ਼ਾਸਤਗੀ 'ਤੇ ਮੋਹਰ ਲਗਾਈ। ਉਨ੍ਹਾਂ ਜਾਰੀ ਕੀਤੇ ਪੱਤਰ ਵਿਚ ਦੱਸਿਆ ਕਿ ਵਾਰ-ਵਾਰ ਮੌਖਿਕ ਤੌਰ 'ਤੇ ਮੋਹਨ ਲਾਲ ਸ਼ਰਮਾ ਨੂੰ ਆਪਣੀ ਜ਼ਿੰਮੇਵਾਰੀ ਸਹੀ ਢੰਗ ਨਾਲ ਨਿਭਾਉਣ ਲਈ ਸੂਚਿਤ ਕੀਤਾ ਗਿਆ ਪਰ ਉਨ੍ਹਾਂ ਵੱਲੋਂ ਆਪਣੇ ਕੰਮ ਵਿਚ ਕੋਈ ਸੁਧਾਰ ਨਹੀਂ ਕੀਤਾ ਗਿਆ, ਜਿਸ ਕਾਰਨ ਉਨ੍ਹਾਂ ਵੱਲੋਂ ਮੋਹਨ ਲਾਲ ਸ਼ਰਮਾ ਨੂੰ ਸੈੱਲ ਦੇ ਮੁੱਖ ਸਲਾਹਕਾਰ ਦੇ ਅਹੁੱਦੇ ਤੋਂ ਤੁਰੰਤ ਬਰਖ਼ਾਸਤ ਕਰ ਦਿੱਤਾ ਗਿਆ। ਇਸ ਬਾਰੇ ਜਦੋਂ ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਨਾਲ ਗੱਲ ਕਰਨੀ ਚਾਹੀ ਤਾਂ ਉਨ੍ਹਾਂ ਵਾਰ-ਵਾਰ ਫੋਨ ਕਰਨ ਦੇ ਬਾਵਜੂਦ ਆਪਣਾ ਫੋਨ ਨਹੀਂ ਚੁੱਕਿਆ।

# ਗੁਰਦੁਆਰਾ ਸਾਹਿਬ ਭਾਈ ਲਾਲੋ ਜੀ ਗੁਰੂ ਨਾਨਕ ਨਗਰ ਵਿਖੇ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



ਪਟਿਆਲਾ, 26 ਜੁਲਾਈ (ਚ.ਨ.ਸ) : ਗੁਰਦੁਆਰਾ ਸਾਹਿਬ ਭਾਈ ਲਾਲੋ ਜੀ ਗਲੀ ਨੰਬਰ-9 ਗੁਰੂ ਨਾਨਕ ਨਗਰ ਪਟਿਆਲਾ ਵਿਖੇ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਕੀਰਤਨ ਕੀਤਾ ਗਿਆ। ਅਰਦਾਸ ਕੀਤੀ ਗਈ। ਭਾਈ ਸਾਹਿਬ ਨੇ ਹੁਕਮਨਾਮਾ ਲਿਆ ਗਿਆ। ਹੁਕਮਨਾ ਹੁਕਮਨਾਮੇ ਵਿੱਚ 'ਸੰਤਾਂ ਕੇ ਕਾਰਜ ਆਪ ਖਲੋਇਆ ਹਰ ਕੰਮ ਕਰਾਵਣ ਆਇਆ ਰਾਮ' ਦੇ ਮਹਾਂਵਾਕ ਆਏ। ਇਸ ਮੌਕੇ 'ਤੇ ਸਭਾ ਦੇ ਚੇਅਰਮੈਨ ਭਾਈ ਜਗਤ ਸਿੰਘ ਜੀ ਪ੍ਰਧਾਨ ਸੂਬਾ ਸਿੰਘ ਜੀ ਮੀਤ ਪ੍ਰਧਾਨ ਪ੍ਰੀਤ ਇੰਦਰ ਸਿੰਘ ਜੀ ਸੀਨੀਅਰ ਮੈਂਬਰ ਗੁਰਮੀਤ ਸਿੰਘ ਸ਼ਿੰਗਾਰੀ ਜੀ ਮਹਿੰਦਰ ਸਿੰਘ ਜੀ ਅਤੇ ਹੋਰ ਪਤਵੰਤੇ ਹਾਜ਼ਰ ਸਨ। ਇਸ ਮੌਕੇ 'ਤੇ ਸੰਗਤੀ ਰੂਪ ਵਿੱਚ ਆਏ ਅਮਰਜੀਤ ਸਿੰਘ ਰਾਮਗੜ੍ਹੀਆ ਨੂੰ ਆਮ ਆਦਮੀ ਪਾਰਟੀ ਵੱਲੋਂ ਸਟੇਟ ਮੈਂਬਰ ਪੰਜਾਬ ਰਾਮਗੜ੍ਹੀਆ ਵੈਲਫੇਅਰ ਬੋਰਡ ਅਤੇ ਰਮਨਦੀਪ ਸਿੰਘ ਚੱਢਾ ਨੂੰ ਖੱਤਰੀ ਵੈਲਫੇਅਰ ਬੋਰਡ ਦਾ ਸ਼ਹਿਰੀ ਚੇਅਰਮੈਨ ਲਾਉਣ 'ਤੇ ਸਨਮਾਨਿਤ ਕੀਤਾ। ਇਸ ਮੌਕੇ ਅਮਰਜੀਤ ਸਿੰਘ ਰਾਮਗੜ੍ਹੀਆ ਨੇ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਦੇ ਜੀਵਨ 'ਤੇ ਚਾਨਣਾ ਪਾਇਆ ਅਤੇ ਸਮੁੱਚੀ ਰਾਮਗੜ੍ਹੀਆ ਕਮੇਟੀ ਦਾ ਧੰਨਵਾਦ ਕੀਤਾ ਅਤੇ ਗੁਰਦੁਆਰਾ ਸਾਹਿਬ ਦੀ ਹਰ ਤਰ੍ਹਾਂ ਦੀ ਸੇਵਾ 'ਚ ਹਾਜ਼ਰ ਰਹਿਣਗੇ ਦਾ ਪ੍ਰਣ ਲਿਆ।

# ਬਰਕਤ ਕੁਟੀਆ ਕਾਲਾਬੂਲਾ ਵਿਖੇ ਗੁਰੂ ਪੂਜਾ ਮੌਕੇ ਵਿਸ਼ਾਲ ਭੰਡਾਰਾ 29 ਨੂੰ



ਸ਼ੇਰਪੁਰ, 26 ਜੁਲਾਈ (ਬਲਜੀਤ ਸਿੰਘ ਟਿੱਬਾ) : ਇਤਿਹਾਸਕ ਅਸਥਾਨ ਸ੍ਰੀ ਸ੍ਰੀ 1008 ਚਰਨ ਕਮਲ ਪੂਜ ਪਾਦ ਸਰਵ ਉਪਮਾ ਯੋਗ ਸਰਬ ਸ਼ਕਤੀਮਾਨ ਬ੍ਰਹਮਜੋਤ ਪ੍ਰਕਾਸ਼ਤਮ ਪੂਜਨੀਕ ਬ੍ਰਹਮਲੀਨ ਸ੍ਰੀ ਸੁਤੇ ਸਿੱਧ ਮਹਾਰਾਜ ਜੀ ਵਿਸ਼ਰਾਮ ਆਸ਼ਰਮ (ਬਰਕਤ ਕੁਟੀਆ) ਘਨੌਰੀ ਰੋਡ , ਪਿੰਡ ਕਾਲਾਬੂਲਾ ( ਸੰਗਰੂਰ ) ਵਿਖੇ ਗੁਰੂ ਪੂਜਾ ਮੌਕੇ ਸਮੂੰਹ ਸਾਧ ਸੰਗਤ ਅਤੇ ਸ੍ਰੀ ਸ੍ਰੀ 1008 ਸ੍ਰੀ ਸੁਤੇ ਸਿੱਧ ਜੀ ਮਹਾਰਾਜ , ਮਹਾਰਾਜ ਚੈਰੀਟੇਬਲ ਟਰੱਸਟ ਪਿੰਡ ਕਾਲਾਬੂਲਾ ਵੱਲੋਂ ਵਿਸ਼ਾਲ ਭੰਡਾਰਾ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਬਰਕਤ ਕੁਟੀਆ ਕਾਲਾਬੂਲਾ ਦੇ ਗੱਦੀ ਨਸ਼ੀਨ ਮਹੰਤ ਸੁਤੇ ਪ੍ਰਕਾਸ਼ ਜੀ ਨੇ ਦੱਸਿਆ ਕਿ ਗੁਰੂ ਪੂਜਾ ਦੇ ਸਬੰਧ ਵਿੱਚ ਮਿਤੀ 29 ਜੁਲਾਈ ਦਿਨ ਬੁੱਧਵਾਰ ਨੂੰ ਸਵੇਰੇ 10 ਵਜੇ ਗੁਰੂ ਕਾ ਭੰਡਾਰਾ ਅਤੁੱਟ ਵਰਤੇਗਾ। ਮਹੰਤ ਸੁਤੇ ਪ੍ਰਕਾਸ਼ ਜੀ ਨੇ ਸਮੂਹ ਸੰਗਤ ਨੂੰ ਗੁਰੂ ਦੀਆਂ ਖੁਸ਼ੀਆਂ ਅਤੇ ਅਸ਼ੀਰਵਾਦ ਪ੍ਰਾਪਤ ਕਰਨ ਲਈ ਹਾਰਦਿਕ ਸੱਦਾ ਦਿੱਤਾ ਹੈ।



ਸ੍ਰੀ ਰਾਜਪਾਲ ਸਿੰਘ ਢੀਂਗਰਾ ਐਡਵੋਕੇਟ ਪੰਜਾਬ ਐਂਡ ਹਰਿਆਣਾ ਹਾਈਕੋਰਟ, ਮੈਂਬਰ ਡੀ.ਬੀ. ਏ. ਜਲੰਧਰ (ਸਾਬਕਾ ਡੀ. ਸੀ. ਐਫ. ਏ ਨਗਰ ਨਿਗਮ ਜਲੰਧਰ) ਵੱਲੋਂ ਰੈਡੀਸਨ ਹੋਟਲ ਦੇ ਡਾਇਰੈਕਟਰ (ਐਫ਼ ਐਂਡ .ਬੀ) ਸ਼ਸ਼ੀ ਪਾਲ ਸ਼ਰਮਾ ਨੂੰ ਹੋਟਲ ਮੈਨੇਜਮੈਂਟ ਸਿਖਲਾਈ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਅਨੁਸ਼ਾਸਿਤ ਟ੍ਰੇਨਿੰਗ ਦੇਣ ਵਜੋਂ ਪੱਤਰਕਾਰ ਸੁਪ੍ਰੀਤ ਕੌਰ ਚਾਵਲਾ (ਭਾਦਸੋਂ) ਦੀ ਮੌਜੂਦਗੀ ਵਿਚ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।
(ਫੋਟੋ ਤੇ ਵੇਰਵਾ : ਭਰਪੂਰ ਸਿੰਘ ਮੱਟਰਾਂ)

## ਇਟਲੀ ਭੇਜਣ ਦਾ ਝਾਂਸਾ ਦੇ ਕੇ ਮਾਰੀ ਠੱਗੀ

ਪਟਿਆਲਾ, 26 ਜੁਲਾਈ (ਵਿਨੋਦ ਸ਼ਰਮਾ) : ਥਾਣਾ ਸਨੌਰ ਪੁਲਿਸ ਕੋਲ ਮਲਕੀਤ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਪਿੰਡ ਰਾਠੀਆ ਨੇ ਕਥਿਤ ਦੋਸ਼ੀਆਂ ਸੁਰੇਸ਼ ਕੁਮਾਰ, ਰੋਮੀ, ਚਰਨਜੀਤ ਕੌਰ ਵਾਸੀ ਅਨੰਦਪਰ ਜਲਬੇੜਾ ਜ਼ਿਲ੍ਹਾ ਅੰਬਾਲਾ ਹਰਿਆਣਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਕਥਿਤ ਦੋਸ਼ੀਆਂ ਨੇ ਉਸ ਦੇ ਲੜਕੇ ਨੂੰ ਵਰਕ ਪਰਮਿਟ ਪਰ ਇਟਲੀ ਭੇਜਣ ਦਾ ਝਾਂਸਾ ਦੇ ਕੇ 7,50,000 ਰੁਪਏ ਲੈ ਲਏ, ਪਰ ਬਾਅਦ ਵਿੱਚ ਨਾ ਤਾਂ ਉਸ ਦੇ ਲੜਕੇ ਨੂੰ ਇਟਲੀ ਭੇਜਿਆ ਅਤੇ ਨਾ ਹੀ ਪੈਸੇ ਵਾਪਿਸ ਕੀਤੇ। ਪੁਲਿਸ ਨੇ ਧਾਰਾ 420,120-ਬੀ ਦੇ ਤਹਿਤ ਮਾਮਲਾ ਦਰਜ ਕੀਤਾ ਹੈ।

# ਦੋ ਦਿਨਾ 'ਗਊ ਕਥਾ' 8-9 ਅਗਸਤ ਨੂੰ

## ਸਾਬਕਾ ਕੇਂਦਰੀ ਮੰਤਰੀ ਪ੍ਰਨੀਤ ਕੌਰ ਸ਼ਿਰਕਤ ਕਰਨਗੇ



ਸਮਾਣਾ, 26 ਜੁਲਾਈ (ਵਿਜੇ ਕੁਮਾਰ) : ਗਊ ਸੇਵਾ ਸਮਿਤੀ ਵੱਲੋਂ ਧਾਰਮਿਕ ਚੇਤਨਾ ਅਤੇ ਗਊ ਸੇਵਾ ਨੂੰ ਉਤਸ਼ਾਹਿਤ ਕਰਨ ਲਈ 8 ਅਤੇ 9 ਅਗਸਤ ਨੂੰ ਮਾਤਾ ਨੈਣਾ ਆਰੀਆ ਧਰਮਸ਼ਾਲਾ ਵਿਖੇ ਦੋ-ਰੋਜ਼ਾ ਗਊ ਕਥਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਮਾਗਮ ਵਿੱਚ ਸਾਬਕਾ ਕੇਂਦਰੀ ਮੰਤਰੀ ਮਹਾਰਾਣੀ ਪਰਨੀਤ ਕੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਗਊ ਸੇਵਾ ਸਮਿਤੀ ਵਫ਼ਦ ਨੀਰਜ ਕੁਮਾਰ ਗੁਪਤਾ, ਰਾਜੇਸ਼ ਕੁਮਾਰ ਗੁਪਤਾ, ਪ੍ਰੀਕਸ਼ਿਤ ਸ਼ਰਮਾ, ਅਭਿਨਵ ਜਿੰਦਲ, ਯਤਿੰਦਰ ਸ਼ਰਮਾ (ਮੰਡਲ ਪ੍ਰਧਾਨ) ਅਤੇ ਲਲਿਤ ਭੱਲਾ ਨੇ ਉਨ੍ਹਾਂ ਨਾਲ ਮੁਲਾਕਾਤ ਕਰਕੇ ਸੱਦਾ ਪੱਤਰ ਸੌਂਪਿਆ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਪਵਿੱਤਰ ਸਮਾਗਮ ਦਾ ਮੁੱਖ ਮਕਸਦ ਗਊ ਰੱਖਿਆ ਅਤੇ ਸੇਵਾ ਪ੍ਰਤੀ ਜਾਗਰੂਕਤਾ ਫੈਲਾਉਣਾ ਹੈ। ਸਮਿਤੀ ਨੇ ਸ਼ਹਿਰ ਅਤੇ ਇਲਾਕਾ ਵਾਸੀਆਂ ਨੂੰ ਪਰਿਵਾਰਾਂ ਸਮੇਤ ਪਹੁੰਚ ਕੇ ਗਊ ਕਥਾ ਦਾ ਆਨੰਦ ਮਾਣਨ ਅਤੇ ਪੁੰਨ ਦੇ ਭਾਗੀ ਬਣਨ ਦੀ ਅਪੀਲ ਕੀਤੀ ਹੈ।

# ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ 'ਰੁੱਖ ਲਗਾਓ, ਵਾਤਾਵਰਨ ਬਚਾਓ' ਮੁਹਿੰਮ ਤਹਿਤ ਪਾਮ ਦੇ ਪੌਦੇ ਲਗਾਏ



ਸਮਾਣਾ, 26 ਜੁਲਾਈ (ਵਿਜੇ ਕੁਮਾਰ) : ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਵਾਤਾਵਰਨ ਦੀ ਸੰਭਾਲ ਲਈ ਚਲਾਈ ਜਾ ਰਹੀ 'ਰੁੱਖ ਲਗਾਓ, ਵਾਤਾਵਰਨ ਬਚਾਓ' ਮੁਹਿੰਮ ਨੂੰ ਅੱਗੇ ਵਧਾਉਂਦੇ ਹੋਏ, ਉਦਯੋਗਪਤੀ ਰਾਮੇਸ਼ ਗਰਗ ਦੀ ਸਰਪ੍ਰਸਤੀ ਹੇਠ ਚਿਲਡਰਨ ਮੈਮੋਰੀਅਲ ਪਾਰਕ 'ਚ ਪਾਮ ਦੇ ਪੌਦੇ ਲਗਾਏ ਗਏ।ਇਸ ਪੌਦੇ ਲਗਾਉਣ ਦੀ ਮੁਹਿੰਮ ਵਿੱਚ ਨਗਰ ਕੌਂਸਲ ਦੇ ਪ੍ਰਧਾਨ ਕਪੂਰ ਚੰਦ ਬਾਂਸਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਪ੍ਰਦੀਪ ਗੋਇਲ ਮਿੰਕਾ, ਐਮ.ਸੀ. ਸ਼ੈਂਕੀ ਤਕੇਜਾ, ਰਵੀ ਤਕੇਜਾ, ਐਮ.ਸੀ. ਜਗਤਾਰ ਸੰਧੂ ਅਤੇ ਪ੍ਰਵੀਨ ਗਰਗ ਟੀਟੂ ਨੇ ਵੀ ਉਚੇਚੇ ਤੌਰ 'ਤੇ ਹਾਜ਼ਰੀ ਭਰੀ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਕਪੂਰ ਚੰਦ ਬਾਂਸਲ ਅਤੇ ਉਦਯੋਗਪਤੀ ਰਾਮੇਸ਼ ਗਰਗ ਨੇ ਕਿਹਾ ਕਿ ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਚਲਾਈ ਗਈ ਇਹ ਮੁਹਿੰਮ ਬਹੁਤ ਹੀ ਸ਼ਲਾਘਾਯੋਗ ਹੈ। ਉਨ੍ਹਾਂ ਸਮੂਹ ਨਗਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਹਰ ਇਨਸਾਨ ਨੂੰ ਆਪਣੇ ਜਨਮ ਦਿਨ ਜਾਂ ਕਿਸੇ ਵੀ ਖੁਸ਼ੀ ਦੇ ਮੌਕੇ 'ਤੇ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ।ਸੰਸਥਾ ਦੇ ਪ੍ਰਧਾਨ ਰਮਨ ਮਹਿੰਦਰਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ 'ਰੁੱਖ ਲਗਾਓ, ਵਾਤਾਵਰਨ ਬਚਾਓ' ਮੁਹਿੰਮ ਤਹਿਤ ਆਉਣ ਵਾਲੇ ਦਿਨਾਂ ਵਿੱਚ ਵੀ ਸ਼ਹਿਰ ਦੀਆਂ ਵੱਖ-ਵੱਖ ਥਾਵਾਂ 'ਤੇ ਪੌਦੇ ਲਗਾਏ ਜਾਣਗੇ ਅਤੇ ਉਨ੍ਹਾਂ ਦੀ ਪੂਰੀ ਦੇਖਭਾਲ ਵੀ ਸੁਚੱਜੇ ਢੰਗ ਨਾਲ ਕੀਤੀ ਜਾਵੇਗੀ। ਇਸ ਮੌਕੇ ਸੈਕਟਰੀ ਕਮਲ ਸ਼ਰਮਾ, ਕੈਸ਼ੀਅਰ ਸੰਨੀ ਪੋਪਲੀ, ਰਾਜਨ ਸੱਚਦੇਵਾ, ਮੁਕੁਲ ਲੂਥਰਾ, ਮਨੋਜ ਰਹੇਜਾ, ਰਣਜੀਤ ਰਾਣਾ, ਰਾਹੁਲ ਗਰਗ ਰੌਕੀ, ਕਰਨ ਬਜਾਜ, ਮਨਜੀਤ ਸਿੰਘ ਜੇ.ਈ., ਅਜੈ ਵੋਹਰਾ, ਹੈਪੀ, ਬਲਵਿੰਦਰ ਭਟਨਾਗਰ ਅਤੇ ਗੁਰਿੰਦਰ ਸਿੰਘ ਸਮੇਤ ਹੋਰ ਵੀ ਮੈਂਬਰ ਮੌਜੂਦ ਸਨ।

## ਪਦਮਸ਼੍ਰੀ ਡਾ. ਖੁਸ਼ਦੇਵਾ ਸਿੰਘ ਤੇ ਅਮਰ ਸਿੰਘ ਕੰਬੋਜ ਦੀਆਂ ਪ੍ਰਤਿਮਾਵਾਂ ਦੀ ਸਥਾਪਨਾ ਛੇਤੀ : ਪ੍ਰਾਣ ਸੱਭਰਵਾਲ

ਪਟਿਆਲਾ, 26 ਜੁਲਾਈ (ਚ.ਨ.ਸ): ਦੇਸ਼ ਪ੍ਰਸਿੱਧ ਸਮਾਜ ਸੇਵੀ ਸ਼ਖਸੀਅਤਾਂ ਸਵ: ਪਦਮਸ਼੍ਰੀ ਡਾ. ਖੁਸ਼ਦੇਵਾ ਸਿੰਘ ਸੰਸਥਾਪਕ ਅਤੇ ਪ੍ਰਧਾਨ ਕੁਸ਼ਟ ਆਸ਼ਰਮ ਅਤੇ ਸ. ਅਮਰ ਸਿੰਘ ਕੰਬੋਜ ਸਾਬਕਾ ਪ੍ਰਧਾਨ ਕੁਸ਼ਟ ਆਸ਼ਰਮ ਦੀਆਂ ਖੂਬਸੂਰਤ ਬਸਟਾਂ (ਪ੍ਰਤਿਮਾਵਾਂ) ਦੀ ਸਥਾਪਨਾ ਛੇਤੀ ਨਿਸ਼ਚਿਤ ਹੈ। ਉਪਰੋਕਤ ਜਾਣਕਾਰੀ ਆਸ਼ਰਮ ਨਾਲ 1964 ਤੋਂ ਲਗਾਤਾਰ ਜੁੜੇ ਦਮਪਤੀ ਪਦਮਸ਼੍ਰੀ ਅਵਾਰਡੀ ਸ਼੍ਰੀ ਪ੍ਰਾਣ ਸੱਭਰਵਾਲ-ਸਟੇਟ ਅਵਾਰਡੀ ਸ਼੍ਰੀਮਤੀ ਸੁਨੀਤਾ ਸੱਭਰਵਾਲ ਨੇ ਕੁਸ਼ਟ ਆਸ਼ਰਮ ਫੇਰੀ ਦੌਰਾਨ ਦਿੱਤੀ। ਸ਼੍ਰੀ ਸੱਭਰਵਾਲ ਨੇ ਦੱਸਿਆ ਕਿ ਇਸ ਸਬੰਧ ਵਿੱਚ ਸਾਰੇ ਪ੍ਰਬੰਧ ਆਸ਼ਰਮ ਦੇ ਮੌਜੂਦਾ ਪ੍ਰਧਾਨ ਨੈਸ਼ਨਲ ਅਵਾਰਡੀ ਸਮਾਜਿਕ ਸੇਵੀ ਸ਼ਖਸੀਅਤ ਕਰਨਲ ਕਰਮਿੰਦਰ ਸਿੰਘ ਕਰ ਰਹੇ ਹਨ, ਜਿਹਨਾਂ ਨੇ ਉਪਰੋਕਤ ਮਹਾਨ ਸ਼ਖਸੀਅਤਾਂ ਪ੍ਰਤੀ ਲੋਕਾਂ ਦੀ ਸ਼ਰਧਾ ਦੇ ਮੱਦੇਨਜ਼ਰ ਇਹ ਉੱਦਮ ਕੀਤਾ ਹੈ।ਨਟਾਸ ਪ੍ਰਧਾਨ ਸ੍. ਗੁਰਬਚਨ ਸਿੰਘ ਕੱਕੜ ਸੀਨਅਰ ਮੀਤ ਪ੍ਰਧਾਨ ਸਾਹਿਬਾਨ ਪੀ.ਸੀ. ਤੀਵਾੜੀ, ਰਾਜਿੰਦਰ ਵਰਮਾ ਮੈਂਬਰਾਂ ਅਤੇ ਸੱਭਰਵਾਲ ਪਰਿਵਾਰ ਨੇ ਕਰਨਲ ਕਰਮਿੰਦਰ ਸਿੰਘ ਦਾ ਇਸ ਨਿਵੇਕਲੇ ਉੱਦਮ ਲਈ ਧੰਨਵਾਦ ਕੀਤਾ।

# ਧਾਰਮਿਕ ਸਮਾਗਮ 'ਏਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਭਲਕੇ, ਤਿਆਰੀਆਂ ਜ਼ੋਰਾਂ 'ਤੇ



ਪਟਿਆਲਾ, 26 ਜੁਲਾਈ (ਚ.ਨ.ਸ) : ਪੰਜਾਬ ਸਰਕਾਰ ਵੱਲੋਂ ਭਗਵਾਨ ਸ਼ਿਵ ਜੀ ਦੀ ਮਹਿਮਾ ਨੂੰ ਸਮਰਪਿਤ ਵਿਸ਼ਾਲ ਧਾਰਮਿਕ ਸਮਾਗਮ 28 ਜੁਲਾਈ ਨੂੰ 'ਏਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਆਤਮਾ ਰਾਮ ਕੁਮਾਰ ਸਭਾ ਗਰਾਊਂਡ, ਪਟਿਆਲਾ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਆਮ ਆਦਮੀ ਪਾਰਟੀ ਦੇ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ, ਜ਼ਿਲ੍ਹਾ ਯੋਜਨਾ ਕਮੇਟੀ ਤੇਜਿੰਦਰ ਮਹਿਤਾ ਅਤੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਨੁਪ੍ਰਿਤਾ ਜੌਹਲ ਨੇ ਲਿਆ।ਇਸ ਮੌਕੇ ਤੇਜਿੰਦਰ ਮਹਿਤਾ ਨੇ ਕਿਹਾ ਕਿ ਪੰਜਾਬ ਸਰਕਾਰ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਨੂੰ ਪ੍ਰਫੁੱਲਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਵਿਸ਼ਾਲ ਸਮਾਗਮ ਦੌਰਾਨ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ, ਇਸ ਲਈ ਹਰ ਲੋੜੀਂਦੀ ਸਹੂਲਤ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸੁਰੱਖਿਆ, ਟ੍ਰੈਫ਼ਿਕ ਪ੍ਰਬੰਧਨ, ਸਫ਼ਾਈ, ਬਿਜਲੀ, ਪੀਣ ਵਾਲੇ ਪਾਣੀ, ਪਾਰਕਿੰਗ ਅਤੇ ਐਮਰਜੈਂਸੀ ਸਿਹਤ ਸੇਵਾਵਾਂ ਦੇ ਪੁਖ਼ਤਾ ਪ੍ਰਬੰਧ ਕਰਨ ਲਈ ਕਿਹਾ।ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਨੇ ਦੱਸਿਆ ਕਿ ਸਮਾਗਮ ਵਿੱਚ ਆਉਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ ਸਾਰੇ ਵਿਭਾਗਾਂ ਵਿਚਕਾਰ ਆਪਸੀ ਤਾਲਮੇਲ ਨਾਲ ਕੰਮ ਕੀਤਾ ਜਾ ਰਿਹਾ ਹੈ। ਇਸ ਮੌਕੇ ਜੁਆਇੰਟ ਕਮਿਸ਼ਨਰ ਹਰਜੋਤ ਕੌਰ, ਜੁਆਇੰਟ ਕਮਿਸ਼ਨਰ ਨਗਰ ਨਿਗਮ ਮਨਰੀਤ ਰਾਣਾ, ਸਿਵਲ ਸਰਜਨ ਸ਼ੈਲੀ ਜੇਤਲੀ , ਐਸ ਪੀ ਪਲਵਿੰਦਰ ਸਿੰਘ ਚੀਮਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਲੜਕੀ ਨੂੰ ਗ਼ੈਰ-ਕਾਨੂੰਨੀ ਤੌਰ 'ਤੇ ਹਿਰਾਸਤ 'ਚ ਰੱਖਣ ਦਾ ਸ਼ੱਕ

ਪਟਿਆਲਾ, 26 ਜੁਲਾਈ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਧਾਰਾ 127(6) ਬੀਐਨਐਸ ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦੀ ਲੜਕੀ ਉਮਰ 15 ਸਾਲ, ਜੋ ਕਿ ਖੇਤਾਂ ਤੋਂ ਘਰ ਵਾਪਿਸ ਆਉਣ ਉਪਰੰਤ ਹੀ ਘਰੋਂ ਲਾਪਤਾ ਹੋ ਗਈ, ਜੋ ਕਾਫੀ ਭਾਲ ਕਰਨ ਪਰ ਵੀ ਨਹੀ ਮਿਲੀ। ਉਸ ਨੂੰ ਸ਼ੱਕ ਹੈ ਕਿ ਕਿਸੇ ਅਣਪਛਾਤੇ ਵਿਅਕਤੀਆਂ ਨੇ ਉਸਦੀ ਲੜਕੀ ਨੂੰ ਗੈਰ ਕਾਨੂੰਨੀ ਤੌਰ 'ਤੇ ਆਪਣੀ ਹਿਰਾਸਤ ਵਿੱਚ ਛੁਪਾ ਕੇ ਰੱਖ ਲਿਆ ਹੈ।

## ਅਣਪਛਾਤੇ ਵਿਅਕਤੀ ਮਜ਼ਦੂਰ ਦੀ ਕੁੱਟਮਾਰ ਕਰਕੇ ਸਾਈਕਲ ਖੋਹ ਕੇ ਫ਼ਰਾਰ

ਘਨੌਰ, 26 ਜੁਲਾਈ (ਰਾਜਿੰਦਰ ਸਿੰਘ ਕੰਬੋਜ) : ਇਲਾਕੇ ਵਿਚ ਲੁੱਟ ਖੋਹ ਅਤੇ ਚੋਰੀ ਦੀਆਂ ਘਟਨਾਵਾਂ ਵਿੱਚ ਵਾਧਾ ਹੋ ਰਿਹਾ ਹੈ। ਬੀਤੀ ਰਾਤ ਇਸ ਲੁੱਟ ਖੋਹ ਕਰਨ ਵਾਲੇ ਗਿਰੋਹ ਦੇ ਮੈਂਬਰਾਂ ਨੇ ਕੰਮ ਤੋਂ ਪਰਤ ਰਹੇ ਮਜ਼ਦੂਰ ਦੀ ਕੁੱਟਮਾਰ ਕਰਕੇ ਸਾਈਕਲ ਖੋਹ ਕੇ ਲਿਜਾਣ ਦਾ ਸਮਾਚਾਰ ਹੈ। ਜਾਣਕਾਰੀ ਅਨੁਸਾਰ ਹਲਕਾ ਘਨੌਰ ਵਿੱਚ ਪੈਂਦੇ ਪਿੰਡ ਘੜਾਮਾਂ ਕਲਾਂ ਦਾ ਵਸਨੀਕ ਕ੍ਰਿਸ਼ਨ ਕੁਮਾਰ ਜੋ ਕਿ ਬਨੂੜ ਤੋਂ ਤੇਪਲਾ ਨੂੰ ਜਾਂਦੇ ਕੌਮੀ ਮਾਰਗ 'ਤੇ ਸਥਿਤ ਢਾਬੇ ਉੱਤੇ ਨੌਕਰੀ ਕਰਦਾ ਸੀ, ਜਦੋਂ ਕ੍ਰਿਸ਼ਨ ਰੋਜ਼ਾਨਾ ਦੀ ਤਰ੍ਹਾਂ ਬੀਤੀ ਰਾਤ ਵੀ ਆਪਣੇ ਕੰਮ ਤੋਂ ਛੁੱਟੀ ਕਰਕੇ ਵਾਪਸ ਸਾਇਕਲ 'ਤੇ ਸਵਾਰ ਹੋ ਕੇ ਸ਼ੰਭੂ ਕਲਾਂ ਨੂੰ ਆਉਣ ਵਾਲੀ ਲਿੰਕ ਸੜਕ 'ਤੇ ਆ ਰਿਹਾ ਸੀ ਤਾਂ ਅਣਪਛਾਤੇ ਵਿਅਕਤੀਆਂ ਨੇ ਇਸ ਸਾਈਕਲ ਸਵਾਰ ਨੂੰ ਰੋਕ ਕੇ ਕੁੱਟ ਮਾਰ ਕੀਤੀ ਉਪਰੰਤ ਸਾਈਕਲ ਖੋਹ ਕੇ ਫਰਾਰ ਹੋ ਗਏ ।ਦੱਸਣਯੋਗ ਹੈ ਕਿ ਇਲਾਕੇ ਵਿੱਚ ਅਜਿਹੀਆਂ ਘਟਨਾਵਾਂ ਨਿਰੰਤਰ ਜਾਰੀ ਹਨ ਪ੍ਰੰਤੂ ਇਸਦੇ ਬਾਵਜੂਦ ਵੀ ਪੁਲਿਸ ਪ੍ਰਸ਼ਾਸਨ ਵੱਲੋਂ ਇਸ ਲੁੱਟ ਖੋਹ ਕਰਨ ਅਤੇ ਚੋਰੀ ਕਰਨ ਵਾਲੇ ਗਿਰੋਹ ਨੂੰ ਕਾਬੂ ਨਹੀਂ ਕੀਤਾ ਜਾ ਰਿਹਾ, ਜਿਸ ਕਾਰਨ ਇਲਾਕੇ ਦੇ ਲੋਕਾਂ ਨੂੰ ਰੋਜ਼ਾਨਾ ਆਰਥਿਕ ਨੁਕਸਾਨ ਹੋ ਰਿਹਾ ਹੈ। ਸੂਤਰਾਂ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਇਹ ਕੰਮ ਨਸ਼ੇ ਕਰਨ ਵਾਲੇ ਨੌਜਵਾਨਾਂ ਵੱਲੋਂ ਕੀਤਾ ਜਾ ਰਿਹਾ ਹੈ, ਜੋ ਕਿ ਪੁਲਿਸ ਦੀ ਗ੍ਰਿਫਤ ਤੋਂ ਬਾਹਰ ਹਨ।

# ਰੋਟਰੀ ਕਲੱਬ ਸਮਾਣਾ ਦੀ ਤਾਜਪੋਸ਼ੀ ਸੈਰੇਮਨੀ

## ➢ਡਾ. ਮਨੀਸ਼ ਗੁਪਤਾ ਦੇ ਸਿਰ ਸਜਿਆ ਪ੍ਰਧਾਨਗੀ ਦਾ ਤਾਜ਼, ਜੀ.ਸੀ. ਗੋਇਲ ਸੈਕਟਰੀ ਤੇ ਅਮਿਤ ਗੁਰਦਾਸ ਕੈਸ਼ੀਅਰ ਬਣੇ





ਸਮਾਣਾ , 26 ਜੁਲਾਈ (ਵਿਜੇ ਕੁਮਾਰ) : ਸਥਾਨਕ ਰੋਟਰੀ ਭਵਨ ਵਿਚ ਰੋਟਰੀ ਕਲੱਬ ਸਮਾਣਾ ਜ਼ਿਲ੍ਹਾ 3090 ਦੀ 2026-27 ਲਈ ਇੰਸਟਾਲੇਸ਼ਨ ਸੈਰੇਮਨੀ ਦਾ ਆਗ਼ਾਜ਼ (ਏਕ ਨਵੀਂ ਪਹਿਲ) ਦਾ ਆਯੋਜਨ ਕੀਤਾ ਗਿਆ। ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਐਸ.ਡੀ.ਐਮ. ਰਿਚਾ ਗੋਇਲ ਅਤੇ ਵਿਸ਼ੇਸ਼ ਮਹਿਮਾਨ ਵਜੋਂ ਪ੍ਰਧਾਨ ਕਪੂਰ ਚੰਦ ਬਾਂਸਲ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਉਚੇਚੇ ਤੌਰ 'ਤੇ ਜ਼ਿਲ੍ਹਾ ਗਵਰਨਰ ਸੀ.ਏ.ਅਮਿਤ ਸਿੰਗਲਾ, ਪੀ.ਡੀ.ਜੀ. ਡਾ: ਕੇ.ਕੇ. ਜੌਹਰੀ, ਸਹਾਇਕ ਗਵਰਨਰ ਅਮਨਦੀਪ ਸਿੰਘ, ਨਰੈਣ ਗਰਗ, ਪ੍ਰਧਾਨ ਡਾ. ਮਨੀਸ਼ ਗੁਪਤਾ ਦੇ ਮਾਤਾ ਵਿਜੇ ਲਕਸ਼ਮੀ, ਪਤਨੀ ਪੈਰੀ ਗੁਪਤਾ, ਭਰਾ ਐਡਵੋਕੇਟ ਵਿਸ਼ਾਲ ਗੁਪਤਾ,ਚਾਚੇ ਸੁਰਿੰਦਰ ਗੁਪਤਾ, ਦਵਿੰਦਰ ਗੁਪਤਾ, ਪੱਤਰਕਾਰ ਵਿਜੇ ਕੁਮਾਰ ਵੀ ਸ਼ਾਮਲ ਸਨ। ਸਮਾਗਮ ਨੂੰ ਸੰਬੋਧਨ ਕਰਦਿਆਂ ਐਸ.ਡੀ.ਐਮ. ਰਿਚਾ ਗੋਇਲ ਅਤੇ ਪ੍ਰਧਾਨ ਕਪੂਰ ਚੰਦ ਬਾਂਸਲ ਨੇ ਜਿੱਥੇ ਕਲੱਬ ਦੇ ਨਵੇਂ ਬਣੇ ਪ੍ਰਧਾਨ ਡਾ. ਮਨੀਸ਼ ਗੁਪਤਾ ਤੇ ਉਨ੍ਹਾਂ ਦੀ ਟੀਮ ਨੂੰ ਵਧਾਈ ਦਿੱਤੀ ਉੱਥੇ ਰੋਟਰੀ ਕਲੱਬ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾ ਦੀ ਸ਼ਲਾਘਾ ਕਰਦਿਆਂ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪ੍ਰਾਜੈਕਟਾਂ ਵਿਚ ਟ੍ਰੈਫਿਕ ਸਮੱਸਿਆ ਦੇ ਹੱਲ ਅਤੇ ਸਫਾਈ ਅਭਿਆਨ ਨੂੰ ਵੀ ਸ਼ਾਮਲ ਕਰਨ। ਇੰਸਟਾਲੇਸ਼ਨ ਚੇਅਰਮੈਨ ਗੌਰਵ ਜਿੰਦਲ ਵੱਲੋਂ ਨਵੇ ਬਣੇ ਪ੍ਰਧਾਨ ਡਾ. ਮਨੀਸ਼ ਗੁਪਤਾ ਨੂੰ ਪ੍ਰਧਾਨਗੀ, ਐਡਵੋਕੇਟ ਜੀ.ਸੀ. ਗੋਇਲ ਨੂੰ ਸੈਕਟਰੀ ਅਤੇ ਅਮਿਤ ਗੁਰਦਾਸ ਨੂੰ ਕੈਸ਼ੀਅਰ ਦਾ ਕਾਲਰ, ਪਿੰਨ ਅਤੇ ਲੋਗੋ ਲਗਾ ਕੇ ਕਲੱਬ ਦੀਆਂ ਅਹੁਦੇਦਾਰੀਆਂ ਸੌਂਪੀਆਂ। ਇਸ ਸਮੇਂ ਮਾਸਟਰ ਆਫ ਸੈਰੇਮਨੀ ਦੀ ਭੂਮਿਕਾ ਪ੍ਰੋ: ਵਿਕਰਮ ਗੁਪਤਾ ਨੇ ਬਾਖ਼ੂਬੀ ਨਿਭਾਈ। ਜ਼ਿਲ੍ਹਾ ਗਵਰਨਰ ਸੀ.ਏ. ਅਮਿਤ ਸਿੰਗਲਾ ਨੇ ਸੰਬੋਧਨ ਕਰਦਿਆਂ ਕਿਹਾ ਅਜੋਕੇ ਸਮੇਂ ਦੌਰਾਨ ਸਮਾਜ ਸੇਵਾ ਦੇ ਖੇਤਰ ਵਿਚ ਔਰਤਾਂ ਦਾ ਯੋਗਦਾਨ ਪ੍ਰੇਰਨਾਦਾਇਕ ਹੈ। ਉਨ੍ਹਾਂ ਕਲੱਬ ਨੂੰ ਭਰੋਸਾ ਦਿੱਤਾ ਕਿ ਉਹ ਸਮਾਜ ਸੇਵਾ ਦੇ ਖੇਤਰ ਵਿਚ ਵੱਡੇ ਪ੍ਰਾਜੈਕਟ ਲੈ ਕੇ ਆਉਣਗੇ। ਸਾਬਕਾ ਪ੍ਰਧਾਨ ਅਰੁਣ ਬਾਂਸਲ ਨੇ ਜਿੱਥੇ ਬੀਤੇ ਸਾਲ ਦੀ ਰਿਪੋਰਟ ਪੜਦਿਆਂ ਕਲੱਬ ਵੱਲੋਂ ਬੀਤੇ ਵਰ੍ਹੇ ਕਰਵਾਏ ਗਏ ਸਮਾਜ ਸੇਵੀ ਕਾਰਜਾਂ ਬਾਰੇ ਦੱਸਿਆ, ਉਥੇ ਸੈਕਟਰੀ ਜੀ.ਸੀ.ਗੋਇਲ ਨੇ ਕਲੱਬ ਨੂੰ ਡਬਲ ਇਜਨ ਕਲੱਬ ਦੱਸਿਆ। ਨਵ-ਨਿਯੁਕਤ ਪ੍ਰਧਾਨ ਡਾ: ਮਨੀਸ਼ ਗੁਪਤਾ ਵੱਲੋਂ ਨਵੇਂ ਸਾਲ ਦੀ ਆਰੰਭਤਾ ਮੌਕੇ ਜਿੱਥੇ ਟ੍ਰੀ-ਪਲਾਂਟੇਸ਼ਨ ਕੈਂਪ, ਸਕੂਲ ਨੂੰ ਵਾਟਰ ਕੂਲਰ ਭੇਟ, ਡਾਕਟਰਾਂ, ਚਾਰਟਰਡ ਅਕਾਊਂਟੈਂਟਾਂ ਦਾ ਸਨਮਾਨ ਕਰਨ ਵਰਗੇ ਲਗਾਏ ਪ੍ਰਾਜੈਕਟਾਂ ਆਦਿ ਬਾਰੇ ਵੀ ਜਾਣੂੰ ਕਰਵਾਇਆ, ਉਥੇ ਆਉਣ ਵਾਲੇ ਸਾਲ ਲਈ ਬਣਾਏ ਪ੍ਰਾਜੈਕਟਾਂ ਸੰਬਧੀ ਵੀ ਦੱਸਿਆ। ਇਸ ਮੌਕੇ ਮੁਨੀਸ਼ ਗਰਗ ਅਤੇ ਅਮਿਤ ਸਿੰਗਲਾ ਨੂੰ ਕਲੱਬ 'ਚ ਨਵੇਂ ਮੈਂਬਰਾਂ ਵਜੋਂ ਸ਼ਾਮਲ ਕਰਦਿਆਂ ਸਨਮਾਨਿਤ ਕੀਤਾ ਗਿਆ। ਸਮਾਗਮ 'ਚ ਸਾਬਕਾ ਪ੍ਰਧਾਨ ਨਗਰ ਕੌਂਸਲ ਯਸ਼ਪਾਲ ਸਿੰਗਲਾ, ਅਸ਼ਵਨੀ ਗੁਪਤਾ,ਡਾ: ਸ਼ਤੀਸ਼ ਅਰੋੜਾ, ਮਨੋਜ ਬਾਂਸਲ,ਯਸ਼ ਗਰਗ, ਮਨੀਸ਼ ਰੌਕੀ, ਜੇ.ਪੀ. ਗਰਗ, ਪ੍ਰਦੀਪ ਮਿੰਕਾ, ਸੰਜੀਵ ਬਾਂਸਲ, ਰੋਟਰੀ ਕਲੱਬ ਸਮਾਣਾ ਸਿਟੀ ਵਾਨਿਕਾ ਗੋਇਲ, ਫਸਟ ਲੇਡੀ ਰੋਟੇਰੀਅਨ ਸਾਚੀ ਸਿੰਗਲਾ,ਬਲਜਿੰਦਰ ਮੌਦਗਿਲ, ਰਾਜੀਵ ਸਿੰਗਲਾ, ਸਤੀਸ਼ ਸਿੰਗਲਾ, ਸੁਮਿਤ ਗੋਇਲ, ਸੁਮਿਤ ਸਿੰਗਲਾ, ਸੁਨੀਲ ਗਰਗ,ਅਜੇ ਗਰਗ, ਵਨੀਤ ਮੋਂਟੀ, ਕ੍ਰਿਸ਼ਨ ਜਿੰਦਲ,ਮਦਨ ਗਰਗ, ਅਮਿਤ ਕਾਂਸਲ, ਰਾਜਿੰਦਰ ਥਰੇਜਾ, ਤਰਸੇਮ ਗੋਇਲ, ਕਮਲ ਗੁਪਤਾ, ਅਸ਼ੀਸ਼ ਬਾਂਸਲ, , ਕੇ.ਪੀ. ਗਰਗ,ਮਕੁੰਸ਼ ਅਗਰਵਾਲ, ਪ੍ਰਦਮਨ ਅਗਰਵਾਲ, ਰਾਜਿੰਦਰ ਗੁਪਤਾ, ਡਾ. ਓਮ ਅਰੋੜਾ, ਤੋਂ ਇਲਾਵਾ ਸਮੂਹ ਮੈਂਬਰ ਰੋਟਰੀ ਕਲੱਬ ਸਮਾਣਾ ਵੀ ਮੌਜੂਦ ਰਹੇ। ਅੰਤ ਵਿਚ ਸ਼ਾਮ ਸਿੰਗਲਾ ਨੇ ਜਿੱਥੇ ਆਏ ਪਤਵੰਤਿਆਂ ਦਾ ਧੰਨਵਾਦ ਕੀਤਾ । ਸਮਾਗਮ ਦੌਰਾਨ ਜੀ.ਸੀ.ਗੋਇਲ ਵੱਲੋਂ ਸਪਾਂਸਰ ਕੀਤੇ 5 ਪੱਖੇ ਸਰਕਾਰੀ ਸੀਨੀ: ਸੈਕੰਡਰੀ ਸਕੂਲ (ਲੜਕੇ) ਨੂੰ ਦਿੱਤੇ ਉੱਥੇ ਅਮਿਤ ਗਰਗ ਵੱਲੋਂ ਸਪਾਂਸਰ ਕੀਤੀ ਆਕਸੀਜਨ ਕਨਸਨਟ੍ਰੇਟਰ ਮਸ਼ੀਨ ਸਮਾਣਾ ਸੋਸ਼ਲ ਵੈਲਫੇਅਰ ਸੁਸਾਇਟੀ ਨੂੰ ਦਿੱਤੀ ਗਈ।

# 'ਰੋਇਲ ਇੰਸਟਾਲੇਸ਼ਨ' ਸਮਾਰੋਹ ਦੌਰਾਨ ਮਹਿਲਾ ਸਸ਼ਕਤੀਕਰਨ ਦਾ ਦਿੱਤਾ ਸੰਦੇਸ਼





ਸਮਾਣਾ, 26 ਜੁਲਾਈ (ਵਿਜੇ ਕੁਮਾਰ) : ਰੋਟਰੀ ਕਲੱਬ ਸਮਾਣਾ ਸਿਟੀ ਵੱਲੋਂ ਵਰ੍ਹਾ 2026-27 ਦੀ ਸ਼ੁਰੂਆਤ ਮੌਕੇ ਰੋਇਲ ਇੰਸਟਾਲੇਸ਼ਨ ਸਮਾਰੋਹ ਕਰਵਾਇਆ ਗਿਆ। ਸਮਾਗਮ ਵਿੱਚ ਡਿਸਟ੍ਰਿਕਟ ਗਵਰਨਰ (ਡਿਸਟ੍ਰਿਕਟ 3090) ਰੋਟੇਰੀਅਨ ਸੀ.ਏ. ਅਮਿਤ ਸਿੰਗਲਾ ਨੇ ਮੁੱਖ ਮਹਿਮਾਨ ਅਤੇ ਇੰਸਟਾਲੇਸਨ ਅਫਸਰ ਵਜੋਂ ਸ਼ਿਰਕਤ ਕੀਤੀ, ਜਦਕਿ ਮੰਚ ਦਾ ਸੰਚਾਲਨ ਰੋਟੇਰੀਅਨ ਪੂਜਾ ਜਿੰਦਲ ਅਤੇ ਰੋਟੇਰੀਅਨ ਜੋਤੀ ਗੋਇਲ ਨੇ ਕੀਤਾ। ਫਸਟ ਲੇਡੀ ਰੋਟੇਰੀਅਨ ਸਾਚੀ ਸਿੰਗਲਾ (ਚਾਰਟਰ ਪ੍ਰਧਾਨ) ਨੇ ਨਵੀਂ ਪ੍ਰਧਾਨ ਰੋਟੇਰੀਅਨ ਵਾਨਿਕਾ ਗੋਇਲ ਨੂੰ ਕਾਲਰ ਪਹਿਨਾ ਕੇ ਅਹੁਦਾ ਸੰਭਾਲਵਾਇਆ। ਇਸ ਦੇ ਨਾਲ ਹੀ ਸਕੱਤਰ ਰੋਟੇਰੀਅਨ ਸਾਲੂ ਗਰਗ ਅਤੇ ਫਾਇਨੈਂਸ ਸਕੱਤਰ ਰੋਟੇਰੀਅਨ ਸੀਮਾ ਗਰਗ ਨੂੰ ਵੀ ਪਿਨ ਲਗਾ ਕੇ ਜ਼ਿੰਮੇਵਾਰੀ ਸੌਂਪੀ ਗਈ। ਡਿਸਟ੍ਰਿਕਟ ਗਵਰਨਰ ਨੇ ਨਵੀਂ ਕਾਰਜਕਾਰਨੀ ਅਤੇ ਬੋਰਡ ਟੀਮ ਨੂੰ ਸਹੁੰ ਚੁਕਾਈ। ਆਊਟਗੋਇੰਗ ਪ੍ਰਧਾਨ ਰੋਟੇਰੀਅਨ ਮਾਲਿਕਾ ਬਾਂਸਲ ਨੇ ਆਪਣੇ ਕਾਰਜਕਾਲ ਦੀ ਰਿਪੋਰਟ ਸਾਂਝੀ ਕੀਤੀ ਅਤੇ ਰੋਟੇਰੀਅਨ ਵਨੀਤਾ ਗਰਗ ਨੂੰ 'ਬੈਸਟ ਰੋਟੇਰੀਅਨ ਆਫ ਦ ਈਅਰ' ਦਾ ਸਨਮਾਨ ਦਿੱਤਾ। ਸਮਾਗਮ ਦੌਰਾਨ ਗਿਰੀਸਾ ਸਿੰਗਲਾ, ਅਨਾਮਿਕਾ ਗਰਗ, ਪੈਰੀ ਗੁਪਤਾ ਅਤੇ ਸੋਨਾਕਸੀ ਗੁਪਤਾ ਨੂੰ ਨਵੇਂ ਮੈਂਬਰਾਂ ਵਜੋਂ ਕਲੱਬ ਵਿੱਚ ਸ਼ਾਮਲ ਕੀਤਾ ਗਿਆ। ਨਵੀਂ ਪ੍ਰਧਾਨ ਵਾਨਿਕਾ ਗੋਇਲ ਨੇ ਸਿੱਖਿਆ, ਸਿਹਤ ਅਤੇ ਆਰਥਿਕ ਵਿਕਾਸ ਰਾਹੀਂ ਔਰਤਾਂ ਨੂੰ ਸਮਾਜ ਵਿੱਚ ਸਮਰੱਥ ਨੇਤਾ ਬਣਾਉਣ ਦਾ ਸੰਕਲਪ ਦੁਹਰਾਇਆ। ਸਮਾਗਮ ਨੂੰ ਸੰਬੋਧਨ ਕਰਦਿਆਂ ਡਿਸਟ੍ਰਿਕਟ ਗਵਰਨਰ ਅਮਿਤ ਸਿੰਗਲਾ ਨੇ ਕਿਹਾ ਕਿ ਤਿੰਨ ਸਾਲ ਪਹਿਲਾਂ ਮਹਿਲਾ ਲੀਡਰਸ਼ਿਪ ਲਈ ਲਗਾਇਆ ਗਿਆ ਇਹ ਪੌਧਾ ਅੱਜ ਦਰੱਖਤ ਬਣ ਰਿਹਾ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਆਉਣ ਵਾਲੇ ਸਮੇਂ ਵਿਚ ਔਰਤਾਂ ਜ਼ਿਲ੍ਹੇ ਦੇ ਉੱਚ ਅਹੁਦਿਆਂ 'ਤੇ ਸੇਵਾਵਾਂ ਨਿਭਾਉਣਗੀਆਂ। ਸਮਾਗਮ ਵਿੱਚ ਡਿਸਟ੍ਰਿਕਟ 3090 ਦੀ ਸੀ.ਈ.ਓ ਰੋਟੇਰੀਅਨ ਸਮਾਇਧਾ ਸਿੰਗਲਾ, ਡਿਪਟੀ ਡਿਸਟ੍ਰਿਕਟ ਗਵਰਨਰ ਯਸ਼ ਗਰਗ ਸਮੇਤ ਕਈ ਆਗੂ ਹਾਜ਼ਰ ਸਨ। ਡਾ. ਦੀਪਿਕਾ ਮਿੱਤਲ ਦੇ ਧੰਨਵਾਦੀ ਮਤੇ, ਸੱਭਿਆਚਾਰਕ ਪ੍ਰੋਗਰਾਮ ਅਤੇ ਫੈਲੋਸ਼ਿਪ ਡਿਨਰ ਨਾਲ ਸਮਾਗਮ ਯਾਦਗਾਰੀ ਢੰਗ ਨਾਲ ਸੰਪੰਨ ਹੋਇਆ।



# ਪਟਿਆਲਾ-ਆਸ/ਪਾਸ



## ਜਾਅਲੀ ਖੇਡ ਸਰਟੀਫਿਕੇਟ ਮਾਮਲੇ 'ਚ ਘਿਰੇ ਪੰਜਾਬੀ ਯੂਨੀਵਰਸਿਟੀ ਦੇ ਸਾਬਕਾ ਸਪੋਰਟਸ ਡਾਇਰੈਕਟਰ

### ਅਦਾਲਤ ਨੇ ਗ਼ੈਰ-ਜ਼ਮਾਨਤੀ ਵਾਰੰਟ ਕੀਤੇ ਜਾਰੀ

ਪਟਿਆਲਾ, 26 ਜੁਲਾਈ (ਚ.ਨ.ਸ) : ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਬਕਾ ਡਾਇਰੈਕਟਰ ਸਪੋਰਟਸ ਡਾ. ਰਾਜ ਕੁਮਾਰ ਸ਼ਰਮਾ ਦੀਆਂ ਕਾਨੂੰਨੀ ਮੁਸ਼ਕਲਾਂ ਵਿੱਚ ਉਸ ਸਮੇਂ ਵੱਡਾ ਇਜ਼ਾਫ਼ਾ ਹੋ ਗਿਆ, ਜਦੋਂ ਸਥਾਨਕ ਅਦਾਲਤ ਨੇ ਕਥਿਤ ਜਾਅਲੀ ਖੇਡ ਸਰਟੀਫਿਕੇਟ ਮਾਮਲੇ ਵਿੱਚ ਉਨ੍ਹਾਂ ਖ਼ਿਲਾਫ਼ ਗੈਰ-ਜ਼ਮਾਨਤੀ ਵਾਰੰਟ ਜਾਰੀ ਕਰਨ ਦੇ ਹੁਕਮ ਸੁਣਾਏ। ਵਧੀਕ ਮੁੱਖ ਨਿਆਇਕ ਮੈਜਿਸਟ੍ਰੇਟ ਡਾ. ਸ਼ਿਲਪੀ ਗੁਪਤਾ ਦੀ ਅਦਾਲਤ ਨੇ ਪੁਲਿਸ ਵੱਲੋਂ ਦਾਖ਼ਲ ਕੀਤੀ ਗਈ ਕੈਂਸਲੇਸ਼ਨ ਰਿਪੋਰਟ ਨੂੰ ਸਿਰੇ ਤੋਂ ਖਾਰਜ ਕਰਦਿਆਂ ਡਾ. ਸ਼ਰਮਾ ਨੂੰ ਅਦਾਲਤ ਸਾਹਮਣੇ ਪੇਸ਼ ਹੋ ਕੇ ਮੁਕੱਦਮੇ ਦਾ ਸਾਹਮਣਾ ਕਰਨ ਲਈ ਤਲਬ ਕੀਤਾ ਹੈ। ਅਦਾਲਤ ਨੇ 5 ਸਤੰਬਰ 2026 ਤੱਕ ਡਾ. ਸ਼ਰਮਾ ਖ਼ਿਲਾਫ਼ ਗੈਰ-ਜ਼ਮਾਨਤੀ ਵਾਰੰਟ ਜਾਰੀ ਰੱਖਣ ਦੇ ਨਿਰਦੇਸ਼ ਦਿੱਤੇ ਹਨ। ਇਹ ਪੂਰਾ ਮਾਮਲਾ ਥਾਣਾ ਅਰਬਨ ਅਸਟੇਟ ਪਟਿਆਲਾ ਵਿਖੇ 13 ਅਗਸਤ 2015 ਨੂੰ ਆਈ.ਪੀ.ਸੀ. ਦੀਆਂ ਧਾਰਾਵਾਂ 420, 467, 468 ਅਤੇ 471 (ਜੋ ਹੁਣ ਬੀ.ਐੱਨ.ਐੱਸ. ਦੀਆਂ ਸੰਬੰਧਿਤ ਧਾਰਾਵਾਂ ਤਹਿਤ ਹਨ) ਹੇਠ ਦਰਜ ਐੱਫ.ਆਈ.ਆਰ. ਨੰਬਰ 103 ਨਾਲ ਸਬੰਧਿਤ ਹੈ। ਅਦਾਲਤੀ ਸੁਣਵਾਈ ਦੌਰਾਨ ਸ਼ਿਕਾਇਤਕਰਤਾ ਡਾ. ਭੁਪਿੰਦਰ ਸਿੰਘ ਦੇ ਵਕੀਲ ਨੇ ਠੋਸ ਦਲੀਲਾਂ ਪੇਸ਼ ਕਰਦਿਆਂ ਦੱਸਿਆ ਕਿ ਡਾ. ਰਾਜ ਕੁਮਾਰ ਸ਼ਰਮਾ ਨੇ ਸਾਲ 1991 ਵਿੱਚ ਲੈਕਚਰਾਰ ਫਿਜ਼ੀਕਲ ਐਜੂਕੇਸ਼ਨ ਅਤੇ ਬਾਅਦ ਵਿੱਚ 2004 ਵਿੱਚ ਪੰਜਾਬੀ ਯੂਨੀਵਰਸਿਟੀ ਵਿੱਚ ਡਾਇਰੈਕਟਰ ਫਿਜ਼ੀਕਲ ਐਜੂਕੇਸ਼ਨ ਐਂਡ ਸਪੋਰਟਸ ਦੇ ਵੱਕਾਰੀ ਅਹੁਦੇ 'ਤੇ ਨਿਯੁਕਤੀ ਹਾਸਲ ਕਰਨ ਲਈ ਅਰਜ਼ੀ ਫਾਰਮਾਂ ਨਾਲ ਕਥਿਤ ਤੌਰ 'ਤੇ ਜਾਅਲੀ ਖੇਡ ਸਰਟੀਫਿਕੇਟ ਨੱਥੀ ਕੀਤੇ ਸਨ। ਹਾਲਾਂਕਿ ਇਸ ਤੋਂ ਪਹਿਲਾਂ ਪੁਲਿਸ ਦੀ ਵਿਸ਼ੇਸ਼ ਜਾਂਚ ਟੀਮ (ਐੱਸ.ਆਈ.ਟੀ.) ਵੱਲੋਂ ਮਾਮਲੇ ਵਿੱਚ ਕੈਂਸਲੇਸ਼ਨ ਰਿਪੋਰਟ ਅਦਾਲਤ 'ਚ ਦਾਇਰ ਕੀਤੀ ਗਈ ਸੀ, ਪਰ ਅਦਾਲਤ ਨੇ ਸ਼ਿਕਾਇਤਕਰਤਾ ਦੇ ਤੱਥਾਂ ਅਤੇ ਦਲੀਲਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਪੁਲਿਸ ਰਿਪੋਰਟ ਰੱਦ ਕਰ ਦਿੱਤੀ। ਅਦਾਲਤ ਦੇ ਇਸ ਸਖ਼ਤ ਰੁਖ ਤੋਂ ਬਾਅਦ ਯੂਨੀਵਰਸਿਟੀ ਦੇ ਪ੍ਰਸ਼ਾਸਕੀ ਤੇ ਖੇਡ ਹਲਕਿਆਂ ਵਿੱਚ ਭਾਰੀ ਹਲਚਲ ਦੇਖਣ ਨੂੰ ਮਿਲ ਰਹੀ ਹੈ।

## ਕੇਂਦਰ ਦਾ ਝੁਕਣਾ ਨੌਜਵਾਨਾਂ ਦੇ ਏਕੇ ਤੇ ਦ੍ਰਿੜ੍ਹ ਇਰਾਦੇ ਦੀ ਜਿੱਤ : ਨੰਨੜੇ

ਨਾਭਾ, 26 ਜੁਲਾਈ (ਗੁਰਚਰਨ ਸਿੰਘ ਚੌਧਰੀ ਮਾਜਰਾ) : ਸਾਬਕਾ ਸੂਬਾ ਸਕੱਤਰ ਕਾਗਰਸ ਕਮੇਟੀ ਅਵਤਾਰ ਸਿੰਘ ਨੰਨੜੇ ਨੇ ਨੀਟ ਲੀਕ ਮਾਮਲੇ ਵਿਚ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਵਧਾਈ ਦਿੰਦਿਆਂ ਕਿਹਾ ਕਿ ਇਹ ਜਿੱਤ ਦੇਸ਼ ਦੇ ਨੌਜਵਾਨਾਂ ਦੀ ਏਕਤਾ, ਹਿੰਮਤ ਅਤੇ ਦ੍ਰਿੜ੍ਹ ਇਰਾਦੇ ਦੀ ਜਿੱਤ ਹੈ। ਨੰਨੜੇ ਨੇ ਕਿਹਾ ਕਿ ਇਕ ਪਾਸੇ ਆਪਣੀਆਂ ਨਾਕਾਮੀਆਂ ਨੂੰ ਲੁਕਾਉਣ ਲਈ ਕੇਂਦਰ ਸਰਕਾਰ ਪੁਲਿਸ ਬਲ ਦਾ ਪ੍ਰਯੋਗ ਕਰ ਰਹੀ ਸੀ ਤਾਂ ਦੂਜੇ ਪਾਸੇ ਵਿਦਿਆਰਥੀਆਂ ਨੇ ਅਡੋਲ ਰਹਿ ਕੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੂੰ ਅਸਤੀਫ਼ਾ ਦੇਣ ਲਈ ਮਜਬੂਰ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਸੱਤਾਧਾਰੀ ਪਾਰਟੀਆਂ ਸਮੇਤ ਹਰ ਪਾਰਟੀ ਨੂੰ ਸਮਝ ਲੈਣਾ ਚਾਹੀਦਾ ਹੈ ਕਿ, ਦੇਸ਼ ਦਾ ਨੌਜਵਾਨ ਹੁਣ ਸੀਮਤ ਵਿਚਾਰ ਤੱਕ ਮਹਿਦੂਦ ਨਹੀਂ। ਪ੍ਰਧਾਨ ਦੇ ਅਸਤੀਫ਼ੇ ਤੋਂ ਦੇਸ਼ ਦੀਆਂ ਸਿਆਸੀ ਪਾਰਟੀਆਂ ਨੂੰ ਸਬਕ ਲੈਣਾ ਚਾਹੀਦਾ ਹੈ।



## ਆਨਲਾਇਨ ਸੰਪਰਕ ਕਰਕੇ ਪੁਰਾਣੇ ਸਿੱਕਿਆਂ ਸਬੰਧੀ ਕੀਤੀ ਧੋਖਾਧੜੀ

ਪਟਿਆਲਾ, 26 ਜੁਲਾਈ (ਵਿਨੋਦ ਸ਼ਰਮਾ) : ਥਾਣਾ ਸਾਇਬਰ ਕਰਾਇਮ ਪਟਿਆਲਾ ਪੁਲਿਸ ਕੋਲ ਦਿਨੇਸ਼ ਕੁਮਾਰ ਪੁੱਤਰ ਪੰਨਾ ਲਾਲ ਵਾਸੀ ਗਲੀ ਨੰ. 06 ਅਮਨ ਵਿਹਾਰ ਭਾਦਸੋ ਰੋਡ ਪਟਿਆਲਾ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਿਸੇ ਅਣਪਛਾਤੇ ਵਿਅਕਤੀਆਂ ਨੇ ਉਸ ਨਾਲ ਆਨਲਾਇਨ ਸੰਪਰਕ ਕਰਕੇ ਪੁਰਾਣੇ ਸਿੱਕਿਆਂ ਸਬੰਧੀ ਧੋਖਾਧੜੀ ਕੀਤੀ ਹੈ। ਪੁਲਿਸ ਨੇ ਧਾਰਾ 316(2), 318(4),61(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਕੇਂਦਰ ਸਰਕਾਰ ਧਰਮਿੰਦਰ ਪ੍ਰਧਾਨ ਦਾ ਅਸਤੀਫਾ ਲੈ ਕੇ ਲੋਕਤੰਤਰ ਅੱਗੇ ਹਾਰੀ : ਪ੍ਰੋ. ਬਡੂੰਗਰ

### ਨੀਟ ਪ੍ਰੀਖਿਆਵਾਂ 'ਚ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਬੰਦ ਹੋਣਾ ਚਾਹੀਦੈ

ਪਟਿਆਲਾ, 26 ਜੁਲਾਈ (ਰੁਪਾਣਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਨੀਟ ਪ੍ਰੀਖਿਆਵਾਂ ਦੇ ਮਸਲੇ 'ਤੇ ਸੰਘਰਸ਼ ਜਿੱਤਣ ਵਾਲੀ ਕੌਕਰੋਚ ਜਨਤਾ ਪਾਰਟੀ ਦੀ ਅਗਵਾਈ ਵਿਚ ਸੰਘਰਸ਼ ਕਰਨ ਵਾਲੇ ਵਿਦਿਆਰਥੀਆਂ ਨੂੰ ਮਿਲੀ ਜਿੱਤ ਦੀ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀ ਨੇ ਜਿੱਥੇ ਸੰਘਰਸ਼ ਜਿੱਤਿਆ, ਉਥੇ ਹੀ ਲੋਕਤੰਤਰ ਅੱਗੇ ਕੇਂਦਰ ਸਰਕਾਰ ਨੇ ਹਾਰ ਮੰਨ ਲਈ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦਾ ਅਸਤੀਫਾ ਲੈ ਕੇ ਲੋਕਤੰਤਰ ਅੱਗੇ ਆਪਣੀ ਹਾਰ ਮੰਨੀ ਹੈ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਦੇਸ਼ ਵਿਚ ਲੋਕਤੰਤਰ ਵੱਡਾ ਹੁੰਦਾ ਹੈ ਨਾ ਕਿ ਸੱਤਾ ਵਿਚ ਰਹਿਣ ਵਾਲੀਆਂ ਸਥਾਪਿਤ ਸਰਕਾਰਾਂ। ਸਾਬਕਾ ਪ੍ਰਧਾਨ ਨੇ ਕਿਹਾ ਕਿ ਨੀਟ ਦੇ ਇਮਤਿਹਾਨਾਂ ਦੌਰਾਨ ਉਠ ਰਹੇ ਸਵਾਲਾਂ ਕਾਰਨ ਨੌਜੁਆਨ ਬੱਚੇ ਬੱਚੀਆਂ ਦੀ ਜ਼ਿੰਦਗੀ ਅਤੇ ਭਵਿੱਖ ਨਾਲ ਕੀਤੇ ਜਾ ਰਹੇ ਖਿਲਵਾੜ ਵਿਰੁਧ ਭਾਰਤ ਦੀ ਯੁਵਾ ਸ਼ਕਤੀ ਦੇ ਕਾਕਰੋਚ ਜਨਤਾ ਪਾਰਟੀ ਦੀ ਅਗਵਾਈ ਵਿਚ ਜੋਰਦਾਰ ਸੰਘਰਸ਼ ਕਰਕੇ ਕੇਂਦਰ ਸਰਕਾਰ ਨੂੰ ਉਨ੍ਹਾਂ ਦੀਆਂ ਮੰਗਾਂ ਮੰਨਣ ਲਈ ਮਜਬੂਰ ਕਰ ਦਿੱਤਾ ਅਤੇ ਪ੍ਰਧਾਨ ਮੰਤਰੀ ਨੂੰ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦਾ ਅਸਤੀਫਾ ਲੈਕੇ ਪ੍ਰਵਾਨ ਕਰਨ ਲਈ ਮਜਬੂਰ ਕਰਕੇ ਭਾਰਤੀ ਨੌਜੁਆਨਾਂ ਦੀ ਯੁਵਾ ਸ਼ਕਤੀ ਦੀ ਤਾਕਤ ਦਾ ਅਹਿਸਾਸ ਕਰਵਾ ਦਿੱਤਾ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਮੁੜ ਦੁਹਰਾਇਆ ਕਿ ਕੇਂਦਰੀ ਸਰਕਾਰ ਸਿੱਖਿਆ ਦਾ ਪ੍ਰਬੰਧ ਅਤੇ ਨੀਤੀ ਦਾ ਸਾਰਾ ਕਾਰਜ ਸੂਬਾ ਸਰਕਾਰਾਂ ਦੇ ਹਵਾਲੇ ਕਰੇ ਤਾਂ ਜੋ ਹਰ ਸੂਬੇ ਨੂੰ ਆਪਣਾ ਆਪਣਾ ਸਭਿਆਚਾਰ, ਭਾਸ਼ਾ, ਇਤਿਹਾਸ ਅਤੇ ਧਾਰਮਿਕਤਾ ਪ੍ਰਫੁਲਤ ਕਰਨ ਅਤੇ ਸੂਬੇ ਦੀਆਂ ਲੋੜਾਂ ਦੀ ਪੂਰਤੀ ਲਈ ਯੋਜਨਾਵਾਂ ਬਣਾਉਣ ਦਾ ਅਵਸਰ ਪ੍ਰਾਪਤ ਹੋਵੇ। ਪ੍ਰੋ. ਬਡੂੰਗਰ ਨੇ ਕਿਹਾ ਕਿ ਕਾਕਰੋਚ ਜਨਤਾ ਪਾਰਟੀ ਦੇ ਸੰਘਰਸ਼ੀ ਯੋਧਿਆਂ ਨੂੰ ਹਾਰਦਿਕ ਮੁਬਾਰਕ ਦਿੰਦਿਆਂ ਕਿਹਾ ਕਿ ਇਸ ਸੰਘਰਸ਼ ਨੇ ਭਾਰਤੀ ਰਾਜਨੀਤੀ ਵਿਚ ਵੱਡੇ ਫੇਰ ਬਦਲ ਕਰਨ ਦਾ ਰਾਹ ਖੋਲ੍ਹ ਦਿੱਤਾ ਹੈ।



## ਵਿਧਾਇਕ ਜਮੀਲ ਉਰ ਰਹਿਮਾਨ ਵੱਲੋਂ ਜ਼ਿਲ੍ਹੇ ਦੇ 15ਵੇਂ ਆਯੂਸ਼ਮਾਨ ਆਰੋਗਿਆ ਕੇਂਦਰ ਦਾ ਉਦਘਾਟਨ

ਮਲੇਰਕੋਟਲਾ, 26 ਜੁਲਾਈ (ਰੁਪਾਣਾ) : ਅਵਾਮ ਨੂੰ ਘਰ ਦੇ ਨੇੜੇ ਮੁਢਲੀ ਸਿਹਤ ਸੇਵਾਵਾਂ ਉਪਲਬੱਧ ਕਰਵਾਉਣ ਦੇ ਉਦੇਸ਼ ਨਾਲ ਵਿਧਾਇਕ ਮਾਲੇਰਕੋਟਲਾ ਜਮੀਲ ਉਰ ਰਹਿਮਾਨ ਵੱਲੋਂ ਜ਼ਿਲ੍ਹੇ ਦੇ 15ਵੇਂ ਆਯੂਸ਼ਮਾਨ ਆਰੋਗਿਆ ਕੇਂਦਰ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਆਯੂਸ਼ ਕੇਂਦਰ ਵਿਖੇ ਸਹੂਲਤਾਂ ਦਾ ਜਾਇਜ਼ਾ ਲੈਂਦਿਆਂ ਸਿਹਤ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ। ਵਿਧਾਇਕ ਮਲੇਰਕੋਟਲਾ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਨਾਗਰਿਕ ਨੂੰ ਮਿਆਰੀ ਸਿਹਤ ਸੇਵਾਵਾਂ ਉਪਲੱਬਧ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਯੂਸ਼ਮਾਨ ਆਰੋਗਿਆ ਕੇਂਦਰਾਂ ਰਾਹੀਂ ਆਮ ਲੋਕਾਂ ਨੂੰ ਪ੍ਰਾਇਮਰੀ ਸਿਹਤ ਸੇਵਾਵਾਂ, ਵੱਖ-ਵੱਖ ਬਿਮਾਰੀਆਂ ਦੀ ਜਾਂਚ, ਮੁਫ਼ਤ ਦਵਾਈਆਂ, ਸਿਹਤ ਸਬੰਧੀ ਸਲਾਹ-ਮਸ਼ਵਰਾ ਅਤੇ ਰੋਕਥਾਮ ਸਬੰਧੀ ਜਾਣਕਾਰੀ ਇੱਕੋ ਛੱਤ ਹੇਠ ਮਿਲ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਨਿਯਮਿਤ ਸਿਹਤ ਜਾਂਚ ਕਰਵਾ ਕੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਪਹਿਲਾਂ ਤੋਂ ਚੱਲ ਰਹੇ 14 ਆਯੂਸ਼ਮਾਨ ਆਰੋਗਿਆ ਕੇਂਦਰਾਂ ਰਾਹੀਂ ਹੁਣ ਤੱਕ ਲਗਭਗ 02 ਲੱਖ 12 ਹਜ਼ਾਰ 597 ਲੋਕ ਸਿਹਤ ਸੇਵਾਵਾਂ ਦਾ ਲਾਭ ਲੈ ਚੁੱਕੇ ਹਨ, ਜਦਕਿ ਕਰੀਬ 01 ਲੱਖ ਤੋਂ ਵੱਧ ਵੱਖ-ਵੱਖ ਲੈਬ ਟੈਸਟ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਆਯੂਸ਼ਮਾਨ ਕੇਂਦਰ ਲੋਕਾਂ ਨੂੰ ਸਮੇਂ ਸਿਰ ਇਲਾਜ ਅਤੇ ਰੋਗਾਂ ਦੀ ਰੋਕਥਾਮ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਸੀਮਾ ਜੱਸਲ, ਜ਼ਿਲ੍ਹਾ ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸੁਖਵਿੰਦਰ ਸਿੰਘ, ਸਿਹਤ ਵਿਭਾਗ ਦੇ ਡਾਕਟਰ, ਐਮ.ਸੀ ਫਾਰੂਕ ਅਹਿਮਦ, ਅਸ਼ਰਫ, ਅਜਗਰ ਮੁਨੀਮ, ਹਾਜੀ ਨੂਰਦੀਨ, ਚੌਧਰੀ ਬਸ਼ੀਰ, ਮੁਹੰਮਦ ਹਨੀਫ, ਮੁਹੰਮਦ ਜਮੀਲ, ਮੁਹੰਮਦ ਜਮੀਲ ਦਾਰਾ, ਅਸ਼ਰਫ ਅਬਦੁੱਲਾ, ਚੌਧਰੀ ਜਹੀਰ, ਇਮਰਾਨ ਕਿਸਨ, ਯੂਨਿਸ ਭੋਲਾ, ਸਟਾਫ ਮੈਂਬਰ ਅਤੇ ਮੁਹੱਲਾ ਨਿਵਾਸੀ ਹਾਜ਼ਰ ਸਨ।



## ਸੜਕ 'ਤੇ ਲੱਗੇ ਇੱਟਾਂ-ਬਜਰੀ ਤੇ ਰੇਤੇ ਦੇ ਢੇਰ, ਹਾਦਸਾ ਹੋਣ ਦਾ ਡਰ, ਵਿਭਾਗ ਸੁੱਤਾ ਕੁੰਭਕਰਨੀ ਨੀਂਦ

ਨਾਭਾ, 26 ਜੁਲਾਈ (ਗੁਰਚਰਨ ਸਿੰਘ ਚੌਧਰੀਮਾਜਰਾ) : ਮਿਲਟਰੀ ਚੌਂਕ ਤੋਂ ਲੈ ਕੇ ਚੌਧਰੀਮਾਜਰਾ ਪੁਲੀ ਤੱਕ ਸਰਕਾਰੀ ਸੜਕ 'ਤੇ ਲੱਗੇ ਹੋਏ ਨੇ ਇੱਟਾਂ ਬਜਰੀ ਰੇਤੇ ਦੇ ਢੇਰ, ਜਿਨ੍ਹਾਂ ਤੋਂ ਹਾਦਸਿਆਂ ਹੋਣ ਦਾ ਦਿਨ ਰਾਤ ਡਰ ਬਣਿਆ ਰਹਿੰਦਾ ਹੈ ਪਰ ਸੜਕ ਮਹਿਕਮਾ ਸੁੱਤਾ ਕੁੰਭਕਰਨੀ ਨੀਂਦ। ਇਸ ਸੜਕ ਤੋਂ ਤਕਰੀਬਨ 100 ਪਿੰਡਾਂ ਤਾਂ ਦਾ ਕਈ ਕਲੋਨੀਆਂ ਦਾ ਲਾਂਘਣ ਦਾ ਰਸਤਾ ਹੈ। ਇਸ ਲੱਗੇ ਰੇਤੇ ਦੇ ਢੇਰਾਂ 'ਤੇ ਅਵਾਰਾ ਪਸ਼ੂ ਤਿੱਖੇ ਸਿੰਗਾਂ ਵਾਲੇ ਬੈਲਾਂ ਜਦੋਂ ਰਾਤ ਵੇਲੇ ਕੋਈ ਸਾਈਕਲ ਅਤੇ ਅਵਾਰਾ ਗਊਆਂ ਬੈਠਦੀਆਂ ਹਨ, ਮੋਟਰਸਾਈਕਲ ਕਾਰ ਜਾਂ ਹੋਰ ਕੋਈ ਤੋਂ ਵੱਡਾ ਵਹੀਕਲ ਟਰੱਕ ਵਗੈਰਾ ਲੰਘਦਾ ਵੀ ਹੈ ਤਾਂ ਬੈਠੀਆਂ ਗਊਆਂ ਡਰਦੀਆਂ ਮਾਰੀਆਂ ਸੜਕ ਵੱਲ ਨੂੰ ਭੱਜਦੀਆਂ ਹਨ, ਜਿਨ੍ਹਾਂ ਨਾਲ ਹਾਦਸੇ ਵਾਪਰਦੇ ਤੇ ਹਨ ਅਤੇ ਹਰ ਟਾਈਮ ਇਹਨਾਂ ਹਾਦਸਿਆਂ ਦਾ ਵਾਪਰਨ ਦਾ ਡਰ ਥਾਂ ਬਣਿਆ ਰਹਿੰਦਾ ਹੈ। ਇਸ ਸੜਕ ਤੋਂ ਤਾਂ ਸਕੂਲ ਨੂੰ ਜਾਣ ਵਾਲੇ ਬੱਚੇ ਅਤੇ ਜਨਤਾ ਹਰ ਵੇਲੇ ਲੰਘਦੇ ਰਹੇ ਜਦੋਂ ਸਕੂਲ ਬੱਚੇ ਜਾਂਦੇ ਹਨ ਤਾਂ ਕਈ ਭਾਰੀ ਟਰੈਫਿਕ ਨੂੰ ਦੇਖਦੇ ਹੋਏ ਇਹ ਆਪਣੇ ਮੋਟਰਸਾਈਕਲ ਸੜਕ ਦੇ ਹੇਠਾਂ ਕਰਦਿਆਂ ਤਾਂ ਇਹਨਾਂ ਰੇਤਿਆਂ ਦੇ ਵਿੱਚ ਫਸ ਕੇ ਸੜਕ ਉੱਤੇ ਗਿਰ ਕੇ ਸੱਟਾਂ ਦਾ ਸ਼ਿਕਾਰ ਬਣਦੇ ਹਨ ਅਤੇ ਕਈ ਇਹਨਾਂ ਲੱਗੇ ਰੇਤਾਂ ਬਜਰੀ ਦੇ ਕਾਰਨ ਦੁਰਘਟਨਾ ਵੀ ਵਰਤ ਜਾਂਦੀ ਹੈ। ਇਸ ਸੜਕ ਦੇ ਨਾਲ ਜੰਗਲਾਤ ਮਹਿਕਮੇ ਵੱਲੋਂ ਪ੍ਰਦੂਸ਼ਣ ਤੋਂ ਬਚਣ ਲਈ ਫੁੱਲਦਾਰ ਅਤੇ ਸ਼ਾਨਦਾਰ ਬੂਟੇ ਲਾਉਂਦੇ ਹਨ ਪਰ ਦੁਕਾਨਦਾਰ ਉਹਨਾਂ ਜੰਗਲਾਤ ਵੱਲੋਂ ਲਾਏ ਗਏ ਬੂਟਿਆਂ ਨੂੰ ਰੇਤੇ ਬਜਰੀ ਇੱਟਾਂ ਤੇ ਢੇਰਾਂ ਨਾਲ ਦੱਬ ਦਿੱਤੇ ਜਾਂਦੇ ਨਜਰਾਂ ਫਿਰ ਉਸ ਨੂੰ ਪੱਟ ਦਿੰਦੇ ਹਨ ਪਰ ਇਸ ਸਭ ਕੁਝ ਹੋਣ ਦੇ ਬਾਵਜੂਦ ਨਾ ਹੀ ਸੜਕ ਮਹਿਕਮਾ ਨਾ ਹੀ ਜੰਗਲਾਤ ਮਹਿਕਮਾ ਇਹਨਾਂ ਲੱਗੇ ਬੂਟਿਆਂ ਦੀ ਸੰਭਾਲ ਕਰਦੇ ਹਨ ਅਤੇ ਮਹਿਕਮਾ ਸੜਕ ਦੇ ਨਾਲ ਲੱਗੇ ਢੇਰਾਂ ਨੂੰ ਦੂਰ ਕਰਨ ਦਾ ਕੋਈ ਉਪਰਾਲਾ ਨਹੀਂ ਕਰਦਾ ਉਂਝ ਬੂਟੇ ਸਰਕਾਰ ਵੱਲੋਂ ਲੱਖਾਂ ਰੁਪਏ ਲਾ ਕੇ ਲਾਏ ਜਾਂਦੇ ਹਨ ਪਰ ਦੁਕਾਨਦਾਰ ਇਹਨਾਂ ਦੀ ਕੋਈ ਪਰਵਾਹ ਨਹੀਂ ਕਰਦੇ ਕਈ ਰੇਤਾ ਬਜਰੀ ਵਾਲੇ ਦੁਕਾਨਦਾਰਾਂ ਵੱਲੋਂ ਸੜਕ 'ਤੇ ਨਾਲ ਲੱਗਦੀ ਥਾਂ 'ਤੇ ਕੰਧਾਂ ਕਰ ਦਿੱਤੀਆਂ ਅਤੇ ਇੱਟਾਂ ਦੇ ਚੱਠੇ ਲਾ ਦਿੱਤੇ ਨਾ ਹੀ ਮਹਿਕਮਾ ਇਹਨਾਂ 'ਤੇ ਕੋਈ ਕਾਰਵਾਈ ਕਰਦਾ ਹੈ, ਜਦੋਂ ਸੜਕ ਮਹਿਕਮੇ ਦੇ ਐਸ ਡੀ ਓ ਅਤੇ ਐਕਸੀਅਨ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਅਸੀਂ ਇਹਨਾਂ ਰੇਤੇ ਬਜਰੀ ਵਾਲਿਆਂ ਨੂੰ ਨੋਟਿਸ ਦੇ ਚੁੱਕੇ ਹਾਂ ਦੁਕਾਨਦਾਰ ਉਸ ਨੋਟਿਸ ਦਾ ਕੋਈ ਅਸਰ ਨਹੀਂ। ਰੇਤਾ ਬਜਰੀ ਸੜਕ ਦੇ ਉੱਤੇ ਜਿਵੇਂ ਕਿਸੇ ਨੇ ਆਖਿਆ ਹੈ ਕਿ ਸਰਪੰਚਾਂ ਦਾ ਕਿਹਾ ਸਿਰ ਮੱਥੇ ਪਰਨਾਲਾ ਉੱਥੇ ਦੇ ਉੱਥੇ ਇਹੀ ਹਾਲ ਦੁਕਾਨਦਾਰਾਂ ਦਾ ਹੈ। ਜਨਤਾ ਦੀ ਪੰਜਾਬ ਸਰਕਾਰ ਅਤੇ ਉਚ ਅਧਿਕਾਰੀਆਂ ਤੋਂ ਮੰਗ ਹੈ ਕਿ ਇਹਨਾਂ ਰੇਤਾ ਬਜਰੀ ਵਾਲਿਆਂ ਦੇ ਖਿਲਾਫ ਕਾਰਵਾਈ ਕਰਕੇ ਇਹ ਸੜਕ ਤੋਂ ਚੁਕਾਈਆਂ ਜਾਣ ਤਾਂ ਕਿ ਜੋ ਦੁਰਘਟਨਾ ਵਾਪਰਨ ਦਾ ਡਰ ਬਣਿਆ ਹੋਇਆ ਉਹ ਜਨਤਾ 'ਚ ਦੂਰ ਹੋ ਸਕੇ।



## ਨਟਾਸ ਦੀ ਗੁਲਦਸਤਾ ਜਾਗ੍ਰਿਤੀ ਥੀਏਟਰ ਮੁਹਿੰਮ ਦਾ ਗਾਂਧੀ ਨਗਰ ਹਾਈ ਸਕੂਲ ਵਿਖੇ ਉਦਘਾਟਨ

ਪਟਿਆਲਾ, 26 ਜੁਲਾਈ (ਚ.ਨ.ਸ) : ਆਪਣੀ ਹਰ ਥੀਏਟਰ ਮੁਹਿੰਮ ਨੂੰ ਗਾਂਧੀ ਨਗਰ ਹਾਈ ਸਕੂਲ ਬਾਲਮੀਕੀ ਮੰਦਿਰ ਤੋਂ ਆਰੰਭ ਕਰਨ ਦੀ ਰਵਾਇਤ ਨੂੰ ਕਾਇਮ ਰੱਖਦਿਆਂ, ਨੈਸ਼ਨਲ ਥੀਏਟਰ ਆਰਟਸ ਸੋਸਾਇਟੀ (ਨਟਾਸ) ਦਮਪਤੀ ਪਦਮਸ਼੍ਰੀ ਅਵਾਰਡੀ ਸ਼੍ਰੀ ਪ੍ਰਾਣ ਸੱਭਰਵਾਲ ਸਟੇਟ ਅਵਾਰਡੀ ਸ਼੍ਰੀਮਤੀ ਸੁਨੀਤਾ ਸੱਭਰਵਾਲ ਵੱਲੋਂ ਆਰੰਭੀ ਗੁਲਦਸਤਾ ਜਾਗ੍ਰੀਤੀ ਥੀਏਟਰ ਮੁਹਿੰਮ ਦਾ ਉਦਘਾਟਨ, ਰਾਜ ਦੀਆਂ ਪ੍ਰਸਿੱਧ ਸਮਾਜਿਕ ਮਹਿਮਾਨ ਸ਼ਖਸੀਅਤਾਂ ਡਾ. ਵਿਸ਼ਾਲ ਗੌੜ ਐਮ.ਡੀ. ਸ਼ਾਹੀ ਦਵਾ ਖਾਨਾ ਲਾਹੌਰੀ ਗੇਟ, ਸ਼੍ਰੀ ਅਕਸ਼ੇ ਗੋਪਾਲ ਐਮ.ਡੀ. ਹੋਟਲ ਫਲਾਈ ਓਵਰ ਕਲਾਸਿਕ ਅਤੇ ਚੇਅਰਮੈਨ ਐਸ.ਡੀ.ਕੇ.ਐਸ., ਫਿਲਮ ਮੇਕਰ ਇੰਜ. ਐਚ.ਐਸ. ਕੁਲਾਰ ਆਫ ਕੁਲਾਰ ਪ੍ਰੋਡਕਸ਼ੰਜ, ਪ੍ਰਿੰਸੀਪਲ ਮੈਡਮ ਨੀਲਮ ਅਤੇ ਪ੍ਰਾਣ ਸੱਭਰਵਾਲ ਨੇ ਸ਼ਲੋਕਾਂ ਦੇ ਉਚਾਰਣ ਦੌਰਾਨ ਭਗਵਾਨ ਨਟਰਾਜ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤਾ। ਇਸ ਅਵਸਰ 'ਤੇ ਪੇਸ਼ ਨਾਟਕ ਮੇਲੇ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਤੋਂ ਪ੍ਰਸੰਨ ਹੋ ਕੇ ਹਾਜਰ ਮਹਿਮਾਨ ਸ਼ਖਸੀਅਤਾਂ ਨੇ ਨਟਾਸ ਨੂੰ ਨਕਦ ਉਪਹਾਰ ਭੇਟ ਕੀਤੇ। ਡਾ. ਗੌੜ ਨੇ ਕਿਹਾ ਕਿ ਉਹਨਾਂ ਦਾ 126 ਸਾਲ ਪੁਰਾਣਾ ਵਿਰਾਸਤੀ ਹਸਪਤਾਲ ਸ਼ਾਹੀ ਦਵਾ ਖਾਨਾ ਅਤੇ ਉਹ ਸੱਭਰਵਾਲ ਦਮਪਤੀ ਵੱਲੋਂ ਜਾਰੀ ਸਮਾਜ ਅਤੇ ਰੰਗਮੰਚ ਸੇਵਾਵਾਂ ਦੇ ਪ੍ਰਸ਼ੰਸਕ ਹਨ। ਸੇਠ ਅਕਸ਼ੈ ਗੋਪਾਲ ਨੇ ਵਿਦਿਆਰਥੀਆਂ ਨੂੰ ਹੁਨਰਮੰਦ ਹੋਣ ਲਈ ਪ੍ਰੇਰਿਆ। ਫਿਲਮ ਮੇਕਰ ਇੰਜ.ਐਸ.ਐਸ. ਕੁਲਾਰ ਨੇ ਆਪਣੀ ਅਗਲੀ ਫਿਲਮ 'ਚ ਸੱਭਰਵਾਲ ਨੂੰ ਬਤੌਰ ਐਕਟਰ ਸ਼ਾਮਿਲ ਹੋਣ ਲਈ ਸੱਦਾ ਦਿੱਤਾ। ਪ੍ਰਿੰਸੀਪਲ ਮੈਡਮ ਮੈਡਮ ਨੀਲਮ ਨੇ ਨਾਟਕਾਂ ਚ ਦਰਸਾਏ ਸਨੇਹਾ ਤੇ ਅਮਲ ਕਰਨ, ਵਿਸ਼ੇਸ਼ ਤੌਰ 'ਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਆ। ਨਟਾਸ ਪ੍ਰਧਾਨ ਸ੍ਰ. ਗੁਰਬਚਨ ਸਿੰਘ ਕੱਕੜ, ਮੈਂਬਰਾਂ ਵੱਲੋਂ ਸ਼੍ਰੀ ਸੱਭਰਵਾਲ ਨੇ ਮਹਿਮਾਨ ਸ਼ਖਸੀਅਤਾਂ ਨੂੰ ਨਟਾਸ ਸਿਲਵਰ ਜੁਬਲੀ ਅਵਾਰਡ ਆਫ ਆਨਰ ਮਮੈਂਟੋ, ਸ਼ਾਲ, ਬੁੱਕੇ ਅਤੇ ਸਾਹਿਤਿਕ ਉਪਹਾਰ ਵਜੋਂ ਸੁਨੀਤਾ ਸੱਭਰਵਾਲ ਦੀ ਨਵ ਪ੍ਰਕਾਸ਼ਿਤ ਕਾਵਿਆ ਪੁਸਤਕ ਜੋ ਹਮ ਬੁਰੇ ਭਲੋ ਸੋ ਤੇਰੇ ਭੇਟ ਕਰਕੇ ਸਨਮਾਨਿਤ ਕੀਤਾ। ਸਮੂਹ ਕਲਾਕਾਰਾਂ ਨੂੰ ਕੈਸ਼ ਅਵਾਰਡ ਚੈਕ ਭੇਟ ਕਰਕੇ ਤਾਲੀਆਂ ਦੀ ਗੂੰਜ ਵਿੱਚ ਸਨਮਾਨਿਤ ਕੀਤਾ। ਪੇਸ਼ ਨਾਟਕਾਂ, ਪਾਂਧੀ ਨਨਕਾਨਵੀਂ ਲਿਖਿਤ 'ਲੱਖੀ ਸ਼ਾਹ ਵਣਜਾਰਾ, ਗੁਰਚਰਨ ਜਸੂਜਾ ਦੇ ਨਾਟਕ ਜੰਗਲ 'ਤੇ ਆਧਾਰਿਤ ਯੱਥਾ ਰਾਜਾ ਤੱਥਾ ਪਰਜਾ, ਅਜਮੇਰ ਔਲਖ ਦੇ ਨਸ਼ਿਆਂ ਵਿਰੁੱਧ ਸੁੱਕੀ ਕੁੱਖ ਤੋਂ ਬਿਨਾਂ ਵਿਅੰਗ-ਹਾਸ ਭਰਪੂਰ ਕਾਕਾ-ਪਟਾਕਾ ਵਿੱਚ ਭਾਗ ਲੈਣ ਵਾਲੇ ਅਤੇ ਵਾਹ-ਵਾਹ ਖੱਟਣ ਵਾਲੇ ਕਲਾਕਾਰਾਂ ਦੇ ਨਾਮ, ਪ੍ਰਾਣ ਸੱਭਰਵਾਲ ਤੋਂ ਇਲਾਵਾ ਇਸ ਪ੍ਰਕਾਰ ਹਨ: ਪਰਮਜੀਤ ਕੌਰ, ਸਿਮਰਨ ਸਰਨਾ, ਖੁਸ਼ਦੀਪ ਕੌਰ, ਅੰਮ੍ਰਿਤਪਾਲ ਸਿੰਘ, ਬਲਜੀਤ ਚੰਦ, ਰੋਬਿਨ ਸਿੰਘ, ਪ੍ਰਬੰਧਕੀ, ਟੈਕਨੀਕਲ, ਗੀਤ-ਸੰਗੀਤ, ਟੀਮਾਂ ਦੇ ਮੈਂਬਰ ਸਾਹਿਬਾਨ ਪ੍ਰਧਾਨ ਸ੍ਰ. ਗੁਰਬਚਨ ਸਿੰਘ ਕੱਕੜ, ਡਾਇਰੈਕਟਰ ਪ੍ਰਾਣ ਸੱਭਰਵਾਲ ਨੇ ਉਪਰੋਕਤ ਹਸਤੀਆਂ ਅਤੇ ਨਾਮਵਰ ਸ਼ਖਸੀਅਤਾਂ ਡਾ. ਐਸ.ਪੀ. ਸਿੰਘ ਓਬਰਾਏ (ਦੁਬਈ) ਡੀ.ਸੀ. ਪਟਿਆਲਾ ਡਾ. ਹਿਮਾਂਸ਼ੂ ਅੱਗਰਵਾਲ ਅਤੇ ਸ੍ਰ. ਜਸਵੰਤ ਸਿੰਘ ਡਾਇਰੈਕਟਰ ਪੰਜਾਬ ਭਾਸ਼ਾਵਾਂ ਵਲੋਂ ਮਿਲੀ ਹਲਾ ਸ਼ੇਰੀ, ਸਹਾਇਤਾ ਅਤੇ ਰਹਿਨੁਮਾਈ ਲਈ ਧੰਨਵਾਦ ਕੀਤਾ। ਸ਼੍ਰੀ ਸੱਭਰਵਾਲ ਨੇ ਦੱਸਿਆ ਕਿ ਮੁਹਿੰਮ ਤਹਿਤ ਅਗਲਾ ਨਾਟਕ ਮੇਲਾ 2 ਅਗਸਤ ਸਵੇਰੇ 6:30 ਵਜੇ ਬਾਰਾਂਦਰੀ ਬਾਗ ਵਿਖੇ ਪੇਸ਼ ਕੀਤਾ ਜਾਵੇਗਾ।



## ਜਨਰਲ ਕੈਟਾਗਰੀਜ਼ ਵੱਲੋਂ ਪਾਵਰਕਾਮ ਮੈਨੇਜਮੈਂਟ ਨੂੰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਮੰਨਣ ਤੇ ਸਰਕਾਰ ਨੂੰ ਮੁਲਾਜ਼ਮਾਂ ਦਾ ਪੈਂਡਿੰਗ 18 ਫੀਸਦੀ ਡੀ.ਏ. ਦੇਣ ਸਬੰਧੀ ਅਪੀਲ

ਪਟਿਆਲਾ, 26 ਜੁਲਾਈ (ਰੁਪਾਣਾ) : ਜਨਰਲ ਕੈਟਾਗਰੀਜ਼ ਵੈਲਫੇਅਰ ਫੈਡਰੇਸ਼ਨ ਪੀਐਸਪੀਸੀਐਲ/ਪੀਐਸਟੀਸੀਐਲ ਪੰਜਾਬ ਦੇ ਸੂਬਾ ਪ੍ਰਧਾਨ ਕੁਲਜੀਤ ਸਿੰਘ ਰਟੋਲ, ਸਕੱਤਰ ਜਨਰਲ ਸੁਖਪ੍ਰੀਤ ਸਿੰਘ, ਸੀਨੀ: ਮੀਤ ਪ੍ਰਧਾਨ ਗੁਰਦੀਪ ਸਿੰਘ ਟਿਵਾਣਾ ਇੰਜੀ: ਗੁਰਮੀਤ ਸਿੰਘ ਬਾਗੜੀ, ਇੰਜੀ: ਜਸਵਿੰਦਰ ਰਾਮ,ਵਿੱਤ ਸਕੱਤਰ ਹਰਗੁਰਮੀਤ ਸਿੰਘ ਲੁਬਾਣਾ , ਪ੍ਰੈਸ ਸਕੱਤਰ ਅਸ਼ੋਕ ਚੋਪੜਾ, ਅਮਿਤ ਕੁਮਾਰ,ਮੁਕੇਸ ਸਿੰਗਲਾ, ਨਰਿੰਦਰ ਸਰਮਾਂ ਆਦਿ ਵਲੋਂ ਪ੍ਰੈਸ ਦੇ ਨਾਮ ਤੇ ਬਿਆਨ ਜਾਰੀ ਕਰਦੇ ਹੋਏ ਪੰਜਾਬ ਸਰਕਾਰ ਅਤੇ ਪੀਐਸਪੀਸੀਐਲ ਮਨੇਜਮੈਂਟ ਨੂੰ ਅਪੀਲ ਕੀਤੀ ਹੈ ਕਿ ਬਿਜਲੀ ਨਿਗਮ ਦੀਆਂ ਵੱਖ ਵੱਖ ਜਥੇਬੰਦੀਆਂ ਦੇ ਲਗਭਗ 22000 ਕਰਮਚਾਰੀਆਂ ਵੱਲੋਂ ਆਪਣੀਆਂ ਜਾਇਜ਼ ਮੰਗਾਂ ਮਨਵਾਉਣ ਲਈ 21 ਜੁਲਾਈ ਤੋਂ ਲਗਾਤਾਰ ਹੜਤਾਲ ਜਾਰੀ ਕੀਤੀ ਗਈ ਹੈ ਅਤੇ ਅੱਜ ਇਹ ਹੜਤਾਲ 6 ਦਿਨ ਵਿੱਚ ਦਾਖਲ ਹੋ ਗਈ ਹੈ, ਜਿਸ ਕਾਰਨ ਪੰਜਾਬ ਦੇ ਵੱਖ-ਵੱਖ ਵਰਗਾਂ, ਕਿਸਾਨਾਂ, ਵਪਾਰੀਆਂ, ਦੁਕਾਨਦਾਰਾਂ, ਇੰਡਸਟਰੀਆਂ ਨੂੰ ਬਹੁਤ ਸਾਰੀਆਂ ਮੁਸਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਕਈ ਥਾਈ ਬਿਜਲੀ ਪ੍ਰਭਾਵਿਤ ਹੋਣ ਕਾਰਨ ਬਿਜਲੀ ਮੁਲਾਜਮਾਂ ਅਤੇ ਲੋਕਾਂ ਨੂੰ ਵੀ ਕਾਫੀ ਸਮੱਸਿਆਵਾਂ ਪੇਸ ਆ ਰਹੀਆਂ ਹਨ। ਫੈਡਰੇਸਨ ਵਲੋਂ ਪੀਐਸਪੀਸੀਐਲ ਨੂੰ ਅਪੀਲ ਕੀਤੀ ਕਿ ਬਿਜਲੀ ਮੁਲਾਜਮ ਜਥੇਬੰਦੀਆਂ ਦੀਆਂ ਜਾਇਜ ਮੰਗਾਂ ਨੂੰ ਤੁਰੰਤ ਲਾਗੂ ਕੀਤਾ ਜਾਵੇ ਤਾਂ ਜੋ ਇਹਨਾਂ ਮੁਲਾਜਮਾਂ ਵਲੋਂ ਕੀਤੀ ਗਈ ਹੜਤਾਲ ਸਬੰਧੀ ਕੋਈ ਫੈਸਲਾ ਲਿਆ ਜਾ ਸਕੇ। ਫੈਡਰੇਸ਼ਨ ਵੱਲੋਂ ਪੰਜਾਬ ਸਰਕਾਰ ਤੋਂ ਵੀ ਪੁਰਜੋਰ ਮੰਗ ਕੀਤੀ ਗਈ ਹੈ ਕਿ ਕੇਂਦਰੀ ਸਰਕਾਰ ਵਲੋਂ ਆਪਣੇ ਮੁਲਾਜਮਾਂ ਨੂੰ ਇਸ ਸਮੇਂ 60% ਡੀਏ ਦਿੱਤਾ ਜਾ ਰਿਹਾ ਹੈ ਜਦੋਂਕਿ ਪੰਜਾਬ ਦੇ ਮੁਲਾਜ਼ਮਾਂ ਨੂੰ ਕੇਵਲ 42% ਡੀਏ ਹੀ ਦਿੱਤਾ ਜਾ ਰਿਹਾ ਹੈ। ਸਾਲ 2022 ਤੋਂ ਸਰਕਾਰ ਵਲੋਂ ਕੋਈ ਡੀਏ ਦੀ ਕਿਸਤ ਜਾਰੀ ਨਹੀ? ਕੀਤੀ ਗਈ ਜਿਸ ਕਾਰਨ ਹਰੇਕ ਕਰਮਚਾਰੀ ਅਤੇ ਅਧਿਕਾਰੀ ਨੂੰ ਦਸ ਹਜਾਰ ਤੋਂ 20000 ਹਜਾਰ ਤੱਕ ਘੱਟ ਤਨਖਾਹ ਮਿਲ ਰਹੀ ਹੈ। ਇਸ ਸਬੰਧ ਵਿੱਚ ਪੰਜਾਬ ਸਰਕਾਰ ਦੇ ਮੁਲਾਜਮਾਂ ਅਤੇ ਬਿਜਲੀ ਨਿਗਮ ਦੇ ਮੁਲਜਮਾਂ ਵਲੋਂ ਕਾਫੀ ਲੰਮੇ ਸਮੇਂ ਤੋਂ ਸੰਘਰਸ ਕੀਤੇ ਜਾ ਰਹੇ ਹਨ।

## ਅਕਾਲੀ ਦਲ 'ਵਾਰਿਸ ਪੰਜਾਬ ਦੇ' ਪਾਰਟੀ ਨੂੰ ਮਿਲ ਰਿਹੈ ਭਰਵਾਂ ਹੁੰਗਾਰਾ: ਤੇਜੀ

ਨਾਭਾ, 26 ਜੁਲਾਈ (ਗੁਰਚਰਨ ਸਿੰਘ ਚੌਧਰੀਮਾਜਰਾ) : ਅਕਾਲੀ ਦਲ ਵਾਰਸ ਪੰਜਾਬ ਦੇ ਸੀਨੀਅਰ ਆਗੂ ਤੇਜਿੰਦਰ ਸਿੰਘ ਤੇਜੀ ਨੇ ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਅਕਾਲੀ ਦਲ ਵਾਰਸ ਪੰਜਾਬ ਦੇ ਪਾਰਟੀ ਪੂਰੀ ਤਰ੍ਹਾਂ ਉਭਰ ਕੇ ਸਾਹਮਣੇ ਆ ਰਹੀ ਹੈ, ਸਾਨੂੰ ਪਟਿਆਲਾ ਜ਼ਿਲ੍ਹੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਭਰਵਾਂ ਹੁੰਗਾਰਾ ਮਿਲ ਰਿਹੇ, ਪੱਤਰਕਾਰਾਂ ਨੇ ਸਵਾਲ ਕੀਤਾ ਕਿ ਤੁਹਾਡੀ ਪਾਰਟੀ ਦਾ ਅਜੇ ਤੱਕ ਕੋਈ ਜੱਥੇਦਾਰ ਢਾਚਾ ਨਜ਼ਰ ਨਹੀਂ ਆ ਰਿਹਾ। ਇਸ ਦਾ ਜਵਾਬ ਦਿੰਦਿਆਂ ਤੇਜੀ ਨੇ ਕਿਹਾ 14 ਜਨਵਰੀ 2025 ਨੂੰ ਸ੍ਰੀ ਮੁਕਤਸਰ ਸਾਹਿਬ ਦੀ ਪ੍ਰਵਿੱਤਰ ਧਰਤੀ 'ਤੇ ਇਹ ਪਾਰਟੀ ਹੋਂਦ ਵਿੱਚ ਆਈ। ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਪਾਰਟੀ ਦੇ ਪ੍ਰਧਾਨ ਹਨ। ਜਿਹੜੇ ਕਿ 2024 ਦੀਆਂ ਲੋਕ ਸਭਾ ਚੋਣ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਅਜ਼ਾਦ ਉਮੀਦਵਾਰ ਵਜੋਂ 2 ਲੱਖ ਵੋਟਾਂ 'ਤੇ ਜਿੱਤੇ ਜਿਨ੍ਹਾਂ ਨੇ ਲੋਕ ਸਭਾ ਦੇ 9 ਵਿਧਾਨ ਸਭਾ ਹਲਕਿਆਂ ਵਿੱਚੋਂ 8 'ਤੇ ਜਿੱਤ ਪ੍ਰਾਪਤ ਕੀਤੀ। ਰਹੀ ਗੱਲ ਜੱਥੇਬੰਦ ਢਾਚੇ ਦੀ ਸਾਡੇ ਪੰਜਾਬ ਅੰਦਰ ਜ਼ਿਲ੍ਹਾ ਪ੍ਰਧਾਨ ਲੱਗੇ ਹੋਏ ਹਨ। ਪਟਿਆਲਾ ਜ਼ਿਲ੍ਹੇ ਵਿੱਚ ਜਸਵਿੰਦਰ ਸਿੰਘ ਡਰੌਲੀ ਸਾਡੇ ਜ਼ਿਲ੍ਹਾ ਪ੍ਰਧਾਨ ਹਨ। ਉਨ੍ਹਾਂ ਦੀ ਅਗਵਾਈ ਹੇਠ ਸਾਰੇ ਵਿਧਾਨ ਸਭਾ ਹਲਕਿਆਂ ਵਿੱਚ ਅਸੀਂ ਕੰਮ ਕਰ ਰਹੇ ਹਾਂ। ਮੇਰੀ ਜਿੰਮੇਵਾਰੀ ਪਟਿਆਲਾ ਦਿਹਾਤੀ ਹਲਕੇ ਵਿੱਚ ਲਗਾਈ ਹੋਈ ਹੈ। ਮੈਂ ਪਿਛਲੇ ਪੰਜ ਮਹੀਨਿਆਂ ਤੋਂ ਪਾਰਟੀ ਦਾ ਪ੍ਰਚਾਰ ਅਤੇ ਪ੍ਰਸਾਰ ਕਰਨ ਲਈ ਦਿਨ-ਰਾਤ ਮਿਹਨਤ ਕਰ ਰਿਹਾ ਹਾਂ। ਆਉਣ ਵਾਲੇ ਦਿਨਾਂ ਵਿੱਚ ਰਹਿੰਦੇ ਜੱਥੇਬੰਦੇ ਢਾਂਚੇ ਦਾ ਅਤੇ ਵਿਧਾਨ ਸਭਾ ਹਲਕਿਆਂ ਦੇ ਇੰਚਾਰਜਾਂ ਦਾ ਐਲਾਨ ਹੋ ਜਾਵੇਗਾ।



## ਧਾਰਮਿਕ ਸਥਾਨਾਂ ਅਤੇ ਪੁਲਿਸ ਥਾਣਿਆਂ 'ਚ ਡਰਾਈ ਡੇਅ ਗਤੀਵਿਧੀਆਂ ਕੀਤੀਆਂ

ਪਟਿਆਲਾ, 26 ਜੁਲਾਈ (ਰੁਪਾਣਾ/ਦੀਪਕ ਜੈਦਕਾ) : ਸਿਵਲ ਸਰਜਨ ਪਟਿਆਲਾ ਡਾ.ਸ਼ੈਲੀ ਜੇਤਲੀ ਦੀ ਅਗਵਾਈ ਹੇਠ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਪਟਿਆਲਾ ਜ਼ਿਲ੍ਹੇ ਵਿੱਚ ਧਾਰਮਿਕ ਸਥਾਨਾਂ ਅਤੇ ਪੁਲਿਸ ਥਾਣਿਆਂ ਵਿਖੇ ਡੇਂਗੂ ਵਿਰੋਧੀ ਡਰਾਈ ਡੇਅ ਗਤੀਵਿਧੀਆਂ ਕੀਤੀਆਂ ਗਈਆਂ। ਇਸ ਦੌਰਾਨ ਦਰਸ਼ਨੀ ਦਰਬਾਰ ਗੁਰਦੁਆਰਾ ਸਾਹਿਬ, ਲਾਹੌਰੀ ਗੇਟ ਥਾਣਾ, ਵਿਸ਼ਕਰਮਾ ਮੰਦਿਰ, ਗੁਰਦੁਆਰਾ ਦੂਖਨਿਵਾਰਨ ਸਾਹਿਬ, ਹਨੂਮਾਨ ਮੰਦਿਰ ਪਾਸੀ ਰੋਡ, ਤ੍ਰਿਪੜੀ ਥਾਣਾ, ਪੁਲਿਸ ਚੌਕੀ ਮਾਡਲ ਟਾਊਨ ਆਦਿ ਵਿਖੇ ਡੇਂਗੂ ਦੇ ਲਾਰਵੇ ਦੀ ਜਾਂਚ ਕੀਤੀ ਗਈ ਅਤੇ ਕਈ ਥਾਵਾਂ ਉੱਤੇ ਮਿਲਿਆ ਲਾਰਵਾ ਮੌਕੇ ਉੱਤੇ ਹੀ ਨਸ਼ਟ ਕਰਵਾਇਆ ਗਿਆ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਨਰਸਿੰਗ ਵਿਦਿਆਰਥੀਆਂ, ਆਸ਼ਾ ਵਰਕਰਾਂ, ਵਿਲੇਜ ਹੈਲਥ ਕਮੇਟੀਆਂ ਦੇ ਮੈਂਬਰਾਂ ਦੇ ਨਾਲ ਨਾਲ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਨੁਮਾਇੰਦਿਆਂ ਦੀ ਮਦਦ ਲਈ ਜਾ ਰਹੀ ਹੈ। ਉਨ੍ਹਾਂ ਇਹ ਵੀ ਆਖਿਆ ਕਿ ਜਿੱਥੇ ਕਿਤੇ ਵੀ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਲਾਰਵਾ ਮਿਲ ਰਿਹਾ ਹੈ ਉਸ ਨੂੰ ਮੌਕੇ ਉੱਤੇ ਹੀ ਨਸ਼ਟ ਕਰਵਾਇਆ ਜਾ ਰਿਹਾ ਹੈ। ਜ਼ਿਲ੍ਹਾ ਐਪੀਡੋਮੋਲੋਜਿਸਟ ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਇਸ ਹਫਤੇ ਜਿਲ੍ਹੇ ਭਰ ਦੇ 43620 ਘਰਾਂ ਵਿਚ ਪਹੁੰਚ ਕੇ ਡੇਂਗੂ ਲਾਰਵੇ ਦੀ ਚੈਕਿੰਗ ਕੀਤੀ ਗਈ ਅਤੇ 422 ਥਾਂਵਾ ਤੇ ਮਿਲੇ ਲਾਰਵੇ ਨੂੰ ਟੀਮਾਂ ਵੱਲੋਂ ਮੌਕੇ ਤੇ ਹੀ ਨਸ਼ਟ ਕਰਵਾ ਦਿੱਤਾ ਗਿਆ। ਉਹਨਾਂ ਇਹ ਵੀ ਦੱਸਿਆ ਕਿ ਹੁਣ ਤੱਕ ਸਿਹਤ ਟੀਮਾਂ ਵੱਲੋਂ ਡਰਾਈ ਡੇਅ ਮੁਹਿੰਮ ਤਹਿਤ 583306 ਘਰਾਂ ਦਾ ਸਰਵੇ ਕੀਤਾ ਜਾ ਚੁੱਕਾ ਹੈ, ਜਿਹਨਾਂ ਵਿੱਚ 3157 ਥਾਵਾਂ 'ਤੇ ਲਾਰਵਾ ਮਿਲਿਆ ਜਿਸ ਨੂੰ ਟੀਮਾਂ ਵੱਲੋਂ ਮੌਕੇ 'ਤੇ ਹੀ ਨਸ਼ਟ ਕਰਵਾ ਦਿੱਤਾ ਗਿਆ ਅਤੇ ਸਬੰਧਿਤ ਪਰਿਵਾਰਾਂ ਨੂੰ ਅਗਾਂਹ ਲਈ ਬਚਾਅ ਸਬੰਧੀ ਜਾਗਰੂਕ ਕੀਤਾ ਗਿਆ। ਉਹਨਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹਾ ਪਟਿਆਲਾ ਵਿੱਚ 8 ਡੇਂਗੂ ਦੇ ਕੇਸ ਮਿਲੇ ਹਨ।



## ਮੁਫਤ ਖ਼ੂਨ ਜਾਂਚ ਕੈਂਪ 'ਚ 120 ਵਿਅਕਤੀਆਂ ਦਾ ਕੀਤਾ ਚੈੱਕਅਪ

ਨਾਭਾ, 26 ਜੁਲਾਈ (ਬਲਜਿੰਦਰ ਮਾਨ) : ਮਾਨਵ ਸੇਵਾ ਉੱਤਮ ਸੇਵਾ ਨਾਭਾ ਵੱਲੋਂ ਸੀਨੀਅਰ ਸਿਟੀਜ਼ਨ ਵੈਲਫੇਅਰ ਐਸੋਸੀਏਸ਼ਨ ਨਾਭਾ ਦੇ ਸਹਿਯੋਗ ਨਾਲ ਸਥਾਨਿਕ ਡੇ ਕੇਅਰ ਸੈਂਟਰ ਕੈਂਟ ਰੋਡ ਵਿਖੇ ਲਗਾਏ ਗਏ ਮੁਫਤ ਖ਼ੂਨ ਜਾਂਚ ਕੈਂਪ ਵਿੱਚ 120 ਦੇ ਕਰੀਬ ਵਿਅਕਤੀਆਂ ਨੇ ਆਪਣੇ ਖ਼ੂਨ ਦੀ ਮੁਫਤ ਜਾਂਚ ਕਰਾਈ। ਇਸ ਕੈਂਪ ਦਾ ਆਯੋਜਿਨ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਦੇ ਪ੍ਰਧਾਨ ਵਿਕਾਸ ਮਿੱਤਲ ਅਤੇ ਸੀਨੀਅਰ ਸਿਟੀਜਨ ਵੈਲਫੇਅਰ ਐਸੋਸੀਏਸ਼ਨ ਨਾਭਾ ਦੇ ਪ੍ਰਧਾਨ ਚਰਨਜੀਤ ਸਿੰਘ ਵਿਰਕ ਦੀ ਅਗਵਾਈ ਵਿੱਚ ਲਗਾਇਆ ਗਿਆ। ਇਸ ਸਬੰਧੀ ਆਪਣੇ ਸੰਬੋਧਨ ਵਿੱਚ ਨਰਿੰਦਰ ਮੋਹਣ ਸ਼ਰਮਾ ਨੇ ਦੱਸਿਆ ਕਿ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਵੱਲੋਂ ਜਿੱਥੇ ਮੁਫਤ ਜਾਂਚ ਕੈਂਪ ਲਗਾਏ ਜਾਂਦੇ ਹਨ ਉੱਥੇ ਸਮੇਂ ਸਮੇਂ ਅਨੁਸਾਰ ਸਮਾਜ ਸੇਵਾ ਦੇ ਹੋਰ ਵੀ ਬਹੁਤ ਕਾਰਜ ਕੀਤੇ ਜਾਂਦੇ ਹਨ। ਉਹਨਾਂ ਅੱਗੇ ਕਿਹਾ ਕਿ ਲੋੜਵੰਦਾਂ ਨੂੰ ਮੁਫਤ ਦਵਾਈਆਂ ਅਤੇ ਰਾਸ਼ਨ ਵੀ ਵੰਡਿਆ ਜਾਂਦਾ ਹੈ। ਜਾਣਕਾਰੀ ਦਿੰਦੇ ਹੋਏ ਸੰਸਥਾ ਦੇ ਪ੍ਰੈਸ ਸੈਕਟਰੀ ਗੁਰਿੰਦਰਜੀਤ ਸਿੰਘ ਸੋਢੀ ਨੇ ਦੱਸਿਆ ਕਿ ਇਸ ਕੈਂਪ ਵਿੱਚ ਡਾਕਟਰ ਕੰਗ ਲੈਬ ਨਾਭਾ ਵੱਲੋਂ ਦਵਿੰਦਰ ਸਿੰਘ, ਜਸਨੂਰ ਸਿੰਘ ਅਤੇ ਹਰਮਨ ਪ੍ਰੀਤ ਕੌਰ ਨੇ ਵਿਸ਼ੇਸ਼ ਯੋਗਦਾਨ ਪਾਇਆ। ਇਸ ਕੈਂਪ ਵਿੱਚ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ, ਸੁਨੀਲ ਗੁਪਤਾ, ਅੰਕੂਰ ਸਿੰਗਲਾ, ਵਰੁਨ ਸਿੰਗਲਾ, ਸਾਹਿਲ ਗੁਪਤਾ, ਦੀਪਕ ਜੋਲੀ, ਨਰਿੰਦਰ ਮੋਹਣ ਸ਼ਰਮਾ ਅਤੇ ਸੀਨੀਅਰ ਸਿਟੀਜਨ ਵੈਲਫੇਅਰ ਐਸੋਸੀਏਸ਼ਨ ਦੇ ਡੀਸੀ ਮੁਖੇਜਾ, ਦਰਸ਼ਨ ਸਿੰਘ ਹਰਜਾਈ, ਨਰੇਸ਼ ਕੁਮਾਰ ਸਾਲਦੀ, ਅਮਰਜੀਤ ਸਿੰਘ, ਘੁੰਮਣ ਸਿੰਘ, ਜੱਗਾ ਸਿੰਘ,ਅਮਰੀਕ ਸਿੰਘ, ਗੁਰਜਿੰਦਰ ਸਿੰਘ, ਮਲਕੀਤ ਸਿੰਘ, ਗੁਰਦੀਪ ਸਿੰਘ,ਅਮਲ ਸੁਸਾਇਟੀ ਦੇ ਪ੍ਰਧਾਨ ਬਲਜੀਤ ਸਿੰਘ ਖਹਿਰਾ ਅਤੇ ਜਨਰਲ ਸਕੱਤਰ ਛੱਜੂ ਰਾਮ ਸਿੰਘੀ ਵੀ ਹਾਜ਼ਰ ਸਨ।




## ਜਨਹਿਤ ਸੰਮਤੀ ਵੱਲੋਂ ਸਮਾਜ ਸੇਵਾ ਅਤੇ ਮੈਡੀਕਲ ਚੈਕਅਪ ਕੈਂਪ ਲਗਾਉਣ ਦਾ ਕਾਰਜ ਸ਼ਲਾਘਾਯੋਗ: ਜਗਤਾਰ ਸਿੰਘ ਜੱਗੀ

ਪਟਿਆਲਾ, 26 ਜੁਲਾਈ (ਚ.ਨ.ਸ) : ਸੰਸਥਾ ਜਨਹਿਤ ਸਮਿਤੀ ਪਟਿਆਲਾ ਵੱਲੋਂ ਬਾਰਾਦਰੀ ਗਾਰਡਨ ਵਿਖੇ ਬਹੁਤ ਵੱਡਾ ਮੈਡੀਕਲ ਚੈਕਅਪ ਕੈਂਪ ਲਗਾਇਆ ਗਿਆ। ਇਸ ਮੈਡੀਕਲ ਚੈਕਅਪ ਕੈਂਪ ਦੇ ਵਿੱਚ ਵਿਸ਼ੇਸ਼ ਤੌਰ 'ਤੇ ਪਾਰਕ ਹਸਪਤਾਲ ਪਟਿਆਲਾ ਦੀ ਟੀਮ ਪਹੁੰਚੀ। ਇਸ ਕੈਂਪ ਦੇ ਵਿੱਚ ਖ਼ੂਨ ਦੇ ਟੈਸਟ ,ਸ਼ੂਗਰ, ਬਲੱਡ ਟੈਸਟ, ਅਤੇ ਈ.ਸੀ. ਜੀ. ਦੇ ਟੈਸਟ ਕੀਤੇ ਗਏ। ਇਸ ਮੌਕੇ ਕੈਂਪ ਦੇ ਪ੍ਰਬੰਧਕ ਅਤੇ ਉੱਘੇ ਸਮਾਜ ਸੇਵੀ ਜਗਤਾਰ ਸਿੰਘ ਜੱਗੀ ਨੇ ਦੱਸਿਆ ਕਿ ਸਾਨੂੰ ਆਪਣੀ ਨਿਯਮਤ ਜਾਂਚ ਕਰਵਾਉਣੀ ਚਾਹੀਦੀ ਹੈ, ਤਾਂ ਜੋ ਸਰੀਰ ਦੇ ਵਿੱਚ ਹੋ ਰਹੀਆਂ ਅਲਾਮਤਾਂ ਬਾਰੇ ਪਤਾ ਲੱਗ ਸਕੇ। ਉਹਨਾਂ ਵੱਲੋਂ ਸੰਸਥਾ ਜਨਹਿਤ ਸਮਿਤੀ ਦੇ ਕੰਮਾਂ ਬਾਰੇ ਦੱਸਦਿਆ ਕਿਹਾ ਕਿ ਸੰਸਥਾ ਵੱਲੋਂ ਖ਼ੂਨਦਾਨ ਕੈਂਪ ਲੋਕ ਭਲਾਈ ਦੇ ਕਾਰਜ ਲੋੜਵੰਦ ਬੱਚਿਆਂ ਦੀ ਫੀਸ ਭਰੀ ਜਾਂਦੀ ਹੈ ਅਤੇ ਨਾਲ ਹੀ ਮਰੀਜ਼ਾਂ ਵਾਸਤੇ ਐਂਬੂਲੈਂਸ ਸੇਵਾ ਵੀ ਸ਼ੁਰੂ ਕੀਤੀ ਗਈ ਹੈ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਸੰਸਥਾ ਦੇ ਵੱਧ ਤੋਂ ਵੱਧ ਮੈਂਬਰ ਬਣੋ ਕਿਉਂਕਿ ਸੰਸਥਾ ਜੋ ਕੰਮ ਕਰ ਰਹੀ ਹੈ ਉਹ ਆਪਣੇ ਆਪ ਦੇ ਵਿੱਚ ਬੇਹਤਰੀਨ ਹੈ। ਇਸ ਮੌਕੇ ਜੀ ਐਸ ਬੇਦੀ ਨੇ ਕਿਹਾ ਕਿ ਅੱਜ ਲੋਕਾਂ ਨੂੰ ਸਿਹਤ ਸੰਭਾਲ ਬਾਰੇ ਜਾਗਰੂਕ ਕਰਨ ਦੀ ਲੋੜ ਹੈ ਅਤੇ ਸੰਸਥਾ ਜਨਹਿਤ ਸਮਿਤੀ ਹਮੇਸ਼ਾ ਇਸ ਕਾਰਜ ਵਿੱਚ ਤਤਪਰ ਰਹਿੰਦੀ ਹੈ। ਇਸ ਮੌਕੇ ਸੰਸਥਾ ਦੇ ਅਹੁਦੇਦਾਰ ਚਮਨ ਲਾਲ ਗਰਗ ਵੱਲੋਂ ਸੰਸਥਾ ਦੇ ਕੰਮਾਂ ਬਾਰੇ ਦੱਸਦਿਆਂ ਕਿਹਾ ਕਿ ਸੰਸਥਾ ਹਰੇਕ ਫੀਲਡ ਦੇ ਵਿੱਚ ਸੇਵਾ ਲਈ ਤਤਪਰ ਹੈ। ਪਾਰਕ ਹਸਪਤਾਲ ਪਟਿਆਲਾ ਤੋਂ ਕਰਮਜੀਤ ਸਿੰਘ ਦੀ ਮੌਜੂਦਗੀ ਵਿੱਚ ਟੀਮ ਵੱਲੋਂ ਬੜੇ ਸੁਚੱਜੇ ਢੰਗ ਨਾਲ ਇਸ ਕੈਂਪ ਨੂੰ ਬੇਹਤਰੀਨ ਢੰਗ ਨਾਲ ਚਲਾਇਆ ਗਿਆ। ਇਸ ਮੌਕੇ ਡਾ. ਜੀ.ਐਸ. ਅਨੰਦ , ਸਤੀਸ਼ ਜੋਸ਼ੀ, ਡਾ. ਸਰੀਨ, ਪ੍ਰੋਫੈਸਰ ਸੁਭਾਸ਼ ਸ਼ਰਮਾ, ਵਿਨੇ ਸ਼ਰਮਾ, ਹਰਦੇਵ ਬੱਲੀ , ਇੰਦਰਜੀਤ ਦੂਆ , ਪ੍ਰਦੀਪ ਕੁਮਾਰ ਅਤੇ ਸੈਰ ਪ੍ਰੇਮੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।




## ਮਿਡ-ਡੇ-ਮੀਲ ਕੁੱਕ ਫਰੰਟ ਵੱਲੋਂ ਰੋਸ ਪ੍ਰਦਰਸ਼ਨ 31 ਨੂੰ

ਭਾਦਸੋਂ, 26 ਜੁਲਾਈ (ਭਰਪੂਰ ਸਿੰਘ ਮੱਟਰਾਂ) : ਡੈਮੋਕਰੇਟਿਕ ਮਿਡ-ਡੇ-ਮੀਲ ਕੁੱਕ ਫਰੰਟ ਪੰਜਾਬ ਦਾ ਇੱਕ ਵਫਦ ਵੱਲੋਂ ਪੰਜਾਬ ਦੇ ਵਿੱਤ ਮੰਤਰੀ ਨਾਲ ਆਪਣੀਆਂ ਮੰਗਾਂ ਨੂੰ ਲੈ ਕੇ ਮੀਟਿੰਗ ਕੀਤੀ। ਵਫਦ ਦੇ ਵਿੱਚ ਫਰੰਟ ਦੇ ਸੂਬਾ ਆਗੂ ਜਲ ਕੌਰ ਲਹਿਰਾ ਸੌਂਧਾ, ਸਿਮਰਨਜੀਤ ਕੌਰ ਅਜਨੌਦਾ , ਮੁਕੇਸ਼ ਅਮਰਗੜ੍ਹ, ਜੰਗੀਰ ਕੌਰ ਮੁਹਾਲਾ ਆਦਿ ਸ਼ਾਮਲ ਸਨ। ਫਰੰਟ ਦੇ ਆਗੂਆਂ ਨੇ ਮਿਡ ਡੇ ਮੀਲ ਕੁੱਕ ਬੀਬੀਆਂ ਦੀਆਂ ਮੰਗਾਂ ਵਿੱਤ ਮੰਤਰੀ ਪੰਜਾਬ ਨਾਲ ਸਾਂਝੀਆਂ ਕੀਤੀਆਂ। ਉਹਨਾਂ ਨੇ ਮੰਗ ਕੀਤੀ ਕਿ ਪੰਜਾਬ ਦੀਆਂ ਕੁੱਕ ਬੀਬੀਆਂ ਨੂੰ ਸਿਰਫ 3000 ਮਹੀਨਾ ਤਨਖਾਹ ਮਿਲਦੀ ਹੈ। ਆਗੂਆਂ ਨੇ ਵਿੱਤ ਮੰਤਰੀ ਪੰਜਾਬ ਨੂੰ ਇਹ ਵੀ ਯਾਦ ਕਰਾਇਆ ਕਿ ਸਰਕਾਰ ਸੱਤਾ ਵਿੱਚ ਆਈ ਸੀ, ਉਹਨਾਂ ਨਾਲ ਵਾਅਦਾ ਕੀਤਾ ਗਿਆ ਸੀ ਕਿ ਉਹਨਾਂ ਦੀਆਂ ਤਨਖਾਹਾਂ ਦੁਗਣੀਆਂ ਕੀਤੀਆਂ ਜਾਣਗੀਆਂ , ਪਰ ਹੁਣ ਚਾਰ ਸਾਲ ਬੀਤ ਜਾਣ ਤੋਂ ਬਾਅਦ ਮੁੱਕਰਿਆ ਕਿਉਂ ਜਾ ਰਿਹਾ। ਵਫਦ ਵਿੱਚ ਸ਼ਾਮਲ ਆਗੂ ਨੇ ਸਰਕਾਰ 'ਤੇ ਵਾਅਦਾ ਖਿਲਾਫੀ ਦਾ ਦੋਸ਼ ਲਗਾਇਆ। ਆਗੂਆਂ ਦੀ ਮੰਗ ਸੀ ਕਿ ਉਹਨਾਂ ਦੀਆਂ ਸੇਵਾਵਾਂ ਨੂੰ ਘੱਟੋ ਘੱਟ ਉਜਰਤਾਂ ਦੇ ਅਧੀਨ ਲਿਆਂਦਾ ਜਾਵੇ। ਸਰਕਾਰ ਦੇ ਇਸ ਵਤੀਰੇ ਖਿਲਾਫ ਡੈਮੋਕਰੇਟਿਕ ਮਿਡ ਡੇ ਮੀਲ ਕੁੱਕ ਫਰੰਟ ਪੰਜਾਬ ਵੱਲੋਂ 31 ਜੁਲਾਈ ਨੂੰ ਸੰਗਰੂਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਆਗੂਆਂ ਨੇ ਮਿਡ ਡੇ ਮੀਲ ਕੁੱਕ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਦੇ ਵਿੱਚ ਸੰਗਰੂਰ ਵਿਖੇ ਸਵੇਰੇ 10.30 ਵਜੇ ਸੰਗਰੂਰ ਪਟਿਆਲਾ ਬਾਈਪਾਸ ਪੁਲ ਦੇ ਹੇਠਾਂ ਪਹੁੰਚਣ। ਉਸ ਤੋਂ ਬਾਅਦ ਹੀ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ ਵੱਲ ਨੂੰ ਪ੍ਰਦਰਸ਼ਨ ਸ਼ੁਰੂ ਕੀਤਾ ਜਾਵੇਗਾ।

## ਕਾਰਗਿਲ ਵਿਜਯ ਦਿਵਸ ਮੌਕੇ ਦੇਸ਼ ਦੇ ਸ਼ਹੀਦ ਬਹਾਦਰ ਜਵਾਨਾਂ ਦੀ ਨਿੱਘੀ ਯਾਦ 'ਚ ਬੂਟੇ ਲਗਾਉਣੇ ਸ਼ਲਾਘਾਯੋਗ ਉਪਰਾਲਾ: ਹਰਵੰਤ ਕੌਰ

ਪਟਿਆਲਾ, 26 ਜੁਲਾਈ (ਚ.ਨ.ਸ) : ਵਾਤਾਵਰਨ ਨੂੰ ਸ਼ੁੱਧ ਅਤੇ ਹਰਾ-ਭਰਾ ਬਣਾਉਣ ਦੇ ਮੰਤਵ ਨਾਲ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ , ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਕਾਰਗਿਲ ਵਿਜੇ ਦਿਵਸ ਮੌਕੇ ਪਟਿਆਲਾ ਦੇ ਵੱਖ-ਵੱਖ ਪਾਰਕਾਂ ਵਿਖੇ ਬੂਟੇ ਲਗਾਉਣ ਦੀ ਵਿਸ਼ੇਸ਼ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਸ ਮੁਹਿੰਮ ਵਿੱਚ ਵਿਸ਼ੇਸ਼ ਤੌਰ 'ਤੇ ਐਸ.ਪੀ. ਓਲੰਪੀਅਨ ਹਰਵੰਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੌਂਸਲਿਗ ਸੈਲ ਪਟਿਆਲਾ ਪੁਲਿਸ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਗੁਰਸਾਹਿਬ ਸਿੰਘ, ਗੁਰਕੀਰਤ ਸਿੰਘ,ਗੁਰਮਨਜੋਤ ਕੌਰ, ਗਗਨਪ੍ਰੀਤ ਕੌਰ, ਖੁਸ਼ਪ੍ਰੀਤ ਕੌਰ ਨੇ ਸ਼ਿਰਕਤ ਕੀਤੀ। ਇਸ ਮੌਕੇ ਹਰਵੰਤ ਕੌਰ ਨੇ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਵੱਲੋਂ ਕਾਰਗਿਲ ਵਿਜੇ ਦਿਵਸ਼ ਮੌਕੇ ਦੇਸ਼ ਦੇ ਸ਼ਹੀਦ ਬਹਾਦਰ ਜਵਾਨਾਂ ਦੀ ਯਾਦ ਵਿੱਚ ਬੂਟੇ ਲਗਾਕੇ ਉਹਨਾਂ ਨੂੰ ਸ਼ਰਧਾਂਜਲੀ ਭੇਟ ਕਰਨਾ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਯੂਥ ਫੈਡਰੇਸ਼ਨ ਆਫ ਇੰਡੀਆ ਦੇ ਪ੍ਰਧਾਨ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਪਿਛਲੇ ਕਈ ਸਾਲਾਂ ਤੋਂ ਵਾਤਾਵਰਨ ਜਾਗਰੂਕਤਾ, ਖ਼ੂਨਦਾਨ ਕੈਂਪ, ਨਸ਼ਾ ਵਿਰੋਧੀ ਸੈਮੀਨਾਰ ਅਤੇ ਲੋੜਵੰਦਾਂ ਦੀ ਮਦਦ ਵਰਗੇ ਕਾਰਜ ਕੀਤੇ ਜਾ ਰਹੇ ਹਨ। ਉਹਨਾਂ ਦੱਸਿਆ ਕਿ ਅੱਜ ਨਿੰਮ, ਜਾਮਣ, ਸੁਹਜਣਾ, ਪਿੱਪਲ, ਅਮਲਤਾਸ, ਟਾਹਲੀ ਦੇ ਬੂਟੇ ਲਗਾਏ ਗਏ।

